ਸੋਮਵਾਰ, 6 ਜੁਲਾਈ, 2026
22 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 35

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • MONDAY, 6 JULY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

YouTube nawan zamana TV

ਕੀਮਤ/PRICE : 5.00 ਰੁਪਏ   Regd. No : L-4/Pb-JL-0023/2024-26, (R.N.I.)-00068/57   E-mail : nawanzamana@gmail.com   www.nawanzamana.in   ਸਫ਼ੇ : 12

## ਲੰਗਰ ਛਕਣ ਆਈ ਚਿੜੀ



**ਜਲੰਧਰ** : ਇੰਟਰਨੈੱਟ 'ਤੇ ਇੱਕ ਬੇਹੱਦ ਖ਼ੂਬਸੂਰਤ ਅਤੇ ਦਿਲ ਨੂੰ ਛੂਹ ਲੈਣ ਵਾਲੀ ਵੀਡੀਓ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਨੇ ਹਜ਼ਾਰਾਂ ਲੋਕਾਂ ਦਾ ਦਿਲ ਜਿੱਤ ਲਿਆ ਹੈ। ਕਲਿੱਪ ਵਿੱਚ ਇੱਕ ਬਜ਼ੁਰਗ ਸਿੱਖ ਸ਼ਰਧਾਲੂ ਬੜੇ ਸ਼ਾਂਤ ਚਿੱਤ ਨਾਲ ਲੰਗਰ ਹਾਲ ਵਿੱਚ ਬੈਠ ਕੇ ਪ੍ਰਸ਼ਾਦਾ ਛਕ ਰਹੇ ਹਨ। ਇਸੇ ਦੌਰਾਨ ਇੱਕ ਨਿੱਕੀ ਜਿਹੀ ਚਿੜੀ ਆਉਂਦੀ ਹੈ ਅਤੇ ਸਿੱਧੀ ਉਨ੍ਹਾਂ ਦੀ ਲੰਗਰ ਵਾਲੀ ਥਾਲੀ 'ਤੇ ਆ ਕੇ ਬੈਠ ਜਾਂਦੀ ਹੈ। ਉਹ ਚਿੜੀ ਬਿਨਾਂ ਕਿਸੇ ਡਰ ਦੇ ਬਜ਼ੁਰਗ ਦੀ ਥਾਲੀ ਵਿੱਚੋਂ ਖ਼ੁਦ ਵੀ ਲੰਗਰ ਦੀਆਂ ਕਣੀਆਂ ਚੁਗਣ ਲੱਗ ਪੈਂਦੀ ਹੈ। ਆਮ ਤੌਰ 'ਤੇ ਅਜਿਹੀ ਸਥਿਤੀ ਵਿੱਚ ਲੋਕ ਪੰਛੀਆਂ ਨੂੰ ਦੂਰ ਭਜਾ ਦਿੰਦੇ ਹਨ, ਪਰ ਇਸ ਬਜ਼ੁਰਗ ਨੇ ਅਜਿਹਾ ਬਿਲਕੁਲ ਨਹੀਂ ਕੀਤਾ। ਉਨ੍ਹਾਂ ਨੇ ਬੇਹੱਦ ਸਹਿਜਤਾ ਅਤੇ ਦਇਆ ਨਾਲ ਚਿੜੀ ਨੂੰ ਆਪਣੇ ਨਾਲ ਉਸੇ ਥਾਲੀ ਵਿੱਚੋਂ ਭੋਜਨ ਛਕਣ ਦਿੱਤਾ। ਇਸ ਭਾਵੁਕ ਪਲ ਨੂੰ ਦੇਖ ਕੇ ਸੋਸ਼ਲ ਮੀਡੀਆ ਵਰਤੋਂਕਾਰ ਇਸ ਨੂੰ ਇਨਸਾਨੀਅਤ, ਨਿਮਰਤਾ ਅਤੇ ਸਾਰੀਆਂ ਜੀਵ-ਜੰਤੂਆਂ ਦੇ ਆਪਸੀ ਸਹਿ-ਹੋਂਦ ਦੀ ਇੱਕ ਬੇਮਿਸਾਲ ਉਦਾਹਰਨ ਦੱਸ ਰਹੇ ਹਨ।

## ਤੀਜਨ ਬਾਈ ਦਾ ਦੇਹਾਂਤ



**ਰਾਏਪੁਰ** : ਛੱਤੀਸਗੜ੍ਹ ਦੀ ਲੋਕ ਕਲਾ 'ਪੰਡਵਾਨੀ' ਨੂੰ ਵਿਸ਼ਵ ਪੱਧਰ 'ਤੇ ਮਾਨਤਾ ਦਿਵਾਉਣ ਵਾਲੀ ਗਾਇਕਾ ਤੀਜਨ ਬਾਈ (70) ਨੇ ਸ਼ਨੀਵਾਰ ਰਾਤ 3:15 ਵਜੇ ਇੱਥੇ ਏਮਜ਼ ਵਿਖੇ ਆਖ਼ਰੀ ਸਾਹ ਲਿਆ। ਭਾਰਤੀ ਲੋਕ ਕਲਾ ਵਿੱਚ ਸ਼ਾਨਦਾਰ ਯੋਗਦਾਨ ਲਈ ਉਸ ਨੂੰ ਪਦਮਸ੍ਰੀ, ਪਦਮ ਭੂਸ਼ਣ ਅਤੇ ਦੇਸ਼ ਦੇ ਦੂਜੇ ਸਭ ਤੋਂ ਵੱਡੇ ਨਾਗਰਿਕ ਸਨਮਾਨ ਪਦਮ ਵਿਭੂਸ਼ਣ ਨਾਲ ਸਨਮਾਨਤ ਕੀਤਾ ਗਿਆ ਸੀ। ਪੰਡਵਾਨੀ ਇੱਕ ਅਜਿਹੀ ਰਵਾਇਤੀ ਨਾਟਕੀ ਲੋਕ ਕਲਾ ਹੈ, ਜਿਸ ਵਿੱਚ ਸੰਗੀਤ ਤੇ ਸ਼ਾਨਦਾਰ ਗਾਇਕੀ ਦੇ ਸੁਮੇਲ ਰਾਹੀਂ ਮਹਾਭਾਰਤ ਦੇ ਪ੍ਰਸੰਗਾਂ ਤੇ ਪਾਂਡਵਾਂ ਦੀ ਕਥਾ ਨੂੰ ਸੁਣਾਇਆ ਜਾਂਦਾ ਹੈ।

## ਪ੍ਰਸ਼ਾਂਤ ਕਿਸ਼ੋਰ ਚੋਣ ਮੈਦਾਨ 'ਚ



**ਪਟਨਾ** : ਚੋਣ ਰਣਨੀਤੀਕਾਰ ਤੋਂ ਸਿਆਸਤਦਾਨ ਬਣੇ ਪ੍ਰਸ਼ਾਂਤ ਕਿਸ਼ੋਰ ਨੇ ਬਿਹਾਰ ਅਸੈਂਬਲੀ ਦੇ ਬਾਂਕੀਪੁਰ ਹਲਕੇ ਦੀ 30 ਜੁਲਾਈ ਨੂੰ ਹੋਣ ਵਾਲੀ ਉਪ ਚੋਣ ਲਈ ਐਤਵਾਰ ਜਨ ਸੂਰਜ ਪਾਰਟੀ ਦਾ ਖ਼ੁਦ ਨੂੰ ਉਮੀਦਵਾਰ ਐਲਾਨਿਆ। ਨਿਤਿਨ ਨਬੀਨ ਦੇ ਰਾਜ ਸਭਾ ਲਈ ਚੁਣੇ ਜਾਣ 'ਤੇ ਭਾਜਪਾ ਦੇ ਕੌਮੀ ਪ੍ਰਧਾਨ ਵਜੋਂ ਦਿੱਲੀ ਤਬਦੀਲ ਹੋਣ ਤੋਂ ਬਾਅਦ ਬਾਂਕੀਪੁਰ ਸੀਟ ਖਾਲੀ ਹੋ ਗਈ ਸੀ। ਪਹਿਲੀ ਵਾਰ ਚੋਣ ਮੈਦਾਨ ਵਿੱਚ ਨਿੱਤਰਨ ਵਾਲੇ ਕਿਸ਼ੋਰ ਨੇ ਕਿਹਾ, 'ਇਹ ਉਪ ਚੋਣ ਸਮਰਾਟ ਚੌਧਰੀ ਦੀ ਦੋ ਮਹੀਨੇ ਪੁਰਾਣੀ ਸਰਕਾਰ ਦੇ ਕੰਮ 'ਤੇ ਰੈਫਰੈਂਡਮ ਹੋਵੇਗੀ। ਭਾਜਪਾ ਜਿੱਤੀ ਤਾਂ ਮੈਨੂੰ ਇਹ ਤਸਲੀਮ ਕਰਨ ਵਿੱਚ ਕੋਈ ਹਿਚਕਚਾਹਟ ਨਹੀਂ ਹੋਵੇਗੀ ਕਿ ਉਸ ਨੂੰ ਲੋਕਾਂ ਦੀ ਹਮਾਇਤ ਹਾਸਲ ਹੈ। ਜੇ ਅਸੀਂ ਜਿੱਤੇ ਤਾਂ ਉਨ੍ਹਾਂ ਨੂੰ ਸੋਚਣਾ ਪੈਣਾ ਕਿ ਲੋਕ ਕੀ ਸੋਚਦੇ ਹਨ।'

## ਤੁਰ ਗਿਆ 'ਨੰਜੀ'



**ਅੰਮ੍ਰਿਤਸਰ** : ਇਤਿਹਾਸਕ ਖ਼ਾਲਸਾ ਕਾਲਜ ਅੰਮ੍ਰਿਤਸਰ ਦੇ ਕਈ ਪੀੜ੍ਹੀਆਂ ਦੇ ਵਿਦਿਆਰਥੀਆਂ ਵਿੱਚ 'ਨੰਜੀ' ਦੇ ਨਾਂਅ ਨਾਲ ਜਾਣੇ ਜਾਂਦੇ ਨਿਰੰਜਨ ਸਿੰਘ (83) ਸ਼ਨਿੱਚਰਵਾਰ ਸ਼ਾਮ ਨੂੰ ਅਕਾਲ ਚਲਾਣਾ ਕਰ ਗਏ। ਉਨ੍ਹਾਂ ਦੇ ਤੁਰ ਜਾਣ ਦੀ ਖ਼ਬਰ ਨਾਲ ਖ਼ਾਲਸਾ ਕਾਲਜ ਦੇ ਮੌਜੂਦਾ ਅਤੇ ਪੁਰਾਣੇ ਵਿਦਿਆਰਥੀਆਂ ਵਿੱਚ ਸੋਗ ਦੀ ਲਹਿਰ ਦੌੜ ਗਈ ਹੈ। ਨਿਰੰਜਨ ਸਿੰਘ ਪਿਛਲੇ ਪੰਜ ਦਹਾਕਿਆਂ ਦੇ ਵੀ ਵੱਧ ਸਮੇਂ ਤੋਂ ਖ਼ਾਲਸਾ ਕਾਲਜ ਦੇ ਮੁੱਖ ਗੇਟ ਦੇ ਬਿਲਕੁਲ ਸਾਹਮਣੇ ਆਪਣੀ ਮਸ਼ਹੂਰ 'ਨਿਰੰਜਨ ਚਾਹ ਸਟਾਲ' ਚਲਾ ਰਹੇ ਸਨ। ਉਨ੍ਹਾਂ ਦੇ ਹੱਥ ਦੀ ਬਣੀ ਚਾਹ, ਗਰਮਾ-ਗਰਮ ਸਮੋਸੇ ਅਤੇ ਓਮਲੇਟ ਦਾ ਸਵਾਦ ਹਜ਼ਾਰਾਂ ਵਿਦਿਆਰਥੀਆਂ, ਖੋਜਾਰਥੀਆਂ ਅਤੇ ਇੱਥੇ ਆਉਣ ਵਾਲੇ ਲੋਕਾਂ ਦੀਆਂ ਯਾਦਾਂ ਦਾ ਅਹਿਮ ਹਿੱਸਾ ਰਿਹਾ ਹੈ। 'ਨੰਜੀ' ਦਾ ਵਿਦਿਆਰਥੀਆਂ ਨਾਲ ਰਿਸ਼ਤਾ ਸਿਰਫ਼ ਇੱਕ ਦੁਕਾਨਦਾਰ ਅਤੇ ਗਾਹਕ ਵਾਲਾ ਨਹੀਂ ਸੀ, ਸਗੋਂ ਬਹੁਤ ਖ਼ਾਸ ਸੀ। ਉਹ ਵਿਦਿਆਰਥੀਆਂ ਦੀ ਦੇਖਭਾਲ ਬਿਲਕੁਲ ਇੱਕ ਮਾਪੇ ਵਾਂਗ ਕਰਦੇ ਸਨ। ਉਨ੍ਹਾਂ ਦੀ ਇਹ ਸਟਾਲ ਇੱਕ ਅਜਿਹਾ ਮਿਲਣ ਕੇਂਦਰ ਸੀ, ਜਿੱਥੇ ਅਣਗਿਣਤ ਦੋਸਤੀਆਂ ਦੀ ਸ਼ੁਰੂਆਤ ਹੋਈ ਅਤੇ ਯਾਦਾਂ ਸਿਰਜੀਆਂ ਗਈਆਂ। ਉਨ੍ਹਾਂ ਦੇ ਅਕਾਲ ਚਲਾਣੇ ਦੀ ਖ਼ਬਰ ਮਿਲਦਿਆਂ ਹੀ ਸੋਸ਼ਲ ਮੀਡੀਆ 'ਤੇ ਸ਼ਰਧਾਂਜਲੀਆਂ ਦਾ ਹੜ੍ਹ ਆ ਗਿਆ।

# ਚੜ੍ਹਾਵਾਜੀਵੀਆਂ ਨੇ ਸੰਘ ਨੂੰ ਕਸੂਤਾ ਫਸਾਇਆ

**ਬੇਂਗਲੁਰੂ (ਨ ਜ਼ ਸ)**

ਅਯੁੱਧਿਆ ਦੇ ਰਾਮ ਮੰਦਰ ਤੋਂ ਦਾਨ ਦੀ ਚੋਰੀ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਲਈ ਸਭ ਤੋਂ ਵੱਡੀ ਚਿੰਤਾ ਬਣ ਗਈ ਹੈ। 10 ਜੁਲਾਈ ਨੂੰ ਕਰਨਾਟਕ ਦੇ ਬੇਲਾਗਾਵੀ ਵਿੱਚ ਸ਼ੁਰੂ ਹੋਣ ਵਾਲੀ ਸੰਘ ਦੀ ਤਿੰਨ ਦਿਨਾ ਸਾਲਾਨਾ ਅਖਿਲ ਭਾਰਤੀ ਪ੍ਰਾਂਤ ਪ੍ਰਚਾਰਕ ਬੈਠਕ ਵਿੱਚ ਇਹ ਮੁੱਦਾ ਚਰਚਾ ਦਾ ਮੁੱਖ ਵਿਸ਼ਾ ਬਣ ਸਕਦਾ ਹੈ। ਬੈਠਕ ਅਸਲ ਵਿੱਚ ਸਮਕਾਲੀ ਰਾਸ਼ਟਰੀ ਮੁੱਦਿਆਂ 'ਤੇ ਕੇਂਦਰਤ ਹੋਣ ਦੀ ਉਮੀਦ ਸੀ, ਜਿਸ ਵਿੱਚ ਚੱਲ ਰਿਹਾ ਜਨਗਣਨਾ ਅਭਿਆਸ ਵੀ ਸ਼ਾਮਲ ਸੀ, ਪਰ ਸੰਘ ਦੇ ਸੂਤਰਾਂ ਨੇ ਦੱਸਿਆ ਕਿ ਰਾਮ ਮੰਦਰ ਵਿਵਾਦ ਸੰਘ ਦੇ ਜਨਤਕ ਅਕਸ 'ਤੇ ਪੈਣ ਵਾਲੇ ਪ੍ਰਭਾਵ ਦੇ ਕਾਰਨ ਏਜੰਡੇ ਦੇ ਹੋਰਨਾਂ ਮੁੱਦਿਆਂ 'ਤੇ ਭਾਰੂ ਪੈ ਸਕਦਾ ਹੈ। ਮੀਟਿੰਗ ਵਿੱਚ ਰਾਮ ਮੰਦਰ ਦੇ ਕਾਰਜਾਂ ਵਿੱਚ ਸ਼ਾਮਲ ਸੰਘ ਦੇ ਕੁਝ ਅਧਿਕਾਰੀਆਂ ਦੀ ਕਿਸਮਤ 'ਤੇ ਵੀ ਚਰਚਾ ਹੋ ਸਕਦੀ ਹੈ।

ਸੰਘ ਦੇ ਇੱਕ ਸੀਨੀਅਰ ਅਹੁਦੇਦਾਰ ਨੇ ਕਿਹਾ ਕਿ ਇਹ ਮੁੱਦਾ ਲੋਕਾਂ ਵਿੱਚ ਸੰਘ ਦੀ ਇੱਕ ਨਕਾਰਾਤਮਕ ਛਵੀ ਬਣਾ ਰਿਹਾ ਹੈ ਅਤੇ ਇਸ ਨੂੰ ਠੱਲ੍ਹਣ ਦੀ ਲੋੜ ਹੈ। ਸੰਘ ਦੇ ਯੂ ਪੀ ਦੇ ਇੱਕ ਅਹੁਦੇਦਾਰ ਨੇ ਇਸ ਵਿਵਾਦ ਨੂੰ ਕਾਂਗਰਸ ਦੀ ਅਗਵਾਈ ਵਾਲੀ ਯੂ ਪੀ ਏ ਸਰਕਾਰ ਦੇ ਸਾਲਾਂ ਦੌਰਾਨ ਸੰਘ ਵਿਰੁੱਧ ਲਗਾਏ ਗਏ 'ਹਿੰਦੂਤਵੀ ਦਹਿਸ਼ਤਗਰਦੀ' ਦੇ ਦੋਸ਼ਾਂ ਨਾਲੋਂ ਵੀ ਵੱਧ ਨੁਕਸਾਨਦੇਹ ਦੱਸਿਆ ਹੈ। ਉਸ ਨੇ ਕਿਹਾ, 'ਜਦੋਂ ਯੂ ਪੀ ਏ ਸਰਕਾਰ ਨੇ ਸੰਘ 'ਤੇ ਹਿੰਦੂਤਵੀ ਦਹਿਸ਼ਤਗਰਦੀ ਦਾ ਦੋਸ਼ ਲਗਾਇਆ, ਤਾਂ ਕਿਸੇ ਨੇ ਇਸ 'ਤੇ ਵਿਸ਼ਵਾਸ ਨਹੀਂ ਕੀਤਾ। ਇਸ ਨੂੰ ਇੱਕ ਸਰਕਾਰੀ ਮੁਹਿੰਮ ਵਜੋਂ ਦੇਖਿਆ ਗਿਆ ਸੀ, ਪਰ ਇਹ ਮੁੱਦਾ ਸਾਨੂੰ ਜਨਤਕ ਧਾਰਨਾ ਵਿੱਚ ਨੁਕਸਾਨ ਪਹੁੰਚਾ ਰਿਹਾ ਹੈ। ਲੋਕ ਸੋਚਦੇ ਹਨ ਕਿ ਰਾਮ ਮੰਦਰ ਅਤੇ ਸੰਘ ਇੱਕੋ ਜਿਹੇ ਹਨ। ਭਾਵੇਂ ਸੰਘ ਦਾ ਕੋਈ ਵੀ ਅਹੁਦੇਦਾਰ ਗਬਨ ਵਿੱਚ ਸ਼ਾਮਲ ਨਾ ਹੋਵੇ, ਇਹ ਇੱਕ ਅਜਿਹਾ ਵਿਵਾਦ ਹੈ, ਜਿਸ ਨੂੰ ਛੁਟਕਾਰਾ ਪਾਉਣਾ ਮੁਸ਼ਕਲ ਹੋਵੇਗਾ।'

ਬੇਲਾਗਾਵੀ ਵਿੱਚ 10 ਤੋਂ 12 ਜੁਲਾਈ ਤੱਕ ਹੋਣ ਵਾਲੀ ਸਾਲਾਨਾ ਅਖਿਲ ਭਾਰਤੀ ਪ੍ਰਾਂਤ ਪ੍ਰਚਾਰਕ ਬੈਠਕ ਸੰਘ ਦੀਆਂ ਸਭ ਤੋਂ ਮਹੱਤਵਪੂਰਨ ਸੰਗਠਨਾਤਮਕ ਬੈਠਕਾਂ ਵਿੱਚੋਂ ਇੱਕ ਹੈ। ਇਸ ਵਿੱਚ ਸਾਰੇ 11 ਸੰਗਠਨਾਤਮਕ ਖੇਤਰਾਂ ਅਤੇ 46 ਪ੍ਰਾਂਤਾਂ ਦੇ ਪ੍ਰਾਂਤ ਪ੍ਰਚਾਰਕ
• ਬਾਕੀ ਸਫ਼ਾ 2 'ਤੇ

### ਕਯਾ ਫਿਰ ਸੇ ਚਲੇ ਗਏ ਵਨਵਾਸ...



**ਲਖਨਊ (ਨ ਜ਼ ਸ)**- ਸਮਾਜਵਾਦੀ ਪਾਰਟੀ ਦੇ ਕੌਮੀ ਪ੍ਰਧਾਨ ਅਖਿਲੇਸ਼ ਯਾਦਵ ਨੇ ਐਤਵਾਰ ਅਯੁੱਧਿਆ ਸਥਿਤ ਸ੍ਰੀ ਰਾਮ ਮੰਦਰ ਦੇ ਚੜ੍ਹਾਵਾ ਚੋਰੀ ਮਾਮਲੇ ਨੂੰ ਲੈ ਕੇ ਭਾਜਪਾ ਅਤੇ ਆਰ ਐੱਸ ਐੱਸ 'ਤੇ ਤਿੱਖਾ ਸਿਆਸੀ ਹਮਲਾ ਬੋਲਦਿਆਂ 'ਐੱਕਸ' 'ਤੇ ਇੱਕ ਵੀਡੀਓ ਸਾਂਝੀ ਕਰਦਿਆਂ ਲਿਖਿਆ, 'ਕਯਾ ਫਿਰ ਸੇ ਚਲੇ ਗਏ ਵਨਵਾਸ।'

ਕਰੀਬ 4 ਮਿੰਟ 39 ਸਕਿੰਟ ਦੀ ਇਸ ਵੀਡੀਓ ਦੇ ਗੀਤ ਦੇ ਬੋਲ ਹਨ, 'ਕਿਉਂ ਤੇਰੀ ਨਗਰੀ ਹੈ ਉਦਾਸ, ਕਯਾ ਫਿਰ ਸੇ ਚਲੇ ਗਏ ਵਨਵਾਸ। ਯਹੀ ਹੈ ਪ੍ਰਾਰਥਨਾ, ਫਿਰ ਵਾਪਿਸ ਆਓ ਦਸ਼ਰਥ ਕੇ ਲਾਲ।' ਇਸ ਪੋਸਟ ਰਾਹੀਂ ਅਖਿਲੇਸ਼ ਨੇ ਰਾਮ ਮੰਦਰ ਨਾਲ ਜੁੜੇ ਵਿਵਾਦ ਨੂੰ ਲੈ ਕੇ ਭਾਜਪਾ ਨੂੰ ਕਟਹਿਰੇ ਵਿੱਚ ਖੜ੍ਹਾ ਕੀਤਾ ਹੈ। ਇੱਕ ਹੋਰ ਪੋਸਟ ਵਿੱਚ ਉਨ੍ਹਾ ਲਿਖਿਆ ਕਿ ਆਖ਼ਰਕਾਰ 'ਸੁਰੰਗਜੀਵੀਆਂ' ਨੂੰ ਬਾਹਰ
• ਬਾਕੀ ਸਫ਼ਾ 2 'ਤੇ

## ਵਿਸ਼ਵ ਕੱਪ ਫੁੱਟਬਾਲ 'ਚ ਫਲਸਤੀਨੀਆਂ ਦੀ ਜਿੱਤ



**ਆਰਲਿੰਗਟਨ** (ਟੈਕਸਾਸ) ਇਸ ਅਮਰੀਕੀ ਸ਼ਹਿਰ ਵਿੱਚ ਆਸਟ੍ਰੇਲੀਆ ਨੂੰ ਹਰਾ ਕੇ ਫੀਫਾ ਵਿਸ਼ਵ ਕੱਪ ਫੁੱਟਬਾਲ ਦੀਆਂ ਆਖ਼ਰੀ 16 ਟੀਮਾਂ ਵਿੱਚ ਸ਼ੁਮਾਰ ਹੋਣ 'ਤੇ ਮਿਸਰ ਦੇ ਕੋਚ ਹੋਸਮ ਹਸਨ ਮਿਸਰ ਅਤੇ ਫਲਸਤੀਨ ਦੋਵਾਂ ਦੇ ਝੰਡੇ ਲੈ ਕੇ ਮੈਦਾਨ 'ਚ ਉਤਰੇ। ਸਟੇਡੀਅਮ ਵਿੱਚ ਮੌਜੂਦ ਬਹੁਤ ਸਾਰੇ ਪ੍ਰਸੰਸਕਾਂ ਨੇ 'ਫਰੀ ਫਲਸਤੀਨ' ਦੇ ਨਾਅਰੇ ਵੀ ਲਗਾਏ। ਪੱਤਰਕਾਰਾਂ ਨਾਲ ਗੱਲ ਕਰਦੇ ਹੋਏ ਹਸਨ ਨੇ ਕਿਹਾ ਕਿ ਇਹ ਜਿੱਤ ਸਿਰਫ ਮਿਸਰ ਲਈ ਹੀ ਨਹੀਂ, ਸਗੋਂ ਫਲਸਤੀਨ ਦੇ ਲੋਕਾਂ ਲਈ ਵੀ ਹੈ। ਉਨ੍ਹਾ ਕਿਹਾ, 'ਮੈਂ ਇਹ ਜਿੱਤ ਮਿਸਰ ਅਤੇ ਫਲਸਤੀਨ ਦੋਵਾਂ ਦੇ ਲੋਕਾਂ ਨੂੰ ਸਮਰਪਤ ਕਰਦਾ ਹਾਂ। ਉਹ ਦਿਆਲੂ ਅਤੇ ਸਤਿਕਾਰਯੋਗ ਲੋਕ ਹਨ। ਪ੍ਰਮਾਤਮਾ ਉਨ੍ਹਾਂ ਦੇ ਸ਼ਹੀਦਾਂ 'ਤੇ ਰਹਿਮ ਕਰੇ ਅਤੇ ਉਨ੍ਹਾਂ ਨੂੰ ਤਾਕਤ ਦੇਵੇ।'

ਗਾਜ਼ਾ ਦੇ ਲੋਕਾਂ ਨੇ ਵੀ ਬੰਬਾਰੀ ਨਾਲ ਤਬਾਹ ਹੋਈਆਂ ਇਮਾਰਤਾਂ ਦੀ ਪਿੱਠਭੂਮੀ ਵਿੱਚ ਮਿਸਰ ਦੀ ਜਿੱਤ ਨੂੰ ਆਪਣੀ ਜਿੱਤ ਮੰਨ ਕੇ ਜਸ਼ਨ ਮਨਾਇਆ। ਹਜ਼ਾਰਾਂ ਲੋਕ ਆਪਣੇ ਤੰਬੂਆਂ ਅਤੇ ਤਬਾਹ ਹੋਏ ਘਰਾਂ ਵਿੱਚੋਂ ਮੈਚ ਦੇਖਣ ਲਈ ਬਾਹਰ ਆਏ। ਚਿਹਰੇ ਮੁਸਕਰਾਹਟਾਂ ਨਾਲ ਚਮਕ ਉੱਠੇ, ਹਵਾ ਜੈਕਾਰਿਆਂ ਨਾਲ ਭਰ ਗਈ ਅਤੇ ਅਜਿਹਾ ਮਹਿਸੂਸ ਹੋਇਆ, ਜਿਵੇਂ ਹਰ ਕਿਸੇ ਨੇ ਆਪਣੇ ਆਲੇ-ਦੁਆਲੇ ਸਭ ਕੁਝ ਹੋਣ ਦੇ ਬਾਵਜੂਦ ਆਪਣੇ-ਆਪ ਨੂੰ
• ਬਾਕੀ ਸਫ਼ਾ 2 'ਤੇ

## ਮੋਦੀ 'ਚ ਟਰੰਪ ਖਿਲਾਫ਼ ਬੋਲਣ ਦੀ ਹਿੰਮਤ ਨਹੀਂ : ਕਾਂਗਰਸ

**ਨਵੀਂ ਦਿੱਲੀ** : ਕਾਂਗਰਸ ਨੇਤਾ ਅਤੇ ਰਾਜ ਸਭਾ ਮੈਂਬਰ ਪਵਨ ਖੇੜਾ ਨੇ ਐਤਵਾਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ 'ਤੇ ਹਮਲਾ ਬੋਲਿਆ ਕਿ ਉਨ੍ਹਾ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਦੇ ਮਾਰੇ ਗਏ ਸੁਪਰੀਮ ਲੀਡਰ ਅਲੀ ਖਾਮਨੇਈ ਦੇ ਅੰਤਮ ਸੰਸਕਾਰ ਦੌਰਾਨ ਈਰਾਨ ਬਾਰੇ ਦਿੱਤੇ ਤਾਜ਼ਾ ਭੜਕਾਊ ਅਤੇ ਗੈਰ-ਜ਼ਿੰਮੇਵਾਰ ਬਿਆਨ ਦੀ ਨਿੰਦਾ ਨਹੀਂ ਕੀਤੀ। ਪਵਨ ਖੇੜਾ ਨੇ ਨੋਟ ਕੀਤਾ ਕਿ ਭਾਰਤ ਤੋਂ ਇੱਕ ਵਫ਼ਦ ਸਮੇਤ ਲਗਭਗ ਇਕ ਕਰੋੜ ਲੋਕ ਈਰਾਨੀ ਨੇਤਾ ਆਇਤੁਲਾ ਅਲੀ ਖਾਮਨੇਈ ਦੇ ਅੰਤਮ ਸੰਸਕਾਰ ਵਿੱਚ ਸ਼ਾਮਲ ਹੋਏ ਹਨ। ਖੇੜਾ ਦੀਆਂ ਟਿੱਪਣੀਆਂ ਟਰੰਪ ਦੇ ਉਸ ਬਿਆਨ ਦੇ ਜਵਾਬ ਵਿੱਚ ਆਈਆਂ ਹਨ, ਜਿਸ ਵਿੱਚ ਉਨ੍ਹਾ ਕਿਹਾ ਸੀ ਕਿ ਉਹ ਈਰਾਨ ਦੀ ਸੀਨੀਅਰ ਲੀਡਰਸ਼ਿਪ ਨਾਲ 'ਇੱਕੋ ਵਾਰ ਵਿੱਚ' ਨਜਿੱਠ ਸਕਦੇ ਸਨ, ਜਦੋਂ ਉਹ ਤਹਿਰਾਨ ਵਿੱਚ ਖਾਮਨੇਈ ਦੇ ਅੰਤਮ ਸੰਸਕਾਰ ਲਈ ਇਕੱਠੇ ਹੋਏ ਸਨ। ਖੇੜਾ ਨੇ ਮੋਦੀ ਨੂੰ 'ਸਮਝੌਤਾਵਾਦੀ ਪ੍ਰਧਾਨ ਮੰਤਰੀ' ਕਿਹਾ। ਇਕ ਪੋਸਟ ਵਿੱਚ ਉਨ੍ਹਾ ਕਿਹਾ ਕਿ ਰਾਸ਼ਟਰਪਤੀ ਡੋਨਾਲਡ ਟਰੰਪ ਦੀਆਂ ਭੜਕਾਊ ਅਤੇ ਗੈਰ-ਜ਼ਿੰਮੇਵਾਰ ਧਮਕੀਆਂ ਪੱਛਮੀ ਏਸ਼ੀਆ ਵਿੱਚ ਸ਼ਾਂਤੀ ਪ੍ਰਕਿਰਿਆ ਲਈ ਬਹੁਤ ਨੁਕਸਾਨਦੇਹ ਹਨ। ਸਾਡੇ ਲਈ ਪਰੇਸ਼ਾਨ ਕਰਨ ਵਾਲੀ ਗੱਲ ਇਹ ਹੈ ਕਿ ਸਾਡੇ ਸਮਝੌਤਾਵਾਦੀ ਪ੍ਰਧਾਨ ਮੰਤਰੀ ਅਤੇ ਉਨ੍ਹਾ ਦੀ ਅਗਵਾਈ ਵਾਲੀ ਸਰਕਾਰ ਅਮਰੀਕੀ ਹਿੰਸਾ ਦੇ ਅਜਿਹੇ ਲਾਪਰਵਾਹ ਇਸ਼ਾਰਿਆਂ ਦੀ ਨਿੰਦਾ ਕਰਨ ਦੀ ਨੈਤਿਕ ਹਿੰਮਤ ਨੂੰ ਜੁਟਾਉਣ ਦੇ ਅਯੋਗ ਹਨ।

## ਹੁਸ਼ਿਆਰਪੁਰ ਤੇ ਜਲਾਲਾਬਾਦ 'ਚ 'ਆਪ' ਦੀ ਵੱਡੀ ਜਿੱਤ

**ਚੰਡੀਗੜ੍ਹ** : ਹੁਸ਼ਿਆਰਪੁਰ ਨਗਰ ਨਿਗਮ ਤੇ ਜਲਾਲਾਬਾਦ ਨਗਰ ਕੌਂਸਲ ਲਈ ਸ਼ਾਂਤਮਈ ਪਈਆਂ ਵੋਟਾਂ ਦੀ ਹੋਈ ਗਿਣਤੀ 'ਚ ਸੱਤਾਧਾਰੀ ਆਮ ਆਦਮੀ ਪਾਰਟੀ ਵੱਡੀ ਜਿੱਤ ਦਰਜ ਕਰਨ ਵਿੱਚ ਕਾਮਯਾਬ ਰਹੀ ਹੈ।

**ਹੁਸ਼ਿਆਰਪੁਰ (ਓ ਪੀ ਰਾਣਾ/ਬਲਬੀਰ ਸੈਣੀ)** : ਹੁਸ਼ਿਆਰਪੁਰ ਨਗਰ ਨਿਗਮ ਚੋਣਾਂ ਵਿਚ ਆਮ ਆਦਮੀ ਪਾਰਟੀ ਦੀ ਵੱਡੀ ਜਿੱਤ ਹੋਈ ਹੈ। ਆਪ ਨੇ 50 ਵਿਚੋਂ 35 ਵਾਰਡਾਂ ਵਿਚ ਜਿੱਤ ਦਰਜ ਕਰਕੇ ਵਿਰੋਧੀਆਂ ਪਾਰਟੀਆਂ ਨੂੰ ਨੁਕਰੇ ਲਾ ਦਿੱਤਾ ਹੈ। ਕਾਂਗਰਸ 9 ਸੀਟਾਂ ਅਤੇ ਭਾਜਪਾ 3 ਸੀਟਾਂ 'ਤੇ ਸੀਮਤ ਹੋ ਗਈ। ਤਿੰਨ ਸੀਟਾਂ 'ਤੇ ਆਜ਼ਾਦ ਉਮੀਦਵਾਰ ਕਾਮਯਾਬ ਹੋਏ।

**ਜਲਾਲਾਬਾਦ (ਬਲਵਿੰਦਰ ਸਿੰਘ)** : ਜ਼ਿਲ੍ਹਾ ਫ਼ਾਜ਼ਿਲਕਾ ਦੀ ਨਗਰ ਕੌਂਸਲ ਜਲਾਲਾਬਾਦ ਵਿਖੇ ਐਤਵਾਰ ਨੂੰ ਹੋਈਆਂ ਚੋਣਾਂ ਵਿੱਚ ਸੱਤਾਧਾਰੀ ਧਿਰ ਆਪ ਨੇ 12, ਕਾਂਗਰਸ ਨੇ 4 ਅਤੇ ਸ਼੍ਰੋਮਣੀ ਅਕਾਲੀ ਦਲ ਨੇ 1 ਸੀਟ ਉੱਤੇ ਜਿੱਤ ਦਰਜ ਕੀਤੀ ਹੈ। ਬੀਤੇ ਮਹੀਨੇ ਪੰਜਾਬ ਭਰ ਵਿੱਚ ਹੋਈਆਂ ਨਗਰ ਨਿਗਮ, ਕੌਂਸਲ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਦੌਰਾਨ ਜਲਾਲਾਬਾਦ ਵਿੱਚ ਵਾਰਡਬੰਦੀ ਮੁਕੰਮਲ ਨਾ ਹੋਣ ਕਰਕੇ ਚੋਣ ਨਹੀਂ ਹੋ ਸਕੀ ਸੀ। ਇਨ੍ਹਾਂ ਨਤੀਜਿਆਂ ਵਿੱਚ ਸੱਤਾਧਾਰੀ ਧਿਰ ਨੇ ਬਹੁਮਤ ਹਾਸਲ ਕਰਕੇ ਆਪਣਾ ਨਗਰ ਕੌਂਸਲ ਦਾ ਪ੍ਰਧਾਨ ਬਣਾਉਣ ਦਾ ਰਾਹ ਪੱਧਰਾ ਕਰ ਲਿਆ ਹੈ। ਇਸ ਮੌਕੇ ਵਿਧਾਨ ਸਭਾ ਹਲਕਾ ਜਲਾਲਾਬਾਦ ਦੇ ਵਿਧਾਇਕ ਜਗਦੀਪ ਗੋਲਡੀ ਕੰਬੋਜ ਨੇ ਸ਼ਹਿਰ ਦੇ ਸਮੂਹ ਵੋਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਸਰਕਾਰ ਦੇ ਵਿਕਾਸ ਕਾਰਜਾਂ ਨੂੰ ਇਸ ਜਿੱਤ ਦਾ ਸਿਹਰਾ ਦਿੱਤਾ ਹੈ। ਦੂਜੇ ਪਾਸੇ ਵਿਰੋਧੀ ਧਿਰ ਦੇ ਆਗੂਆਂ ਨੇ ਸੱਤਾਧਾਰੀ ਧਿਰ ਦੇ ਵਿਧਾਇਕ 'ਤੇ ਧੱਕੇਸ਼ਾਹੀ ਕਰਨ ਦੇ ਦੋਸ਼ ਵੀ ਲਗਾਏ ਹਨ।

ਨਗਰ ਕੌਂਸਲ ਗੁਰੂਹਰਸਹਾਏ ਦੀਆਂ ਚੋਣਾਂ ਦੇ ਐਲਾਨੇ ਨਤੀਜਿਆਂ ਵਿਚ ਕਾਂਗਰਸ ਪਾਰਟੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 15 ਵਿਚੋਂ 13 ਵਾਰਡਾਂ 'ਤੇ ਜਿੱਤ ਹਾਸਲ ਕਰਕੇ ਨਗਰ ਕੌਂਸਲ ਵਿਚ ਆਪਣਾ ਬਹੁਮਤ ਸਥਾਪਿਤ ਕਰ ਲਿਆ ਹੈ। ਜਦ ਕਿ ਸ਼੍ਰੋਮਣੀ ਅਕਾਲੀ ਦਲ ਨੇ 2 ਵਾਰਡਾਂ ਵਿੱਚ ਜਿੱਤ ਦਰਜ ਕੀਤੀ ਹੈ।

## 61 ਦੀ ਉਮਰ 'ਚ ਤੀਜਾ ਵਿਆਹ



**ਨਵੀਂ ਦਿੱਲੀ** : ਆਮਿਰ ਖ਼ਾਨ ਨੇ ਮੁੰਬਈ ਦੇ ਬਾਂਦਰਾ ਸਥਿਤ ਆਪਣੇ ਘਰ 'ਚ ਇੱਕ ਨਿੱਜੀ ਸਮਾਰੋਹ ਦੌਰਾਨ ਆਪਣੀ ਲੰਬੇ ਸਮੇਂ ਦੀ ਪਾਰਟਨਰ ਗੌਰੀ ਸਪ੍ਰੈਟ ਨਾਲ ਵਿਆਹ ਕਰ ਲਿਆ ਹੈ। ਦੋ ਸਾਲਾਂ ਤੋਂ ਵੱਧ ਸਮੇਂ ਤੋਂ ਇਕੱਠੇ ਰਹਿ ਰਹੇ ਇਸ ਕਪਲ ਨੇ ਐਤਵਾਰ ਨੂੰ ਆਪਣੇ ਪਰਵਾਰਾਂ ਅਤੇ ਨਜ਼ਦੀਕੀ ਦੋਸਤਾਂ ਦੀ ਮੌਜੂਦਗੀ ਵਿੱਚ ਵਿਆਹ ਦੀਆਂ ਰਸਮਾਂ ਪੂਰੀਆਂ ਕੀਤੀਆਂ। ਆਮਿਰ ਖ਼ਾਨ ਅਤੇ ਗੌਰੀ ਸਪ੍ਰੈਟ ਦੀ ਪਹਿਲੀ ਮੁਲਾਕਾਤ ਲੱਗਭੱਗ 25 ਸਾਲ ਪਹਿਲਾਂ ਹੋਈ ਸੀ, ਪਰ ਉਨ੍ਹਾਂ ਦਾ ਰਿਸ਼ਤਾ 2024 ਵਿੱਚ ਉਦੋਂ ਸ਼ੁਰੂ ਹੋਇਆ ਜਦੋਂ ਉਹ ਆਮਿਰ ਦੀ ਕਜ਼ਨ ਨੁਜ਼ਹਤ ਖ਼ਾਨ ਦੇ ਜ਼ਰੀਏ ਬੈਂਗਲੁਰੂ ਵਿੱਚ ਦੁਬਾਰਾ ਮਿਲੇ, ਜਿੱਥੇ ਗੌਰੀ ਉਸ ਸਮੇਂ ਰਹਿ ਰਹੀ ਸੀ। ਇਸ ਜੋੜੇ ਨੇ ਲੱਗਭੱਗ ਇੱਕ ਸਾਲ ਤੱਕ ਲੌਂਗ-ਡਿਸਟੈਂਸ ਰਿਲੇਸ਼ਨਸ਼ਿਪ ਵਿੱਚ ਸਮਾਂ ਬਿਤਾਇਆ, ਜਿਸ ਤੋਂ ਬਾਅਦ ਮਾਰਚ 2025 ਵਿੱਚ ਆਪਣੇ 60ਵੇਂ ਜਨਮ ਦਿਨ ਦੇ ਜਸ਼ਨ ਦੌਰਾਨ ਆਮਿਰ ਨੇ ਮੀਡੀਆ ਦੇ ਸਾਹਮਣੇ ਗੌਰੀ ਨੂੰ ਆਪਣੀ
• ਬਾਕੀ ਸਫ਼ਾ 2 'ਤੇ

## ਕਾਲਕਾ-ਸ਼ਿਮਲਾ ਰੇਲ ਆਵਾਜਾਈ ਠੱਪ



**ਚੰਡੀਗੜ੍ਹ (ਨ ਜ਼ ਸ)**

ਕਾਲਕਾ-ਸ਼ਿਮਲਾ ਜਾਣ ਵਾਲੇ ਰਾਹਗੀਰ ਥੋੜ੍ਹਾ ਧਿਆਨ ਨਾਲ ਯਾਤਰਾ ਦੀ ਯੋਜਨਾ ਬਣਾਉਣ, ਕਿਉਂਕਿ ਬਰਸਾਤਾਂ ਦੇ ਮੌਸਮ ਦੌਰਾਨ ਪਹਾੜੀ ਇਲਾਕਿਆਂ ਵਿੱਚ ਜ਼ਮੀਨ ਖਿਸਕਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਹਾਲ ਹੀ ਵਿੱਚ 4 ਜੁਲਾਈ ਦੀ ਦੁਪਹਿਰ ਨੂੰ ਕਾਲਕਾ-ਸ਼ਿਮਲਾ ਮਾਰਗ ਦੇ ਕਾਠਲੀਘਾਟ-ਕਾਨੋ ਸੈਕਸ਼ਨ 'ਤੇ ਚਟਾਨਾਂ ਖਿਸਕਣ ਦੀ ਘਟਨਾ ਕਾਰਨ ਰੇਲ ਆਵਾਜਾਈ ਅਸਥਾਈ ਤੌਰ 'ਤੇ ਪ੍ਰਭਾਵਿਤ ਹੋਈ। 107 ਯਾਤਰੀਆਂ ਨੂੰ ਲੈ ਕੇ ਜਾ ਰਹੀ ਸ਼ਿਮਲਾ-ਕਾਲਕਾ ਸ਼ਿਵਾਲਿਕ ਡੀਲਕਸ ਐਕਸਪ੍ਰੈੱਸ (ਟਰੇਨ ਨੰਬਰ 52452) ਨੂੰ ਪ੍ਰਭਾਵਿਤ ਹਿੱਸੇ ਤੋਂ ਵਾਪਸ ਕਾਠਲੀਘਾਟ ਸਟੇਸ਼ਨ 'ਤੇ ਲਿਆਉਣਾ ਪਿਆ। ਰੇਲਵੇ ਪ੍ਰਸ਼ਾਸਨ ਨੇ ਯਾਤਰੀਆਂ ਦੀ ਅਗਲੀ ਯਾਤਰਾ ਲਈ ਕਾਠਲੀਘਾਟ ਸਟੇਸ਼ਨ 'ਤੇ ਤਿੰਨ ਬੱਸਾਂ ਦਾ ਪ੍ਰਬੰਧ ਕੀਤਾ ਅਤੇ ਇਹ ਬੱਸਾਂ 97 ਯਾਤਰੀਆਂ ਨੂੰ ਲੈ ਕੇ ਰਾਤ 10:24 ਵਜੇ ਕਾਠਲੀਘਾਟ ਤੋਂ ਕਾਲਕਾ ਲਈ ਰਵਾਨਾ ਹੋਈਆਂ।

ਚੰਬਾ-ਭਰਮੌਰ ਕੌਮੀ ਰਾਜਮਾਰਗ 'ਤੇ ਘੇਰਾ ਨੇੜੇ ਇੱਕ ਪਹਾੜੀ ਤੋਂ ਨਿੱਜੀ ਬੱਸ 'ਤੇ ਚੱਟਾਨਾਂ ਡਿੱਗਣ ਕਾਰਨ ਇੱਕ ਸ਼ਰਧਾਲੂ ਦੀ ਮੌਤ ਹੋ ਗਈ ਅਤੇ ਪੰਜ ਹੋਰ ਜ਼ਖਮੀ ਹੋ ਗਏ। ਮ੍ਰਿਤਕ ਦੀ ਪਛਾਣ ਸਾਹਿਲ ਠਾਕੁਰ ਵਜੋਂ ਹੋਈ ਹੈ, ਜੋ ਚੰਬਾ ਜ਼ਿਲ੍ਹੇ ਦੇ ਗਾਰੇਡ ਪਿੰਡ ਦਾ ਰਹਿਣ ਵਾਲਾ ਸੀ। ਜ਼ਖਮੀਆਂ ਵਿੱਚ ਗੁੱਡੂ ਦੇਵੀ, ਬਿੰਤਾ, ਗਿਲਮਾ ਦੇਵੀ ਅਤੇ ਬੱਸ ਡਰਾਈਵਰ ਕੁਲਵਿੰਦਰ ਸਿੰਘ ਸ਼ਾਮਲ ਹਨ, ਜੋ ਕਿ ਸਾਰੇ ਚੰਬਾ ਜ਼ਿਲ੍ਹੇ ਦੇ ਗਾਰੇਡ ਪਿੰਡ ਦੇ ਰਹਿਣ ਵਾਲੇ ਹਨ, ਨੂੰ ਪੰਡਿਤ ਜਵਾਹਰ ਲਾਲ ਨਹਿਰੂ ਸਰਕਾਰੀ ਮੈਡੀਕਲ ਕਾਲਜ, ਚੰਬਾ ਵਿੱਚ ਭਰਤੀ ਕਰਵਾਇਆ ਗਿਆ ਹੈ। ਪੁਲਸ ਅਨੁਸਾਰ ਸ਼ਰਧਾਲੂ ਸ਼ਨਿੱਚਰਵਾਰ ਨੂੰ ਭਰਮੌਰ ਦੇ ਇਤਿਹਾਸਕ ਚੌਰਾਸੀ ਮੰਦਰ ਕੰਪਲੈਕਸ ਗਏ ਸਨ ਅਤੇ ਐਤਵਾਰ ਸਵੇਰੇ ਘਰ ਪਰਤ ਰਹੇ ਸਨ ਜਦੋਂ ਇਹ ਹਾਦਸਾ ਵਾਪਰਿਆ। ਇਹ ਘਟਨਾ ਬੱਤੀ ਕੀ ਹੱਟੀ ਵਿਖੇ ਵਾਪਰੀ। ਉਸ ਸਮੇਂ ਮੀਂਹ ਪੈ ਰਿਹਾ ਸੀ ਜਦੋਂ ਅਚਾਨਕ ਪਹਾੜੀ ਤੋਂ ਚੱਟਾਨਾਂ ਹੇਠਾਂ ਵੱਲ ਖਿਸਕੀਆਂ ਅਤੇ ਚੱਲਦੀ ਬੱਸ ਦੇ ਪਿਛਲੇ ਹਿੱਸੇ ਨਾਲ ਟਕਰਾਅ ਗਈਆਂ।

## ਖਾਮਨੇਈ ਦੀ ਅੰਤਮ ਯਾਤਰਾ ਦੌਰਾਨ ਟਰੰਪ ਵਿਰੁੱਧ ਨਾਅਰੇਬਾਜ਼ੀ



ਤਹਿਰਾਨ 'ਚ ਆਪਣੇ ਆਗੂ ਖਾਮਨੇਈ ਨੂੰ ਸ਼ਰਧਾਂਜਲੀ ਦੇਣ ਲਈ ਅੱਤ ਦੀ ਗਰਮੀ ਦੌਰਾਨ ਜੁੜੇ ਹਜ਼ਾਰਾਂ ਲੋਕਾਂ 'ਤੇ ਪਾਣੀ ਦਾ ਛਿੜਕਾਅ ਕਰਨਾ ਪਿਆ।

**ਤਹਿਰਾਨ** : ਈਰਾਨ ਦੇ ਮਰਹੂਮ ਸੁਪਰੀਮ ਲੀਡਰ ਆਇਤੁੱਲਾ ਅਲੀ ਖਾਮਨੇਈ ਦੀ ਅੰਤਿਮ ਯਾਤਰਾ (ਜਨਾਜ਼ੇ) ਦੌਰਾਨ ਰਾਜਧਾਨੀ ਤਹਿਰਾਨ ਵਿੱਚ ਲੱਖਾਂ ਦੀ ਗਿਣਤੀ ਵਿੱਚ ਇਕੱਠੇ ਹੋਏ ਲੋਕਾਂ ਦੇ ਸਾਹਮਣੇ ਇੱਕ ਪ੍ਰਦਰਸ਼ਨਕਾਰੀ ਕਵੀ ਨੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੂੰ ਜਾਨੋਂ ਮਾਰਨ ਦੀ ਅਪੀਲ ਕੀਤੀ। ਇਸ ਦੌਰਾਨ ਭੜਕੇ ਹੋਏ ਲੋਕਾਂ ਨੇ 'ਅਮਰੀਕਾ ਮੁਰਦਾਬਾਦ' ਅਤੇ 'ਇਜ਼ਰਾਈਲ ਮੁਰਦਾਬਾਦ' ਦੇ ਜ਼ੋਰਦਾਰ ਨਾਅਰੇ ਲਾਏ। ਅੰਤਿਮ ਸੰਸਕਾਰ ਦੌਰਾਨ ਮੰਚ ਤੋਂ ਸੰਬੋਧਨ ਕਰਦਿਆਂ ਕਵੀ ਮੁਹੰਮਦ ਰਸੂਲੀ ਨੇ ਅਮਰੀਕੀ ਰਾਸ਼ਟਰਪਤੀ ਟਰੰਪ ਵੱਲ ਇਸ਼ਾਰਾ ਕਰਦਿਆਂ ਭੀੜ ਨੂੰ ਪੁੱਛਿਆ, "ਦੁਨੀਆ ਦਾ ਸਭ ਤੋਂ ਭ੍ਰਿਸ਼ਟ ਤੇ ਘਿਨਾਉਣਾ ਆਦਮੀ ਅਜੇ ਤੱਕ ਜ਼ਿੰਦਾ ਕਿਉਂ ਹੈ?" ਰਸੂਲੀ ਦੀ ਇਸ ਜੋਸ਼ੀਲੀ ਟਿੱਪਣੀ ਦਾ ਉੱਥੇ ਮੌਜੂਦ ਲੱਖਾਂ ਲੋਕਾਂ ਨੇ ਨਾਅਰੇਬਾਜ਼ੀ ਕਰਕੇ ਜ਼ੋਰਦਾਰ ਸਮਰਥਨ ਕੀਤਾ। ਐਤਵਾਰ ਨੂੰ ਹੋਈ ਇਸ ਅੰਤਿਮ ਯਾਤਰਾ ਵਿੱਚ ਪਿਛਲੇ ਦਿਨਾਂ ਦੇ ਮੁਕਾਬਲੇ ਕਿਤੇ ਵੱਡਾ ਇਕੱਠ ਦੇਖਣ ਨੂੰ ਮਿਲਿਆ। ਕਾਲੇ ਕੱਪੜਿਆਂ ਵਿੱਚ ਮਲਬੂਸ ਲੱਖਾਂ ਸੋਗਵਾਰ ਹੱਥਾਂ ਵਿੱਚ ਬੈਨਰ ਅਤੇ ਝੰਡੇ ਲੈ ਕੇ ਪੈਦਲ ਹੀ ਸਮਾਗਮ ਵਾਲੀ ਥਾਂ ਵੱਲ ਵਧ ਰਹੇ ਸਨ। ਇਨ੍ਹਾਂ ਬੈਨਰਾਂ 'ਤੇ ਖਾਮਨੇਈ ਨੂੰ ਸ਼ਰਧਾਂਜਲੀ ਦੇਣ ਦੇ ਨਾਲ-ਨਾਲ ਟਰੰਪ ਨੂੰ ਮਾਰਨ ਦੇ ਨਾਅਰੇ ਲਿਖੇ ਹੋਏ ਸਨ। ਇਹ ਘਟਨਾ
• ਬਾਕੀ ਸਫ਼ਾ 2 'ਤੇ

## ਅੱਜ-ਨਾਮਾ

ਸ਼ਹਿਰੀ ਚੋਣਾਂ ਲਈ ਦੌਰ ਇੱਕ ਹੋਰ ਪੂਰਾ,
ਜਿੱਤਦਾ ਕੋਈ ਤਾਂ ਕਿਸੇ ਲਈ ਹਾਰ ਬੇਲੀ।
ਕੀਤਾ ਖਰਚ ਨਾ ਕਿਸੇ ਨੂੰ ਰਾਸ ਆਇਆ,
ਸਸਤੀ ਬਾਜ਼ੀ ਵੀ ਕਿਸੇ ਲਈ ਮਾਰ ਬੇਲੀ।
ਲਾਰੇ ਵੋਟਾਂ ਲਈ ਕਿਸੇ ਥਾਂ ਲਾਏ ਜੀਹਨਾਂ,
ਗੱਲਾਂ ਨਾਲ ਗਏ ਪਿੱਛੋਂ ਫਿਰ ਸਾਰ ਬੇਲੀ।
ਮੂੰਹ-ਮੁਲਾਹਜ਼ਾ ਤਾਂ ਉੱਪਰੋਂ ਕਈ ਪਾਸੀਂ,
ਅੰਦਰੋਂ ਕੋਈ ਨਹੀਂ ਕਿਸੇ ਦਾ ਯਾਰ ਬੇਲੀ।
ਦੁਨੀਆਦਾਰੀ ਹੈ ਅੱਜਕੱਲ੍ਹ ਹੋਈ ਜਿਹੜੀ,
ਚੋਣਾਂ ਵਕਤ ਉਹ ਪੈਂਦੀ ਸਭ ਦਿੱਸ ਬੇਲੀ।
ਜਿਹੜਾ ਲਾ ਗਿਆ ਦਾਅ ਈ ਜਿੱਤ ਜਾਂਦਾ,
ਹੋ ਗਈ ਦੂਜੇ ਲਈ ਬੱਸ ਆ ਮਿੱਸ ਬੇਲੀ।

-ਤੀਸ ਮਾਰ ਖਾਂ

## ਕਾਂਗਰਸ, ਭਾਜਪਾ ਤੇ ਅਕਾਲੀ ਦਲ ਨੇ ਮਾਨ ਨੂੰ ਘੇਰਨ ਲਈ ਹੱਥ ਮਿਲਾਏ : ਬਲਤੇਜ ਪੰਨੂ



**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)**

ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਕਿਹਾ ਕਿ ਕਾਂਗਰਸ, ਭਾਜਪਾ ਅਤੇ ਸ਼੍ਰੋਮਣੀ ਅਕਾਲੀ ਦਲ 'ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਨਿਸ਼ਾਨਾ ਬਣਾਉਣ ਲਈ ਹੱਥ ਮਿਲਾਉਣ ਦਾ ਦੋਸ਼ ਲਾਇਆ ਹੈ, ਕਿਉਂਕਿ ਉਨ੍ਹਾਂ ਕੋਲ 'ਆਪ' ਸਰਕਾਰ ਵੱਲੋਂ ਕੀਤੇ ਬੇਮਿਸਾਲ ਕੰਮਾਂ ਦਾ ਕੋਈ ਜਵਾਬ ਨਹੀਂ। ਐਤਵਾਰ ਇੱਕ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਬਲਤੇਜ ਪੰਨੂ ਨੇ ਕਿਹਾ ਕਿ ਕਾਂਗਰਸ ਦਾ ਅੰਦਰੂਨੀ ਕਲੇਸ਼ ਉਸ ਦਾ ਆਪਣਾ ਮਾਮਲਾ ਹੈ, ਪਰ ਇਹ ਪਾਰਟੀ ਦੀ ਦਿਸ਼ਾਹੀਣਤਾ ਨੂੰ ਦਰਸਾਉਂਦਾ ਹੈ।ਉਨ੍ਹਾ ਕਿਹਾ ਕਿ ਹੈਰਾਨੀ ਦੀ ਗੱਲ ਇਹ ਹੈ ਕਿ ਕਾਂਗਰਸੀ ਆਗੂ ਇਹ ਸਮਝਾ ਰਹੇ ਹਨ ਕਿ ਭਾਜਪਾ ਦੇ ਅੰਦਰ ਕੀ ਹੋ ਰਿਹਾ ਹੈ, ਜਦੋਂ ਕਿ ਭਾਜਪਾ ਆਗੂ ਕਾਂਗਰਸ ਦੇ ਮਾਮਲਿਆਂ 'ਤੇ ਬੋਲ ਰਹੇ ਹਨ।ਇਸ ਤੋਂ ਸਾਫ਼ ਜ਼ਾਹਰ ਹੁੰਦਾ ਹੈ ਕਿ ਦੋਵੇਂ ਪਾਰਟੀਆਂ ਪੂਰੇ ਤਾਲਮੇਲ ਨਾਲ ਕੰਮ ਕਰ ਰਹੀਆਂ ਹਨ। ਉਨ੍ਹਾ ਕਿਹਾ ਕਿ ਕਾਂਗਰਸ, ਭਾਜਪਾ ਅਤੇ ਅਕਾਲੀ ਦਲ ਅਸਲ ਵਿੱਚ ਟੀਮ ਏ, ਬੀ ਤੇ ਸੀ ਬਣ ਚੁੱਕੇ ਹਨ, ਜਿਨ੍ਹਾਂ ਦਾ ਇੱਕੋ-ਇੱਕ ਉਦੇਸ਼ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਨਿਸ਼ਾਨਾ ਬਣਾਉਣਾ ਹੈ। ਪੰਨੂ ਨੇ ਕਿਹਾ ਕਿ ਪੰਜਾਬ 'ਚ ਭਾਜਪਾ ਅਸਲ 'ਚ ਕਾਂਗਰਸ ਵਿੰਗ ਬਣ ਕੇ ਰਹਿ ਗਈ ਹੈ।ਉਨ੍ਹਾ ਕਿਹਾ ਕਿ ਅੱਜ ਭਾਜਪਾ ਦੀ ਅਗਵਾਈ ਕਰਨ ਵਾਲੇ ਬਹੁਤੇ ਚਿਹਰੇ ਸਾਬਕਾ ਕਾਂਗਰਸੀ ਆਗੂ ਹਨ। ਅਸਲੀ ਭਾਜਪਾ ਲੀਡਰਸ਼ਿਪ ਲਗਭਗ ਗਾਇਬ ਹੋ ਚੁੱਕੀ ਹੈ, ਜਦਕਿ ਕਈ ਹੋਰ ਕਾਂਗਰਸੀ ਆਗੂ ਉਨ੍ਹਾਂ ਨਾਲ ਸ਼ਾਮਲ ਹੋਣ ਲਈ ਉਤਾਵਲੇ ਜਾਪਦੇ ਹਨ। ਸੀਨੀਅਰ ਕਾਂਗਰਸੀ ਆਗੂ ਸੁਖਜਿੰਦਰ ਸਿੰਘ ਰੰਧਾਵਾ ਦੀ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਹਾਲ ਹੀ ਵਿੱਚ ਹੋਈ ਮੁਲਾਕਾਤ ਦਾ ਹਵਾਲਾ ਦਿੰਦਿਆਂ ਪੰਨੂ ਨੇ ਕਿਹਾ ਕਿ ਭਾਵੇਂ ਰੰਧਾਵਾ ਨੇ ਇਸ ਦਾ ਵੱਖਰਾ ਸਪੱਸ਼ਟੀਕਰਨ ਦਿੱਤਾ ਹੈ, ਪਰ ਹਰ ਕੋਈ ਇਸ ਮੁਲਾਕਾਤ ਦੀ ਸਿਆਸੀ ਅਹਿਮੀਅਤ ਨੂੰ ਸਮਝਦਾ ਹੈ।ਉਨ੍ਹਾ ਕਿਹਾ ਕਿ ਵਿਰੋਧੀ ਪਾਰਟੀਆਂ ਇਸ ਲਈ ਇਕੱਠੀਆਂ ਹੋਈਆਂ ਹਨ, ਕਿਉਂਕਿ ਉਹ 'ਆਪ' ਸਰਕਾਰ ਦੀ ਕਾਰਗੁਜ਼ਾਰੀ ਦਾ ਮੁਕਾਬਲਾ ਨਹੀਂ ਕਰ ਸਕਦੀਆਂ।ਦਹਾਕਿਆਂ ਵਿੱਚ ਪਹਿਲੀ ਵਾਰ ਨਹਿਰੀ ਪਾਣੀ ਪਿੰਡਾਂ ਤੱਕ ਪਹੁੰਚਿਆ ਹੈ।600 ਯੂਨਿਟ ਮੁਫ਼ਤ ਬਿਜਲੀ ਮਿਲਣ ਕਾਰਨ ਲਗਭਗ 90 ਫੀਸਦੀ ਘਰਾਂ ਦੇ ਬਿਜਲੀ ਬਿੱਲ ਜ਼ੀਰੋ ਆ ਰਹੇ ਹਨ।ਕਿਸਾਨਾਂ ਨੂੰ ਦਿਨ ਵੇਲੇ ਨਿਰਵਿਘਨ ਬਿਜਲੀ ਅਤੇ ਨਹਿਰੀ ਪਾਣੀ ਮਿਲ ਰਿਹਾ ਹੈ।34 ਲੱਖ ਤੋਂ ਵੱਧ ਔਰਤਾਂ ਨੂੰ 'ਆਪ' ਸਰਕਾਰ ਵੱਲੋਂ ਵਾਅਦਾ ਕੀਤੀ ਵਿੱਤੀ ਸਹਾਇਤਾ ਮਿਲਣੀ ਸ਼ੁਰੂ ਹੋ ਗਈ ਹੈ, ਜਦੋਂ ਕਿ ਬਾਕੀ ਰਹਿੰਦੇ ਯੋਗ ਲਾਭਪਾਤਰੀਆਂ ਨੂੰ ਇੱਕ ਅਗਸਤ ਤੋਂ ਉਨ੍ਹਾਂ ਦੇ ਬਕਾਏ ਮਿਲ ਜਾਣਗੇ।

ਉਨ੍ਹਾ ਕਿਹਾ ਕਿ ਪੰਜਾਬ ਦੀ ਤਰੱਕੀ ਲਈ ਕੋਈ ਏਜੰਡਾ ਪੇਸ਼ ਕਰਨ ਦੀ ਬਜਾਏ ਕਾਂਗਰਸੀ ਆਗੂ ਆਪਣੀ ਅੰਦਰੂਨੀ ਲੀਡਰਸ਼ਿਪ ਦੀ ਲੜਾਈ ਵਿੱਚ ਹੀ ਰੁਝੇ ਹੋਏ ਹਨ।ਉਨ੍ਹਾ ਕਿਹਾ ਕਿ ਇੱਕ ਦਿਨ ਉਹ ਕਹਿੰਦੇ ਹਨ ਕਿ ਚਰਨਜੀਤ ਸਿੰਘ ਚੰਨੀ ਮੀਟਿੰਗਾਂ ਲਈ ਦਿੱਲੀ ਵਿੱਚ ਹਨ, ਅਗਲੇ ਦਿਨ ਉਹ ਕਹਿੰਦੇ ਹਨ ਕਿ ਭੂਪੇਸ਼ ਬਘੇਲ ਪੰਜਾਬ ਕਾਂਗਰਸ ਦੇ ਆਗੂਆਂ ਨੂੰ ਮਿਲਣ ਆ ਰਹੇ ਹਨ।ਪੂਰੀ ਪਾਰਟੀ ਹਾਈਕਮਾਂਡ ਦੇ ਨਿਰਦੇਸ਼ਾਂ ਦੀ ਉਡੀਕ ਕਰ ਰਹੀ ਹੈ, ਜਦੋਂ ਕਿ ਦੂਜਿਆਂ ਨੂੰ ਭਾਸ਼ਣ ਦੇਣ ਦਾ ਢੌਂਗ ਕਰ ਰਹੀ ਹੈ।ਕਾਂਗਰਸੀ ਆਗੂਆਂ ਦੇ ਦੋਹਰੇ ਮਾਪਦੰਡਾਂ ਵੱਲ ਇਸ਼ਾਰਾ ਉਹਨਾ ਕਰਦਿਆਂ ਕਿਹਾ ਕਿ ਉਹ ਵਾਰ-ਵਾਰ 'ਆਪ' 'ਤੇ ਇਹ ਦਾਅਵਾ ਕਰਕੇ ਹਮਲਾ ਕਰਦੇ ਸਨ ਕਿ ਪਾਰਟੀ ਦਿੱਲੀ ਤੋਂ ਚਲਾਈ ਜਾ ਰਹੀ ਹੈ, ਪਰ ਹੁਣ ਉਹ ਖੁਦ ਆਪਣੇ ਹਰ ਫੈਸਲੇ ਲਈ ਆਪਣੀ ਹਾਈਕਮਾਂਡ ਦੀ ਉਡੀਕ ਕਰ ਰਹੇ ਹਨ।

## ਗੈਂਗਸਟਰ ਦੀ ਵੀਡੀਓ ਤੋਂ ਬਾਅਦ ਐਡੀਸ਼ਨਲ ਸੁਪਰਡੈਂਟ ਤੇ ਵਾਰਡਨ ਗ੍ਰਿਫ਼ਤਾਰ

**ਹੁਸ਼ਿਆਰਪੁਰ** : ਪਿਛਲੇ ਮਹੀਨੇ ਹੁਸ਼ਿਆਰਪੁਰ ਕੇਂਦਰੀ ਜੇਲ੍ਹ 'ਚ ਬੰਦ ਗੈਂਗਸਟਰ ਮਨਪ੍ਰੀਤ ਮੰਨਾ ਵੱਲੋਂ ਜੇਲ੍ਹ ਅੰਦਰੋਂ ਰਿਕਾਰਡ ਕਰਕੇ ਜਾਰੀ ਕੀਤੀ ਵੀਡੀਓ ਜਿਸ ਵਿੱਚ ਉਸ ਨੇ ਜੇਲ੍ਹ ਅੰਦਰ ਨਸ਼ੇ ਉਪਲੱਬਧ ਹੋਣ ਦੇ ਦੋਸ਼ ਲਗਾਏ ਸਨ, ਦੇ ਸੰਬੰਧ ਵਿੱਚ ਕੀਤੀ ਜਾਂਚ ਤੋਂ ਬਾਅਦ ਪੁਲਸ ਨੇ ਜੇਲ੍ਹ ਦੇ ਐਡੀਸ਼ਨਲ ਸੁਪਰਡੈਂਟ ਹਰਭਜਨ ਸਿੰਘ ਅਤੇ ਇੱਕ ਵਾਰਡਨ ਨੂੰ ਗ੍ਰਿਫਤਾਰ ਕੀਤਾ ਹੈ। ਐੱਸ ਐੱਸ ਪੀ ਸੰਦੀਪ ਕੁਮਾਰ ਮਲਿਕ ਨੇ ਇਸ ਦੀ ਪੁਸ਼ਟੀ ਕੀਤੀ ਹੈ। ਉਹਨਾਂ ਦੱਸਿਆ ਕਿ ਐੱਸ ਪੀ ਰੈਂਕ ਦੇ ਇੱਕ ਅਧਿਕਾਰੀ ਦੀ ਨਿਗਰਾਨੀ ਹੇਠ ਬਣੀ ਵਿਸ਼ੇਸ਼ ਜਾਂਚ ਟੀਮ ਨੇ ਮਾਮਲੇ ਦੀ ਜਾਂਚ ਕੀਤੀ, ਜਿਸ ਵਿੱਚ ਉਕਤ ਜੇਲ੍ਹ ਅਧਿਕਾਰੀ ਤੇ ਵਾਰਡਨ ਦੀਆਂ ਕੁਤਾਹੀਆਂ ਸਾਹਮਣੇ ਆਈਆਂ।

ਉਹਨਾਂ ਦੱਸਿਆ ਕਿ ਐਡੀਸ਼ਨਲ ਸੁਪਰਡੈਂਟ ਨੂੰ ਬੀਤੀ ਦੇਰ ਰਾਤ ਅਤੇ ਵਾਰਡਨ ਨੂੰ ਅੱਜ ਤੜਕੇ ਗ੍ਰਿਫਤਾਰ ਕਰ ਲਿਆ ਗਿਆ ਹੈ। ਮੰਨਾ, ਜੋ ਕਈ ਅਪਰਾਧਿਕ ਮਾਮਲਿਆਂ 'ਚ ਸ਼ਾਮਲ ਹੈ, ਨੇ ਜੇਲ੍ਹ ਤੋਂ ਇੱਕ ਫੋਨ 'ਤੇ ਵੀਡੀਓ ਬਣਾ ਕੇ ਸੋਸ਼ਲ ਮੀਡੀਆ 'ਤੇ ਸਾਂਝੀ ਕੀਤੀ ਸੀ ਜਿਸ ਵਿੱਚ ਉਸ ਨੇ ਜੇਲ੍ਹ ਸਟਾਫ 'ਤੇ ਪੈਸੇ ਮੰਗਣ, ਕੁੱਟਮਾਰ ਕਰਨ ਅਤੇ ਹੋਰ ਗੈਰ ਕਾਨੂੰਨੀ ਕੰਮ ਕਰਨ ਦੇ ਦੋਸ਼ ਲਗਾਏ ਸਨ। ਉਸ ਨੇ ਇੱਕ ਲਿਫਾਫਾ ਵੀ ਦਿਖਾਇਆ ਸੀ, ਜਿਸ ਵਿੱਚ ਉਸ ਦੇ ਕਹਿਣ ਅਨੁਸਾਰ ਆਈਸ (ਨਸ਼ਾ) ਸੀ। ਉਸ ਨੇ ਦਾਅਵਾ ਕੀਤਾ ਸੀ ਕਿ ਜੇਲ੍ਹ 'ਚ ਹਰ ਤਰ੍ਹਾਂ ਦਾ ਨਸ਼ਾ ਸਪਲਾਈ ਹੁੰਦਾ ਹੈ। ਉਸ ਨੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਵੀ ਅਪੀਲ ਕੀਤੀ ਸੀ ਕਿ ਜੇਲ੍ਹ ਦੀ ਹਾਲਤ ਸੁਧਾਰੀ ਜਾਏ ਨਹੀਂ ਤਾਂ ਕੈਦੀ ਸਹੀ ਰਸਤੇ ਪੈਣ ਨਾਲੋਂ ਹੋਰ ਵਿਗੜ ਜਾਣਗੇ।

# ਮਾਵਾਂ ਧੀਆਂ ਸਤਿਕਾਰ ਯੋਜਨਾ ਔਰਤਾਂ ਦਾ ਜੀਵਨ ਪੱਧਰ ਉੱਚਾ ਚੁੱਕੇਗੀ : ਡਿੰਪੀ ਢਿੱਲੋਂ




**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਸਰਕਾਰ ਵਲੋਂ ਚਲਾਈ ਜਾ ਰਹੀ ਲੋਕ ਮਿਲਣੀ ਪ੍ਰੋਗਰਾਮ ਤਹਿਤ ਹਲਕਾ ਵਿਧਾਇਕ ਗਿੱਦੜਬਾਹਾ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਆਪਣੇ ਵਿਧਾਨ ਸਭਾ ਹਲਕਾ ਗਿੱਦੜਬਾਹਾ ਦੇ ਪਿੰਡ ਗੁਰੂਸਰ, ਲੁੰਡੇਵਾਲਾ, ਭੂੰਦੜ, ਕਰਨੀਵਾਲਾ ਅਤੇ ਗਿੱਦੜਬਾਹਾ ਵਿਖੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਸਰਕਾਰੀ ਸਕੀਮਾਂ ਸਬੰਧੀ ਜਾਣੂੰ ਕਰਵਾਇਆ।ਇਸ ਮੌਕੇ ਉਹਨਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਔਰਤਾਂ ਦਾ ਜੀਵਨ ਪੱਧਰ ਉਚਾ ਚੁੱਕਣ ਲਈ ਮਾਵਾਂ-ਧੀਆਂ ਸਤਿਕਾਰ ਯੋਜਨਾ ਚਲਾਈ ਗਈ ਹੈ, ਜਿਸ ਦਾ ਉਹਨਾਂ ਨੂੰ ਪੂਰਾ ਲਾਭ ਮਿਲਣਾ ਸ਼ੁਰੂ ਹੋ ਗਿਆ ਹੈ।

# ਸਰਕਾਰ ਦੀ ਪੈਨਸ਼ਨਰਾਂ ਪ੍ਰਤੀ ਸੋਚ ਦੀ ਘੋਰ ਨਿਖੇਧੀ



**ਦੋਰਾਹਾ (ਹਰਮਿੰਦਰ ਸੇਠ)**-ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ, ਦੋਰਾਹਾ ਦੀ ਗੁਰਦਿਆਲ ਸਿੰਘ ਦਲਾਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਪੰਜਾਬ ਸਰਕਾਰ ਦੀ ਪੈਨਸ਼ਨਰਾਂ ਅਤੇ ਮੁਲਾਜ਼ਮ ਵਿਰੋਧੀ ਘਟੀਆ ਸੋਚ ਦੀ ਘੋਰ ਨਿਖੇਧੀ ਕਰਦਿਆਂ ਹੁਣ ਤੱਕ ਦੀ ਸੱਭ ਤੋਂ ਘਟੀਆ ਸਰਕਾਰ ਗਰਦਾਨਿਆ ਗਿਆ।ਪੰਜਾਬ ਸਰਕਾਰ ਪੈਨਸ਼ਨਰਾਂ ਅਤੇ ਮੁਲਾਜ਼ਮਾਂ ਦਾ 18 ਪ੍ਰਤੀਸ਼ਤ ਡੀ ਏ ਅਤੇ ਉਨ੍ਹਾਂ ਦਾ ਬਕਾਇਆ ਮਾਣਯੋਗ ਹਾਈ ਕੋਰਟ ਦੇ ਹੁਕਮਾਂ ਦੇ 30 ਜੂਨ ਤੱਕ ਦੇਣ ਦੇ ਫੈਸਲੇ ਦੇ ਬਾਵਜੂਦ ਅਜੇ ਤੱਕ ਰੋਕੀ ਬੈਠੀ ਹੈ ਅਤੇ ਡੀ ਏ ਨਾ ਦੇਣ ਪ੍ਰਤੀ ਹਰ ਹੀਲਾ ਵਰਤ ਰਹੀ ਹੈ।ਮੀਟਿੰਗ ਵਿੱਚ ਬੁਲਾਰਿਆਂ ਵਿੱਚ ਸ੍ਰੀ ਗੁਰਦਿਆਲ ਦਲਾਲ, ਕਰਮ ਸਿੰਘ ਜਟਾਣਾ, ਕਮਲਜੀਤ ਸਿੰਘ ਕਟਾਣਾ ਸਾਹਿਬ, ਕਮਲਜੀਤ ਸਿੰਘ ਦੋਰਾਹਾ, ਅਤੇ ਸਤਿੰਦਰ ਪਾਲ ਸਿੰਘ ਨੇ ਸਰਕਾਰ ਪ੍ਰਤੀ ਰੋਸ ਪ੍ਰਗਟਾਉਂਦੇ ਹੋਏ 2027 ਦੀਆਂ ਚੋਣਾਂ ਵਿੱਚ ਇਸ ਨੂੰ ਕਰਾਰੀ ਹਾਰ ਦੇਣ ਦਾ ਪ੍ਰਣ ਕੀਤਾ ਤੇ ਕਿਹਾ ਕਿ ਇਸ ਧੋਖੇਬਾਜ਼ ਅਤੇ ਪੈਨਸ਼ਨਰ ਵਿਰੋਧੀ ਸਰਕਾਰ ਵਿਰੁੱਧ 17 ਜੁਲਾਈ ਨੂੰ ਕੀਤੇ ਜਾ ਰਹੇ ਪ੍ਰਦਰਸ਼ਨ ਵਿੱਚ ਵਧ ਚੜ੍ਹ ਕੇ ਸ਼ਮੂਲੀਅਤ ਕੀਤੀ ਜਾਵੇਗੀ।

# ਸੰਧਵਾਂ ਨੇ ਸਰਕਾਰ ਦੀਆਂ ਲੋਕ ਭਲਾਈ ਸਕੀਮਾਂ ਤੇ ਵਿਕਾਸ ਕਾਰਜਾਂ ਬਾਰੇ ਦੱਸਿਆ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸਪੀਕਰ ਸੰਧਵਾਂ ਨੇ ਪ੍ਰਿੰਸ ਵੈਜੀਟੇਰੀਅਨ ਨੇੜੇ ਔਰਬਿਟ ਸਿਨੇਮਾ ਵਿਖੇ ਹਲਕਾ ਨਿਵਾਸੀਆਂ ਨਾਲ ਮੁਲਾਕਾਤ ਕੀਤੀ ਤੇ ਪੰਜਾਬ ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਤੇ ਵਿਕਾਸ ਕਾਰਜਾਂ ਬਾਰੇ ਦੱਸਿਆ।ਇਸ ਮੌਕੇ ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸੂਬਾ ਸਰਕਾਰ ਵੱਲੋਂ ਆਪਣੀ ਆਖਰੀ ਗਰੰਟੀ ਪੂਰੀ ਕਰਦਿਆਂ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਐੱਸ.ਸੀ. ਔਰਤਾਂ ਨੂੰ 1500 ਤੇ ਜਨਰਲ ਸਮੇਤ ਹੋਰਨਾਂ ਵਰਗਾਂ ਦੇ ਖਾਤਿਆਂ ਵਿੱਚ 1000 ਰੁਪਏ ਪ੍ਰਤੀ ਮਹੀਨਾ ਭੇਜ ਦਿੱਤੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ, ਜੋ ਵਾਅਦਾ ਪੰਜਾਬ ਦੀਆਂ ਮਹਿਲਾਵਾਂ ਨਾਲ ਕੀਤਾ ਸੀ, ਉਸ ਨੂੰ ਪੂਰਾ ਕਰ ਦਿੱਤਾ ਹੈ ਤੇ ਪੰਜਾਬ ਸਰਕਾਰ ਵੱਲੋਂ ਇਸ ਯੋਜਨਾ ਤਹਿਤ ਐੱਸ.ਸੀ. ਵਰਗ ਦੀਆਂ ਔਰਤਾਂ ਦੇ ਖਾਤਿਆਂ ਵਿੱਚ 1500 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਪੈਸੇ ਭੇਜੇ ਗਏ ਹਨ, ਜਦਕਿ ਜਨਰਲ ਤੇ ਹੋਰ ਸਾਰੇ ਵਰਗ ਦੀਆਂ ਔਰਤਾਂ ਦੇ ਖਾਤਿਆਂ ਵਿੱਚ 1000 ਰੁਪਏ ਪ੍ਰਤੀ ਮਹੀਨਾ ਦੇ ਹਿਸਾਬ ਨਾਲ ਰਾਸ਼ੀ ਟਰਾਂਸਫਰ ਕੀਤੀ ਗਈ ਹੈ।ਉਨ੍ਹਾਂ ਕਿਹਾ ਕਿ ਸਾਡੀਆਂ ਮਾਵਾਂ-ਭੈਣਾਂ ਮੌਜੂਦਾ ਪੰਜਾਬ ਸਰਕਾਰ ਤੋਂ ਬਹੁਤ ਖੁਸ਼ ਹਨ। ਇਸ ਮੌਕੇ ਉਥੇ ਇਕੱਤਰ ਹੋਈਆਂ ਮਾਵਾਂ ਭੈਣਾਂ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਆਪਣੀ ਖੁਸ਼ੀ ਸਾਂਝੀ ਕੀਤੀ ਗਈ ਤੇ ਆਖਰੀ ਗਰੰਟੀ ਪੂਰੀ ਕਰਨ 'ਤੇ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।

# ਵਿਧਾਇਕ ਕੋਹਲੀ ਨੇ 1 ਕਰੋੜ ਦੀ ਲਾਗਤ ਨਾਲ ਬਣੀ ਸੜਕ ਦਾ ਕੀਤਾ ਉਦਘਾਟਨ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪਟਿਆਲਾ ਸ਼ਹਿਰ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੰਦਿਆਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਰੀਬ 1 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਸਨੌਰ ਰੋਡ (ਵੱਡੀ ਨਦੀ ਤੋਂ ਫਲੱਡ ਕੰਟਰੋਲ ਰੂਮ) ਤੱਕ ਬਣੀ ਨਵੀਂ ਸੜਕ ਦਾ ਰਸਮੀ ਉਦਘਾਟਨ ਕੀਤਾ।ਇਲਾਕਾ ਵਾਸੀਆਂ ਨੇ ਇਸ ਵਿਕਾਸ ਕਾਰਜ ਲਈ ਵਿਧਾਇਕ ਕੋਹਲੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੜਕ ਬਣਨ ਨਾਲ ਉਨ੍ਹਾਂ ਨੂੰ ਆਵਾਜਾਈ ਦੀਆਂ ਸਮੱਸਿਆਵਾਂ ਤੋਂ ਵੱਡੀ ਰਾਹਤ ਮਿਲੇਗੀ।ਇਸ ਮੌਕੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸੂਬੇ ਦੇ ਹਰ ਸ਼ਹਿਰ ਤੇ ਪਿੰਡ ਵਿੱਚ ਬਿਨਾਂ ਕਿਸੇ ਭੇਦਭਾਵ ਦੇ ਵਿਕਾਸ ਕਾਰਜ ਕਰਵਾ ਰਹੀ ਹੈ।ਉਨ੍ਹਾਂ ਕਿਹਾ ਕਿ ਪਟਿਆਲਾ ਸ਼ਹਿਰ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਸੜਕਾਂ, ਗਲੀਆਂ, ਸੀਵਰੇਜ, ਪੀਣ ਵਾਲੇ ਪਾਣੀ ਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਵਿਕਾਸ ਪ੍ਰੋਜੈਕਟ ਜੰਗੀ ਪੱਧਰ 'ਤੇ ਚੱਲ ਰਹੇ ਹਨ।ਇਸ ਮੌਕੇ ਐੱਮ.ਸੀ. ਹਰਪ੍ਰੀਤ ਸਿੰਘ, ਐਕਸੀਅਨ ਪ੍ਰਤੀਕ ਸਿੰਗਲਾ, ਐੱਸ.ਡੀ.ਓ. ਪੁਨੀਤ ਮਿੱਤਲ, ਰਜਿੰਦਰ ਸਿੰਘ, ਮਨਿੰਦਰ ਸਿੰਘ, ਜਗਮੀਤ ਸਿੰਘ ਜੱਗਾ, ਕਿਰਪਾਲ ਸਿੰਘ, ਨਿੰਦਰ ਕਾਹਲੋਂ, ਵਿਜੈ ਸੈਣੀ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਤੇ ਆਮ ਆਦਮੀ ਪਾਰਟੀ ਦੇ ਆਗੂ ਤੇ ਵਰਕਰ ਹਾਜ਼ਰ ਸਨ।

# ਨਿਊ ਮੇਹਰ ਸਿੰਘ ਕਲੋਨੀ ਵੈੱਲਫੇਅਰ ਐਸੋਸੀਏਸ਼ਨ ਦੀ ਸਰਬਸੰਮਤੀ ਨਾਲ ਚੋਣ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਨਿਊ ਮੇਹਰ ਸਿੰਘ ਕਲੋਨੀ ਵੈਲਫੇਅਰ ਐਸੋਸੀਏਸ਼ਨ ਪਟਿਆਲਾ (ਰਜਿ:) ਦੇ ਤਿੰਨ ਅਹੁਦੇਦਾਰਾਂ ਦੀ ਚੋਣ ਹੋਈ, ਜਿਸ ਵਿੱਚ ਪ੍ਰਧਾਨ, ਜਨਰਲ ਸੈਕਟਰੀ ਤੇ ਫਾਇਨਾਂਸ ਸੈਕਟਰੀ ਦੀ ਚੋਣ ਪਿਛਲੇ ਦਿਨੀਂ ਸਰਬਸੰਮਤੀ ਨਾਲ ਹੋਈ ਸੀ। ਚੋਣ ਵਿੱਚ ਤਿੰਨ ਨੋਮੀਨੇਸ਼ਨ ਤੋਂ ਇਲਾਵਾ ਕਿਸੇ ਹੋਰ ਵਿਅਕਤੀ ਦਾ ਨੋਮੀਨੇਸ਼ਨ ਨਹੀਂ ਪਹੁੰਚਿਆ ਆਇਆ ਸੀ। ਇਸ ਕਰਕੇ ਕਾਰਜਕਾਰਨੀ ਨੇ ਸਰਬਸੰਮਤੀ ਨਾਲ ਪ੍ਰਿਤਪਾਲ ਸਿੰਘ ਪ੍ਰਧਾਨ, ਨਰਿੰਦਰ ਕੁਮਾਰ ਭੱਲਾ ਜਨਰਲ ਸੈਕਟਰੀ ਅਤੇ ਹਰਜੀਤ ਸਿੰਘ ਫਾਇਨਾਂਸ ਸੈਕਟਰੀ ਸਰਬਸੰਮਤੀ ਨਾਲ ਚੁਣੇ ਗਏ ਸਨ। 4 ਜੁਲਾਈ ਨੂੰ ਤਿੰਨੋਂ ਚੁਣੇ ਗਏ ਅਹੁਦੇਦਾਰਾਂ ਨੇ ਇੱਕ ਵਿਸ਼ੇਸ਼ ਮੀਟਿੰਗ ਕਲੋਨੀ ਵਿਖੇ ਰੱਖੀ ਗਈ, ਜਿਸ ਵਿੱਚ ਪ੍ਰਧਾਨ, ਜਨਰਲ ਸੈਕਟਰੀ ਅਤੇ ਫਾਇਨਾਂਸ ਸੈਕਟਰੀ ਨੇ ਆਪਣੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਮਹਿੰਦਰ ਸਿੰਘ ਵਿਰਕ ਨੂੰ ਸਰਪ੍ਰਸਤ, ਇੰਜੀ: ਦਰਸ਼ਨ ਸਿੰਘ ਚਾਹਲ ਤੇ ਇੰਜੀ: ਗੁਰਵਿੰਦਰ ਸਿੰਘ ਸ਼ਕਤੀਮਾਨ ਸੀਨੀਅਰ ਵਾਇਸ ਪ੍ਰਧਾਨ, ਗੁਰਬਚਨ ਸਿੰਘ ਤੇ ਸੁਰਿੰਦਰ ਸਿੰਘ ਚੌਹਾਨ ਵਾਈਸ ਪ੍ਰੈਜ਼ੀਡੈਂਟ, ਓਮ ਪ੍ਰਕਾਸ਼ ਖੰਨਾ ਸੈਕਟਰੀ, ਅਵਤਾਰ ਸਿੰਘ ਪ੍ਰੈਸ ਸੈਕਟਰੀ, ਰਾਜਿੰਦਰ ਸਿੰਘ ਪ੍ਰਚਾਰ ਸਕੱਤਰ, ਅਨਿਲ ਕੁਮਾਰ ਚੌਹਾਨ (ਐਡੀਟਰ), ਸੰਜੀਵ ਮਾਨ, ਕੇ.ਕੇ. ਵੋਹਰਾ ਤੇ ਕਾਕਾ ਰਾਮ (ਐਡਵਾਈਜ਼ਰ), ਸੁਰਿੰਦਰ ਸਿੰਘ, ਰਮਿੰਦਰ ਸਿੰਘ ਤੇ ਇੰਦਰਪਾਲ ਸਿੰਘ ਬਖਸ਼ੀ ਨੂੰ (ਸਪੈਸ਼ਨ ਇਨਵਾਈਟੀ) ਨਿਯੁਕਤ ਕੀਤਾ ਗਿਆ। ਐਸੋਸੀਏਸ਼ਨ ਦੇ ਨਵ-ਨਿਯੁਕਤ ਪ੍ਰਧਾਨ ਪ੍ਰਿਤਪਾਲ ਸਿੰਘ ਤੇ ਸਮੁੱਚੀ ਟੀਮ ਨੇ ਕਲੋਨੀ ਦੇ ਵਿਕਾਸ ਲਈ, ਕਲੋਨੀ ਦੀ ਵੈਲਫੇਅਰ ਲਈ, ਸਬੰਧਤ ਸਾਰੇ ਵਿਭਾਗਾਂ ਤੋਂ ਕਲੋਨੀ ਦਾ ਵਿਕਾਸ ਕਰਾਉਣ ਲਈ ਅਤੇ ਕਲੋਨੀ ਦੀ ਭਾਈਚਾਰਕ ਸਾਂਝ ਨੂੰ ਮਜਬੂਤ ਕਰਨ ਲਈ ਆਪਣੀ ਵਚਨਬੱਧਤਾ ਦੁਹਰਾਈ ਤੇ ਸਾਰੇ ਅਹੁਦੇਦਾਰਾਂ ਨੇ ਕਿਹਾ ਕਿ ਐਸੋਸੀਏਸ਼ਨ ਦੇ ਕਾਰਜ ਸਾਰਿਆਂ ਨੂੰ ਨਾਲ ਲੈ ਕੇ ਪੂਰੀ ਇਮਾਨਦਾਰੀ ਨਾਲ ਕੀਤੇ ਜਾਣਗੇ ਤੇ ਐਸੋਸੀਏਸ਼ਨ ਦੀ ਪੂਰੀ ਟੀਮ ਕਲੋਨੀ ਦੇ ਮੈਂਬਰ ਸਾਹਿਬਾਨ ਨੂੰ ਵੀ ਆਪਣਾ ਸਹਿਯੋਗ ਦੇਣ ਦੀ ਪੁਰਜ਼ੋਰ ਅਪੀਲ ਕੀਤੀ।

# ਕਾਂਗਰਸ ਧੜੇਬੰਦੀ ਦਾ ਅਗਾਮੀ ਚੋਣਾਂ 'ਚ 'ਆਪ' ਨੂੰ ਮਿਲ ਸਕਦੈ ਫਾਇਦਾ : ਐਡਵੋਕੇਟ ਗੋਇਲ



**ਨਿਹਾਲ ਸਿੰਘ (ਲਵਲੀ ਕੁਮਾਰ)**-ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਰਾਜਾ ਬੜਿੰਗ ਨੂੰ ਦੁਆਰਾ ਪ੍ਰਧਾਨ ਬਣਾਏ ਜਾਣ 'ਤੇ ਜਿੱਥੇ ਬੜਿੰਗ ਦੇ ਸਮਰੱਥਕਾਂ ਵੱਲੋਂ ਖ਼ੁਸ਼ੀ ਦਾ ਇਜ਼ਹਾਰ ਕੀਤਾ ਜਾ ਰਿਹਾ ਹੈ, ਉੱਥੇ ਹੀ ਸਾਬਕਾ ਮੁੱਖ ਮੰਤਰੀ ਚੰਨੀ ਦੇ ਸਮਰੱਥਕਾਂ ਵੱਲੋਂ ਨਾਰਾਜ਼ਗੀ ਜ਼ਾਹਰ ਕੀਤੀ ਜਾ ਰਹੀ ਹੈ, ਜਿਸ ਦੇ ਸਿੱਟੇ ਵਜੋਂ ਪਾਰਟੀ ਦੀ ਅੰਦਰੂਨੀ ਧੜੇਬੰਦੀ ਖੁੱਲ੍ਹ ਕੇ ਸਾਹਮਣੇ ਆ ਗਈ ਹੈ। ਇਸ ਸਬੰਧੀ ਆਪਣੀ ਪ੍ਰਤੀਕਿਰਿਆ ਦਿੰਦਿਆਂ ਆਮ ਆਦਮੀ ਪਾਰਟੀ ਨਿਹਾਲ ਸਿੰਘ ਵਾਲਾ ਦੇ ਲੀਗਲ ਸੈੱਲ ਦੇ ਪ੍ਰਧਾਨ ਤੇ ਸੀਨੀਅਰ ਐਡਵੋਕੇਟ ਚਮਨ ਲਾਲ ਗੋਇਲ ਨੇ ਕਿਹਾ ਕਿ ਜੇਕਰ ਕਾਂਗਰਸ ਪਾਰਟੀ ਅੰਦਰ ਅੰਦਰੂਨੀ ਫੁੱਟ ਤੇ ਮੱਤਭੇਦਾਂ ਨੂੰ ਕਾਂਗਰਸ ਦੂਰ ਕਰਨ ਵਿੱਚ ਅਸਫ਼ਲ ਰਹੀ ਤਾਂ ਕਾਂਗਰਸ ਪਾਰਟੀ ਲਈ ਖਤਰੇ ਦੀ ਘੰਟੀ ਬਣ ਸਕਦੀ ਹੈ ਤੇ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਦੂਜੀ ਵਾਰ ਸਰਕਾਰ ਬਣਾਉਣ ਲਈ ਰਾਹ ਪੱਧਰਾ ਹੋ ਸਕਦਾ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪ੍ਰਧਾਨ ਬਦਲਣ ਦਾ ਅਸਰ ਨਿਹਾਲ ਸਿੰਘ ਵਾਲਾ ਹਲਕੇ 'ਤੇ ਵੀ ਪੈਂਦਾ ਨਜ਼ਰ ਆ ਰਿਹਾ ਹੈ। ਇਸ ਹਲਕੇ ਵਿੱਚ ਪਹਿਲਾਂ ਹੀ ਦੋ ਧੜੇ ਟਿਕਟ ਹਾਸਲ ਕਰਨ ਲਈ ਪੱਬਾਂ ਭਾਰ ਹੋ ਗਏ ਹਨ। ਉਨ੍ਹਾਂ ਇੱਕ ਨਵਾਂ ਚਿਹਰਾ ਭੁਪਿੰਦਰ ਸਿੰਘ ਹਨੀ, ਜੋ ਕਿ ਸਾਬਕਾ ਚਰਨਜੀਤ ਚੰਨੀ ਮੁੱਖ ਮੰਤਰੀ ਦੇ ਨਜ਼ਦੀਕੀ ਰਿਸ਼ਤੇਦਾਰ ਹਨ, ਵੱਲੋਂ ਹਲਕੇ ਵਿੱਚ ਪੋਸਟਰ ਲਾ ਕੇ ਹਲਕੇ ਵਿੱਚ ਨਵੀਂ ਚਰਚਾ ਛੇੜ ਦਿੱਤੀ ਹੈ। ਉਨ੍ਹਾਂ ਕਿਹਾ ਕਿ ਕਿਸੇ ਦੀ ਪਾਰਟੀ ਦੀ ਤਾਕਤ ਉਸ ਦੀ ਇੱਕਜੁਟਤਾ ਤੇ ਜ਼ਮੀਨੀ ਪੱਧਰ 'ਤੇ ਸਰਗਰਮੀ 'ਤੇ ਨਿਰਭਰ ਕਰਦੀ ਹੈ। ਅਖੀਰ ਵਿੱਚ ਉਨ੍ਹਾਂ ਕਿਹਾ ਕਿ ਕਾਂਗਰਸ ਦੀ ਧੜੇਬੰਦੀ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਰਾਹ ਪੱਧਰਾ ਕਰ ਸਕਦੀ ਹੈ।

# ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਅਹਿਮ ਇਕੱਤਰਤਾ

**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਦੀ ਇਕੱਤਰਤਾ ਬਲਾਕ ਪ੍ਰਧਾਨ ਹਰਮੇਲ ਸਿੰਘ ਮਿੰਟਾ ਦੀ ਅਗਵਾਈ ਹੇਠ ਹੋਈ।ਸੂਬਾ ਸੀਨੀ: ਮੀਤ ਪ੍ਰਧਾਨ ਅਮਰਜੀਤ ਕੁੱਕੂ, ਜ਼ਿਲ੍ਹਾ ਸੀਨੀ: ਮੀਤ ਪ੍ਰਧਾਨ ਬਲਦੇਵ ਸਿੰਘ ਧਨੇਰ, ਜ਼ਿਲ੍ਹਾ ਪ੍ਰੈਸ ਸਕੱਤਰ ਬਲਵਿੰਦਰ ਸਿੰਘ ਚੱਕ ਭਾਈ ਕਾ, ਜ਼ਿਲ੍ਹਾ ਕਮੇਟੀ ਮੈਂਬਰ ਗੁਰਮੇਲ ਸਿੰਘ ਕੁਰੜ ਆਦਿ ਆਗੂਆਂ ਨੇ ਕਿਹਾ ਕਿ ਪੰਜਾਬ ਦੀ ਰਾਜਨੀਤੀ 'ਚ ਅੱਜ-ਕੱਲ੍ਹ ਵੱਡੀ ਹਲਚਲ ਮੱਚੀ ਹੋਈ ਹੈ।

ਸਾਰੀਆਂ ਰਾਜਨੀਤਕ ਪਾਰਟੀਆਂ ਸੱਤਾ 'ਤੇ ਕਾਬਜ਼ ਹੋਣ ਲਈ ਅਤੇ ਕੁਰਸੀ ਦੇ ਸੁਫ਼ਨੇ ਦੇਖ ਰਹੀਆਂ ਹਨ ਤੇ ਲੋਕਾਂ ਦਾ ਧਿਆਨ ਅਸਲ ਮੁੱਦਿਆਂ ਤੋਂ ਪਾਸੇ ਕਰਕੇ ਸਿਰਫ ਮੌਕੇ 'ਤੇ ਨਵੇਂ ਨਾਅਰੇ ਦੇ ਕੇ ਜਿਵੇਂ ਔਰਤਾਂ ਨੂੰ ਮੁਫ਼ਤ ਸਫ਼ਰ ਜਾਂ ਉਨ੍ਹਾਂ ਦੇ ਖਾਤਿਆਂ 'ਚ ਇੱਕ-ਇੱਕ ਹਜ਼ਾਰ, ਪੰਦਰਾਂ ਸੌ ਰੁਪਏ ਪ੍ਰਤੀ ਮਹੀਨਾ ਭੇਜਣ ਦਾ ਸਬਜ਼ਬਾਗ ਦਿਖਾਉਣ ਦਾ ਦਿਖਾਵਾ ਕਰਨਾ।ਇਸ ਤਰ੍ਹਾਂ ਦੂਜੀਆਂ ਪਾਰਟੀਆਂ ਕਾਂਗਰਸ, ਅਕਾਲੀ ਦਲ, ਭਾਜਪਾ ਵੱਲੋਂ ਵੀ ਤਰ੍ਹਾਂ ਤਰ੍ਹਾਂ ਦੇ ਲੋਕ ਲੁਭਾਊ ਐਲਾਨਾਂ ਦੀ ਹਨੇਰੀ 'ਚ ਸਾਂਝੇ ਜਨਤਕ ਮੁੱਦੇ, ਜਿਵੇਂ ਮੁਫ਼ਤ ਵਿੱਦਿਆ, ਵਧੀਆ ਸਰਕਾਰੀ ਸਿਹਤ ਸੇਵਾਵਾਂ, ਰੁਜ਼ਗਾਰ, ਸਾਫ਼ ਪੀਣ ਵਾਲਾ ਪਾਣੀ।ਇਹ ਕਿਸੇ ਵੀ ਪਾਰਟੀ ਦਾ ਏਜੰਡਾ ਨਹੀਂ।ਉਨ੍ਹਾਂ ਕਿਹਾ ਕਿ ਮੈਡੀਕਲ ਪ੍ਰੈਕਟੀਸ਼ਨਰਾਂ ਦੇ ਮਸਲੇ ਨਾਲ਼ ਸਬੰਧਤ ਹਰ ਇੱਕ ਪਾਰਟੀ ਨੇ ਚੋਣਾਂ ਦੌਰਾਨ ਇਹ ਮਸਲਾ ਹੱਲ ਕਰਨ ਦਾ ਵਾਅਦਾ ਕੀਤਾ, ਪਰ ਇਹ ਵਾਅਦਾ ਕਦੇ ਵੀ ਵਫ਼ਾ ਨਹੀਂ ਹੋਇਆ।

ਆਮ ਆਦਮੀ ਪਾਰਟੀ ਨੇ ਵੀ ਚੋਣਾਂ ਸਮੇਂ ਮਸਲੇ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨ ਦਾ ਵਾਅਦਾ ਕੀਤਾ ਸੀ, ਪਰ ਸਾਢੇ ਚਾਰ ਸਾਲ ਦਾ ਸਮਾਂ ਪੂਰਾ ਹੋਣ ਤੱਕ ਵੀ ਸਿਰਫ ਫੋਕੇ ਲਾਰਿਆਂ ਤੋਂ ਇਲਾਵਾ ਕੱਖ ਨਹੀਂ ਹੋਇਆ।



# ਮਰਹੂਮ ਕਾਂਗਰਸੀ ਆਗੂ ਰਾਮਪਾਲ ਢੈਪਈ ਦੀ ਮਾਤਾ ਸੱਤਿਆ ਦੇਵੀ ਦਾ ਦੇਹਾਂਤ

**ਭੀਖੀ (ਧਰਮਵੀਰ ਸ਼ਰਮਾ)**



ਮਰਹੂਮ ਕਾਂਗਰਸੀ ਆਗੂ ਸ਼੍ਰੀ ਰਾਮਪਾਲ ਢੈਪਈ ਦੇ ਮਾਤਾ ਤੇ ਕਾਂਗਰਸੀ ਆਗੂ ਅਮਨ ਸਿੰਗਲਾ ਢੈਪਈ ਦੇ ਦਾਦੀ ਸੱਤਿਆ ਦੇਵੀ ਪਤਨੀ ਮਦਨ ਲਾਲ ਸਿੰਗਲਾ ਦੇ ਦੇਹਾਂਤ ਦੀ ਖਬਰ ਸੁਣਦਿਆਂ ਹੀ ਰਿਸ਼ਤੇਦਾਰਾਂ ਤੋਂ ਇਲਾਵਾ ਵੱਖ ਵੱਖ ਰਾਜਨੀਤਿਕ ਅਤੇ ਸਮਾਜ ਸੇਵੀ ਸੰਸਥਾਵਾਂ ਆਗੂਆਂ ਸਮੇਤ ਇਲਾਕੇ ਵਿੱਚ ਸ਼ੋਕ ਦੀ ਲਹਿਰ ਦੌੜ ਗਈ। ਇਸ ਦੁੱਖ ਦੀ ਘੜੀ ਵਿੱਚ ਢੈਪਈ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਹਲਕਾ ਮਾਨਸਾ ਦੇ ਵਿਧਾਇਕ ਵਿਜੈ ਸਿੰਗਲਾ, ਜਿਲ੍ਹਾ ਪ੍ਰੀਸ਼ਦ ਮਾਨਸਾ ਦੇ ਚੇਅਰਮੈਨ ਚੁਸਪਿੰਦਰਬੀਰ ਚਹਿਲ, ਕਾਂਗਰਸ ਦੇ ਜਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ, ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸ਼ਾਹੀਆ, ਐਡਵੋਕੇਟ ਗੁਰਪ੍ਰੀਤ ਸਿੰਘ ਵਿੱਕੀ, ਭਾਜਪਾ ਦੇ ਜਿਲ੍ਹਾ ਜਨਰਲ ਸਕੱਤਰ ਮੁਨੀਸ਼ ਬੱਬੀ ਦਾਨੇਵਾਲੀਆ, ਰਜਿੰਦਰ ਰਾਜੀ, ਵਿਵੇਕ ਜੈਨ ਬੱਬੂ, ਬਲਕੌਰ ਸਿੰਘ ਮੂਸੇਵਾਲਾ, ਚਮਕੌਰ ਸਿੰਘ ਮੂਸੇਵਾਲਾ, ਬਲਜੀਤ ਰਿਸ਼ੀ ਖੀਵਾ, ਡਾ. ਪ੍ਰਗਟ ਸਿੰਘ ਚਹਿਲ ਸਮਾਉਂ, ਸਾਬਕਾ ਕੌਂਸਲਰ ਮੱਖਣ ਹਾਜੀ, ਸਾਬਕਾ ਕੌਂਸਲਰ ਇੰਦਰਜੀਤ ਸਿੰਘ, ਮਾ. ਬੁੱਧ ਸਿੰਘ, ਧਨਜੀਤ ਭੀਖੀ, ਬੀਬੀ ਕਰਮਜੀਤ ਕੌਰ ਸਮਾਉਂ, ਨੈਸ਼ਨਲ ਕਾਲਜ ਭੀਖੀ ਦੇ ਪ੍ਰਧਾਨ ਹਰਬੰਸ ਦਾਸ ਬਾਵਾ, ਠੇਕੇਦਾਰ ਸੁਰਿੰਦਰ ਗਰਗ ਮੋੜੀਗੱਡ, ਨਗਰ ਪੰਚਾਇਤ ਭੀਖੀ ਦੇ ਸਾਬਕਾ ਪ੍ਰਧਾਨ ਵਿਨੋਦ ਸਿੰਗਲਾ, ਐਡਵੋਕੇਟ ਮਨੋਜ ਸਿੰਗਲਾ ਰੌਕੀ, ਹਰਦੀਪ ਸਿੰਘ ਬੂਟਾ, ਕੌਂਸਲਰ ਹਰਪ੍ਰੀਤ ਸਿੰਘ ਚਹਿਲ, ਕੌਂਸਲਰ ਸੁਰੇਸ਼ ਬਿੰਦਲ, ਕੌਂਸਲਰ ਬਾਬਾ ਸੁਖਰਾਜ ਦਾਸ, ਕੌਂਸਲਰ ਪ੍ਰੇਮ ਕੁਮਾਰ ਗਰਗ, ਲਾਜਪਤ ਰਾਏ ਸ਼ਰਮਾ, ਰਜਨੀਸ਼ ਸ਼ਰਮਾ, ਚਰਨਜੀਤ ਭੱਠਲ, ਐਡਵੋਕੇਟ ਕੁਲਸ਼ੇਰ ਸਿੰਘ ਰੂਬਲ, ਰਜਿੰਦਰ ਸਿੰਘ ਚਹਿਲ, ਹਰਵਿੰਦਰ ਸਿੰਘ ਧਲੇਵਾਂ, ਹਰਬੰਸ ਲਾਲ ਬਾਂਸਲ, ਰਜਿੰਦਰ ਬਾਂਸਲ ਠੇਕੇਦਾਰ, ਠੇਕੇਦਾਰ ਅਸ਼ੋਕ ਕੁਮਾਰ, ਰਜਿੰਦਰ ਬਬਲੀ, ਸੰਦੀਪ ਮਹਿਤਾ, ਧਰਮਵੀਰ ਮਿੰਟਾ, ਡਾ. ਪ੍ਰਿੰਸ ਸਿੰਗਲਾ, ਰਾਵਲ ਸਿੰਘ ਕੋਟੜਾ, ਪ੍ਰਸ਼ੋਤਮ ਗੋਇਲ ਬਿੱਲੂ, ਡਾ. ਸੁਲਤਾਨ ਸ਼ਾਹ, ਰਮੇਸ਼ ਜੋਸ਼ੀ ਨੀਟਾ, ਵਿਨੋਦ ਗਾਂਧੀ ਆਦਿ ਨੇ ਕਿਹਾ ਕਿ ਮਾਤਾ ਸੱਤਿਆ ਦੇਵੀ ਆਪਣੇ ਮਿਲਣਸਾਰ ਸੁਭਾਅ ਤੇ ਧਾਰਮਿਕ ਵਿਚਾਰਾਂ ਕਾਰਨ ਸਮਾਜ ਵਿੱਚ ਵਿਸ਼ੇਸ਼ ਸਨਮਾਨ ਰੱਖਦੇ ਸਨ।

# ਹਰਪ੍ਰੀਤ ਧੀਮਾਨ ਨੂੰ ਦਲਵੀਰ ਗੋਲਡੀ ਨੇ ਕੀਤਾ ਸਨਮਾਨਤ



**ਧੂਰੀ (ਮੋਹਿਤ ਗਰਗ, ਮਨੋਹਰ ਸਿੰਘ, ਬਿੰਨੀ ਗਰਗ)**-ਯੂਥ ਕਾਂਗਰਸ ਦੇ ਸੰਗਰੂਰ ਜ਼ਿਲ੍ਹੇ ਦੇ ਜਨਰਲ ਸਕੱਤਰ ਵਜੋਂ 9054 ਵੋਟਾਂ ਨਾਲ ਚੋਣ ਜਿੱਤਣ 'ਤੇ ਹਰਪ੍ਰੀਤ ਧੀਮਾਨ ਨੂੰ ਸਾਬਕਾ ਵਿਧਾਇਕ ਧੂਰੀ ਦਲਵੀਰ ਸਿੰਘ ਗੋਲਡੀ ਖੰਗੂੜਾ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਦਲਵੀਰ ਸਿੰਘ ਗੋਲਡੀ ਨੇ ਹਰਪ੍ਰੀਤ ਧੀਮਾਨ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਯੂਥ ਕਾਂਗਰਸ ਨੌਜਵਾਨਾਂ ਨੂੰ ਰਾਜਨੀਤੀ ਵਿੱਚ ਅੱਗੇ ਵਧਣ ਤੇ ਲੋਕ ਸੇਵਾ ਕਰਨ ਲਈ ਇੱਕ ਮਜ਼ਬੂਤ ਮੰਚ ਪ੍ਰਦਾਨ ਕਰਦੀ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਹਰਪ੍ਰੀਤ ਧੀਮਾਨ ਆਪਣੀ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਸਮਰਪਣ ਨਾਲ ਨਿਭਾਉਂਦੇ ਹੋਏ ਪਾਰਟੀ ਦੀਆਂ ਨੀਤੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਉਣਗੇ।

ਹਰਪ੍ਰੀਤ ਧੀਮਾਨ ਨੇ ਇਸ ਸਨਮਾਨ ਲਈ ਦਲਵੀਰ ਸਿੰਘ ਗੋਲਡੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਤਨਦੇਹੀ ਨਾਲ ਨਿਭਾਉਣਗੇ ਤੇ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਲਈ ਨਿਰੰਤਰ ਯਤਨਸ਼ੀਲ ਰਹਿਣਗੇ।

# ਏ ਐੱਸ ਆਈ ਗੁਰਲਾਲ ਸਿੰਘ ਨੇ ਅਹੁਦਾ ਸੰਭਾਲਿਆ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**-ਜੀਆਰਪੀ ਚੌਕੀ ਵਿਖੇ ਏ.ਐੱਸ.ਆਈ. ਗੁਰਲਾਲ ਸਿੰਘ ਨੇ ਇੰਚਾਰਜ ਵਜੋਂ ਆਪਣਾ ਅਹੁਦਾ ਸੰਭਾਲ ਲਿਆ।ਅਹੁਦਾ ਸੰਭਾਲਣ ਉਪਰੰਤ ਉਨ੍ਹਾਂ ਕਿਹਾ ਕਿ ਰੇਲਵੇ ਯਾਤਰੀਆਂ ਦੀ ਸੁਰੱਖਿਆ ਨੂੰ ਪਹਿਲ ਦਿੱਤੀ ਜਾਵੇਗੀ ਅਤੇ ਰੇਲਵੇ ਖੇਤਰ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਹਰ ਹਾਲ ਵਿੱਚ ਬਰਕਰਾਰ ਰੱਖਿਆ ਜਾਵੇਗਾ।ਉਨ੍ਹਾਂ ਮਾੜੇ ਅਨਸਰਾਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਟਰੇਨਾਂ ਵਿੱਚ ਚੋਰੀ-ਚਕਾਰੀ, ਲੁੱਟ-ਖੋਹ ਤੇ ਹੋਰ ਅਪਰਾਧਿਕ ਗਤੀਵਿਧੀਆਂ ਨੂੰ ਅੰਜਾਮ ਦੇਣ ਵਾਲੇ ਕਿਸੇ ਵੀ ਵਿਅਕਤੀ ਨੂੰ ਬਿਲਕੁਲ ਵੀ ਬਖ਼ਸ਼ਿਆ ਨਹੀਂ ਜਾਵੇਗਾ।ਜੇਕਰ ਕੋਈ ਵੀ ਵਿਅਕਤੀ ਅਪਰਾਧ ਕਰਦਾ ਫੜਿਆ ਗਿਆ ਤਾਂ ਉਸ ਖ਼ਿਲਾਫ਼ ਕਾਨੂੰਨ ਅਨੁਸਾਰ ਸਖ਼ਤ ਤੋਂ ਸਖ਼ਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।ਇਸ ਮੌਕੇ ਏ.ਐੱਸ.ਆਈ. ਅਜੇ ਕੁਮਾਰ, ਏ.ਐੱਸ.ਆਈ. ਹਰਬੰਸ ਸਿੰਘ ਲੌਂਗੋਵਾਲ, ਰਿਟਾਇਰਡ ਐੱਸ.ਆਈ. ਸਰਬਜੀਤ ਸਿੰਘ ਸਿੱਧੂ ਅਤੇ ਰੇਲਵੇ ਚੌਂਕੀ ਸੁਨਾਮ ਦੇ ਸਮੂਹ ਕਰਮਚਾਰੀ ਹਾਜ਼ਰ ਸਨ।

# ਬੀਬਾ ਬਾਦਲ ਪਿੰਡ ਕਲੀਪੁਰ ਪਹੁੰਚੇ, ਪਰਮਜੀਤ ਕੌਰ ਦੇ ਪਰਵਾਰ ਨਾਲ ਕੀਤਾ ਦੁੱਖ ਸਾਂਝਾ



**ਬੁਢਲਾਡਾ (ਅਸ਼ੋਕ ਲਾਕੜਾ)**-ਸ਼੍ਰੋਮਣੀ ਅਕਾਲੀ ਦਲ (ਬਾਦਲ) ਦੀ ਲੋਕ ਸਭਾ ਬਠਿੰਡਾ ਤੋਂ ਮੈਂਬਰ ਪਾਰਲੀਮੈਂਟ ਬੀਬਾ ਹਰਸਿਮਰਤ ਕੌਰ ਬਾਦਲ ਪਿੰਡ ਕਲੀਪੁਰ ਵਿਖੇ ਜਥੇਦਾਰ ਹਰਮੇਲ ਸਿੰਘ ਕਲੀਪੁਰ ਦੀ ਵੱਡੀ ਭਰਜਾਈ ਪਰਮਜੀਤ ਕੌਰ ਦੇ ਪਰਵਾਰ ਨਾਲ ਦੁੱਖ ਸਾਂਝਾ ਕਰਨ ਲਈ ਪਹੁੰਚੇ।ਉਨ੍ਹਾਂ ਨੇ ਪਰਵਾਰ ਨੂੰ ਹੌਸਲਾ ਦਿੰਦਿਆਂ ਦੁੱਖ ਦੀ ਇਸ ਘੜੀ ਵਿੱਚ ਹਰ ਸੰਭਵ ਸਾਥ ਦੇਣ ਦਾ ਭਰੋਸਾ ਦਿੱਤਾ।

ਬੀਬਾ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਦੇ ਮੌਜੂਦਾ ਹਾਲਾਤ ਤੇ ਸੂਬੇ ਦੀ ਰਾਜਨੀਤੀ ਨੂੰ ਲੈ ਕੇ ਆਪਣੀ ਪਾਰਟੀ ਦਾ ਪੱਖ ਰੱਖਦਿਆਂ ਉਨ੍ਹਾਂ ਕਿਹਾ ਕਿ ਜਦੋਂ ਅਕਾਲ ਤਖ਼ਤ ਦੇ ਜਥੇਦਾਰ ਵੱਲੋਂ ਕਿਸੇ ਨੂੰ ਪੰਥ ਵਿੱਚੋਂ ਛੇਕ ਦਿੱਤਾ ਜਾਵੇ ਤਾਂ ਇਸ ਤੋਂ ਵੱਡੀ ਗੱਲ ਹੋਰ ਕੀ ਹੋ ਸਕਦੀ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਅਕਾਲ ਤਖ਼ਤ ਨੂੰ ਝੂਠਾ ਦਰਸਾ ਕੇ ਆਪਣੇ ਆਪ ਨੂੰ ਸੱਚਾ ਦਰਸਾਉਣ ਲਈ ਕੋਝੀ ਸਾਜਿਸ਼ ਰਚੀ ਜਾ ਰਹੀ ਹੈ।ਉਨ੍ਹਾਂ ਅੱਗੇ ਦੋਸ਼ ਲਾਇਆ ਕਿ ਪੰਜਾਬ ਵਿੱਚ ਕਈ ਥਾਵਾਂ 'ਤੇ ਨਸ਼ਾ ਖੁੱਲ੍ਹੇਆਮ ਵਿਕ ਰਿਹਾ ਹੈ ਅਤੇ ਸਰਕਾਰ ਇਸ ਨੂੰ ਰੋਕਣ ਵਿੱਚ ਨਾਕਾਮ ਰਹੀ ਹੈ।ਉਨ੍ਹਾਂ ਨੇ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ 'ਤੇ ਵੀ ਤਿੱਖੇ ਨਿਸ਼ਾਨੇ ਸਾਧੇ ਅਤੇ ਕਿਹਾ ਕਿ ਸਰਕਾਰ ਨੇ ਲੋਕਾਂ, ਖ਼ਾਸ ਕਰਕੇ ਔਰਤਾਂ ਨਾਲ ਕੀਤੇ ਵਾਅਦੇ ਪੂਰੇ ਨਹੀਂ ਕੀਤੇ।ਉਨ੍ਹਾਂ ਦੇ ਅਨੁਸਾਰ ਮੁੱਖ ਮੰਤਰੀ ਨੇ ਲੋਕਾਂ ਨਾਲ ਝੂਠੇ ਵਾਅਦੇ ਕਰਕੇ ਉਨ੍ਹਾਂ ਦਾ ਵਿਸ਼ਵਾਸ ਤੋੜਿਆ ਹੈ।ਉਨ੍ਹਾਂ ਅੱਗੇ ਕਿਹਾ ਕਿ ਮਾਤਾਵਾਂ ਦੇ ਪੰਜ ਸਾਲਾਂ ਦੇ ਪੈਸੇ 60,000 ਰੁਪਏ ਖਾ ਕੇ ਹੁਣ 3000 ਅਤੇ 4500 ਰੁਪਏ ਕੁਝ ਮਾਤਾਵਾਂ ਦੇ ਖਾਤਿਆਂ ਵਿਚ ਪਾ ਕੇ ਵੋਟਾਂ ਲੈਣ ਲਈ ਰਾਜਨੀਤੀ ਕਰ ਰਿਹਾ ਹੈ।

# ਰੋਟਰੀ ਕਲੱਬ ਦੇ ਪ੍ਰਧਾਨ ਵੱਲੋਂ ਗਊ ਸੇਵਾ ਨਾਲ ਕੀਤੀ ਗਈ ਸ਼ੁਰੂਆਤ

**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**



ਰੋਟਰੀ ਕਲੱਬ ਸੁਨਾਮ ਸਟਾਰ ਵੱਲੋਂ ਨਵ ਨਿਯੁਕਤ ਪ੍ਰਧਾਨ ਪੁਨੀਤ ਜਿੰਦਲ ਤੇ ਪ੍ਰੋਜੈਕਟ ਚੇਅਰਮੈਨ ਮੋਹਿਤ ਜਿੰਦਲ ਦੀ ਅਗਵਾਈ ਵਿੱਚ ਸ਼੍ਰੀ ਕਲਿਆਣ ਗਊਸ਼ਾਲਾ ਵਿਖੇ ਗਊ ਸੇਵਾ ਦਾ ਪ੍ਰੋਜੈਕਟ ਲਾਇਆ ਗਿਆ।ਨਗਰ ਕੌਂਸਲ ਦੇ ਪ੍ਰਧਾਨ ਸ਼੍ਰੀ ਮਨਪ੍ਰੀਤ ਬਾਂਸਲ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਏ।ਨਗਰ ਕੌਂਸਲ ਦੇ ਵਾਈਸ ਪ੍ਰਧਾਨ ਯਾਦਵਿੰਦਰ ਨਿਰਮਾਣ ਅਤੇ ਰੋਟਰੀ ਡਿਸਟਰਿਕਟ 3090 ਦੇ ਅਸਿਸਟੈਂਟ ਗਵਰਨਰ ਰੋਟੇਰੀਅਨ ਦਵਿੰਦਰ ਪਾਲ ਸਿੰਘ ਰਿੰਪੀ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਸਭ ਤੋਂ ਪਹਿਲਾਂ ਗਊ ਮਾਤਾ ਦੀ ਪੂਜਾ ਕੀਤੀ ਗਈ ਅਤੇ ਸਾਰੇ ਮੈਂਬਰਾਂ ਵੱਲੋਂ ਗਊਆਂ ਨੂੰ ਹਰਾ ਚਾਰਾ ਪਾਇਆ ਗਿਆ। ਪ੍ਰਧਾਨ ਪੁਨੀਤ ਜਿੰਦਲ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ।ਪੁਨੀਤ ਜਿੰਦਲ ਨੇ ਕਿਹਾ ਕਿ ਸਨਾਤਨ ਧਰਮ ਵਿੱਚ ਗਊ ਦੀ ਵਿਸ਼ੇਸ਼ ਮਹੱਤਤਾ ਹੈ ਤੇ ਗਊ ਨੂੰ ਮਾਤਾ ਦਾ ਦਰਜਾ ਦਿੱਤਾ ਗਿਆ ਹੈ।ਮੁੱਖ ਮਹਿਮਾਨ ਮਨਪ੍ਰੀਤ ਬਾਂਸਲ ਨੇ ਨੇ ਕਿਹਾ ਕਿ ਗਊ ਸੇਵਾ ਉੱਤਮ ਸੇਵਾ ਹੈ ਉਹਨਾਂ ਨੇ ਕਲੱਬ ਦੇ ਇਸ ਉਪਰਾਲੇ ਲਈ ਪ੍ਰਸ਼ੰਸਾ ਕੀਤੀ।ਯਾਦਵਿੰਦਰ ਨਿਰਮਾਣ ਨੇ ਵੀ ਕਲੱਬ ਦੀ ਹੌਸਲਾ ਅਫਜ਼ਾਈ ਕੀਤੀ।ਅਸਿਸਟੈਂਟ ਗਵਰਨਰ ਦਵਿੰਦਰ ਪਾਲ ਰਿੰਪੀ ਨੇ ਕਿਹਾ ਕਿ ਰੋਟਰੀ ਕਲੱਬ ਸੁਨਾਮ ਸਟਾਰ ਵੱਲੋਂ ਬਹੁਤ ਹੀ ਚੰਗਾ ਉਪਰਾਲਾ ਕੀਤਾ ਗਿਆ ਹੈ।ਉਨ੍ਹਾਂ ਰੋਟਰੀ ਦੇ ਹੋਰ ਵੀ ਪ੍ਰੋਜੈਕਟਾਂ ਬਾਰੇ ਚਾਨਣਾ ਪਾਇਆ।ਕਲੱਬ ਦੇ ਸੈਕਟਰੀ ਨਵੀਨ ਸਿੰਗਲਾ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ।

## ਸਫਾ 1 ਦੇ ਬਾਕੀ...

### ਕਥਾ ਫਿਰ ਸੇ ਚਲੇ...

ਆਉਣਾ ਹੀ ਪਿਆ, ਕਿਉਂਕਿ ਹੁਣ ਬਦਨਾਮੀ ਦਾ ਪਾਣੀ ਸੁਰੰਗ ਵਿੱਚ ਗਲੇ ਤੱਕ ਭਰ ਗਿਆ ਹੈ। ਉਨ੍ਹਾ ਕਿਹਾ ਕਿ ਚੰਦਾ ਤੇ ਦਾਨ ਦੇਣ ਵਾਲੇ ਸਨਾਤਨੀ ਪੁੱਛ ਰਹੇ ਹਨ ਕਿ ਇਸ ਗੰਭੀਰ ਮਾਮਲੇ ਵਿੱਚ ਜ਼ਿੰਮੇਵਾਰ ਲੋਕ ਸਾਹਮਣੇ ਕਿਉਂ ਨਹੀਂ ਆਏ ? ਅਖਿਲੇਸ਼ ਨੇ ਦੋਸ਼ ਲਾਇਆ ਕਿ ਅਸਲ ਦੋਸ਼ੀਆਂ ਨੂੰ ਬਚਾਉਣ ਲਈ ਦੂਜਿਆਂ ਨੂੰ ਅੱਗੇ ਕੀਤਾ ਜਾ ਰਿਹਾ ਹੈ, ਪਰ ਸੱਚ ਇੱਕ ਦਿਨ ਸਭ ਦੇ ਸਾਹਮਣੇ ਆ ਕੇ ਰਹੇਗਾ। ਉਨ੍ਹਾ ਦੋਸ਼ ਲਾਇਆ ਕਿ ਰਾਮ ਮੰਦਰ ਦੇ ਚੜ੍ਹਾਵੇ ਵਿੱਚ ਡਕੈਤੀ ਭਾਜਪਾ ਅਤੇ ਆਰ ਐੱਸ ਐੱਸ ਵੱਲੋਂ ਧਰਮ ਦੇ ਨਾਂਅ 'ਤੇ ਕੀਤੀ ਜਾ ਰਹੀ ਹੈ। ਆਪਸੀ ਵੰਡ ਦੇ ਵਿਵਾਦ ਨੇ ਪੂਰੇ ਮਾਮਲੇ ਦਾ ਪਰਦਾ ਫਾਸ਼ ਕਰ ਦਿੱਤਾ ਹੈ ਅਤੇ 'ਨਾਗਪੁਰ ਵਾਲਿਆਂ' ਦਾ ਅਸਲ ਚਿਹਰਾ ਲੋਕਾਂ ਦੇ ਸਾਹਮਣੇ ਆ ਗਿਆ ਹੈ।

### ਚੜ੍ਹਾਵਾਜੀਵੀਆਂ ਨੇ ਸੰਘ...

ਇੰਚਾਰਜ), ਸਹਿ ਪ੍ਰਾਂਤ ਪ੍ਰਚਾਰਕ (ਸੂਬਿਆਂ ਲਈ ਸੰਯੁਕਤ ਇੰਚਾਰਜ), ਖੇਤਰ ਪ੍ਰਚਾਰਕ (ਖੇਤਰੀ ਇੰਚਾਰਜ) ਅਤੇ ਸਹਿ ਖੇਤਰ ਪ੍ਰਚਾਰਕ (ਖੇਤਰਾਂ ਲਈ ਸੰਯੁਕਤ ਇੰਚਾਰਜ) ਸ਼ਾਮਲ ਹੋਣਗੇ। ਇਸ ਤੋਂ ਇਲਾਵਾ 32 ਸੰਘ-ਪ੍ਰੇਰਤ ਸੰਗਠਨਾਂ ਦੇ ਅਖਿਲ-ਭਾਰਤੀ ਸੰਗਠਨ ਸਕੱਤਰ ਵੀ ਸ਼ਾਮਲ ਹੋਣਗੇ। ਸੰਘ ਮੁਖੀ ਮੋਹਨ ਭਾਗਵਤ, ਜਨਰਲ ਸਕੱਤਰ ਦੱਤਾਤ੍ਰੇਯ ਹੋਸਾਬਲੇ, ਸਾਰੇ ਸੰਯੁਕਤ ਜਨਰਲ ਸਕੱਤਰ ਅਤੇ ਸੰਗਠਨ ਦੀ ਸਿਖਰਲੀ ਕਾਰਜਕਾਰਨੀ ਦੇ ਮੈਂਬਰ ਹਿੱਸਾ ਲੈਣਗੇ।

### ਵਿਸ਼ਵ ਕੱਪ ਫੁੱਟਬਾਲ 'ਚ...

ਜ਼ਿੰਦਗੀ ਦਾ ਇੱਕ ਪਲ ਦੇਣ ਦਾ ਫੈਸਲਾ ਕਰ ਲਿਆ ਹੋਵੇ। ਬਹੁਤ ਸਾਰੇ ਬੱਚਿਆਂ ਨੇ ਆਪਣੇ ਚਿਹਰਿਆਂ 'ਤੇ ਮਿਸਰ ਦਾ ਝੰਡਾ ਪੇਂਟ ਕੀਤਾ ਹੋਇਆ ਸੀ। ਮਿਸਰ ਨੇ ਮੈਚ ਨਿਰਧਾਰਤ ਸਮੇਂ 'ਚ 1-1 ਨਾਲ ਡਰਾਅ ਹੋਣ ਤੋਂ ਬਾਅਦ ਪੈਨਲਟੀ ਸ਼ੂਟਆਊਟ ਵਿੱਚ 4-2 ਨਾਲ ਜਿੱਤ ਦਰਜ ਕੀਤੀ। ਹੁਣ ਉਸ ਦਾ ਮੁਕਾਬਲਾ ਅਰਜਨਟੀਨਾ ਨਾਲ ਹੋਵੇਗਾ।

### ਖਾਮਨੇਈ ਦੀ ਅੰਤਿਮ ਯਾਤਰਾ...

ਉਸੇ ਵੇਲੇ ਵਾਪਰੀ ਜਦੋਂ ਰਾਸ਼ਟਰਪਤੀ ਟਰੰਪ ਵਾਸ਼ਿੰਗਟਨ ਵਿੱਚ ਅਮਰੀਕਾ ਦੀ ਸਥਾਪਨਾ ਦੀ 250ਵੀਂ ਵਰ੍ਹੇਗੰਢ ਮੌਕੇ ਭਾਸ਼ਣ ਦੇ ਰਹੇ ਸਨ।

ਈਰਾਨ ਨੇ ਟਰੰਪ 'ਤੇ ਉਸ ਦੇ ਬਿਆਨਾਂ ਨੂੰ ਲੈ ਕੇ ਜਵਾਬੀ ਹਮਲਾ ਕੀਤਾ ਤੇ ਕਿਹਾ ਕਿ ਅਮਰੀਕਾ ਕੋਲ ਨਾ ਤਾਂ ਸਭਿਅਤਾ ਹੈ ਅਤੇ ਨਾ ਹੀ ਇਤਿਹਾਸ। ਅਮਰੀਕੀ ਰਾਸ਼ਟਰਪਤੀ ਨੇ ਤਹਿਰਾਨ ਵਿੱਚ ਵੱਡੇ ਅੰਤਮ ਸੰਸਕਾਰ ਇਕੱਠ ਦਾ ਹਵਾਲਾ ਦਿੱਤਾ ਅਤੇ ਸੁਝਾਅ ਦਿੱਤਾ ਕਿ ਇਹ ਇਕੱਠ ਇੱਕ ਫੌਜੀ ਮੌਕਾ ਪੇਸ਼ ਕਰਦਾ ਹੈ। ਉਨ੍ਹਾ ਕਿਹਾ ਕਿ ਅਜਿਹੇ ਕਦਮ ਨੂੰ ਰੱਦ ਕਰ ਦਿੱਤਾ ਗਿਆ, ਕਿਉਂਕਿ ਕੂਟਨੀਤਕ ਯਤਨ ਜਾਰੀ ਸਨ, 'ਉਹ ਸਾਰੇ ਉੱਥੇ ਹਨ, ਇੱਕ ਗੋਲੀ ਨਾਲ ਅਸੀਂ ਉਨ੍ਹਾਂ ਸਾਰਿਆਂ ਨੂੰ ਬਾਹਰ ਕੱਢ ਸਕਦੇ ਹਾਂ, ਪਰ ਅਸੀਂ ਅਜਿਹਾ ਨਹੀਂ ਕਰਨ ਜਾ ਰਹੇ, ਕਿਉਂਕਿ ਫਿਰ ਸਾਡੇ ਕੋਲ ਗੱਲਬਾਤ ਕਰਨ ਲਈ ਕੋਈ ਨਹੀਂ ਹੋਵੇਗਾ।'

ਮੌਜੂਦਾ ਸੁਪਰੀਮ ਲੀਡਰ ਮੁਜਤਬਾ ਖਾਮਨੇਈ ਨੂੰ ਛੱਡ ਕੇ ਖਾਮਨੇਈ ਦੇ ਤਿੰਨ ਪੁੱਤਰਾਂ ਦੇ ਨਾਲ ਸੀਨੀਅਰ ਈਰਾਨੀ ਨੇਤਾ ਐਤਵਾਰ ਨੂੰ ਜਨਾਜ਼ੇ ਦੀ ਨਮਾਜ਼ ਵਿੱਚ ਹਿੱਸਾ ਲੈਣ ਲਈ ਜਨਤਕ ਤੌਰ 'ਤੇ ਨਜ਼ਰ ਆਏ।

### 61 ਦੀ ਉਮਰ 'ਚ...

'ਪਾਰਟਨਰ' ਵਜੋਂ ਪੇਸ਼ ਕੀਤਾ ਸੀ। ਆਮਿਰ ਖ਼ਾਨ ਦਾ ਪਹਿਲਾ ਵਿਆਹ 1993 ਵਿੱਚ ਰੀਨਾ ਦੱਤਾ ਨਾਲ ਹੋਇਆ ਸੀ। ਇਸ ਜੋੜੇ ਦੇ ਦੋ ਬੱਚੇ ਹਨ-ਜੁਨੈਦ ਖ਼ਾਨ ਅਤੇ ਇਰਾ ਖ਼ਾਨ। ਇਹ ਕਪਲ ਲੱਗਭੱਗ 16 ਸਾਲ ਤੱਕ ਇਕੱਠੇ ਰਿਹਾ ਅਤੇ 2002 ਵਿੱਚ ਵੱਖ ਹੋ ਗਿਆ। ਉਨ੍ਹਾਂ ਦਾ ਦੂਜਾ ਵਿਆਹ 2005 ਵਿੱਚ ਕਿਰਨ ਰਾਓ ਨਾਲ ਹੋਇਆ। 2011 ਵਿੱਚ ਇਸ ਜੋੜੇ ਦੇ ਘਰ ਬੇਟੇ ਆਜ਼ਾਦ ਰਾਓ ਦਾ ਜਨਮ ਹੋਇਆ। ਵਿਆਹ ਦੇ ਲੱਗਭੱਗ 16 ਸਾਲ ਬਾਅਦ, 2021 ਵਿੱਚ ਆਮਿਰ ਅਤੇ ਕਿਰਨ ਨੇ ਵੱਖ ਹੋਣ ਦਾ ਫ਼ੈਸਲਾ ਕੀਤਾ। ਫਿਲਮ 'ਲਗਾਨ' ਦੇ ਡਾਇਰੈਕਟਰ ਆਸ਼ੂਤੋਸ਼ ਗੋਵਾਰੀਕਰ ਅਤੇ ਅਦਾਕਾਰਾ ਐਲੀ ਅਵਰਾਮ ਵੀ ਇਸ ਜਸ਼ਨ ਵਿੱਚ ਸ਼ਾਮਲ ਹੋਏ।

# ਸਿਰਥਲਾ ਦੇ ਅਨੇਕਾਂ ਪਰਵਾਰ 'ਆਪ' 'ਚ ਸ਼ਾਮਲ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਦੀਆਂ ਲੋਕ-ਹਿਤਾਇਸ਼ੀ ਨੀਤੀਆਂ, ਇਮਾਨਦਾਰ ਸ਼ਾਸਨ ਤੇ ਵਿਕਾਸਮੁਖੀ ਸੋਚ ਤੋਂ ਪ੍ਰਭਾਵਿਤ ਹੋ ਕੇ ਪਿੰਡ ਸਿਰਥਲਾ ਤੋਂ ਅਨੇਕਾਂ ਪਰਵਾਰ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਸਾਥੀਆਂ ਦਾ ਦਿਲੋਂ ਸਵਾਗਤ ਕਰਦੇ ਹੋਏ ਹਲਕਾ ਪਾਇਲ ਦੇ ਵਿਧਾਇਕ ਇੰਜੀਨੀਅਰ ਮਨਵਿੰਦਰ ਸਿੰਘ ਗਿਆਸਪੁਰਾ ਨੇ ਕਿਹਾ ਕਿ ਪਾਰਟੀ ਵੀ ਸ਼ਾਮਲ ਹੋਏ ਵੱਖ-ਵੱਖ ਰਵਾਇਤੀ ਪਾਰਟੀਆਂ ਦੇ ਵਰਕਰਾਂ ਦਾ ਆਮ ਆਦਮੀ ਪਾਰਟੀ 'ਚ ਸਵਾਗਤ ਹੈ। ਇਨ੍ਹਾਂ ਸਾਰੇ ਵਰਕਰਾਂ ਨੇ ਅੱਜ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਦਾ ਪੱਲਾ ਫੜਿਆ ਤੇ ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਤੇ ਹਲਕੇ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਹਰ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਤੇ ਮਿਲ ਕੇ ਹਲਕਾ ਪਾਇਲ ਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਯਤਨ ਕੀਤੇ ਜਾਣਗੇ।

# 8 ਕਿਲੋ 400 ਗ੍ਰਾਮ ਭੁੱਕੀ ਸਮੇਤ ਕਾਬੂ



**ਹਠੂਰ (ਲਵਲੀ ਮਾਛੀਕੇ)**-ਪੰਜਾਬ ਪੁਲਸ ਥਾਣਾ ਹਠੂਰ ਵੱਲੋਂ ਇੱਕ ਨੌਜਵਾਨ ਨੂੰ 8 ਕਿਲੋ 400 ਗ੍ਰਾਮ ਭੁੱਕੀ (ਚੂਰਾ ਪੋਸਤ) ਸਮੇਤ ਕਾਬੂ ਕੀਤਾ ਗਿਆ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਪੁਲਸ ਥਾਣਾ ਹਠੂਰ ਦੇ ਐੱਸ ਆਈ ਗੁਰਸੇਵਕ ਸਿੰਘ ਨੇ ਦੱਸਿਆ ਕਿ ਹਠੂਰ ਪੁਲਸ ਵੱਲੋਂ ਨੱਥੋਵਾਲ ਰੋਡ 'ਤੇ ਨਾਕਾ ਲਗਾਇਆ ਗਿਆ ਸੀ ਤੇ ਸ਼ੱਕੀ ਵਾਹਨਾਂ ਦੀ ਤਲਾਸ਼ੀ ਲਈ ਜਾ ਰਹੀ ਸੀ ਤਾਂ ਰਵਿੰਦਰ ਸਿੰਘ ਉਰਫ ਰਵੀ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਸ਼ਾਹਜਹਾਨਪੁਰ ਦੀ ਜਦੋਂ ਤਲਾਸ਼ੀ ਲਈ ਗਈ ਤਾਂ ਉਸ ਕੋਲੋਂ 8 ਕਿਲੋ 400 ਗ੍ਰਾਮ ਭੁੱਕੀ ਬਰਾਮਦ ਕੀਤੀ ਗਈ।ਮੁਲਜ਼ਮ ਖਿਲਾਫ ਥਾਣਾ ਹਠੂਰ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ ਤੇ ਬਾਕੀ ਪੁੱਛਗਿੱਛ ਕੀਤੀ ਜਾ ਰਹੀ ਹੈ।ਇਸ ਮੌਕੇ ਉਨ੍ਹਾ ਨਾਲ ਏ ਐੱਸ ਆਈ ਮਨੋਹਰ ਲਾਲ, ਏ ਐੱਸ ਆਈ ਸੁਲੱਖਣ ਸਿੰਘ, ਏ ਐੱਸ ਆਈ ਕੁਲਵੰਤ ਸਿੰਘ, ਹੌਲਦਾਰ ਸਤਿੰਦਰ ਸਿੰਘ, ਮੁੱਖ ਮੁਨਸ਼ੀ ਕੁਲਵੰਤ ਸਿੰਘ, ਲਾਡੀ ਸਿੰਘ ਆਦਿ ਕਰਮਚਾਰੀ ਹਾਜ਼ਰ ਸਨ।

# ਪੈਨਸ਼ਨਰਾਂ ਦਾ ਵੱਡਾ ਕਾਫ਼ਲਾ ਭਲਕੇ ਸੁਨਾਮ ਪੁੱਜੇਗਾ : ਸਿੱਧੂ



**ਭਵਾਨੀਗੜ੍ਹ (ਰਾਜ ਖੁਰਮੀ)**-ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਹੋਰ ਤੇਜ਼ ਹੋਣ ਜਾ ਰਿਹਾ ਹੈ।ਇਸੇ ਕੜੀ ਤਹਿਤ ਗੌਰਮਿੰਟ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਭਵਾਨੀਗੜ੍ਹ ਦੀ ਹੰਗਾਮੀ ਮੀਟਿੰਗ ਪੈਨਸ਼ਨਰ ਦਫ਼ਤਰ ਵਿਖੇ ਪ੍ਰਧਾਨ ਸਤਨਾਮ ਸਿੰਘ ਸੰਧੂ ਦੀ ਅਗਵਾਈ ਹੇਠ ਹੋਈ, ਜਿਸ ਵਿੱਚ 7 ਜੁਲਾਈ ਨੂੰ ਸੁਨਾਮ ਵਿਖੇ ਮੁਲਾਜ਼ਮ-ਪੈਨਸ਼ਨਰ ਸਾਂਝੇ ਫਰੰਟ ਵੱਲੋਂ ਕੀਤੇ ਜਾ ਰਹੇ ਰੋਸ ਪ੍ਰਦਰਸ਼ਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਰਿਹਾਇਸ਼ ਦੇ ਘਿਰਾਓ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨ ਦਾ ਫੈਸਲਾ ਕੀਤਾ ਗਿਆ।ਮੀਟਿੰਗ ਦੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਜਨਰਲ ਸਕੱਤਰ ਕੇਵਲ ਸਿੰਘ ਸਿੱਧੂ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਅਣਡਿੱਠਾ ਕੀਤਾ ਜਾ ਰਿਹਾ ਹੈ।ਜੇਕਰ ਸਰਕਾਰ ਨੇ ਜਲਦੀ ਹੀ ਮੰਗਾਂ ਦਾ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਉਨ੍ਹਾਂ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ 7 ਜੁਲਾਈ ਨੂੰ ਸੁਨਾਮ ਵਿੱਚ ਹੋਣ ਵਾਲੇ ਰੋਸ ਪ੍ਰਦਰਸ਼ਨ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਆਪਣੀ ਏਕਤਾ ਦਾ ਪ੍ਰਗਟਾਵਾ ਕਰਨ।ਇਸ ਮੌਕੇ ਪ੍ਰਧਾਨ ਸਤਨਾਮ ਸਿੰਘ ਸੰਧੂ, ਜ਼ਿਲ੍ਹਾ ਜਨਰਲ ਸਕੱਤਰ ਸੁਖਦੇਵ ਸਿੰਘ, ਮੁੱਖ ਸਰਪ੍ਰਸਤ ਚਰਨ ਸਿੰਘ ਚੋਪੜਾ, ਵਿੱਤ ਸਕੱਤਰ ਬਲਕਾਰ ਸਿੰਘ, ਮੁੱਖ ਸਲਾਹਕਾਰ ਗੁਰਚਰਨ ਸਿੰਘ ਮਣਕੂ, ਪ੍ਰੈੱਸ ਸਕੱਤਰ ਚਮਨ ਲਾਲ ਲਾਲਕਾ, ਸਹਾਇਕ ਸਕੱਤਰ ਸੁਰਿੰਦਰ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਪੈਨਸ਼ਨਰ ਆਗੂ ਤੇ ਮੈਂਬਰ ਹਾਜ਼ਰ ਸਨ।

# ਸੀਵਰੇਜ ਦੇ ਪਾਣੀ ਤੋਂ ਲੋਕ ਪ੍ਰੇਸ਼ਾਨ, ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ



**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਦੇ ਬੁਢਲਾਡਾ ਬਰੇਟਾ ਨੈਸ਼ਨਲ ਹਾਈਵੇ ਮੁਲਾਜ਼ਮ ਕਾਲੋਨੀ ਦੇ ਨਜ਼ਦੀਕ ਸੀਵਰੇਜ ਦਾ ਗੰਦਾ ਪਾਣੀ ਖੜ੍ਹਾ ਹੋਣ ਕਾਰਨ ਲੋਕਾਂ ਨੂੰ ਭਾਰੀ ਪ੍ਰੇਸ਼ਾਨੀਆਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸੜਕ 'ਤੇ ਖੜ੍ਹੇ ਇਸ ਗੰਦੇ ਪਾਣੀ ਕਾਰਨ ਆਵਾਜਾਈ ਪ੍ਰਭਾਵਿਤ ਹੋ ਰਹੀ ਹੈ ਤੇ ਰਾਹਗੀਰਾਂ ਦੇ ਨਾਲ-ਨਾਲ ਦੋਪਹੀਆ ਵਾਹਨ ਚਾਲਕਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਲਾਕਾ ਵਾਸੀਆਂ ਦਾ ਕਹਿਣਾ ਹੈ ਕਿ ਇਸ ਸਮੱਸਿਆ ਬਾਰੇ ਕਈ ਵਾਰ ਸੰਬੰਧਤ ਵਿਭਾਗ ਤੇ ਪ੍ਰਸ਼ਾਸਨ ਨੂੰ ਜਾਣੂ ਕਰਵਾਇਆ ਜਾ ਚੁੱਕਾ ਹੈ, ਪਰ ਅਜੇ ਤੱਕ ਕੋਈ ਢੁੱਕਵੀਂ ਕਾਰਵਾਈ ਨਹੀਂ ਕੀਤੀ ਗਈ।ਲੋਕਾਂ ਦਾ ਦੋਸ਼ ਹੈ ਕਿ ਪ੍ਰਸ਼ਾਸਨ ਕੁੰਭਕਰਨੀ ਨੀਂਦ ਸੁੱਤਾ ਹੋਇਆ ਹੈ ਅਤੇ ਆਮ ਲੋਕਾਂ ਦੀਆਂ ਸਮੱਸਿਆਵਾਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਗੰਦੇ ਪਾਣੀ ਕਾਰਨ ਬਦਬੂ ਫੈਲ ਰਹੀ ਹੈ, ਜਿਸ ਨਾਲ ਭਿਆਨਕ ਬਿਮਾਰੀਆਂ ਫੈਲਣ ਦਾ ਵੀ ਖ਼ਤਰਾ ਬਣਿਆ ਹੋਇਆ ਹੈ।ਸਥਾਨਕ ਨਿਵਾਸੀਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਇਸ ਸੀਵਰੇਜ ਦੀ ਸਮੱਸਿਆ ਦਾ ਜਲਦ ਤੋਂ ਜਲਦ ਸਥਾਈ ਹੱਲ ਕੀਤਾ ਜਾਵੇ ਅਤੇ ਸੜਕ 'ਤੇ ਫੈਲੇ ਗੰਦੇ ਪਾਣੀ ਦੀ ਤੁਰੰਤ ਨਿਕਾਸੀ ਕਰਵਾਈ ਜਾਵੇ, ਤਾਂ ਜੋ ਲੋਕਾਂ ਨੂੰ ਰਾਹਤ ਮਿਲ ਸਕੇ।

# ਵੱਡੀ ਗਿਣਤੀ ਪਰਵਾਰ 'ਆਪ' 'ਚ ਸ਼ਾਮਲ



**ਦੋਰਾਹਾ (ਹਰਮਿੰਦਰ ਸੇਠ)**-ਭਗਵੰਤ ਸਿੰਘ ਮਾਨ ਮੁੱਖ ਮੰਤਰੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਤੋਂ ਪ੍ਰਭਾਵਤ ਹੋ ਕੇ ਪਿੰਡ ਬਿਲਾਸਪੁਰ ਅਨੇਕਾਂ ਪਰਵਾਰ ਕਾਂਗਰਸ ਪਾਰਟੀ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ, ਜਿਨ੍ਹਾਂ ਨੂੰ ਹਲਕਾ ਪਾਇਲ ਵਿਧਾਇਕ ਮਨਵਿੰਦਰ ਸਿੰਘ ਗਿਆਸਪੁਰਾ ਨੇ ਪਾਰਟੀ ਵਿੱਚ ਸਿਰੋਪਾ ਪਾ ਕੇ ਸ਼ਾਮਲ ਕੀਤਾ। ਗਿਆਸਪੁਰਾ ਨੇ ਕਿਹਾ ਕਿ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਸਨਮਾਨ ਤੇ ਸਤਿਕਾਰ ਮਿਲੇਗਾ, ਇਹ ਮਿਹਨਤ ਡਾਕਟਰ ਸਰਬਜੀਤ ਸਿੰਘ ਬਿਲਾਸਪੁਰ ਨਸ਼ਾ ਮੁਕਤੀ ਮੋਰਚਾ ਬਲਾਕ ਕੋਡੀਨੇਟਰ, ਗੁਰਪਾਲ ਸਿੰਘ ਐਜੂਕੇਸ਼ਨ ਬਲਾਕ ਕੋਡੀਨੇਟਰ, ਪਿੰਡ ਬਿਲਾਸਪੁਰ ਮਹਿਰਾ ਪਰਿਵਾਰ ਨੂੰ ਆਪਣੇ ਪਰਵਾਰ ਵਿੱਚ ਜੋੜਿਆ। ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਿਵਾਰ ਜਗਦੇਵ ਸਿੰਘ ਬੂਟਾ, ਦੀਵਾਰ ਪਾਲ ਸਿੰਘ, ਗੁਰਪ੍ਰੀਤ ਸਿੰਘ, ਸਿਕੰਦਰ ਸਿੰਘ, ਨਰਿੰਦਰ ਸਿੰਘ ਨਿੰਦੀ, ਜੋਗਿੰਦਰ ਸਿੰਘ, ਮੇਜਰ ਸਿੰਘ, ਨਰਿੰਦਰ ਸਿੰਘ, ਜਸਵਿੰਦਰ ਸਿੰਘ, ਰਾਜਵੰਤ ਸਿੰਘ ਸੋਨੀ, ਮਨਪ੍ਰੀਤ ਸਿੰਘ ਮੰਗਾ, ਬੁੱਧ ਸਿੰਘ, ਗੁਰਚਰਨ ਸਿੰਘ, ਬਲਜੀਤ ਸਿੰਘ, ਜਸਵਰਧਨ ਸ਼ਰਮਾ, ਨੇਤਰ ਸਿੰਘ, ਨਿੱਕਾ ਸਿੰਘ, ਅਮਰੀਕ ਸਿੰਘ, ਸੌਖੀ ਸਿੰਘ, ਅਮਰਜੀਤ ਕੌਰ, ਚਰਨ ਕੌਰ, ਹਰਮੀਤ ਕੌਰ, ਕਮਲਜੀਤ ਕੌਰ, ਕੁਲਵੰਤ ਕੌਰ, ਜਸਵੀਰ ਕੌਰ, ਹਰਜਿੰਦਰ ਕੌਰ, ਰਾਜਵੀਰ ਕੌਰ, ਸੁਖਵਿੰਦਰ ਕੌਰ, ਗੁਰਦੀਪ ਕੌਰ, ਭਿੰਦਰ ਕੌਰ, ਸੁਖਵਿੰਦਰ ਕੌਰ ਤੇ ਰਾਜ ਕੌਰ ਸ਼ਾਮਲ ਹੋਏ।

# ਕਈ ਪਰਵਾਰ ਆਮ ਆਦਮੀ ਪਾਰਟੀ 'ਚ ਸ਼ਾਮਲ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਵਿਧਾਨ ਸਭਾ ਚੋਣਾਂ ਜਿਵੇਂ-ਜਿਵੇਂ ਨਜ਼ਦੀਕ ਆ ਰਹੀਆਂ ਹਨ, ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ ਲਗਾਤਾਰ ਵਾਧਾ ਹੋ ਰਿਹਾ ਹੈ, ਜਿਸ ਤਹਿਤ ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ 'ਚ ਪਿੰਡ ਦੌਲਾ ਵਿਖੇ ਆਮ ਆਦਮੀ ਪਾਰਟੀ ਵਿੱਚ ਵਾਧਾ ਹੋਇਆ। ਪਿੰਡ ਦੇ ਸਰਪੰਚ ਊਧਮ ਸਿੰਘ ਦੀ ਪ੍ਰੇਰਨਾ ਸਦਕਾ ਵੱਖ-ਵੱਖ ਪਾਰਟੀਆਂ ਨੂੰ ਅਲਵਿਦਾ ਆਖਦੇ ਹੋਏ ਅਨੇਕਾਂ ਪਰਵਾਰ ਜਿਨ੍ਹਾਂ ਵਿੱਚ ਕਾਹਨ ਸਿੰਘ, ਤੇਜੀ ਸਿੰਘ, ਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ, ਰਣਜੀਤ ਸਿੰਘ, ਬਲਜੀਤ ਸਿੰਘ, ਜਗਤਾਰ ਸਿੰਘ ਤੇ ਕੌਰ ਸਿੰਘ ਆਪਣੇ ਪਰਵਾਰ ਸਮੇਤ ਪਾਰਟੀ ਵਿੱਚ ਸ਼ਾਮਲ ਹੋਏ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਨੂੰ ਵਿਧਾਇਕ ਡਿੰਪੀ ਢਿੱਲੋਂ ਨੇ ਪਾਰਟੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਤੇ ਉਹਨਾਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦੇਣ ਦਾ ਭਰੋਸਾ ਵੀ ਦਿੱਤਾ।ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਿੱਚ ਪੰਜਾਬ ਤਰੱਕੀ ਦੀਆਂ ਲੀਹਾਂ ਤੇ ਚੱਲ ਪਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਹਰ ਵਰਗ ਨੂੰ ਮੁੱਖ ਰੱਖ ਕੇ ਨਵੀਆਂ-ਨਵੀਆਂ ਯੋਜਨਾਵਾਂ ਨਵੀਆਂ ਨਵੀਆਂ ਸਹੂਲਤਾਂ ਦੇਣ ਲਈ ਹਰ ਸਮੇਂ ਤਤਪਰ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਵਿਰੋਧੀਆਂ ਕੋਲ ਕਿਸੇ ਤਰ੍ਹਾਂ ਦਾ ਕੋਈ ਮੁੱਦਾ ਨਹੀਂ ਸਿਰਫ ਬਦਨਾਮ ਕਰ ਰਹੇ ਹਨ, ਕਿਉਂਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਲਗਾਤਾਰ ਪੰਜਾਬ ਤੇ ਪੰਜਾਬ ਦੇ ਲੋਕ ਤਰੱਕੀ ਕਰ ਰਹੇ ਹਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ** : 0181-5097300, **ਸਮਾਚਾਰ ਵਿਭਾਗ** : 0181-5097310, **ਈ-ਮੇਲ** : nawanzamana@gmail.com * **Web** : www.nawanzamana.in

## ਮੁਹੱਲਾ ਕੱਚੇ ਕੁਆਰਟਰ ਵਿਖੇ ਹੋਏ ਕਤਲ ਦੇ ਮਾਮਲੇ 'ਚ 4 ਦੋਸ਼ੀ ਗ੍ਰਿਫ਼ਤਾਰ

**ਪਠਾਨਕੋਟ (ਦਵਿੰਦਰ ਸਿੰਘ)**- ਪਠਾਨਕੋਟ ਦੇ ਮੁਹੱਲਾ ਕੱਚੇ ਕੁਆਟਰ ਵਿੱਚ ਵੀਰਵਾਰ ਰਾਤ ਵਾਪਰੀ ਕਤਲ ਦੀ ਵਾਰਦਾਤ ਦੇ ਮਾਮਲੇ ਵਿੱਚ ਪੁਲਸ ਨੂੰ ਵੱਡੀ ਕਾਮਯਾਬੀ ਮਿਲੀ ਹੈ।ਇਸ ਮਾਮਲੇ ਵਿੱਚ ਦਰਜ ਕੀਤੇ ਗਏ 11 ਦੋਸ਼ੀਆਂ ਵਿੱਚੋਂ ਪੁਲਸ ਨੇ 4 ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਪੁਲਸ ਦਾ ਕਹਿਣਾ ਹੈ ਕਿ ਬਾਕੀ ਫਰਾਰ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਵੱਖ-ਵੱਖ ਥਾਵਾਂ 'ਤੇ ਲਗਾਤਾਰ ਛਾਪੇਮਾਰੀ ਕੀਤੀ ਜਾ ਰਹੀ ਹੈ।ਇਸ ਸਨਸਨੀਖੇਜ਼ ਕਤਲ ਮਾਮਲੇ ਨੂੰ ਸੁਲਝਾਉਣ ਲਈ ਪੁਲਸ ਵੱਲੋਂ ਕਈ ਟੀਮਾਂ ਬਣਾਈਆਂ ਗਈਆਂ ਸਨ, ਜਿਨ੍ਹਾਂ ਨੇ ਤਕਨੀਕੀ ਅਤੇ ਮਾਨਵੀ ਸੂਚਨਾਵਾਂ ਦੇ ਆਧਾਰ ਤੇ ਇਹ ਸਫਲਤਾ ਹਾਸਲ ਕੀਤੀ ਹੈ। ਜਾਣਕਾਰੀ ਅਨੁਸਾਰ ਵੀਰਵਾਰ ਰਾਤ ਮੁਹੱਲਾ ਕੱਚੇ ਕੁਆਰਟਰ ਵਿੱਚ ਪੁਰਾਣੀ ਰੰਜਿਸ਼ ਨੂੰ ਲੈ ਕੇ ਕੁਝ ਲੋਕਾਂ ਨੇ ਇੱਕ ਨੌਜਵਾਨ 'ਤੇ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ ਸੀ।ਹਮਲੇ ਵਿੱਚ ਨੌਜਵਾਨ ਦੀ ਇਲਾਜ ਦੌਰਾਨ ਮੌਤ ਹੋ ਗਈ ਸੀ, ਜਿਸ ਨਾਲ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਬਣ ਗਿਆ ਸੀ।ਘਟਨਾ ਦੀ ਸੂਚਨਾ ਮਿਲਣ ਉਪਰੰਤ ਪੁਲਸ ਮੌਕੇ 'ਤੇ ਪਹੁੰਚੀ ਅਤੇ ਜਾਂਚ ਸ਼ੁਰੂ ਕਰਦੇ ਹੋਏ 11 ਵਿਅਕਤੀਆਂ ਖ਼ਿਲਾਫ਼ ਕਤਲ ਸਮੇਤ ਹੋਰ ਧਾਰਾਵਾਂ ਤਹਿਤ ਮਾਮਲਾ ਦਰਜ ਕੀਤਾ ਸੀ।ਮਾਮਲੇ ਦੀ ਜਾਂਚ ਦੌਰਾਨ ਪੁਲਸ ਨੇ 4 ਮੁੱਖ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰ ਲਿਆ ਹੈ।ਫੜੇ ਗਏ ਮੁਲਜ਼ਮਾਂ ਤੋਂ ਪੁੱਛਗਿੱਛ ਕੀਤੀ ਜਾ ਰਹੀ ਹੈ। ਫਰਾਰ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਲਗਾਤਾਰ ਛਾਪੇਮਾਰੀ ਜਾਰੀ ਹੈ ਅਤੇ ਪੁਲਸ ਨੂੰ ਉਮੀਦ ਹੈ ਕਿ ਉਨ੍ਹਾਂ ਨੂੰ ਵੀ ਜਲਦ ਕਾਬੂ ਕਰ ਲਿਆ ਜਾਵੇਗਾ।ਪੁਲਸ ਦਾ ਕਹਿਣਾ ਹੈ ਕਿ ਕਾਨੂੰਨ ਆਪਣੇ ਹੱਥ ਵਿੱਚ ਲੈਣ ਵਾਲੇ ਕਿਸੇ ਵੀ ਵਿਅਕਤੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ ਅਤੇ ਇਸ ਮਾਮਲੇ ਵਿੱਚ ਸ਼ਾਮਲ ਹਰ ਦੋਸ਼ੀ ਨੂੰ ਕਾਨੂੰਨ ਦੇ ਘੇਰੇ ਵਿੱਚ ਲਿਆਂਦਾ ਜਾਵੇਗਾ।



## ਚੰਨੀ ਨੂੰ ਪੰਜਾਬ ਕਾਂਗਰਸ ਦਾ ਚਿਹਰਾ ਐਲਾਨੇ ਜਾਣ 'ਤੇ ਜਲਦ ਹੀ ਪੰਜਾਬ ਦਾ ਮਾਹੌਲ ਬਦਲ ਜਾਵੇਗਾ : ਬੱਜੂਮਾਨ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**- ਵਿਧਾਨ ਸਭਾ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਬੱਜੂਮਾਨ ਤੋਂ ਕਾਂਗਰਸ ਦੇ ਸਾਬਕਾ ਬਲਾਕ ਸੰਮਤੀ ਮੈਂਬਰ ਹਰਪ੍ਰੀਤ ਸਿੰਘ ਬੱਜੂਮਾਨ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਇਸ ਵਿੱਚ ਕੋਈ ਸ਼ੱਕ ਵਾਲੀ ਗੱਲ ਨਹੀਂ ਹੈ ਕਿ ਜਿੰਨਾ ਚਿਰ ਪੰਜਾਬ ਵਿੱਚ ਲੋਕਾਂ ਦੇ ਹਮਦਰਦ ਚਰਨਜੀਤ ਸਿੰਘ ਚੰਨੀ ਨੂੰ ਕਾਂਗਰਸ ਦਾ ਚਿਹਰਾ ਨਹੀਂ ਥਾਪਦੇ, ਉਨਾ ਚਿਰ ਤੱਕ ਕਾਂਗਰਸ ਮਜ਼ਬੂਤ ਨਹੀਂ ਹੋ ਸਕਦੀ।ਉਨ੍ਹਾਂ ਕਿਹਾ ਕਿ ਕਾਂਗਰਸ ਹਾਈਕਮਾਂਡ ਨੂੰ ਚਾਹੀਦਾ ਹੈ ਕਿ ਜਲਦ ਤੋਂ ਜਲਦ ਪੰਜਾਬ ਵਿੱਚ ਕਾਂਗਰਸ ਦੀ ਕਮਾਂਡ ਚਰਨਜੀਤ ਸਿੰਘ ਚੰਨੀ ਨੂੰ ਸੌਂਪ ਦਿੱਤੀ ਜਾਵੇ।ਉਨ੍ਹਾਂ ਕਿਹਾ ਕਿ ਅੱਜ ਹਰ ਜ਼ੁਬਾਨ 'ਤੇ ਚਰਨਜੀਤ ਸਿੰਘ ਚੰਨੀ ਦਾ ਨਾਂਅ ਹੈ। ਉਨ੍ਹਾਂ ਕਿਹਾ ਕਿ ਸਮਾਂ ਥੋੜਾ ਹੋਣ ਕਰਕੇ ਹਾਈਕਮਾਂਡ ਨੂੰ ਜਲਦ ਤੋਂ ਜਲਦ ਫੈਸਲਾ ਲੈਣ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਬਠਿੰਡਾ ਜਾਂਦੇ ਕਿਸਾਨਾਂ ਅਤੇ ਪ੍ਰਸ਼ਾਸਨ ਵਿਚਾਲੇ ਹੋਈ ਝੜਪ ਬਹੁਤ ਹੀ ਦੁੱਖਦਾਈ ਅਤੇ ਨਿੰਦਣਯੋਗ ਘਟਨਾ ਹੈ।ਕਿਸਾਨ ਆਪਣੀਆਂ ਜਾਇਜ਼ ਮੰਗਾਂ ਤੇ ਆਪਣੇ ਸਾਥੀਆਂ ਨੂੰ ਰਿਹਾਅ ਕਰਵਾਉਣ ਲਈ ਸ਼ਾਂਤੀਪੂਰਨ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਸਨ, ਪਰ ਉਨ੍ਹਾਂ ਨੂੰ ਰੋਕਣ ਲਈ ਪੁਲਸ ਵੱਲੋਂ ਜ਼ਬਰਦਸਤੀ ਕਾਰਵਾਈ ਕੀਤੀ ਗਈ, ਜਿਸ ਕਾਰਨ ਹਾਲਾਤ ਤਣਾ ਭਰੇ ਹੋ ਗਏ।



ਉਨ੍ਹਾਂ ਨੇ ਕਿਹਾ ਕਿ ਇਸ ਟਕਰਾਅ ਦੌਰਾਨ ਕਈ ਕਿਸਾਨ ਜ਼ਖ਼ਮੀ ਹੋਏ ਅਤੇ ਕਈਆਂ ਨੂੰ ਹਿਰਾਸਤ 'ਚ ਵੀ ਲਿਆ ਗਿਆ।ਉਨ੍ਹਾਂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਦੀ ਸਰਕਾਰ ਹੂਬਹੂ ਕੇਂਦਰ ਦੀ ਬੀ. ਜੇ. ਪੀ. ਸਰਕਾਰ ਦੇ ਕਿਸਾਨ ਵਿਰੋਧੀ ਏਜੰਡੇ 'ਤੇ ਚੱਲ ਪਈ ਹੈ। ਉਨ੍ਹਾਂ ਨੇ ਸਰਕਾਰ ਨੂੰ ਚਿਤਾਵਨੀ ਦਿੰਦੇ ਕਿਹਾ ਕਿ ਜੇਕਰ ਸਰਕਾਰ ਕਿਸਾਨੀ ਮਸਲਿਆਂ 'ਤੇ ਅਜੇ ਤੱਕ ਵੀ ਸੰਜੀਦਾ ਨਾ ਹੋਈ ਤਾਂ ਆਉਣ ਵਾਲੇ ਸਮੇਂ ਅੰਦਰ ਲੋਕਾਂ ਦੇ ਭਾਰੀ ਵਿਰੋਧ ਦਾ ਸਾਹਮਣਾ ਕਰਨਾ ਪੈ ਸਕਦਾ।

## ਪ੍ਰਸ਼ਾਸਨ ਨੇ ਰਸਤੇ 'ਤੇ ਕੀਤਾ ਕਬਜ਼ਾ ਨਾ ਛੁਡਵਾਇਆ ਤਾਂ ਸੰਘਰਸ਼ ਵਿੱਢਾਂਗੇ : ਟਹਿਲ ਸਿੰਘ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਜਮਹੂਰੀ ਕਿਸਾਨ ਸਭਾ ਇਕਾਈ ਮੱਲੂ ਨੰਗਲ ਦੀ ਇਕ ਹੰਗਾਮੀ ਮੀਟਿੰਗ ਪਿੰਡ ਚੇਤਨਪੁਰਾ ਵਿਖੇ ਹੋਈ, ਜਿਸ ਸਮੇਂ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਹਿੱਸਾ ਲਿਆ।ਮੀਟਿੰਗ ਸਮੇਂ ਕਿਸਾਨ ਆਗੂ ਕੁਲਵੰਤ ਸਿੰਘ ਮੱਲੂ ਨੰਗਲ ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ।ਇਸ ਸਮੇਂ ਕਿਸਾਨਾਂ ਨੂੰ ਦਰਪੇਸ਼ ਆ ਰਹੀਆਂ ਮੁਸ਼ਕਲਾਂ ਤੇ ਵਿਚਾਰ ਕਰਨ ਉਪਰੰਤ ਪਿੰਡ ਚੇਤਨਪੁਰਾ ਵਿਖੇ ਵਿਹੜਾ ਸਗਨਾਂ ਦਾ ਪੈਲੇਸ ਤੋਂ ਨੰਬਰਦਾਰ ਰਘਬੀਰ ਸਿੰਘ ਦੇ ਘਰ ਨੂੰ ਜਾਂਦੇ ਰਸਤੇ 'ਤੇ ਕੁੱਝ ਵਿਅਕਤੀਆਂ ਵੱਲੋਂ ਕਬਜ਼ਾ ਕਰਕੇ ਆਪਣੀ ਜ਼ਮੀਨ ਵਿੱਚ ਰਲਾ ਲਏ ਜਾਣ 'ਤੇ ਪ੍ਰਸ਼ਾਸਨ ਵੱਲੋਂ ਅਗਲੀ ਜ਼ਰੂਰੀ ਕਾਨੂੰਨੀ ਕਾਰਵਾਈ ਨਾ ਕਰਨ ਬਾਰੇ ਵਿਚਾਰ ਕੀਤਾ ਗਿਆ।ਮੀਟਿੰਗ ਨੂੰ ਸੰਬੋਧਨ ਕਰਦਿਆਂ ਕਾਮਰੇਡ ਟਹਿਲ ਸਿੰਘ ਚੇਤਨਪੁਰਾ ਨੇ ਦੱਸਿਆ ਕਿ ਉਕਤ ਰਸਤੇ ਨੂੰ ਬਲਵਿੰਦਰ ਸਿੰਘ ਅਤੇ ਮਲਕੀਅਤ ਸਿੰਘ ਵੱਲੋਂ ਆਪਣੀ ਜ਼ਮੀਨ ਵਿੱਚ ਮਿਲਾ ਲਿਆ ਗਿਆ ਸੀ, ਜਿਸ 'ਤੇ ਉਨ੍ਹਾਂ ਵੱਲੋਂ ਨਿਸ਼ਾਨਦੇਹੀ ਕਰਵਾਈ ਗਈ।ਉਨਾਂ ਦੱਸਿਆ ਕਿ ਨਿਸ਼ਾਨਦੇਹੀ ਉਪਰੰਤ ਪਟਵਾਰੀ ਵੱਲੋਂ ਲਗਾਈਆਂ ਗਈਆਂ ਬੁਰਜੀਆਂ ਉਕਤ ਵਿਅਕਤੀਆਂ ਨੇ ਪੁੱਟ ਦਿੱਤੀਆਂ ਅਤੇ ਝੋਨਾ ਲਗਾ ਲਿਆ ਹੈ, ਜਿਸ ਤੇ ਉਨ੍ਹਾਂ ਵੱਲੋਂ ਐੱਸ. ਡੀ. ਐੱਮ. ਨੂੰ ਲਿਖਤੀ ਦਰਖ਼ਾਸਤ ਦਿੱਤੀ ਗਈ।ਦਰਖਾਸਤ 'ਤੇ ਅਮਲ ਕਰਦਿਆਂ ਐੱਸਡੀਐੱਮ ਵੱਲੋਂ ਤਹਿਸੀਲਦਾਰ ਅਜਨਾਲਾ ਰਾਹੀਂ ਪਟਵਾਰੀ ਤੋਂ ਰਿਪੋਰਟ ਮੰਗੀ ਗਈ ਜਿਸ ਤੇ ਪਟਵਾਰੀ ਨੇ ਵੀ ਰਿਪੋਰਟ ਵਿੱਚ ਨਿਸ਼ਾਨਦੇਹੀ ਨੂੰ ਸਹੀ ਕਰਾਰ ਦਿੱਤਾ ਹੈ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਰਾਜਨੀਤਿਕ ਦਬਾ ਕਾਰਨ ਕਾਰਵਾਈ ਨੂੰ ਅਮਲ ਵਿੱਚ ਨਹੀਂ ਲਿਆ ਰਿਹਾ ਅਤੇ ਜ਼ਰੂਰੀ ਬਣਦੀ ਕਾਰਵਾਈ ਨਹੀਂ ਕਰ ਰਿਹਾ। ਉਨ੍ਹਾਂ ਕਿਹਾ ਕਿ ਜੇਕਰ ਆਉਂਦੇ ਕੁਝ ਦਿਨਾਂ ਵਿੱਚ ਇਸ ਤੇ ਕਾਰਵਾਈ ਨਹੀਂ ਹੁੰਦੀ ਤਾਂ ਜਥੇਬੰਦੀ ਵੱਲੋਂ ਥਾਣਾ ਝੰਡੇਰ ਵਿਖੇ ਰੋਸ ਮੁਜ਼ਾਹਰਾ ਕੀਤਾ ਜਾਵੇਗਾ।ਮੀਟਿੰਗ 'ਚ ਗੁਰਜੀਤ ਸਿੰਘ ਦਬੁਰਜੀ, ਸੁਖਦੇਵ ਸਿੰਘ ਸੁੱਖ ਸੰਤੂ ਨੰਗਲ, ਰਣਧੀਰ ਸਿੰਘ ਸਾਬਕਾ ਸਰਪੰਚ ਚੇਤਨਪੁਰਾ, ਕਸ਼ਮੀਰ ਸਿੰਘ ਸਾਬਕਾ ਸਰਪੰਚ ਪਠਾਣ ਨੰਗਲ, ਅਮਰਜੀਤ ਸਿੰਘ ਚੇਤਨਪੁਰਾ, ਸਰਬਰਿੰਦਰ ਸਿੰਘ, ਗੁਰਜੀਤ ਸਿੰਘ ਚੇਤਨਪੁਰਾ, ਬਲਜੀਤ ਸਿੰਘ, ਕੁਲਵੰਤ ਸਿੰਘ, ਮਨਜਿੰਦਰ ਸਿੰਘ ਮੰਨਾ, ਜਗਬੀਰ ਸਿੰਘ ਜੱਗਾ ਮੈਂਬਰ ਪੰਚਾਇਤ ਅਤੇ ਦਲਜੀਤ ਸਿੰਘ ਆਦਿ ਕਿਸਾਨ ਹਾਜ਼ਰ ਸਨ।



## ਬਿਰਧ ਆਸ਼ਰਮ ਲਈ 72 ਬੋਰੀਆਂ ਸੀਮੈਂਟ ਦਾ ਸਹਿਯੋਗ



**ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)**- ਸਮਾਜ ਸੇਵਾ ਦੇ ਖੇਤਰ ਵਿੱਚ ਇੱਕ ਸ਼ਲਾਘਾਯੋਗ ਉਪਰਾਲੇ ਤਹਿਤ ਮਾਤਾ ਸਵਿਤਰੀ ਬਾਈ ਫੂਲੇ ਵੈੱਲਫੇਅਰ ਸੁਸਾਇਟੀ, ਪਠਾਨਕੋਟ ਵੱਲੋਂ ਆਦਰਸ਼ ਬਿਰਧ ਆਸ਼ਰਮ ਝਾਖੋਲਾੜੀ ਦੇ ਪਿੰਡ ਕਟਾਰੂਚੱਕ ਵਿਖੇ ਨਿਰਮਾਣ ਅਧੀਨ ਨਵੀਂ ਇਮਾਰਤ ਲਈ 72 ਬੋਰੀਆਂ ਸੀਮੈਂਟ ਦੀ ਸੇਵਾ ਭੇਟ ਕੀਤੀ ਗਈ।ਆਸ਼ਰਮ ਦੇ ਪ੍ਰਧਾਨ ਸਤਨਾਮ ਸਿੰਘ ਨੇ ਸੁਸਾਇਟੀ ਦੇ ਸਮੂਹ ਮੈਂਬਰਾਂ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਸੇਵਾ-ਭਾਵ ਵਾਲੇ ਲੋਕਾਂ ਦੇ ਸਹਿਯੋਗ ਨਾਲ ਹੀ ਬਜ਼ੁਰਗਾਂ ਲਈ ਇੱਕ ਸੁਵਿਧਾਜਨਕ ਅਤੇ ਸੁਰੱਖਿਅਤ ਆਸ਼ਰਮ ਦਾ ਸੁਪਨਾ ਸਾਕਾਰ ਹੋ ਰਿਹਾ ਹੈ।ਉਨ੍ਹਾਂ ਸਮਾਜ ਦੇ ਹੋਰ ਦਾਨੀ ਸੱਜਣਾਂ ਨੂੰ ਵੀ ਅਪੀਲ ਕੀਤੀ ਕਿ ਉਹ ਇਸ ਪੁੰਨ ਦੇ ਕਾਰਜ ਵਿੱਚ ਆਪਣਾ ਯੋਗਦਾਨ ਪਾ ਕੇ ਬਜ਼ੁਰਗਾਂ ਦੀ ਸੇਵਾ ਵਿੱਚ ਹਿੱਸੇਦਾਰ ਬਣਨ।ਸੁਸਾਇਟੀ ਵੱਲੋਂ ਦਿੱਤਾ ਗਿਆ ਇਹ ਯੋਗਦਾਨ ਸਮਾਜ ਸੇਵਾ ਅਤੇ ਮਨੁੱਖਤਾ ਪ੍ਰਤੀ ਸਮਰਪਣ ਦੀ ਇੱਕ ਪ੍ਰੇਰਣਾਦਾਇਕ ਮਿਸਾਲ ਹੈ। ਇਸ ਮੌਕੇ ਮਾਤਾ ਸਵਿਤਰੀ ਬਾਈ ਫੂਲੇ ਵੈੱਲਫੇਅਰ ਸੁਸਾਇਟੀ ਦੇ ਪ੍ਰਧਾਨ ਰਾਣੀ ਦੇਵੀ, ਚੇਅਰਮੈਨ ਦਰਸ਼ਨ ਲਾਲ, ਸਰਦਾਰੀ ਲਾਲ, ਬਲਵੰਤ ਰਾਏ, ਜਤਿੰਦਰ ਸਿੰਘ, ਲਵਪ੍ਰੀਤ, ਪਰਮਜੀਤ ਕੌਰ ਆਦਿ ਮੈਂਬਰ ਹਾਜ਼ਰ ਸਨ।

## ਈ ਟੀ ਓ ਨੇ ਤਰਸਿੱਕਾ ਤੇ ਰਸੂਲਪੁਰ ਖੁਰਦ 'ਚ ਪਿੰਡ ਵਾਸੀਆਂ ਦੀਆਂ ਦਰਪੇਸ਼ ਮੁਸ਼ਕਲਾਂ ਸੁਣੀਆਂ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਵੱਲੋਂ ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਅਧੀਨ ਪੈਂਦੇ ਪਿੰਡ ਤਰਸਿੱਕਾ ਅਤੇ ਰਸੂਲਪੁਰ ਖੁਰਦ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਏ ਗਏ।ਇਸ ਦੌਰਾਨ ਉਨ੍ਹਾਂ ਨੇ ਇਲਾਕਾ ਵਾਸੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਿਲਾਂ ਅਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ ਅਤੇ ਮੌਕੇ ਤੇ ਮੌਜੂਦ ਸਬੰਧਤ ਅਧਿਕਾਰੀਆਂ ਨੂੰ ਯੋਗ ਅਤੇ ਸਮੇਂ ਸਿਰ ਨਿਪਟਾਰਾ ਯਕੀਨੀ ਬਣਾਉਣ ਲਈ ਲੋੜੀਂਦੇ ਨਿਰਦੇਸ਼ ਦਿੱਤੇ।ਇਸ ਮੌਕੇ ਭਰਵੇਂ ਜਨਤਕ ਇਕੱਠ ਨੂੰ ਸੰਬੋਧਨ ਕਰਦਿਆਂ ਈ.ਟੀ.ਓ. ਨੇ ਕਿਹਾ ਕਿ ਪੰਜਾਬ ਸਰਕਾਰ ਨੇ ਲੋਕਾਂ ਨਾਲ ਕੀਤੇ ਆਪਣੇ ਵਾਅਦਿਆਂ ਅਤੇ ਚੋਣ ਗਾਰੰਟੀਆਂ ਨੂੰ ਪੂਰਾ ਕਰਨ ਲਈ ਲਗਾਤਾਰ ਕੰਮ ਕੀਤਾ ਹੈ।



ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਦੇ ਆਧਾਰ ਤੇ ਸੂਬੇ ਦੇ ਲੋਕ ਇੱਕ ਵਾਰ ਫਿਰ ਆਮ ਆਦਮੀ ਪਾਰਟੀ ਤੇ ਭਰੋਸਾ ਪ੍ਰਗਟ ਕਰਨਗੇ।ਉਨ੍ਹਾਂ ਕਿਹਾ ਕਿ ਕਾਂਗਰਸ ਕੋਲ ਸੂਬੇ ਦੇ ਸਰਬਪੱਖੀ ਵਿਕਾਸ ਲਈ ਕੋਈ ਰੋਡਮੈਪ ਜਾਂ ਦੂਰਅੰਦੇਸ਼ੀ ਨਹੀਂ ਹੈ ਅਤੇ ਉਹ ਸਿਰਫ਼ ਆਪਣੇ ਨਿੱਜੀ ਹਿੱਤਾਂ ਨੂੰ ਤਰਜੀਹ ਦਿੰਦੇ ਹਨ।ਇਸ ਦੇ ਉਲਟ ਆਮ ਆਦਮੀ ਪਾਰਟੀ ਇੱਕ ਆਮ ਲੋਕਾਂ ਦੀ ਪਾਰਟੀ ਹੈ, ਜਿਸ ਦੀ ਸਰਕਾਰ ਹਰ ਵਰਗ ਦੀ ਭਲਾਈ, ਪਾਰਦਰਸ਼ੀ ਪ੍ਰਸ਼ਾਸਨ ਅਤੇ ਵਿਕਾਸ ਨੂੰ ਆਪਣੀ ਸਭ ਤੋਂ ਵੱਡੀ ਤਰਜੀਹ ਮੰਨ ਕੇ ਕੰਮ ਕਰ ਰਹੀ ਹੈ।ਲੋਕ ਮਿਲਣੀ ਪ੍ਰੋਗਰਾਮ ਦੌਰਾਨ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ, ਪਾਰਟੀ ਆਗੂ, ਪੰਚਾਇਤੀ ਨੁਮਾਇੰਦੇ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ ।

## ਚੇਅਰਮੈਨ ਜੱਸਾ ਭੱਟੀ ਨੇ ਲਿਆ ਸਟੇਡੀਅਮਾਂ ਦੀ ਪ੍ਰਗਤੀ ਦਾ ਜਾਇਜ਼ਾ



**ਚੋਹਲਾ ਸਾਹਿਬ (ਰਮਨ ਚੱਢਾ)**- ਪੰਜਾਬ ਸਪੋਰਟਸ ਵੈੱਲਫੇਅਰ ਬੋਰਡ ਦੇ ਚੇਅਰਮੈਨ ਜਸਕੰਵਰ ਸਿੰਘ ਭਲਵਾਨ ਜੱਸਾ ਭੱਟੀ ਨੇ ਤਰਨਤਾਰਨ ਜ਼ਿਲ੍ਹੇ ਵਿੱਚ ਬਣ ਰਹੇ ਸਟੇਡੀਅਮਾਂ ਦੀ ਪ੍ਰਗਤੀ ਦਾ ਮੌਕੇ ਉਤੇ ਜਾ ਕੇ ਜ਼ਾਇਜ਼ਾ ਲਿਆ। ਉਨ੍ਹਾਂ ਦੱਸਿਆ ਕਿ ਸੂਬਾ ਸਰਕਾਰ ਵੱਲੋਂ ਕੌਮਾਂਤਰੀ ਪੱਧਰ 'ਤੇ ਭਾਰਤ ਦੀ ਨੁਮਾਇੰਦਗੀ ਕਰਨ ਵਾਲੇ ਖਿਡਾਰੀਆਂ ਨੂੰ ਖੇਡ ਸਟੇਡੀਅਮਾਂ ਵਿੱਚ ਸਿਖਲਾਈ ਦੇਣ ਵਾਸਤੇ ਕੋਚ ਵਜੋਂ ਨਿਯੁਕਤ ਕੀਤਾ ਜਾਵੇਗਾ। ਸ ਪੱਟੀ ਨੇ ਕਿਹਾ ਕਿ ਪਹਿਲੇ ਪੜਾਅ ਤਹਿਤ ਸੂਬੇ ਦੇ 3083 ਪਿੰਡਾਂ ਵਿੱਚ ਆਧੁਨਿਕ ਖੇਡ ਸਟੇਡੀਅਮਾਂ ਦੀ ਉਸਾਰੀ ਕੀਤੀ ਜਾਵੇਗੀ। ਉਹਨਾਂ ਕਿਹਾ ਕਿ ਇਸ ਮੁਹਿੰਮ ਦਾ ਉਦੇਸ਼ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਦੀ ਦਲਦਲ 'ਚੋਂ ਕੱਢ ਕੇ ਸੂਬੇ ਦੇ ਸਮਾਜਿਕ-ਆਰਥਿਕ ਵਿਕਾਸ ਵਿੱਚ ਭਾਈਵਾਲ ਬਣਾਉਣਾ ਹੈ।ਪਿੰਡ ਸਰਹਾਲੀ ਵਿਖੇ ਸੰਤ ਬਾਬਾ ਤਾਰਾ ਸਿੰਘ ਹਾਕੀ ਅਕੈਡਮੀ ਵਿੱਚ ਉਭਰਦੇ ਖਿਡਾਰੀਆਂ ਦਾ ਹੌਸਲਾ ਵਧਾਉਂਦਿਆਂ ਉਨ੍ਹਾਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਲਈ ਕੌਮਾਂਤਰੀ ਮੁਕਾਬਲਿਆਂ ਤੋਂ ਪਹਿਲਾਂ ਤਿਆਰੀਆਂ ਲਈ ਲੱਖਾਂ ਰੁਪਏ ਦੀ ਵਿੱਤੀ ਮਦਦ ਦਿੱਤੀ ਜਾ ਰਹੀ ਹੈ, ਇਸੇ ਕਰ ਕੇ ਹਾਕੀ, ਕ੍ਰਿਕਟ ਅਤੇ ਫੁੱਟਬਾਲ ਦੀ ਭਾਰਤੀ ਟੀਮ ਦੇ ਕਪਤਾਨ ਪੰਜਾਬ ਨਾਲ ਸਬੰਧਤ ਹਨ।ਉਨ੍ਹਾਂ ਕਿਹਾ ਕਿ ਹਾਕੀ ਦੀ ਭਾਰਤੀ ਟੀਮ ਵਿੱਚ ਪੰਜਾਬ ਦੇ ਅੱਠ ਖਿਡਾਰੀ ਖੇਡ ਰਹੇ ਹਨ, ਜੋ ਕਿ ਸਾਡੇ ਸਾਰਿਆਂ ਲਈ ਮਾਣ ਵਾਲੀ ਗੱਲ ਹੈ ? ਸਟੇਡੀਅਮਾਂ ਦੀ ਪ੍ਰਗਤੀ ਬਾਰੇ ਗੱਲ ਕਰਦੇ ਉਨ੍ਹਾਂ ਨੇ ਕਿਹਾ ਕਿ ਪੰਜਾਬ ਦੇ ਪਿੰਡਾਂ ਦੇ ਲੋਕ ਖੇਡ ਸਟੇਡੀਅਮ ਬਣਾਉਣ ਲਈ ਬੜੇ ਚਾਅ ਨਾਲ ਅੱਗੇ ਆਏ ਹਨ ਅਤੇ ਇਸ ਮਕਸਦ ਲਈ ਕਈ ਪਿੰਡਾਂ ਦੇ ਲੋਕ ਆਪਣੀਆਂ ਜ਼ਮੀਨਾਂ ਦੇਣ ਵਾਸਤੇ ਵੀ ਅੱਗੇ ਆ ਰਹੇ ਹਨ।ਉਨ੍ਹਾਂ ਕਿਹਾ ਕਿ ਇਸ ਪੰਜਾਬ ਹਿਤੈਸ਼ੀ ਕੰਮ ਵਿੱਚ ਲੋੜ ਪੈਣ 'ਤੇ ਪਰਵਾਸੀ ਭਾਰਤੀਆਂ ਦੀ ਮਦਦ ਲਈ ਜਾਵੇਗੀ।

## ਵਿਕਾਸ ਕਾਰਜਾਂ ਸੰਬੰਧੀ ਪੰਨੂ ਨੇ ਸਰਪੰਚ ਰਾਜਵਿੰਦਰ ਕੌਰ ਨਾਲ ਕੀਤਾ ਵਿਚਾਰ-ਵਟਾਂਦਰਾ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਜੀਵਨ ਨੰਗਲ ਵਿਖੇ ਸਰਪੰਚ ਰਾਜਵਿੰਦਰ ਕੌਰ (ਪਤਨੀ ਗੁਰਵਿੰਦਰ ਸਿੰਘ) ਦੇ ਨਾਲ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਪਿੰਡ ਦੇ ਵਿਕਾਸ ਕਾਰਜਾਂ ਅਤੇ ਭਵਿੱਖ ਦੀਆਂ ਲੋੜਾਂ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ।ਮਾਨ ਸਰਕਾਰ ਦੀ ਤਰਜੀਹ ਹੈ ਕਿ ਹਰ ਪਿੰਡ ਤੱਕ ਵਿਕਾਸ ਦੇ ਲਾਭ ਪਹੁੰਚਣ ਅਤੇ ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜ ਤੇਜ਼ੀ ਨਾਲ ਅੱਗੇ ਵਧਾਏ ਜਾਣ। ਇਸ ਮੌਕੇ ਅਮਰਜੀਤ ਸਿੰਘ, ਬੂਆ ਸਿੰਘ ਅਤੇ ਤੇਰੂ ਮਸੀਹ ਅਤੇ ਹੋਰ ਮੁਹਤਬਰ ਸੱਜਣਾਂ ਦੇ ਨਾਲ ਵੀ ਵਿਚਾਰ-ਵਟਾਂਦਰਾ ਕੀਤਾ ਅਤੇ ਉਨ੍ਹਾਂ ਵੱਲੋਂ ਦਿੱਤੇ ਸੁਝਾਵਾਂ ਨੂੰ ਗੰਭੀਰਤਾ ਨਾਲ ਸੁਣਿਆ।

## ਸਰਕਾਰ ਹਜ਼ਰਤ ਪੀਰ ਬਾਬਾ ਜ਼ਿੰਦਾ ਸ਼ਾਹ ਮਦਾਰ ਦਾ ਸਾਲਾਨਾ ਉਰਸ 23 ਨੂੰ

**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**- ਸਥਾਨਕ ਸ਼ਹਿਰ ਅਜਨਾਲਾ ਦੇ ਨਜ਼ਦੀਕ ਸਰਕਾਰ ਹਜ਼ਰਤ ਪੀਰ ਬਾਬਾ ਜ਼ਿੰਦਾ ਸ਼ਾਹ ਮਦਾਰ ਨਜ਼ਦੀਕ ਸ਼ਿਵ ਮੰਦਰ ਦਰਬਾਰ 'ਤੇ ਸਾਲਾਨਾ ਉਰਸ 23 ਜੁਲਾਈ ਦਿਨ ਵੀਰਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਕਰਵਾਇਆ ਜਾਵੇਗਾ।ਦਰਬਾਰ 'ਤੇ ਚਾਦਰ ਝੰਡੇ ਦੀ ਰਸਮ ਸੰਗਤ ਦੀ ਹਾਜ਼ਰੀ ਵਿੱਚ ਹੋਵੇਗੀ।ਲੰਗਰ ਭੰਡਾਰਾ ਵੀ ਅਤੁੱਟ ਸਾਰਾ ਦਿਨ ਵਰਤਾਇਆ ਜਾਵੇਗਾ।ਇਹ ਜਾਣਕਾਰੀ ਦਰਬਾਰ ਦੇ ਮੁੱਖ ਸੇਵਾਦਾਰ ਤਰੁਣ ਕੁਮਾਰ ਹੈਪੀ ਸ਼ਾਹ ਨੇ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਬਾਬਾ ਜੀ ਦੇ ਉਰਸ ਵਿੱਚ ਸ਼ਾਮਲ ਹੋ ਕੇ ਹਾਜ਼ਰੀ ਭਰੋ ਤੇ ਅਸ਼ੀਰਵਾਦ ਪ੍ਰਾਪਤ ਕਰੋ।



## ਸੰਤ ਬਾਬਾ ਤੇਜਾ ਸਿੰਘ ਦੀ 61ਵੀਂ ਬਰਸੀ ਬੜੂ ਸਾਹਿਬ ਵਿਖੇ ਰੂਹਾਨੀ ਜਜ਼ਬੇ ਨਾਲ ਸੰਪੰਨ

**ਧਾਰੀਵਾਲ, (ਮਨਦੀਪ ਵਿੱਕੀ)** ਕਲਗੀਧਰ ਟਰੱਸਟ, ਬੜੂ ਸਾਹਿਬ ਵੱਲੋਂ ਮਹਾਨ ਤਪੱਸਵੀ, ਰਾਜਯੋਗੀ, ਪੂਰਨ ਬ੍ਰਹਮਗਿਆਨੀ ਸੰਤ ਬਾਬਾ ਅਤਰ ਸਿੰਘ ਜੀ ਮਸਤੂਆਣਾ ਸਾਹਿਬ ਵਾਲਿਆਂ ਦੇ ਵਰੋਸਾਏ 20ਵੀਂ ਸਦੀ ਦੇ ਮਹਾਨ ਧਾਰਮਿਕ ਸਿੱਖ ਵਿਦਵਾਨ, ਰਾਜਯੋਗੀ, ਬਾਣੀ-ਬਾਣੇ ਦੇ ਧਾਰਨੀ ਅਤੇ ਬੜੂ ਸਾਹਿਬ ਦੇ ਸੰਸਥਾਪਕ ਸੰਤ ਬਾਬਾ ਤੇਜਾ ਸਿੰਘ ਜੀ ਦੀ 61ਵੀਂ ਸਾਲਾਨਾ ਬਰਸੀ ਮੌਕੇ ਗੁਰਦੁਆਰਾ ਬੜੂ ਸਾਹਿਬ ਵਿਖੇ ਕਰਵਾਇਆ ਗਿਆ ਤਿੰਨ ਰੋਜ਼ਾ ਵਿਸ਼ਾਲ ਗੁਰਮਤਿ ਸਮਾਗਮ ਬੜੀ ਸ਼ਰਧਾ, ਪ੍ਰੇਮ ਅਤੇ ਰੂਹਾਨੀ ਚੇਤਨਾ ਨਾਲ ਸੰਪੰਨ ਹੋਇਆ।ਤਿੰਨਾਂ ਦਿਨਾਂ ਦੌਰਾਨ ਸਵੇਰ ਅਤੇ ਸ਼ਾਮ ਦੇ ਧਾਰਮਿਕ ਦੀਵਾਨ ਸਜੇ, ਜਿਨ੍ਹਾਂ ਵਿੱਚ ਪ੍ਰਸਿੱਧ ਰਾਗੀ ਜਥਿਆਂ ਅਤੇ ਕਥਾਵਾਚਕਾਂ ਨੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਨਿਹਾਲ ਕੀਤਾ।ਦੂਜੇ ਦਿਨ 101 ਸ੍ਰੀ ਸਹਿਜ ਪਾਠਾਂ ਦੇ ਭੋਗ ਪਾਏ ਗਏ।ਇਹ ਸੇਵਾ ਦੇਸ਼-ਵਿਦੇਸ਼ ਦੀਆਂ ਸੰਗਤਾਂ, ਵੱਖ-ਵੱਖ ਸੰਗਤਾਂ ਦੇ ਗਰੁੱਪਾਂ ਅਤੇ ਸ਼ਰਧਾਲੂ ਪਰਿਵਾਰਾਂ ਵੱਲੋਂ ਸ਼ਰਧਾ ਨਾਲ ਨਿਭਾਈ ਗਈ।ਉਪਰੰਤ ਢਾਡੀ ਵਾਰਾਂ, ਸ਼ਬਦ ਕੀਰਤਨ ਅਤੇ ਕਥਾ-ਕੀਰਤਨ ਦੀਵਾਨ ਸਜਾਏ ਗਏ। ਹਰ ਰੋਜ਼ ਸ਼ਾਮ ਸਮੇਂ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ, ਰਹਿਰਾਸ ਸਾਹਿਬ, ਸ਼ਬਦ ਕੀਰਤਨ ਅਤੇ ਆਰਤੀ ਦਾ ਗਾਇਨ ਵੀ ਕੀਤਾ ਗਿਆ। ਸਮਾਗਮ ਦੇ ਅੰਤਿਮ ਦਿਨ ਪੁਰਾਤਨ ਆਰੰਭਕ ਗੁਰਦੁਆਰਾ ਸਾਹਿਬ, ਗੁਰਦੁਆਰਾ ਅੰਗੀਠਾ ਸਾਹਿਬ (ਸੰਤ ਬਾਬਾ ਇਕਬਾਲ ਸਿੰਘ ਜੀ) ਅਤੇ ਸੰਤ ਕੁਟੀਆ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਅੰਮ੍ਰਿਤ ਸੰਚਾਰ ਕਰਵਾਇਆ ਗਿਆ, ਜਿਸ ਵਿੱਚ ਵੱਡੀ ਗਿਣਤੀ ਵਿੱਚ ਪ੍ਰੇਮੀਆਂ ਨੇ ਅੰਮ੍ਰਿਤ ਛਕ ਕੇ ਗੁਰਸਿੱਖ ਜੀਵਨ ਅਪਣਾਉਣ ਦਾ ਸੁਭਾਗ ਪ੍ਰਾਪਤ ਕੀਤਾ। ਭਾਈ ਹਰਜੋਤ ਸਿੰਘ ਜ਼ਖ਼ਮੀ, ਭਾਈ ਜਗਜੀਤ ਸਿੰਘ ਬਬੀਹਾ, ਸੰਤ ਬਾਬਾ ਹਰਨੇਕ ਸਿੰਘ ਲੰਗਰਾਂ ਵਾਲੇ ਅਤੇ ਸੰਤ ਬਾਬਾ ਭੋਲਾ ਸਿੰਘ ਰਤਵਾੜਾ ਸਾਹਿਬ ਵਾਲੇ ਸਮੇਤ ਹੋਰ ਪ੍ਰਸਿੱਧ ਰਾਗੀ ਜਥਿਆਂ ਅਤੇ ਕਥਾਵਾਚਕਾਂ ਨੇ ਗੁਰਬਾਣੀ ਕੀਰਤਨ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾ ਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ। ਸਮਾਗਮ ਦੇ ਸਮਾਪਤੀ ਸਮੇਂ ਕਲਗੀਧਰ ਟਰੱਸਟ, ਬੜੂ ਸਾਹਿਬ ਦੇ ਮੁੱਖ ਸੇਵਾਦਾਰ ਡਾ. ਦਵਿੰਦਰ ਸਿੰਘ ਜੀ ਨੇ ਸੰਗਤਾਂ ਨਾਲ ਗੁਰਮਤਿ ਬਚਨਾਂ ਦੀ ਸਾਂਝ ਪਾਉਂਦਿਆਂ ਕਿਹਾ ਕਿ ਸੰਤ ਬਾਬਾ ਤੇਜਾ ਸਿੰਘ ਜੀ ਦਾ ਸਮੁੱਚਾ ਜੀਵਨ ਨਾਮ ਸਿਮਰਨ, ਸੇਵਾ, ਗੁਰਮਤਿ ਪ੍ਰਚਾਰ ਅਤੇ ਮਨੁੱਖਤਾ ਦੀ ਭਲਾਈ ਲਈ ਸਮਰਪਿਤ ਰਿਹਾ।ਉਨ੍ਹਾਂ ਕਿਹਾ ਕਿ ਅੱਜ ਦੇ ਸਮੇਂ ਵਿੱਚ ਆਧੁਨਿਕ ਸਿੱਖਿਆ ਦੇ ਨਾਲ-ਨਾਲ ਗੁਰਬਾਣੀ ਅਨੁਸਾਰ ਜੀਵਨ ਜਿਉਣਾ ਬਹੁਤ ਜ਼ਰੂਰੀ ਹੈ।ਤਿੰਨ ਰੋਜ਼ਾ ਸਮਾਗਮ ਦੌਰਾਨ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਦੇਸ਼-ਵਿਦੇਸ਼ ਤੋਂ ਆਈਆਂ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਸਮੁੱਚੇ ਸਮਾਗਮ ਦੌਰਾਨ ਗੁਰੂ ਕੇ ਅਟੁੱਟ ਲੰਗਰ ਨਿਰੰਤਰ ਵਰਤਾਏ ਗਏ।



## ਐੱਸ ਆਈ ਆਰ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਸੱਚਰ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਪੰਜਾਬ ਕਾਂਗਰਸ ਦੇ ਸੀਨੀਅਰ ਆਗੂ ਅਤੇ ਹਲਕਾ ਮਜੀਠਾ ਦੇ ਇੰਚਾਰਜ ਭਗਵੰਤ ਪਾਲ ਸਿੰਘ ਸੱਚਰ ਨੇ ਪਾਰਟੀ ਦੇ ਸਮੂਹ ਅਹੁਦੇਦਾਰਾਂ, ਬੂਥ ਲੈਵਲ ਏਜੰਟਾਂ (ਬੀ. ਐੱਲ. ਏ.), ਬਲਾਕ ਪ੍ਰਧਾਨਾਂ ਅਤੇ ਵਰਕਰਾਂ ਨੂੰ ਸਖ਼ਤ ਹਦਾਇਤ ਕਰਦਿਆਂ ਕਿਹਾ ਹੈ ਕਿ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐੱਸ. ਆਈ. ਆਰ.) ਦੇ ਕੰਮ ਵਿੱਚ ਕਿਸੇ ਵੀ ਤਰ੍ਹਾਂ ਦੀ ਢਿੱਲ ਜਾਂ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਇਹ ਸਿਰਫ਼ ਇੱਕ ਪ੍ਰਸ਼ਾਸਨਿਕ ਪ੍ਰਕਿਰਿਆ ਨਹੀਂ, ਸਗੋਂ ਲੋਕਤੰਤਰ ਦੀ ਮਜ਼ਬੂਤੀ ਅਤੇ ਹਰ ਨਾਗਰਿਕ ਦੇ ਸੰਵਿਧਾਨਕ ਵੋਟ ਦੇ ਅਧਿਕਾਰ ਦੀ ਰੱਖਿਆ ਨਾਲ ਜੁੜਿਆ ਬਹੁਤ ਹੀ ਮਹੱਤਵਪੂਰਨ ਕਾਰਜ ਹੈ। ਸੱਚਰ ਨੇ ਕਿਹਾ ਕਿ ਪੰਜਾਬ ਕਾਂਗਰਸ ਵੱਲੋਂ ਐੱਸ. ਆਈ. ਆਰ. ਸਬੰਧੀ ਵਰਕਰਾਂ ਨੂੰ ਲਗਾਤਾਰ ਸਿਖਲਾਈ ਦਿੱਤੀ ਜਾ ਰਹੀ ਹੈ ਅਤੇ ਹੁਣ ਸਮਾਂ ਆ ਗਿਆ ਹੈ ਕਿ ਹਰ ਵਰਕਰ ਇਸ ਸਿਖਲਾਈ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰੇ।

- **ਹਰ ਯੋਗ ਵੋਟਰ ਦਾ ਨਾਂਅ ਸੂਚੀ 'ਚ ਦਰਜ ਕਰਵਾਉਣਾ ਕਾਂਗਰਸ ਦੇ ਹਰ ਵਰਕਰ ਦੀ ਜ਼ਿੰਮੇਵਾਰੀ**

ਉਨ੍ਹਾਂ ਕਿਹਾ ਕਿ ਹਰ ਬੂਥ 'ਤੇ ਪੂਰੀ ਚੌਕਸੀ ਰੱਖੀ ਜਾਵੇ, ਵੋਟਰ ਸੂਚੀਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇ ਅਤੇ ਕੋਈ ਵੀ ਯੋਗ ਵੋਟਰ ਆਪਣਾ ਨਾਮ ਦਰਜ ਕਰਵਾਉਣ ਜਾਂ ਦਰੁਸਤ ਕਰਵਾਉਣ ਤੋਂ ਵਾਂਝਾ ਨਾ ਰਹੇ।



ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਰ ਹਾਲਤ ਵਿੱਚ ਲੋਕਾਂ ਦੇ ਜਮਹੂਰੀ ਹੱਕਾਂ ਦੀ ਰਾਖੀ ਲਈ ਵਚਨਬੱਧ ਹੈ। ਜੇਕਰ ਕਿਸੇ ਯੋਗ ਵੋਟਰ ਦਾ ਨਾਂਅ ਬਿਨਾਂ ਕਿਸੇ ਜਾਇਜ਼ ਕਾਰਨ ਦੇ ਸੂਚੀ ਵਿੱਚੋਂ ਕੱਟਿਆ ਜਾਂਦਾ ਹੈ ਜਾਂ ਕਿਸੇ ਨੂੰ ਬੇਵਜ੍ਹਾ ਪ੍ਰੇਸ਼ਾਨ ਕੀਤਾ ਜਾਂਦਾ ਹੈ ਤਾਂ ਕਾਂਗਰਸ ਪਾਰਟੀ ਇਸ ਮੁੱਦੇ ਨੂੰ ਪੂਰੀ ਤਾਕਤ ਨਾਲ ਚੁੱਕੇਗੀ ਅਤੇ ਪ੍ਰਭਾਵਿਤ ਲੋਕਾਂ ਦੇ ਨਾਲ ਡਟ ਕੇ ਖੜ੍ਹੇਗੀ। ਸੱਚਰ ਨੇ ਵਰਕਰਾਂ ਨੂੰ ਕਿਹਾ ਕਿ ਉਹ ਘਰ-ਘਰ ਜਾ ਕੇ ਲੋਕਾਂ ਨੂੰ ਐੱਸ. ਆਈ. ਆਰ. ਦੀ ਪ੍ਰਕਿਰਿਆ ਬਾਰੇ ਜਾਗਰੂਕ ਕਰਨ, ਲੋੜੀਂਦੇ ਦਸਤਾਵੇਜ਼ਾਂ ਸਬੰਧੀ ਜਾਣਕਾਰੀ ਦੇਣ ਅਤੇ ਬਜ਼ੁਰਗਾਂ, ਦਿਵਿਆਂਗ ਵਿਅਕਤੀਆਂ ਅਤੇ ਹੋਰ ਲੋੜਵੰਦ ਵੋਟਰਾਂ ਦੀ ਵਿਸ਼ੇਸ਼ ਸਹਾਇਤਾ ਕਰਨ। ਉਨ੍ਹਾਂ ਕਿਹਾ ਕਿ ਪਾਰਟੀ ਦਾ ਹਰ ਵਰਕਰ ਲੋਕਤੰਤਰ ਦਾ ਪਹਿਰੇਦਾਰ ਬਣ ਕੇ ਆਪਣੀ ਜ਼ਿੰਮੇਵਾਰੀ ਨਿਭਾਏ।ਉਨ੍ਹਾਂ ਕਿਹਾ ਕਿ ਹਲਕਾ ਮਜੀਠਾ ਦੇ ਹਰ ਪਿੰਡ ਅਤੇ ਹਰ ਬੂਥ 'ਤੇ ਐਸ.ਆਈ.ਆਰ. ਦੇ ਕੰਮ ਦੀ ਨਿਯਮਤ ਸਮੀਖਿਆ ਕੀਤੀ ਜਾ ਰਹੀ ਹੈ ਅਤੇ ਸਾਰੇ ਅਹੁਦੇਦਾਰਾਂ ਤੋਂ ਰੋਜ਼ਾਨਾ ਫੀਡਬੈਕ ਲਿਆ ਜਾ ਰਿਹਾ ਹੈ। ਜਿਸ ਵੀ ਪੱਧਰ 'ਤੇ ਲਾਪਰਵਾਹੀ ਸਾਹਮਣੇ ਆਵੇਗੀ, ਉਸ ਨੂੰ ਗੰਭੀਰਤਾ ਨਾਲ ਲਿਆ ਜਾਵੇਗਾ। ਅੰਤ ਵਿੱਚ ਸੱਚਰ ਨੇ ਕਿਹਾ ਕਿ ਲੋਕਤੰਤਰ ਦੀ ਅਸਲ ਤਾਕਤ ਵੋਟਰ ਹੈ ਅਤੇ ਹਰ ਯੋਗ ਵੋਟਰ ਦਾ ਵੋਟ ਦਾ ਹੱਕ ਸੁਰੱਖਿਅਤ ਰੱਖਣਾ ਸਾਡਾ ਫ਼ਰਜ਼ ਹੈ।ਇਸ ਲਈ ਕਾਂਗਰਸ ਦਾ ਹਰ ਵਰਕਰ ਪੂਰੀ ਇਮਾਨਦਾਰੀ, ਚੌਕਸੀ ਅਤੇ ਸਮਰਪਣ ਨਾਲ ਐੱਸ. ਆਈ. ਆਰ. ਦੀ ਇਸ ਮੁਹਿੰਮ ਨੂੰ ਸਫ਼ਲ ਬਣਾਉਣ ਲਈ ਦਿਨ-ਰਾਤ ਕੰਮ ਕਰੇ।ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਦਲਜੀਤ ਸਿੰਘ ਪਾਖਰਪੁਰ, ਬਲਾਕ ਯੂਥ ਕਾਗਰਸ ਦੇ ਪ੍ਰਧਾਨ ਅੰਮ੍ਰਿਤਪਾਲ ਸਿੰਘ ਔਲਖ, ਤਲਵਿੰਦਰ ਸਿੰਘ ਢਿੱਲੋਂ ਤੇ ਹੋਰ ਵੀ ਆਗੂ ਹਾਜ਼ਰ ਸਨ ।

## ਰੋਟਰੀ ਕਲੱਬ ਨਾਰਥ ਈਸਟ ਨੇ ਉਲੀਕੀ ਦੇਸ਼ ਤੇ ਸਮਾਜ ਭਲਾਈ ਦੇ ਕੀਤੇ ਜਾਣ ਵਾਲੇ ਕੰਮਾਂ ਦੀ ਰੂਪ-ਰੇਖਾ

**ਅੰਮ੍ਰਿਤਸਰ (ਅਰੋੜਾ)** ਰੋਟਰੀ ਕਲੱਬ ਨਾਰਥ ਈਸਟ ਵੱਲੋਂ ਰੋਟਰੀ ਇੰਟਰਨੈਸ਼ਨ ਵੱਲੋਂ ਨਿਰਧਾਰਿਤ ਨਿਯਮਾਂ ਅਤੇ ਸੰਵਿਧਾਨ ਦੇ ਅਨੁਸਾਰ ਸਾਲ 2025-26 ਦੇ ਪ੍ਰਧਾਨ ਅਤੇ ਸਕੱਤਰ ਦਾ ਕਾਰਜਕਾਲ ਪੂਰਾ ਹੋਣ ਤੋਂ ਬਾਅਦ ਨਵੀਂ ਟੀਮ ਦਾ ਐਲਾਨ ਕਰਦੇ ਹੋਏ ਕਲੱਬ ਅਸੈਂਬਲੀ ਆਯੋਜਿਤ ਕੀਤੀ ਗਈ।ਕਲੱਬ ਦੇ 2026-27 ਦੇ ਪ੍ਰਧਾਨ ਪ੍ਰੇਮ ਨਾਥ ਸ਼ਰਮਾ, ਸਕੱਤਰ ਐਡਵੋਕੇਟ ਰਜਤ ਸ਼ਰਮਾ ਦੀ ਪ੍ਰਧਾਨਗੀ ਹੇਠਾਂ ਬੋਰਡ ਬੈਠਕ ਦਾ ਆਯੋਜਨ ਰਾਮ ਬਾਗ ਸਥਿਤ ਸਰਵਿਸ ਕਲੱਬ ਵਿਖੇ ਕੀਤਾ ਗਿਆ। ਬੈਠਕ ਵਿੱਚ ਕਈ ਖਾਸ ਪ੍ਰਾਜੈਕਟਾਂ ਅਤੇ ਆਉਣ ਵਾਲੇ ਸਮੇਂ ਵਿੱਚ ਕੀਤੇ ਜਾਣ ਵਾਲੇ ਦੇਸ਼ ਅਤੇ ਸਮਾਜ ਭਲਾਈ ਕੰਮਾਂ ਸਬੰਧੀ ਨਵੀ ਰੂਪ ਰੇਖਾ ਤਿਆਰ ਕੀਤੀ ਗਈ।ਜਿਵੇਂ ਕਿ ਵਾਤਾਵਰਣ ਦੀ ਦੇਖਭਾਲ ਦੇ ਨਾਲ ਨਾਲ ਕੁਝ ਨਿੱਜੀ ਅਤੇ ਸਰਕਾਰੀ ਸਕੂਲਾਂ ਦੇ ਵਿਦਿਆਰਥੀਆਂ ਨੂੰ ਸੁਤੰਤਰਤਾ ਦਿਵਸ ਦੇ ਬਾਰੇ ਜਾਗਰਿਤ ਕੀਤਾ ਜਾਵੇਗਾ।ਕਲੱਬ ਦੇ ਸਾਬਕਾ ਪ੍ਰਧਾਨ ਪਲਾਸਟਿਕ ਸਰਜਨ ਡਾ. ਵਿਕਰਮ ਗੁਪਤਾ ਨੇ ਬੋਰਡ ਦੀਆਂ ਬੈਠਕਾਂ ਦੇ ਬਜਟ ਨੂੰ ਕਿਸ ਪ੍ਰਕਾਰ ਸੀਮਤ ਰੱਖਿਆ ਜਾਵੇ, ਉਸ ਬਾਰੇ ਦੱਸਿਆ। ਸੀਨੀਅਰ ਰੋਟੇਰੀਅਨ ਸਾਬਕਾ ਪ੍ਰਧਾਨ ਪ੍ਰਿੰਸੀਪਲ ਜੇ. ਐੱਸ. ਕੋਹਲੀ ਨੇ ਰੋਟਰੀ ਕਲੱਬ ਦੇ ਵੱਲੋਂ ਕੀਤੇ ਜਾਣ ਵਾਲੇ ਗੰਭੀਰ ਮੁੱਦਿਆਂ ਦੇ ਬਾਰੇ ਜਾਣਕਾਰੀ ਦਿੱਤੀ।ਪ੍ਰੋਫੈਸਰ ਤਮਿੰਦਰ ਸਿੰਘ ਨੇ ਰੋਟਰੀ ਦੀ ਮੈਂਬਰਾਂ ਦੀ ਗਿਣਤੀ ਵਧਾਉਣ ਤੇ ਜ਼ੋਰ ਦਿੱਤਾ।ਇਸ ਮੌਕੇ ਰੋਟੇਰੀਅਨ ਜਰਨੈਲ ਸਿੰਘ, ਜੀ. ਐੱਸ. ਭੁੱਲਰ, ਐਡਵੋਕੇਟ ਅਨੂਪ ਗੁਪਤਾ, ਪ੍ਰੋਫੈਸਰ ਵਿਜੇ ਕੁਮਾਰ, ਰਣਧੀਰ ਸਹਿਦੇਵ, ਐਡਵੋਕੇਟ ਐੱਸ.ਐੱਸ ਬਾਜਵਾ, ਪ੍ਰਭਜੋਤ ਸਿੰਘ ਹੇਰ, ਦੀਪਕ ਸ਼ਰਮਾ, ਐਡਵੋਕੇਟ ਭੁੱਲਰ, ਸਾਬਕਾ ਸਹਾਇਕ ਗਵਰਨਰ ਐਡਵੋਕੇਟ ਨਰਿੰਦਰ ਪਾਲ ਸਿੰਘ, ਹਰਮਨ ਸਿੰਘ, ਦਵਿੰਦਰ ਕੁਮਾਰ, ਸਤਿੰਦਰ ਸਿੰਘ, ਜਗਦੀਸ਼ ਕੁਮਾਰ ਸਮੇਤ ਰੋਟਰੀ ਕਲੱਬ ਨਾਰਥ ਈਸਟ ਦੇ ਸਮੂਹ ਮੈਂਬਰ ਮੌਜੂਦ ਸਨ।




## ਐੱਸ ਆਈ ਆਰ ਪ੍ਰਕਿਰਿਆ ਸੰਬੰਧੀ ਚੋਣ ਅਧਿਕਾਰੀਆਂ ਨਾਲ ਰੀਵਿਊ ਮੀਟਿੰਗ




**ਗੁਰਦਾਸਪੁਰ, (ਦਿਨੇਸ਼ ਕੁਮਾਰ)**- ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉਪਲ ਦੀ ਪ੍ਰਧਾਨਗੀ ਹੇਠ ਜ਼ਿਲ੍ਹੇ ਅੰਦਰ ਵੋਟਰ ਸੂਚੀਆਂ ਦੀ ਸਪੈਸ਼ਲ ਇੰਨਟੈਂਸਿਵ ਰਵੀਜ਼ਨ 2026 ਦੀ ਚੱਲ ਰਹੀ ਪ੍ਰਕਿਰਿਆ ਸੰਬੰਧੀ ਸਮੂਹ ਚੋਣ ਅਧਿਕਾਰੀਆਂ ਨਾਲ ਸਥਾਨਕ ਪੰਚਾਇਤ ਭਵਨ ਵਿਖੇ ਮੀਟਿੰਗ ਕੀਤੀ ਗਈ।ਇਸ ਮੌਕੇ ਜ਼ਿਲ੍ਹੇ ਦੇ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਅਤੇ ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰ ਮੌਜੂਦ ਸਨ।ਮੀਟਿੰਗ ਦੌਰਾਨ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਆਦਿਤਿਆ ਉੱਪਲ ਨੇ ਜ਼ਿਲ੍ਹੇ ਵਿੱਚ ਐੱਸ ਆਈ ਆਰ ਦੀ ਚੱਲ ਰਹੀ ਪ੍ਰਕਿਰਿਆ ਦਾ ਜਾਇਜ਼ਾ ਲਿਆ ਅਤੇ ਗਣਨਾ ਫਾਰਮ ਇਕੱਠੇ ਕਰਨ, ਡਿਜੀਟਾਈਜ਼ ਕਰਨ ਅਤੇ ਪੋਲਿੰਗ ਬੂਥਾਂ ਦੀ ਰੈਸ਼ਨੇਲਾਈਜੇਸ਼ਨ ਕਰਨ ਸਬੰਧੀ ਵਿਸਥਾਰ ਵਿੱਚ ਜਾਣਕਾਰੀ ਲਈ ਗਈ।ਉਨ੍ਹਾਂ ਚੋਣ ਅਧਿਕਾਰੀਆਂ ਨੂੰ ਕਿਹਾ ਕਿ ਉਹ ਘਰ ਘਰ ਗਣਨਾ ਮੁਹਿੰਮ ਤਹਿਤ ਵੰਡੇ ਗਏ ਗਣਨਾ ਫਾਰਮਾਂ ਨੂੰ ਭਰਨ ਉਪਰੰਤ ਕੁਲੈਕਟ ਕਰਕੇ ਡਿਜੀਟਾਈਜ਼ ਕਰਨ ਨੂੰ ਸੁਨਿਸ਼ਚਿਤ ਕਰਨ।ਉਨ੍ਹਾਂ ਸਮੂਹ ਚੋਣਕਾਰ ਰਜਿਸਟ੍ਰੇਸ਼ਨ ਅਫਸਰ, ਸਹਾਇਕ ਚੋਣਕਾਰ ਰਜਿਸਟ੍ਰੇਸ਼ਨ ਅਫਸਰਾਂ ਨੂੰ ਰੋਜ਼ਾਨਾ ਬੀ ਐੱਲ ਓ ਅਤੇ ਸੁਪਰਵਾਈਜ਼ਰਾਂ ਨਾਲ ਮੀਟਿੰਗਾਂ ਕਰਕੇ ਡਿਜੀਟਾਈਜ਼ ਪ੍ਰਕਿਰਿਆ ਨੂੰ ਤੇਜ਼ ਕਰਨ ਦੀ ਹਦਾਇਤ ਕੀਤੀ।ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਐੱਸ ਆਈ ਆਰ 2026 ਦਾ ਉਦੇਸ਼ ਹਰ ਯੋਗ ਵੋਟਰ ਨੂੰ ਵੋਟਰ ਸੂਚੀ ਵਿੱਚ ਸ਼ਾਮਲ ਕਰਨਾ ਅਤੇ ਹਰ ਅਯੋਗ ਵੋਟਰ ਨੂੰ ਵੋਟਰ ਸੂਚੀ ਵਿੱਚੋਂ ਬਾਹਰ ਕਰਨਾ ਅਤੇ ਵੋਟਰ ਸੂਚੀ ਨੂੰ 100 ਪ੍ਰਤੀਸ਼ਤ ਸ਼ੁੱਧ ਕਰਨਾ ਹੈ।ਉਨ੍ਹਾਂ ਦੱਸਿਆ ਬੀ ਐੱਲ ਓ ਦੁਆਰਾ ਘਰ ਘਰ ਜਾ ਕੇ ਗਣਨਾ ਫਾਰਮ ਵੰਡੇ ਜਾ ਚੁੱਕੇ ਹਨ।ਫਾਰਮ ਵਿੱਚ ਸਾਰੀ ਜਾਣਕਾਰੀ ਭਰਨ ਉਪਰੰਤ ਇੱਕ ਕਾਪੀ ਵੋਟਰ ਵੱਲੋਂ ਦਸਤਖ਼ਤ ਕਰਕੇ ਬੀ ਐੱਲ ਓ ਕੋਲ ਜਮ੍ਹਾ ਕਰਵਾਈ ਗਈ ਹੈ ਅਤੇ ਇੱਕ ਕਾਪੀ ਬੀ ਐੱਲ ਓ ਦੁਆਰਾ ਦਸਤਖ਼ਤ ਕਰਕੇ ਵੋਟਰ ਨੂੰ ਰਸੀਦ ਵਜੋਂ ਦਿੱਤੀ ਗਈ ਹੈ।ਇਸ ਮੌਕੇ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਜ਼ਿਲ੍ਹਾ ਚੋਣ ਅਫਸਰ, ਗੁਰਪ੍ਰੀਤ ਸਿੰਘ ਗਿੱਲ, ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸਮੂਹ ਚੋਣਕਾਰ ਅਫਸਰ ਗੁਰਦਾਸਪੁਰ ਅਤੇ ਮਨਜਿੰਦਰ ਸਿੰਘ ਚੋਣ ਤਹਿਸੀਲਦਾਰ ਗੁਰਦਾਸਪੁਰ ਮੌਜੂਦ ਸਨ।

## ਸ਼ਸ਼ਮਿਤ ਅਤਰੀ ਦੀ ਗੁਰੂਕੁਲ ਅਨੁਭਵ ਸਕਾਲਰਸ਼ਿਪ ਲਈ ਚੋਣ

**ਪਠਾਨਕੋਟ (ਦਵਿੰਦਰ ਸਿੰਘ)**- ਪ੍ਰਤਾਪ ਵਰਲਡ ਸਕੂਲ ਪਠਾਨਕੋਟ ਦੇ ਨੌਵੀਂ ਜਮਾਤ ਦੇ ਹੋਣਹਾਰ ਵਿਦਿਆਰਥੀ ਸ਼ਸ਼ਮਿਤ ਅਤਰੀ ਦੀ ਗੁਰੂਕੁਲ ਅਨੁਭਵ ਸਕਾਲਰਸ਼ਿਪ ਲਈ ਚੋਣ ਹੋਈ ਹੈ।ਇਹ ਰਾਸ਼ਟਰੀ ਪੱਧਰ ਦੀ ਇੱਕ ਮਾਣਯੋਗ ਪਹਿਲ ਹੈ, ਜਿਸ ਰਾਹੀਂ ਨੌਜਵਾਨ ਵਿਦਿਆਰਥੀਆਂ ਨੂੰ ਇੱਕ ਮਹੀਨੇ ਦੇ ਰਿਹਾਇਸ਼ੀ ਸਿਖਲਾਈ ਪ੍ਰੋਗਰਾਮ ਦੌਰਾਨ ਭਾਰਤ ਦੀ ਪ੍ਰਾਚੀਨ ਗੁਰੂ-ਸ਼ਿਸ਼ ਪਰੰਪਰਾ ਦਾ ਸਿੱਧਾ ਅਨੁਭਵ ਪ੍ਰਾਪਤ ਕਰਨ ਦਾ ਸੁਨਹਿਰਾ ਮੌਕਾ ਮਿਲਦਾ ਹੈ।ਇਸ ਵਿਸ਼ੇਸ਼ ਸਕਾਲਰਸ਼ਿਪ ਦੇ ਤਹਿਤ ਸ਼ਸ਼ਮਿਤ ਇੱਕ ਮਹੀਨੇ ਤੱਕ ਪ੍ਰਸਿੱਧ ਸਰੋਦ ਵਾਦਕ ਪੰਡਿਤ ਪ੍ਰਦੀਪ ਬਾਰੋਟ ਦੀ ਰਹਿਨੁਮਾਈ ਹੇਠ ਸਿਖਲਾਈ ਹਾਸਲ ਕਰੇਗਾ।ਪੰਡਿਤ ਬਾਰੋਟ ਮਹਾਨ ਮਹਿਰ ਘਰਾਣੇ ਦੀ ਪ੍ਰਸਿੱਧ ਸੰਗੀਤ ਮਾਹਰ ਅਤੇ ਪਦਮ ਭੂਸ਼ਣ ਸ਼੍ਰੀਮਤੀ ਅੰਨਪੂਰਨਾ ਦੇਵੀ ਦੇ ਪ੍ਰਮੁੱਖ ਸ਼ਾਗਿਰਦ ਹਨ।ਉਨ੍ਹਾਂ ਦਾ ਗੁਰੂਕੁਲ ਵੱਲਭਭਾਈ ਪਟੇਲ ਰੋਡ, ਮਹਾਕਾਲੀ ਰੋਡ, ਅੰਧੇਰੀ (ਪੂਰਬ), ਮੁੰਬਈ ਵਿੱਚ ਸਥਿਤ ਹੈ, ਜਿੱਥੇ ਸ਼ਸ਼ਮਿਤ ਰਵਾਇਤੀ ਗੁਰੂਕੁਲ ਮਾਹੌਲ ਵਿੱਚ ਰਹਿ ਕੇ ਭਾਰਤੀ ਸ਼ਾਸਤਰੀ ਸੰਗੀਤ ਦੀ ਮਹੀਨ ਸਿੱਖਿਆ ਪ੍ਰਾਪਤ ਕਰੇਗਾ। ਪ੍ਰਿੰਸੀਪਲ, ਸਮੂਹ ਅਧਿਆਪਕ ਵਰਗ ਅਤੇ ਸਕੂਲ ਪ੍ਰਬੰਧਕ ਕਮੇਟੀ ਨੇ ਸ਼ਸ਼ਮਿਤ ਅਤਰੀ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਦਿਲੋਂ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟਾਇਆ ਕਿ ਗੁਰੂਕੁਲ ਦਾ ਇਹ ਵਿਲੱਖਣ ਅਨੁਭਵ ਉਨ੍ਹਾਂ ਦੀ ਸੰਗੀਤ ਯਾਤਰਾ ਨੂੰ ਨਵੀਆਂ ਉਚਾਈਆਂ ਤੱਕ ਲੈ ਜਾਵੇਗਾ ਅਤੇ ਹੋਰ ਵਿਦਿਆਰਥੀਆਂ ਨੂੰ ਵੀ ਭਾਰਤੀ ਸ਼ਾਸਤਰੀ ਕਲਾਵਾਂ ਵਿੱਚ ਉੱਤਮਤਾ ਹਾਸਲ ਕਰਨ ਲਈ ਪ੍ਰੇਰਿਤ ਕਰੇਗਾ।



## ਸਾਬਕਾ ਸਰਕਾਰਾਂ ਦੀ ਘੋਰ ਲਾਪ੍ਰਵਾਹੀ ਕਾਰਨ ਪੰਜਾਬ ਵਾਸੀ ਹੜ੍ਹਾਂ ਦਾ ਸੰਤਾਪ ਹੰਢਾਉਂਦੇ ਆ ਰਹੇ : ਧਾਲੀਵਾਲ

**ਅੰਮ੍ਰਿਤਸਰ/ਅਜਨਾਲ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸੱਤਾਧਾਰੀ ਆਮ ਆਦਮੀ ਪਾਰਟੀ ਦੇ ਮੁੱਖ ਬੁਲਾਰੇ, ਵਿਧਾਇਕ ਤੇ ਸਾਬਕਾ ਮੰਤਰੀ ਸ. ਕੁਲਦੀਪ ਸਿੰਘ ਧਾਲੀਵਾਲ ਵੱਲੋਂ ਆਪਣੀ ਕਰਮ ਭੂਮੀ ਤੇ ਆਪਣੇ ਚੋਣ ਹਲਕਾ ਅਜਨਾਲਾ ਦੇ ਸਰਹੱਦੀ ਤੇ ਪਿਛਲੇ ਸਾਲ ਕੁਦਰਤੀ ਹੜ੍ਹਾਂ ਤੋਂ ਪ੍ਰਭਾਵਿਤ ਪਿੰਡਾਂ ਬਲੜਵਾਲ ਆਬਾਦੀ ਬਾਬਾ ਗਮ ਚੁੱਕ ਸਾਹਿਬ, ਆਬਾਦੀ ਹਰਨਾਮ ਸਿੰਘ ਤੇ ਵੱਡਾ ਫੱਤੇਵਾਲ ਆਦਿ ਪਿੰਡਾਂ 'ਚ ਲੋਕ ਮਿਲਣੀਆਂ ਮੁਹਿੰਮ ਤਹਿਤ ਹੋਈਆਂ ਪ੍ਰਭਾਵਸ਼ਾਲੀ ਲੋਕ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਦੀ ਅਗਵਾਈ ਵਾਲੀ ਸਰਕਾਰ ਦੇ ਹੁਣ ਤੱਕ ਦੇ ਕਾਰਜਕਾਲ ਦੀਆਂ ਲੋਕ ਪੱਖੀ ਪ੍ਰਾਪਤੀਆਂ ਚ ਲੋਕ ਹਿਤੂ ਬਦਲਾਅ ਦੇ ਸਥਾਪਿਤ ਕੀਤੇ ਕੀਰਤੀਮਾਨ ਦੀ ਰਿਪੋਰਟ ਜਾਰੀ ਕੀਤੀ ਅਤੇ ਅਗਲੇ ਵਰ੍ਹੇ ਜਾਂ ਫਿਰ ਸੰਭਾਵੀ ਤੌਰ 'ਤੇ ਨਵੰਬਰ ਮਹੀਨੇ ਚ ਹੋਣ ਜਾ ਰਹੀਆਂ ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ 'ਚ ਸਰਬੱਤ ਦੇ ਭਲੇ ਤੇ ਰੰਗਲੇ ਪੰਜਾਬ ਦੀ ਖੁਸ਼ਹਾਲੀ ਦੀ ਸਥਿਰਤਾ ਲਈ ਮੁੱਖ ਮੰਤਰੀ ਮਾਨ ਦੀ ਅਗਵਾਈ 'ਚ ਦੁਬਾਰਾ ਸਰਕਾਰ ਬਣਾਉਣ ਲਈ ਪ੍ਰੇਰਿਤ ਕੀਤਾ। ਮੁੱਖ ਬੁਲਾਰੇ ਤੇ ਵਿਧਾਇਕ ਸ. ਧਾਲੀਵਾਲ ਨੇ ਆਪਣੇ ਸੰਬੋਧਨ ਚ ਪ੍ਰਗਟਾਵਾ ਕੀਤਾ ਕਿ ਜੇਕਰ ਪੰਜਾਬ ਸਮੇਤ ਦੇਸ਼ ਦੀ ਸੱਤਾ ਤੇ ਲੰਮਾ ਸਮਾਂ ਰਾਜ ਕਰਦੀਆਂ ਰਹੀਆਂ ਸਾਬਕਾ ਸਰਕਾਰਾਂ ਨੇ ਪੰਜਾਬ 'ਚ ਹਰ ਵਰ੍ਹੇ ਮੌਨਸੂਨ/ਬਰਸਾਤਾਂ ਦੌਰਾਨ ਵਾਪਰਦੀ ਰਹੀ ਦਰਿਆਵਾਂ, ਨਦੀਆਂ, ਨਾਲੀਆਂ 'ਚ ਅੱਥਰੇ ਤੇ ਭਿਅੰਕਰ ਹੜ੍ਹਾਂ ਦੀ ਤ੍ਰਾਸਦੀ ਠੱਲਣ ਲਈ ਕਥਿਤ ਭ੍ਰਿਸ਼ਟ ਤਰੀਕਿਆਂ ਦੀ ਬਜਾਏ ਇਮਾਨਦਾਰੀ ਨਾਲ ਪੱਕੇ ਉੱਚਿਤ ਪ੍ਰਬੰਧ ਕੀਤੇ ਹੁੰਦੇ ਤਾਂ ਮੌਨਸੂਨ ਸਿਰ ਤੇ ਹੋਣ ਕਾਰਣ ਕਿਸਾਨਾਂ, ਮਜ਼ਦੂਰਾਂ, ਵਾਪਰੀਆਂ ਸਮੇਤ ਆਮ ਲੋਕਾਂ ਦੇ ਮਨ ਅੰਦਰ ਹੜ੍ਹਾਂ ਦੀ ਮਾਰ ਦੀ ਦਹਿਸ਼ਤ ਤੇ ਡਰ ਦੀ ਥਾਂ ਮੌਨਸੂਨ ਤੋਂ ਰਾਹਤ ਨਾਲ ਚਿਹਰੇ ਖੁਸ਼ੀ ਚ ਖਿੜ੍ਹੇ ਰਹਿਣੇ ਸਨ। ਉਹਨਾਂ ਕਿਹਾ ਕਿ ਮੌਨਸੂਨ ਸ਼ੁਰੂ ਹੋਣ ਤੋਂ ਪਹਿਲਾਂ ਸੂਬਾ ਮਾਨ ਸਰਕਾਰ ਨੇ ਜ਼ਿਲ੍ਹਾ ਡਿਪਟੀ ਕਮਿਸ਼ਨਰਾਂ ਤੇ ਡਰੇਨਜ਼ ਵਿਭਾਗ ਦੇ ਅਧਿਕਾਰੀਆਂ ਨੂੰ ਸੰਭਾਵੀ ਹੜ੍ਹਾਂ ਦੇ ਸੁਰੱਖਿਆ ਪ੍ਰਬੰਧਾਂ ਲਈ ਜਿੱਥੇ ਸਖ਼ਤ ਦਿਸ਼ਾ ਨਿਰਦੇਸ਼ ਹਨ, ਉਥੇ ਅਜਨਾਲਾ ਹਲਕੇ ਚੋਂ ਲੰਘਦੇ ਕੌਮਾਂਤਰੀ ਦਰਿਆ ਰਾਵੀ ਚ ਪਿਛਲੇ ਵਰ੍ਹੇ ਭਿਅੰਕਰ ਹੜ੍ਹ ਕਾਰਨ 23 ਥਾਵਾਂ 'ਤੇ ਆਏ ਧੁੱਸੀ ਬੰਨ੍ਹ ਦੇ ਪਾੜ ਦੀ ਮੁਰੰਮਤ, ਮਜ਼ਬੂਤੀ ਤੇ ਪੱਥਰਾਂ ਆਦਿ ਨਾਲ ਸਪਰ ਬੰਨ੍ਹਣ ਆਦਿ ਸਮੇਤ ਦਰਿਆਵਾਂ, ਨਦੀਆਂ, ਨਾਲਿਆਂ ਦੀ ਸਾਫ ਸਫ਼ਾਈ, ਬੁਨਿਆਦੀ ਢਾਂਚੇ ਦੀ ਮਜ਼ਬੂਤੀ ਤੇ ਪਾਣੀ ਚ ਵੀ ਪ੍ਰਭਾਵਿਤ ਜ਼ਮੀਨੀ ਖੇਤਰ 'ਤੇ ਚਲਣ ਵਾਲੀਆਂ ਉੱਨਤ ਕਿਸਮ ਦੀਆਂ ਮਸ਼ੀਨਾਂ ਆਦਿ ਸਮੁੱਚੇ ਅਗਾਊਂ ਪ੍ਰਬੰਧਾਂ ਤੇ 600 ਕਰੋੜ ਰੁਪਏ ਖਰਚ ਕੀਤੇ ਜਾ ਰਹੇ ਹਨ। ਉਨ੍ਹਾਂ (ਧਾਲੀਵਾਲ) ਵੱਲੋਂ ਅਜਨਾਲਾ ਵਿਧਾਨਿਕ ਖਿੱਤੇ ਚ 2000 ਕਰੋੜ ਦੇ ਬੁਨਿਆਦੀ ਢਾਂਚੇ ਤੇ ਫਸਲਾਂ ਦੇ ਹੋਏ ਵਿੱਤੀ ਨੁਕਸਾਨ ਦੀ ਭਰਪਾਈ ਲਈ ਨਿੱਜੀ ਮੁਲਾਕਾਤ ਤੇ ਕੈਮਰਿਆਂ ਦੇ ਸਾਹਮਣੇ ਦਿੱਤੇ ਹੜ੍ਹ ਪੀੜਤਾਂ ਦੇ ਹੱਕ 'ਚ ਮੰਗ ਪੱਤਰ ਤੇ ਕੇਂਦਰੀ ਮੰਤਰੀ ਚੌਹਾਨ ਹੁਰਾਂ ਨੇ ਹਾਂ-ਪੱਖੀ ਹੁੰਗਾਰਾ ਤਾਂ ਭਰਿਆ ਜੋ ਅਜੇ ਤੱਕ ਫ਼ੋਕਾ ਫਾਇਰ ਹੀ ਹੈ। ਇਸੇ ਤਰਾਂ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਪੰਜਾਬ ਦੇ ਹੜ੍ਹ ਮਾਰੂ ਖੇਤਰ ਦਾ ਹਵਾਈ ਸਰਵੇਖਣ ਕੀਤਾ ਗਿਆ ਸੀ ਅਤੇ ਗੁਰਦਾਸਪੁਰ ਵਿਖੇ ਵਫਦਾਂ ਨਾਲ ਪ੍ਰਧਾਨ ਮੰਤਰੀ ਦੀ ਹੋਈ ਮੀਟਿੰਗ ਚ ਪੰਜਾਬ ਸਰਕਾਰ ਦੇ ਵਜ਼ੀਰਾਂ ਤੇ ਆਲਾ ਅਧਿਕਾਰੀਆਂ ਵੱਲੋਂ 13 ਹਜ਼ਾਰ ਕਰੋੜ ਦੇ ਹੋਏ ਵਿੱਤੀ ਨੁਕਸਾਨ ਦੇ ਪੇਸ਼ ਕੀਤੇ ਗਏ ਤੱਥਾਂ ਨੂੰ ਦਰਕਿਨਾਰ ਕਰਦੇ ਹੋਏ ਪ੍ਰਧਾਨ ਮੰਤਰੀ ਹੁਰਾਂ ਨੇ 1600 ਕਰੋੜ ਰੁਪਏ ਵਿਤੀ ਪੈਕੇਜ ਦਾ ਐਲਾਨ ਕੀਤਾ, ਜੋ ਪੰਜਾਬ ਦੇ ਹੜ੍ਹ ਪੀੜ੍ਹਤਾਂ ਦੇ ਪੁਨਰ ਵਸੇਬੇ ਨਾਲ ਕਥਿਤ ਧਰੋਹ ਸਾਬਿਤ ਹੋਇਆ ਹੈ, ਕਿਉਂਕਿ ਇੱਕ ਸਾਲ ਦਾ ਲੰਮਾ ਅਰਸਾ ਬੀਤ ਜਾਣ ਦੇ ਬਾਵਜੂਦ 1600 ਕਰੋੜ ਐਲਾਨੀ ਰਾਸ਼ੀ ਚੋਂ ਇਕ ਨਵਾਂ ਪੈਸਾ ਵੀ ਪੰਜਾਬ ਸਰਕਾਰ ਨੂੰ ਹੜ੍ਹ ਪੀੜਤਾਂ ਲਈ ਜਾਰੀ ਨਹੀਂ ਕੀਤਾ ਗਿਆ।



ਸ. ਧਾਲੀਵਾਲ ਨੇ ਪੰਜਾਬ ਭਾਜਪਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੂੰ ਮਸ਼ਵਰਾ ਦਿੱਤਾ ਕਿ ਸੰਵੇਦਨਸ਼ੀਲ ਖੇਤਰ 'ਚ ਅਜਿਹੀ ਨੌਟੰਕੀ ਕਸਰਤ 'ਚ ਪੈਣ ਦੀ ਬਜਾਏ ਕੇਂਦਰ ਕੋਲੋਂ ਪਿਛਲਾ 1600 ਕਰੋੜ ਹੜ੍ਹ ਰਾਹਤ ਵਿੱਤੀ ਪੈਕੇਜ ਸਮੇਤ ਪੰਜਾਬ ਪੇਂਡੂ ਵਿਕਾਸ ਫੰਡ ਦੀ ਰੋਕੀ ਹੋਈ ਹੱਕੀ ਕਮਾਈ ਤੇ ਹੋਰ ਰੋਕੇ ਹੋਏ ਵਿਤੀ ਫੰਡ ਜਾਰੀ ਕਰਵਾਉਣ ਤੋਂ ਇਲਾਵਾ ਪੰਜਾਬ ਨਾਲ ਨਿਰੰਤਰ ਕੀਤੇ ਜਾ ਰਹੇ ਮਤਰੇਈ ਮਾਂ ਵਾਲੇ ਸਲੂਕ ਨੂੰ ਬੰਦ ਕਰਵਾਉਣ ਲਈ ਕੇਂਦਰ ਸਰਕਾਰ ਕੋਲ ਪੰਜਾਬ ਭਾਜਪਾ ਦੇ ਵਫਦ ਭੇਜਣ ਲਈ ਆਗੂਆਂ ਨੂੰ ਜ਼ਿੰਮੇਵਾਰੀਆਂ ਸੌਂਪਣ। ਇਸ ਮੌਕੇ ਸਰਪੰਚ ਜਗਤਾਰ ਸਿੰਘ, ਸਰਪੰਚ ਜਗੀਰ ਸਿੰਘ, ਸਰਪੰਚ ਰਾਜੂ ਫਤੇਵਾਲ, ਪੰਚਾਇਤੀ ਰਾਜ ਸੰਸਥਾਵਾਂ ਦੇ ਹੋਰ ਆਗੂ ਤੇ ਅਧਿਕਾਰੀ ਮੌਜੂਦ ਸਨ।

## ਕਠੂਆ ਵਿਖੇ ਅਮਰਨਾਥ ਯਾਤਰੀਆਂ ਲਈ 7ਵਾਂ ਵਿਸ਼ਾਲ ਭੰਡਾਰਾ ਸ਼ੁਰੂ

**ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)**- ਸ਼ਿਵੋਹਮ ਸੇਵਾ ਮੰਡਲ, ਛੇਹਰਟਾ (ਅੰਮ੍ਰਿਤਸਰ) ਵੱਲੋਂ ਪਵਿੱਤਰ ਅਮਰਨਾਥ ਯਾਤਰਾ ਨੂੰ ਸਮਰਪਿਤ ਕਠੂਆ ਦੇ ਖਰੋਟ ਮੋੜ ਵਿਖੇ 7ਵੇਂ ਵਿਸ਼ਾਲ ਭੰਡਾਰੇ ਦੀ ਸ਼ੁਰੂਆਤ ਸ਼ਿਵ ਜਾਗਰਣ ਅਤੇ ਵਿਧੀਵਤ ਪੂਜਾ-ਅਰਚਨਾ ਨਾਲ ਕੀਤੀ ਗਈ।ਸਮਾਗਮ ਦਾ ਉਦਘਾਟਨ ਕਠੂਆ ਦੇ ਡਿਪਟੀ ਕਮਿਸ਼ਨਰ ਰਾਜੇਸ਼ ਸ਼ਰਮਾ ਨੇ ਮੁੱਖ ਮਹਿਮਾਨ ਵਜੋਂ ਕੀਤਾ।ਇਸ ਮੌਕੇ ਸ਼ਰਧਾਲੂਆਂ ਨੇ ਭਗਵਾਨ ਸ਼ਿਵ ਦੀ ਮਹਿਮਾ ਦਾ ਗੁਣਗਾਨ ਕੀਤਾ ਅਤੇ ਯਾਤਰਾ ਦੀ ਸਫਲਤਾ ਲਈ ਅਰਦਾਸ ਕੀਤੀ।ਮੰਡਲ ਦੇ ਚੇਅਰਮੈਨ ਅਸ਼ੋਕ ਬੇਦੀ ਅਤੇ ਉਨ੍ਹਾਂ ਦੀ ਟੀਮ ਵੱਲੋਂ ਭੰਡਾਰੇ ਦੇ ਸਥਾਨ ਨੂੰ ਸ਼ਾਨਦਾਰ ਢੰਗ ਨਾਲ ਸਜਾਇਆ ਗਿਆ।ਸ਼ਿਵ ਜਾਗਰਣ ਦੌਰਾਨ ਅੰਮ੍ਰਿਤਸਰ ਤੋਂ ਪਰਮ ਸੰਤ ਆਰਤੀ ਦੇਵਾ ਜੀ ਮਹਾਰਾਜ ਦੀ ਹਾਜ਼ਰੀ ਰਹੀ।ਇਸ ਮੌਕੇ ਅੰਮ੍ਰਿਤਸਰ ਦੇ ਪ੍ਰਸਿੱਧ ਭਜਨ ਗਾਇਕ ਡਾ. ਅਸ਼ਵਨੀ ਮੰਨਣ ਨੇ ਆਪਣੀ ਸੁਰੀਲੀ ਅਤੇ ਭਗਤੀਮਈ ਗਾਇਕੀ ਨਾਲ ਸਮੁੱਚੀ ਸੰਗਤ ਨੂੰ ਸ਼ਿਵ ਭਗਤੀ ਦੇ ਰੰਗ ਵਿੱਚ ਰੰਗ ਦਿੱਤਾ।ਉਨ੍ਹਾਂ ਵੱਲੋਂ ਪੇਸ਼ ਕੀਤੇ ਭਜਨਾਂ ਨੇ ਅਜਿਹਾ ਸਮਾਂ ਬੰਨ੍ਹਿਆ ਕਿ ਸ਼ਰਧਾਲੂ ਲੰਮੇ ਸਮੇਂ ਤੱਕ ਭਗਤੀ ਰਸ ਵਿੱਚ ਲੀਨ ਰਹੇ ਅਤੇ ਪੂਰਾ ਪੰਡਾਲ ਬਮ ਬਮ ਭੋਲੇ ਦੇ ਜੈਕਾਰਿਆਂ ਨਾਲ ਗੂੰਜ ਉੱਠਿਆ।ਡਾ. ਅਸ਼ਵਨੀ ਮੰਨਣ ਅੰਮ੍ਰਿਤਸਰ ਦੇ ਪ੍ਰਸਿੱਧ ਭਜਨ ਗਾਇਕ ਹਨ ਅਤੇ ਉਨ੍ਹਾਂ ਦੀਆਂ ਭਗਤੀਮਈ ਪੇਸ਼ਕਾਰੀਆਂ ਨੂੰ ਫੇਸਬੁੱਕ, ਇੰਸਟਾਗ੍ਰਾਮ ਅਤੇ ਹੋਰ ਸੋਸ਼ਲ ਮੀਡੀਆ ਪਲੇਟਫਾਰਮਾਂ ਤੇ ਵੀ ਵੱਡੀ ਗਿਣਤੀ ਵਿੱਚ ਸਰਾਹਿਆ ਜਾਂਦਾ ਹੈ।ਚੇਅਰਮੈਨ ਅਸ਼ੋਕ ਬੇਦੀ ਵੱਲੋਂ ਡਿਪਟੀ ਕਮਿਸ਼ਨਰ ਰਾਜੇਸ਼ ਸ਼ਰਮਾ ਅਤੇ ਆਰਤੀ ਦੇਵਾ ਜੀ ਮਹਾਰਾਜ ਨੂੰ ਸਨਮਾਨਿਤ ਵੀ ਕੀਤਾ ਗਿਆ।ਇਸ ਮੌਕੇ ਭਾਜਪਾ ਜ਼ਿਲ੍ਹਾ ਪ੍ਰਧਾਨ ਸੁਭਾਸ਼ ਉਪਦੇਸ਼ ਅੰਡੋਤਰਾ, ਸੀਨੀਅਰ ਭਾਜਪਾ ਆਗੂ ਡਾ. ਨਰੇਂਦਰ ਸਿੰਘ ਜਸਰੋਟੀਆ, ਸਾਬਕਾ ਪ੍ਰਧਾਨ ਰਵਿੰਦਰ ਸ਼ਰਮਾ, ਦੀਪਕ ਰਾਮਪਾਲ, ਅਮਨ ਰਾਮਪਾਲ, ਵਿੱਕੀ ਮਾਮਾ, ਓਮ ਪ੍ਰਕਾਸ਼ ਸੋਨੀ, ਅਜੈ ਸਿੰਘ, ਡਾ. ਨਰਿੰਦਰ, ਰਾਕੇਸ਼ ਕੁਮਾਰ, ਅਸ਼ੋਕ ਕੁਮਾਰ, ਰੰਮੀ, ਡਾ. ਰਾਕੇਸ਼ ਅਰੋੜਾ, ਮਾਨਵ ਸੋਢੀ, ਹਰੀਸ਼ ਬਸੀਨ, ਪਵਨ ਚੱਕੀ ਵਾਲੇ, ਦੀਪਕ ਬਹਿਲ, ਵਿਪਨ ਸ਼ੁਕਲਾ, ਦੀਪਕ ਭਾਰਦਵਾਜ, ਸੰਦੀਪ ਗਿੱਲ, ਕੁਲਦੀਪ ਸ਼ਰਮਾ, ਰੋਮੀ, ਅਜੈ ਸ਼ਰਮਾ ਅਤੇ ਸੋਨੂ ਸ਼ਰਮਾ ਸਮੇਤ ਵੱਡੀ ਗਿਣਤੀ ਵਿੱਚ ਧਾਰਮਿਕ ਅਤੇ ਸਮਾਜਿਕ ਸ਼ਖ਼ਸੀਅਤਾਂ ਹਾਜ਼ਰ ਸਨ।



ਨਵਾਂ ਜ਼ਮਾਨਾ
ਸੋਮਵਾਰ, 6 ਜੁਲਾਈ 2026

# ਪ੍ਰਧਾਨ ਮੰਤਰੀ ਦੀ ਖਾਮੋਸ਼ੀ

ਅਯੁੱਧਿਆ ਦੇ ਰਾਮ ਮੰਦਰ ਵਿੱਚ ਚੜ੍ਹਾਵੇ ਦੀ ਚੋਰੀ ਵੱਡਾ ਵਿਵਾਦ ਬਣ ਗਿਆ ਹੈ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੇ ਭਾਜਪਾ ਲਈ ਇਸ ਮਾਮਲੇ ਤੋਂ ਆਪਣੇ-ਆਪ ਨੂੰ ਅੱਡ ਦਿਖਾਉਣਾ ਬੇਹੱਦ ਮੁਸ਼ਕਲ ਸਾਬਤ ਹੋ ਰਿਹਾ ਹੈ। ਸੀ-ਵੋਟਰ ਵੱਲੋਂ ਕੀਤੇ ਗਏ ਇੱਕ ਸਰਵੇਖਣ ਤੋਂ ਪਤਾ ਚੱਲਦਾ ਹੈ ਕਿ 53.7 ਪ੍ਰਤੀਸ਼ਤ ਐੱਨ ਡੀ ਏ ਵੋਟਰਾਂ ਦਾ ਮੰਨਣਾ ਹੈ ਕਿ ਇਸ ਚੋਰੀ ਨਾਲ ਉਨ੍ਹਾਂ ਦਾ ਵਿਸ਼ਵਾਸ ਪ੍ਰਭਾਵਤ ਹੋਇਆ ਹੈ। ਸ਼ਰਧਾਲੂ ਇਸ ਘਟਨਾ ਨੂੰ ਸਿਰਫ ਇੱਕ ਆਰਥਿਕ ਅਪਰਾਧ ਵਜੋਂ ਨਹੀਂ, ਸਗੋਂ ਗੰਭੀਰ ਧਾਰਮਿਕ ਵਿਸ਼ਵਾਸਘਾਤ ਵਜੋਂ ਦੇਖ ਰਹੇ ਹਨ। ਇਸ ਦਾ ਸਿੱਧਾ ਪ੍ਰਭਾਵ ਭਾਜਪਾ ਦੇ ਸਭ ਤੋਂ ਵਫਾਦਾਰ ਵੋਟਰ ਆਧਾਰ 'ਤੇ ਪੈਂਦਾ ਦਿਖਾਈ ਦੇ ਰਿਹਾ ਹੈ, ਕਿਉਂਕਿ ਭਾਜਪਾ ਨੇ ਰਾਮ ਮੰਦਰ ਦੀ ਉਸਾਰੀ ਤੇ ਇਸ ਨਾਲ ਜੁੜੇ ਪ੍ਰਤੀਕਾਂ ਨੂੰ ਪੂਰੀ ਤਰ੍ਹਾਂ ਆਪਣੀ ਸਿਆਸੀ ਪਛਾਣ ਨਾਲ ਜੋੜ ਦਿੱਤਾ ਸੀ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਖੁਦ ਇਸ ਧਾਰਮਿਕ ਪ੍ਰੋਜੈਕਟ ਦਾ ਪੂਰਾ ਸਿਹਰਾ ਆਪਣੇ ਸਿਰ ਬੰਨ੍ਹਿਆ ਸੀ, ਇਸ ਲਈ ਉਹ ਹੁਣ ਮੰਦਰ ਦੇ ਅੰਦਰ ਕਿਸੇ ਵੀ ਗਲਤ ਕੰਮ ਲਈ ਜਵਾਬਦੇਹੀ ਅਤੇ ਦੋਸ਼ਾਂ ਤੋਂ ਬਚ ਨਹੀਂ ਸਕਦੇ। ਖਾਸ ਕਰਕੇ ਜਦੋਂ ਚੋਰੀ ਦੇ ਦੋਸ਼ ਉਨ੍ਹਾਂ ਲੋਕਾਂ 'ਤੇ ਲੱਗੇ ਹੋਣ, ਜਿਨ੍ਹਾਂ ਨੂੰ ਮੋਦੀ ਨੇ ਖੁਦ ਪ੍ਰੋਜੈਕਟ ਸਿਰੇ ਚੜ੍ਹਾਉਣ ਲਈ ਚੁਣਿਆ ਸੀ।

ਕਈ ਕਾਰਨ ਹਨ, ਜਿਨ੍ਹਾਂ ਕਰਕੇ ਪ੍ਰਧਾਨ ਮੰਤਰੀ ਮੋਦੀ ਅਤੇ ਭਾਜਪਾ ਲਈ ਰਾਮ ਮੰਦਰ ਚੜ੍ਹਾਵਾ ਚੋਰੀ ਦੇ ਮਾਮਲੇ ਤੋਂ ਆਪਣੇ-ਆਪ ਨੂੰ ਅਲੱਗ ਦਿਖਾਉਣਾ ਮੁਸ਼ਕਲ ਹੋ ਰਿਹਾ ਹੈ। ਰਾਮ ਮੰਦਰ ਦੀ ਉਸਾਰੀ ਸਿਰਫ ਇੱਕ ਧਾਰਮਿਕ ਪ੍ਰੋਜੈਕਟ ਨਹੀਂ ਹੈ, ਸਗੋਂ ਭਾਜਪਾ ਦੀ ਸਭ ਤੋਂ ਵੱਡੀ ਸਿਆਸੀ ਪ੍ਰਾਪਤੀ ਅਤੇ ਪਛਾਣ ਦਾ ਪ੍ਰਤੀਕ ਹੈ। ਰਾਮ ਜਨਮ ਭੂਮੀ ਅੰਦੋਲਨ ਨੇ ਭਾਜਪਾ ਨੂੰ ਕੌਮੀ ਸਿਆਸਤ ਦੇ ਕੇਂਦਰ ਵਿੱਚ ਲਿਆਂਦਾ ਅਤੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਮੰਦਰ ਦੀ ਪ੍ਰਾਣ-ਪ੍ਰਤਿਸ਼ਠਾ ਮੌਕੇ ਇਸ ਦੀ ਸਭ ਤੋਂ ਪ੍ਰਮੁੱਖ ਸ਼ਖਸੀਅਤ ਸਨ। ਅਜਿਹੇ ਵਿੱਚ ਮੰਦਰ ਕੰਪਲੈਕਸ ਦੇ ਅੰਦਰ ਹੋਣ ਵਾਲਾ ਕੋਈ ਵੀ ਘੁਟਾਲਾ ਜਾਂ ਵਿਵਾਦ ਆਪਣੇ-ਆਪ ਹੀ ਭਾਜਪਾ ਨਾਲ ਜੁੜ ਜਾਂਦਾ ਹੈ, ਕਿਉਂਕਿ ਇਹ ਉਹ ਪ੍ਰਤੀਕ ਹੈ, ਜਿਸ ਦੀ ਵਰਤੋਂ ਪਾਰਟੀ ਨੇ ਆਪਣੇ ਚੋਣ ਲਾਭ ਲਈ ਆਪਣੇ ਸਭ ਤੋਂ ਪ੍ਰਭਾਵਸ਼ਾਲੀ ਸਿਆਸੀ ਹਥਿਆਰ ਵਜੋਂ ਕੀਤੀ। ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ, ਜੋ ਰਾਮ ਮੰਦਰ ਦੇ ਸੰਚਾਲਨ ਅਤੇ ਵਿੱਤੀ ਵਿਵਸਥਾ ਦੀ ਨਿਗਰਾਨੀ ਕਰਦਾ ਹੈ, ਦਾ ਗਠਨ ਕੇਂਦਰ ਸਰਕਾਰ ਨੇ ਕੀਤਾ ਸੀ ਅਤੇ ਇਸ ਦੇ 15 ਮੈਂਬਰਾਂ ਵਿੱਚੋਂ 12 ਨੂੰ ਸਿੱਧੇ ਤੌਰ 'ਤੇ ਖੁਦ ਨਾਮਜ਼ਦ ਕੀਤਾ ਸੀ।

ਫਰਵਰੀ 2020 ਵਿੱਚ ਮੋਦੀ ਨੇ ਖੁਦ ਲੋਕ ਸਭਾ ਵਿੱਚ ਇਸ ਟਰੱਸਟ ਦੇ ਗਠਨ ਦਾ ਐਲਾਨ ਕੀਤਾ ਸੀ ਅਤੇ ਮੰਨਿਆ ਜਾਂਦਾ ਹੈ ਕਿ ਟਰੱਸਟ ਦੇ ਮੈਂਬਰਾਂ ਦੀ ਚੋਣ ਵਿੱਚ ਉਨ੍ਹਾ ਦੀ ਅਹਿਮ ਭੂਮਿਕਾ ਸੀ।

ਇਹ ਵਿਵਾਦ ਸਿੱਧੇ ਤੌਰ 'ਤੇ ਉਨ੍ਹਾਂ ਲੋਕਾਂ ਤੱਕ ਪੁੱਜਦਾ ਹੈ, ਜੋ ਭਾਜਪਾ ਅਤੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਦੀ ਉੱਚ ਲੀਡਰਸ਼ਿਪ ਨਾਲ ਜੁੜੇ ਰਹੇ ਹਨ। ਟਰੱਸਟ ਦੇ ਜਨਰਲ ਸਕੱਤਰ ਚੰਪਤ ਰਾਏ ਸੀਨੀਅਰ ਆਰ ਐੱਸ ਐੱਸ ਨੇਤਾ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ (ਵੀ ਐੱਚ ਪੀ) ਦੇ ਉਪ-ਪ੍ਰਧਾਨ ਹਨ। ਉਨ੍ਹਾ ਨੂੰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦਾ ਕਰੀਬੀ ਸਹਿਯੋਗੀ ਵੀ ਮੰਨਿਆ ਜਾਂਦਾ ਹੈ।

ਬਜਰੰਗ ਦਲ ਦੇ ਬਾਨੀ ਅਤੇ ਭਾਜਪਾ ਨੇਤਾ ਵਿਨੈ ਕਟਿਆਰ ਨੇ ਜਨਤਕ ਤੌਰ 'ਤੇ ਟਰੱਸਟ ਦੇ ਉੱਚ ਅਧਿਕਾਰੀਆਂ 'ਤੇ ਸਵਾਲ ਉਠਾਏ ਹਨ। ਇਸ ਨਾਲ ਇਹ ਵਿਵਾਦ ਭਾਜਪਾ ਅਤੇ ਇਸ ਨਾਲ ਜੁੜੇ ਸੰਗਠਨਾਂ ਦੇ ਅੰਦਰ ਬਹਿਸ ਅਤੇ ਦੋਸ਼ਾਂ ਦਾ ਵਿਸ਼ਾ ਵੀ ਬਣ ਗਿਆ ਹੈ।

ਇਹ ਵਿਵਾਦ ਮੋਦੀ ਦੇ ਉਨ੍ਹਾਂ ਤਿੰਨ ਸਭ ਤੋਂ ਵੱਡੇ ਸਿਆਸੀ ਦਾਅਵਿਆਂ ਨੂੰ ਸੱਟ ਮਾਰਦਾ ਹੈ, ਜਿਨ੍ਹਾਂ 'ਤੇ ਉਨ੍ਹਾ ਦਾ ਸਿਆਸੀ ਅਕਸ ਟਿਕਿਆ ਹੋਇਆ ਹੈ। ਹਿੰਦੂਤਵ ਦਾ ਸਭ ਤੋਂ ਵੱਡਾ ਰੱਖਿਅਕ ਹੋਣ ਦਾ ਦਾਅਵਾ ਕਰਨਾ, ਯਾਨੀ ਕਿ ਆਪਣੇ-ਆਪ ਨੂੰ ਹਿੰਦੂ ਧਰਮ ਅਤੇ ਪਵਿੱਤਰ ਸਥਾਨਾਂ ਦੇ ਰੱਖਿਅਕ ਵਜੋਂ ਦਰਸਾਉਣਾ।

ਭ੍ਰਿਸ਼ਟਾਚਾਰ ਵਿਰੁੱਧ ਲੜਨ ਦਾ ਦਾਅਵਾ, ਜਿਸ ਰਾਹੀਂ ਭਾਜਪਾ ਆਪਣੇ-ਆਪ ਨੂੰ ਪਰਵਾਰਵਾਦੀ ਅਤੇ ਭ੍ਰਿਸ਼ਟ ਪਾਰਟੀਆਂ ਤੋਂ ਵੱਖਰਾ ਦੱਸਦੀ ਰਹੀ ਹੈ। ਰਾਸ਼ਟਰਵਾਦ ਦੇ ਨਾਂਅ 'ਤੇ ਕੁਸ਼ਲ ਅਤੇ ਪ੍ਰਭਾਵਸ਼ਾਲੀ ਸ਼ਾਸਨ ਦੇ ਦਾਅਵੇ, ਜਿਸ ਤਹਿਤ ਬਿਹਤਰ ਪ੍ਰਸ਼ਾਸਨ ਦੇਣ ਦਾ ਦਾਅਵਾ, ਜਿਸ ਤਹਿਤ ਵਿਕਾਸ ਨੂੰ ਰਾਸ਼ਟਰਵਾਦ ਨਾਲ ਜੋੜ ਕੇ ਪੇਸ਼ ਕੀਤਾ ਜਾਂਦਾ ਹੈ। ਚੜ੍ਹਾਵਾ ਚੋਰੀ ਦਾ ਮਾਮਲਾ ਇਨ੍ਹਾਂ ਤਿੰਨਾਂ ਦਾਅਵਿਆਂ ਨੂੰ ਇੱਕੋ ਸਮੇਂ ਪ੍ਰਭਾਵਤ ਕਰਦਾ ਹੈ। ਇਹ ਵਿਵਾਦ ਕਰੋੜਾਂ ਸ਼ਰਧਾਲੂਆਂ ਦੀ ਆਸਥਾ ਦਾ ਕੇਂਦਰ ਰਹੇ ਇੱਕ ਪਵਿੱਤਰ ਧਾਰਮਿਕ ਸਥਾਨ ਵਿੱਚ ਕੁਪ੍ਰਬੰਧ ਵੱਲ ਇਸ਼ਾਰਾ ਕਰਦਾ ਹੈ। ਇਹ ਲੰਮੇ ਸਮੇਂ ਤੱਕ ਚਰਚਿਤ ਪ੍ਰੋਜੈਕਟ ਵਿੱਚ ਯੋਜਨਾਬੱਧ ਭ੍ਰਿਸ਼ਟਾਚਾਰ ਦਾ ਸ਼ੱਕ ਵੀ ਪੈਦਾ ਕਰਦਾ ਹੈ ਅਤੇ ਭਾਜਪਾ ਦੇ 'ਸਵੱਛ ਅਤੇ ਕੁਸ਼ਲ ਸ਼ਾਸਨ' ਦੇ ਦਾਅਵੇ 'ਤੇ ਸਵਾਲ ਉਠਾਉਂਦਾ ਹੈ। ਇਹੀ ਕਾਰਨ ਹੈ ਕਿ ਪ੍ਰਧਾਨ ਮੰਤਰੀ ਮੋਦੀ ਲਈ ਇਸ ਪੂਰੇ ਮਾਮਲੇ ਨੂੰ ਸਿਰਫ ਮਾੜੀ-ਮੋਟੀ ਪ੍ਰਸ਼ਾਸਕੀ ਭੁੱਲ ਕਹਿ ਕੇ ਖਾਰਜ ਕਰਨਾ ਆਸਾਨ ਨਹੀਂ ਹੈ।

ਇਹ ਮਾਮਲਾ ਥੋੜ੍ਹੀ ਜਿਹੀ ਰਕਮ ਦੀ ਚੋਰੀ ਦਾ ਨਹੀਂ ਹੈ। ਜਾਂਚ ਏਜੰਸੀਆਂ ਮੁਤਾਬਕ ਇਹ ਸ਼ਾਤਰ ਗਰੋਹ ਦਾ ਕੰਮ ਸੀ, ਜਿਸ ਵਿੱਚ ਲੱਗਭੱਗ 200 ਲੋਕ ਸ਼ਾਮਲ ਸਨ। ਦੋਸ਼ ਇਹ ਵੀ ਹੈ ਕਿ ਗਰੋਹ ਮੰਦਰ ਨੂੰ ਦਾਨ ਕੀਤੀਆਂ ਸੋਨੇ ਅਤੇ ਚਾਂਦੀ ਵਰਗੀਆਂ ਕੀਮਤੀ ਧਾਤਾਂ ਨੂੰ ਰੇਲ ਗੱਡੀ ਰਾਹੀਂ ਕਰਨਾਟਕ ਭੇਜਦਾ ਸੀ, ਜਿੱਥੇ ਉਨ੍ਹਾਂ ਨੂੰ ਪਿਘਲਾਇਆ ਜਾਂਦਾ ਸੀ। ਇਸ ਗਰੋਹ ਨੇ ਘੱਟ ਆਮਦਨ ਵਾਲੇ ਮੰਦਰ ਦੇ ਕਰਮਚਾਰੀਆਂ ਨੂੰ ਸਿਆਲਾਂ ਵਿੱਚ ਦਿੱਤੀਆਂ ਜਾਣ ਵਾਲੀਆਂ ਜੈਕਟਾਂ ਨਾਲ ਭਰੇ ਟਰੱਕ ਵੀ ਆਪਣੇ ਕਬਜ਼ੇ ਵਿੱਚ ਲੈ ਲਏ। ਇਸ ਲਈ ਸੱਤਾਧਾਰੀ ਭਾਜਪਾ ਲਈ ਇਸ ਨੂੰ ਇੱਕ ਛੋਟੀ ਜਿਹੀ ਪ੍ਰਬੰਧਕੀ ਗਲਤੀ ਜਾਂ ਲਾਪਰਵਾਹੀ ਵਜੋਂ ਖਾਰਜ ਕਰਨਾ ਆਸਾਨ ਨਹੀਂ। ਚੜ੍ਹਾਵਾ ਚੋਰੀ ਹੋਣ ਜਾਂ ਉਸ ਦੀ ਦੁਰਵਰਤੋਂ ਦਾ ਦੋਸ਼ ਭਾਜਪਾ ਲਈ ਸਿਆਸੀ ਹੀ ਨਹੀਂ, ਗੰਭੀਰ ਨੈਤਿਕ ਸੰਕਟ ਵੀ ਪੈਦਾ ਕਰਦਾ ਹੈ। ਭਾਜਪਾ ਇੱਕ ਅਜਿਹੇ ਸਿਆਸੀ ਜਾਲ ਵਿੱਚ ਫਸ ਗਈ ਜਾਪਦੀ ਹੈ, ਜਿੱਥੇ ਚੁੱਪ ਰਹਿਣਾ ਮਾਮਲੇ ਨੂੰ ਦਬਾਉਣ ਦੀ ਕੋਸ਼ਿਸ਼ ਵਰਗਾ ਲੱਗਦਾ ਹੈ, ਜਦੋਂ ਕਿ ਖੁੱਲ੍ਹ ਕੇ ਬੋਲਣਾ ਮੋਦੀ ਦੀ ਅਗਵਾਈ ਹੇਠ ਸਿਸਟਮ ਦੀ ਅਸਫਲਤਾ ਨੂੰ ਸਵੀਕਾਰ ਕਰਨ ਵਰਗਾ ਪ੍ਰਤੀਤ ਹੋ ਸਕਦਾ ਹੈ।

# ਭੁੱਖ ਹੜਤਾਲ : ਜਦੋਂ ਸਰੀਰ ਹੀ ਸੰਘਰਸ਼ ਦਾ ਹਥਿਆਰ ਬਣ ਜਾਂਦਾ


ਐੱਮ ਐੱਸ ਭਾਟੀਆ

ਇਤਿਹਾਸ ਵਿੱਚ ਅਨੇਕਾਂ ਵਾਰ ਅਜਿਹਾ ਹੋਇਆ ਹੈ ਕਿ ਜਦੋਂ ਸੱਤਾ ਨੇ ਲੋਕਾਂ ਤੋਂ ਬੋਲਣ, ਲਿਖਣ ਅਤੇ ਵਿਰੋਧ ਕਰਨ ਦੇ ਸਾਰੇ ਰਸਤੇ ਬੰਦ ਕਰ ਦਿੱਤੇ, ਤਾਂ ਸੰਘਰਸ਼ ਕਰਨ ਵਾਲਿਆਂ ਨੇ ਆਪਣੇ ਹੀ ਸਰੀਰ ਨੂੰ ਵਿਰੋਧ ਦਾ ਸਾਧਨ ਬਣਾ ਲਿਆ।

ਭੁੱਖ ਹੜਤਾਲ ਇਸੇ ਪ੍ਰਤੀਰੋਧ ਦਾ ਇੱਕ ਵਿਲੱਖਣ ਅਤੇ ਸ਼ਕਤੀਸ਼ਾਲੀ ਰੂਪ ਹੈ। ਇਹ ਸਿਰਫ਼ ਭੋਜਨ ਦਾ ਤਿਆਗ ਨਹੀਂ, ਸਗੋਂ ਨਿਆਂ, ਮਨੁੱਖੀ ਮਰਿਆਦਾ ਅਤੇ ਰਾਜਨੀਤਕ ਵਿਸ਼ਵਾਸ ਲਈ ਆਪਣੀ ਜਾਨ ਤੱਕ ਦਾਅ 'ਤੇ ਲਗਾਉਣ ਦਾ ਐਲਾਨ ਹੈ। ਇਸ ਦੀ ਤਾਕਤ ਇਸ ਗੱਲ ਵਿੱਚ ਹੈ ਕਿ ਇਹ ਹਿੰਸਾ ਦਾ ਸਹਾਰਾ ਲਏ ਬਿਨਾਂ ਸੱਤਾ ਦੇ ਨੈਤਿਕ ਦਾਅਵਿਆਂ ਨੂੰ ਚੁਣੌਤੀ ਦਿੰਦੀ ਹੈ ਅਤੇ ਸਮਾਜ ਦੀ ਅੰਤਰ ਆਤਮਾ ਨੂੰ ਝੰਜੋੜਦੀ ਹੈ।

ਵੀਹਵੀਂ ਸਦੀ ਦੇ ਇਤਿਹਾਸ ਵਿੱਚ ਭੁੱਖ ਹੜਤਾਲਾਂ ਨੇ ਕਈ ਦੇਸ਼ਾਂ ਦੇ ਰਾਜਨੀਤਕ ਸੰਘਰਸ਼ਾਂ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਭਾਰਤ ਦੇ ਆਜ਼ਾਦੀ ਅੰਦੋਲਨ ਵਿੱਚ ਭਗਤ ਸਿੰਘ, ਜਤਿਨ ਦਾਸ ਅਤੇ ਉਨ੍ਹਾਂ ਦੇ ਸਾਥੀਆਂ ਨੇ ਇਸ ਨੂੰ ਬਸਤੀਵਾਦੀ ਜੇਲ੍ਹ ਪ੍ਰਣਾਲੀ ਵਿਰੁੱਧ ਸੰਘਰਸ਼ ਦਾ ਹਥਿਆਰ ਬਣਾਇਆ। ਇਸੇ ਤਰ੍ਹਾਂ ਉੱਤਰੀ ਆਇਰਲੈਂਡ ਵਿੱਚ ਬੌਬੀ ਸੈਂਡਜ਼ ਅਤੇ ਉਸ ਦੇ ਸਾਥੀਆਂ ਨੇ ਰਾਜਨੀਤਕ ਕੈਦੀਆਂ ਦੇ ਅਧਿਕਾਰਾਂ ਲਈ ਭੁੱਖ ਹੜਤਾਲ ਦਾ ਰਾਹ ਚੁਣਿਆ। ਦੋਵਾਂ ਸੰਘਰਸ਼ਾਂ ਦੀਆਂ ਪਿਛੋਕੜਾਂ ਵੱਖਰੀਆਂ ਸਨ, ਪਰ ਉਨ੍ਹਾਂ ਦਾ ਕੇਂਦਰੀ ਸਵਾਲ ਇੱਕੋ ਸੀ—ਕੀ ਰਾਜਨੀਤਕ ਮਕਸਦ ਲਈ ਲੜਨ ਵਾਲਿਆਂ ਨੂੰ ਆਮ ਅਪਰਾਧੀਆਂ ਵਾਂਗ ਮੰਨਿਆ ਜਾ ਸਕਦਾ ਹੈ ?

1981 ਵਿੱਚ ਉਤਰੀ ਆਇਰਲੈਂਡ ਦੀ ਮੇਜ਼ ਜੇਲ੍ਹ ਵਿੱਚ ਸ਼ੁਰੂ ਹੋਈ ਭੁੱਖ ਹੜਤਾਲ ਇਸ ਸਵਾਲ ਦੀ ਸਭ ਤੋਂ ਪ੍ਰਭਾਵਸ਼ਾਲੀ ਮਿਸਾਲ ਬਣੀ। ਬ੍ਰਿਟਿਸ਼ ਸਰਕਾਰ ਨੇ 1976 ਵਿੱਚ ਆਇਰਿਸ਼ ਰਿਪਬਲਿਕਨ ਕੈਦੀਆਂ ਤੋਂ ਵਿਸ਼ੇਸ਼ ਦਰਜਾ ਵਾਪਸ ਲੈ ਲਿਆ ਅਤੇ ਉਨ੍ਹਾਂ ਨੂੰ ਆਮ ਕੈਦੀਆਂ ਵਾਂਗ ਜੇਲ੍ਹ ਦੀ ਵਰਦੀ ਪਹਿਨਣ ਅਤੇ ਜੇਲ੍ਹ ਦੇ ਨਿਯਮ ਮੰਨਣ ਲਈ ਮਜਬੂਰ ਕੀਤਾ। ਕੈਦੀਆਂ ਨੇ ਇਸ ਨੂੰ ਆਪਣੀ ਰਾਜਨੀਤਕ ਪਛਾਣ ਨੂੰ ਮਿਟਾਉਣ ਦੀ ਕੋਸ਼ਿਸ਼ ਮੰਨਿਆ। ਪਹਿਲਾਂ ਉਨ੍ਹਾਂ ਜੇਲ੍ਹ ਦੀ ਵਰਦੀ ਪਹਿਨਣ ਤੋਂ ਇਨਕਾਰ ਕੀਤਾ, ਫਿਰ ਲੰਮਾ ਜੇਲ੍ਹ ਵਿਰੋਧ ਚਲਾਇਆ ਅਤੇ ਅੰਤ ਵਿੱਚ ਭੁੱਖ ਹੜਤਾਲ ਨੂੰ ਆਪਣਾ ਆਖ਼ਰੀ ਹਥਿਆਰ ਬਣਾਇਆ।

1 ਮਾਰਚ 1981 ਨੂੰ 27 ਸਾਲਾ ਬੌਬੀ ਸੈਂਡਜ਼ ਨੇ ਭੁੱਖ ਹੜਤਾਲ ਸ਼ੁਰੂ ਕੀਤੀ। ਭੁੱਖ ਹੜਤਾਲ ਦੌਰਾਨ ਹੀ ਉਹ ਬ੍ਰਿਟਿਸ਼ ਸੰਸਦ ਦਾ ਮੈਂਬਰ ਚੁਣਿਆ ਗਿਆ। ਇਸ ਘਟਨਾ ਨੇ ਇਹ ਸਾਬਤ ਕਰ ਦਿੱਤਾ ਕਿ ਜੇਲ੍ਹ ਦੇ ਅੰਦਰ ਚੱਲ ਰਿਹਾ ਸੰਘਰਸ਼ ਹੁਣ ਜਨਤਾ ਦੇ ਇੱਕ ਹਿੱਸੇ ਦੀ ਰਾਜਨੀਤਕ ਹਮਾਇਤ ਹਾਸਲ ਕਰ ਚੁੱਕਾ ਸੀ।

ਬ੍ਰਿਟਿਸ਼ ਪ੍ਰਧਾਨ ਮੰਤਰੀ ਮਾਰਗਰੇਟ ਥੈਚਰ ਨੇ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਕਰਨ ਤੋਂ ਇਨਕਾਰ ਕਰ ਦਿੱਤਾ। 66 ਦਿਨਾਂ ਦੀ ਭੁੱਖ ਹੜਤਾਲ ਤੋਂ ਬਾਅਦ 5 ਮਈ 1981 ਨੂੰ ਬੌਬੀ ਸੈਂਡਜ਼ ਦੀ ਮੌਤ ਹੋ ਗਈ। ਉਸ ਤੋਂ ਬਾਅਦ ਨੌਂ ਹੋਰ ਕੈਦੀਆਂ ਨੇ ਵੀ ਆਪਣੀਆਂ ਜਾਨਾਂ ਗੁਆ ਦਿੱਤੀਆਂ।

ਭਾਵੇਂ ਬ੍ਰਿਟਿਸ਼ ਸਰਕਾਰ ਨੇ ਤੁਰੰਤ ਆਪਣਾ ਫ਼ੈਸਲਾ ਨਹੀਂ ਬਦਲਿਆ, ਪਰ ਕੁਝ ਸਮੇਂ ਬਾਅਦ ਕੈਦੀਆਂ ਦੀਆਂ ਕਈ ਮੰਗਾਂ ਮੰਨ ਲਈਆਂ ਗਈਆਂ। ਇਸ ਤੋਂ ਵੀ ਵੱਧ ਮਹੱਤਵਪੂਰਨ ਗੱਲ ਇਹ ਸੀ ਕਿ ਇਸ ਭੁੱਖ ਹੜਤਾਲ ਨੇ ਉੱਤਰੀ ਆਇਰਲੈਂਡ ਦੀ ਰਾਜਨੀਤੀ ਨੂੰ ਇੱਕ ਨਵੀਂ ਦਿਸ਼ਾ ਦਿੱਤੀ। ਜੇਲ੍ਹ ਅੰਦਰ ਦਾ ਸੰਘਰਸ਼ ਚੁਣਾਵੀ ਰਾਜਨੀਤੀ ਨਾਲ ਜੁੜਿਆ ਅਤੇ ਅੱਗੇ ਚੱਲ ਕੇ ਸ਼ਾਂਤੀ ਪ੍ਰਕਿਰਿਆ ਵਿੱਚ ਵੀ ਇਸ ਦਾ ਪ੍ਰਭਾਵ ਨਜ਼ਰ ਆਇਆ। ਇਸ ਤਰ੍ਹਾਂ ਬੌਬੀ ਸੈਂਡਜ਼ ਦੀ ਭੁੱਖ ਹੜਤਾਲ ਸਿਰਫ਼ ਜੇਲ੍ਹ ਅੰਦਰ ਦਾ ਸੰਘਰਸ਼ ਨਹੀਂ ਰਹੀ, ਸਗੋਂ ਇੱਕ ਅਜਿਹੀ ਘਟਨਾ ਬਣ ਗਈ ਜਿਸ ਨੇ ਪੂਰੇ ਟਕਰਾਅ ਦੀ ਰਾਜਨੀਤਕ ਦਿਸ਼ਾ 'ਤੇ ਅਸਰ ਪਾਇਆ।

ਭਗਤ ਸਿੰਘ ਤੋਂ ਅੰਡੇਮਾਨ ਤੱਕ: ਜੇਲ੍ਹਾਂ ਅੰਦਰ ਲੜਿਆ ਗਿਆ ਆਜ਼ਾਦੀ ਦਾ ਇੱਕ ਹੋਰ ਸੰਘਰਸ਼

ਭਾਰਤ ਦੇ ਆਜ਼ਾਦੀ ਅੰਦੋਲਨ ਵਿੱਚ ਵੀ ਭੁੱਖ ਹੜਤਾਲ ਸਿਰਫ਼ ਜੇਲ੍ਹ ਅੰਦਰ ਦੀ ਨਾਰਾਜ਼ਗੀ ਨਹੀਂ ਸੀ। ਇਹ ਬ੍ਰਿਟਿਸ਼ ਬਸਤੀਵਾਦੀ ਰਾਜ ਦੀ ਉਸ ਨੀਤੀ ਵਿਰੁੱਧ ਸੰਘਰਸ਼ ਸੀ, ਜਿਸ ਦਾ ਮਕਸਦ ਆਜ਼ਾਦੀ ਸੈਨਾਨੀਆਂ ਨੂੰ ਆਮ ਅਪਰਾਧੀਆਂ ਵਾਂਗ ਪੇਸ਼ ਕਰਨਾ ਸੀ। ਕ੍ਰਾਂਤੀਕਾਰੀਆਂ ਦਾ ਮੰਨਣਾ ਸੀ ਕਿ ਉਹ ਨਿੱਜੀ ਲਾਭ ਲਈ ਨਹੀਂ, ਸਗੋਂ ਦੇਸ਼ ਦੀ ਆਜ਼ਾਦੀ ਲਈ ਲੜ ਰਹੇ ਹਨ। ਇਸ ਲਈ ਉਨ੍ਹਾਂ ਨਾਲ ਰਾਜਨੀਤਕ ਕੈਦੀਆਂ ਵਾਲਾ ਸਲੂਕ ਹੋਣਾ ਚਾਹੀਦਾ ਹੈ।

1929 ਵਿੱਚ ਲਾਹੌਰ ਸਾਜ਼ਿਸ਼ ਕੇਸ ਦੇ ਕੈਦੀਆਂ—ਭਗਤ ਸਿੰਘ, ਬਟੁਕੇਸ਼ਵਰ ਦੱਤ, ਜਤਿਨ ਦਾਸ ਅਤੇ ਉਨ੍ਹਾਂ ਦੇ ਸਾਥੀਆਂ ਨੇ ਇਤਿਹਾਸਕ ਭੁੱਖ ਹੜਤਾਲ ਸ਼ੁਰੂ ਕੀਤੀ। ਉਨ੍ਹਾਂ ਦੀਆਂ ਮੰਗਾਂ ਨਿੱਜੀ ਸਹੂਲਤਾਂ ਲਈ ਨਹੀਂ ਸਨ। ਉਹ ਭਾਰਤੀ ਅਤੇ ਯੂਰਪੀ ਕੈਦੀਆਂ ਨਾਲ ਕੀਤੇ ਜਾਂਦੇ ਵਿਤਕਰੇ ਨੂੰ ਖ਼ਤਮ ਕਰਨ, ਪੌਸ਼ਟਿਕ ਭੋਜਨ, ਪੜ੍ਹਨ-ਲਿਖਣ ਦੀਆਂ ਸਹੂਲਤਾਂ, ਅਖ਼ਬਾਰਾਂ ਅਤੇ ਕਿਤਾਬਾਂ ਤੱਕ ਪਹੁੰਚ ਅਤੇ ਮਨੁੱਖੀ ਸਲੂਕ ਦੀ ਮੰਗ ਕਰ ਰਹੇ ਸਨ। ਅਸਲ ਵਿੱਚ ਇਹ ਸੰਘਰਸ਼ ਜੇਲ੍ਹ ਦੇ ਅੰਦਰ ਵੀ ਮਨੁੱਖੀ ਮਰਿਆਦਾ ਅਤੇ ਰਾਜਨੀਤਕ ਪਛਾਣ ਲਈ ਸੀ।

63 ਦਿਨਾਂ ਦੀ ਭੁੱਖ ਹੜਤਾਲ ਤੋਂ ਬਾਅਦ 13 ਸਤੰਬਰ 1929 ਨੂੰ ਜਤਿਨ ਦਾਸ ਸ਼ਹੀਦ ਹੋ ਗਏ। ਉਨ੍ਹਾ ਦੀ ਮੌਤ ਨੇ ਪੂਰੇ ਦੇਸ਼ ਨੂੰ ਝੰਜੋੜ ਦਿੱਤਾ। ਲਾਹੌਰ ਤੋਂ ਕਲਕੱਤਾ ਤੱਕ ਉਨ੍ਹਾ ਦੀ ਅੰਤਿਮ ਯਾਤਰਾ ਵਿੱਚ ਹਜ਼ਾਰਾਂ ਲੋਕ ਸ਼ਾਮਲ ਹੋਏ। ਇਸ ਘਟਨਾ ਨੇ ਬ੍ਰਿਟਿਸ਼ ਰਾਜ ਦੀ ਜੇਲ੍ਹ ਪ੍ਰਣਾਲੀ ਦੀ ਬੇਰਹਿਮੀ ਨੂੰ ਬੇਨਕਾਬ ਕੀਤਾ ਅਤੇ ਭਗਤ ਸਿੰਘ ਤੇ ਉਨ੍ਹਾਂ ਦੇ ਸਾਥੀਆਂ ਦੇ ਸੰਘਰਸ਼ ਨੂੰ ਦੇਸ਼-ਵਿਆਪੀ ਸਮਰਥਨ ਮਿਲਿਆ।

ਅੰਡੇਮਾਨ ਦੀ ਸੈਲੂਲਰ ਜੇਲ੍ਹ, ਜਿਸ ਨੂੰ 'ਕਾਲਾ ਪਾਣੀ' ਕਿਹਾ ਜਾਂਦਾ ਸੀ, ਵੀ ਅਜਿਹੇ ਸੰਘਰਸ਼ਾਂ ਦੀ ਗਵਾਹ ਹੈ। 1933 ਦੀ ਭੁੱਖ ਹੜਤਾਲ ਦੌਰਾਨ ਜਦੋਂ ਜੇਲ੍ਹ ਪ੍ਰਸ਼ਾਸਨ ਨੇ ਕੈਦੀਆਂ ਨੂੰ ਜ਼ਬਰਦਸਤੀ ਨਾਲੀ ਰਾਹੀਂ ਦੁੱਧ ਪਿਲਾਉਣ ਦੀ ਕੋਸ਼ਿਸ਼ ਕੀਤੀ, ਤਾਂ ਮਹਾਂਵੀਰ ਸਿੰਘ, ਮੋਹਿਤ ਮੋਇਤਰਾ ਅਤੇ ਮੋਹਨ ਕਿਸ਼ੋਰ ਨਾਮਦਾਸ ਦੀ ਮੌਤ ਹੋ ਗਈ। ਉਨ੍ਹਾਂ ਦੀ ਸ਼ਹਾਦਤ ਨੇ ਦੇਸ਼ ਭਰ ਵਿੱਚ ਰੋਸ ਪੈਦਾ ਕੀਤਾ ਅਤੇ ਜੇਲ੍ਹਾਂ ਵਿੱਚ ਸੁਧਾਰਾਂ ਦੀ ਮੰਗ ਹੋਰ ਤੇਜ਼ ਹੋਈ।

ਇਸੇ ਤਰ੍ਹਾਂ ਗ਼ਦਰ ਲਹਿਰ ਨਾਲ ਸੰਬੰਧਤ ਕਈ ਕ੍ਰਾਂਤੀਕਾਰੀਆਂ ਅਤੇ ਹੋਰ ਰਾਜਨੀਤਕ ਕੈਦੀਆਂ ਨੇ ਵੀ ਜੇਲ੍ਹਾਂ ਵਿੱਚ ਭੁੱਖ ਹੜਤਾਲਾਂ ਰਾਹੀਂ ਆਪਣਾ ਵਿਰੋਧ ਦਰਜ ਕਰਵਾਇਆ।

ਭੁੱਖ ਹੜਤਾਲਾਂ ਦਾ ਇਤਿਹਾਸ ਇਹ ਵੀ ਸਿਖਾਉਂਦਾ ਹੈ ਕਿ ਇਹ ਆਪਣੇ ਆਪ ਵਿੱਚ ਇਤਿਹਾਸ ਨਹੀਂ ਬਦਲਦੀਆਂ। ਉਨ੍ਹਾਂ ਦੀ ਅਸਲ ਤਾਕਤ ਤਦੋਂ ਸਾਹਮਣੇ ਆਉਂਦੀ ਹੈ, ਜਦੋਂ ਉਹ ਲੋਕਾਂ ਦੀ ਵਿਆਪਕ ਹਮਾਇਤ ਅਤੇ ਸੰਗਠਿਤ ਜਨ-ਅੰਦੋਲਨ ਨਾਲ ਜੁੜ ਜਾਂਦੀਆਂ ਹਨ।ਜਤਿਨ ਦਾਸ ਦੀ ਸ਼ਹਾਦਤ ਨੇ ਆਜ਼ਾਦੀ ਅੰਦੋਲਨ ਨੂੰ ਨਵੀਂ ਊਰਜਾ ਦਿੱਤੀ। ਬੌਬੀ ਸੈਂਡਜ਼ ਦੀ ਮੌਤ ਨੇ ਉਤਰੀ ਆਇਰਲੈਂਡ ਦੀ ਰਾਜਨੀਤੀ 'ਤੇ ਡੂੰਘਾ ਅਸਰ ਪਾਇਆ। ਇਹ ਦੋਵੇਂ ਉਦਾਹਰਣਾਂ ਦੱਸਦੀਆਂ ਹਨ ਕਿ ਭੁੱਖ ਹੜਤਾਲ ਵਿਅਕਤੀਗਤ ਕੁਰਬਾਨੀ ਨੂੰ ਸਮੂਹਕ ਚੇਤਨਾ ਵਿੱਚ ਬਦਲ ਸਕਦੀ ਹੈ।

ਅੱਜ ਵੀ ਜਦੋਂ ਦੁਨੀਆ ਦੇ ਵੱਖ-ਵੱਖ ਹਿੱਸਿਆਂ ਵਿੱਚ ਲੋਕ ਆਪਣੇ ਹੱਕਾਂ, ਨਿਆਂ ਅਤੇ ਮਨੁੱਖੀ ਮਰਿਆਦਾ ਲਈ ਸੰਘਰਸ਼ ਕਰਦੇ ਹਨ, ਤਾਂ ਭੁੱਖ ਹੜਤਾਲ ਵਿਰੋਧ ਦੇ ਇੱਕ ਮਹੱਤਵਪੂਰਨ ਲੋਕਤੰਤਰੀ ਸਾਧਨ ਵਜੋਂ ਸਾਹਮਣੇ ਆਉਂਦੀ ਹੈ, ਪਰ ਇਤਿਹਾਸ ਦਾ ਸਭ ਤੋਂ ਵੱਡਾ ਸਬਕ ਇਹ ਹੈ ਕਿ ਭੁੱਖ ਹੜਤਾਲ ਕਿਸੇ ਸੰਘਰਸ਼ ਦਾ ਬਦਲ ਨਹੀਂ ਹੁੰਦੀ। ਇਹ ਉਸ ਸੰਘਰਸ਼ ਦੀ ਨੈਤਿਕ ਤਾਕਤ ਨੂੰ ਹੋਰ ਉੱਚਾ ਕਰਦੀ ਹੈ।

ਭਗਤ ਸਿੰਘ, ਜਤਿਨ ਦਾਸ, ਮਹਾਵੀਰ ਸਿੰਘ ਅਤੇ ਬੌਬੀ ਸੈਂਡਜ਼ ਵਰਗੇ ਸੰਘਰਸ਼ੀਆਂ ਦੀਆਂ ਕੁਰਬਾਨੀਆਂ ਸਾਨੂੰ ਇਹ ਯਾਦ ਦਿਵਾਉਂਦੀਆਂ ਹਨ ਕਿ ਸਰੀਰ ਨੂੰ ਕੈਦ ਕੀਤਾ ਜਾ ਸਕਦਾ ਹੈ, ਪਰ ਵਿਚਾਰਾਂ ਨੂੰ ਨਹੀਂ। ਭੁੱਖ ਹੜਤਾਲ ਦੀ ਸਫ਼ਲਤਾ ਨੂੰ ਸਿਰਫ਼ ਇਸ ਗੱਲ ਨਾਲ ਨਹੀਂ ਤੋਲਿਆ ਜਾ ਸਕਦਾ ਕਿ ਸਰਕਾਰ ਨੇ ਮੰਗਾਂ ਮੰਨੀਆਂ ਜਾਂ ਨਹੀਂ। ਕਈ ਵਾਰ ਇਸ ਦੀ ਸਭ ਤੋਂ ਵੱਡੀ ਪ੍ਰਾਪਤੀ ਇਹ ਹੁੰਦੀ ਹੈ ਕਿ ਇਹ ਸੱਤਾ ਦੇ ਦਮਨਕਾਰੀ ਚਿਹਰੇ ਨੂੰ ਬੇਨਕਾਬ ਕਰਦੀ ਹੈ, ਸਮਾਜ ਦੀ ਨੈਤਿਕ ਚੇਤਨਾ ਨੂੰ ਝੰਜੋੜਦੀ ਹੈ ਅਤੇ ਸੰਘਰਸ਼ ਨੂੰ ਵਿਆਪਕ ਜਨ-ਸਮਰਥਨ ਨਾਲ ਜੋੜ ਦਿੰਦੀ ਹੈ। ਜਤਿਨ ਦਾਸ ਦੀ ਸ਼ਹਾਦਤ ਨੇ ਭਾਰਤੀ ਆਜ਼ਾਦੀ ਅੰਦੋਲਨ ਨੂੰ ਨਵੀਂ ਊਰਜਾ ਦਿੱਤੀ, ਜਦਕਿ ਬੌਬੀ ਸੈਂਡਜ਼ ਦੀ ਭੁੱਖ ਹੜਤਾਲ ਨੇ ਉੱਤਰੀ ਆਇਰਲੈਂਡ ਦੀ ਰਾਜਨੀਤੀ ਨੂੰ ਡੂੰਘੇ ਤੌਰ 'ਤੇ ਪ੍ਰਭਾਵਤ ਕੀਤਾ। ਇਤਿਹਾਸ ਦੱਸਦਾ ਹੈ ਕਿ ਭੁੱਖ ਹੜਤਾਲ ਦੀ ਅਸਲ ਤਾਕਤ ਉਸ ਦੇ ਨੈਤਿਕ ਪ੍ਰਭਾਵ ਵਿੱਚ ਹੁੰਦੀ ਹੈ, ਜੋ ਕਈ ਵਾਰ ਤੁਰੰਤ ਰਾਜਨੀਤਕ ਨਤੀਜਿਆਂ ਨਾਲੋਂ ਵੀ ਵੱਧ ਦੂਰਗਾਮੀ ਸਾਬਤ ਹੁੰਦਾ ਹੈ।

ਅੱਜ ਜਦੋਂ ਦੁਨੀਆ ਦੇ ਕਈ ਹਿੱਸਿਆਂ ਵਿੱਚ ਅਸਹਿਮਤੀ ਨੂੰ ਦਬਾਉਣ, ਜੇਲ੍ਹਾਂ ਨੂੰ ਵਿਰੋਧੀਆਂ ਨੂੰ ਚੁੱਪ ਕਰਵਾਉਣ ਦੇ ਸਾਧਨ ਵਜੋਂ ਵਰਤਣ ਅਤੇ ਲੋਕਤੰਤਰੀ ਹੱਕਾਂ ਨੂੰ ਸੀਮਤ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ, ਤਾਂ ਭੁੱਖ ਹੜਤਾਲਾਂ ਦਾ ਇਤਿਹਾਸ ਸਾਨੂੰ ਯਾਦ ਦਿਵਾਉਂਦਾ ਹੈ ਕਿ ਨੈਤਿਕ ਪ੍ਰਤੀਰੋਧ ਦੀ ਤਾਕਤ ਨੂੰ ਸਿਰਫ਼ ਜੇਲ੍ਹਾਂ ਦੀਆਂ ਕੰਧਾਂ ਜਾਂ ਰਾਜ ਦੀ ਤਾਕਤ ਨਾਲ ਹਰਾਇਆ ਨਹੀਂ ਜਾ ਸਕਦਾ।

# ਸੰਪਰਕ : 99884-91002

# ਜ਼ਿੰਦਗੀ ਦਾ ਫਲਸਫਾ : ਮਾਨਵ ਧਰਮ


ਜਗਦੇਵ ਸ਼ਰਮਾ ਬੁਗਰਾ

ਧਰਮ ਬੜਾ ਹੀ ਸੂਖਮ ਅਤੇ ਸੰਵੇਦਨਸ਼ੀਲ ਵਿਸ਼ਾ ਹੈ, ਅੱਗੇ ਵਧਣ ਤੋਂ ਪਹਿਲਾਂ ਸਾਨੂੰ ਸਮਝਣਾ ਪਏਗਾ ਕਿ ਧਰਮ ਤੋਂ ਕੀ ਮਤਲਬ ਹੈ ਅਤੇ ਇਸ ਨੂੰ ਪ੍ਰੀਭਾਸ਼ਿਤ ਕਿਸ ਤਰਾਂ ਕੀਤਾ ਜਾ ਸਕਦਾ ਹੈ । ਵੱਖ-ਵੱਖ ਵਿਦਵਾਨਾਂ ਦੁਆਰਾ ਦਿੱਤੀ ਗਈ ਧਰਮ ਦੀ ਵਿਆਖਿਆ ਤੋਂ ਸਿੱਟਾ ਕੱਢ ਸਕਦੇ ਹਾਂ ਕਿ ਕਾਨੂੰਨ ਅਨੁਸਾਰ ਚੱਲਦੇ ਹੋਏ, ਹੱਕ ਅਤੇ ਸੱਚ ਗ੍ਰਹਿਣ ਕਰਨ ਲਈ ਅਤੇ ਦੂਜਿਆਂ ਪ੍ਰਤੀ ਆਪਣੇ ਫਰਜ਼ ਨਿਭਾਉਂਦੇ ਹੋਏ ਕਰਤੱਵ ਕਰਨਾ ਧਰਮ ਹੁੰਦਾ ਹੈ ।ਮਨੁੱਖਤਾ ਦੀ ਸੇਵਾ ਅਤੇ ਪ੍ਰਭੂ ਦੀ ਭਗਤੀ ਧਰਮ ਕਹਾਉਂਦੇ ਹਨ । ਧਰਮ ਜ਼ਿੰਦਗੀ ਨੂੰ ਜਿਉਣ ਯੋਗ ਬਣਾਉਂਦਾ ਹੈ:

ਸੱਚੇ ਮਾਰਗ ਚਲਦਿਆ, ਉਸਤਤ ਕਰੇ ਜਹਾਨੁ ॥

ਧਰਮ ਦਾ ਇਨਸਾਨੀਅਤ ਨਾਲ ਗੂੜ੍ਹਾ ਸਬੰਧ ਹੈ ।ਅਸਲ ਵਿੱਚ ਸੱਚੇ ਧਰਮ ਦਾ ਮੁੱਖ ਉਦੇਸ਼ ਹੀ ਇਨਸਾਨ ਨੂੰ ਇੱਕ ਚੰਗਾ, ਦਿਆਲੂ ਅਤੇ ਹਮਦਰਦ ਇਨਸਾਨ ਬਣਾਉਣਾ ਹੈ। ਧਰਮ ਜੇਕਰ ਮਨੁੱਖਤਾ ਦਾ ਪਾਠ ਨਹੀਂ ਪੜ੍ਹਾਉਂਦਾ, ਤਾਂ ਉਹ ਸਿਰਫ਼ ਇੱਕ ਰਸਮ ਬਣ ਕੇ ਰਹਿ ਜਾਂਦਾ ਹੈ। ਮਨੁੱਖਤਾ ਜਾਂ ਇਨਸਾਨੀਅਤ ਨੂੰ ਸਭ ਤੋਂ ਵੱਡਾ ਧਰਮ ਮੰਨਿਆ ਗਿਆ ਹੈ। ਕਿਸੇ ਦਾ ਦਿਲ ਨਾ ਦੁਖਾਉਣਾ, ਲੋੜਵੰਦਾਂ ਦੀ ਮਦਦ ਕਰਨਾ ਅਤੇ ਦਇਆ ਰੱਖਣਾ ਹੀ ਅਸਲ ਭਗਤੀ ਹੈ। ਬੰਦੇ ਦੇ ਮਨ ਵਿੱਚ ਦਇਆ ਅਤੇ ਪਰਉਪਕਾਰ ਦੀ ਭਾਵਨਾ ਹੋਣੀ ਚਾਹੀਦੀ ਹੈ । ਕਿਸੇ ਦੀ ਮਦਦ ਕਰਨਾ ਅਤੇ ਦੁਖੀਆਂ ਦੇ ਦੁੱਖ ਵੰਡਾਉਣਾ ਹੀ ਅਸਲ ਇਨਸਾਨੀਅਤ ਹੈ। ਕਈ ਵਾਰ ਅਸੀਂ ਧਰਮ ਦੀਆਂ ਰਸਮਾਂ ਵਿੱਚ ਏਨੇ ਉਲਝ ਜਾਂਦੇ ਹਾਂ ਕਿ ਅਸਲ ਇਨਸਾਨੀਅਤ ਨੂੰ ਭੁੱਲ ਜਾਂਦੇ ਹਾਂ। ਅਜਿਹੀ ਸਥਿਤੀ ਵਿੱਚ ਧਰਮ ਦਾ ਅਸਲ ਮਕਸਦ ਖਤਮ ਹੋ ਜਾਂਦਾ ਹੈ ।

ਇਸ ਵੇਲੇ ਸੰਸਾਰ ਦੀ ਆਬਾਦੀ 830 ਕਰੋੜ ਹੈ ਅਤੇ ਇਹ ਆਬਾਦੀ ਇੱਕ ਮੋਟੇ ਅੰਦਾਜ਼ੇ ਮੁਤਾਬਕ ਕੋਈ 10,000 ਧਰਮਾਂ ਨੂੰ ਮੰਨਦੀ ਹੈ, ਪ੍ਰੰਤੂ ਕੁੱਲ ਦੁਨੀਆ ਦੀ ਆਬਾਦੀ ਦਾ ਤਿੰਨ ਚੁਥਾਈ ਹਿੱਸਾ ਚਾਰ ਮੁੱਖ ਧਰਮਾਂ ਈਸਾਈ, ਇਸਲਾਮ ,ਹਿੰਦੂ ਅਤੇ ਬੁੱਧ ਧਰਮ ਦੇ ਅਨੁਆਈਆਂ ਦਾ ਹੈ । ਸਾਰੇ ਹੀ ਧਰਮਾਂ ਦਾ ਇੱਕੋ ਸਾਂਝਾ ਉਦੇਸ਼ ਹੈ । ਉਹ ਹੈ ਮਨੁੱਖਤਾ ਦੀ ਬਿਹਤਰੀ, ਆਪਸੀ ਭਾਈਚਾਰਾ ਅਤੇ ਸਮੂਹਿਕ ਖੁਸ਼ਹਾਲੀ । ਇੱਕੋ-ਇੱਕ ਉਦੇਸ਼ ਜਿਹੜਾ ਸਾਰੇ ਧਰਮਾਂ ਦਾ ਸਾਂਝਾ ਹੈ, ਉਹ ਹੈ ਮਾਨਵਤਾ । ਇਸ ਤਰਾਂ ਅਸੀਂ ਕਹਿ ਸਕਦੇ ਹਾਂ ਕਿ ਇਨਸਾਨੀਅਤ ਦੇ ਧਰਮ ਤੋਂ ਮੁਨਕਰ ਨਹੀਂ ਹੋਇਆ ਜਾ ਸਕਦਾ।

ਜਾਤਾਂ, ਮਜ਼ਹਬਾਂ ਦੀ ਵੰਡ ਨੂੰ ਨਾ ਪ੍ਰਵਾਨ ਕਰਕੇ ਸਾਡੇ ਮਹਾਂਪੁਰਖਾਂ ਨੇ ਆਪਣਾ ਸਾਰਾ ਜੀਵਨ ਸਮਾਜ ਦੀ ਸੇਵਾ ਅਤੇ ਪਰਉਪਕਾਰ ਹਿਤ ਸਮਰਪਿਤ ਕਰ ਦਿੱਤਾ ਸੀ । ਅੱਜ ਸਾਨੂੰ ਅਜਿਹੀ ਜੀਵਨ ਜਾਚ ਦੀ ਲੋੜ ਹੈ, ਜਿਸ ਨਾਲ ਸਮਾਜ 'ਚੋਂ ਨਫ਼ਰਤ ਤੇ ਈਰਖਾ ਦੂਰ ਹੋ ਸਕੇ। ਅਜਿਹੇ ਫਲਸਫ਼ੇ ਦੀ ਲੋੜ ਹੈ, ਜਿਸ ਰਾਹੀਂ ਹਉਮੈ ਤੇ ਲਾਲਸਾ ਦੀ ਥਾਂ ਆਪਸੀ ਪਿਆਰ, ਹਮਦਰਦੀ ਤੇ ਮਿਲਵਰਤਨ 'ਚ ਵਾਧਾ ਹੋਵੇ, ਜਿਸ ਨੂੰ ਅਪਣਾਉਣ ਨਾਲ ਇਸ ਸੰਸਾਰ 'ਚੋਂ ਨਫ਼ਰਤ, ਊਚ-ਨੀਚ, ਲੜਾਈ-ਝਗੜੇ ਤੇ ਗ਼ਰੀਬੀ ਖ਼ਤਮ ਹੋ ਸਕਦੇ ਹਨ ।

ਸਾਰੇ ਧਰਮ ਸਾਨੂੰ ਆਪਸੀ ਪਿਆਰ, ਸਤਿਕਾਰ ਅਤੇ ਭਾਈਚਾਰੇ ਦਾ ਸੰਦੇਸ਼ ਦਿੰਦੇ ਹਨ। ਇਹ ਸਿਖਾਉਂਦੇ ਹਨ ਕਿ ਸਾਰੇ ਇਨਸਾਨ ਇੱਕੋ ਪ੍ਰਮਾਤਮਾ ਦੀ ਸੰਤਾਨ ਹਨ। ਇਸ ਬ੍ਰਹਿਮੰਡ ਦਾ ਕੋਈ ਵੀ ਧਰਮ ਆਪਸ ਵਿਚ ਵੈਰ ਭਾਵ ਰੱਖਣਾ ਨਹੀਂ ਸਿਖਾਉਂਦਾ । ਕੁੱਝ ਕੁ ਲੋਕ ਹੁੰਦੇ ਹਨ, ਜਿਹੜੇ ਆਪਣੇ ਆਪ ਨੂੰ ਧਰਮ ਦੇ ਠੇਕੇਦਾਰ ਕਹਾਉਂਦੇ ਹਨ । ਅਜਿਹਾ ਲੋਕਾਂ ਦਾ ਕੰਮ ਹੀ ਹੁੰਦਾ ਹੈ ਨਫ਼ਰਤ ਪੈਦਾ ਕਰਨਾ । ਆਪਣੇ ਧਰਮ ਨੂੰ ਸ੍ਰੇਸ਼ਠ ਦੱਸਣਾ ਅਤੇ ਦੂਜੇ ਧਰਮਾਂ ਵਿੱਚ ਨੁਕਸ ਕੱਢਣਾ, ਇਹ ਆਪਣਾ ਮੁੱਢਲਾ ਹੱਕ ਸਮਝਦੇ ਹਨ । ਬਹੁਮਤ ਧਰਮ ਦੇ ਗੁਰੂ ਘੱਟ ਗਿਣਤੀ ਧਰਮਾਂ ਵਿੱਚ ਦਾਖਲ-ਅੰਦਾਜ਼ੀ ਕਰਦੇ ਹਨ । ਇਸ ਤਰ੍ਹਾਂ ਕਰਨ ਨਾਲ ਉਹਨਾ ਦਾ ਧੰਦਾ ਚਲਦਾ ਹੈ। ਉਦੋਂ ਸਥਿਤੀ ਹੋਰ ਵੀ ਚਿੰਤਾਜਨਕ ਹੋ ਜਾਂਦੀ ਹੈ, ਜਦੋਂ ਅਜਿਹੇ ਫੁੱਟ ਪਾਊ ਅਨਸਰਾਂ ਨੂੰ ਸੱਤਾ ਧਿਰ ਦੀ ਹਿਮਾਤ ਪ੍ਰਾਪਤ ਹੋਵੇ । ਧਰਮੀ ਪੁਰਸ਼ ਆਪਣੇ ਨਿੱਜੀ ਸਵਾਰਥ ਤੋਂ ਉੱਪਰ ਉੱਠ ਕੇ ਦੂਜਿਆਂ ਲਈ ਜਿਉਂਦਾ ਹੈ। ਉਹ ਆਪ ਸਦਾਚਾਰੀ ਹੁੰਦਾ ਹੈ ਤੇ ਸਦਾਚਾਰਕ ਕੀਮਤਾਂ ਨੂੰ ਸਮਾਜ ਵਿਚ ਲਾਗੂ ਕਰਨ ਲਈ ਹਮੇਸ਼ਾ ਤਿਆਰ ਰਹਿੰਦਾ ਹੈ ਤਾਂ ਜੋ ਨਰੋਏ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਅੱਜ ਜੇਕਰ ਸਮਾਜ ਸਥਿਰ ਹੈ ਤਾਂ ਅਜਿਹੇ ਭੱਦਰ ਪੁਰਸ਼ਾਂ ਕਾਰਨ ਹੈ ।

ਵਿਦਵਾਨਾਂ ਦਾ ਮੰਨਣਾ ਹੈ ਕਿ ਦੁਨਿਆਵੀ ਧਰਮ ਇਨਸਾਨੀਅਤ ਦੇ ਧਰਮ ਤੋਂ ਵੱਡਾ ਨਹੀਂ ਹੁੰਦਾ । ਜਿਹੜਾ ਧਰਮ, ਧਰਮ ਖਾਤਰ ਇਨਸਾਨੀਅਤ ਤੋਂ ਡਿੱਗਣ ਲਈ ਪ੍ਰੇਰਨਾ ਦਿੰਦਾ ਹੈ, ਉਹ ਧਰਮ, ਧਰਮ ਹੀ ਨਹੀਂ ਹੁੰਦਾ । ਅਜਿਹੇ ਧਰਮ ਤੋਂ ਕੀ ਕਰਵਾਉਣਾ, ਜਿਹੜਾ ਸਾਨੂੰ ਇਨਸਾਨ ਬਣਨ ਤੋਂ ਰੋਕਦਾ ਹੈ । ਸਾਡੇ ਧਾਰਮਿਕ ਵਿਸ਼ਵਾਸ ਦੀ ਨੀਂਹ ਹੈ ਮਾਨਵਤਾ । ਦਿਆਲਤਾ ਸਾਡੀ ਸੋਚ ਦਾ ਧੁਰਾ ਹੋਣਾ ਚਾਹੀਦਾ ਹੈ । ਇਨਸਾਨੀਅਤ ਇੱਕ ਉਹ ਧਰਮ ਹੈ, ਜਿਹੜਾ ਸਾਡੇ ਦਿਲੋ-ਦਿਮਾਗ ਨੂੰ ਸੇਧ ਦਿੰਦਾ ਹੈ । ਚੰਗਿਆਈ ਵਿੱਚ ਸਾਡਾ ਵਿਸ਼ਵਾਸ ਅਤੇ ਉਸ ਚੰਗਿਆਈ ਨੂੰ ਅਸਲੀ ਜ਼ਿੰਦਗੀ ਦਾ ਹਿੱਸਾ ਬਣਾ ਕੇ ਹੀ ਅਸੀਂ ਇਨਸਾਨੀਅਤ ਦੇ ਧਰਮ ਉੱਤੇ ਖਰੇ ਉੱਤਰ ਸਕਦੇ ਹਾਂ। ਮਸ਼ਹੂਰ ਹਾਸਰਸ ਕਲਾਕਾਰ ਚਾਰਲੀ ਚੈਪਲਿਨ ਅਨੁਸਾਰ ਮਸ਼ੀਨਰੀ ਨਾਲੋਂ ਸਾਨੂੰ ਜ਼ਿਆਦਾ ਲੋੜ ਹੁੰਦੀ ਹੈ ਇਨਸਾਨੀਅਤ ਦੀ ,ਹੁਸ਼ਿਆਰੀ ਨਾਲੋਂ ਵੱਧ ਲੋੜ ਹੁੰਦੀ ਹੈ, ਦਿਆਲਤਾ ਦੀ । ਇਹਨਾਂ ਤੋਂ ਬਿਨਾਂ ਇਨਸਾਨ ਹਿੰਸਕ ਹੋ ਜਾਣਗੇ ਅਤੇ ਇਨਸਾਨਾਂ ਦੀ ਹੋਂਦ ਲਈ ਖਤਰਾ ਬਣ ਜਾਣਗੇ । ਧਾਰਮਿਕ ਆਗੂ ਚੌਦਵੇਂ ਦਲਾਈ ਲਾਮਾ ਦਾ ਕਹਿਣਾ ਹੈ ਕਿ ਜਨਮ ਲੈਣ ਵੇਲੇ ਸਾਡਾ ਕੋਈ ਧਰਮ ਨਹੀਂ ਹੁੰਦਾ , ਅਸੀਂ ਧਰਮ ਦੀਆਂ ਵਲਗਣਾਂ ਤੋਂ ਅਜ਼ਾਦ ਹੁੰਦੇ ਹਾਂ, ਪ੍ਰੰਤੂ ਜਨਮ ਲੈਣ ਵੇਲੇ ਅਸੀਂ ਹਮਦਰਦੀ ਦੀ ਲੋੜ ਤੋਂ ਆਜ਼ਾਦ ਨਹੀਂ ਹੁੰਦੇ । ਇਸੇ ਤਰਾਂ ਰਮਨ ਮਗਸੈਸੇ ਐਵਾਰਡ ਜੇਤੂ ਅਤੇ ਲੈਨਿਨ ਪੀਸ ਪ੍ਰਾਈਜ਼ ਦੇ ਵਿਜੇਤਾ ਪਾਕਿਸਤਾਨੀ ਮਨੁੱਖਤਾਵਾਦੀ ਨੇਤਾ ਅਬਦੁਲ ਸੱਤਾਰ ਈਦੀ ਨੇ ਗੱਲ ਦਾ ਨਿਚੋੜ ਇਹ ਕਹਿ ਕੇ ਕੱਢਿਆ ਹੈ ਕਿ ਇਨਸਾਨੀਅਤ ਤੋਂ ਉਪਰ ਕੋਈ ਧਰਮ ਨਹੀਂ ਹੁੰਦਾ।

ਵਰਤਮਾਨ ਦੌਰ ਵਿਚ ਧਰਮ ਨੂੰ ਸੌੜੇ ਅਰਥਾਂ ਵਿੱਚ ਵਰਤਿਆ ਜਾ ਰਿਹਾ ਹੈ। ਧਰਮ ਦੇ ਨਾਂਅ 'ਤੇ ਲੜਾਈਆਂ-ਝਗੜੇ ਤੇ ਦੰਗੇ-ਫ਼ਸਾਦ ਹੋ ਰਹੇ ਹਨ। ਅੱਜ ਤਾਂ ਇਨਸਾਨੀਅਤ ਦਾ ਜਨਾਜ਼ਾ ਹੀ ਨਿਕਲ ਗਿਆ ਹੈ।ਪੈਸਾ, ਸ਼ੋਹਰਤ, ਰੁਤਬਾ ਤੇ ਕੁਰਸੀਆਂ ਦੀ ਭੁੱਖ ਨੇ ਮਨੁੱਖ ਨੂੰ ਹੈਵਾਨ ਬਣਾ ਦਿੱਤਾ ਹੈ। ਸ੍ਰੀ ਗੁਰੂ ਨਾਨਕ ਪਾਤਸ਼ਾਹ ਦੇ ਕਹੇ ਆਹ ਸ਼ਬਦ, 'ਕਲਿ ਕਾਤੀ ਰਾਜੇ ਕਾਸਾਈ ਧਰਮੁ ਪੰਖ ਕਰਿ ਉਡਰਿਆ ॥' ਸੱਚ ਸਾਬਤ ਹੋ ਰਹੇ ਹਨ ।ਮਨੁੱਖਤਾ ਦੀ ਬਿਹਤਰੀ ਲਈ ਕੰਮ ਕਰਨਾ ਹੀ ਅਸਲੀ ਧਰਮ ਹੈ । ਤੁਸੀਂ ਕਿਸੇ ਵੀ ਧਰਮ ਵਿੱਚ ਪੈਦਾ ਹੋਏ ਹੋ ਅਤੇ ਕਿਸੇ ਵੀ ਧਰਮ ਨੂੰ ਮੰਨਦੇ ਹੋ, ਇਨਸਾਨੀਅਤ ਦਾ ਪੱਲਾ ਕਦੇ ਨਾ ਛੱਡੋ ।

# ਸੰਪਰਕ : 98727-87243

# ਸਿੱਖਿਆ ਸੰਸਥਾਵਾਂ ਦਾ ਨਿੱਜੀਕਰਨ ਅਤੇ ਜ਼ਮੀਨੀ ਹਕੀਕਤ


ਡਾ. ਸਰਬਜੀਤ ਸਿੰਘ

ਸਿੱਖਿਆ ਮਨੁੱਖ ਲਈ ਅਹਿਮ ਬਿੰਦੂ ਹੈ, ਜੋ ਉਸ ਲਈ ਗਿਆਨ ਦੇ ਰਸਤੇ ਖੋਲ੍ਹਦੀ ਹੈ। ਸਿੱਖਿਆ ਦੇ ਖੇਤਰ ਵਿੱਚ ਪੰਜਾਬ ਦਾ ਨਾਂਅ ਭਾਰਤ ਦੇ ਮੋਹਰੀ ਸੂਬਿਆਂ ਵਿੱਚ ਦਰਜ ਸੀ। ਇਤਿਹਾਸ ਗਵਾਹ ਹੈ, ਸਰਕਾਰੀ ਸਕੂਲ, ਕਾਲਜ ਅਤੇ ਯੂਨੀਵਰਸਿਟੀਆਂ ਆਮ ਲੋਕਾਂ ਦੀ ਸਿੱਖਿਆ ਪ੍ਰਾਪਤੀ ਲਈ ਪਹਿਲੀ ਪਸੰਦ ਸਨ। ਪਿੰਡਾਂ ਅਤੇ ਸ਼ਹਿਰਾਂ ਦੇ ਸਰਕਾਰੀ ਸਕੂਲਾਂ ਤੋਂ ਪੜ੍ਹ ਕੇ ਅਣਗਿਣਤ ਵਿਦਿਆਰਥੀ ਡਾਕਟਰ, ਇੰਜੀਨੀਅਰ, ਪ੍ਰੋਫੈਸਰ, ਪ੍ਰਸ਼ਾਸਨਿਕ ਅਧਿਕਾਰੀ ਅਤੇ ਰਾਜਨੀਤਕ ਆਗੂ ਬਣੇ ਸਨ।

ਪਿਛਲੇ ਦੋ ਦਹਾਕਿਆਂ ਦੌਰਾਨ ਪੰਜਾਬ ਦੇ ਸਿੱਖਿਆ ਖੇਤਰ ਵਿੱਚ ਇੱਕ ਵੱਡਾ ਬਦਲਾਅ ਵੇਖਣ ਨੂੰ ਮਿਲਿਆ ਹੈ। ਸਰਕਾਰੀ ਸੰਸਥਾਵਾਂ ਦੀ ਥਾਂ ਨਿੱਜੀ ਸਕੂਲਾਂ, ਕਾਲਜਾਂ ਅਤੇ ਯੂਨੀਵਰਸਿਟੀਆਂ ਦੀ ਗਿਣਤੀ ਲਗਾਤਾਰ ਵਧ ਰਹੀ ਹੈ। ਇਸ ਨਾਲ ਇਹ ਸਵਾਲ ਉਠਣਾ ਸੁਭਾਵਿਕ ਹੈ ਕਿ ਕੀ ਸਿੱਖਿਆ ਦਾ ਖੇਤਰ ਹੌਲੀ-ਹੌਲੀ ਨਿੱਜੀ ਹੱਥਾਂ ਵਿੱਚ ਜਾ ਰਿਹਾ ਹੈ ? ਪਿਛਲੇ ਕਈ ਦਹਾਕਿਆਂ ਦੀਆਂ ਸਰਕਾਰਾਂ ਵੱਲੋਂ ਅੱਜ ਤੱਕ ਸਿੱਖਿਆ ਸੁਧਾਰਾਂ ਦੇ ਵੱਡੇ ਦਾਅਵੇ ਕੀਤੇ ਜਾਂਦੇ ਰਹੇ ਹਨ। ਸਮੇਂ-ਸਮੇਂ 'ਤੇ ਵੱਖ-ਵੱਖ ਕਿਸਮ ਦੇ ਇਸ਼ਤਿਹਾਰਾਂ ਵਿੱਚ ਵੱਖ-ਵੱਖ ਸਮੇਂ ਦੀਆਂ ਸਰਕਾਰਾਂ ਨੇ ਆਪਣੇ-ਆਪਣੇ ਹਿਸਾਬ ਨਾਲ ਸਿੱਖਿਆ ਦੇ ਪ੍ਰਚਾਰ, ਪ੍ਰਸਾਰ ਲਈ ਬਿਰਤਾਂਤ ਸਿਰਜੇ ਹਨ, ਜਿਨ੍ਹਾਂ ਵਿੱਚ ਮੈਰੀਟੋਰੀਅਸ ਸਕੂਲ ਸਕੂਲ ਆਫ ਐਮੀਨੈਂਸ, ਸਿੱਖਿਆ ਕ੍ਰਾਂਤੀ, ਸਮਾਰਟ ਕਲਾਸ ਰੂਮ, ਡਿਜੀਟਲ ਲੈਬ ਅਤੇ ਅੰਤਰਰਾਸ਼ਟਰੀ ਮਿਆਰ ਦੀ ਸਿੱਖਿਆ ਦੀ ਗੱਲ ਕੀਤੀ ਜਾਂਦੀ ਹੈ। ਦੂਜੇ ਪਾਸੇ ਜ਼ਮੀਨੀ ਪੱਧਰ ਉੱਤੇ ਅਜੇ ਵੀ ਅਨੇਕਾਂ ਸਰਕਾਰੀ ਸਕੂਲ ਘੱਟ ਦਾਖਲਿਆਂ, ਅਧਿਆਪਕਾਂ ਦੀ ਕਮੀ, ਬੁਨਿਆਦੀ ਢਾਂਚੇ ਦੀਆਂ ਸਮੱਸਿਆਵਾਂ ਅਤੇ ਸਰੋਤਾਂ ਦੀ ਘਾਟ ਨਾਲ ਜੂਝ ਰਹੇ ਹਨ। ਇਹ ਸਥਿਤੀ ਇਸ਼ਤਿਹਾਰਬਾਜ਼ੀ ਤੋਂ ਬਿਲਕੁਲ ਉਲਟ ਹੈ ਅਤੇ ਚਰਚਾ ਦਾ ਕੇਂਦਰ ਹੈ। ਮੀਡੀਆ ਰਿਪੋਰਟਾਂ ਦੇ ਅੰਕੜਿਆਂ ਅਨੁਸਾਰ ਪੰਜਾਬ ਵਿੱਚ ਨਿੱਜੀ ਸਕੂਲਾਂ ਵਿੱਚ ਪੜ੍ਹ ਰਹੇ ਵਿਦਿਆਰਥੀਆਂ ਦੀ ਗਿਣਤੀ ਸਰਕਾਰੀ ਸਕੂਲਾਂ ਨਾਲੋਂ ਵੱਧ ਹੋ ਚੁੱਕੀ ਹੈ। 2024-25 ਦੇ ਅੰਕੜਿਆਂ ਮੁਤਾਬਕ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਲਗਭਗ ਛੱਬੀ ਲੱਖ ਦੇ ਕਰੀਬ ਵਿਦਿਆਰਥੀ ਪੜ੍ਹ ਰਹੇ ਸਨ, ਜਦਕਿ ਨਿੱਜੀ ਸਕੂਲਾਂ ਵਿੱਚ ਇਹ ਗਿਣਤੀ ਲਗਭਗ ਤੀਹ ਲੱਖ ਤੋਂ ਵੱਧ ਸੀ। ਇਸ ਤੋਂ ਵੀ ਮਹੱਤਵਪੂਰਨ ਗੱਲ ਇਹ ਹੈ ਕਿ ਇੱਕ ਸਾਲ ਦੇ ਅੰਦਰ ਸਰਕਾਰੀ ਸਕੂਲਾਂ ਵਿੱਚ ਦਾਖਲਿਆਂ ਵਿੱਚ ਲਗਭਗ ਡੇਢ ਲੱਖ ਦੀ ਕਮੀ ਦਰਜ ਕੀਤੀ ਗਈ, ਜਦਕਿ ਨਿੱਜੀ ਸਕੂਲਾਂ ਵਿੱਚ ਦਾਖਲੇ ਵਧੇ ਹਨ।

ਇਹ ਅੰਕੜੇ ਸਿਰਫ਼ ਗਿਣਤੀਆਂ ਨਹੀਂ ਹਨ, ਸਗੋਂ ਲੋਕਾਂ ਦੇ ਭਰੋਸੇ ਵਿੱਚ ਆ ਰਹੇ ਬਦਲਾਅ ਨੂੰ ਵੀ ਪੇਸ਼ ਕਰਦੇ ਹਨ। ਵਿਦਿਆਰਥੀਆਂ ਦੇ ਮਾਪੇ ਆਪਣੀ ਆਰਥਿਕ ਸਮਰੱਥਾ ਤੋਂ ਵੱਧ ਖਰਚ ਕਰਕੇ ਬੱਚਿਆਂ ਨੂੰ ਨਿੱਜੀ ਸਕੂਲਾਂ ਵਿੱਚ ਭੇਜਣਾ ਪਸੰਦ ਕਰ ਰਹੇ ਹਨ। ਇਸ ਦਾ ਇੱਕ ਕਾਰਨ ਅੰਗਰੇਜ਼ੀ ਮਾਧਿਅਮ, ਦੂਜਾ ਮੁਕਾਬਲੇਬਾਜ਼ੀ ਵਾਲਾ ਮਾਹੌਲ ਅਤੇ ਤੀਜਾ ਨਿੱਜੀ ਸੰਸਥਾਵਾਂ ਦੀ ਪ੍ਰਭਾਵਸ਼ਾਲੀ ਮਾਰਕੀਟਿੰਗ ਹੈ।

ਨਿੱਜੀ ਵਿਦਿਅਕ ਸੰਸਥਾਵਾਂ ਦੇ ਮੁਕਾਬਲੇ ਸਰਕਾਰੀ ਸੰਸਥਾਵਾਂ ਦੀ ਤਸਵੀਰ ਕੁਝ ਉਲਟ ਹੈ। ਪੰਜਾਬ ਸਰਕਾਰ ਨੇ ਪਿਛਲੇ ਕੁਝ ਸਾਲਾਂ ਵਿੱਚ ਸਰਕਾਰੀ ਸਕੂਲਾਂ ਦੇ ਢਾਂਚੇ ਵਿੱਚ ਸੁਧਾਰ ਲਈ ਵੱਡੇ ਯਤਨ ਕੀਤੇ ਹਨ। ਸਕੂਲਾਂ ਵਿੱਚ ਸਮਾਰਟ ਕਲਾਸ ਰੂਮ, ਕੰਪਿਊਟਰ ਲੈਬ ਅਤੇ ਡਿਜੀਟਲ ਪੈਨਲ ਲਗਾਏ ਗਏ ਹਨ। ਸਰਕਾਰ ਦਾ ਦਾਅਵਾ ਹੈ ਕਿ ਹਜ਼ਾਰਾਂ ਅਧਿਆਪਕ ਭਰਤੀ ਕੀਤੇ ਗਏ ਹਨ ਅਤੇ ਸੂਬੇ ਦੀ ਸਿੱਖਿਆ ਪ੍ਰਣਾਲੀ ਰਾਸ਼ਟਰੀ ਪੱਧਰ 'ਤੇ ਪਛਾਣ ਬਣਾ ਰਹੀ ਹੈ।

ਵੱਡੇ ਸ਼ਹਿਰਾਂ ਦੇ ਮੁਕਾਬਲੇ ਜੇ ਪਿੰਡਾਂ ਅਤੇ ਛੋਟੇ ਕਸਬਿਆਂ ਦੇ ਸਕੂਲਾਂ ਦੀ ਸਥਿਤੀ ਦੀ ਗੱਲ ਕਰੀਏ ਤਾਂ ਜ਼ਮੀਨੀ ਹਕੀਕਤ ਪੂਰੀ ਤਰ੍ਹਾਂ ਤਸੱਲੀ ਬਖਸ਼ ਨਹੀਂ ਨਜ਼ਰ ਆ ਰਹੀ। ਰਿਪੋਰਟ ਅਨੁਸਾਰ ਪੰਜਾਬ ਵਿੱਚ ਅੰਦਾਜਨ ਸੈਂਕੜੇ ਅਜਿਹੇ ਸਕੂਲ ਹਨ, ਜਿੱਥੇ ਸਿਰਫ਼ ਇੱਕ ਅਧਿਆਪਕ ਹੀ ਪੂਰੇ ਸਕੂਲ ਦੀ ਜ਼ਿੰਮੇਵਾਰੀ ਨਿਭਾ ਰਿਹਾ ਹੈ। ਇਨ੍ਹਾਂ ਸਕੂਲਾਂ ਵਿੱਚ ਲਗਭਗ ਸਤੱਤਰ ਹਜ਼ਾਰ ਬੱਚੇ ਪੜ੍ਹ ਰਹੇ ਹਨ।

ਵਿਦਿਅਕ ਖੇਤਰ ਵਿੱਚ ਆ ਰਹੀਆਂ ਚੁਣੌਤੀਆਂ ਦਾ ਸਿਰਫ ਸਕੂਲ ਹੀ ਨਹੀਂ, ਸਰਕਾਰੀ ਕਾਲਜ ਅਤੇ ਯੂਨੀਵਰਸਿਟੀਆਂ ਵੀ ਸਾਹਮਣਾ ਕਰ ਰਹੀਆਂ ਹਨ। ਪੰਜਾਬ ਦੇ ਕਈ ਸਰਕਾਰੀ ਕਾਲਜਾਂ ਵਿੱਚ ਅਧਿਆਪਕਾਂ ਦੀਆਂ ਅਸਾਮੀਆਂ ਕਈ ਸਾਲਾਂ ਤੋਂ ਖਾਲੀ ਹਨ। ਇਹਨਾਂ ਕਾਲਜ ਦੇ ਕਈ ਵਿਭਾਗ ਗੈਸਟ ਫੈਕਲਟੀ ਜਾਂ ਕੰਟਰੈਕਟ ਪੱਧਰ 'ਤੇ ਰੱਖੇ ਹੋਏ ਅਧਿਆਪਕ ਸਾਹਿਬਾਨ ਦੇ ਸਹਾਰੇ ਚੱਲ ਰਹੇ ਹਨ।

ਸਰਕਾਰੀ ਵਿਦਿਅਕ ਸੰਸਥਾਵਾਂ ਦੇ ਉਲਟ ਨਿੱਜੀ ਕਾਲਜ ਅਤੇ ਯੂਨੀਵਰਸਿਟੀਆਂ ਦੀ ਗਿਣਤੀ ਤੇਜ਼ੀ ਨਾਲ ਵਧੀ ਹੈ। ਪਿਛਲੇ ਦਹਾਕੇ ਦੌਰਾਨ ਪੰਜਾਬ ਵਿੱਚ ਅਨੇਕ ਨਿੱਜੀ ਯੂਨੀਵਰਸਿਟੀਆਂ ਅਤੇ ਪੇਸ਼ੇਵਰ ਕਾਲਜ ਸਥਾਪਤ ਹੋਏ ਹਨ। ਇਨ੍ਹਾਂ ਸੰਸਥਾਵਾਂ ਨੇ ਆਧੁਨਿਕ ਢਾਂਚਾ, ਪਲੇਸਮੈਂਟ ਅਤੇ ਪੇਸ਼ੇਵਰ ਕੋਰਸਾਂ ਨੂੰ ਆਧਾਰ ਬਣਾ ਕੇ ਵਿਦਿਆਰਥੀਆਂ ਨੂੰ ਪ੍ਰਭਾਵਿਤ ਕੀਤਾ ਹੈ ।ਇੱਥੇ ਮਸਲਾ ਇਹ ਹੈ ਕਿ ਜੇ ਸਰਕਾਰੀ ਯੂਨੀਵਰਸਿਟੀਆਂ ਨੂੰ ਲੋੜੀਂਦਾ ਵਿੱਤੀ ਸਹਿਯੋਗ ਅਤੇ ਸਟਾਫ ਮੁਹੱਈਆ ਕਰਵਾਏ ਜਾਣ ਤਾਂ ਕੀ ਉਹ ਵੀ ਸਮਰੱਥ ਅਤੇ ਸਮੇਂ ਦੀਆਂ ਹਾਣੀ ਨਹੀਂ ਹੋ ਸਕਦੀਆਂ ? ਸਿੱਖਿਆ ਵਿਦਵਾਨ ਮੰਨਦੇ ਹਨ ਕਿ ਸਰਕਾਰੀ ਸਿੱਖਿਆ ਸੰਸਥਾਵਾਂ ਨੂੰ ਵਿੱਤੀ ਮਦਦ ਅਤੇ ਪੜ੍ਹਾਈ ਨਾਲ ਸੰਬੰਧਤ ਆਧੁਨਿਕ ਸਾਜ਼ੋ-ਸਮਾਨ ਨਾ ਮਿਲਣ ਕਾਰਨ ਵਿਦਿਆਰਥੀ ਨਿੱਜੀ ਸੰਸਥਾਵਾਂ ਵੱਲ ਖਿੱਚੇ ਜਾ ਰਹੇ ਹਨ। ਇੱਥੇ ਇਹ ਮਸਲਾ ਪੈਦਾ ਹੁੰਦਾ ਹੈ ਕੀ ਸਰਕਾਰ ਜਾਣ-ਬੁੱਝ ਕੇ ਨਿੱਜੀ ਖੇਤਰ ਨੂੰ ਉਤਸ਼ਾਹਤ ਕਰ ਰਹੀ ਹੈ ?

ਇਹ ਇੱਕ ਗੰਭੀਰ ਅਤੇ ਚਰਚਾ ਯੋਗ ਸਵਾਲ ਹੈ। ਇਸ ਸਵਾਲ ਨਾਲ ਜੁੜੇ ਕੁਝ ਤੱਥ ਵਿਚਾਰਯੋਗ ਹਨ। ਪਹਿਲਾ ਇਹ ਹੈ ਕਿ ਸਰਕਾਰੀ ਸਕੂਲਾਂ ਵਿੱਚ ਦਾਖਲੇ ਲਗਾਤਾਰ ਘਟ ਰਹੇ ਹਨ ਅਤੇ ਨਿੱਜੀ ਸਕੂਲਾਂ ਵਿੱਚ ਵਧ ਰਹੇ ਹਨ।

ਦੂਜਾ, ਸਿੱਖਿਆ 'ਤੇ ਸਰਕਾਰੀ ਖਰਚੇ ਦੇ ਬਾਵਜੂਦ ਸਰਕਾਰੀ ਸੰਸਥਾਵਾਂ ਦੀਆਂ ਖਾਲੀ ਅਸਾਮੀਆਂ, ਬੁਨਿਆਦੀ ਸਮੱਸਿਆਵਾਂ ਅਤੇ ਵਿਦਿਆਰਥੀਆਂ ਦਾ ਘਟਦਾ ਜਾ ਰਿਹਾ ਭਰੋਸਾ ਹੈ। ਤੀਜਾ, ਨਿੱਜੀ ਸੰਸਥਾਵਾਂ ਨੂੰ ਨਵੀਆਂ ਮਨਜ਼ੂਰੀਆਂ ਅਤੇ ਵਿਸਥਾਰ ਦੇ ਮੌਕੇ ਆਸਾਨੀ ਨਾਲ ਮਿਲ ਰਹੇ ਹਨ। ਸਰਕਾਰੀ ਸੰਸਥਾਵਾਂ ਵਿੱਚ ਨਵੇਂ ਕੋਰਸਾਂ ਜਾਂ ਢਾਂਚਾਗਤ ਵਿਕਾਸ ਦੀ ਗਤੀ ਤੁਲਨਾਤਮਕ ਤੌਰ ਉੱਤੇ ਹੌਲੀ ਰਹਿੰਦੀ ਹੈ। ਸਰਕਾਰ ਇਹ ਦਲੀਲ ਦਿੰਦੀ ਹੈ ਕਿ ਸਿੱਖਿਆ ਵਿੱਚ ਨਿਵੇਸ਼ ਵਧਾਇਆ ਜਾ ਰਿਹਾ ਹੈ। ਵਧੀਆ ਸਕੂਲ ਬਣਾਏ ਜਾ ਰਹੇ ਹਨ ਅਤੇ ਹਜ਼ਾਰਾਂ ਅਧਿਆਪਕ ਭਰਤੀ ਕੀਤੇ ਗਏ ਹਨ। ਇਹ ਜ਼ਰੂਰ ਕਿਹਾ ਜਾ ਸਕਦਾ ਹੈ ਕਿ ਸਰਕਾਰੀ ਨੀਤੀਆਂ ਵਜੋਂ ਨਿੱਜੀ ਵਿਦਿਅਕ ਖੇਤਰ ਨੂੰ ਫਾਇਦਾ ਹੋ ਰਿਹਾ ਹੈ ਅਤੇ ਸਰਕਾਰੀ ਖੇਤਰ ਉਮੀਦਾਂ ਅਨੁਸਾਰ ਮਜ਼ਬੂਤ ਨਹੀਂ ਹੋ ਸਕਿਆ।

ਵਿਦਿਅਕ ਸੰਸਥਾਵਾਂ ਦੇ ਨਿੱਜੀਕਰਨ ਦਾ ਸਭ ਤੋਂ ਵੱਡਾ ਪ੍ਰਭਾਵ ਸਿੱਖਿਆ ਦੇ ਵਪਾਰੀਕਰਨ ਦੇ ਰੂਪ ਵਿੱਚ ਸਾਹਮਣੇ ਆਇਆ ਹੈ। ਅੱਜ ਸਿੱਖਿਆ ਨੂੰ ਸੇਵਾ ਦੀ ਥਾਂ ਉਤਪਾਦ ਵਜੋਂ ਪੇਸ਼ ਕੀਤਾ ਜਾ ਰਿਹਾ ਹੈ। ਸਕੂਲਾਂ ਦੇ ਵਿਗਿਆਪਨ, ਰੈਂਕਿੰਗ, ਨਤੀਜੇ ਅਤੇ ਪਲੇਸਮੈਂਟ ਦੀ ਦੌੜ ਨੇ ਸਿੱਖਿਆ ਨੂੰ ਇੱਕ ਕਾਰੋਬਾਰ ਦੇ ਰੂਪ ਵਿਚ ਬਦਲ ਦਿੱਤਾ ਹੈ।

ਮੱਧਵਰਗੀ ਅਤੇ ਗਰੀਬ ਪਰਵਾਰਾਂ ਉੱਤੇ ਵਿੱਤੀ ਬੋਝ ਵਧਿਆ ਹੈ। ਇੱਕ ਪਾਸੇ ਸਰਕਾਰੀ ਸਿੱਖਿਆ ਮੁਫ਼ਤ ਜਾਂ ਘੱਟ ਖਰਚ ਵਾਲੀ ਹੈ, ਦੂਜੇ ਪਾਸੇ ਭਰੋਸੇ ਦੀ ਕਮੀ ਕਾਰਨ ਮਾਪੇ ਵੱਡੀਆਂ ਫੀਸਾਂ ਭਰਨ ਲਈ ਮਜਬੂਰ ਹਨ ਅਤੇ ਮਹਿੰਗੇ ਨਿੱਜੀ ਖੇਤਰ ਦੇ ਵਿਦਿਅਕ ਸੰਸਥਾਵਾਂ ਵਿੱਚ ਆਪਣੇ ਬੱਚਿਆਂ ਦਾ ਦਾਖਲਾ ਕਰਵਾ ਰਹੇ ਹਨ।

ਪੰਜਾਬ ਦੇ ਸਿੱਖਿਆ ਖੇਤਰ ਨੂੰ ਬਚਾਉਣ ਲਈ ਇਸ਼ਤਿਹਾਰਬਾਜ਼ੀ ਨਹੀਂ ਸਗੋਂ ਢੁਕਵੇਂ ਢਾਂਚਾਗਤ ਸੁਧਾਰਾਂ ਦੀ ਲੋੜ ਹੈ। ਸਰਕਾਰੀ ਸਕੂਲਾਂ ਅਤੇ ਕਾਲਜਾਂ ਵਿੱਚ ਅਧਿਆਪਕਾਂ ਦੀਆਂ ਸਾਰੀਆਂ ਖਾਲੀ ਅਸਾਮੀਆਂ ਭਰੀਆਂ ਜਾਣ ਦੀ ਜ਼ਰੂਰਤ ਹੈ। ਪਿੰਡਾਂ ਦੇ ਛੋਟੇ ਸਕੂਲਾਂ ਨੂੰ ਬੰਦ ਕਰਨ ਦੀ ਥਾਂ ਉਨ੍ਹਾਂ ਨੂੰ ਮਜ਼ਬੂਤ ਕੀਤਾ ਜਾਵੇ। ਉੱਚ ਸਿੱਖਿਆ ਲਈ ਸਰਕਾਰੀ ਯੂਨੀਵਰਸਿਟੀਆਂ ਨੂੰ ਵਧੇਰੇ ਵਿੱਤੀ ਸਹਾਇਤਾ ਦਿੱਤੀ ਜਾਵੇ ਅਤੇ ਖੋਜ ਕਾਰਜਾਂ ਨੂੰ ਉਤਸ਼ਾਹਤ ਕੀਤਾ ਜਾਵੇ।

ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਸਰਕਾਰੀ ਸਿੱਖਿਆ ਪ੍ਰਣਾਲੀ ਉੱਤੇ ਲੋਕਾਂ ਦਾ ਭਰੋਸਾ ਦੁਬਾਰਾ ਕਾਇਮ ਕੀਤਾ ਜਾਵੇ। ਇੱਕ ਆਮ ਕਿਸਾਨ, ਮਜ਼ਦੂਰ ਜਾਂ ਕਰਮਚਾਰੀ ਆਪਣੇ ਬੱਚੇ ਨੂੰ ਬਿਨਾਂ ਕਿਸੇ ਸ਼ੱਕ ਦੇ ਸਰਕਾਰੀ ਸਕੂਲ ਵਿੱਚ ਭੇਜਣ ਬਾਰੇ ਸੋਚ ਲਵੇਗਾ ਤਾਂ ਹੀ ਅਸਲ ਅਤੇ ਸਸਤੀ ਸਿੱਖਿਆ ਦਾ ਮਕਸਦ ਪੂਰਾ ਹੋ ਸਕੇਗਾ।

ਸਰਕਾਰ ਵੱਲੋਂ ਕੀਤੇ ਜਾ ਰਹੇ ਸੁਧਾਰਾਂ ਨੂੰ ਪੂਰੀ ਤਰ੍ਹਾਂ ਨਕਾਰਿਆ ਨਹੀਂ ਜਾ ਸਕਦਾ, ਪਰ ਜ਼ਮੀਨੀ ਪੱਧਰ 'ਤੇ ਅਜੇ ਵੀ ਅਨੇਕ ਚੁਣੌਤੀਆਂ ਮੌਜੂਦ ਹਨ। ਸਮਕਾਲ ਵਿੱਚ ਸਰਕਾਰੀ ਸਿੱਖਿਆ ਪ੍ਰਣਾਲੀ ਨੂੰ ਮਜ਼ਬੂਤ ਨਾ ਕੀਤਾ ਗਿਆ ਤਾਂ ਭਵਿੱਖ ਵਿੱਚ ਗੁਣਵੱਤਾ ਵਾਲੀ ਸਿੱਖਿਆ ਸਿਰਫ਼ ਉਹਨਾਂ ਲੋਕਾਂ ਦੀ ਪਹੁੰਚ ਵਿੱਚ ਰਹਿ ਜਾਵੇਗੀ ਜੋ ਇਸ ਦਾ ਖਰਚਾ ਝੱਲ ਸਕਦੇ ਹਨ। ਆਮ ਲੋਕਾਂ ਦੇ ਰਾਜ ਲਈ ਇਹ ਸਥਿਤੀ ਚਿੰਤਾਜਨਕ ਹੋਵੇਗੀ। ਸਿੱਖਿਆ ਨੂੰ ਵਪਾਰ ਨਹੀਂ, ਸਗੋਂ ਸਮਾਜਿਕ ਅਧਿਕਾਰ ਮੰਨਣ ਦੀ ਲੋੜ ਹੈ। ਇਸ ਲਈ ਸਰਕਾਰਾਂ ਨੂੰ ਇਹ ਚਾਹੀਦਾ ਹੈ ਕਿ ਉਹ ਜ਼ਮੀਨੀ ਪੱਧਰ 'ਤੇ ਜਾ ਕੇ ਦੇਖਣ ਕਿ ਲੋਕਾਂ ਨੂੰ ਸਸਤੀ ਅਤੇ ਭਰੋਸੇਯੋਗ ਸਿੱਖਿਆ ਕਿਵੇਂ ਮੁਹੱਈਆ ਕਰਵਾਈ ਜਾ ਸਕਦੀ ਹੈ। ਅੱਜ ਦਾ ਸਿੱਖਿਅਤ ਨੌਜਵਾਨ ਹੀ ਚੰਗੇ ਭਵਿੱਖ ਲਈ ਅੱਗੇ ਵਧੇਗਾ ਅਤੇ ਆਪਣੇ ਸੂਬੇ, ਦੇਸ਼ ਨੂੰ ਵੀ ਅੱਗੇ ਲੈ ਕੇ ਜਾਵੇਗਾ।

# ਸੰਪਰਕ : 94176-26925

# ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਸੰਧਵਾਂ ਦੀ ਕੋਠੀ ਵੱਲ ਰੋਸ ਮਾਰਚ

## ਸਪੀਕਰ ਦੀ ਗੈਰ ਮੌਜੂਦਗੀ ਕਾਰਨ ਘਰ ਦੇ ਗੇਟ 'ਤੇ ਚਿਪਕਾਇਆ ਪੱਤਰ



ਕੋਟਕਪੂਰਾ (ਰਛਪਾਲ ਭੁੱਲਰ)
ਫਰੀਦਕੋਟ ਜ਼ਿਲ੍ਹੇ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਸਾਂਝੀ ਤਾਲਮੇਲ ਕਮੇਟੀ, ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਪੰਜਾਬ ਦੇ ਸੱਦੇ ਅਨੁਸਾਰ ਐਤਵਾਰ ਪਿੰਡ ਸੰਧਵਾਂ ਵਿਖੇ ਰੇਲਵੇ ਸਟੇਸ਼ਨ ਨੇੜੇ ਵਿਸ਼ਾਲ ਰੋਸ ਰੈਲੀ ਕੀਤੀ ਗਈ ਅਤੇ ਇਸ ਉਪਰੰਤ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ: ਕੁਲਤਾਰ ਸਿੰਘ ਸੰਧਵਾਂ ਦੀ ਰਿਹਾਇਸ਼ ਵੱਲ ਵਿਸ਼ਾਲ ਰੋਸ ਮਾਰਚ ਕੀਤਾ ਗਿਆ।ਆਗੂਆਂ ਵੱਲੋਂ ਸਟੇਜ ਤੋਂ ਵਾਰ ਵਾਰ ਸਪੀਕਰ ਸੰਧਵਾਂ ਨੂੰ ਚਿਤਾਵਨੀ ਪੱਤਰ ਲੈ ਕੇ ਜਾਣ ਲਈ ਬੋਲਿਆ ਗਿਆ, ਪ੍ਰੰਤੂ ਉਨ੍ਹਾਂ ਵੱਲੋਂ ਚਿਤਾਵਨੀ ਪੱਤਰ ਨਾ ਲੈਣ ਕਾਰਨ ਆਗੂਆਂ ਵੱਲੋਂ ਲਏ ਗਏ ਫੈਸਲੇ ਅਨੁਸਾਰ ਪ੍ਰਸ਼ਾਸਨ ਦੇ ਅਧਿਕਾਰੀਆਂ ਜਾਂ ਕਿਸੇ ਹੋਰ ਨੂੰ ਚਿਤਾਵਨੀ ਪੱਤਰ ਨਾ ਦੇਣ ਲਈ ਬਜ਼ਿੱਦ ਰਹਿਣ ਕਾਰਨ ਪੰਜਾਬ ਸਰਕਾਰ ਦੇ ਨਾਂਅ ਇਹ ਚਿਤਾਵਨੀ ਪੱਤਰ ਸਪੀਕਰ ਸੰਧਵਾਂ ਦੀ ਕੋਠੀ ਦੇ ਗੇਟ 'ਤੇ ਲਗਾਉਣ ਲਈ ਮਜਬੂਰ ਹੋਣਾ ਪਿਆ।

ਇਸ ਮੌਕੇ ਸੰਬੋਧਨ ਕਰਦਿਆਂ ਸਾਂਝਾ ਮੁਲਾਜ਼ਮ ਮੰਚ ਦੇ ਮੁੱਖ ਕਨਵੀਨਰ ਗੁਰਨਾਮ ਸਿੰਘ ਵਿਰਕ ਸੂਬਾ ਪ੍ਰਧਾਨ ਪੰਜਾਬ ਸਟੇਟ ਮਨਿਸਟਰੀਅਲ ਸਰਵਿਸਜ਼ ਯੂਨੀਅਨ, ਮੁਲਾਜ਼ਮ ਆਗੂ ਜਤਿੰਦਰ ਕੁਮਾਰ, ਬਿਕਰਮਜੀਤ ਸਿੰਘ ਢਿੱਲੋਂ, ਸੁਖਵਿੰਦਰ ਸਿੰਘ ਸੁੱਖੀ, ਹਰਪ੍ਰੀਤ ਸਿੰਘ ਟੀ ਐੱਸ ਯੂ, ਬਲਕਾਰ ਸਿੰਘ ਸਹੋਤਾ, ਪੈਨਸ਼ਨਰ ਆਗੂ ਇੰਦਰਜੀਤ ਸਿੰਘ ਖੀਵਾ, ਕੁਲਵੰਤ ਸਿੰਘ ਚਾਨੀ, ਕਲਵਿੰਦਰ ਸਿੰਘ ਮੌੜ, ਆਸ਼ਾ ਵਰਕਰ ਯੂਨੀਅਨ ਦੇ ਸੂਬਾਈ ਆਗੂ ਅਮਰਜੀਤ ਕੌਰ ਰਣ ਸਿੰਘ ਵਾਲਾ, ਸਰਬਜੀਤ ਕੌਰ ਮਚਾਕੀ, ਪਾਵਰਕਾਮ ਪੈਨਸ਼ਨ ਆਗੂ ਰਮੇਸ਼ ਕੌਸ਼ਲ, ਅਧਿਆਪਕ ਆਗੂ ਗਗਨ ਪਾਹਵਾ, ਧਰਮਿੰਦਰ ਸਿੰਘ, ਸਿਮਰਜੀਤ ਸਿੰਘ ਬਰਾੜ, ਜਸਵਿੰਦਰ ਸਿੰਘ ਬਰਗਾੜੀ, ਵੀਰ ਇੰਦਰਜੀਤ ਸਿੰਘ ਪੁਰੀ, ਪ੍ਰਿੰਸੀਪਲ ਕ੍ਰਿਸ਼ਨ ਲਾਲ ਬਕੌਲੀਆ, ਅਮਰਜੀਤ ਸਿੰਘ ਵਾਲੀਆ, ਕੁਲਦੀਪ ਸ਼ਰਮਾ ਸੂਬਾਈ ਆਗੂ ਨਗਰ ਕੌਂਸਲ, ਗੁਰਤੇਜ ਸਿੰਘ ਖਹਿਰਾ, ਬਲਵਿੰਦਰ ਰਾਮ ਸ਼ਰਮਾ, ਜਗਤਾਰ ਸਿੰਘ ਗਿੱਲ, ਇੰਦਰਜੀਤ ਸਿੰਘ ਗਿੱਲ, ਪ੍ਰੀਤ ਭਗਵਾਨ ਸਿੰਘ ਤੇ ਗੁਰਪ੍ਰੀਤ ਸਿੰਘ ਔਲਖ ਨੇ ਸਰਕਾਰ 'ਤੇ ਦੋਸ਼ ਲਾਇਆ ਕਿ ਇਹ ਸਰਕਾਰ ਪੰਜਾਬ ਦੇ ਲੱਖਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਮੰਗਾਂ ਪ੍ਰਤੀ ਪਹੁੰਚ ਦੇ ਪੱਖ ਤੋਂ ਪਿਛਲੀਆਂ ਸਾਰੀਆਂ ਹੁਕਮਰਾਨ ਸਰਕਾਰਾਂ ਨਾਲੋਂ ਨਖਿੱਧ ਸਾਬਿਤ ਹੋਈ ਹੈ।

ਇਹ ਪਹਿਲੀ ਸਰਕਾਰ ਹੈ, ਜਿਹੜੀ ਆਪਣੇ ਮੁਲਾਜ਼ਮਾਂ ਨੂੰ ਡੀ ਏ ਦੇਣ ਦੀ ਬਜਾਏ ਮਾਨਯੋਗ ਹਾਈ ਕੋਰਟ ਵਿੱਚ ਮਹਿੰਗੇ ਪ੍ਰਾਈਵੇਟ ਵਕੀਲ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿਰੁੱਧ ਕੇਸ ਲੜ ਰਹੀ ਹੈ।ਆਗੂਆਂ ਨੇ ਜ਼ੋਰਦਾਰ ਮੰਗ ਕੀਤੀ ਕਿ ਮੁੱਖ ਮੰਤਰੀ, ਪੰਜਾਬ ਸਰਕਾਰ ਤੁਰੰਤ ਲੀਡਰਸ਼ਿਪ ਨਾਲ ਪੈਨਲ ਮੀਟਿੰਗ ਕਰਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਲਮਕ ਅਵਸਥਾ ਵਿੱਚ ਪਏ ਸਾਰੇ ਮਸਲੇ ਤੁਰੰਤ ਹੱਲ ਕਰਨ, ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ 18 ਫੀਸਦੀ ਦੀ ਦਰ ਨਾਲ ਬਕਾਇਆ ਪਈਆਂ 6 ਕਿਸ਼ਤਾਂ ਤੁਰੰਤ ਦਿੱਤੀਆਂ ਜਾਣ, ਪੈਨਸ਼ਨਰਾਂ ਲਈ 2.59 ਦਾ ਗੁਣਾਂਕ ਤੁਰੰਤ ਲਾਗੂ ਕੀਤਾ ਜਾਵੇ, ਪੁਰਾਣੀ ਪੈਨਸ਼ਨ ਸਕੀਮ ਤੁਰੰਤ ਬਹਾਲ ਕੀਤੀ ਜਾਵੇ, ਸਮੂਹ ਕੱਚੇ ਤੇ ਠੇਕਾ ਆਧਾਰਤ ਮੁਲਾਜ਼ਮਾਂ ਨੂੰ ਤੁਰੰਤ ਪੂਰੀਆਂ ਤਨਖਾਹਾਂ ਤੇ ਭੱਤਿਆਂ ਸਮੇਤ ਰੈਗੂਲਰ ਕੀਤਾ ਜਾਵੇ, ਆਸ਼ਾ ਵਰਕਰਾਂ, ਮਿਡ ਡੇਅ ਮੀਲ ਵਰਕਰਾਂ, ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੂੰ ਸਰਕਾਰੀ ਮੁਲਾਜ਼ਮ ਮੰਨ ਕੇ ਪੂਰੀਆਂ ਤਨਖਾਹਾਂ ਦਿੱਤੀਆਂ ਜਾਣ, ਮਾਨਯੋਗ ਅਦਾਲਤਾਂ ਵੱਲੋਂ ਪਿਛਲੇ ਸਮੇਂ ਦੌਰਾਨ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਕੀਤੇ ਗਏ ਸਾਰੇ ਫੈਸਲੇ ਤੁਰੰਤ ਜਨਰਲਾਈਜ਼ ਕਰਕੇ ਲਾਗੂ ਕੀਤੇ ਜਾਣ।

ਖਾਸ ਤੌਰ 'ਤੇ 17 ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਲਾਗੂ ਕੀਤੇ ਕੇਂਦਰ ਦੇ 7ਵੇਂ ਤਨਖਾਹ ਕਮਿਸ਼ਨ ਲਾਗੂ ਕਰਨ ਦੇ ਸਰਕਾਰ ਦੇ ਨੋਟੀਫਿਕੇਸ਼ਨ ਨੂੰ ਤੁਰੰਤ ਰੱਦ ਕਰਨ ਦੀ ਮੰਗ ਨੂੰ ਮੁੱਖ ਰੱਖ ਕੇ 17 ਜੁਲਾਈ 2026 ਨੂੰ ਮੁਹਾਲੀ ਵਿਖੇ ਮਹਾਂ ਰੈਲੀ ਕਰਕੇ ਆਉਣ ਵਾਲੀਆਂ ਪੀੜ੍ਹੀਆਂ ਦੇ ਗਲੋਂ ਜੂਲਾ ਲਾਹੁਣ ਦਾ ਪ੍ਰਣ ਲਿਆ ਜਾਵੇਗਾ।ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਅਧਿਆਪਕ ਆਗੂ ਹਰਜਸਦੀਪ ਸਿੰਘ, ਕੁਲਦੀਪ ਸਿੰਘ, ਘਣੀਆਂ, ਮਨਦੀਪ ਸਿੰਘ ਕਪੂਰ, ਪੈਨਸ਼ਨਰ ਆਗੂ ਸੋਮ ਨਾਥ ਅਰੋੜਾ, ਬਿਸ਼ਨ ਕੁਮਾਰ ਅਰੋੜਾ, ਅਜੀਤ ਸਿੰਘ ਖਾਲਸਾ, ਰਮੇਸ਼ ਕੌਸ਼ਲ, ਇਕਬਾਲ ਸਿੰਘ ਮੰਘੇੜਾ, ਤਰਸੇਮ ਨਰੂਲਾ, ਵੀਰ ਸਿੰਘ ਕੰਮੇਆਣਾ, ਮਲਕੀਤ ਸਿੰਘ, ਜੋਗਿੰਦਰ ਸਿੰਘ, ਮਨਪ੍ਰੀਤ ਸਿੰਘ ਪੰਜਾਬ ਮੰਡੀ ਬੋਰਡ, ਮੰਦਰ ਸਿੰਘ ਲੈਕਚਰਾਰ, ਸੁਖਮੰਦਰ ਸਿੰਘ ਸੰਧਵਾਂ, ਹਰਪਾਲ ਸਿੰਘ ਸਿਹਤ ਵਿਭਾਗ ਆਦਿ ਹਾਜ਼ਰ ਸਨ।

# ਕਾਰ ਤੇ ਟਰਾਲੇ ਦੀ ਸਿੱਧੀ ਟੱਕਰ 'ਚ 2 ਦੀ ਮੌਤ, ਦੋ ਜ਼ਖਮੀ



ਭੀਖੀ (ਧਰਮਵੀਰ ਸ਼ਰਮਾ)-ਸਥਾਨਕ ਮਾਨਸਾ ਰੋਡ 'ਤੇ ਪਿੰਡ ਕੋਟੜਾ ਕਲਾਂ ਨਜ਼ਦੀਕ ਇੱਕ ਕਾਰ ਤੇ ਟਰਾਲੇ ਦੀ ਸਿੱਧੀ ਟੱਕਰ ਵਿੱਚ ਕਾਰ ਸਵਾਰ 2 ਵਿਅਕਤੀਆਂ ਦੀ ਮੌਤ ਤੇ 2 ਵਿਅਕਤੀਆਂ ਦੇ ਜ਼ਖਮੀ ਹੋਣ ਦਾ ਸਮਾਚਾਰ ਹੈ। ਇਕੱਤਰ ਜਾਣਕਾਰੀ ਅਨੁਸਾਰ ਜਤਿਨ ਕੁਮਾਰ ਪੁੱਤਰ ਅਸ਼ੋਕ ਕੁਮਾਰ, ਅਵਤਾਰ ਸਿੰਘ ਪੁੱਤਰ ਗਿਆਨ ਸਿੰਘ, ਜਸ਼ਨਦੀਪ ਸਿੰਘ ਵਾਸੀਆਨ ਮਾਨਸਾ ਤੇ ਸੁਰਿੰਦਰਪਾਲ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਅੱਕਾਂਵਾਲੀ ਹੌਂਡਾ ਸਿਟੀ ਕਾਰ ਨੰਬਰ ਐੱਚ. ਆਰ. 29 ਯੂ 0966 ਰਾਹੀਂ ਮਾਨਸਾ ਤੋਂ ਪਟਿਆਲਾ ਵੱਲ ਜਾ ਰਹੇ ਸਨ ਤਾਂ ਭੀਖੀ ਸਾਇਡ ਤੋਂ ਮਾਨਸਾ ਵੱਲ ਨੂੰ ਜਾ ਰਹੇ ਇੱਕ ਟਰਾਲਾ ਨੰਬਰੀ ਪੀ.ਬੀ. 03 ਡਬਲਯੂ 9639 ਨਾਲ ਉਸ ਦੀ ਸਿੱਧੀ ਟੱਕਰ ਹੋ ਗਈ, ਜਿਸ ਤੋਂ ਬਾਅਦ ਜ਼ਖਮੀਆਂ ਨੂੰ ਇਲਾਜ ਲਈ ਸਿਵਲ ਹਸਪਤਾਲ ਮਾਨਸਾ ਲਿਆਂਦਾ ਗਿਆ, ਜਿੱਥੇ ਜਤਿਨ ਕੁਮਾਰ ਤੇ ਸੁਰਿੰਦਰਪਾਲ ਸਿੰਘ ਨੂੰ ਡਾਕਟਰਾਂ ਨੇ ਮ੍ਰਿਤਕ ਐਲਾਨ ਦਿੱਤਾ। ਕਾਰ ਸਵਾਰ ਅਵਤਾਰ ਸਿੰਘ ਗੰਭੀਰ ਜ਼ਖਮੀ ਸੀ, ਜਿਸ ਨੂੰ ਇਲਾਜ ਲਈ ਏਮਜ਼ ਬਠਿੰਡਾ ਰੈਫਰ ਕਰ ਦਿੱਤਾ ਗਿਆ ਤੇ ਜਸ਼ਨਦੀਪ ਸਿੰਘ ਦੇ ਮਾਮੂਲੀ ਸੱਟਾਂ ਸਨ। ਭੀਖੀ ਪੁਲਸ ਨੇ ਦੱਸਿਆ ਕਿ ਮ੍ਰਿਤਕਾਂ ਦਾ ਪੋਸਟ ਮਾਰਟਮ ਕਰਵਾ ਕੇ ਲਾਸ਼ਾਂ ਵਾਰਸਾਂ ਨੂੰ ਸੌਂਪ ਦਿੱਤੀਆਂ ਹਨ। ਮ੍ਰਿਤਕ ਕਾਰ ਚਾਲਕ ਸੁਰਿੰਦਰਪਾਲ ਸਿੰਘ ਦੇ ਜੀਜਾ ਚਰਨਜੀਤ ਸਿੰਘ ਵਾਸੀ ਧਲੇਵਾਂ ਦੇ ਬਿਆਨਾਂ 'ਤੇ ਮੁਕੱਦਮਾ ਦਰਜ ਕਰਕੇ ਟਰੱਕ ਚਾਲਕ ਭੋਲਾ ਸਿੰਘ ਪੁੱਤਰ ਕਰਨੈਲ ਸਿੰਘ ਵਾਸੀ ਬੱਲੋਂ ਨੂੰ ਗ੍ਰਿਫਤਾਰ ਕਰ ਲਿਆ ਹੈ।

# ਵਿਧਾਇਕ ਵੱਲੋਂ ਲੋਕ ਮਿਲਣੀ ਤਹਿਤ ਮੀਟਿੰਗਾਂ ਦਾ ਸਿਲਸਿਲਾ ਜਾਰੀ

## ਆਪ ਸਰਕਾਰ ਨੇ ਲੋਕਾਂ ਨੂੰ ਦਿੱਤੀਆਂ ਸਾਰੀਆਂ ਗਰੰਟੀਆਂ ਪੂਰੀਆਂ ਕੀਤੀਆਂ : ਬਾਜ਼ੀਗਰ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)
ਸੂਬੇ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਆਗਾਮੀ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸਰਗਰਮੀਆਂ ਵਿੱਚ ਕੀਤੇ ਗਏ ਵਾਅਦੇ ਦੇ ਚੱਲਦਿਆਂ ਸ਼ੁਰੂ ਕੀਤੀ ਗਈ ਮੁਹਿੰਮ ਤਹਿਤ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਵਿਧਾਇਕ ਕੁਲਵੰਤ ਸਿੰਘ ਬਾਜ਼ੀਗਰ ਨੇ ਹਲਕੇ ਦੇ ਪਿੰਡਾਂ ਵਿੱਚ ਲੋਕ ਮਿਲਣੀ ਤਹਿਤ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਵਿਧਾਇਕ ਵੱਲੋਂ ਕੀਤੀਆਂ ਜਾ ਰਹੀਆਂ ਇਨ੍ਹਾਂ ਮੀਟਿੰਗਾਂ ਰਾਹੀਂ ਜਿੱਥੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਜਾ ਰਿਹਾ ਹੈ, ਉੱਥੇ ਸਰਕਾਰੀ ਸਕੀਮਾਂ ਸਬੰਧੀ ਲੋਕਾਂ ਨੂੰ ਜਾਗਰੂਕ ਕੀਤੇ ਜਾਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ।

ਹਲਕਾ ਸ਼ੁਤਰਾਣਾ ਦੇ ਪਿੰਡ ਚੁਪਕੀ, ਨਾਗਰੀ ਤੇ ਨੂਰਪੁਰਾ ਵਿਖੇ ਕੀਤੀਆਂ ਗਈਆਂ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਵਿਧਾਇਕ ਬਾਜ਼ੀਗਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਪਿਛਲੀਆਂ ਵਿਧਾਨ ਸਭਾ ਚੋਣਾਂ ਦੌਰਾਨ ਕੀਤੇ ਗਏ ਵਾਅਦਿਆਂ ਨੂੰ ਪੂਰਾ ਕਰਦਿਆਂ ਲੋਕਾਂ ਨੂੰ ਦਿੱਤੀਆਂ ਸਭ ਗਰੰਟੀਆਂ ਪੂਰੀਆਂ ਕੀਤੀਆਂ ਜਾ ਚੁੱਕੀਆਂ ਹਨ। ਉਨ੍ਹਾਂ ਕਿਹਾ ਕਿ ਔਰਤਾਂ ਨੂੰ ਹਜ਼ਾਰ ਰੁਪਏ ਪ੍ਰਤੀ ਮਹੀਨਾ ਦੇਣ ਦੀ ਆਖਰੀ ਗਰੰਟੀ ਨੂੰ ਸਰਕਾਰ ਵੱਲੋਂ ਪੂਰਾ ਕੀਤਾ ਜਾਣਾ ਸਾਬਿਤ ਕਰਦਾ ਹੈ ਕਿ ਸਰਕਾਰ ਲੋਕਾਂ ਦੇ ਹਿੱਤਾਂ ਦੀ ਪਹਿਰੇਦਾਰੀ ਕਰ ਰਹੀ ਹੈ, ਜਦੋਂਕਿ ਵਿਰੋਧੀ ਪਾਰਟੀਆਂ ਸਰਕਾਰ ਵੱਲੋਂ ਕੀਤੇ ਜਾ ਰਹੇ ਕੰਮਾਂ ਤੋਂ ਬੁਖਲਾਹਟ ਵਿੱਚ ਆ ਗਈਆਂ ਹਨ ਅਤੇ ਮੁੱਖ ਮੰਤਰੀ ਸਮੇਤ ਆਮ ਆਦਮੀ ਪਾਰਟੀ ਦੀ ਸਰਕਾਰ ਨੂੰ ਬਦਨਾਮ ਕਰਨ ਲਈ ਅਕਾਲੀ ਦਲ ਕਾਂਗਰਸ ਤੇ ਭਾਜਪਾ ਇੱਕਜੁੱਟ ਹੋਈਆਂ ਨਜ਼ਰ ਆਉਂਦੀਆਂ ਹਨ।ਉਨ੍ਹਾਂ ਦਾਅਵਾ ਕੀਤਾ ਕਿ ਜਿਹੜੇ ਕੰਮ ਆਪ ਸਰਕਾਰ ਨੇ ਕੀਤੇ ਹਨ, ਵਿਰੋਧੀ ਪਾਰਟੀਆਂ ਉਨ੍ਹਾਂ ਕੰਮਾਂ ਨੂੰ ਕਰਨ ਬਾਰੇ ਸੋਚ ਵੀ ਨਹੀਂ ਸਕਦੀਆਂ। ਸੂਬੇ ਵਿੱਚ ਆਈ ਸਿੱਖਿਆ ਕ੍ਰਾਂਤੀ, ਸਿਹਤ ਤੇ ਬਿਜਲੀ ਦੇ ਖੇਤਰ ਵਿੱਚ ਕੀਤੇ ਗਏ ਵੱਡੇ ਸੁਧਾਰਾਂ ਦੇ ਨਾਲ ਨਾਲ ਨਹਿਰੀ ਪਾਣੀ ਦੇ ਸਿਸਟਮ ਵਿੱਚ ਕੀਤੇ ਗਏ ਬਦਲਾਅ ਨੇ ਇਹ ਸਾਬਿਤ ਕਰ ਦਿੱਤਾ ਹੈ ਕਿ ਜਦੋਂ ਨੀਅਤ ਸਾਫ ਹੋਵੇ, ਉਦੋਂ ਲੋਕ ਭਲਾਈ ਦੇ ਕੰਮਾਂ ਨੂੰ ਕਰਨਾ ਨਾ-ਮੁਮਕਿਨ ਨਹੀਂ ਹੁੰਦਾ।

## ਕਾਤਰਾਂ

### ਅਗਲੀ ਸਰਕਾਰ ਕਾਂਗਰਸ ਦੀ ਬਣਨੀ ਤੈਅ : ਜੱਸ



ਰਾਮਪੁਰਾ ਫੂਲ (ਦਰਸ਼ਨ ਜਿੰਦਲ)-ਪੰਜਾਬ ਵਿੱਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨੀ ਤੈਅ ਹੈ ਤੇ ਕਾਂਗਰਸ ਪਾਰਟੀ ਦੇ ਵਰਕਰ ਪੰਜਾਬ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਅਗਵਾਈ ਹੇਠ ਸਰਕਾਰ ਬਣਾਉਣ ਲਈ ਮਿਹਨਤ ਕਰ ਰਹੇ ਹਨ ਇਹ ਪ੍ਰਗਟਾਵਾ ਹਲਕਾ ਰਾਮਪੁਰਾ ਫੂਲ ਦੇ ਸੇਵਾਦਾਰ ਤੇ ਸੀਨੀਅਰ ਮੀਤ ਪ੍ਰਧਾਨ ਐਡਵੋਕੇਟ ਜਸਵਿੰਦਰ ਸਿੰਘ ਜੱਸ ਨੇ ਕੀਤਾ। ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਰਾਜਾ ਵੜਿੰਗ ਦੀ ਪਿਛਲੇ ਚਾਰ ਸਾਲਾਂ ਦੀ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਦੁਬਾਰਾ ਪੰਜਾਬ ਦਾ ਪ੍ਰਧਾਨ ਬਣਾਇਆ ਗਿਆ ਹੈ ਕਿਉਂਕਿ ਲੰਘੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਨੇ ਰਾਜਾ ਵੜਿੰਗ ਦੀ ਅਗਵਾਈ ਵਿੱਚ 7 ਸੀਟਾਂ ਜਿੱਤ ਕੇ ਪਾਰਟੀ ਦੀ ਝੋਲੀ ਪਾਈਆਂ ਸਨ।

### ਚੋਰੀ ਦੇ ਤਿੰਨ ਮੋਟਰਸਾਈਕਲਾਂ ਤੇ ਐਕਟਿਵਾ ਸਮੇਤ 2 ਗ੍ਰਿਫਤਾਰ

ਫਿਰੋਜ਼ਪੁਰ (ਅਸ਼ੋਕ ਸ਼ਰਮਾ)-ਥਾਣਾ ਕੈਂਟ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ ਚੋਰੀ ਦੇ ਤਿੰਨ ਮੋਟਰਸਾਈਕਲਾਂ ਤੇ ਇਕ ਐਕਟਿਵਾ ਸਮੇਤ 2 ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਖਿਲਾਫ 303 (2), 317 (2) ਬੀਐੱਨਐੱਸ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਸਲਵਿੰਦਰ ਸਿੰਘ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਚੁੰਗੀ ਨੰਬਰ 7 ਫਿਰੋਜ਼ਪੁਰ ਕੈਂਟ ਮੌਜੂਦ ਸੀ ਤਾਂ ਇਸ ਦੌਰਾਨ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਕਿਸ਼ਨਾ ਪੁੱਤਰ ਗੁਲਸ਼ਨ ਕੁਮਾਰ ਵਾਸੀ ਮਕਾਨ ਨੰਬਰ 383, ਗਵਾਲ ਮੰਡੀ ਫਿਰੋਜ਼ਪੁਰ ਕੈਂਟ ਤੇ ਰਮਨ ਪੁੱਤਰ ਰਾਮ ਕਿਸ਼ਨ ਵਾਸੀ ਮਕਾਨ ਨੰਬਰ 367-368 ਗਵਾਲ ਮੰਡੀ, ਫਿਰੋਜ਼ਪੁਰ ਕੈਂਟ, ਜੋ ਚੋਰੀਆਂ ਕਰਨ ਦੇ ਆਦੀ ਹਨ ਤੇ ਹੁਣ ਵੀ ਚੋਰੀ ਕੀਤੇ ਮੋਟਰਸਾਈਕਲ ਤੇ ਐਕਟਿਵਾ ਵੇਚਣ ਲਈ ਸ਼ਮਸ਼ਾਨਘਾਟ ਰੋਡ 'ਤੇ ਝਾੜੀਆਂ ਪਾਸ ਮੌਜੂਦ ਹਨ ਅਤੇ ਗਾਹਕਾਂ ਦਾ ਇੰਤਜ਼ਾਰ ਕਰ ਰਹੇ ਹਨ। ਜੇਕਰ ਉਨ੍ਹਾਂ 'ਤੇ ਹੁਣੇ ਛਾਪੇਮਾਰੀ ਕੀਤੀ ਜਾਵੇ ਤਾਂ ਚੋਰੀ ਕੀਤੇ ਮੋਟਰਸਾਈਕਲ ਤੇ ਐਕਟਿਵਾ ਸਮੇਤ ਕਾਬੂ ਆ ਸਕਦੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 3 ਮੋਟਰਸਾਈਕਲ ਸਪਲੈਂਡਰ ਬਿਨਾਂ ਨੰਬਰੀ ਤੇ 1 ਐਕਟਿਵਾ ਬਿਨਾਂ ਨੰਬਰੀ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

### ਸੂਬੇ 'ਚ ਤੇਜ਼ੀ ਨਾਲ ਵਧ ਰਹੇ ਅਪਰਾਧ ਕਾਰਨ ਲੋਕਾਂ 'ਚ ਡਰ ਦਾ ਮਾਹੌਲ

ਬਰੇਟਾ (ਰੀਤਵਾਲ)-ਸੂਬੇ ਵਿੱਚ ਕਤਲ, ਲੁੱਟ-ਖੋਹ, ਨਸ਼ਾ ਤਸਕਰੀ, ਗੈਂਗਸਟਰ ਗਤੀਵਿਧੀਆਂ ਤੇ ਚੋਰੀ ਵਰਗੀਆਂ ਅਪਰਾਧਕ ਘਟਨਾਵਾਂ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਵਧ ਰਹੀ ਹੈ।ਵੱਖ-ਵੱਖ ਖੇਤਰਾਂ ਵਿੱਚ ਸਾਹਮਣੇ ਆ ਰਹੀਆਂ ਘਟਨਾਵਾਂ ਕਾਰਨ ਆਮ ਲੋਕ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਹੇ ਹਨ।ਸਮਾਜਿਕ ਆਗੂਆਂ ਤੇ ਨਾਗਰਿਕਾਂ ਦਾ ਕਹਿਣਾ ਹੈ ਕਿ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ।ਉਨ੍ਹਾਂ ਪੁਲਸ ਵੱਲੋਂ ਰਾਤ ਦੀ ਗਸ਼ਤ ਵਧਾਉਣ, ਨਸ਼ਾ ਤਸਕਰਾਂ ਤੇ ਅਪਰਾਧਕ ਗਰੋਹਾਂ ਖ਼ਿਲਾਫ਼ ਸਖ਼ਤ ਕਾਰਵਾਈ ਕਰਨ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਦੀ ਮੰਗ ਕੀਤੀ ਹੈ।ਦੂਜੇ ਪਾਸੇ, ਪੁਲਸ ਦਾ ਕਹਿਣਾ ਹੈ ਕਿ ਅਪਰਾਧ 'ਤੇ ਕਾਬੂ ਪਾਉਣ ਲਈ ਵਿਸ਼ੇਸ਼ ਮੁਹਿੰਮਾਂ ਚਲਾਈਆਂ ਜਾ ਰਹੀਆਂ ਹਨ ਅਤੇ ਦੋਸ਼ੀਆਂ ਨੂੰ ਕਾਨੂੰਨ ਦੇ ਘੇਰੇ ਵਿੱਚ ਲਿਆਉਣ ਲਈ ਲਗਾਤਾਰ ਕਾਰਵਾਈ ਕੀਤੀ ਜਾ ਰਹੀ ਹੈ।ਜਦਕਿ ਲੋਕਾਂ ਦਾ ਮੰਨਣਾ ਹੈ ਕਿ ਅਪਰਾਧ 'ਤੇ ਪ੍ਰਭਾਵਸ਼ਾਲੀ ਰੋਕ ਲਈ ਪੁਲਸ, ਪ੍ਰਸ਼ਾਸਨ ਤੇ ਸਮਾਜ ਨੂੰ ਮਿਲ ਕੇ ਕੰਮ ਕਰਨ ਦੀ ਲੋੜ ਹੈ, ਤਾਂ ਜੋ ਸੂਬੇ ਵਿੱਚ ਅਮਨ-ਸ਼ਾਂਤੀ ਤੇ ਲੋਕਾਂ ਦਾ ਭਰੋਸਾ ਬਣਿਆ ਰਹੇ।

# ਬੰਟੀ ਖੇੜਾ ਬਣੇ ਸਰਬਸੰਮਤੀ ਨਾਲ ਕਰਿਆਨਾ ਯੂਨੀਅਨ ਦੇ ਪ੍ਰਧਾਨ

## ਦੂਜੇ ਸਾਲ ਲਈ ਸੁਮਿਤ ਗਰਗ ਚੁਣੇ ਗਏ ਪ੍ਰਧਾਨ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)-ਵਪਾਰ ਮੰਡਲ ਦੇ ਪ੍ਰਧਾਨ ਇੰਦਰਜੀਤ ਬਾਂਸਲ ਦੀ ਪ੍ਰਧਾਨਗੀ ਹੇਠ ਦੁਕਾਨ 'ਤੇ ਮੀਟਿੰਗ ਹੋਈ, ਜਿਸ 'ਚ ਸਰਵਸੰਮਤੀ ਨਾਲ ਸੁਨੀਲ ਕੁਮਾਰ ਬੰਟੀ ਖੇੜਾ ਨੂੰ ਇੱਕ ਸਾਲ ਲਈ ਤੇ ਸੁਮਿਤ ਗਰਗ ਨੂੰ ਦੂਜੇ ਸਾਲ ਲਈ ਕਰਿਆਨਾ ਯੂਨੀਅਨ ਦਾ ਪ੍ਰਧਾਨ ਚੁਣ ਲਿਆ।ਇਸ ਮੌਕੇ ਨਵੇਂ ਚੁਣੇ ਗਏ ਪ੍ਰਧਾਨ ਬੰਟੀ ਖੇੜਾ ਦੀ ਨਿਯੁਕਤੀ ਦਾ ਸਵਾਗਤ ਕਰਦਿਆਂ ਮੂੰਹ ਮਿੱਠਾ ਕਰਵਾਇਆ ਗਿਆ।

ਪ੍ਰਧਾਨ ਬੰਟੀ ਖੇੜਾ ਨੇ ਕਿਹਾ ਕਿ ਉਹ ਕਰਿਆਨਾ ਯੂਨੀਅਨ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਦੇ ਹੱਲ ਲਈ ਸਦਾ ਪ੍ਰਯਾਸ ਕਰਦੇ ਰਹਿਣਗੇ ਤੇ ਵਪਾਰੀਆਂ ਨੂੰ ਮੁਸ਼ਕਲਾਂ ਨਹੀਂ ਆਉਣ ਦੇਣਗੇ।ਮੀਟਿੰਗ 'ਚ ਵਪਾਰ ਮੰਡਲ ਦੇ ਚੇਅਰਮੈਨ ਤੇਜਿੰਦਰ ਬੱਬੂ ਬਾਂਸਲ, ਵਪਾਰ ਮੰਡਲ ਦੇ ਜਨਰਲ ਸਕੱਤਰ ਦੇਸ ਰਾਜ ਤਨੇਜਾ, ਵਾਈਸ ਪ੍ਰਧਾਨ ਸੰਜੀਵ ਕੁਮਾਰ ਖੇੜਾ, ਕਰਿਆਨਾ ਯੂਨੀਅਨ ਦੇ ਪ੍ਰਧਾਨ ਸਤਪਾਲ ਪਠੇਲਾ, ਜਨਰਲ ਸੈਕਟਰੀ ਅਸ਼ੋਕ ਦੂਮੜਾ, ਅਸ਼ੋਕ ਚੁੱਘ ਸਮੇਤ ਵੱਡੀ ਗਿਣਤੀ 'ਚ ਵਪਾਰੀ ਮੌਜੂਦ ਸਨ।

# ਏਸ਼ੀਆ ਕੱਪ ਇੰਟਰਨੈਸ਼ਨਲ ਤਾਈਕਵਾਂਡੋ ਚੈਂਪੀਅਨਸ਼ਿਪ 'ਚ ਪੰਜਾਬ ਨੇ ਜਿੱਤੇ 25 ਮੈਡਲ




ਫਿਰੋਜ਼ਪੁਰ (ਅਸ਼ੋਕ ਸ਼ਰਮਾ)
ਗੋਆ ਦੇ ਮਾਪੂਸਾ ਸਥਿਤ ਪੇਡੇਮ ਇਨਡੋਰ ਸਟੇਡੀਅਮ ਵਿੱਚ ਤਾਇਕਵਾਂਡੋ ਕਾਉਂਸਲ ਆਫ਼ ਇੰਡੀਆ ਵੱਲੋਂ 4 ਰੋਜ਼ਾ 9ਵੀਂ ਓਪਨ ਏਸ਼ੀਆ ਕੱਪ ਇੰਟਰਨੈਸ਼ਨਲ ਤਾਈਕਵਾਂਡੋ ਚੈਂਪੀਅਨਸ਼ਿਪ ਕਰਵਾਈ ਗਈ। ਇਸ ਵੱਕਾਰੀ ਮੁਕਾਬਲੇ ਵਿੱਚ ਕਾਉਂਸਲ ਦੇ ਸੰਸਥਾਪਕ ਪੰਕਜ ਚੌਰਸੀਆ ਦੀ ਅਗਵਾਈ ਹੇਠ ਭਾਰਤ ਵੱਲੋਂ ਹਿੱਸਾ ਲੈਂਦਿਆਂ ਪੰਜਾਬ ਦੀ 40 ਮੈਂਬਰੀ ਟੀਮ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕਰਕੇ ਸੂਬੇ ਦਾ ਨਾਂਅ ਰੌਸ਼ਨ ਕੀਤਾ ਹੈ। ਤਾਇਕਵਾਂਡੋ ਕਾਉਂਸਲ ਆਫ਼ ਇੰਡੀਆ ਦੇ ਵਿਸ਼ੇਸ਼ ਯਤਨਾਂ ਸਦਕਾ ਗੋਆ ਦੇ ਖ਼ੂਬਸੂਰਤ ਸ਼ਹਿਰ ਮਾਪੂਸਾ ਦੇ ਪੇਡੇਮ ਇਨਡੋਰ ਸਟੇਡੀਅਮ ਵਿਖੇ ਚਾਰ ਦਿਨਾਂ 9ਵੀਂ ਓਪਨ ਏਸ਼ੀਆ ਕੱਪ ਓਪਨ ਇੰਟਰਨੈਸ਼ਨਲ ਤਾਈਕਵਾਂਡੋ ਚੈਂਪੀਅਨਸ਼ਿਪ ਦਾ ਸਫ਼ਲ ਆਯੋਜਨ ਕੀਤਾ ਗਿਆ। ਅੰਤਰਰਾਸ਼ਟਰੀ ਪੱਧਰ ਦੇ ਇਸ ਵੱਡੇ ਖੇਡ ਮੁਕਾਬਲੇ ਵਿੱਚ ਏਸ਼ੀਆ ਤੇ ਅਫ਼ਰੀਕਾ ਮਹਾਂਦੀਪ ਦੇ ਵੱਖ-ਵੱਖ ਦੇਸ਼ਾਂ ਦੇ ਖਿਡਾਰੀਆਂ ਨੇ ਆਪਣੀ ਖੇਡ ਦਾ ਲੋਹਾ ਮਨਾਇਆ। ਪ੍ਰਬੰਧਕਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਇਸ ਚੈਂਪੀਅਨਸ਼ਿਪ ਵਿੱਚ ਭਾਰਤ ਸਮੇਤ ਨੇਪਾਲ, ਘਾਨਾ ਤੇ ਸ੍ਰੀ ਲੰਕਾ ਵਰਗੇ ਦੇਸ਼ਾਂ ਦੇ ਲਗਭਗ 490 ਚੋਟੀ ਦੇ ਖਿਡਾਰੀਆਂ ਨੇ ਸਰਗਰਮੀ ਨਾਲ ਭਾਗ ਲਿਆ ਤੇ ਮੈਡਲਾਂ 'ਤੇ ਕਬਜ਼ਾ ਕਰਨ ਲਈ ਜ਼ੋਰਦਾਰ ਮੁਕਾਬਲੇਬਾਜ਼ੀ ਕੀਤੀ। ਇਸ ਅੰਤਰਰਾਸ਼ਟਰੀ ਮੰਚ 'ਤੇ ਭਾਰਤੀ ਦਲ ਦਾ ਹਿੱਸਾ ਬਣਦਿਆਂ ਪੰਜਾਬ ਦੀ ਟੀਮ ਨੇ ਤਾਇਕਵਾਂਡੋ ਕਾਉਂਸਲ ਆਫ਼ ਇੰਡੀਆ ਦੇ ਸੰਸਥਾਪਕ ਪੰਕਜ ਚੌਰਸੀਆ ਦੀ ਯੋਗ ਅਗਵਾਈ ਹੇਠ ਮੈਦਾਨ ਵਿੱਚ ਨਿੱਤਰਿਆ। ਪੰਜਾਬ ਦੇ ਇਸ ਦਲ ਵਿੱਚ ਕਰੀਬ 40 ਮੈਂਬਰ ਸ਼ਾਮਲ ਸਨ, ਜਿਨ੍ਹਾਂ ਵਿੱਚ ਖਿਡਾਰੀ, ਰੈਫ਼ਰੀ ਤੇ ਅਧਿਕਾਰੀ ਸ਼ਾਮਲ ਸਨ। ਪੰਜਾਬੀ ਖਿਡਾਰੀਆਂ ਨੇ ਆਪਣੀ ਤਕਨੀਕ ਤੇ ਬਿਹਤਰੀਨ ਖੇਡ ਕੌਸ਼ਲ ਸਦਕਾ ਵਿਰੋਧੀ ਟੀਮਾਂ ਨੂੰ ਕਰੜੀ ਟੱਕਰ ਦਿੱਤੀ ਅਤੇ ਵੱਡੀ ਸਫ਼ਲਤਾ ਹਾਸਲ ਕੀਤੀ। ਸੰਸਥਾਪਕ ਚੌਰਸੀਆ ਨੇ ਚੈਂਪੀਅਨਸ਼ਿਪ ਦੇ ਨਤੀਜਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਦੀ ਟੀਮ ਨੇ ਉਮੀਦ ਮੁਤਾਬਕ ਬਹੁਤ ਹੀ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਪੰਜਾਬੀ ਖਿਡਾਰੀਆਂ ਨੇ ਕੁੱਲ 25 ਮੈਡਲ ਜਿੱਤ ਕੇ ਸੂਬੇ ਦੀ ਖੇਡ ਪ੍ਰਤਿਭਾ ਦਾ ਪਰਚਮ ਲਹਿਰਾਇਆ। ਇਨ੍ਹਾਂ ਵਿੱਚੋਂ 6 ਖਿਡਾਰੀਆਂ ਨੇ ਸੋਨੇ ਦੇ ਤਮਗੇ (ਗੋਲਡ ਮੈਡਲ), 9 ਖਿਡਾਰੀਆਂ ਨੇ ਚਾਂਦੀ ਦੇ ਤਮਗੇ (ਸਿਲਵਰ ਮੈਡਲ) ਤੇ 10 ਖਿਡਾਰੀਆਂ ਨੇ ਕਾਂਸੀ ਦੇ ਤਮਗੇ (ਬਰੌਂਜ਼ ਮੈਡਲ) ਆਪਣੇ ਨਾਂਅ ਕੀਤੇ। ਦੇਸ਼ ਲਈ ਸੋਨੇ ਦਾ ਤਮਗਾ ਜਿੱਤਣ ਵਾਲੇ ਹੋਣਹਾਰ ਖਿਡਾਰੀਆਂ ਵਿੱਚ ਜਸਪ੍ਰੀਤ ਯਾਦਵ, ਗੁਰਪ੍ਰੀਤ ਸਹੋਤਾ, ਗਤਵ, ਰਚਿਤ ਕੁਮਾਰ, ਯੋਹਾਨ ਸ਼ਰਮਾ ਤੇ ਸਮਰ ਕੰਬੋਜ ਸ਼ਾਮਲ ਹਨ, ਜਿਨ੍ਹਾਂ ਨੇ ਆਪਣੇ ਵਰਗ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਦੂਜੇ ਸਥਾਨ 'ਤੇ ਰਹਿ ਕੇ ਚਾਂਦੀ ਦਾ ਤਮਗਾ ਜਿੱਤਣ ਵਾਲੇ ਖਿਡਾਰੀਆਂ ਵਿੱਚ ਰਤਨ ਸਹੋਤਾ, ਯੁਗਮ, ਹੈਵਿਸ਼ ਰੰਧਾਵਾ, ਹੁਸਨਦੀਪ ਸਿੰਘ, ਧਰਮਵੀਰ ਸਿੰਘ, ਕਮਲਪ੍ਰੀਤ ਸਿੰਘ, ਰਾਜਦੀਪ ਕੌਰ, ਰੰਜੋਤ ਕੌਰ ਤੇ ਹਰਜੋਤ ਕੌਰ ਦੇ ਨਾਂ ਸ਼ਾਮਲ ਹਨ। ਸ਼ਾਨਦਾਰ ਖੇਡ ਦਿਖਾ ਕੇ ਕਾਂਸੀ ਦਾ ਤਮਗਾ ਹਾਸਲ ਕਰਨ ਵਾਲੇ ਖਿਡਾਰੀਆਂ ਵਿੱਚ ਗੁਰਮਾਨ ਸਿੰਘ, ਪਵਨ ਸਹੋਤਾ, ਅਰਮਾਨਪ੍ਰੀਤ ਸਿੰਘ, ਹਰਿਨਾਮ ਗਿੱਲ, ਪਾਰਸ ਮਹਿਰਾ, ਬੈਵਿਨ ਸਹੋਤਾ, ਗੁਰਤਾਜ ਸਿੰਘ, ਰਿਧਮਜੋਤ ਕੌਰ, ਅਭਿਜੋਤ ਸਿੰਘ ਤੇ ਪਰੀ ਨੂਰ ਕੌਰ ਸ਼ਾਮਲ ਹਨ। ਖਿਡਾਰੀਆਂ ਤੋਂ ਇਲਾਵਾ ਪੰਜਾਬ ਦੇ ਰੈਫ਼ਰੀਆਂ ਨੇ ਵੀ ਇਸ ਖੇਡ ਮਹਾਕੁੰਭ ਵਿੱਚ ਨਿਰਪੱਖ ਤੇ ਸ਼ਾਨਦਾਰ ਭੂਮਿਕਾ ਨਿਭਾਈ। ਖਿਡਾਰੀਆਂ ਦੀ ਇਸ ਬੇਮਿਸਾਲ ਪ੍ਰਾਪਤੀ 'ਤੇ ਪੰਜਾਬ ਦੇ ਖੇਡ ਜਗਤ ਵਿੱਚ ਖੁਸ਼ੀ ਦੀ ਲਹਿਰ ਹੈ ਤੇ ਵੱਖ-ਵੱਖ ਖੇਡ ਪ੍ਰੇਮੀਆਂ ਵੱਲੋਂ ਜੇਤੂ ਖਿਡਾਰੀਆਂ ਨੂੰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।

# ਕੇਂਦਰੀ ਸਭਾ ਦੀ ਹੰਗਾਮੀ ਮੀਟਿੰਗ 'ਚ ਲਏ ਮਹੱਤਵਪੂਰਨ ਫੈਸਲੇ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਦੇ ਪ੍ਰਧਾਨ ਪਵਨ ਹਰਚੰਦਪੁਰੀ ਤੇ ਜਨਰਲ ਸਕੱਤਰ ਸੰਧੂ ਵਰਿਆਣਵੀ ਨੇ ਦੱਸਿਆ ਕਿ ਸਭਾ ਦੀ ਲੁਧਿਆਣਾ ਵਿਖੇ ਹੋਈ ਮੀਟਿੰਗ ਵਿੱਚ ਗੰਭੀਰ ਵਿਚਾਰਾਂ ਤੋਂ ਬਾਅਦ ਫੈਸਲੇ ਲਏ ਗਏ, ਜਿਸ 'ਚ ਭਾਸ਼ਾ ਵਿਭਾਗ ਪੰਜਾਬ ਤੇ ਪੰਜਾਬੀ ਭਾਸ਼ਾ ਦੀਆਂ ਮੰਗਾਂ ਸਬੰਧੀ ਮੁੱਖ ਮੰਤਰੀ ਪੰਜਾਬ, ਉੱਚ ਵਿੱਦਿਆ ਤੇ ਭਾਸ਼ਾ ਮੰਤਰੀ ਅਤੇ ਵਿੱਤ ਮੰਤਰੀ ਨੂੰ ਨਿੱਜੀ ਚਿੱਠੀਆਂ ਲਿਖੀਆਂ ਜਾਣਗੀਆਂ। ਸਭਾ ਦੇ ਮੰਗ ਪੱਤਰ ਅਨੁਸਾਰ ਮੰਗਾਂ ਮੰਨਣ 'ਤੇ ਜ਼ੋਰ ਦਿੱਤਾ ਜਾਵੇਗਾ ਤੇ ਭਾਸ਼ਾ ਵਿਭਾਗ ਦੇ ਗੰਭੀਰ ਮੁੱਦੇ ਹੱਲ ਕਰਨ ਲਈ ਜ਼ੋਰ ਦਿੱਤਾ ਜਾਵੇਗਾ।ਸਭਾ ਵੱਲੋਂ ਕੱਲ੍ਹ ਭਾਸ਼ਾ ਵਿਭਾਗ ਬਾਰੇ ਦਿੱਤੇ ਭਾਸ਼ਾ ਮੰਤਰੀ ਦੇ ਬਿਆਨ ਨੂੰ ਵਿਚਾਰਿਆ ਗਿਆ।ਸਭਾ ਵੱਲੋਂ ਸਪੀਕਰ ਵਿਧਾਨ ਸਭਾ ਨੂੰ ਕਨੂੰਨ ਬਣਾਉਣ ਸਮੇਂ ਪੰਜਾਬੀ ਮਾਂ ਬੋਲੀ ਦੀ ਜ਼ਰੂਰੀ ਵਰਤੋਂ ਲਈ ਵੀ ਪੱਤਰ ਲਿਖਿਆ ਜਾਵੇਗਾ।ਪਵਨ ਹਰਚੰਦਪੁਰੀ ਨੇ ਮੌਜੂਦਾ ਮੰਗਾਂ ਬਾਰੇ ਦੱਸਿਆ ਕਿ ਭਾਸ਼ਾ ਵਿਭਾਗ ਦੇ ਖਾਤਮੇ ਬਾਰੇ ਖੜ੍ਹੇ ਹੋਏ ਸ਼ੰਕੇ ਦੂਰ ਕੀਤੇ ਜਾਣ, ਇਸ ਦੇ ਵਿੱਤੀ ਪ੍ਰਬੰਧ ਨੂੰ ਮਜ਼ਬੂਤ ਕੀਤਾ ਜਾਵੇ, ਖਾਲੀ ਪਈਆਂ ਸਾਰੀਆਂ ਪੋਸਟਾਂ ਭਰੀਆਂ ਜਾਣ ਤੇ ਲੇਖਕ ਭਵਨ ਨੂੰ ਐੱਨ ਸੀ ਸੀ ਦੇ ਕਬਜ਼ੇ ਤੋਂ ਤੁਰੰਤ ਮੁਕਤ ਕਰਵਾਇਆ ਜਾਵੇ।ਪ੍ਰੀ ਨਰਸਰੀ ਤੋਂ ਪਹਿਲੀ ਕਲਾਸ ਤੱਕ ਪੰਜਾਬੀ ਜ਼ਰੂਰੀ ਤੌਰ 'ਤੇ ਲਾਗੂ ਕਰਨ ਲਈ ਭਾਸ਼ਾ ਕਨੂੰਨ ਵਿੱਚ ਸੋਧ ਕੀਤੀ ਜਾਵੇ, ਪੰਜਾਬ ਅੰਦਰ ਪੁਸਤਕਾਲਾ ਕਨੂੰਨ ਬਣਾਇਆ ਜਾਵੇ, ਸਖ਼ਤੀ ਨਾਲ ਪੰਜਾਬੀ ਲਾਗੂ ਕਰਵਾਉਣ ਪੰਜਾਬੀ ਭਾਸ਼ਾ ਟ੍ਰਿਬਿਊਨਲ ਬਣਾਇਆ ਜਾਵੇ, ਪੰਜਾਬ ਵਿਧਾਨ ਸਭਾ ਵਿੱਚ ਬਣਨ ਵਾਲਾ ਹਰ ਕਨੂੰਨ ਪੰਜਾਬੀ ਵਿੱਚ ਬਣਾਇਆ ਜਾਵੇ, ਤੁਰੰਤ ਭਾਸ਼ਾ ਸਲਾਹਕਾਰ ਬੋਰਡ ਦਾ ਗਠਨ ਕਰਕੇ ਸਾਲ 2020 ਤੋਂ ਦੇਣੇ ਬਕਾਇਆ ਪਏ ਛੇ ਸਾਲਾਂ ਦੇ ਪੁਰਸਕਾਰਾਂ ਦਾ ਐਲਾਨ ਕੀਤਾ ਜਾਵੇ, ਕਿਤਾਬਾਂ ਨੂੰ ਵਿੱਤੀ ਸਹਾਇਤਾ ਦਿੱਤੀ ਜਾਵੇ, ਪਏ ਖਰੜੇ ਛਪਵਾਏ ਜਾਣ, ਗ਼ਰੀਬ ਲੇਖਕਾਂ ਨੂੰ ਸਾਹਿਤਕ ਪੈਨਸ਼ਨ ਲਾਈ ਜਾਵੇ।ਹਰਿਆਣੇ ਦੀ ਤਰ੍ਹਾਂ ਮੁਫ਼ਤ ਬਸ ਸਹੂਲਤ ਦਿੱਤੀ ਜਾਵੇ, ਪਹਿਲਾਂ ਦਿੱਤੇ ਗਏ ਪੁਰਸਕਾਰਾਂ ਦੇ ਕੋਰਟ ਕੇਸ ਦਾ ਜਲਦੀ ਫੈਸਲਾ ਕਰਵਾਇਆ ਜਾਵੇ ਤੇ ਕੇਂਦਰੀ ਸਭਾ ਦੇ ਮੰਗ ਪੱਤਰ ਤੇ ਮੀਟਿੰਗ ਦੇਕੇ ਸਾਰੇ ਮਸਲੇ ਨਿਬੇੜੇ ਜਾਣ।

# ਪਟਿਆਲਾ ਨੂੰ ਸੂਬੇ ਦਾ ਸਭ ਤੋਂ ਸਾਫ਼-ਸੁਥਰਾ ਤੇ ਹਰਿਆ-ਭਰਿਆ ਸ਼ਹਿਰ ਬਣਾਇਆ ਜਾਵੇਗਾ : ਡਾ. ਬਲਬੀਰ ਸਿੰਘ



ਪਟਿਆਲਾ (ਰਾਜਿੰਦਰ ਸਿੰਘ ਥਿੰਦ)
ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਹੈ ਕਿ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਵਾਤਾਵਰਨ ਪੱਖੀ ਪਟਿਆਲਾ ਦੀ ਸਿਰਜਣਾ ਲੋਕਾਂ ਦੇ ਸਹਿਯੋਗ ਨਾਲ ਹੀ ਸੰਭਵ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸ਼ਹਿਰਾਂ ਵਿੱਚ ਸਫ਼ਾਈ, ਹਰਿਆਵਲੀ ਤੇ ਵਾਤਾਵਰਨ ਸੁਰੱਖਿਆ ਨੂੰ ਪ੍ਰਮੁੱਖ ਤਰਜੀਹ ਦੇ ਰਹੀ ਹੈ ਅਤੇ ਇਸ ਮਿਸ਼ਨ ਵਿੱਚ ਸਮਾਜ ਸੇਵੀ ਸੰਸਥਾਵਾਂ ਅਤੇ ਆਮ ਲੋਕਾਂ ਦਾ ਸਹਿਯੋਗ ਬਹੁਤ ਮਹੱਤਵਪੂਰਨ ਹੈ।ਡਾ. ਬਲਬੀਰ ਸਿੰਘ ਵਾਤਾਵਰਣ ਪਾਰਕ ਵਿਖੇ ਸਥਿਤ ਬਟਰਫਲਾਈ ਅਤੇ ਹਰਬਲ ਪਾਰਕ ਦੇ ਦੌਰੇ ਦੌਰਾਨ ਸੰਬੋਧਨ ਕਰ ਰਹੇ ਸਨ।ਉਨ੍ਹਾਂ ਬੂਟਾ ਲਾ ਕੇ ਵਾਤਾਵਰਨ ਸੰਭਾਲ ਦਾ ਸੰਦੇਸ਼ ਦਿੱਤਾ ਅਤੇ ਪਾਰਕ ਦੇ ਵਿਕਾਸ ਅਤੇ ਰੱਖ-ਰਖਾਅ ਲਈ ਕੰਮ ਕਰ ਰਹੀ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਟੀਮ ਦੇ ਸਮਰਪਿਤ ਯਤਨਾਂ ਦੀ ਭਰਪੂਰ ਸ਼ਲਾਘਾ ਕੀਤੀ।ਸਿਹਤ ਮੰਤਰੀ ਨੇ ਕਿਹਾ ਕਿ ਜਿੱਥੇ ਸਰਕਾਰੀ ਅਧਿਕਾਰੀ ਆਪਣੀ ਡਿਊਟੀ ਦੇ ਤਹਿਤ ਕੰਮ ਕਰਦੇ ਹਨ, ਉੱਥੇ 'ਮੇਰਾ ਪਟਿਆਲਾ ਮੈਂ ਹੀ ਸਵਾਰਾਂ' ਨਾਲ ਜੁੜੇ ਵਾਰੀਅਰਜ਼ ਪੂਰੀ ਨਿਸ਼ਕਾਮ ਭਾਵਨਾ ਅਤੇ ਜਜ਼ਬੇ ਨਾਲ ਸ਼ਹਿਰ ਦੀ ਸੇਵਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਟੀਮ ਇਸ ਗੱਲ ਦੀ ਮਿਸਾਲ ਹੈ ਕਿ ਜਦੋਂ ਨਾਗਰਿਕ ਸਰਕਾਰ ਦੇ ਨਾਲ ਮਿਲ ਕੇ ਕੰਮ ਕਰਦੇ ਹਨ ਤਾਂ ਸ਼ਹਿਰਾਂ ਦੀ ਤਸਵੀਰ ਬਦਲੀ ਜਾ ਸਕਦੀ ਹੈ। ਉਨ੍ਹਾਂ ਹੋਰ ਸਮਾਜ ਸੇਵੀ ਸੰਸਥਾਵਾਂ ਅਤੇ ਗੈਰ-ਸਰਕਾਰੀ ਸੰਗਠਨਾਂ ਨੂੰ ਵੀ ਅਜਿਹੀ ਮੁਹਿੰਮ ਨਾਲ ਜੁੜਨ ਦੀ ਅਪੀਲ ਕੀਤੀ।ਡਾ. ਬਲਬੀਰ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ 'ਕਲੀਨ ਪੰਜਾਬ ਪ੍ਰੋਜੈਕਟ' ਤਹਿਤ ਸਫ਼ਾਈ, ਕੁਦਰਤੀ ਸਰੋਤਾਂ ਦੀ ਸੰਭਾਲ ਅਤੇ ਹਰਿਆਵਲੀ ਵਧਾਉਣ ਲਈ ਵਿਆਪਕ ਪੱਧਰ 'ਤੇ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਛੋਟੀ ਨਦੀ ਦੀ ਸਫ਼ਾਈ ਦਾ ਕੰਮ ਮੁਕੰਮਲ ਹੋ ਚੁੱਕਾ ਹੈ, ਜਦਕਿ ਵੱਡੀ ਨਦੀ ਦੀ ਸਫ਼ਾਈ ਦਾ ਕੰਮ ਤੇਜ਼ੀ ਨਾਲ ਜਾਰੀ ਹੈ।

ਸਿਹਤ ਮੰਤਰੀ ਨੇ ਨਗਰ ਨਿਗਮ ਦੀ ਵਧੀਕ ਕਮਿਸ਼ਨਰ ਸਿਮਰਪ੍ਰੀਤ ਕੌਰ ਤੇ ਵਣ ਮੰਡਲ ਅਫ਼ਸਰ ਸਤਿੰਦਰ ਸਿੰਘ ਨੂੰ ਹਦਾਇਤ ਕੀਤੀ ਕਿ ਵਾਤਾਵਰਨ ਪਾਰਕ ਅਤੇ ਸ਼ਹਿਰ ਦੇ ਹੋਰ ਮਹੱਤਵਪੂਰਨ ਸਥਾਨਾਂ 'ਤੇ ਕਿਸੇ ਵੀ ਤਰ੍ਹਾਂ ਦੇ ਫਲੈਕਸ ਬੋਰਡ ਜਾਂ ਅਜਿਹੀ ਸਮੱਗਰੀ ਨਾ ਲੱਗਣ ਦਿੱਤੀ ਜਾਵੇ, ਜਿਸ ਨਾਲ ਪਾਰਕਾਂ ਦੀ ਸੁੰਦਰਤਾ ਪ੍ਰਭਾਵਤ ਹੁੰਦੀ ਹੋਵੇ।

# ਨਰੇਗਾ ਮੁਲਾਜ਼ਮ ਪੰਚਾਇਤ ਵਿਭਾਗ 'ਚ ਮਰਜ਼ ਕਰਕੇ ਸੇਵਾਵਾਂ ਪੱਕੀਆਂ ਕਰਨ ਲਈ ਅੜੇ

## ਵਿੱਤ ਮੰਤਰੀ ਤੇ ਪੰਚਾਇਤ ਮੰਤਰੀ ਨੇ ਭਲਕੇ ਬੁਲਾਈ ਉੱਚ ਪੱਧਰੀ ਮੀਟਿੰਗ

ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਲਗਭਗ 33 ਦਿਨਾਂ ਤੋਂ ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਨ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਨਰੇਗਾ ਮੁਲਾਜ਼ਮਾਂ ਦੀ ਪਿਛਲੇ ਦਿਨੀਂ 2 ਜੁਲਾਈ ਨੂੰ ਪੰਜਾਬ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਪੈਨਲ ਮੀਟਿੰਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਫ਼ਤਰ ਵਿਖੇ ਹੋਈ, ਜਿਸ ਵਿੱਚ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਤੋਂ ਇਲਾਵਾ ਵਿਭਾਗ ਦੇ ਉੱਚ ਅਧਿਕਾਰੀ ਸ਼ਾਮਲ ਸਨ।ਮੀਟਿੰਗ ਵਿੱਚ ਦੋਵਾਂ ਕੈਬਨਿਟ ਮੰਤਰੀਆਂ ਵੱਲੋਂ ਮੁਲਾਜ਼ਮਾਂ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ਼ ਕਰਨ ਸੰਬੰਧੀ ਵਿਭਾਗ ਨੂੰ ਲੋੜੀਂਦੀ ਪ੍ਰਕਿਰਿਆ ਸ਼ੁਰੂ ਕਰਨ ਦੀ ਹਦਾਇਤ ਕੀਤੀ ਤੇ ਅਗਲੀ ਮੀਟਿੰਗ 7 ਜੁਲਾਈ ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਮੋਹਾਲੀ ਫੇਜ਼ 8 ਵਿਖੇ ਸਥਿਤ ਦਫ਼ਤਰ 'ਵਿਕਾਸ ਭਵਨ' ਵਿਖੇ ਤੈਅ ਕੀਤੀ, ਜਿਸ ਵਿੱਚ ਵਿਭਾਗ ਦੇ ਡਾਇਰੈਕਟਰ ਤੇ ਵਿੱਤ ਸਕੱਤਰ ਸਮੇਤ ਉੱਚ ਅਧਿਕਾਰੀਆਂ ਨੂੰ ਸ਼ਾਮਲ ਹੋਣ ਦੀ ਹਦਾਇਤ ਕੀਤੀ ਗਈ ਹੈ, ਜਿਸ ਸੰਬੰਧੀ ਇੱਕ ਬਕਾਇਦਾ ਪੱਤਰ ਵੀ ਜਾਰੀ ਕੀਤਾ ਜਾ ਚੁੱਕਾ ਹੈ।ਪ੍ਰੈੱਸ ਨੂੰ ਬਿਆਨ ਜਾਰੀ ਕਰਦਿਆਂ ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਸੇਵਕ ਸਿੰਘ, ਸਰਪ੍ਰਸਤ ਵਰਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰਿੰਦਰਪਾਲ ਸਿੰਘ, ਪ੍ਰੈੱਸ ਸਕੱਤਰ ਅਮਰੀਕ ਸਿੰਘ ਮਹਿਰਾਜ, ਗੁਰਦੀਪ ਦਾਸ, ਵਿੱਤ ਸਕੱਤਰ ਰਮਨਦੀਪ ਸਿੰਘ, ਰਣਧੀਰ ਸਿੰਘ ਧੀਮਾਨ, ਸੰਜੀਵ ਕੁਮਾਰ ਕਾਕੜਾ, ਅੰਮ੍ਰਿਤਪਾਲ ਸਿੰਘ ਆਦਿ ਨੇ ਦੱਸਿਆ ਕਿ ਯੂਨੀਅਨ ਨੇ ਫ਼ੈਸਲਾ ਕੀਤਾ ਹੈ ਕਿ ਜੇਕਰ 7 ਜੁਲਾਈ ਦੀ ਮੀਟਿੰਗ ਵਿੱਚ ਵੀ ਟਾਲ-ਮਟੋਲ ਜਾਂ ਵਿਭਾਗ ਵਿੱਚ ਮਰਜ਼ ਕਰਨ ਦੀ ਮੰਗ ਤੋਂ ਥਿੜਕਾਉਣ ਦੀ ਕੋਸ਼ਿਸ਼ ਕੀਤੀ ਗਈ ਤਾਂ ਮੀਟਿੰਗ ਦਾ ਬਾਈਕਾਟ ਵੀ ਕੀਤਾ ਜਾ ਸਕਦਾ ਹੈ।ਉਨ੍ਹਾਂ ਦੱਸਿਆ ਕਿ 7 ਜੁਲਾਈ ਨੂੰ ਹੀ ਸਾਰੇ ਜ਼ਿਲ੍ਹਾ ਪ੍ਰਧਾਨਾਂ ਦੀ ਮੀਟਿੰਗ ਮੋਹਾਲੀ ਵਿਖੇ ਹੀ ਬੁਲਾ ਲਈ ਗਈ ਹੈ।ਜੇਕਰ ਇਸ ਵਾਰ ਵੀ ਮਰਜ਼ ਕਰਨ ਦੀ ਮੰਗ ਤੋਂ ਵਿਭਾਗ ਭੱਜਿਆ ਤਾਂ ਜ਼ਿਲ੍ਹਾ ਪ੍ਰਧਾਨਾਂ ਨਾਲ ਵਿਚਾਰ ਕਰਕੇ ਓਥੋਂ ਹੀ ਅਗਲੇ ਕਰੜੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ।ਇਸ ਸਬੰਧੀ ਜ਼ਿਲ੍ਹਾ ਪ੍ਰਧਾਨ ਹਰਜਿੰਦਰ ਸਿੰਘ ਬੁੱਟਰ ਨੇ ਕਿਹਾ ਕਿ ਜੇਕਰ ਕਿਸੇ ਦਾ ਵੀ ਨੁਕਸਾਨ ਹੋਇਆ ਤਾਂ ਇਸ ਦੀ ਜ਼ੁੰਮੇਵਾਰੀ ਸਿੱਧੇ ਤੌਰ 'ਤੇ ਪੰਚਾਇਤ ਵਿਭਾਗ ਤੇ ਅਫ਼ਸਰਸ਼ਾਹੀ ਦੀ ਹੋਵੇਗੀ।

# ਨਗਰ ਨਿਗਮ ਵੱਲੋਂ ਖਾਣ-ਪੀਣ ਵਾਲੀਆਂ ਦੁਕਾਨਾਂ ਦੀ ਚੈਕਿੰਗ

## ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਰਵਾਈ ਜਾਰੀ, ਕਮਿਸ਼ਨਰ ਨਗਰ ਨਿਗਮ



ਬਠਿੰਡਾ (ਪਰਵਿੰਦਰ ਜੀਤ ਸਿੰਘ)
ਪੰਜਾਬ ਸਰਕਾਰ ਵੱਲੋਂ ਸੂਬੇ ਨੂੰ ਸਾਫ਼-ਸੁਥਰਾ, ਹਰਿਆ-ਭਰਿਆ ਤੇ ਸੁੰਦਰ ਬਣਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੇ ਗਏ 'ਮਿਸ਼ਨ ਕਲੀਨ ਪੰਜਾਬ' ਤਹਿਤ ਨਗਰ ਨਿਗਮ ਬਠਿੰਡਾ ਵੱਲੋਂ ਸ਼ਹਿਰ ਦੀਆਂ ਪ੍ਰਮੁੱਖ ਖਾਣ-ਪੀਣ ਸਬੰਧੀ ਦੁਕਾਨਾਂ ਦੀ ਚੈਕਿੰਗ ਕੀਤੀ ਗਈ, ਜਿਨ੍ਹਾਂ ਦੁਕਾਨਾਂ 'ਤੇ ਸਫਾਈ ਤਸੱਲੀਬਖ਼ਸ਼ ਤੇ ਮਿਆਰੀ ਨਹੀਂ ਮਿਲੀ ਉਨ੍ਹਾਂ ਦੁਕਾਨਾਂ ਦੇ ਮੌਕੇ ਉੱਤੇ ਚਲਾਨ ਕੱਟੇ ਗਏ। ਕਮਿਸ਼ਨਰ ਨਗਰ ਨਿਗਮ ਮੈਡਮ ਲਵਜੀਤ ਕਲਸੀ ਨੇ ਦੱਸਿਆ ਕਿ ਜਾਂਚ ਦੌਰਾਨ ਡਾ. ਹੇਮੰਤ ਗੋਪਾਲ ਬੀ.ਐੱਮ.ਸੀ. ਹਸਪਤਾਲ ਫੇਜ਼-2, ਕਬਾਬ ਰੋਲ ਨੇੜੇ ਮਿੱਤਲ ਮਾਲ, ਪੀਜ਼ਾ ਹਟ, ਵਿਦੇਸ਼ੀ ਕਿਚਨ, ਚਟਪਟੇ ਚਟੂਰੇ, ਸ਼੍ਰੀ ਸ਼ਿਆਮ ਢਾਬਾ ਤੇ ਰੈਡ ਅਰਚਿਤ ਸਪਾ ਜੀ.ਟੀ. ਰੋਡ ਮਾਰਕੀਟ ਵਿੱਚ ਸਫ਼ਾਈ ਸਬੰਧੀ ਨਿਯਮਾਂ ਦੀ ਉਲੰਘਣਾ ਪਾਈ ਗਈ, ਜਿਸ ਕਾਰਨ ਇਨ੍ਹਾਂ ਦੇ ਚਲਾਨ ਕੱਟੇ।ਉਨ੍ਹਾਂ ਦੱਸਿਆ ਕਿ ਆਮ ਲੋਕਾਂ ਵੱਲੋਂ ਵੀ ਸਮੇਂ ਸਿਰ ਪ੍ਰਸ਼ਾਸਨ ਦੇ ਧਿਆਨ 'ਚ ਇਸ ਤਰ੍ਹਾਂ ਦੀਆਂ ਊਣਤਾਈਆਂ ਲਿਆਂਦੀ ਜਾਂਦੀਆਂ ਹਨ, ਜਿਨ੍ਹਾਂ ਉੱਤੇ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਇਨ੍ਹਾਂ ਦੁਕਾਨਾਂ ਦੇ ਮਾਲਕਾਂ ਤੇ ਮੈਨੇਜਰਾਂ ਨੂੰ ਮੌਕੇ ਉੱਤੇ ਸਫ਼ਾਈ ਯਕੀਨੀ ਬਣਾਉਣਾ ਸਬੰਧੀ ਨੁਕਤੇ ਦਿੱਤੇ ਗਏ।ਨਾਲ ਹੀ ਇਨ੍ਹਾਂ ਅਦਾਰਿਆਂ ਨੂੰ ਚਿਤਾਵਨੀ ਦਿੱਤੀ ਗਈ ਕਿ ਜੇਕਰ ਮੁੜ ਇਸ ਤਰ੍ਹਾਂ ਦੀ ਉਲੰਘਣਾ ਪਾਈ ਜਾਂਦੀ ਹੈ ਤਾਂ ਇਸ ਤੋਂ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਮਿਸ਼ਨ ਕਲੀਨ ਪੰਜਾਬ ਦਾ ਮੁੱਖ ਉਦੇਸ਼ ਸ਼ਹਿਰ ਨੂੰ ਸਾਫ਼-ਸੁਥਰਾ ਤੇ ਸਿਹਤਮੰਦ ਬਣਾਉਣਾ ਹੈ।ਇਸ ਲਈ ਸਾਰੇ ਵਪਾਰਕ ਅਦਾਰਿਆਂ ਨੂੰ ਸਫ਼ਾਈ ਦੇ ਨਿਰਧਾਰਤ ਮਾਪਦੰਡਾਂ ਦੀ ਪਾਲਣਾ ਕਰਨੀ ਲਾਜ਼ਮੀ ਹੈ।ਪ੍ਰਸ਼ਾਸਨ ਨੇ ਸਮੂਹ ਦੁਕਾਨਦਾਰਾਂ, ਰੈਸਟੋਰੈਂਟ ਸੰਚਾਲਕਾਂ ਤੇ ਹੋਰ ਕਾਰੋਬਾਰੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਅਦਾਰਿਆਂ ਵਿੱਚ ਸਫ਼ਾਈ ਬਣਾਈ ਰੱਖਣ, ਗਿੱਲੇ ਤੇ ਸੁੱਕੇ ਕੂੜੇ ਦਾ ਸਹੀ ਨਿਪਟਾਰਾ ਕਰਨ ਅਤੇ ਨਗਰ ਨਿਗਮ ਦੇ ਸਫ਼ਾਈ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਕਰਨ, ਤਾਂ ਜੋ ਮਿਸ਼ਨ ਕਲੀਨ ਪੰਜਾਬ ਨੂੰ ਸਫ਼ਲ ਬਣਾਇਆ ਜਾ ਸਕੇ।

# ਪੰਜਾਬ ਸਕੂਲ ਸਿੱਖਿਆ ਬੋਰਡ ਰਜਿਸਟ੍ਰੇਸ਼ਨ ਦੀਆਂ ਤਰੀਕਾਂ 'ਚ ਕਰੇ ਵਾਧਾ : ਡੀ ਟੀ ਐੱਫ ਪੰਜਾਬ



ਮਾਨਸਾ (ਆਤਮਾ ਸਿੰਘ ਪਮਾਰ)-ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ 8 ਸ਼੍ਰੇਣੀ ਤੋਂ ਲੈ ਕੇ 12 ਵੀ ਸ਼੍ਰੇਣੀ ਤੱਕ ਦੇ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਲਈ 10 ਜੁਲਾਈ ਤੱਕ ਦਾ ਸਕੂਲਾਂ ਨੂੰ ਦਿੱਤਾ ਗਿਆ ਸਮਾਂ ਬਹੁਤ ਘੱਟ ਹੈ, ਕਿਉਂਕਿ ਬਹੁਤ ਸਾਰੇ ਅਧਿਆਪਕ ਪਹਿਲਾ ਹੀ ਐਸ.ਆਈ ਆਰ ਸਰਵੇ ਕਾਰਨ ਸਕੂਲਾਂ ਤੋਂ ਬਾਹਰ ਹਨ, ਜਿਸ ਕਾਰਨ ਸਕੂਲਾਂ 'ਚ ਅਧਿਆਪਕਾਂ ਦੀ ਘਾਟ ਕਾਰਨ ਰਜਿਸਟ੍ਰੇਸ਼ਨ ਦਾ ਕੰਮ 10 ਜੁਲਾਈ ਤੱਕ ਪੂਰਾ ਕਰਨਾ ਮੁਸ਼ਕਿਲ ਹੀ ਨਹੀਂ ਸਗੋਂ ਅਸੰਭਵ ਵੀ ਹੈ।

ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ 'ਚ ਡੀ ਟੀ ਐਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਰਜਿਸਟ੍ਰੇਸ਼ਨ ਦੀਆਂ ਮਿਤੀਆਂ 'ਚ ਵਾਧਾ ਕਰੇ ਤਾਂ ਜੁ ਸਕੂਲਾਂ ਨੂੰ ਪੈਣ ਵਾਲੇ ਜੁਰਮਾਨਿਆ ਤੋਂ ਬਚਿਆ ਜਾ ਸਕੇ। ਆਗੂਆਂ ਨੇ ਕਿਹਾ ਕਿ ਇਸ ਵਾਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਬਹੁਤ ਹੀ ਗੁੰਝਲਦਾਰ ਹੈ, ਕਿਉਂਕਿ ਬੋਰਡ ਵਲੋਂ ਵਿਦਿਆਰਥੀਆਂ ਤੋਂ ਡਿਜੀਟਲ ਜਨਮ ਸਰਟੀਫਿਕੇਟ ਮੰਗੇ ਜਾ ਰਹੇ ਹਨ ਤੇ ਬਹੁਤ ਸਾਰੇ ਮਾਪਿਆਂ ਕੋਲ ਇਹ ਡਿਜੀਟਲ ਸਰਟੀਫਿਕੇਟ ਹੀ ਨਹੀਂ।

ਆਗੂਆਂ ਨੇ ਦੱਸਿਆ ਕਿ ਭਾਵੇਂ ਬੋਰਡ ਵੱਲੋਂ ਰਜਿਸਟ੍ਰੇਸ਼ਨ ਸਬੰਧੀ ਪੱਤਰ 21 ਅਪ੍ਰੈਲ ਨੂੰ ਜਾਰੀ ਕੀਤਾ ਗਿਆ ਸੀ, ਪਰ ਉਸ ਸਮੇਂ ਵੱਡੇ ਪੱਧਰ ਤੇ ਅਧਿਆਪਕਾਂ ਦੀ ਡਿਊਟੀ ਜਨਗਣਨਾ ਟ੍ਰੇਨਿੰਗਾਂ ਅਤੇ ਮਈ 'ਚ ਜਨਗਣਨਾ, ਮਿਊਂਸੀਪਲ ਕਾਰਪੋਰੇਸ਼ਨ ਦੀਆਂ ਚੋਣਾਂ, ਸੋਸ਼ਲ ਇਕਨੌਮਿਕ ਸਰਵੇ ਤੇ 25 ਜੂਨ ਤੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ 'ਚ ਲੱਗੀ ਹੋਣ ਕਾਰਨ ਉਹ ਸਕੂਲ ਤੋਂ ਫਾਰਗ ਰਹੇ, ਜਿਸ ਕਾਰਨ ਰਜਿਸਟ੍ਰੇਸ਼ਨ ਦਾ ਕੰਮ ਵੱਡੇ ਪੱਧਰ 'ਤੇ ਪ੍ਰਭਾਵਤ ਹੋਇਆ ਹੈ।ਡੀ ਟੀ ਐਫ਼ ਦੇ ਸੀਨੀਅਰ ਮੀਤ ਪ੍ਰਧਾਨ ਰਾਜਵਿੰਦਰ ਸਿੰਘ ਬੈਹਣੀਵਾਲ, ਮੀਤ ਪ੍ਰਧਾਨ ਨਵੀਨ ਗੋਇਲ ਬੋਹਾ,ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਛੁੱਟੀਆਂ ਤੋਂ ਬਾਅਦ ਹੁਣ ਜਦੋਂ ਸਮੁੱਚੇ ਪੰਜਾਬ ਦੇ ਅਧਿਆਪਕਾਂ ਵੱਲੋਂ ਬੋਰਡ ਰਜਿਸਟਰੇਸ਼ਨ ਦਾ ਕੰਮ ਸ਼ੁਰੂ ਕੀਤਾ ਗਿਆ ਹੈ ਤਾਂ ਬੋਰਡ ਦੀ ਵੈੱਬਸਾਈਟ ਦਾ ਸਰਵਰ ਡਾਊਨ ਰਹਿੰਦਾ ਹੈ, ਜਿਸ ਕਾਰਨ ਰਜਿਸਟ੍ਰੇਸ਼ਨ ਦਾ ਕੰਮ ਤੈਅ ਸਮੇਂ 'ਚ ਹੋਣਾ ਸੰਭਵ ਨਹੀਂ ਹੈ, ਉਪਰੋਂ ਬੋਰਡ ਵੱਲੋਂ ਆਖਰੀ ਮਿਤੀ 15 ਜੁਲਾਈ ਤੋਂ ਬਾਅਦ ਜੁਰਮਾਨਾ ਪ੍ਰਤੀ ਵਿਦਿਆਰਥੀ ਪਿਛਲੇ ਸਾਲ 500/- ਰੁਪਏ ਤੋਂ ਵਧਾ ਕੇ ਇਸ ਸਾਲ 2500/- ਰੁਪਏ ਕਰ ਦਿੱਤਾ ਗਿਆ ਹੈ, ਜਦੋਂ ਕਿ ਪਿਛਲੇ ਸਾਲ ਰਜਿਸਟ੍ਰੇਸ਼ਨ ਦੀ ਆਖਰੀ ਮਿਤੀ 28 ਜੁਲਾਈ ਸੀ।ਪਿਛਲੇ ਸਾਲ ਅਧਿਆਪਕਾਂ ਦੀਆਂ ਇਸ ਸਾਲ ਵਾਂਗ ਗੈਰ ਵਿੱਦਿਅਕ ਡਿਊਟੀਆਂ ਵੀ ਨਹੀਂ ਸਨ ਤੇ ਨਾ ਹੀ ਵਿਦਿਆਰਥੀਆਂ ਨੂੰ ਡਿਜੀਟਲ ਸਰਟੀਫਿਕੇਟ ਜਮ੍ਹਾਂ ਕਰਾਉਣ ਦੀ ਕੋਈ ਹਦਾਇਤ ਸੀ।

ਅਧਿਆਪਕਾਂ ਦੀਆਂ ਜਨਗਣਨਾ, ਚੋਣਾਂ ਤੇ ਹੋਰ ਗੈਰ ਵਿੱਦਿਅਕ ਡਿਊਟੀਆਂ ਦੀ ਬਹੁਤਾਤ, ਰਜਿਸਟ੍ਰੇਸ਼ਨ ਲਈ ਸਮੇਂ ਦੀ ਘਾਟ, ਸਰਵਰ ਦੇ ਡਾਊਨ ਰਹਿਣ ਅਤੇ ਡਿਜੀਟਲ ਸਰਟੀਫਿਕੇਟ ਦੀ ਸ਼ਰਤ ਕਾਰਨ ਅਧਿਆਪਕ ਤਣਾਅ ਚੋਂ ਗੁਜ਼ਰ ਰਹੇ ਹਨ। ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜੁਰਮਾਨੇ ਦੀ ਰਾਸ਼ੀ 500/- ਰੁਪਏ ਤੋਂ ਵਧਾ ਕੇ 2500/- ਰੁਪਏ ਕਰਨਾ ਵੀ ਸਾਬਤ ਕਰਦਾ ਹੈ ਕਿ ਬੋਰਡ ਆਪਣੀ ਸਾਈਟ ਦੇ ਸਰਵਰ ਦੀ ਧੀਮੀ ਚਾਲ, ਅਧਿਆਪਕਾਂ 'ਤੇ ਗੈਰ ਵਿੱਦਿਅਕ ਕੰਮਾਂ ਦੇ ਬੋਝ ਦੀ ਸਜ਼ਾ ਵੀ ਅਧਿਆਪਕਾਂ ਨੂੰ ਦੇਣਾ ਚਾਹੁੰਦਾ ਹੈ ਤੇ ਇਸਨੂੰ ਕਮਾਈ ਦਾ ਸਾਧਨ ਬਣਾਉਣ ਦੇ ਰਾਹ ਪਿਆ ਹੋਇਆ ਹੈ।

# ਨਿਊ ਮੇਹਰ ਸਿੰਘ ਕਲੋਨੀ ਵੈੱਲਫੇਅਰ ਐਸੋਸੀਏਸ਼ਨ ਦੀ ਸਰਬਸੰਮਤੀ ਨਾਲ ਚੋਣ



ਪਟਿਆਲਾ (ਰਾਜਿੰਦਰ ਸਿੰਘ ਥਿੰਦ)
ਨਿਊ ਮੇਹਰ ਸਿੰਘ ਕਲੋਨੀ ਵੈੱਲਫੇਅਰ ਐਸੋਸੀਏਸ਼ਨ ਪਟਿਆਲਾ (ਰਜਿ:) ਦੇ ਤਿੰਨ ਅਹੁਦੇਦਾਰਾਂ ਦੀ ਚੋਣ, ਜਿਸ ਵਿੱਚ ਪ੍ਰਧਾਨ, ਜਨਰਲ ਸੈਕਟਰੀ ਤੇ ਫਾਇਨਾਂਸ ਸੈਕਟਰੀ ਦੀ ਚੋਣ ਪਿਛਲੇ ਦਿਨੀਂ ਸਰਬਸੰਮਤੀ ਨਾਲ ਹੋਈ ਸੀ।

ਇਸ ਚੋਣ ਵਿੱਚ ਤਿੰਨ ਨੋਮੀਨੇਸ਼ਨ ਤੋਂ ਇਲਾਵਾ ਕਿਸੇ ਹੋਰ ਵਿਅਕਤੀ ਦਾ ਨੋਮੀਨੇਸ਼ਨ ਨਹੀਂ ਪਹੁੰਚਿਆ। ਇਸ ਕਰਕੇ ਕਾਰਜਕਾਰਨੀ ਨੇ ਸਰਬਸੰਮਤੀ ਨਾਲ ਪ੍ਰਿਤਪਾਲ ਸਿੰਘ ਪ੍ਰਧਾਨ, ਨਰਿੰਦਰ ਕੁਮਾਰ ਭੱਲਾ ਜਨਰਲ ਸੈਕਟਰੀ ਤੇ ਹਰਜੀਤ ਸਿੰਘ ਫਾਇਨਾਂਸ ਸੈਕਟਰੀ ਸਰਬਸੰਮਤੀ ਨਾਲ ਚੁਣੇ ਗਏ ਸਨ। ਬੀਤੀ 4 ਜੁਲਾਈ 2026 ਨੂੰ ਤਿੰਨੋ ਚੁਣੇ ਗਏ ਅਹੁਦੇਦਾਰਾਂ ਨੇ ਇੱਕ ਵਿਸ਼ੇਸ਼ ਮੀਟਿੰਗ ਕਲੋਨੀ ਵਿਖੇ ਰੱਖੀ ਸੀ, ਜਿਸ ਵਿੱਚ ਪ੍ਰਧਾਨ, ਜਨਰਲ ਸੈਕਟਰੀ ਤੇ ਫਾਇਨਾਂਸ ਸੈਕਟਰੀ ਨੇ ਆਪਣੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਸ੍ਰ. ਮਹਿੰਦਰ ਸਿੰਘ ਵਿਰਕ ਨੂੰ ਸਰਪ੍ਰਸਤ, ਇੰਜੀ: ਦਰਸ਼ਨ ਸਿੰਘ ਚਾਹਲ ਤੇ ਇੰਜੀ: ਗੁਰਵਿੰਦਰ ਸਿੰਘ ਸ਼ਕਤੀਮਾਨ ਸੀਨੀਅਰ ਵਾਇਸ ਪ੍ਰਧਾਨ, ਗੁਰਬਚਨ ਸਿੰਘ ਤੇ ਸੁਰਿੰਦਰ ਸਿੰਘ ਚੌਹਾਨ ਵਾਈਸ ਪ੍ਰੈਜ਼ੀਡੈਂਟ, ਓਮ ਪ੍ਰਕਾਸ਼ ਖੰਨਾ ਸੈਕਟਰੀ, ਅਵਤਾਰ ਸਿੰਘ ਪ੍ਰੈੱਸ ਸੈਕਟਰੀ, ਰਾਜਿੰਦਰ ਸਿੰਘ ਪ੍ਰਚਾਰ ਸਕੱਤਰ, ਅਨਿਲ ਕੁਮਾਰ ਚੌਹਾਨ (ਐਡੀਟਰ), ਸੰਜੀਵ ਮਾਨ, ਕੇ. ਕੇ. ਵੋਹਰਾ ਤੇ ਕਾਕਾ ਰਾਮ (ਐਡਵਾਈਜ਼ਰ), ਸੁਰਿੰਦਰ ਸਿੰਘ, ਰਮਿੰਦਰ ਸਿੰਘ ਤੇ ਇੰਦਰਪਾਲ ਸਿੰਘ ਬਖਸ਼ੀ ਨੂੰ (ਸਪੈਸ਼ਲ ਇੰਨਵਾਈਟੀ) ਨਿਯੁਕਤ ਕੀਤਾ ਗਿਆ।

ਇਸ ਮੌਕੇ ਪ੍ਰਧਾਨ ਸਾਹਿਬ ਵੱਲੋਂ ਸਾਰੀ ਸਮੁੱਚੀ ਟੀਮ ਨੂੰ ਫੁੱਲਾਂ ਦੇ ਹਾਰ ਪਾ ਕੇ ਸਨਮਾਨਤ ਕੀਤਾ ਗਿਆ ਤੇ ਸਾਰੀ ਟੀਮ ਨੂੰ ਵਧਾਈ ਦਿੱਤੀ। ਇਹ ਟੀਮ ਦੋ ਸਾਲ ਲਈ ਚੁਣੀ ਗਈ ਹੈ।

# ਕਮਾਲਪੁਰ ਤੇ ਆਲ਼ੇ-ਦੁਆਲ਼ੇ ਦੇ ਪਿੰਡਾਂ ਦੀਆਂ ਸੜਕਾਂ ਦੇ ਨਿਰਮਾਣ 'ਤੇ ਖਰਚੇ ਜਾ ਰਹੇ ਕਰੀਬ 20 ਕਰੋੜ : ਚੀਮਾ



ਦਿੜ੍ਹਬਾ (ਪ੍ਰਵੀਨ ਸਿੰਘ)
ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਦਿੜ੍ਹਬਾ ਤੋਂ ਕਮਾਲਪੁਰ ਤੱਕ ਕਰੀਬ 05 ਕਰੋੜ 28 ਲੱਖ ਰੁਪਏ ਦੀ ਲਾਗਤ ਨਾਲ ਬਣ ਰਹੀ 06.7 ਕਿਲੋਮੀਟਰ ਸੜਕ 'ਤੇ ਲੁੱਕ ਪਾਉਣ ਦੇ ਕੰਮ ਦੀ ਸ਼ੁਰੂਆਤ ਕਰਾਈ ਅਤੇ ਨਿਰਮਾਣ ਸਮੱਗਰੀ ਦਾ ਜਾਇਜ਼ਾ ਲਿਆ।ਉਨ੍ਹਾਂ ਦੱਸਿਆ ਕਿ ਕਮਾਲਪੁਰ ਤੇ ਇਸ ਦੇ ਆਲੇ-ਦੁਆਲੇ ਦੇ ਪਿੰਡਾਂ ਨੂੰ ਜੋੜਨ ਵਾਲੀਆਂ ਪ੍ਰਮੁੱਖ ਸੜਕਾਂ ਦੇ ਨਿਰਮਾਣ ਤੇ ਚੌੜਾ ਕਰਨ ਦੇ ਕੰਮ ਦੀ ਸ਼ੁਰੂਆਤ ਕਰਾਈ ਜਾ ਚੁੱਕੀ ਹੈ, ਜਿਸ ਨਾਲ ਲੋਕਾਂ ਦੀਆਂ ਚਿਰੋਕਣੀਆਂ ਮੰਗਾਂ ਪੂਰੀਆਂ ਹੋਈਆਂ ਹਨ।

ਲਗਭਗ 12 ਕਿਲੋਮੀਟਰ ਨਵੀਆਂ ਸੜਕਾਂ (ਜੋ ਪਹਿਲਾਂ ਕੱਚੇ ਰਸਤੇ ਸਨ) ਬਣਾਈਆਂ ਜਾ ਰਹੀਆਂ ਹਨ ਤੇ ਲਗਭਗ 20 ਕਿਲੋਮੀਟਰ, ਮੌਜੂਦਾ ਸੜਕਾਂ ਨੂੰ ਚੌੜਾ ਕੀਤਾ ਜਾ ਰਿਹਾ ਹੈ।ਇਨ੍ਹਾਂ ਸਾਰੇ ਸੜਕੀ ਪ੍ਰੋਜੈਕਟਾਂ 'ਤੇ ਲਗਭਗ 20 ਕਰੋੜ ਰੁਪਏ ਦੀ ਰਾਸ਼ੀ ਖਰਚ ਕੀਤੀ ਜਾ ਰਹੀ ਹੈ।ਇਨ੍ਹਾਂ ਵਿਕਾਸ ਪ੍ਰੋਜੈਕਟਾਂ ਤਹਿਤ ਕਮਾਲਪੁਰ ਤੋਂ ਸਫੀਪੁਰ, ਕਮਾਲਪੁਰ ਤੋਂ ਸਮੂਰਾਂ, ਕਮਾਲਪੁਰ ਤੋਂ ਸਫੀਪੁਰ ਖੁਰਦ, ਖਨਾਲ ਕਲਾਂ ਤੋਂ ਕਮਾਲਪੁਰ, ਕਮਾਲਪੁਰ ਤੋਂ ਬਘਰੌਲ, ਕਮਾਲਪੁਰ ਤੋਂ ਦਿਆਲਗੜ੍ਹ ਜੇਜੀਆਂ, ਕਮਾਲਪੁਰ ਤੋਂ ਦਿੜ੍ਹਬਾ ਤੇ ਕਮਾਲਪੁਰ ਤੋਂ ਘਨੌੜ ਰਾਜਪੂਤਾਂ ਤਕ ਦੀਆਂ ਸੜਕਾਂ ਦਾ ਨਿਰਮਾਣ ਅਤੇ ਨਵੀਨੀਕਰਨ ਕੀਤਾ ਜਾ ਰਿਹਾ ਹੈ।

ਪੂਰੇ ਪੰਜਾਬ ਵਿੱਚ ਇਸ ਸਮੇਂ ਲਗਭਗ 45,000 ਕਿਲੋਮੀਟਰ ਸੜਕਾਂ ਦਾ ਨਵਾਂ ਨਿਰਮਾਣ ਜਾਂ ਉਨ੍ਹਾਂ ਨੂੰ ਚੌੜਾ ਕਰਨ ਦਾ ਕੰਮ ਵੱਡੇ ਪੱਧਰ 'ਤੇ ਚੱਲ ਰਿਹਾ ਹੈ।ਅਜੋਕੇ ਸਮੇਂ ਵਿੱਚ ਕਾਰਾਂ, ਮੋਟਰਸਾਈਕਲਾਂ ਤੇ ਹੋਰ ਵਾਹਨਾਂ ਦੀ ਗਿਣਤੀ ਬਹੁਤ ਵਧ ਗਈ ਹੈ, ਜਿਸ ਕਾਰਨ ਪੁਰਾਣੀਆਂ ਸੜਕਾਂ ਤੰਗ ਮਹਿਸੂਸ ਹੋਣ ਲੱਗ ਪਈਆਂ ਸਨ।ਸੜਕਾਂ ਦੇ ਚੌੜੇ ਹੋਣ ਨਾਲ ਜਿੱਥੇ ਆਵਾਜਾਈ ਸੁਖਾਲੀ ਹੋਵੇਗੀ, ਉੱਥੇ ਸੜਕੀ ਹਾਦਸਿਆਂ 'ਤੇ ਵੀ ਪੂਰੀ ਤਰ੍ਹਾਂ ਲਗਾਮ ਲੱਗੇਗੀ ਅਤੇ ਕੀਮਤੀ ਜਾਨਾਂ ਬਚਾਈਆਂ ਜਾ ਸਕਣਗੀਆਂ। ਸੜਕਾਂ ਦੀ ਸਾਂਭ-ਸੰਭਾਲ ਲਈ ਉਨ੍ਹਾਂ ਨੇ ਲੋਕਾਂ ਨੂੰ ਇੱਕ ਅਹਿਮ ਅਪੀਲ ਕੀਤੀ ਕਿ ਸੜਕਾਂ 'ਤੇ ਪਾਣੀ ਬਿਲਕੁਲ ਨਾ ਖੜਨ ਦਿੱਤਾ ਜਾਵੇ। ਜਿਸ ਵੀ ਜਗ੍ਹਾ 'ਤੇ ਪਾਣੀ ਖੜ੍ਹਦਾ ਹੈ, ਉੱਥੋਂ ਸੜਕ ਟੁੱਟਣੀ ਸ਼ੁਰੂ ਹੋ ਜਾਂਦੀ ਹੈ।ਚੱਲ ਰਹੇ ਕੰਮ ਦੇ ਮਟੀਰੀਅਲ ਦੀ ਖੁਦ ਜਾਂਚ ਕਰਦਿਆਂ ਉਨ੍ਹਾਂ ਦੱਸਿਆ ਕਿ ਸੜਕ ਦੇ ਨਿਰਮਾਣ ਵਿੱਚ ਹੇਠਾਂ ਪੱਥਰ (ਵੱਟਾ) ਪਾਉਣ ਤੋਂ ਬਾਅਦ 40 ਐਮ.ਐਮ. ਦਾ ਮਟੀਰੀਅਲ ਪਾਇਆ ਜਾ ਰਿਹਾ ਹੈ, ਜੋ ਕਿ ਪੂਰੀ ਤਰ੍ਹਾਂ ਤਸੱਲੀਬਖਸ਼ ਹੈ।

ਇਸ ਦੇ ਨਾਲ ਹੀ ਉਨ੍ਹਾਂ ਨੇ ਮੌਕੇ 'ਤੇ ਮੌਜੂਦ ਵਿਭਾਗ ਦੇ ਅਧਿਕਾਰੀਆਂ ਤੇ ਠੇਕੇਦਾਰਾਂ ਨੂੰ ਸਖ਼ਤ ਹਦਾਇਤਾਂ ਦਿੱਤੀਆਂ ਕਿ ਕੰਮ ਦੀ ਗੁਣਵੱਤਾ ਵਿੱਚ ਕਿਸੇ ਵੀ ਤਰ੍ਹਾਂ ਦੀ ਕੋਈ ਵੀ ਅਣਗਹਿਲੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਸਾਰਾ ਕੰਮ ਪਾਰਦਰਸ਼ੀ ਤੇ ਮਿਆਰੀ ਤਰੀਕੇ ਨਾਲ ਮੁਕੰਮਲ ਕੀਤਾ ਜਾਵੇ।

## ਰਾਜਪੁਰਾ ਨਗਰ ਕੌਂਸਲ ਪ੍ਰਧਾਨ ਦੀ ਚੋਣ ਲੋਕਤੰਤਰ ਦਾ ਕਤਲ : ਹਰਪਾਲਪੁਰ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਜਪਾ ਦੇ ਹਲਕਾ ਘਨੌਰ ਤੋਂ ਸੀਨੀਅਰ ਨੇਤਾ ਤੇ ਪੰਜਾਬ ਖਾਦੀ ਤੇ ਗ੍ਰਾਮ ਉਦਯੋਗ ਬੋਰਡ ਪੰਜਾਬ ਦੇ ਸਾਬਕਾ ਚੇਅਰਮੈਨ ਹਰਵਿੰਦਰ ਸਿੰਘ ਹਰਪਾਲਪੁਰ ਨੇ ਰਾਜਪੁਰਾ ਨਗਰ ਕੌਂਸਲ ਦੇ ਪ੍ਰਧਾਨ ਦੀ ਚੋਣ ਨੂੰ ਲੈ ਕੇ ਪੰਜਾਬ ਸਰਕਾਰ ਤੇ ਆਮ ਆਦਮੀ ਪਾਰਟੀ 'ਤੇ ਤਿੱਖਾ ਨਿਸ਼ਾਨਾ ਸਾਧਿਆ ਹੈ।ਉਨ੍ਹਾਂ ਕਿਹਾ ਕਿ ਪ੍ਰਧਾਨ ਦੀ ਚੋਣ ਦੌਰਾਨ ਲੋਕਤੰਤਰੀ ਪ੍ਰੰਪਰਾਵਾਂ ਤੇ ਸੰਵਿਧਾਨਕ ਮਰਿਆਦਾਵਾਂ ਦੀ ਅਣਦੇਖੀ ਕੀਤੀ ਗਈ, ਜਿਸ ਨਾਲ ਪੂਰੀ ਚੋਣ ਪ੍ਰਕਿਰਿਆ ਸਵਾਲਾਂ ਦੇ ਘੇਰੇ ਵਿੱਚ ਆ ਗਈ ਹੈ।ਉਨ੍ਹਾਂ ਦਾਅਵਾ ਕੀਤਾ ਕਿ ਨਗਰ ਕੌਂਸਲ ਦੇ 31 ਮੈਂਬਰਾਂ ਵਾਲੇ ਸਦਨ ਵਿੱਚ 17 ਮੈਂਬਰਾਂ ਦੇ ਬਹੁਮਤ ਦੀ ਲੋੜ ਹੋਣ ਦੇ ਬਾਵਜੂਦ ਸੱਤਾਧਾਰੀ ਧਿਰ ਨੇ ਧੱਕੇਸ਼ਾਹੀ ਦੇ ਜ਼ਰੀਏ ਆਪਣੇ ਉਮੀਦਵਾਰ ਨੂੰ ਪ੍ਰਧਾਨ ਬਣਾਇਆ।ਉਨ੍ਹਾਂ ਕਿਹਾ ਕਿ ਇਸ ਮਾਮਲੇ ਦੀ ਪੂਰੀ ਸੱਚਾਈ ਸਾਹਮਣੇ ਲਿਆਉਣ ਲਈ ਸੁਤੰਤਰ ਤੇ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ।ਭਾਜਪਾ ਆਗੂ ਹਰਪਾਲਪੁਰ ਨੇ ਇਹ ਵੀ ਦੋਸ਼ ਲਾਇਆ ਕਿ ਚੋਣ ਦੌਰਾਨ ਮੀਡੀਆ ਨੂੰ ਮੀਟਿੰਗ ਸਥਾਨ ਤੋਂ ਦੂਰ ਰੱਖਿਆ ਗਿਆ ਅਤੇ ਕੌਂਸਲਰਾਂ ਤੇ ਕਰਮਚਾਰੀਆਂ ਦੇ ਮੋਬਾਈਲ ਫੋਨ ਬਾਹਰ ਰਖਵਾਏ ਗਏ।ਉਨ੍ਹਾਂ ਕਿਹਾ ਕਿ ਜੇਕਰ ਚੋਣ ਪ੍ਰਕਿਰਿਆ ਪਾਰਦਰਸ਼ੀ ਸੀ ਤਾਂ ਅਜਿਹੀਆਂ ਪਾਬੰਦੀਆਂ ਲਗਾਉਣ ਦੀ ਲੋੜ ਕਿਉਂ ਪਈ ? ਉਨ੍ਹਾਂ ਦਾ ਕਹਿਣਾ ਸੀ ਕਿ ਅਜਿਹੇ ਕਦਮ ਲੋਕਤੰਤਰੀ ਪ੍ਰਣਾਲੀ ਵਿੱਚ ਪਾਰਦਰਸ਼ਤਾ 'ਤੇ ਸਵਾਲ ਖੜ੍ਹੇ ਕਰਦੇ ਹਨ।ਹਰਪਾਲਪੁਰ ਨੇ ਪੰਜਾਬ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਭਾਜਪਾ ਲੋਕਤੰਤਰ ਨਾਲ ਕਿਸੇ ਵੀ ਤਰ੍ਹਾਂ ਦੀ ਛੇੜਛਾੜ ਨੂੰ ਬਰਦਾਸ਼ਤ ਨਹੀਂ ਕਰੇਗੀ ਤੇ ਇਸ ਮਾਮਲੇ ਨੂੰ ਲੋਕਾਂ ਤੇ ਸੰਵਿਧਾਨਕ ਸੰਸਥਾਵਾਂ ਸਾਹਮਣੇ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਸ਼ੁਰੂ ਕਰਕੇ ਮਾਨ ਸਰਕਾਰ ਨੇ ਮਹਿਲਾਵਾਂ ਦਾ ਮਾਣ ਵਧਾਇਆ : ਆਪ ਆਗੂ



**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਮੁੱਚੀ ਕੈਬਨਿਟ ਵੱਲੋਂ ਪੰਜਾਬ ਦੇ ਹਿੱਤਾਂ ਲਈ ਅਹਿਮ ਐਲਾਨ ਕੀਤੇ ਜਾ ਰਹੇ ਹਨ ਤੇ ਲੋਕਾਂ ਨਾਲ ਕੀਤੇ ਵਾਅਦੇ ਪੂਰੇ ਕੀਤੇ ਜਾ ਰਹੇ ਹਨ।ਇਸ ਤਰ੍ਹਾਂ ਮਾਨ ਸਰਕਾਰ ਨੇ ਮਹਿਲਾਵਾਂ ਨਾਲ ਵਾਅਦਾ ਕੀਤਾ ਸੀ ਕਿ ਉਨ੍ਹਾਂ ਨੂੰ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਰਾਸ਼ੀ ਖਾਤਿਆਂ ਵਿੱਚ ਪਾਈ ਜਾਵੇਗੀ, ਜੋ ਕਿ ਜੁਲਾਈ ਮਹੀਨੇ ਤੋਂ ਮਹਿਲਾਵਾਂ ਨੂੰ ਤਿੰਨ ਮਹੀਨਿਆਂ ਦੀ ਰਾਸ਼ੀ ਖਾਤਿਆਂ ਵਿੱਚ ਆ ਗਈ ਹੈ, ਜਿਸ 'ਤੇ ਮਾਨ ਸਰਕਾਰ ਨੇ ਇਹ ਵਾਅਦਾ ਵੀ ਪੂਰਾ ਕਰਕੇ ਇਤਿਹਾਸ ਸਿਰਜਿਆ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਬਲਾਕ ਪ੍ਰਧਾਨ ਤੇ ਸਰਪੰਚ ਅਮਨਿੰਦਰ ਸਿੰਘ (ਅਮਨ ਕਾਦਰਵਾਲਾ), ਸੋਨਾ ਕਾਦਰਵਾਲਾ ਯੂਥ ਪ੍ਰਧਾਨ ਹਲਕਾ ਧਰਮਕੋਟ, ਤਲਵਿੰਦਰ ਸਿੰਘ ਉਮਰੀਆਣਾ ਕੋ-ਆਰਡੀਨੇਟਰ ਸੋਸ਼ਲ ਮੀਡੀਆ ਧਰਮਕੋਟ, ਬਲਾਕ ਪ੍ਰਧਾਨ ਤੇ ਸਰਪੰਚ ਰਾਜਵੀਰ ਸਿੰਘ ਕੰਗ ਕਿੱਲੀਗਾਂਧਰਾ, ਗੋਪੀ ਮਾਨ ਦਾਤੇਵਾਲ ਯੂਥ ਆਗੂ, ਦਲੇਰ ਸਿੰਘ ਵਾਈਸ ਕੋ-ਆਡਰੀਨੇਟਰ ਸੋਸ਼ਲ ਮੀਡੀਆ ਆਦਿ ਨੇ ਪ੍ਰੈੱਸ ਨਾਲ ਸਾਂਝਾ ਕੀਤਾ।ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਵਾਅਦੇ ਤੇ ਗਰੰਟੀਆਂ ਨੂੰ ਪੂਰਾ ਕਰ ਰਹੀ ਹੈ, ਜਿਸ 'ਤੇ ਪੰਜਾਬ ਵਾਸੀ ਪੂਰੀ ਤਰ੍ਹਾਂ ਬਾਗੋਬਾਗ ਹਨ। ਉਨ੍ਹਾ ਕਿਹਾ ਕਿ ਐੱਸ ਸੀ ਭਾਈਚਾਰੇ ਨਾਲ ਸਬੰਧਤ ਮਹਿਲਾਵਾਂ ਦੇ ਖਾਤੇ ਵਿੱਚ 1500 ਰੁਪਏ ਤੇ ਬਾਕੀ ਮਹਿਲਾਵਾਂ ਦੇ ਖਾਤੇ ਵਿੱਚ 1000 ਰੁਪਏ ਦੀ ਸਨਮਾਨ ਰਾਸ਼ੀ ਪਾਈ ਗਈ ਹੈ, ਜਿਸ ਨਾਲ ਮਹਿਲਾਵਾਂ ਆਰਥਿਕ ਪੱਖੋਂ ਮਜ਼ਬੂਤ ਹੋਣਗੀਆਂ।

## ਜ਼ਿਲ੍ਹਾ ਟ੍ਰੈਫਿਕ ਇੰਚਾਰਜ ਐੱਸ ਆਈ ਸੁਖਦੇਵ ਸਿੰਘ ਸਨਮਾਨਤ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ੍ਰੀ ਮੁਕਤਸਰ ਸਾਹਿਬ ਪੁਲਸ ਦੇ ਜ਼ਿਲ੍ਹਾ ਟ੍ਰੈਫਿਕ ਇੰਚਾਰਜ ਐੱਸ ਆਈ ਸੁਖਦੇਵ ਸਿੰਘ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ, ਇਮਾਨਦਾਰੀ ਤੇ ਕਰਤੱਵ ਨਿਭਾਉਣ ਵਿੱਚ ਵਿਖਾਈ ਸਮਰਪਣ ਭਾਵਨਾ ਲਈ ਡੀਜੀਪੀ ਕੋਮੈਂਡੇਸ਼ਨ ਡਿਸਕ ਨਾਲ ਸਨਮਾਨਤ ਕੀਤਾ ਗਿਆ।ਇਸ ਮੌਕੇ ਐੱਸ ਐੱਸ ਪੀ ਸ੍ਰੀ ਅਭਿਮੰਨਿਊ ਰਾਣਾ ਨੇ ਐੱਸ ਆਈ ਸੁਖਦੇਵ ਸਿੰਘ ਨੂੰ ਡੀਜੀਪੀ ਕੋਮੈਂਡੇਸ਼ਨ ਡਿਸਕ ਲਗਾ ਕੇ ਸਨਮਾਨਤ ਕੀਤਾ ਅਤੇ ਉਨ੍ਹਾਂ ਦੀਆਂ ਉੱਤਮ ਸੇਵਾਵਾਂ ਦੀ ਭਰਪੂਰ ਸ਼ਲਾਘਾ ਕਰਦਿਆਂ ਵਧਾਈ ਦਿੱਤੀ।ਐੱਸ ਐੱਸ ਪੀ ਨੇ ਕਿਹਾ ਕਿ ਇਮਾਨਦਾਰੀ, ਮਿਹਨਤ ਤੇ ਪੂਰੀ ਲਗਨ ਨਾਲ ਡਿਊਟੀ ਨਿਭਾਉਣ ਵਾਲੇ ਪੁਲਸ ਮੁਲਾਜ਼ਮਾਂ ਨੂੰ ਸਨਮਾਨਤ ਕਰਨਾ ਹੋਰਨਾਂ ਲਈ ਵੀ ਪ੍ਰੇਰਨਾ ਦਾ ਸਰੋਤ ਬਣਦਾ ਹੈ।ਉਨ੍ਹਾਂ ਆਸ ਪ੍ਰਗਟਾਈ ਕਿ ਐੱਸ ਆਈ ਸੁਖਦੇਵ ਸਿੰਘ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਪੂਰੀ ਤਨਦੇਹੀ ਨਾਲ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਂਦੇ ਰਹਿਣਗੇ।

## ਅਧਿਆਪਕਾ ਅੰਜੂ ਅਰੋੜਾ ਦਾ ਜਨਮ ਦਿਨ ਪੌਦਾ ਲਗਾ ਕੇ ਮਨਾਇਆ




**ਜਲਾਲਾਬਾਦ (ਜੀਤ ਕੁਮਾਰ)**-ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਮਾਰਟ ਸਕੂਲ, ਜਲਾਲਾਬਾਦ ਦੀ ਅਧਿਆਪਕਾ ਸ਼੍ਰੀਮਤੀ ਅੰਜੂ ਅਰੋੜਾ ਦਾ ਜਨਮ ਦਿਨ ਸਕੂਲ ਦੇ ਵਿਹੜੇ ਵਿੱਚ ਬੂਟੇ ਲਗਾ ਕੇ ਮਨਾਇਆ ਗਿਆ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਅਮਿਤ ਗਗਨੇਜਾ ਤੇ ਲੈਕਚਰਾਰ ਪਵਨ ਮਨਚੰਦਾ, ਹਰਮੇਸ਼ ਸਿੰਘ, ਮੇਜਰ ਸਿੰਘ, ਸੁਖਦੀਪ ਕੌਰ, ਸੋਨੀਆ ਖੰਨਾ, ਜਸਪ੍ਰੀਤ ਕੌਰ, ਪੁਸ਼ਪਾ ਰਾਣੀ, ਸ਼ਰਨਜੀਤ ਕੌਰ, ਨਿਰਮਲਾ ਰਾਣੀ, ਆਰਤੀ ਨਰੂਲਾ, ਸ਼ੀਤਲ, ਸਰਬਮੀਤ, ਸੁਨੀਤਾ ਬੱਬਰ, ਸੁਨੀਤਾ ਵਤਸ ਤੇ ਕਲਰਕ ਅੰਜੂ ਬਾਲਾ ਸਮੇਤ ਕਈ ਅਧਿਆਪਕ ਮੌਜੂਦ ਸਨ। ਇਸ ਮੌਕੇ ਮੌਜੂਦ ਸਾਰੇ ਅਧਿਆਪਕਾਂ ਨੇ ਸ੍ਰੀਮਤੀ ਅੰਜੂ ਅਰੋੜਾ ਨੂੰ ਜਨਮ ਦਿਨ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ। ਉਨ੍ਹਾਂ ਨੂੰ ਵਧਾਈ ਦਿੰਦੇ ਹੋਏ ਪ੍ਰਿੰਸੀਪਲ ਅਮਿਤ ਗਗਨੇਜਾ ਨੇ ਕਿਹਾ ਕਿ ਸਕੂਲ ਦੇ ਅਧਿਆਪਕ ਰਿਵਾਜ ਅਨੁਸਾਰ ਸਕੂਲ ਦੇ ਮੈਦਾਨ ਵਿੱਚ ਬੂਟੇ ਲਗਾ ਕੇ ਆਪਣਾ ਜਨਮ ਦਿਨ ਮਨਾਉਂਦੇ ਹਨ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਵਾਤਾਵਰਣ ਨੂੰ ਹਰਾ-ਭਰਾ ਰੱਖਣਾ ਹਰ ਕਿਸੇ ਦੀ ਜ਼ਿੰਮੇਵਾਰੀ ਹੈ ਤਾਂ ਜੋ ਆਉਣ ਵਾਲੀਆਂ ਪੀੜ੍ਹੀਆਂ ਇਸ ਹਰਿਆਲੀ ਦਾ ਆਨੰਦ ਮਾਣ ਸਕਣ।

## ਕੁਲਦੀਪ ਮਦਾਨ ਨੇ ਬਰਾਂਚ ਮੈਨੇਜਰ ਵਜੋਂ ਅਹੁਦਾ ਸੰਭਾਲਿਆ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਭਾਰਤੀ ਸਟੇਟ ਬੈਂਕ (ਐੱਸਬੀਆਈ) ਦੀ ਗਿੱਦੜਬਾਹਾ ਮੁੱਖ ਸ਼ਾਖਾ ਵਿਖੇ ਕੁਲਦੀਪ ਸਿੰਘ ਮਦਾਨ ਨੇ ਬਰਾਂਚ ਮੈਨੇਜਰ ਵਜੋਂ ਅਹੁਦਾ ਸੰਭਾਲ ਲਿਆ।ਇਸ ਤੋਂ ਪਹਿਲਾਂ ਉਹ ਐੱਸਬੀਆਈ ਦੀ ਪਿੰਡ ਵਿਰਕ ਕਲਾਂ ਸ਼ਾਖਾ ਵਿੱਚ ਬਰਾਂਚ ਮੈਨੇਜਰ ਵਜੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਸਨ।ਅਹੁਦਾ ਸੰਭਾਲਣ ਮੌਕੇ ਬੈਂਕ ਦੇ ਸਮੂਹ ਸਟਾਫ ਵੱਲੋਂ ਕੁਲਦੀਪ ਸਿੰਘ ਮਦਾਨ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਸਟਾਫ ਮੈਂਬਰਾਂ ਨੇ ਉਨ੍ਹਾਂ ਨੂੰ ਗੁਲਦਸਤਾ ਭੇਟ ਕਰਕੇ ਸਫਲ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ।ਇਸ ਮੌਕੇ ਕੁਲਦੀਪ ਸਿੰਘ ਮਦਾਨ ਨੇ ਸਟਾਫ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਬੈਂਕ ਦੇ ਗਾਹਕਾਂ ਨੂੰ ਬਿਹਤਰ ਤੇ ਪਾਰਦਰਸ਼ੀ ਬੈਂਕਿੰਗ ਸੇਵਾਵਾਂ ਪ੍ਰਦਾਨ ਕਰਨ ਲਈ ਵਚਨਬੱਧ ਹਨ।ਉਨ੍ਹਾਂ ਕਿਹਾ ਕਿ ਗਾਹਕਾਂ ਦੀ ਸੰਤੁਸ਼ਟੀ ਨੂੰ ਪਹਿਲ ਦਿੱਤੀ ਜਾਵੇਗੀ ਤੇ ਟੀਮ ਵਰਕ ਦੀ ਭਾਵਨਾ ਨਾਲ ਬੈਂਕ ਦੀ ਕਾਰਗੁਜ਼ਾਰੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਯਤਨ ਕੀਤੇ ਜਾਣਗੇ। ਉਨ੍ਹਾਂ ਆਸ ਪ੍ਰਗਟਾਈ ਕਿ ਸਟਾਫ ਦੇ ਸਹਿਯੋਗ ਨਾਲ ਗਿੱਦੜਬਾਹਾ ਸ਼ਾਖਾ ਹੋਰ ਉਚਾਈਆਂ 'ਤੇ ਪੁੱਜੇਗੀ।

## ਪੰਜਾਬੀ ਫਿਲਮ 'ਸਰਪੰਚ' ਦੇ ਅਦਾਕਾਰਾਂ ਦੀ ਟੀਮ ਸੁਨਾਮ ਦੇ ਸਾਈਨ ਪਲਾਜ਼ਾ ਪੁੱਜੀ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਅਗਾਮੀ 10 ਜੁਲਾਈ ਨੂੰ ਸਿਨੇਮਾ ਘਰਾਂ ਵਿੱਚ ਰਿਲੀਜ਼ ਹੋਣ ਜਾ ਰਹੀ ਪੰਜਾਬੀ ਫਿਲਮ ਸਰਪੰਚ ਦੀ ਸਟਾਰਕਾਸਟ ਟੀਮ ਸਥਾਨਕ ਸਾਈਨ ਪਲਾਜ਼ਾ ਵਿਖੇ ਪਹੁੰਚੀ, ਜਿੱਥੇ ਫਿਲਮ ਦੇ ਮੁੱਖ ਅਦਾਕਾਰ ਦੇਵ ਖਰੌੜ ਅਤੇ ਅਦਾਕਾਰਾ ਜੈਸਮੀਨ ਬਾਜਵਾ ਦਾ ਸਿਨੇਮਾ ਮਾਲਕਾਂ ਵੱਲੋਂ ਭਰਵਾਂ ਸਵਾਗਤ ਕੀਤਾ ਗਿਆ ਅਤੇ ਬਾਅਦ ਵਿੱਚ ਉਹ ਸਿਨੇਮਾ ਹਾਲ ਵਿੱਚ ਦਰਸ਼ਕਾਂ ਦੇ ਰੂ-ਬ-ਰੂ ਹੋਏ।ਇਸ ਦੌਰਾਨ ਸਰਪੰਚ ਯੂਨੀਅਨ ਜ਼ਿਲ੍ਹਾ ਸੰਗਰੂਰ ਦੇ ਪ੍ਰਧਾਨ ਮਨਿੰਦਰ ਸਿੰਘ ਲਖਮੀਰਵਾਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਅਤੇ ਇਲਾਕੇ ਦੇ ਹੋਰ ਸਰਪੰਚਾਂ ਨੇ ਵੀ ਹਾਜ਼ਰੀ ਲਗਵਾਈ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੁੱਖ ਅਦਾਕਾਰ ਦੇਵ ਖਰੌੜ ਅਤੇ ਅਦਾਕਾਰਾ ਜੈਸਮੀਨ ਬਾਜਵਾ ਨੇ ਦੱਸਿਆ ਕਿ ਪੰਜਾਬੀ ਜਗਤ ਨੂੰ ਪਿਆਰ ਕਰਨ ਵਾਲੇ ਦਰਸ਼ਕਾਂ ਨੇ ਉਹਨਾਂ ਦੀਆਂ ਪਿਛਲੀਆਂ ਕਈ ਫਿਲਮਾਂ ਨੂੰ ਬਹੁਤ ਪਿਆਰ ਦਿੱਤਾ ਹੈ ਅਤੇ ਆਉਣ ਵਾਲੀ 10 ਜੁਲਾਈ ਨੂੰ ਰਿਲੀਜ਼ ਹੋਣ ਜਾ ਰਹੀ ਪੰਜਾਬੀ ਫ਼ਿਲਮ ਸਰਪੰਚ ਦਾ ਮੁੱਖ ਵਿਸ਼ਾ ਪਿੰਡ ਦੀ ਸਿਆਸਤ, ਸਮਾਜਿਕ ਸੁਧਾਰ ਅਤੇ ਨਸ਼ਾਖੋਰੀ ਵਿਰੁੱਧ ਲੜਾਈ 'ਤੇ ਆਧਾਰਿਤ ਹੈ।ਉਹਨਾਂ ਦੱਸਿਆ ਕਿ ਇਹ ਫ਼ਿਲਮ ਪੰਜਾਬ ਦੇ ਪੇਂਡੂ ਇਲਾਕਿਆਂ ਦੀ ਪਿੱਠਭੂਮੀ 'ਤੇ ਬਣੀ ਹੈ ਅਤੇ ਇਸ ਦੀ ਕਹਾਣੀ ਇੱਕ ਅਸੂਲਾਂ ਵਾਲੇ ਅਤੇ ਇਮਾਨਦਾਰ ਇਨਸਾਨ ਦੁਆਲੇ ਘੁੰਮਦੀ ਹੈ, ਜੋ ਆਪਣੇ ਨਿਜੀ ਹਿੱਤਾਂ ਨੂੰ ਛੱਡ ਕੇ ਪੂਰੇ ਪਿੰਡ ਦੀ ਭਲਾਈ ਨੂੰ ਅੱਗੇ ਰੱਖਦਾ ਹੈ। ਫਿਲਮ ਦੇ ਮੁੱਖ ਅਦਾਕਾਰ ਦੇਵ ਖਰੌੜ ਨੇ ਫਿਲਮ ਦਾ ਡਾਇਲਾਗ ਸੁਣਾਉਂਦਿਆਂ ਕਿਹਾ ਕਿ ਪੰਜਾਬ ਨੂੰ ਹੱਸਦਾ-ਵੱਸਦਾ ਰੱਖਣ ਲਈ ਸਾਨੂੰ ਇੱਕ ਗੱਲ ਸਮਝਣੀ ਪਊਗੀ ਕਿ ਵੋਟ ਕੋਈ ਕਾਗਜ਼ ਦਾ ਟੁਕੜਾ ਨਹੀਂ, ਪੰਜਾਬ ਦੀ ਤਕਦੀਰ ਲਿਖਣ ਵਾਲੀ ਇੱਕ ਤਲਵਾਰ ਹੈ ਤੇ ਇਹ ਤਲਵਾਰ ਉਸੇ ਦੇ ਹੱਥ ਵਿੱਚ ਆਊਗੀ ਜੋ ਲੋਕਾਂ ਦੇ ਅੱਗੇ ਨਹੀਂ ਲੋਕਾਂ ਦੇ ਨਾਲ ਖੜੂਗਾ। ਉਹਨਾਂ ਕਿਹਾ ਕਿ ਇਸ ਫਿਲਮ ਵਿੱਚ ਸਮਾਜ ਦੇ ਲੋਕਾਂ ਨੂੰ ਵੋਟ ਪਾਉਣ ਦੇ ਮਿਲੇ ਅਧਿਕਾਰ ਨੂੰ ਆਪਣੀ ਇੱਛਾ ਅਨੁਸਾਰ ਵਰਤਣ ਦਾ ਹੋਕਾ ਦਿੱਤਾ ਗਿਆ ਹੈ ਅਤੇ ਵੋਟਾਂ ਨੂੰ ਲੈ ਕੇ ਸਾਡੇ ਵਿੱਚ ਗਿਲੇ-ਸ਼ਿਕਵੇ ਨਹੀਂ ਹੋਣੇ ਚਾਹੀਦੇ।

# ਕੋਈ ਵੀ ਹਸਪਤਾਲ ਮ੍ਰਿਤਕ ਦੇਹ ਵਾਰਸਾਂ ਨੂੰ ਸੌਂਪਣ ਤੋਂ ਇਨਕਾਰ ਨਹੀਂ ਕਰ ਸਕੇਗਾ : ਜਤਿੰਦਰ ਸਿੰਘ ਸ਼ੰਟੀ

**ਅਮਲੋਹ/ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**

ਸਮਾਜ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਨੂੰ ਯਕੀਨੀ ਬਣਾਉਣ ਅਤੇ ਆਮ ਲੋਕਾਂ ਨੂੰ ਉਨ੍ਹਾਂ ਦੇ ਕਾਨੂੰਨੀ ਹੱਕਾਂ ਪ੍ਰਤੀ ਜਾਗਰੂਕ ਕਰਨ ਦੇ ਉਦੇਸ਼ ਨਾਲ ਪੰਜਾਬ ਰਾਜ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਮਨੁੱਖੀ ਅਧਿਕਾਰ ਕਮਿਸ਼ਨ ਦੇ ਮੈਂਬਰ ਸ਼੍ਰੀ ਜਤਿੰਦਰ ਸਿੰਘ ਸ਼ੰਟੀ (ਪਦਮ ਸ਼੍ਰੀ ਐਵਾਰਡੀ) ਵੱਲੋਂ ਐਤਵਾਰ ਨੂੰ ਦੇਸ਼ ਭਗਤ ਯੂਨੀਵਰਸਿਟੀ ਅਤੇ ਰਿਮਟ ਯੂਨੀਵਰਸਿਟੀ, ਮੰਡੀ ਗੋਬਿੰਦਗੜ੍ਹ ਵਿਖੇ ਲੋਕਾਂ ਨਾਲ ਇੱਕ ਖੁੱਲ੍ਹਾ ਸੰਵਾਦ ਰਚਾਇਆ ਗਿਆ। ਇਸ ਪ੍ਰੋਗਰਾਮ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਮੁਸ਼ਕਿਲਾਂ ਨੂੰ ਬੜੇ ਧਿਆਨ ਨਾਲ ਸੁਣਿਆ ਅਤੇ ਮੌਕੇ 'ਤੇ ਹੀ ਉਨ੍ਹਾਂ ਦੇ ਹੱਲ ਲਈ ਅਧਿਕਾਰੀਆਂ ਨੂੰ ਉਚਿਤ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਇਸ ਮੌਕੇ ਸੰਬੋਧਨ ਕਰਦਿਆਂ ਸ਼੍ਰੀ ਜਤਿੰਦਰ ਸਿੰਘ ਸ਼ੰਟੀ ਨੇ ਆਖਿਆ ਕਿ ਮਨੁੱਖੀ ਅਧਿਕਾਰਾਂ ਦੀ ਰੱਖਿਆ ਕਰਨਾ ਕਮਿਸ਼ਨ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦਾ ਕੋਈ ਵੀ ਸਰਕਾਰੀ ਜਾਂ ਪ੍ਰਾਈਵੇਟ ਹਸਪਤਾਲ ਹੁਣ ਬਿਲਾਂ ਦਾ ਭੁਗਤਾਨ ਨਾ ਹੋਣ ਦੀ ਸੂਰਤ ਵਿੱਚ ਕਿਸੇ ਵੀ ਮਰੀਜ਼ ਦੀ ਮ੍ਰਿਤਕ ਦੇਹ ਨੂੰ ਵਾਰਸਾਂ ਨੂੰ ਸੌਂਪਣ ਤੋਂ ਇਨਕਾਰ ਨਹੀਂ ਕਰ ਸਕੇਗਾ




ਕਿਉਂਕਿ ਪੰਜਾਬ ਸਰਕਾਰ ਵੱਲੋਂ ਇਸ ਸਬੰਧੀ ਬਕਾਇਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ ਹੈ।ਉਹਨਾ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਰਿੰਦਰ ਸਿੰਘ ਧਾਲੀਵਾਲ ਨੂੰ ਇਨ੍ਹਾਂ ਹੁਕਮਾਂ ਦੀ ਕਾਪੀ ਸੌਂਪ ਕੇ ਇੰਨ ਬਿੰਨ ਪਾਲਣਾ ਯਕੀਨੀ ਬਣਾਉਣ ਦੇ ਆਦੇਸ਼ ਦਿੱਤੇ। ਉਨ੍ਹਾਂ ਇਹ ਵੀ ਦੱਸਿਆ ਕਿ ਸਾਰੇ ਹਸਪਤਾਲ ਆਪਣੇ ਦਾਖਲਾ ਗੇਟਾਂ ਦੇ ਕੋਲ ਇਸ ਸੂਚਨਾ ਨੂੰ ਦਰਸਾਉਂਦੇ ਨੋਟਿਸ ਬੋਰਡ ਵੀ ਲਗਾਉਣਗੇ ਤਾਂ ਕਿ ਮਰੀਜ਼ਾਂ ਦੇ ਵਾਰਸ ਇਸ ਬਾਰੇ ਜਾਣੂ ਹੋ ਸਕਣ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਮਾਜ ਦੇ ਹਰ ਵਰਗ, ਖਾਸ ਕਰਕੇ ਗਰੀਬ ਅਤੇ ਲੋੜਵੰਦ ਲੋਕਾਂ ਨੂੰ ਇਨਸਾਫ਼ ਮਿਲਣਾ ਚਾਹੀਦਾ ਹੈ ਅਤੇ ਕਿਸੇ ਵੀ ਪੱਧਰ 'ਤੇ ਮਨੁੱਖੀ ਅਧਿਕਾਰਾਂ ਦਾ ਘਾਣ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਸ੍ਰ. ਸ਼ੰਟੀ ਨੇ ਪ੍ਰਸ਼ਾਸਨਿਕ ਅਤੇ ਪੁਲਿਸ ਅਧਿਕਾਰੀਆਂ ਨੂੰ ਵੀ ਹਦਾਇਤ ਕੀਤੀ ਕਿ ਉਹ ਆਮ ਜਨਤਾ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਪੂਰੀ ਪਾਰਦਰਸ਼ਤਾ ਅਤੇ ਹਮਦਰਦੀ ਨਾਲ ਕਰਨ ਤਾਂ ਜੋ ਕਿਸੇ ਵੀ ਨਾਗਰਿਕ ਨੂੰ ਆਪਣੇ ਹੱਕਾਂ ਲਈ ਖੱਜਲ-ਖੁਆਰ ਨਾ ਹੋਣਾ ਪਵੇ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਸ੍ਰੀ ਸੁਰਿੰਦਰ ਸਿੰਘ ਧਾਲੀਵਾਲ, ਐਸ ਡੀ ਐਮ ਅਮਲੋਹ ਸ੍ਰੀਮਤੀ ਹਰਵੀਰ ਕੌਰ, ਸਿਵਲ ਸਰਜਨ ਅਰਵਿੰਦ ਪਾਲ ਸਿੰਘ, ਡੀ ਐਸ ਪੀ ਅਮਲੋਹ ਬਿਕਰਮਜੀਤ ਸਿੰਘ, ਡੀ ਡੀ ਪੀ ਓ ਜਸਪ੍ਰੀਤ ਕੌਰ, ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ ਕੋਰ ਗਰੁੱਪ ਫ਼ਤਹਿਗੜ੍ਹ ਸਾਹਿਬ ਦੇ ਸਮੂਹ ਮੈਂਬਰ, ਜ਼ਿਲ੍ਹਾ ਪ੍ਰਸ਼ਾਸਨ ਦੇ ਵੱਖ ਵੱਖ ਵਿਭਾਗਾਂ ਦੇ ਸੀਨੀਅਰ ਅਧਿਕਾਰੀ, ਸਮਾਜਿਕ ਸੰਸਥਾਵਾਂ ਦੇ ਨੁਮਾਇੰਦੇ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਸਫਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਸ਼ਹਿਰ 'ਚ ਲੱਗੇ ਕੂੜੇ ਦੇ ਢੇਰ

**ਬਰੇਟਾ (ਰੀਤਵਾਲ)**-ਸਥਾਨਕ ਸ਼ਹਿਰ ਵਿੱਚ ਸਫਾਈ ਕਰਮਚਾਰੀਆਂ ਦੀ ਹੜਤਾਲ ਕਾਰਨ ਕਈ ਥਾਵਾਂ 'ਤੇ ਕੂੜੇ ਦੇ ਵੱਡੇ-ਵੱਡੇ ਢੇਰ ਲੱਗ ਗਏ ਹਨ।ਸਮੇਂ ਸਿਰ ਕੂੜਾ ਨਾ ਚੁੱਕੇ ਜਾਣ ਕਾਰਨ ਬਦਬੂ ਫੈਲ ਰਹੀ ਹੈ ਤੇ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਸਥਾਨਕ ਲੋਕਾਂ ਦਾ ਕਹਿਣਾ ਹੈ ਕਿ ਗਲੀਆਂ, ਬਾਜ਼ਾਰਾਂ ਤੇ ਰਿਹਾਇਸ਼ੀ ਇਲਾਕਿਆਂ ਵਿੱਚ ਕੂੜਾ ਇਕੱਠਾ ਹੋਣ ਨਾਲ ਗੰਦਗੀ ਵਧ ਰਹੀ ਹੈ ਅਤੇ ਬਿਮਾਰੀਆਂ ਫੈਲਣ ਦਾ ਖਤਰਾ ਵੀ ਬਣ ਗਿਆ ਹੈ।ਉਨ੍ਹਾਂ ਪ੍ਰਸ਼ਾਸਨ ਤੋਂ ਮੰਗ ਕੀਤੀ ਹੈ ਕਿ ਕਰਮਚਾਰੀਆਂ ਦੀਆਂ ਮੰਗਾਂ ਦਾ ਜਲਦ ਹੱਲ ਕਰਕੇ ਸਫਾਈ ਪ੍ਰਬੰਧ ਨੂੰ ਮੁੜ ਪਟੜੀ 'ਤੇ ਲਿਆਂਦਾ ਜਾਵੇ।ਦੂਜੇ ਪਾਸੇ, ਹੜਤਾਲ ਕਰ ਰਹੇ ਕਰਮਚਾਰੀ ਆਪਣੀਆਂ ਮੰਗਾਂ ਨੂੰ ਲੈ ਕੇ ਡਟੇ ਹੋਏ ਹਨ।ਸ਼ਹਿਰ ਵਾਸੀਆਂ ਨੇ ਪ੍ਰਸ਼ਾਸਨ ਤੇ ਸੰਬੰਧਤ ਵਿਭਾਗ ਨੂੰ ਅਪੀਲ ਕੀਤੀ ਹੈ ਕਿ ਇਸ ਮਾਮਲੇ ਦਾ ਛੇਤੀ ਨਿਪਟਾਰਾ ਕਰਕੇ ਸ਼ਹਿਰ ਨੂੰ ਗੰਦਗੀ ਤੋਂ ਮੁਕਤ ਕਰਵਾਇਆ ਜਾਵੇ।



## ਪਠਾਣਮਾਜਰਾ ਵੱਲੋਂ ਨਗਰ ਕੌਂਸਲ ਦਾ ਦੌਰਾ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਹਲਕਾ ਸਨੌਰ ਦੇ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਵੱਲੋਂ ਨਗਰ ਕੌਂਸਲ ਸਨੌਰ ਦਾ ਅਚਨਚੇਤ ਦੌਰਾ ਕੀਤਾ।ਇਸ ਮੌਕੇ ਨਗਰ ਕੌਂਸਲ ਦੇ ਪ੍ਰਧਾਨ, ਕਰੀਬ ਅੱਠ ਕੌਂਸਲਰ ਤੇ ਨਗਰ ਕੌਂਸਲ ਦੇ ਅਧਿਕਾਰੀ ਮੌਜੂਦ ਸਨ।ਵਿਧਾਇਕ ਨੇ ਕੌਂਸਲ ਦੇ ਕੰਮਕਾਜ ਤੇ ਵਿਕਾਸ ਕਾਰਜਾਂ ਨਾਲ ਸਬੰਧਤ ਪ੍ਰਕਿਰਿਆ ਬਾਰੇ ਜਾਣਕਾਰੀ ਹਾਸਲ ਕੀਤੀ।ਦੌਰੇ ਤੋਂ ਬਾਅਦ ਗੱਲਬਾਤ ਕਰਦਿਆਂ ਵਿਧਾਇਕ ਹਰਮੀਤ ਸਿੰਘ ਪਠਾਣਮਾਜਰਾ ਨੇ ਕਿਹਾ ਕਿ ਕੁਝ ਦਿਨ ਪਹਿਲਾਂ ਇੱਕ ਵਿਕਾਸ ਕਾਰਜ ਸਬੰਧੀ ਏਜੰਡਾ ਪਾਸ ਕੀਤਾ ਗਿਆ ਸੀ, ਪਰ ਹੈਰਾਨੀ ਦੀ ਗੱਲ ਇਹ ਹੈ ਕਿ ਇਸ ਸਬੰਧੀ ਨਾ ਤਾਂ ਜ਼ਿਆਦਾਤਰ ਕੌਂਸਲਰਾਂ ਨੂੰ ਜਾਣਕਾਰੀ ਦਿੱਤੀ ਗਈ ਤੇ ਨਾ ਹੀ ਹਲਕੇ ਦੇ ਵਿਧਾਇਕ ਹੋਣ ਦੇ ਨਾਤੇ ਉਨ੍ਹਾਂ ਨੂੰ ਇਸ ਬਾਰੇ ਸੂਚਿਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਵਿੱਚ ਵਿਕਾਸ ਕਾਰਜਾਂ ਨਾਲ ਜੁੜੇ ਫ਼ੈਸਲੇ ਪੂਰੀ ਪਾਰਦਰਸ਼ਤਾ ਨਾਲ ਲਏ ਜਾਣੇ ਚਾਹੀਦੇ ਹਨ।ਜੇਕਰ ਲੋਕਾਂ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਹੀ ਏਜੰਡਿਆਂ ਤੇ ਮਤਿਆਂ ਦੀ ਜਾਣਕਾਰੀ ਨਹੀਂ ਹੋਵੇਗੀ ਤਾਂ ਇਸ ਨਾਲ ਕਈ ਸਵਾਲ ਖੜ੍ਹੇ ਹੁੰਦੇ ਹਨ।ਵਿਧਾਇਕ ਨੇ ਕਿਹਾ ਕਿ ਪਹਿਲਾਂ ਪਾਸ ਕੀਤੇ ਗਏ ਮਤਿਆਂ ਅਧੀਨ ਵਿਕਾਸ ਕਾਰਜ ਅਜੇ ਤੱਕ ਮੁਕੰਮਲ ਨਹੀਂ ਹੋਏ, ਜਦਕਿ ਇਸ ਤੋਂ ਪਹਿਲਾਂ ਹੀ ਨਵੇਂ ਏਜੰਡੇ ਤੇ ਮਤੇ ਬਿਨਾਂ ਜਾਣਕਾਰੀ ਦੇ ਪੇਸ਼ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਪਾਰਦਰਸ਼ਤਾ ਤੇ ਜਵਾਬਦੇਹੀ ਯਕੀਨੀ ਬਣਾਈ ਜਾਵੇਗੀ ਅਤੇ ਜੇਕਰ ਕਿਸੇ ਵੀ ਤਰ੍ਹਾਂ ਦੀ ਅਣਗਹਿਲੀ ਜਾਂ ਨਿਯਮਾਂ ਦੀ ਉਲੰਘਣਾ ਸਾਹਮਣੇ ਆਈ ਤਾਂ ਉਸ ਸਬੰਧੀ ਬਣਦੀ ਕਾਰਵਾਈ ਕੀਤੀ ਜਾਵੇਗੀ।ਇਸ ਦੌਰਾਨ ਉਨ੍ਹਾਂ ਅਧਿਕਾਰੀਆਂ ਤੋਂ ਵੱਖ-ਵੱਖ ਵਿਕਾਸ ਕਾਰਜਾਂ ਤੇ ਪਾਸ ਕੀਤੇ ਮਤਿਆਂ ਬਾਰੇ ਜਾਣਕਾਰੀ ਵੀ ਹਾਸਲ ਕੀਤੀ।

## ਵਾਲੀਆਂ ਝਪਟਣ ਦੇ ਮਾਮਲੇ ਵਿੱਚ ਇੱਕ ਨਾਮਜ਼ਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਪਿੰਡ ਡਡਿਆਣਾ ਦੀ ਇੱਕ ਔਰਤ ਦੇ ਕੰਨਾਂ ਵਿੱਚ ਪਾਈਆਂ ਵਾਲੀਆਂ ਝਪਟ ਕੇ ਲੈ ਜਾਣ ਦੇ ਕਥਿਤ ਮਾਮਲੇ ਵਿੱਚ ਬਸੀ ਪਠਾਣਾਂ ਪੁਲਿਸ ਵੱਲੋਂ ਇੱਕ ਵਿਅਕਤੀ ਨੂੰ ਨਾਮਜ਼ਦ ਕੀਤੇ ਜਾਣ ਦੀ ਸੂਚਨਾ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਗੁਰਜੀਤ ਸਿੰਘ ਵਾਸੀ ਪਿੰਡ ਡਡਿਆਣਾ ਨੇ ਦੱਸਿਆ ਕਿ ਸ਼ਾਮ ਕਰੀਬ ਸਾਢੇ ਕੁ ਛੇ ਵਜੇ ਉਸ ਦੀ ਮਾਤਾ ਘਰ ਨੂੰ ਤੁਰੀ ਜਾ ਰਹੀ ਸੀ ਤਾਂ ਇੱਕ ਮੋਟਰਸਾਈਕਲ ਸਵਾਰ ਉਸ ਕੋਲ ਆ ਕੇ ਰੁਕਿਆ ਤੇ ਉਸ ਦੀ ਮਾਤਾ ਦੇ ਕੰਨਾਂ ਦੀਆਂ ਵਾਲੀਆਂ ਝਪਟ ਕੇ ਭੱਜ ਗਿਆ।ਜਿਸ ਦੀ ਪਛਾਣ ਜਤਿੰਦਰ ਸਿੰਘ ਉਰਫ ਜਸ਼ਨ ਵਾਸੀ ਪਿੰਡ ਘੜੂਆਂ (ਮੋਹਾਲੀ) ਵਜੋਂ ਹੋਈ ਹੈ।ਸ਼ਿਕਾਇਤ ਕਰਤਾ ਦੇ ਬਿਆਨਾਂ 'ਤੇ ਜਤਿੰਦਰ ਸਿੰਘ ਉਰਫ ਜਸ਼ਨ ਵਿਰੁੱਧ ਮੁਕੱਦਮਾ ਦਰਜ ਕਰ ਕੇ ਥਾਣਾ ਬਸੀ ਪਠਾਣਾਂ ਦੀ ਪੁਲਿਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

# ਫਰੀਦਕੋਟ ਵਿਖੇ ਦਸਤਾਰ ਮੁਕਾਬਲਾ ਸ਼ਾਨੋ-ਸ਼ੌਕਤ ਨਾਲ ਸੰਪੰਨ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਸਮਾਜ ਸੇਵੀ ਅਰਸ਼ ਸੱਚਰ ਵੱਲੋਂ ਆਯੋਜਿਤ ਦਸਤਾਰ ਮੁਕਾਬਲਾ-2026 ਬਹੁਤ ਹੀ ਉਤਸ਼ਾਹ, ਅਨੁਸ਼ਾਸਨ, ਭਾਈਚਾਰੇ ਤੇ ਸੱਭਿਆਚਾਰਕ ਮਾਹੌਲ ਵਿੱਚ ਸਫਲਤਾ ਪੂਰਵਕ ਸੰਪੰਨ ਹੋਇਆ।ਇਸ ਮੁਕਾਬਲੇ ਵਿੱਚ ਕੁੱਲ 60 ਨੌਜਵਾਨਾਂ ਨੇ ਭਾਗ ਲੈ ਕੇ ਦਸਤਾਰ ਸਜਾਉਣ ਦੀ ਕਲਾ, ਆਤਮ-ਵਿਸ਼ਵਾਸ, ਅਨੁਸ਼ਾਸਨ ਅਤੇ ਆਪਣੀ ਅਮੀਰ ਸਿੱਖ ਵਿਰਾਸਤ ਪ੍ਰਤੀ ਸਮਰਪਣ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਅਰਸ਼ ਸੱਚਰ ਨੇ ਕਿਹਾ ਕਿ ਦਸਤਾਰ ਸਿਰਫ਼ ਇੱਕ ਪਹਿਰਾਵਾ ਨਹੀਂ, ਸਗੋਂ ਸਨਮਾਨ, ਸਵੈ-ਮਾਣ, ਅਨੁਸ਼ਾਸਨ, ਜ਼ਿੰਮੇਵਾਰੀ, ਸੇਵਾ ਤੇ ਮਨੁੱਖਤਾ ਦਾ ਪ੍ਰਤੀਕ ਹੈ।ਅਜਿਹੇ ਉਪਰਾਲਿਆਂ ਦਾ ਮਕਸਦ ਕੇਵਲ ਮੁਕਾਬਲੇ ਕਰਵਾਉਣਾ ਨਹੀਂ, ਸਗੋਂ ਨੌਜਵਾਨ ਪੀੜ੍ਹੀ ਨੂੰ ਆਪਣੀਆਂ ਜੜ੍ਹਾਂ, ਸੱਭਿਆਚਾਰ, ਉੱਚੇ ਜੀਵਨ ਮੁੱਲਾਂ ਤੇ ਸਮਾਜਿਕ ਜ਼ਿੰਮੇਵਾਰੀਆਂ ਨਾਲ ਜੋੜਨਾ ਵੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਧਰਤੀ ਹਮੇਸ਼ਾ ਪਿਆਰ, ਭਾਈਚਾਰੇ, ਸਰਬੱਤ ਦੇ ਭਲੇ ਅਤੇ ਸਰਵ-ਧਰਮ ਸਤਿਕਾਰ ਦਾ ਸੰਦੇਸ਼ ਦਿੰਦੀ ਆਈ ਹੈ।ਹਰ ਧਰਮ ਸਾਨੂੰ ਸੱਚਾਈ, ਦਇਆ, ਸੇਵਾ, ਸਹਿਣਸ਼ੀਲਤਾ ਅਤੇ ਮਨੁੱਖਤਾ ਦੀ ਪ੍ਰੇਰਨਾ ਦਿੰਦਾ ਹੈ। ਇਸ ਲਈ ਸਮਾਜ ਵਿੱਚ ਆਪਸੀ ਸਤਿਕਾਰ, ਏਕਤਾ ਅਤੇ ਭਾਈਚਾਰਕ ਸਾਂਝ ਨੂੰ ਹੋਰ ਮਜ਼ਬੂਤ ਕਰਨਾ ਸਮੇਂ ਦੀ ਮੁੱਖ ਲੋੜ ਹੈ।ਮੁਕਾਬਲੇ ਦੇ ਜੱਜ ਗੁਰਦਰਸ਼ਨ ਸਿੰਘ ਲਵੀ ਧਾਲੀਵਾਲ ਨੇ ਆਪਣੇ ਵਿਸ਼ਾਲ ਤਜਰਬੇ ਅਤੇ ਪੂਰੀ ਨਿਰਪੱਖਤਾ ਨਾਲ ਹਰੇਕ ਭਾਗੀਦਾਰ ਦਾ ਬਾਰੀਕੀ ਨਾਲ ਮੁਲਾਂਕਣ ਕੀਤਾ। ਜੇਤੂਆਂ ਦੀ ਚੋਣ ਦਸਤਾਰ ਬੰਨ੍ਹਣ ਦੀ ਕਲਾ, ਸਾਫ਼-ਸੁਥਰਾਪਣ, ਪੇਸ਼ਕਾਰੀ, ਸੰਤੁਲਨ, ਆਤਮ-ਵਿਸ਼ਵਾਸ, ਪਰੰਪਰਾਗਤ ਸ਼ੈਲੀ, ਫਿਨਿਸ਼ਿੰਗ ਅਤੇ ਸਮੁੱਚੀ ਪ੍ਰਭਾਵਸ਼ਾਲੀ ਪ੍ਰਸਤੁਤੀ ਸਮੇਤ ਕਈ ਮਹੱਤਵਪੂਰਨ ਮਾਪਦੰਡਾਂ ਦੇ ਆਧਾਰ 'ਤੇ ਕੀਤੀ ਗਈ।ਮੁਕਾਬਲੇ ਦੇ ਨਤੀਜੇ ਪਹਿਲਾ ਸਥਾਨ: ਪ੍ਰਾਂਸ਼ੂ ਵਰਮਾ ਪੁੱਤਰ ਸ੍ਰੀ ਹਰੀ ਰਾਮ, ਸੰਗਰੂਰ, ਦੂਜਾ ਸਥਾਨ ਗੁਰਨਿਵਾਜ਼ ਸਿੰਘ ਪੁੱਤਰ ਸ੍ਰੀ ਗੁਰਸੇਵਕ ਸਿੰਘ, ਫਰੀਦਕੋਟ, ਤੀਜਾ ਸਥਾਨ ਅਨਮੋਲਪ੍ਰੀਤ ਸਿੰਘ ਪੁੱਤਰ ਸ੍ਰੀ ਗੁਰਜੰਟ ਸਿੰਘ, ਕੋਟਕਪੂਰਾ, ਅਰਸ਼ਪ੍ਰੀਤ ਸਿੰਘ, ਪੁੱਤਰ ਸ੍ਰੀ ਸਰਬਜੀਤ ਸਿੰਘ, ਕੋਟਕਪੂਰਾ ਅਤੇ ਏਕਮ ਸਿੰਘ, ਪੁੱਤਰ ਸ੍ਰੀ ਦਿਲਬਾਗ ਸਿੰਘ, ਕੋਟਕਪੂਰਾ। ਅੰਤ ਵਿੱਚ ਅਰਸ਼ ਸੱਚਰ ਨੇ ਵਿਸ਼ਵਾਸ ਪ੍ਰਗਟਾਇਆ ਕਿ ਭਵਿੱਖ ਵਿੱਚ ਵੀ ਨੌਜਵਾਨਾਂ ਨੂੰ ਆਪਣੀ ਵਿਰਾਸਤ, ਸੱਭਿਆਚਾਰ, ਖੇਡਾਂ, ਸੇਵਾ, ਨੈਤਿਕ ਕਦਰਾਂ-ਕੀਮਤਾਂ ਅਤੇ ਸਮਾਜਿਕ ਸਰੋਕਾਰਾਂ ਨਾਲ ਜੋੜਨ ਲਈ ਅਜਿਹੇ ਲੋਕ-ਭਲਾਈ ਦੇ ਉਪਰਾਲੇ ਨਿਰੰਤਰ ਜਾਰੀ ਰੱਖੇ ਜਾਣਗੇ।

## ਰਾਜਾ ਵੜਿੰਗ ਤੇ ਪ੍ਰਤਾਪ ਬਾਜਵਾ ਨੂੰ ਮੁੜ ਜ਼ਿੰਮੇਵਾਰੀ ਮਿਲਣ 'ਤੇ ਕਾਂਗਰਸੀ ਵਰਕਰਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ



**ਜਗਰਾਉਂ (ਅਮਿਤ ਖੰਨਾ)**-ਪੰਜਾਬ ਕਾਂਗਰਸ ਵਿੱਚ ਨਵੀਆਂ ਨਿਯੁਕਤੀਆਂ ਨੂੰ ਲੈ ਕੇ ਹਲਕਾ ਜਗਰਾਉਂ ਵਿੱਚ ਕਾਂਗਰਸੀ ਵਰਕਰਾਂ ਵੱਲੋਂ ਖੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ, ਜਿਸ ਤਹਿਤ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਦੂਜੀ ਵਾਰ ਪੰਜਾਬ ਪ੍ਰਧਾਨ ਤੇ ਪ੍ਰਤਾਪ ਸਿੰਘ ਬਾਜਵਾ ਨੂੰ ਵਿਧਾਨ ਸਭਾ ਵਿੱਚ ਦੁਬਾਰਾ ਵਿਰੋਧੀ ਧਿਰ ਦਾ ਲੀਡਰ ਨਿਯੁਕਤ ਕਰਨ ਦੇ ਨਾਲ-ਨਾਲ ਹੋਰ ਆਗੂਆਂ ਨੂੰ ਪੰਜਾਬ ਵਿੱਚ ਅਹਿਮ ਜ਼ਿੰਮੇਵਾਰੀਆਂ ਦੇਣ ਲਈ ਕਾਂਗਰਸੀ ਵਰਕਰਾਂ ਨੇ ਹਾਈ ਕਮਾਨ ਦਾ ਧੰਨਵਾਦ ਕੀਤਾ।ਇਸ ਮੌਕੇ ਐੱਸ.ਸੀ. ਵਿਭਾਗ (ਪੰਜਾਬ) ਦੇ ਉੱਪ-ਚੇਅਰਮੈਨ ਰਾਜੇਸ਼ ਇੰਦਰ ਸਿੰਘ ਸਿੱਧੂ ਦੀ ਅਗਵਾਈ ਵਿੱਚ ਹੋਏ ਇਕੱਠ, ਜਿਸ ਵਿੱਚ ਹਲਕਾ ਜਗਰਾਉਂ ਦੇ ਸਮੂਹ ਕਾਂਗਰਸੀ ਵਰਕਰਾਂ ਨੇ ਖੁਸ਼ੀ ਸਾਂਝੀ ਕਰਦਿਆਂ ਹਾਈ ਕਮਾਨ ਦੇ ਫੈਸਲੇ ਤੇ ਪੂਰਾ ਭਰੋਸਾ ਪ੍ਰਗਟਾਇਆ।ਇਸ ਮੌਕੇ ਸਿੱਧੂ ਨੇ ਕਿਹਾ ਕਿ ਕਾਂਗਰਸ ਪਾਰਟੀ ਵੱਲੋਂ ਹਮੇਸ਼ਾ ਹੀ ਹਰ ਇੱਕ ਵਰਕਰ ਨੂੰ ਉਸ ਦਾ ਬਣਦਾ ਮਾਣ ਸਤਿਕਾਰ ਦਿੱਤਾ ਜਾਂਦਾ ਹੈ, ਇਸੇ ਲੜੀ ਤਹਿਤ ਕਾਂਗਰਸ ਹਾਈ ਕਮਾਨ ਵੱਲੋਂ ਜੋ ਇਹ ਨਵੀਆਂ ਨਯੁਕਤੀਆਂ ਕੀਤੀਆਂ ਗਈਆਂ ਹਨ, ਉਸ ਵਿੱਚ ਵੀ ਹਰ ਵਰਗ ਨੂੰ ਬਿਨਾਂ ਕਿਸੇ ਪੱਖਪਾਤ ਦੇ ਬਰਾਬਰ ਦਾ ਮਾਣ ਸਤਿਕਾਰ ਦਿੱਤਾ ਗਿਆ ਹੈ, ਜਿਸ ਕਾਰਨ ਪਾਰਟੀ ਵਿੱਚ ਹਰ ਇੱਕ ਵਰਕਰ ਪਾਰਟੀ ਨਾਲ ਚਟਾਨ ਵਾਂਗ ਖੜ੍ਹਾ ਹੈ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਪਾਰਟੀ ਪੰਜਾਬ ਵਿੱਚ ਆਪਣੀ ਸਰਕਾਰ ਬਣਾਏਗੀ।ਇਸ ਮੌਕੇ ਸਨੀ ਕੱਕੜ, ਬੌਬੀ ਕਪੂਰ, ਲਾਲੀ ਅਲੀਗੜ੍ਹ, ਸਤਿੰਦਰ ਤਤਲਾ, ਪਰਮਜੀਤ ਲੱਧੜ, ਰਮਿੰਦਰਜੀਤ ਸਿੰਘ, ਪੰਕਜ ਕੌੜਾ, ਟਹਿਲ ਸਿੰਘ ਗਿੱਲ, ਜਗਜੀਤ ਸਿੰਘ, ਪਰਵੀਨ ਕੋਹਲੀ, ਗੁਰਦਿੱਤ ਸਿੰਘ, ਅਮਰ ਨਾਥ ਕਲਿਆਣ, ਸੁੰਦਰ ਰਾਮਗੜ੍ਹ, ਹਰਿੰਦਰ ਪਾਲ, ਲਾਲ ਚੰਦ ਸ਼ਰਮਾ, ਮਨਿੰਦਰ ਸਿੰਘ ਤੇ ਬਿੱਟੂ ਜੈਸੁਖ ਸਮੇਤ ਹੋਰ ਵਰਕਰ ਮੌਜੂਦ ਸਨ।

# ਸ਼ਸ਼ੀ ਗਰਗ ਕਾਂਗਰਸ ਵਪਾਰ ਮੰਡਲ ਦੇ ਪ੍ਰਧਾਨ ਨਿਯੁਕਤ, ਦੁਕਾਨਦਾਰਾਂ ਵੱਲੋਂ ਸਨਮਾਨ

**ਬਾਘਾ ਪੁਰਾਣਾ (ਮਨੀ ਸਿੰਗਲਾ)**

ਕਾਂਗਰਸ ਪਾਰਟੀ ਵੱਲੋਂ ਸੰਗਠਨ ਨੂੰ ਹੋਰ ਮਜ਼ਬੂਤ ਕਰਨ ਦੇ ਮੰਤਵ ਨਾਲ ਕੀਤੀਆਂ ਜਾ ਰਹੀਆਂ ਨਿਯੁਕਤੀਆਂ ਤਹਿਤ ਹਲਕਾ ਬਾਘਾ ਪੁਰਾਣਾ ਦੇ ਕਾਂਗਰਸ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਨੇ ਕਾਂਗਰਸ ਹਾਈ ਕਮਾਂਡ ਤੇ ਜ਼ਿਲ੍ਹਾ ਕਾਂਗਰਸ ਪ੍ਰਧਾਨ ਹਰੀ ਸਿੰਘ ਖਾਈ ਦੀ ਸਹਿਮਤੀ ਨਾਲ ਸ਼ਸ਼ੀ ਗਰਗ ਨੂੰ ਕਾਂਗਰਸ ਪਾਰਟੀ ਦੇ ਵਪਾਰ ਮੰਡਲ ਦਾ ਪ੍ਰਧਾਨ ਨਿਯੁਕਤ ਕੀਤਾ ਹੈ।ਇਸ ਨਿਯੁਕਤੀ ਦੀ ਖ਼ਬਰ ਮਿਲਦਿਆਂ ਹੀ ਵਪਾਰੀਆਂ ਤੇ ਕਾਂਗਰਸੀ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਇਸ ਮੌਕੇ ਬਾਬਾ ਜੀਵਨ ਸਿੰਘ ਚੌਕ, ਨਿਹਾਲ ਸਿੰਘ ਵਾਲਾ ਰੋਡ ਵਿਖੇ ਸਮੂਹ ਦੁਕਾਨਦਾਰਾਂ ਵੱਲੋਂ ਇੱਕ ਸਾਦੇ ਪਰ ਪ੍ਰਭਾਵਸ਼ਾਲੀ ਸਮਾਗਮ ਦਾ ਆਯੋਜਨ ਕਰਕੇ ਨਵ-ਨਿਯੁਕਤ ਪ੍ਰਧਾਨ ਸ਼ਸ਼ੀ ਗਰਗ ਦਾ ਫੁੱਲਾਂ ਦੇ ਹਾਰ ਪਾ ਕੇ ਤੇ ਸਿਰੋਪਾ ਭੇਟ ਕਰਕੇ ਵਿਸ਼ੇਸ਼ ਸਨਮਾਨ ਕੀਤਾ ਗਿਆ।ਹਾਜ਼ਰ ਵਪਾਰੀਆਂ ਨੇ ਉਨ੍ਹਾਂ ਨੂੰ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੰਦਿਆਂ ਆਸ ਪ੍ਰਗਟਾਈ ਕਿ ਉਹ ਵਪਾਰੀਆਂ ਦੀਆਂ ਸਮੱਸਿਆਵਾਂ ਨੂੰ ਪਾਰਟੀ ਤੇ ਸਰਕਾਰ ਤੱਕ ਪ੍ਰਭਾਵਸ਼ਾਲੀ ਢੰਗ ਨਾਲ ਪਹੁੰਚਾਉਣ ਲਈ ਯਤਨਸ਼ੀਲ ਰਹਿਣਗੇ।ਇਸ ਮੌਕੇ



ਆਪਣੇ ਸੰਬੋਧਨ ਦੌਰਾਨ ਸ਼ਸ਼ੀ ਗਰਗ ਨੇ ਕਾਂਗਰਸ ਹਾਈ ਕਮਾਂਡ, ਜ਼ਿਲ੍ਹਾ ਪ੍ਰਧਾਨ ਹਰੀ ਸਿੰਘ ਖਾਈ ਤੇ ਹਲਕਾ ਬਾਘਾ ਪੁਰਾਣਾ ਦੇ ਮੁੱਖ ਸੇਵਾਦਾਰ ਜਗਸੀਰ ਸਿੰਘ ਕਾਲੇਕੇ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਉਨ੍ਹਾਂ ਨੂੰ ਦਿੱਤੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਮਿਹਨਤ ਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਵਪਾਰੀਆਂ ਦੇ ਹਿੱਤਾਂ ਦੀ ਰਾਖੀ ਕਰਨਾ ਤੇ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣਾ ਉਨ੍ਹਾਂ ਦੀ ਪਹਿਲ ਹੋਵੇਗੀ।ਉਨ੍ਹਾਂ ਸਮੂਹ ਵਪਾਰੀਆਂ ਵੱਲੋਂ ਦਿੱਤੇ ਗਏ ਸਨਮਾਨ ਲਈ ਵੀ ਦਿਲੋਂ ਧੰਨਵਾਦ ਪ੍ਰਗਟਾਇਆ।ਸਮਾਗਮ ਦੌਰਾਨ ਕੇਵਲ ਕ੍ਰਿਸ਼ਨ ਬਾਸਲ, ਸੰਜੀਵ ਕੁਮਾਰ ਬਾਸਲ, ਇਕਬਾਲ ਸਿੰਘ, ਗਗਨ ਬਾਸਲ, ਸਰਵਣ ਕੁਮਾਰ, ਪਵਿੱਤਰ ਸਿੰਘ, ਦਲਜੀਤ ਸਿੰਘ ਜੀਤਾ, ਧੀਰਾ ਸਿੰਘ, ਸਨੀ ਗਰਗ, ਮਨੋਹਰ ਲਾਲ, ਸੰਨੀ ਸਿੰਘ, ਅਜੇ ਗੁੰਬਰ, ਵਰਿੰਦਰ ਗਰਗ, ਜੱਗੀ ਨਥੋਕੇ, ਆਤਮਾ ਸਿੰਘ, ਹਰਪ੍ਰੀਤ ਸਿੰਘ ਤੇ ਸਵਰਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਦੁਕਾਨਦਾਰ ਤੇ ਇਲਾਕੇ ਦੇ ਪਤਵੰਤੇ ਹਾਜ਼ਰ ਸਨ।ਸਮੂਹ ਹਾਜ਼ਰੀਨ ਨੇ ਸ਼ਸ਼ੀ ਗਰਗ ਨੂੰ ਨਵੀਂ ਜ਼ਿੰਮੇਵਾਰੀ ਲਈ ਵਧਾਈ ਦਿੰਦਿਆਂ ਉਨ੍ਹਾਂ ਸਫ਼ਲ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।

## ਜ਼ਿਲ੍ਹਾ ਪਟਿਆਲਾ ਦੇ ਸਾਰੇ ਸਕੂਲ 'ਮਿਸ਼ਨ ਹਰਿਆਲੀ' 'ਚ ਭਾਗ ਲੈਣਗੇ : ਭੁਪਿੰਦਰ ਸਿੰਘ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਵਾਤਾਵਰਨ ਸੰਭਾਲ ਅਤੇ ਹਰਿਆਲੀ ਨੂੰ ਉਤਸ਼ਾਹਿਤ ਕਰਨ ਲਈ ਆਪਣਾ ਪੰਜਾਬ ਫਾਊਂਡੇਸ਼ਨ ਅਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਫੈਪ) ਨੇ 'ਮਿਸ਼ਨ ਹਰਿਆਲੀ-2026' ਦੀ ਸ਼ੁਰੂਆਤ ਕੀਤੀ ਹੈ।ਇਸ ਮੁਹਿਮ ਤਹਿਤ ਪੰਜਾਬ ਭਰ ਦੇ ਸਕੂਲਾਂ ਰਾਹੀਂ 9 ਲੱਖ ਪੌਦੇ ਲਗਾਉਣ ਦਾ ਟੀਚਾ ਰੱਖਿਆ ਗਿਆ ਹੈ।ਫੈਡਰੇਸ਼ਨ ਦੇ ਜ਼ਿਲ੍ਹਾ ਪਟਿਆਲਾ ਦੇ ਪ੍ਰਧਾਨ ਭੁਪਿੰਦਰ ਸਿੰਘ ਦੇਵੀਗੜ੍ਹ ਨੇ ਕਿਹਾ ਕਿ ਮੁਹਿਮ ਦਾ ਉਦੇਸ਼ ਕੇਵਲ ਪੌਦੇ ਲਗਾਉਣਾ ਨਹੀਂ, ਸਗੋਂ ਵਿਦਿਆਰਥੀਆਂ ਅਤੇ ਮਾਪਿਆਂ ਵਿੱਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਅਤੇ ਲਗਾਏ ਪੌਦਿਆਂ ਦੀ ਸੰਭਾਲ ਯਕੀਨੀ ਬਣਾਉਣਾ ਵੀ ਹੈ।ਉਹਨਾਂ ਦੱਸਿਆ ਕਿ ਫਾਊਂਡੇਸ਼ਨ ਪਿਛਲੇ ਕਈ ਸਾਲਾਂ ਤੋਂ ਲੱਖਾਂ ਪੌਦੇ ਲਗਾ ਕੇ ਉਹਨਾਂ ਦੀ ਦੇਖਭਾਲ ਕਰ ਰਹੀ ਹੈ।ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਹੇਠ ਮਿਸ਼ਨ ਤਹਿਤ 5 ਤੋਂ 15 ਜੁਲਾਈ, 2026 ਤੱਕ ਹਰ ਵਿਦਿਆਰਥੀ ਆਪਣੇ ਮਾਪਿਆਂ ਦੇ ਸਹਿਯੋਗ ਨਾਲ ਇੱਕ ਪੌਦਾ ਲਗਾਏਗਾ ਜਦ ਕਿ ਹਰ ਸਕੂਲ ਆਪਣੇ ਕੈਂਪਸ ਜਾਂ ਹੋਰ ਉਚਿਤ ਥਾਵਾਂ 'ਤੇ ਘੱਟੋ-ਘੱਟ 100 ਪੌਦੇ ਲਗਾਏਗਾ।ਸਕੂਲਾਂ ਨੂੰ ਪਹਿਲਾਂ ਹੀ ਟੋਏ ਤਿਆਰ ਕਰਨ ਅਤੇ ਘੱਟੋ-ਘੱਟ ਦੋ ਫੁੱਟ ਉੱਚੇ ਪੌਦੇ ਲਗਾਉਣ ਦੀ ਸਲਾਹ ਦਿੱਤੀ ਗਈ ਹੈ।ਭੁਪਿੰਦਰ ਸਿੰਘ ਦੇਵੀਗੜ੍ਹ ਨੇ ਜ਼ਿਲ੍ਹਾ ਪਟਿਆਲਾ ਦੇ ਸਮੂਹ ਸਕੂਲ ਪ੍ਰਬੰਧਕਾਂ, ਪ੍ਰਿੰਸੀਪਲਾਂ, ਅਧਿਆਪਕਾਂ, ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵੱਧ ਤੋਂ ਵੱਧ ਭਾਗੀਦਾਰੀ ਦੀ ਅਪੀਲ ਕਰਦਿਆਂ ਕਿਹਾ ਕਿ 'ਮਿਸ਼ਨ ਹਰਿਆਲੀ-2026' ਨੂੰ ਲੋਕ ਅੰਦੋਲਨ ਬਣਾਕੇ ਪੰਜਾਬ ਨੂੰ ਹਰਿਆ-ਭਰਿਆ ਅਤੇ ਵਾਤਾਵਰਨ ਪੱਖੋਂ ਹੋਰ ਮਜ਼ਬੂਤ ਬਣਾਇਆ ਜਾ ਸਕਦਾ ਹੈ।

## 30 ਗ੍ਰਾਮ ਹੈਰੋਇਨ ਸਮੇਤ 2 ਗ੍ਰਿਫਤਾਰ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਗਸ਼ਤ ਤੇ ਚੈਕਿੰਗ ਦੌਰਾਨ 2 ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿੱਚੋਂ 30 ਗ੍ਰਾਮ ਹੈਰੋਇਨ ਬਰਾਮਦ ਕਰਕੇ ਉਨ੍ਹਾਂ ਖਿਲਾਫ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਗੁਰਕੰਵਲਜੀਤ ਕੌਰ ਨੇ ਦੱਸਿਆ ਕਿ ਉਨ੍ਹਾਂ ਦੀ ਪੁਲਸ ਪਾਰਟੀ ਗਸ਼ਤ 'ਤੇ ਸੀ ਤਾਂ ਖਾਸ ਮੁਖਬਰ ਨੇ ਇਤਲਾਹ ਦਿੱਤੀ ਕਿ ਕੁਲਦੀਪ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਦੂਲੇਵਾਲਾ ਤੇ ਜਤਿੰਦਰ ਉਰਫ ਪਿੰਦੀ ਪੁੱਤਰ ਸਿਕੰਦਰ ਕੁਮਾਰ ਵਾਸੀ ਹੀਰਾ ਨਗਰ ਬੈਕਸਾਈਡ ਮਾਰਕੀਟ ਦਫਤਰ ਫਿਰੋਜ਼ਪੁਰ ਸ਼ਹਿਰ ਹੈਰੋਇਨ ਵੇਚਣ ਦੇ ਆਦੀ ਹਨ ਤੇ ਅੱਜ ਵੀ ਇਲਾਕੇ ਵਿੱਚ ਹੈਰੋਇਨ ਵੇਚ ਰਹੇ ਹਨ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ 'ਤੇ ਛਾਪੇਮਾਰੀ ਕਰਕੇ ਮੁਲਜ਼ਮ ਕੁਲਦੀਪ ਸਿੰਘ ਤੇ ਜਤਿੰਦਰ ਸਿੰਘ ਉਰਫ ਪਿੰਦੀ ਨੂੰ ਕਾਬੂ ਕਰਕੇ ਉਨ੍ਹਾਂ ਕੋਲੋਂ 30 ਗ੍ਰਾਮ ਹੈਰੋਇਨ ਬਰਾਮਦ ਕੀਤੀ। ਪੁਲਸ ਨੇ ਦੱਸਿਆ ਕਿ ਉਕਤ ਦੋਸ਼ੀਆਨ ਖਿਲਾਫ ਮਾਮਲਾ ਦਰਜ ਕਰ ਲਿਆ ਹੈ।

# ਜਨਰਲ ਮੈਨੇਜਰ ਵੱਲੋਂ ਰੇਲਵੇ ਸਟੇਸ਼ਨਾਂ ਦੇ ਕਾਰਜਾਂ ਦਾ ਨਿਰੀਖਣ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਉੱਤਰ ਰੇਲਵੇ ਦੇ ਜਨਰਲ ਮੈਨੇਜਰ ਰਾਜੇਸ਼ ਕੁਮਾਰ ਪਾਂਡੇ ਵੱਲੋਂ ਅੰਮ੍ਰਿਤਸਰ-ਜਲੰਧਰ ਕੈਂਟ-ਲੁਧਿਆਣਾ ਰੇਲਖੰਡ ਦਾ ਵਿਸਤ੍ਰਿਤ ਨਿਰੀਖਣ ਕੀਤਾ ਗਿਆ। ਇਸ ਰੇਲਖੰਡ ਦੇ ਵਿਚਕਾਰ ਨਿਰੀਖਣ ਯਾਨ ਰਾਹੀਂ ਫੁੱਟਪਲੇਟ ਦੌਰਾਨ ਉਨ੍ਹਾਂ ਨੇ ਬਲਾਕ ਸੈਕਸ਼ਨ ਵਿੱਚ ਰੇਲ ਪੱਥ, ਓ.ਐੱਚ.ਈ., ਰੇਲਵੇ ਯਾਰਡ ਤੇ ਸਿਗਨਲ ਪ੍ਰਣਾਲੀ ਦਾ ਡੂੰਘਾਈ ਨਾਲ ਨਿਰੀਖਣ ਕੀਤਾ ਅਤੇ ਸੁਰੱਖਿਆ ਤੇ ਸੰਚਾਲਨ ਵਿਵਸਥਾਵਾਂ ਦੀ ਸਮੀਖਿਆ ਕੀਤੀ। ਨਾਲ ਹੀ, ਉਨ੍ਹਾਂ ਨੇ ਵੱਖ-ਵੱਖ ਰੇਲਵੇ ਸਟੇਸ਼ਨਾਂ ਤੇ ਸਬੰਧਤ ਬੁਨਿਆਦੀ ਢਾਂਚੇ ਦਾ ਡੂੰਘਾਈ ਨਾਲ ਨਿਰੀਖਣ ਕਰਕੇ ਯਾਤਰੀ ਸਹੂਲਤਾਂ, ਸਵੱਛਤਾ, ਸੁਰੱਖਿਆ ਵਿਵਸਥਾਵਾਂ ਤੇ ਸੰਚਾਲਨ ਕੁਸ਼ਲਤਾ ਦੀ ਸਮੀਖਿਆ ਕੀਤੀ। ਜਨਰਲ ਮੈਨੇਜਰ ਉੱਤਰ ਰੇਲਵੇ ਨੇ ਅੰਮ੍ਰਿਤਸਰ ਰੇਲਵੇ ਸਟੇਸ਼ਨ 'ਤੇ ਰਿਡਵੈਲਪਮੈਂਟ (ਮੁੜ-ਵਿਕਾਸ) ਕਾਰਜਾਂ ਦੀ ਸਮੀਖਿਆ ਕੀਤੀ। ਨਿਰੀਖਣ ਦੌਰਾਨ ਉਨ੍ਹਾਂ ਵੱਖ-ਵੱਖ ਯਾਤਰੀ ਸਹੂਲਤਾਂ ਦਾ ਜਾਇਜ਼ਾ ਲੈਂਦੇ ਹੋਏ ਕਾਰਜਾਂ ਦੀ ਪ੍ਰਗਤੀ ਦਾ ਮੁਲਾਂਕਣ ਕੀਤਾ। ਨਿਰੀਖਣ ਦੌਰਾਨ ਜਨਰਲ ਮੈਨੇਜਰ ਨੇ ਯਾਤਰੀਆਂ ਦੀ ਸਹੂਲਤ ਤੇ ਪਾਰਦਰਸ਼ਤਾ ਨੂੰ ਧਿਆਨ ਵਿੱਚ ਰੱਖਦੇ ਹੋਏ ਡਿਜੀਟਲ ਟਰਾਂਜੈਕਸ਼ਨ ਨੂੰ ਉਤਸ਼ਾਹਤ ਕਰਨ ਦੇ ਨਿਰਦੇਸ਼ ਦਿੱਤੇ। ਜਨਰਲ ਮੈਨੇਜਰ ਨੇ ਜਲੰਧਰ ਕੈਂਟ ਰੇਲਵੇ ਸਟੇਸ਼ਨ ਦੇ ਰਿਡਵੈਲਪਮੈਂਟ ਕਾਰਜਾਂ ਦਾ ਵਿਸਤ੍ਰਿਤ ਨਿਰੀਖਣ ਕੀਤਾ। ਇਸ ਦੌਰਾਨ ਉਨ੍ਹਾਂ ਸਟੇਸ਼ਨ ਦੇ ਦੋਵਾਂ ਪਾਸੇ ਨਵੀਆਂ ਇਮਾਰਤਾਂ, ਵਿਸ਼ਾਲ ਕੋਨਕੋਰਸ, ਕੈਫੇਟੇਰੀਆ, ਪਾਰਕਿੰਗ, ਪਲੇਟਫਾਰਮਾਂ, ਲਿਫਟ, ਐਸਕੇਲੇਟਰ ਤੇ ਫੁੱਟ-ਓਵਰ-ਬ੍ਰਿਜ ਵਰਗੀਆਂ ਵਿਸ਼ਵ-ਪੱਧਰੀ ਯਾਤਰੀ ਸਹੂਲਤਾਂ ਦਾ ਵਿਸਤ੍ਰਿਤ ਅਵਲੋਕਨ ਕੀਤਾ। ਇਸ ਤੋਂ ਇਲਾਵਾ ਉਨ੍ਹਾਂ ਵੇਟਿੰਗ ਹਾਲ, ਬੁਕਿੰਗ ਦਫ਼ਤਰ, ਰਾਖਵਾਂਕਰਨ (ਰਿਜ਼ਰਵੇਸ਼ਨ) ਦਫ਼ਤਰ, ਸਰਕੂਲੇਟਿੰਗ ਏਰੀਆ ਤੇ ਵੱਖ-ਵੱਖ ਯਾਤਰੀ ਸਹੂਲਤਾਂ ਦਾ ਜਾਇਜ਼ਾ ਲਿਆ ਤੇ ਲੁਧਿਆਣਾ ਰੇਲਵੇ ਸਟੇਸ਼ਨ 'ਤੇ ਚੱਲ ਰਹੇ ਰਿਡਵੈਲਪਮੈਂਟ ਕਾਰਜਾਂ ਦੀ ਸਮੀਖਿਆ ਕੀਤੀ। ਨਿਰੀਖਣ ਦੌਰਾਨ ਮੰਡਲ ਰੇਲ ਪ੍ਰਬੰਧਕ ਸੰਜੀਵ ਕੁਮਾਰ ਸਮੇਤ ਸੀਨੀਅਰ ਅਧਿਕਾਰੀ ਤੇ ਹੋਰ ਸਬੰਧਤ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਰਹੇ। ਜਨਰਲ ਮੈਨੇਜਰ ਨੇ ਸਾਰੇ ਅਧਿਕਾਰੀਆਂ ਤੇ ਕਰਮਚਾਰੀਆਂ ਦੇ ਯਤਨਾਂ ਦੀ ਸ਼ਲਾਘਾ ਕਰਦਿਆਂ ਸੇਵਾ ਗੁਣਵੱਤਾ ਵਿੱਚ ਨਿਰੰਤਰ ਸੁਧਾਰ ਲਈ ਪ੍ਰੇਰਿਤ ਕੀਤਾ ਅਤੇ ਜਨਰਲ ਮੈਨੇਜਰ ਨੇ ਯਾਤਰੀਆਂ ਨੂੰ ਸੁਰੱਖਿਅਤ, ਬਿਹਤਰ ਤੇ ਸੁਖਾਲੀਆਂ ਰੇਲ ਸੇਵਾਵਾਂ ਉਪਲਬੱਧ ਕਰਾਉਣ 'ਤੇ ਜ਼ੋਰ ਦਿੱਤਾ।

## ਸੰਧਵਾਂ ਵੱਲੋਂ ਗੁਰੂ ਗੋਬਿੰਦ ਸਿੰਘ ਮੈਡੀਕਲ ਹਸਪਤਾਲ ਦਾ ਅਚਨਚੇਤ ਦੌਰਾ



**ਫ਼ਰੀਦਕੋਟ (ਐਲਿਗਜੈਂਡਰ ਡਿਸੂਜ਼ਾ, ਗੁਰਪ੍ਰੀਤ ਬੇਦੀ)**-ਪੰਜਾਬ ਵਿਧਾਨ ਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਵੱਲੋਂ ਬੀਤੀ ਸ਼ਾਮ ਸਥਾਨਕ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਦੇ ਐਮਰਜੈਂਸੀ ਵਾਰਡ ਦਾ ਅਚਨਚੇਤ ਦੌਰਾ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਨੇ ਉੱਥੇ ਦਾਖਲ ਮਰੀਜ਼ਾਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਜਾਣਿਆ ਅਤੇ ਹਸਪਤਾਲ ਵੱਲੋਂ ਮਿਲ ਰਹੀਆਂ ਸਹੂਲਤਾਂ ਬਾਰੇ ਫੀਡਬੈਕ ਲਈ।ਇਸ ਮੌਕੇ ਗੱਲਬਾਤ ਕਰਦਿਆਂ ਸਪੀਕਰ ਸ. ਸੰਧਵਾਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਵਧੀਆ ਅਤੇ ਆਸਾਨ ਸਿਹਤ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਕਲੀਨਿਕ ਜਿੱਥੇ ਇੱਕ ਪਾਸੇ 'ਆਮ ਆਦਮੀ ਕਲੀਨਿਕਾਂ' ਰਾਹੀਂ ਆਮ ਲੋਕਾਂ ਨੂੰ ਘਰਾਂ ਦੇ ਨੇੜੇ ਮੁਫ਼ਤ ਅਤੇ ਉੱਚ ਦਰਜੇ ਦੀਆਂ ਸਿਹਤ ਸੇਵਾਵਾਂ ਮਿਲ ਰਹੀਆਂ ਹਨ, ਉੱਥੇ ਹੀ ਦੂਜੇ ਪਾਸੇ ਵੱਡੇ ਮੈਡੀਕਲ ਸੰਸਥਾਨਾਂ ਦੇ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਸਿਹਤ ਬੀਮਾ ਯੋਜਨਾ ਤਹਿਤ ਲੋਕਾਂ ਨੂੰ 10 ਲੱਖ ਰੁਪਏ ਤੱਕ ਦਾ ਮੁਫ਼ਤ ਇਲਾਜ ਉਪਲਬਧ ਕਰਵਾਇਆ ਗਿਆ ਹੈ, ਜੋ ਕਿ ਇੱਕ ਇਤਿਹਾਸਕ ਕਦਮ ਹੈ।ਉਨ੍ਹਾਂ ਕਿ ਕਿ ਗੁਰੂ ਗੋਬਿੰਦ ਸਿੰਘ ਮੈਡੀਕਲ ਕਾਲਜ ਅਤੇ ਹਸਪਤਾਲ ਨੂੰ ਹਰ ਪੱਖੋਂ ਆਧੁਨਿਕ ਬੁਨਿਆਦੀ ਸਹੂਲਤਾਂ ਨਾਲ ਲੈੱਸ ਕੀਤਾ ਗਿਆ ਹੈ। ਫ਼ਰੀਦਕੋਟ ਅਤੇ ਆਸ-ਪਾਸ ਦੇ ਵੱਡੀ ਗਿਣਤੀ ਇਲਾਕਿਆਂ ਦੇ ਲੋਕ ਇੱਥੇ ਇਲਾਜ ਲਈ ਆਉਂਦੇ ਹਨ, ਇਸ ਲਈ ਸਿਹਤ ਸੇਵਾਵਾਂ ਵਿੱਚ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।

# ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤੀ) ਦੀ ਛਾਜਲੀ ਵਿਖੇ ਪਲੇਠੀ ਮੀਟਿੰਗ

**ਦਿੜਬਾ (ਜਸਵੀਰ ਲਾਡੀ)**-ਇੱਥੋਂ ਨੇੜਲੇ ਪਿੰਡ ਛਾਜਲੀ ਦੇ ਗੁਰਦੁਆਰਾ ਸ੍ਰੀ ਸੰਗਤਸਰ ਵਿਖੇ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤੀ) ਦੇ ਸਰਕਲ ਜਥੇਦਾਰ ਬਿਕਰਮਜੀਤ ਸਿੰਘ ਵਿੱਕੀ ਦੀ ਅਗਵਾਈ ਹੇਠ ਪਲੇਠੀ ਮੀਟਿੰਗ ਕੀਤੀ ਗਈ, ਜਿਸ ਦਾ ਮੁੱਖ ਮੁੱਦਾ ਪਾਰਟੀ ਦੀ ਮਜ਼ਬੂਤੀ ਦਾ ਰੱਖਿਆ ਗਿਆ।ਪਾਰਟੀ ਦੇ ਸੀਨੀਅਰ ਆਗੂ ਸੁਖਜਿੰਦਰ ਸਿੰਘ ਸਿੰਦੜਾ ਨੇ ਆਪਣੀ ਜ਼ਿੰਦਗੀ ਦਾ ਬਹੁਤਾ ਹਿੱਸਾ ਪਾਰਟੀ ਲੇਖੇ ਲਾਉਣ ਬਾਰੇ ਦੱਸਿਆ ਕਿ ਕਿਸੇ ਤਰ੍ਹਾਂ ਪਾਰਟੀ ਨੇ ਆਗੂ ਮਹਰੂਮ ਆਗੂ ਸੁਖਦੇਵ ਸਿੰਘ ਢੀਂਡਸਾ ਕਿਸ ਤਰ੍ਹਾਂ ਉਨ੍ਹਾਂ ਦੀ ਮਿਹਨਤ ਦਾ ਮੁੱਲ ਤਾਰਦੇ ਰਹੇ ਹਨ, ਅੱਗੇ ਤੋਂ ਪਰਮਿੰਦਰ ਸਿੰਘ ਢੀਂਡਸਾ ਵੀ ਉਸ ਲਾਇਨ 'ਤੇ ਚੱਲ ਰਹੇ ਹਨ।ਉਨ੍ਹਾਂ ਪਾਰਟੀ ਵਰਕਰਾਂ ਨੂੰ ਮਿਹਨਤ ਤੇ ਲਗਨ ਨਾਲ ਕੰਮ ਕਰਨ ਲਈ ਪ੍ਰੇਰਿਆ।ਜ਼ਿਲ੍ਹਾ ਜਥੇਦਾਰ ਸ੍ਰ. ਰਾਮਪਾਲ ਸਿੰਘ ਬਹਿਣੀਵਾਲ ਨੇ ਆਪਣੇ ਵੱਖ ਵੱਖ ਅਹੁਦਿਆਂ 'ਤੇ ਹੁੰਦੇ ਹੋਏ ਆਪਣੇ ਤਜਰਬੇ ਸਾਂਝੇ ਕੀਤੇ ਤੇ ਵਰਕਰਾਂ ਨੂੰ ਪਾਰਟੀ ਦੀ ਮਜ਼ਬੂਤੀ ਲਈ ਹਰ ਤਰ੍ਹਾਂ ਦੇ ਯਤਨ ਕਰਨੇ ਚਾਹੀਦੇ ਹਨ ਤਾਂ ਜੋ ਪਾਰਟੀ ਆਉਣ 2027 ਦੀ ਵਿਧਾਨ ਸਭਾ ਦੀ ਚੋਣ ਨੂੰ ਪੱਕੇ



ਪੈਰੀਂ ਹੋ ਕੇ ਆਪਣੇ ਉਮੀਦਵਾਰ ਚੋਣ ਮੈਦਾਨ ਵਿੱਚ ਉਤਾਰ ਸਕੇ।ਛਾਜਲੀ ਸਰਕਲ ਦੇ ਜਥੇਦਾਰ ਬਿਕਰਮਜੀਤ ਸਿੰਘ ਵਿੱਕੀ ਨੇ ਕਿਹਾ ਕਿ ਅੱਜ ਦੀ ਇਹ ਮੀਟਿੰਗ ਪਾਰਟੀ ਦੇ ਜਥੇਬੰਦਕ ਢਾਂਚੇ ਨੂੰ ਮਜ਼ਬੂਤ ਕਰਨ ਲਈ ਬੂਥ ਲੇਬਲ ਕਮੇਟੀਆਂ, ਸਰਕਲ ਤੇ ਜ਼ਿਲ੍ਹਾ ਜਥੇਬੰਦਕ ਕਮੇਟੀਆਂ ਵਿੱਚੋਂ ਯੋਗ ਵਰਕਰਾਂ ਦੀ ਅਗਵਾਈ ਹੇਠ ਪਾਰਟੀ ਨੀਤੀਆਂ ਨੂੰ ਘਰ-ਘਰ ਪਹੁੰਚਾਉਣ ਦੀ ਜ਼ਿੰਮੇਵਾਰੀ ਸੌਂਪਣ ਲਈ ਕੀਤੀ ਗਈ ਤਾਂ ਕਿ ਪਾਰਟੀ ਨੂੰ ਹੋਰ ਮਜ਼ਬੂਤੀ ਨਾਲ ਅੱਗੇ ਵਧਾ ਕੇ ਪਾਰਟੀ ਦੇ ਘੇਰੇ ਨੂੰ ਹੋਰ ਵਿਸ਼ਾਲ ਕੀਤਾ ਜਾਵੇ।ਪਾਰਟੀ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਤੇ ਸੀਨੀਅਰ ਮੀਤ ਪ੍ਰਧਾਨ ਪਰਮਿੰਦਰ ਸਿੰਘ ਢੀਂਡਸਾ ਦੀ ਦਿਸ਼ਾ-ਨਿਰਦੇਸ਼ ਹੇਠ ਪਾਰਟੀ ਦੇ ਹਰ ਇਮਾਨਦਾਰ ਤੇ ਮਿਹਨਤੀ ਵਰਕਰ ਨੂੰ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ।ਇਸ ਮੌਕੇ ਜਥੇਦਾਰ ਭਰਭੂਰ ਸਿੰਘ ਕੌਮੀ ਜਥੇਬੰਦਕ ਸੱਕਤਰ, ਬਾਬਾ ਕਰਮ ਸਿੰਘ ਸੰਗਤੀਵਾਲਾ, ਮੁਖਤਿਆਰ ਸਿੰਘ ਸਿੱਧੂ ਪ੍ਰਧਾਨ ਕੋ-ਅਪ੍ਰੇਟਿਵ ਸੁਸਾਇਟੀ ਛਾਜਲੀ, ਗੁਰਸੇਵਕ ਸਿੰਘ ਧਾਲੀਵਾਲ, ਸਿੰਦਰਪਾਲ ਸਿੰਘ ਸੂਚ, ਸੁਰਿੰਦਰ ਸਿੰਘ (ਸ਼ਿੰਦਾ ਧਾਲੀਵਾਲ), ਬਲਵਿੰਦਰ ਸਿੰਘ ਛਾਜਲਾ, ਮਾਸਟਰ ਰਣਜੀਤ ਸਿੰਘ ਛਾਜਲਾ ਜਥੇਬੰਦਕ ਸੱਕਤਰ, ਮਾਸਟਰ ਦਰਬਾਰਾ ਸਿੰਘ ਛਾਜਲੀ, ਦਰਸ਼ਨ ਸਿੰਘ ਢੋਟ ਆਦਿ ਹਾਜ਼ਰ ਸਨ।

# ਅਮਨਦੀਪ ਹਸਪਤਾਲ-ਉਜਾਲਾ ਸਿਗਨਸ ਵੱਲੋਂ ਡਾਕਟਰਾਂ ਦੇ ਸਨਮਾਨ 'ਚ ਵਿਸ਼ੇਸ਼ ਸਮਾਗਮ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਮਰੀਜ਼ਾਂ ਦੀ ਨਿਰੰਤਰ ਸੇਵਾ ਤੇ ਸਿਹਤ ਖੇਤਰ ਵਿੱਚ ਵਿਲੱਖਣ ਯੋਗਦਾਨ ਪਾਉਣ ਵਾਲੇ ਡਾਕਟਰਾਂ ਦੇ ਸਨਮਾਨ ਲਈ ਅਮਨਦੀਪ ਹਸਪਤਾਲ ਫਿਰੋਜ਼ਪੁਰ ਵੱਲੋਂ ਉਜਾਲਾ ਸਿਗਨਸ ਦੇ ਸਹਿਯੋਗ ਨਾਲ ਵਿਸ਼ੇਸ਼ ਡਾਕਟਰਜ਼ ਐਪਰੀਸੀਏਸ਼ਨ ਸਮਾਗਮ ਕਰਵਾਇਆ ਗਿਆ। ਇਸ ਮੌਕੇ ਹਸਪਤਾਲ ਦੇ ਡਾਕਟਰਾਂ ਦੀ ਨਿਸ਼ਠਾ, ਸਮਰਪਣ ਤੇ ਮਨੁੱਖਤਾ ਭਰੀ ਸੇਵਾ ਨੂੰ ਸਲਾਮ ਕੀਤਾ ਗਿਆ। ਸਮਾਗਮ ਦੀ ਸ਼ੁਰੂਆਤ ਵੱਖ-ਵੱਖ ਵਿਭਾਗਾਂ ਦੇ ਮਾਹਰ ਡਾਕਟਰਾਂ ਦੇ ਨਿੱਘੇ ਸਵਾਗਤ ਨਾਲ ਹੋਈ।

ਵਿਸ਼ੇਸ਼ ਥੀਮ ਵਾਲੇ ਫੋਟੋ ਬੂਥ 'ਤੇ ਡਾਕਟਰਾਂ ਦਾ ਸਨਮਾਨ ਕੀਤਾ ਗਿਆ ਤੇ 'ਥੈਂਕ ਯੂ' ਬੈਜ ਲਗਾ ਕੇ ਉਨ੍ਹਾਂ ਦੀਆਂ ਸੇਵਾਵਾਂ ਪ੍ਰਤੀ ਧੰਨਵਾਦ ਪ੍ਰਗਟਾਇਆ ਗਿਆ। ਅਮਨਦੀਪ ਹਸਪਤਾਲ ਫਿਰੋਜ਼ਪੁਰ ਦੇ ਫੈਸਿਲਿਟੀ ਡਾਇਰੈਕਟਰ ਡਾ. ਅਭਿਸ਼ੇਕ ਅਰੋੜਾ ਨੇ ਕਿਹਾ ਕਿ ਡਾਕਟਰ ਹਸਪਤਾਲ ਦੀ ਅਸਲ ਤਾਕਤ ਹਨ ਤੇ ਇਹ ਸਮਾਗਮ ਉਨ੍ਹਾਂ ਪ੍ਰਤੀ ਸਤਿਕਾਰ ਤੇ ਸ਼ੁਕਰਾਨਾ ਪ੍ਰਗਟ



ਕਰਨ ਦਾ ਇੱਕ ਨਿਮਾਣਾ ਜਿਹਾ ਯਤਨ ਹੈ। ਉਨ੍ਹਾਂ ਕਿਹਾ ਕਿ ਡਾਕਟਰ ਹਰ ਰੋਜ਼ ਆਪਣੀ ਮਿਹਨਤ ਤੇ ਸਮਰਪਣ ਨਾਲ ਅਣਗਿਣਤ ਮਰੀਜ਼ਾਂ ਨੂੰ ਨਵੀਂ ਜ਼ਿੰਦਗੀ ਦੇ ਰਹੇ ਹਨ। ਇਸ ਦੌਰਾਨ ਡਾਕਟਰਾਂ ਲਈ ਡੰਬ ਸ਼ਰਾਡਜ਼, ਕੱਪ ਸਟੈਕਿੰਗ ਤੇ ਚਾਈਨੀਜ਼ ਵਿਸਪਰਜ਼ ਵਰਗੀਆਂ ਮਨੋਰੰਜਕ ਗਤੀਵਿਧੀਆਂ ਵੀ ਕਰਵਾਈਆਂ ਗਈਆਂ। ਡਾਕਟਰਾਂ ਨੇ ਆਪਣੇ ਪੇਸ਼ੇ ਨਾਲ ਜੁੜੇ ਦਿਲਚਸਪ ਤਜਰਬੇ ਵੀ ਸਾਂਝੇ ਕੀਤੇ। ਸਮਾਗਮ ਦਾ ਮੁੱਖ ਆਕਰਸ਼ਣ ਐਵਾਰਡ ਵੰਡ ਸਮਾਰੋਹ ਰਿਹਾ, ਜਿਸ ਵਿੱਚ ਵੱਖ-ਵੱਖ ਵਿਭਾਗਾਂ ਦੇ ਡਾਕਟਰਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨਤ ਕੀਤਾ ਗਿਆ। ਇਸ ਤੋਂ ਬਾਅਦ ਇੱਕ ਵਿਸ਼ੇਸ਼ ਵੀਡੀਓ ਰਾਹੀਂ ਅਮਨਦੀਪ ਹਸਪਤਾਲ ਦੇ ਸਫ਼ਰ ਤੇ ਫਿਰੋਜ਼ਪੁਰ ਸਮੇਤ ਆਸ-ਪਾਸ ਦੇ ਖੇਤਰਾਂ ਵਿੱਚ ਹਜ਼ਾਰਾਂ ਮਰੀਜ਼ਾਂ ਦੀ ਜ਼ਿੰਦਗੀ 'ਚ ਲਿਆਂਦੇ ਸਕਾਰਾਤਮਕ ਬਦਲਾਅ ਨੂੰ ਦਰਸਾਇਆ ਗਿਆ। ਸਮਾਗਮ ਦੇ ਅੰਤ ਵਿੱਚ ਡਾ. ਅਭਿਸ਼ੇਕ ਅਰੋੜਾ ਨੇ ਸਾਰੇ ਡਾਕਟਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਸਪਤਾਲ ਭਵਿੱਖ ਵਿੱਚ ਵੀ ਆਧੁਨਿਕ ਤਕਨੀਕ, ਉੱਚ ਪੱਧਰੀ ਸਹੂਲਤਾਂ ਤੇ ਵਧੀਆ ਕਾਰਜ ਮਾਹੌਲ ਮੁਹੱਈਆ ਕਰਵਾਉਣ ਲਈ ਵਚਨਬੱਧ ਰਹੇਗਾ। ਸਮਾਗਮ ਦਾ ਸਮਾਪਨ ਕੇਕ ਕੱਟ ਕੇ ਕੀਤਾ ਗਿਆ।

## ਲੋਕਾਂ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣਾ ਤੇ ਸਮੱਸਿਆਵਾਂ ਹੱਲ ਕਰਨਾ ਪੰਜਾਬ ਸਰਕਾਰ ਦਾ ਮੁੱਖ ਉਦੇਸ਼ : ਡਾ. ਅਰੋੜਾ




ਮੋਗਾ, (ਇਕਬਾਲ ਸਿੰਘ ਖਹਿਰਾ)-ਆਮ ਆਦਮੀ ਪਾਰਟੀ ਦੀ ਹਲਕਾ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਦੀ ਅਗਵਾਈ ਹੇਠ ਵਾਰਡ ਨੰਬਰ 45 ਵਿੱਚ ਸਾਬਕਾ ਕੌਂਸਲਰ ਮਨਦੀਪ ਕੌਰ ਦੇ ਨਾਲ ਲੋਕ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ।ਇਸ ਦੌਰਾਨ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਤੇ ਸੰਬੰਧਤ ਅਧਿਕਾਰੀਆਂ ਨਾਲ ਵਿਚਾਰ-ਵਟਾਂਦਰਾ ਕਰਕੇ ਉਨ੍ਹਾਂ ਦੇ ਜਲਦ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਦਿੱਤੇ।ਇਸ ਮੌਕੇ ਵਿਧਾਇਕ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਦਾ ਮੁੱਖ ਉਦੇਸ਼ ਲੋਕਾਂ ਦੇ ਘਰ-ਘਰ ਤੱਕ ਸਰਕਾਰੀ ਸਹੂਲਤਾਂ ਪਹੁੰਚਾਉਣਾ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਮੌਕੇ 'ਤੇ ਹੀ ਹੱਲ ਕਰਨਾ ਹੈ।ਲੋਕ ਮਿਲਣੀ ਪ੍ਰੋਗਰਾਮ ਇਸੇ ਸੋਚ ਦਾ ਹਿੱਸਾ ਹਨ ਤਾਂ ਜੋ ਆਮ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਨਾ ਕੱਟਣੇ ਪੈਣ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਸਿੱਖਿਆ, ਸਿਹਤ, ਰੁਜ਼ਗਾਰ, ਮਹਿਲਾ ਸਸ਼ਕਤੀਕਰਨ ਤੇ ਬੁਨਿਆਦੀ ਸਹੂਲਤਾਂ ਦੇ ਖੇਤਰ ਵਿੱਚ ਲਗਾਤਾਰ ਵਿਕਾਸ ਕਾਰਜ ਕਰ ਰਹੀ ਹੈ।ਸਰਕਾਰ ਦੀਆਂ ਲੋਕ ਭਲਾਈ ਯੋਜਨਾਵਾਂ ਦਾ ਲਾਭ ਹਰ ਲੋੜਵੰਦ ਤੱਕ ਪਹੁੰਚਾਇਆ ਜਾ ਰਿਹਾ ਹੈ ਤੇ ਆਉਣ ਵਾਲੇ ਸਮੇਂ ਵਿੱਚ ਵਿਕਾਸ ਕਾਰਜਾਂ ਨੂੰ ਹੋਰ ਤੇਜ਼ੀ ਦਿੱਤੀ ਜਾਵੇਗੀ।ਲੋਕ ਮਿਲਣੀ ਦੌਰਾਨ ਵਿਧਾਇਕ ਨੇ ਵਾਰਡ ਵਾਸੀਆਂ ਨਾਲ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੇ ਜਨ-ਹਿਤ ਯੋਜਨਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ ਅਤੇ ਲੋਕਾਂ ਤੋਂ ਸੁਝਾਅ ਵੀ ਪ੍ਰਾਪਤ ਕੀਤੇ।ਇਸ ਮੌਕੇ ਮੋਗਾ ਨਗਰ ਨਿਗਮ ਦੀ ਮੇਅਰ ਵਿਨੈ ਪਾਲ ਕੌਰ, ਪ੍ਰਧਾਨ ਜਗਦੀਪ ਸਿੰਘ ਜੱਗੂ, ਸਾਬਕਾ ਕੌਂਸਲਰ ਜਸਵਿੰਦਰ ਸਿੰਘ ਕਾਕਾ, ਬਲਾਕ ਪ੍ਰਧਾਨ ਰਾਕੇਸ਼ ਮਿੱਡਾ, ਸਾਹਿਲ ਜਿੰਦਲ, ਆਤਮਾ ਸਿੰਘ ਨੇਤਾ ਤੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਹਾਜ਼ਰ ਸਨ।

## ਆਪਣਾ ਪੰਜਾਬ ਫਾਊਂਡੇਸ਼ਨ ਤੇ ਫੈਡਰੇਸ਼ਨ ਵੱਲੋਂ 'ਮਿਸ਼ਨ ਹਰਿਆਲੀ-2026' ਦੀ ਸ਼ੁਰੂਆਤ



ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ, ਸੁਖਦੇਵ ਧੂਰੀ)-ਵਾਤਾਵਰਨ ਸੰਭਾਲ ਤੇ ਹਰਿਆਲੀ ਨੂੰ ਉਤਸ਼ਾਹਤ ਕਰਨ ਲਈ ਆਪਣਾ ਪੰਜਾਬ ਫਾਊਂਡੇਸ਼ਨ ਤੇ ਫੈਡਰੇਸ਼ਨ ਆਫ ਪ੍ਰਾਈਵੇਟ ਸਕੂਲਜ਼ ਐਂਡ ਐਸੋਸੀਏਸ਼ਨਜ਼ ਆਫ ਪੰਜਾਬ (ਫੈਪ) ਨੇ 'ਮਿਸ਼ਨ ਹਰਿਆਲੀ-2026' ਦੀ ਸ਼ੁਰੂਆਤ ਕੀਤੀ ਹੈ।ਇਸ ਮੁਹਿੰਮ ਤਹਿਤ ਪੰਜਾਬ ਭਰ ਦੇ ਸਕੂਲਾਂ ਰਾਹੀਂ 9 ਲੱਖ ਪੌਦੇ ਲਗਾਉਣ ਦਾ ਟੀਚਾ ਰੱਖਿਆ ਗਿਆ ਹੈ।ਫਾਊਂਡੇਸ਼ਨ ਦੇ ਸੰਸਥਾਪਕ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਕਿਹਾ ਕਿ ਮੁਹਿੰਮ ਦਾ ਉਦੇਸ਼ ਕੇਵਲ ਪੌਦੇ ਲਗਾਉਣਾ ਨਹੀਂ, ਸਗੋਂ ਵਿਦਿਆਰਥੀਆਂ ਤੇ ਮਾਪਿਆਂ ਵਿੱਚ ਵਾਤਾਵਰਨ ਪ੍ਰਤੀ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕਰਨਾ ਤੇ ਲਗਾਏ ਪੌਦਿਆਂ ਦੀ ਸੰਭਾਲ ਯਕੀਨੀ ਬਣਾਉਣਾ ਵੀ ਹੈ।ਉਨ੍ਹਾਂ ਦੱਸਿਆ ਕਿ ਫਾਊਂਡੇਸ਼ਨ ਪਿਛਲੇ ਕਈ ਸਾਲਾਂ ਤੋਂ ਲੱਖਾਂ ਪੌਦੇ ਲਗਾ ਕੇ ਉਨ੍ਹਾਂ ਦੀ ਦੇਖਭਾਲ ਕਰ ਰਹੀ ਹੈ। ਮਿਸ਼ਨ ਤਹਿਤ 5 ਤੋਂ 15 ਜੁਲਾਈ 2026 ਤੱਕ ਹਰ ਵਿਦਿਆਰਥੀ ਆਪਣੇ ਮਾਪਿਆਂ ਦੇ ਸਹਿਯੋਗ ਨਾਲ ਇੱਕ ਪੌਦਾ ਲਗਾਏਗਾ, ਜਦਕਿ ਹਰ ਸਕੂਲ ਆਪਣੇ ਕੈਂਪਸ ਜਾਂ ਹੋਰ ਉਚਿਤ ਥਾਵਾਂ 'ਤੇ ਘੱਟੋ-ਘੱਟ 100 ਪੌਦੇ ਲਗਾਏਗਾ।ਮੁਹਿੰਮ ਦੀ ਪਾਰਦਰਸ਼ਤਾ ਲਈ ਵਿਦਿਆਰਥੀ ਆਪਣੇ ਲਗਾਏ ਪੌਦੇ ਦੀ ਤਸਵੀਰ ਅਤੇ ਸਥਾਨ ਦੀ ਜਾਣਕਾਰੀ ਨਿਰਧਾਰਿਤ ਪੋਰਟਲ 'ਤੇ ਅਪਲੋਡ ਕਰਨਗੇ। ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਪ੍ਰਸੰਸਾ ਪੱਤਰ ਦਿੱਤੇ ਜਾਣਗੇ, ਜਦਕਿ ਸਕੂਲਾਂ ਨੂੰ ਅੰਦਰੂਨੀ ਮੁਲਾਂਕਣ ਵਿੱਚ ਅੰਕ ਦੇਣ ਤੇ ਪੌਦਿਆਂ ਦੀ ਲਗਾਤਾਰ ਸੰਭਾਲ ਲਈ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨ ਲਈ ਕਿਹਾ ਗਿਆ ਹੈ।

## ਵਿਧਾਇਕ ਕੋਹਲੀ ਨੇ ਅਰਵਿੰਦ ਕੇਜਰੀਵਾਲ ਨਾਲ ਕੀਤੀ ਮੁਲਾਕਾਤ

### ਪਟਿਆਲਾ ਸ਼ਹਿਰ ਦੀ ਰਾਜਸੀ ਸਥਿਤੀ ਬਾਰੇ ਹੋਈ ਚਰਚਾ

ਪਟਿਆਲਾ (ਰਾਜਿੰਦਰ ਸਿੰਘ ਥਿੰਦ)-ਪਟਿਆਲਾ ਸ਼ਹਿਰ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਾਰਟੀ ਦੇ ਰਾਸ਼ਟਰੀ ਕਨਵੀਨਰ ਅਰਵਿੰਦ ਕੇਜਰੀਵਾਲ ਨਾਲ ਇੱਕ ਅਹਿਮ ਮੁਲਾਕਾਤ ਕੀਤੀ।ਇਸ ਦੌਰਾਨ ਪਟਿਆਲਾ ਸ਼ਹਿਰ ਦੀ ਮੌਜੂਦਾ ਰਾਜਸੀ ਸਥਿਤੀ ਤੇ ਵਿਕਾਸ ਕਾਰਜਾਂ ਨੂੰ ਲੈ ਕੇ ਵਿਸਥਾਰਪੂਰਵਕ ਚਰਚਾ ਹੋਈ।ਵਿਧਾਇਕ ਕੋਹਲੀ ਨੇ ਪਾਰਟੀ ਸੁਪਰੀਮੋ ਨੂੰ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਹਲਕੇ ਵਿੱਚ ਹੋਏ ਕੰਮਾਂ ਤੇ ਵੱਖ-ਵੱਖ ਮੁੱਦਿਆਂ 'ਤੇ ਅਧਾਰਤ ਇੱਕ ਵਿਸ਼ੇਸ਼ ਰਿਪੋਰਟ ਸੌਂਪੀ।ਅਰਵਿੰਦ ਕੇਜਰੀਵਾਲ ਜੁਲਾਈ ਮਹੀਨੇ ਵਿੱਚ ਪਟਿਆਲਾ ਆਉਣਗੇ ਤੇ ਸ਼ਹਿਰ ਨੂੰ ਵੱਡੇ ਤੋਹਫ਼ੇ ਵੀ ਦੇ ਕੇ ਜਾਣਗੇ।ਇਸ ਮੁਲਾਕਾਤ ਦੌਰਾਨ ਵਿਧਾਇਕ ਕੋਹਲੀ ਨੇ ਦੱਸਿਆ ਕਿ ਉਨ੍ਹਾਂ ਪਟਿਆਲਾ ਸ਼ਹਿਰ ਦੇ ਸਰਬਪੱਖੀ ਵਿਕਾਸ ਲਈ ਕੀਤੇ ਗਏ ਕੰਮਾਂ ਬਾਰੇ ਬਰੀਕੀ ਨਾਲ ਜਾਣਕਾਰੀ ਸਾਂਝੀ ਕੀਤੀ।ਅਰਵਿੰਦ ਕੇਜਰੀਵਾਲ ਨੇ ਪਟਿਆਲਾ ਵਿੱਚ ਚੱਲ ਰਹੇ ਵਿਕਾਸ ਕਾਰਜਾਂ 'ਤੇ ਪੂਰਨ ਸੰਤੁਸ਼ਟੀ ਪ੍ਰਗਟਾਈ।



ਮੀਟਿੰਗ ਤੋਂ ਬਾਅਦ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਕਿਹਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਅਰਵਿੰਦ ਕੇਜਰੀਵਾਲ ਤੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਪਾਰਟੀ ਦਾ ਗ੍ਰਾਫ਼ ਬਹੁਤ ਉੱਚਾ ਗਿਆ ਹੈ।ਉਨ੍ਹਾਂ ਦਾਅਵਾ ਕੀਤਾ ਕਿ ਆਮ ਆਦਮੀ ਪਾਰਟੀ ਆਪਣੇ ਕੀਤੇ ਹੋਏ ਸਾਰੇ ਵੱਡੇ ਵਾਅਦੇ ਪੂਰੇ ਕਰ ਚੁੱਕੀ ਹੈ ਤੇ ਮਹਿਲਾਵਾਂ ਨੂੰ ਮਹੀਨਾਵਾਰ ਰਾਸ਼ੀ ਦਾ ਵਾਅਦਾ ਵੀ ਪੂਰਾ ਕਰ ਦਿੱਤਾ ਹੈ।ਉਨ੍ਹਾ ਕਿਹਾ ਕਿ ਕਾਂਗਰਸ, ਭਾਜਪਾ ਤੇ ਸ਼੍ਰੋਮਣੀ ਅਕਾਲੀ ਦਲ ਵਰਗੀਆਂ ਪਾਰਟੀਆਂ ਹੁਣ ਸਿਆਸੀ ਲੀਹ ਤੋਂ ਲੱਥ ਚੁੱਕੀਆਂ ਹਨ।ਪੰਜਾਬ ਦੇ ਲੋਕ ਇਹ ਚੰਗੀ ਤਰ੍ਹਾਂ ਸਮਝ ਚੁੱਕੇ ਹਨ ਕਿ ਸਿਰਫ਼ ਆਮ ਆਦਮੀ ਪਾਰਟੀ ਹੀ ਸੂਬੇ ਦਾ ਅਸਲ ਵਿਕਾਸ ਕਰ ਸਕਦੀ ਹੈ।

## ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਲੀਡਰਸ਼ਿਪ ਸਿਖਰ ਸੰਮੇਲਨ




ਮੰਡੀ ਗੋਬਿੰਦਗੜ੍ਹ, (ਪ੍ਰਮੋਦ ਭਾਰਦਵਾਜ)-ਦੇਸ਼ ਭਗਤ ਯੂਨੀਵਰਸਿਟੀ ਨੇ ਜੀ ਐਡੂਕਨੈਕਟ ਦੇ ਸਹਿਯੋਗ ਨਾਲ ਡੀਬੀਯੂ-ਆਈਸੀਸੀ ਲੀਡਰਸ਼ਿਪ ਸਮਿੱਟ-2026 ਦਾ ਸਫ਼ਲ ਆਯੋਜਨ ਕੀਤਾ।ਇਸ ਸਮਿੱਟ ਵਿੱਚ ਦੇਸ਼ ਭਰ ਤੋਂ ਲਗਭਗ 246 ਪ੍ਰਤੀਨਿਧੀਆਂ ਨੇ ਹਿੱਸਾ ਲਿਆ, ਜਿਨ੍ਹਾਂ ਵਿੱਚ ਸਟਡੀ ਸੈਂਟਰਾਂ ਦੇ ਮੁਖੀ, ਅਕਾਦਮਿਕ ਆਗੂ, ਸਿੱਖਿਆ ਉਦਯੋਗਪਤੀ, ਉਦਯੋਗ ਖੇਤਰ ਦੇ ਮਾਹਰ ਤੇ ਯੂਨੀਵਰਸਿਟੀਆਂ ਦੇ ਸੀਨੀਅਰ ਪ੍ਰਸ਼ਾਸਕੀ ਅਧਿਕਾਰੀ ਸ਼ਾਮਲ ਸਨ।ਸਮਿੱਟ ਦੌਰਾਨ 12 ਨਵੇਂ ਸਮਝੌਤਾ ਪੱਤਰਾਂ (ਐਮਓਯੂ) 'ਤੇ ਹਸਤਾਖਰ ਕੀਤੇ ਗਏ, ਜਿਸ ਨਾਲ ਯੂਨੀਵਰਸਿਟੀ ਦੇ ਰਾਸ਼ਟਰੀ ਅਕਾਦਮਿਕ ਨੈੱਟਵਰਕ ਤੇ ਰਣਨੀਤਕ ਭਾਈਵਾਲੀਆਂ ਨੂੰ ਹੋਰ ਮਜ਼ਬੂਤੀ ਮਿਲੀ।ਇਸ ਪ੍ਰੋਗਰਾਮ ਦਾ ਆਯੋਜਨ ਚਾਂਸਲਰ ਡਾ. ਜ਼ੋਰਾ ਸਿੰਘ, ਪ੍ਰੋ-ਚਾਂਸਲਰ ਡਾ. ਤਜਿੰਦਰ ਕੌਰ, ਪ੍ਰੈਜ਼ੀਡੈਂਟ ਡਾ. ਸੰਦੀਪ ਸਿੰਘ ਤੇ ਵਾਈਸ-ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਦੀ ਦੂਰਅੰਦੇਸ਼ ਅਗਵਾਈ ਹੇਠ ਕੀਤਾ ਗਿਆ।ਇਹ ਸਮਿੱਟ ਉੱਚ ਸਿੱਖਿਆ ਵਿੱਚ ਅਕਾਦਮਿਕ, ਲੀਡਰਸ਼ਿਪ, ਨਵੀਨਤਾ, ਸੰਸਥਾਗਤ ਸਹਿਯੋਗ ਤੇ ਡਿਜੀਟਲ ਰੂਪਾਂਤਰਨ ਨੂੰ ਉਤਸ਼ਾਹਤ ਕਰਨ ਲਈ ਇੱਕ ਮਹੱਤਵਪੂਰਨ ਮੰਚ ਸਾਬਿਤ ਹੋਈ।ਦੇਸ਼ ਭਰ ਦੇ 166 ਤੋਂ ਵੱਧ ਸਟਡੀ ਸੈਂਟਰਾਂ ਦੇ ਪ੍ਰਤੀਨਿਧੀਆਂ ਨੇ ਇਸ ਵਿੱਚ ਭਾਗ ਲਿਆ, ਜੋ ਗੁਣਵੱਤਾਪੂਰਨ ਤੇ ਸਭ ਲਈ ਪਹੁੰਚਯੋਗ ਸਿੱਖਿਆ ਪ੍ਰਤੀ ਯੂਨੀਵਰਸਿਟੀ ਦੀ ਵਚਨਬੱਧਤਾ 'ਤੇ ਵਧਦੇ ਭਰੋਸੇ ਨੂੰ ਦਰਸਾਉਂਦਾ ਹੈ।ਸਮਾਗਮ ਵਿੱਚ ਵਾਈਸ-ਚਾਂਸਲਰ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਮੁੱਖ ਸਰਪ੍ਰਸਤ ਵਜੋਂ ਸ਼ਿਰਕਤ ਕੀਤੀ।ਵਿਸ਼ੇਸ਼ ਮਹਿਮਾਨਾਂ ਵਿੱਚ ਸ੍ਰੀ ਸੰਦੀਪ ਸ਼ਰਮਾ, ਸੰਸਥਾਪਕ ਤੇ ਪ੍ਰੈਜ਼ੀਡੈਂਟ ਜੀ ਐਡੂਕਨੈਕਟ ਜੈਪੁਰ ਤੇ ਸ਼੍ਰੀ ਦਿਨੇਸ਼ ਸ਼ਰਮਾ ਸਲਾਹਕਾਰ ਦੇਸ਼ ਭਗਤ ਯੂਨੀਵਰਸਿਟੀ ਤੋਂ ਇਲਾਵਾ ਯੂਨੀਵਰਸਿਟੀ ਦੇ ਸੀਨੀਅਰ ਅਧਿਕਾਰੀ, ਅਧਿਆਪਕ, ਕਾਊਂਸਲਰ ਤੇ ਪ੍ਰਸ਼ਾਸਕੀ ਕਰਮਚਾਰੀ ਮੌਜੂਦ ਸਨ।

ਆਪਣੇ ਮੁੱਖ ਭਾਸ਼ਣ ਵਿੱਚ ਪ੍ਰੋ. (ਡਾ.) ਹਰਸ਼ ਸਦਾਵਰਤੀ ਨੇ ਨਵੀਨਤਾ, ਖੋਜ, ਵਿਸ਼ਵ ਪੱਧਰੀ ਸਹਿਯੋਗ, ਤਕਨਾਲੋਜੀ-ਅਧਾਰਤ ਸਿੱਖਿਆ ਤੇ ਲੀਡਰਸ਼ਿਪ-ਕੇਂਦਰਿਤ ਸੰਸਥਾਗਤ ਵਿਕਾਸ ਰਾਹੀਂ ਅਕਾਦਮਿਕ ਉਤਕ੍ਰਿਸ਼ਟਤਾ ਹਾਸਲ ਕਰਨ ਲਈ ਯੂਨੀਵਰਸਿਟੀ ਦੇ ਦ੍ਰਿਸ਼ਟੀਕੋਣ ਨੂੰ ਰੌਸ਼ਨ ਕੀਤਾ।ਸ੍ਰੀ ਸੰਦੀਪ ਸ਼ਰਮਾ ਤੇ ਦਿਨੇਸ਼ ਸ਼ਰਮਾ ਨੇ ਸਿੱਖਿਆਗਤ ਲੀਡਰਸ਼ਿਪ, ਰਣਨੀਤਕ ਭਾਈਵਾਲੀ, ਦਾਖਲਾ ਪ੍ਰਕਿਰਿਆ, ਸੰਸਥਾਗਤ ਵਿਕਾਸ ਤੇ ਸਟਡੀ ਸੈਂਟਰਾਂ ਲਈ ਭਵਿੱਖ ਦੀਆਂ ਸੰਭਾਵਨਾਵਾਂ 'ਤੇ ਵਿਸ਼ੇਸ਼ ਸੈਸ਼ਨ ਸੰਬੋਧਤ ਕੀਤੇ।

ਸਮਿੱਟ ਦੌਰਾਨ ਸਨਮਾਨ ਤੇ ਪੁਰਸਕਾਰ ਸਮਾਰੋਹ ਵੀ ਕਰਵਾਇਆ ਗਿਆ, ਜਿਸ ਵਿੱਚ ਉਤਕ੍ਰਿਸ਼ਟ ਸਟਡੀ ਸੈਂਟਰਾਂ, ਯੂਨੀਵਰਸਿਟੀ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਅਕਾਦਮਿਕ ਵਿਕਾਸ ਤੇ ਸੰਸਥਾਗਤ ਤਰੱਕੀ ਵਿੱਚ ਉਨ੍ਹਾਂ ਦੇ ਸ਼ਲਾਘਾਯੋਗ ਯੋਗਦਾਨ ਲਈ ਸਨਮਾਨਤ ਕੀਤਾ ਗਿਆ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਦਾ ਲੋਕਾਂ ਨੇ ਕੀਤਾ ਸਵਾਗਤ

### ਮਾਨ ਸਰਕਾਰ ਨੇ ਆਪਣਾ ਵਾਅਦਾ ਨਿਭਾਇਆ-ਕੌਂਸਲਰ ਕਿਰਨ, ਵਿਜੈ



ਕੋਟ ਈਸੇ ਖਾਂ, (ਅਰੋੜਾ)-ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਵੱਲੋਂ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ ਕਰਦਿਆਂ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਰਕਮ ਜਮ੍ਹਾਂ ਕਰਵਾਈ ਗਈ। ਇਸ ਉਪਰਾਲੇ ਨੂੰ ਲੈ ਕੇ ਸੂਬੇ ਭਰ ਦੀਆਂ ਮਹਿਲਾਵਾਂ ਵਿੱਚ ਖ਼ੁਸ਼ੀ ਦੀ ਲਹਿਰ ਹੈ ਅਤੇ ਸਰਕਾਰ ਦੇ ਇਸ ਫ਼ੈਸਲੇ ਦੀ ਵਿਆਪਕ ਸਰਾਹਣਾ ਕੀਤੀ ਜਾ ਰਹੀ ਹੈ।ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਸ਼ਹਿਰ ਦੇ ਵਾਰਡ ਨੰਬਰ 1 ਤੋਂ ਕੌਂਸਲਰ ਕਿਰਨ ਤੇ ਉਨ੍ਹਾਂ ਦੇ ਪਤੀ ਵਿਜੇ ਭਾਊ ਨੇ ਪੰਜਾਬ ਸਰਕਾਰ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮਹਿਲਾਵਾਂ ਨਾਲ ਕੀਤਾ ਆਪਣਾ ਵਾਅਦਾ ਪੂਰਾ ਕਰਕੇ ਇਹ ਸਾਬਿਤ ਕੀਤਾ ਹੈ ਕਿ ਲੋਕ ਭਲਾਈ ਉਸ ਦੀ ਪਹਿਲੀ ਤਰਜੀਹ ਹੈ।ਉਨ੍ਹਾ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦਾ ਤਹਿ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਵੱਲੋਂ ਪਾਰਟੀ ਦੀਆਂ ਨੀਤੀਆਂ ਨੂੰ ਘਰ ਘਰ ਪਹੁੰਚਾਇਆ ਜਾ ਰਿਹਾ ਹੈ ਤੇ ਹਲਕੇ ਦਾ ਸਰਬਪੱਖੀ ਵਿਕਾਸ ਕਰਵਾਇਆ ਜਾ ਰਿਹਾ ਹੈ, ਜਿਸ ਤੋਂ ਹਲਕਾ ਵਾਸੀ ਬੇਹਦ ਖੁਸ਼ ਹਨ।ਇਸ ਯੋਜਨਾ ਤਹਿਤ ਯੋਗ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ 3,000 ਅਤੇ 4,500 ਰੁਪਏ ਦੀ ਰਕਮ ਸਿੱਧੇ ਜਮ੍ਹਾਂ ਕਰਵਾਈ ਗਈ ਹੈ, ਜਿਸ ਨਾਲ ਹਜ਼ਾਰਾਂ ਪਰਵਾਰਾਂ ਨੂੰ ਆਰਥਿਕ ਰਾਹਤ ਮਿਲੇਗੀ।ਕੌਂਸਲਰ ਕਿਰਨ ਨੇ ਕਿਹਾ ਕਿ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਸਸ਼ਕਤ ਬਣਾਉਣ ਲਈ ਇਹ ਯੋਜਨਾ ਇੱਕ ਇਤਿਹਾਸਕ ਕਦਮ ਹੈ।ਇਸ ਨਾਲ ਨਾ ਸਿਰਫ਼ ਮਹਿਲਾਵਾਂ ਦਾ ਸਨਮਾਨ ਵਧੇਗਾ, ਸਗੋਂ ਉਹ ਆਪਣੇ ਪਰਵਾਰ ਦੀਆਂ ਲੋੜਾਂ ਨੂੰ ਹੋਰ ਬਿਹਤਰ ਢੰਗ ਨਾਲ ਪੂਰਾ ਕਰਨ ਦੇ ਯੋਗ ਵੀ ਬਣਨਗੀਆਂ।ਅੰਤ ਵਿੱਚ ਕੌਂਸਲਰ ਕਿਰਨ ਤੇ ਵਿਜੇ ਭਾਊ ਨੇ ਮੁੱਖ ਮੰਤਰੀ ਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਲੋਕ ਭਲਾਈ ਲਈ ਇਸੇ ਤਰ੍ਹਾਂ ਦੇ ਫ਼ੈਸਲੇ ਲਏ ਜਾਣਗੇ, ਜਿਸ ਨਾਲ ਪੰਜਾਬ ਦੇ ਹਰ ਵਰਗ ਨੂੰ ਵਿਕਾਸ ਤੇ ਖੁਸ਼ਹਾਲੀ ਦਾ ਲਾਭ ਮਿਲੇਗਾ।

## ਹਲਕਾ ਦਾਖਾ ਦੇ ਅਬਜ਼ਰਵਰ ਰੋਜ਼ੀ ਬਰਕੰਦੀ ਵੱਲੋਂ ਅਕਾਲੀ ਵਰਕਰਾਂ ਨਾਲ ਮੀਟਿੰਗ



ਚੌਕੀਮਾਨ (ਇੰਜ. ਬਲਬੀਰ ਸਿੰਘ ਮਾਨ)-ਸ਼੍ਰੋਮਣੀ ਅਕਾਲੀ ਦਲ ਹਲਕਾ ਦਾਖਾ ਦੇ ਸਮੂਹ ਸੀਨੀਅਰ ਆਗੂਆਂ, ਜ਼ੋਨ ਇੰਚਾਰਜ, ਕੋਰ ਕਮੇਟੀ ਮੈਂਬਰਾਂ, ਬਲਾਕ ਸੰਮਤੀ ਤੇ ਜ਼ਿਲ੍ਹਾ ਪ੍ਰੀਸ਼ਦ ਚੋਣਾਂ ਲੜ ਚੁੱਕੇ ਉਮੀਦਵਾਰਾਂ, ਸਰਕਲ ਪ੍ਰਧਾਨਾਂ, ਵੱਖ ਵੱਖ ਵਿੰਗਾਂ ਦੇ ਪ੍ਰਧਾਨਾਂ ਤੇ ਅਹੁਦੇਦਾਰਾਂ ਨਾਲ ਨਵ-ਨਿਯੁਕਤ ਆਬਜ਼ਰਵਰ ਸ. ਕੰਵਰਜੀਤ ਸਿੰਘ ਰੋਜ਼ੀ ਬਰਕੰਦੀ ਨੇ ਆਬਜ਼ਰਵਰ ਬਣਨ ਤੋਂ ਬਾਅਦ ਪਹਿਲੀ ਵਿਸ਼ੇਸ਼ ਮੀਟਿੰਗ ਕੀਤੀ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਲੁਧਿਆਣਾ ਦਿਹਾਤੀ ਦੇ ਜ਼ਿਲ੍ਹਾ ਪ੍ਰਧਾਨ ਚੰਦ ਸਿੰਘ ਡੱਲਾ ਤੇ ਹਲਕਾ ਇੰਚਾਰਜ ਸ. ਜਸਕਰਨ ਸਿੰਘ ਦਿਓਲ ਦੇ ਮਾਤਾ ਚਰਨਜੀਤ ਕੌਰ ਦਿਓਲ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਮੀਟਿੰਗ ਦੌਰਾਨ ਰੋਜ਼ੀ ਬਰਕੰਦੀ ਨੇ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਸੰਦੇਸ਼ ਸਮੂਹ ਵਰਕਰਾਂ ਤੱਕ ਪਹੁੰਚਾਇਆ ਤੇ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਪਾਰਟੀ ਦੀ ਰਣਨੀਤੀ, ਜਥੇਬੰਦਕ ਮਜ਼ਬੂਤੀ ਤੇ ਬੂਥ ਪੱਧਰ ਤੱਕ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਸਬੰਧੀ ਵਿਸਥਾਰ ਨਾਲ ਚਰਚਾ ਕੀਤੀ।ਉਨ੍ਹਾਂ ਸਮੂਹ ਆਗੂਆਂ ਤੇ ਵਰਕਰਾਂ ਨੂੰ ਇੱਕਜੁੱਟ ਹੋ ਕੇ ਹਰ ਪਿੰਡ, ਹਰ ਬੂਥ ਤੇ ਹਰ ਪਰਵਾਰ ਤੱਕ ਸ਼੍ਰੋਮਣੀ ਅਕਾਲੀ ਦਲ ਦੀਆਂ ਨੀਤੀਆਂ ਤੇ ਵਿਚਾਰਧਾਰਾ ਪਹੁੰਚਾਉਣ ਦਾ ਟੀਚਾ ਦਿੱਤਾ। ਰੋਜ਼ੀ ਬਰਕੰਦੀ ਨੇ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਲਗਾਤਾਰ ਮਜ਼ਬੂਤ ਹੋ ਰਿਹਾ ਹੈ ਤੇ ਲੋਕਾਂ ਦਾ ਵਿਸ਼ਵਾਸ ਪਾਰਟੀ ਵੱਲ ਵਧ ਰਿਹਾ ਹੈ।ਇਸ ਮੌਕੇ ਬੀਬੀ ਚਰਨਜੀਤ ਕੌਰ ਦਿਓਲ ਨੇ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੇ ਜਸਕਰਨ ਦਿਓਲ 'ਤੇ ਪਾਏ ਗਏ ਝੂਠੇ ਕੇਸ ਦਾ ਵਿਰੋਧ ਕਰਦੇ ਹੋਏ ਹਲਕਾ ਦਾਖਾ ਦੇ ਵਰਕਰਾਂ ਤੇ ਦਿਓਲ ਪਰਵਾਰ ਦੀ ਬਾਂਹ ਫੜੀ, ਉਸ ਨਾਲ ਸਾਰਿਆਂ ਵਿਚ ਇੱਕ ਅਲੱਗ ਜੋਸ਼ ਪੈਦਾ ਹੋਇਆ ਹੈ।ਰੋਜ਼ੀ ਬਰਕੰਦੀ ਦਾ ਧੰਨਵਾਦ ਕਰਦੇ ਹੋਏ ਬੀਬੀ ਦਿਓਲ ਨੇ ਕਿਹਾ ਕਿ ਉਹ ਆਪਣੇ ਹਲਕੇ ਦੇ ਰੁਝੇਵਿਆਂ 'ਚੋਂ ਵਿਸ਼ੇਸ਼ ਸਮਾਂ ਕੱਢ ਕੇ ਹਲਕਾ ਦਾਖਾ ਦੇ ਆਗੂਆਂ ਨਾਲ ਮੀਟਿੰਗ ਕਰਨ ਆਏ ਤੇ ਵਰਕਰਾਂ ਨੂੰ ਭਵਿੱਖ ਦੀ ਰਣਨੀਤੀ ਬਾਰੇ ਜਾਣੂ ਕਰਵਾ ਕੇ ਗਏ ਹਨ।

ਅੰਤ ਵਿੱਚ ਸਮੂਹ ਆਗੂਆਂ ਤੇ ਵਰਕਰਾਂ ਨੇ ਇੱਕਜੁੱਟ ਹੋ ਕੇ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਹਲਕਾ ਦਾਖਾ ਤੋਂ ਸ਼੍ਰੋਮਣੀ ਅਕਾਲੀ ਦਲ ਦੀ ਇਤਿਹਾਸਕ ਜਿੱਤ ਯਕੀਨੀ ਬਣਾਉਣ ਦਾ ਸੰਕਲਪ ਲਿਆ ਤੇ ਵਿਸ਼ਵਾਸ ਪ੍ਰਗਟਾਇਆ ਕਿ ਪਾਰਟੀ ਦੀ ਮਜ਼ਬੂਤ ਜੱਥੇਬੰਦਕ ਤਿਆਰੀ, ਲੋਕਾਂ ਦਾ ਵਧਦਾ ਸਮਰਥਨ ਤੇ ਹਲਕੇ ਵਿੱਚ ਕੀਤੀ ਜਾ ਰਹੀ ਲਗਾਤਾਰ ਲੋਕ ਸੇਵਾ ਦੇ ਬਲਬੂਤੇ ਸ਼੍ਰੋਮਣੀ ਅਕਾਲੀ ਦਲ 2027 ਵਿੱਚ ਪੰਜਾਬ ਵਿੱਚ ਸਰਕਾਰ ਬਣਾਏਗਾ।ਇਸ ਮੌਕੇ ਮੀਟਿੰਗ ਵਿੱਚ ਜ਼ੋਨ ਇੰਚਾਰਜਾਂ ਸਮੇਤ ਵੱਡੀ ਗਿਣਤੀ ਵਿੱਚ ਵੱਖ ਵੱਖ ਪਿੰਡਾਂ ਤੋਂ ਅਕਾਲੀ ਦਲ ਹਲਕਾ ਦਾਖਾ ਦੇ ਅਹੁਦੇਦਾਰ ਮੌਜੂਦ ਰਹੇ।

## ਬੰਦ ਪਈਆਂ ਸਹਿਕਾਰੀ ਸਭਾਵਾਂ ਨੂੰ ਮੁੜ ਸੁਰਜੀਤ ਕਰਨ ਦੀ ਪਹਿਲ



ਰਾਏਕੋਟ (ਸੰਤੋਖ ਗਿੱਲ)-ਸਹਿਕਾਰਤਾ ਲਹਿਰ ਨੂੰ ਨਵੀਂ ਤਾਕਤ ਦੇਣ ਤੇ ਲੰਬੇ ਸਮੇਂ ਤੋਂ ਗੈਰ-ਸਰਗਰਮ ਸਹਿਕਾਰੀ ਸਭਾਵਾਂ ਨੂੰ ਮੁੜ ਸੁਰਜੀਤ ਕਰਨ ਲਈ ਸਹਿਕਾਰਤਾ ਵਿਭਾਗ ਨੇ ਵਿਸ਼ੇਸ਼ ਮੁਹਿੰਮ ਸ਼ੁਰੂ ਕੀਤੀ ਹੈ। ਵਿਭਾਗ ਵੱਲੋਂ 102 ਸਾਲਾਂ ਦੇ ਸਹਿਕਾਰਤਾ ਇਤਿਹਾਸ ਨੂੰ ਅੱਗੇ ਵਧਾਉਂਦਿਆਂ ਮੈਂਬਰਾਂ ਨੂੰ ਵਿੱਤੀ, ਖੇਤੀਬਾੜੀ ਤੇ ਸਮਾਜਿਕ ਖੇਤਰ ਨਾਲ ਸੰਬੰਧਤ ਕਈ ਨਵੀਆਂ ਸਹੂਲਤਾਂ ਪ੍ਰਦਾਨ ਕਰਨ ਦਾ ਫ਼ੈਸਲਾ ਕੀਤਾ ਗਿਆ ਹੈ।ਪਿੰਡ ਐਤੀਆਨਾ ਦੀ ਬਹੁਮੰਤਵੀ ਸਹਿਕਾਰੀ ਸਭਾ ਦੇ ਪ੍ਰਧਾਨ ਇੰਦਰਜੀਤ ਸਿੰਘ ਸਿੱਧੂ, ਸਾਬਕਾ ਸਰਪੰਚ ਲਖਬੀਰ ਸਿੰਘ, ਸਕੱਤਰ ਬਲਵਿੰਦਰ ਸਿੰਘ, ਮੀਤ ਪ੍ਰਧਾਨ ਦਲਬਾਰਾ ਸਿੰਘ ਮਾਨ ਤੇ ਸਮੁੱਚੀ ਕਮੇਟੀ ਦੇ ਮੈਂਬਰਾਂ ਨੇ ਪਿੰਡਾਂ ਦੇ ਲੋਕਾਂ ਨੂੰ ਸਹਿਕਾਰਤਾ ਲਹਿਰ ਨਾਲ ਜੋੜਨ ਲਈ ਪ੍ਰਚਾਰ ਵੈਨ ਹਰੀ ਝੰਡੀ ਦੇ ਕੇ ਰਵਾਨਾ ਕੀਤੀ।

ਉਨ੍ਹਾਂ ਦੱਸਿਆ ਕਿ ਸਹਿਕਾਰਤਾ ਵਿਭਾਗ ਵੱਲੋਂ ਪਿੰਡ ਪੱਧਰ 'ਤੇ ਸਹਿਕਾਰੀ ਸਭਾਵਾਂ ਨੂੰ ਮਜ਼ਬੂਤ ਬਣਾਉਣ ਲਈ ਵਿਸ਼ੇਸ਼ ਯੋਜਨਾ ਤਿਆਰ ਕੀਤੀ ਗਈ ਹੈ।ਇਸ ਤਹਿਤ ਮੈਂਬਰਾਂ ਨੂੰ ਮਾਲ ਢੁਆਈ ਲਈ ਸਸਤੇ ਸਾਧਨ, ਸੇਵਾ ਕੇਂਦਰਾਂ, ਜਨ ਔਸ਼ਧੀ ਕੇਂਦਰਾਂ, ਪੈਟਰੋਲ ਪੰਪ, ਖਾਦਾਂ ਦੀ ਸਪਲਾਈ ਤੇ ਨਕਲੀ ਖਾਦਾਂ ਦੀ ਰੋਕਥਾਮ ਵਰਗੀਆਂ ਸਹੂਲਤਾਂ ਉਪਲਬਧ ਕਰਵਾਉਣ 'ਤੇ ਜ਼ੋਰ ਦਿੱਤਾ ਜਾਵੇਗਾ।ਇਸ ਤੋਂ ਇਲਾਵਾ ਮੈਂਬਰਾਂ ਲਈ ਗੁਦਾਮਾਂ ਦੀ ਉਸਾਰੀ, ਭੰਡਾਰਨ ਤੇ ਮਾਰਕੀਟਿੰਗ, ਕਿਸਾਨਾਂ ਨੂੰ ਨਬਾਰਡ ਤੇ ਕਿਸਾਨ ਕ੍ਰੈਡਿਟ ਕਾਰਡ ਰਾਹੀਂ ਕਰਜ਼ਾ, ਔਰਤਾਂ ਲਈ ਸਵੈ-ਸਹਾਇਤਾ ਗਰੁੱਪ, ਫ਼ਸਲ ਬੀਮਾ, ਦੁਰਘਟਨਾ ਬੀਮਾ ਤੇ ਹੋਰ ਸਹੂਲਤਾਂ ਮੁਹੱਈਆ ਕਰਵਾਈਆਂ ਜਾਣਗੀਆਂ।

## ਸਾਂਝੇ ਫਰੰਟ ਵੱਲੋਂ ਕੀਤੇ ਜਾ ਰਹੇ ਸੰਘਰਸ਼ 'ਚ ਪੂਰੀ ਸ਼ਮੂਲੀਅਤ ਕੀਤੀ ਜਾਵੇਗੀ : ਅਰੋੜਾ



ਸੰਗਰੂਰ, (ਪ੍ਰਵੀਨ ਸਿੰਘ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਅਤੇ ਸਾਂਝਾ ਮੁਲਾਜ਼ਮ ਮੰਚ ਵੱਲੋਂ ਸੂਬਾ ਪੱਧਰ 'ਤੇ ਕੀਤੇ ਗਏ ਫੈਸਲੇ ਅਨੁਸਾਰ 1 ਤੋਂ 10 ਜੁਲਾਈ ਤੱਕ ਪੰਜਾਬ ਦੇ ਮੰਤਰੀਆਂ ਤੇ ਵਿਧਾਇਕਾਂ ਦੇ ਘਰਾਂ ਅੱਗੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ।ਇਸ ਲੜੀ ਤਹਿਤ ਸੰਗਰੂਰ ਦੇ ਹਜ਼ਾਰਾਂ ਮੁਲਾਜ਼ਮ ਤੇ ਪੈਨਸ਼ਨਰ 7 ਜੁਲਾਈ ਨੂੰ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ ਦੇ ਘਰ ਅੱਗੇ ਸੁਨਾਮ ਵਿਖੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਇਹ ਜਾਣਕਾਰੀ ਪੈਨਸ਼ਨਰ ਆਗੂ ਸ੍ਰੀ ਰਾਜ ਕੁਮਾਰ ਅਰੋੜਾ, ਦਰਸ਼ਨ ਸਿੰਘ ਨੌਰਥ, ਆਰ ਐੱਲ ਪਾਂਧੀ, ਭੁਪਿੰਦਰ ਸਿੰਘ ਜੱਸੀ, ਜੰਟ ਸਿੰਘ ਭੁੱਲਰ (ਸੋਹੀਆਂ), ਹਰਵਿੰਦਰ ਸਿੰਘ ਭੱਠਲ ਵੱਲੋਂ ਸਾਂਝੇ ਤੌਰ 'ਤੇ ਦਿੱਤੀ ਗਈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁਲਾਜ਼ਮ ਤੇ ਪੈਨਸ਼ਨਰਾਂ ਦੀਆਂ ਮੰਗਾਂ ਨਹੀਂ ਮੰਨ ਰਹੀ, ਜਿਸ ਕਾਰਨ ਸੂਬੇ ਦੇ 7 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਉਨ੍ਹਾਂ ਮੰਗ ਕੀਤੀ ਕਿ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਸਾਰੀਆਂ ਮੰਗਾਂ ਗੱਲਬਾਤ ਰਾਹੀਂ ਜਲਦ ਪੂਰੀਆਂ ਕੀਤੀਆਂ ਜਾਣ।ਉਨ੍ਹਾਂ ਦੱਸਿਆ ਕਿ ਮੰਗਾਂ ਦੀ ਪ੍ਰਾਪਤੀ ਲਈ 17 ਜੁਲਾਈ ਨੂੰ ਮੁਹਾਲੀ ਵਿਖੇ ਸੂਬਾ ਪੱਧਰੀ ਰੈਲੀ ਕਰਕੇ ਵਿਸ਼ਾਲ ਰੋਸ ਮੁਜ਼ਾਹਰਾ ਕੀਤਾ ਜਾਵੇਗਾ।

ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੇ ਜ਼ਿਲ੍ਹਾ ਪ੍ਰਧਾਨ ਰਾਜ ਕੁਮਾਰ ਅਰੋੜਾ ਨੇ ਦੱਸਿਆ ਕਿ ਪੈਨਸ਼ਨਰ ਵੈੱਲਫੇਅਰ ਐਸੋਸੀਏਸ਼ਨ ਦੇ ਅਹੁਦੇਦਾਰਾਂ ਦੀ ਇਕ ਅਹਿਮ ਮੀਟਿੰਗ 10 ਜੁਲਾਈ ਨੂੰ ਜ਼ਿਲ੍ਹਾ ਪੈਨਸ਼ਨਰ ਦਫਤਰ ਤਹਿਸੀਲ ਕੰਪਲੈਕਸ ਵਿੱਚ ਸੱਦੀ ਗਈ ਹੈ, ਜਿਸ ਵਿੱਚ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਕੀਤੇ ਜਾ ਰਹੇ ਸੰਘਰਸ਼ਾਂ ਤੇ ਪੰਜਾਬ ਗੌਰਮਿੰਟ ਪੈਨਸ਼ਨਰ ਜੁਆਇੰਟ ਫਰੰਟ ਵੱਲੋਂ 29 ਜੁਲਾਈ ਨੂੰ ਸੂਬਾ ਪੱਧਰੀ ਵਿਸ਼ਾਲ ਰੈਲੀ ਅਨਾਜ ਮੰਡੀ ਸੰਗਰੂਰ ਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਤੱਕ ਰੋਸ ਮਾਰਚ ਕੀਤਾ ਜਾਵੇ, ਦੀ ਤਿਆਰੀ ਲਈ ਵਿਚਾਰ ਵਟਾਂਦਰਾ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਚੱਲ ਰਹੇ ਸੰਘਰਸ਼ਾਂ ਵਿੱਚ ਜ਼ਿਲ੍ਹੇ ਦੀਆਂ ਸਮੂਹ ਯੂਨਿਟਾਂ ਵੱਲੋਂ ਸੰਘਰਸ਼ਾਂ ਵਿੱਚ ਸ਼ਮੂਲੀਅਤ ਕੀਤੀ ਜਾ ਰਹੀ ਹੈ ਤੇ 10 ਜੁਲਾਈ ਦੀ ਹੋਣ ਜਾ ਰਹੀ ਜ਼ਿਲ੍ਹਾ ਪੱਧਰੀ ਮੀਟਿੰਗ ਵਿੱਚ ਸੂਬਾ ਪੱਧਰੀ ਸੰਘਰਸ਼ਾਂ ਵਿੱਚ ਸ਼ਮੂਲੀਅਤ ਕਰਨ ਲਈ ਤਿਆਰੀ ਕੀਤੀ ਜਾਵੇਗੀ।

### ਮਾਵਾਂ-ਧੀਆਂ ਸਤਿਕਾਰ ਯੋਜਨਾ ਕਮਜ਼ੋਰ ਵਰਗ ਲਈ ਰਾਹਤ-ਸੰਘੇੜਾ



ਸਨੌਰ, (ਰਾਜਿੰਦਰ ਸਿੰਘ ਥਿੰਦ)-ਆਮ ਆਦਮੀ ਪਾਰਟੀ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਅਮਰ ਸੰਘੇੜਾ ਨੇ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮਾਵਾਂ-ਧੀਆਂ ਸਤਿਕਾਰ ਯੋਜਨਾ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਸਰਕਾਰ ਲੋਕ ਭਲਾਈ ਲਈ ਇਤਿਹਾਸਕ ਫ਼ੈਸਲੇ ਲੈ ਰਹੀ ਹੈ।ਉਨ੍ਹਾ ਕਿਹਾ ਕਿ ਇਸ ਯੋਜਨਾ ਤਹਿਤ ਯੋਗ ਮਹਿਲਾਵਾਂ ਨੂੰ 3000 ਰੁਪਏ ਤੇ 4500 ਰੁਪਏ ਦੀ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਣੀ ਸਮਾਜ ਦੇ ਕਮਜ਼ੋਰ ਤੇ ਲੋੜਵੰਦ ਵਰਗ ਲਈ ਵੱਡੀ ਰਾਹਤ ਸਾਬਿਤ ਹੋਵੇਗੀ।ਅਮਰ ਸੰਘੇੜਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਮੇਸ਼ਾ ਮਹਿਲਾਵਾਂ ਦੇ ਸਸ਼ਕਤੀਕਰਨ, ਸਨਮਾਨ ਤੇ ਆਰਥਿਕ ਮਜ਼ਬੂਤੀ ਲਈ ਵਚਨਬੱਧ ਰਹੀ ਹੈ।ਉਨ੍ਹਾਂ ਕਿਹਾ ਕਿ ਇਹ ਯੋਜਨਾ ਹਜ਼ਾਰਾਂ ਪਰਵਾਰਾਂ ਨੂੰ ਆਰਥਿਕ ਸਹਾਰਾ ਦੇਵੇਗੀ ਤੇ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਏਗੀ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਯੋਜਨਾ ਦੀਆਂ ਸ਼ਰਤਾਂ ਅਨੁਸਾਰ ਵੱਧ ਤੋਂ ਵੱਧ ਯੋਗ ਲਾਭਪਾਤਰੀ ਇਸ ਦਾ ਲਾਭ ਜ਼ਰੂਰ ਪ੍ਰਾਪਤ ਕਰਨ।

### ਅਦਾਲਤੀ ਇਸ਼ਤਿਹਾਰ

ਬਾ ਅਦਾਲਤ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਪਹਿਲਾ/ਦੂਜਾ ਨਿਹਾਲ ਸਿੰਘ ਵਾਲਾ ਜ਼ਿਲ੍ਹਾ ਮੋਗਾ

ਜਗਤਾਰ ਸਿੰਘ ਬਨਾਮ ਬਲਵੀਰ ਸਿੰਘ

ਖੇਵਟ ਨੰਬਰ : 660/665, 662/658, 663/659, 645/641, 990/991

ਜਮ੍ਹਾਂਬੰਦੀ ਸਾਲ 2023-2024 ਵਾਕਿਆ, ਮਧੇਕੇ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਉਪਰੋਕਤ ਅਨੁਵਾਨ ਕੇਸ ਦੀ ਤਾਰੀਖ ਪੇਸ਼ੀ ਮਿਤੀ 15-7-2026 ਮੁਕੱਰਰ ਹੈ। ਉਪਰੋਕਤ ਕੇਸ ਵਿੱਚ ਹੇਠ ਲਿਖੇ ਵਿਅਕਤੀਆਂ ਦੀ ਸਧਾਰਨ ਤਰੀਕੇ ਨਾਲ ਤਲਬੀ ਨਹੀਂ ਕੀਤੀ ਜਾ ਸਕੀ ਹੈ। ਇਸ ਲਈ ਉਨ੍ਹਾਂ ਦੇ ਖਿਲਾਫ ਆਰਡਰ 5 ਰੂਲ 20 ਸੀ.ਪੀ.ਸੀ ਦੀ ਕਾਰਵਾਈ ਆਰੰਭੀ ਜਾ ਰਹੀ ਹੈ ਅਤੇ ਹੇਠ ਲਿਖੇ ਵਿਅਕਤੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਆਸਾਲਤਨ ਜਾਂ ਵਕਾਲਤਨ ਨਿਮਨ ਹਸਤਾਖਰ ਦੀ ਅਦਾਲਤ ਵਿੱਚ ਪੇਸ਼ ਹੋਣ ਅਤੇ ਆਪਣਾ ਪੱਖ ਪੇਸ਼ ਕਰਨ । ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਇੱਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਬਾਅਦ ਵਿੱਚ ਕੋਈ ਇਤਰਾਜ਼ ਮੰਨਣਯੋਗ ਨਹੀਂ ਹੋਵੇਗਾ ।

1. ਬਲਵੀਰ ਸਿੰਘ ਪੁੱਤਰ ਭਾਗ ਸਿੰਘ ਸਿੰਘ ਪੁੱਤਰ ਭੰਗਾ ਸਿੰਘ 2. ਜਗਦੇਵ ਕੌਰ ਪੁੱਤਰੀ ਜੀਤ ਸਿੰਘ ਪੁੱਤਰ ਸਪੂਰਾ ਸਿੰਘ 3. ਰਮਨਜੀਤ ਸਿੰਘ ਪੁੱਤਰ ਗੁਰਬਚਨ ਸਿੰਘ ਪੁੱਤਰ ਦਿਆਲ ਸਿੰਘ 4. ਰਣਜੀਤ ਸਿੰਘ ਪੁੱਤਰ ਨਛੱਤਰ ਸਿੰਘ ਪੁੱਤਰ ਭਾਗ ਸਿੰਘ 5. ਅਵਤਾਰ ਸਿੰਘ ਪੁੱਤਰ ਭਾਗ ਸਿੰਘ ਪੁੱਤਰ ਭੰਗਾ ਸਿੰਘ 6. ਮੁਖਤਿਆਰ ਸਿੰਘ ਪੁੱਤਰ ਜਿਉਣ ਸਿੰਘ ਪੁੱਤਰ ਭਗਤ ਸਿੰਘ 7. ਹਰਜੀਤ ਕੌਰ ਪਤਨੀ ਕੁਲਵਿੰਦਰ ਸਿੰਘ ਪੁੱਤਰ ਨਛੱਤਰ ਸਿੰਘ 8. ਕਿਰਪਾਲ ਸਿੰਘ ਪੁੱਤਰ ਜੀਤ ਸਿੰਘ ਪੁੱਤਰ ਸ਼ਾਮ ਸਿੰਘ 9. ਕਰਮ ਸਿੰਘ ਪੁੱਤਰ ਜੀਤ ਸਿੰਘ ਪੁੱਤਰ ਸ਼ਾਮ ਸਿੰਘ 10. ਹਰਬੰਸ ਸਿੰਘ ਪੁੱਤਰ ਮੋਦਨ ਸਿੰਘ ਪੁੱਤਰ ਸਰਬਨ ਸਿੰਘ 11. ਰੂਪ ਸਿੰਘ ਪੁੱਤਰ ਮੋਦਨ ਸਿੰਘ ਪੁੱਤਰ ਸਰਬਨ ਸਿੰਘ 12. ਗੁਰਬਖਸ਼ ਸਿੰਘ ਪੁੱਤਰ ਮੋਦਨ ਸਿੰਘ ਪੁੱਤਰ ਸਰਬਨ ਸਿੰਘ 13. ਰਾਮ ਸਿੰਘ ਪੁੱਤਰ ਮੋਦਨ ਸਿੰਘ ਪੁੱਤਰ ਸਰਬਨ ਸਿੰਘ 14. ਬਸੰਤ ਸਿੰਘ ਪੁੱਤਰ ਮੋਦਨ ਸਿੰਘ ਪੁੱਤਰ ਸਰਬਨ ਸਿੰਘ 15. ਕਾਲਾ ਸਿੰਘ ਪੁੱਤਰ ਇੰਦਰਜੀਤ ਸਿੰਘ ਪੁੱਤਰ ਕਰਤਾਰ ਸਿੰਘ 16. ਕੁਲਵਿੰਦਰ ਸਿੰਘ ਪੁੱਤਰ ਨਛੱਤਰ ਸਿੰਘ ਪੁੱਤਰ ਭਾਗ ਸਿੰਘ 17. ਸੁਖਦੇਵ ਸਿੰਘ ਪੁੱਤਰ ਸੇਵਕ ਸਿੰਘ ਪੁੱਤਰ ਕਰਤਾਰ ਸਿੰਘ 18. ਕੁਲਸ਼ੇਰ ਸਿੰਘ ਪੁੱਤਰ ਸੇਵਕ ਸਿੰਘ ਪੁੱਤਰ ਕਰਤਾਰ ਸਿੰਘ 19. ਜੀਤ ਸਿੰਘ ਪੁੱਤਰ ਸਪੂਰਾ ਸਿੰਘ ਪੁੱਤਰ ਟਹਿਲ ਸਿੰਘ 20. ਮੁਖਤਿਆਰ ਸਿੰਘ ਪੁੱਤਰ ਜਿਉਣ ਸਿੰਘ ਪੁੱਤਰ ਭਗਤ ਸਿੰਘ 21. ਗੁਰਵਿੰਦਰ ਸਿੰਘ ਪੁੱਤਰ ਬਲਜੀਤ ਸਿੰਘ ਪੁੱਤਰ ਜੋਰਾ ਸਿੰਘ 22. ਕਾਕਾ ਸਿੰਘ ਪੁੱਤਰ ਇੰਦਰਜੀਤ ਸਿੰਘ ਪੁੱਤਰ ਕਰਤਾਰ ਸਿੰਘ 23. ਅਵਤਾਰ ਸਿੰਘ ਪੁੱਤਰ ਹਰਦਿਆਲ ਸਿੰਘ ਪੁੱਤਰ ਕਿਸ਼ਨ ਸਿੰਘ 24. ਇਕਬਾਲ ਸਿੰਘ ਪੁੱਤਰ ਹਰਦਿਆਲ ਸਿੰਘ ਪੁੱਤਰ ਕਿਸ਼ਨ ਸਿੰਘ 25. ਬਲਦੇਵ ਸਿੰਘ ਪੁੱਤਰ ਕਿਸ਼ਨ ਸਿੰਘ ਪੁੱਤਰ ਰਾਮ ਸਿੰਘ 26. ਹਰਚੰਦ ਸਿੰਘ ਪੁੱਤਰ ਹਾਕਮ ਸਿੰਘ ਪੁੱਤਰ ਰੱਲਾ ਸਿੰਘ 27. ਗੁਰਦੇਵ ਸਿੰਘ ਪੁੱਤਰ ਹਾਕਮ ਸਿੰਘ ਪੁੱਤਰ ਰੱਲਾ ਸਿੰਘ 27. ਜਗਦੇਵ ਸਿੰਘ ਪੁੱਤਰ ਮੇਜਰ ਸਿੰਘ ਪੁੱਤਰ ਰੱਲਾ ਸਿੰਘ 28. ਹਰਦੇਵ ਸਿੰਘ ਪੁੱਤਰ ਮੇਜਰ ਸਿੰਘ ਪੁੱਤਰ ਰੱਲਾ ਸਿੰਘ 29. ਜਸਪਾਲ ਸਿੰਘ ਪੁੱਤਰ ਹਰਦਿਆਲ ਸਿੰਘ ਪੁੱਤਰ ਕਿਸ਼ਨ ਸਿੰਘ 30. ਵੀਰਪਾਲ ਸਿੰਘ ਪੁੱਤਰ ਹਰੀ ਸਿੰਘ ਉਰਫ ਸ਼ਿੰਦਰਪਾਲ ਸਿੰਘ ਪੁੱਤਰ ਕਰਤਾਰ ਸਿੰਘ 31. ਮਹੇਸ਼ਰ ਸਿੰਘ ਪੁੱਤਰ ਹਰੀ ਸਿੰਘ ਉਰਫ ਸ਼ਿੰਦਰਪਾਲ ਸਿੰਘ ਪੁੱਤਰ ਕਰਤਾਰ ਸਿੰਘ 32. ਦਰਸ਼ਨ ਸਿੰਘ ਪੁੱਤਰ ਹਰਬੰਸ਼ ਸਿੰਘ ਪੁੱਤਰ ਕਰਤਾਰ ਸਿੰਘ 33. ਇਕਬਾਲ ਸਿੰਘ ਪੁੱਤਰ ਬਖਸ਼ੀਸ਼ ਸਿੰਘ ਪੁੱਤਰ ਭਾਗ ਸਿੰਘ 34 ਗੁਰਦੇਵ ਸਿੰਘ ਪੁੱਤਰ ਚੰਨਣ ਸਿੰਘ ਪੁੱਤਰ ਨਰਾਇਣ ਸਿੰਘ 35. ਚੰਨਣ ਸਿੰਘ ਪੁੱਤਰ ਬੰਤਾ ਸਿੰਘ ਪੁੱਤਰ ਕੁੰਡਾ ਸਿੰਘ 36. ਸੁਰਜੀਤ ਸਿੰਘ ਪੁੱਤਰ ਨਾਜਰ ਸਿੰਘ ਪੁੱਤਰ ਮਿੱਤ ਸਿੰਘ 37. ਗੁਰਦੇਵ ਸਿੰਘ ਪੁੱਤਰ ਪੁੰਨਾ ਸਿੰਘ ਪੁੱਤਰ ਕੇਹਰ ਸਿੰਘ 38. ਬਸੰਤ ਸਿੰਘ ਪੁੱਤਰ ਚੰਨਣ ਸਿੰਘ ਪੁੱਤਰ ਹਰਨਾਮ ਸਿੰਘ 39. ਬੰਤਾ ਸਿੰਘ ਪੁੱਤਰ ਕੁੰਡਾ ਸਿੰਘ ਪੁੱਤਰ ਦੇਵੀ ਦੱਤਾ 40. ਕੁਲਵਿੰਦਰ ਕੌਰ ਪੁੱਤਰੀ ਬਖਸ਼ੀਸ਼ ਸਿੰਘ ਪੁੱਤਰ ਚੰਨਣ ਸਿੰਘ 41. ਤਰਵਿੰਦਰ ਸਿੰਘ ਪੁੱਤਰ ਗੁਰਨਾਮ ਸਿੰਘ ਪੁੱਤਰ ਚੰਨਣ ਸਿੰਘ 42. ਮਨਜੀਤ ਕੌਰ ਪਤਨੀ ਰੇਸ਼ਮ ਸਿੰਘ ਪੁੱਤਰ ਪ੍ਰੀਤਮ ਸਿੰਘ 43. ਰੂਪ ਸਿੰਘ ਪੁੱਤਰ ਬਿੱਕਰ ਸਿੰਘ ਪੁੱਤਰ ਮੋਦਨ ਸਿੰਘ 44. ਪਿਆਰਾ ਸਿੰਘ ਪੁੱਤਰ ਮੋਦਨ ਸਿੰਘ ਪੁੱਤਰ ਬਿਸ਼ਨ ਸਿੰਘ 45. ਗੁਰਮੇਲ ਸਿੰਘ ਪੁੱਤਰ ਬਿੱਕਰ ਸਿੰਘ ਪੁੱਤਰ ਮੋਦਨ ਸਿੰਘ । ਸਾਰੇ ਵਾਸੀਆਨ ਪਿੰਡ ਮਧੇਕੇ, ਤਹਿ. ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ।

ਸਹੀ/-ਸਹਾਇਕ ਕੁਲੈਕਟਰ ਦਰਜਾ ਪਹਿਲਾ ਨਿਹਾਲ ਸਿੰਘ ਵਾਲਾ (ਮੋਗਾ)

## ਟੂੰ-ਟੂੰ ਨੇ ਵਿਰੋਧੀਆਂ ਦੀ ਨੀਂਦ ਹਰਾਮ ਕੀਤੀ : ਝਨੇੜੀ



ਦਿੜ੍ਹਬਾ ਮੰਡੀ (ਜਸਵੀਰ ਲਾਡੀ)-ਬੀਤੇ ਦਿਨੀਂ ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਜਿਵੇਂ ਹੀ ਪੰਜਾਬ ਦੀਆਂ ਔਰਤਾਂ ਨਾਲ ਕੀਤਾ ਆਪਣਾ ਵਾਅਦਾ ਨਿਭਾਉਂਦੇ ਹੋਏ ਉਨ੍ਹਾਂ ਦੇ ਖਾਤਿਆਂ ਵਿੱਚ ਪੈਸੇ ਪਾਏ ਤਾਂ ਮੋਬਾਈਲਾਂ ਦੀ ਟੂੰ-ਟੂੰ ਦੀ ਅਵਾਜ਼ ਨੇ ਸਾਰੀਆਂ ਵਿਰੋਧੀ ਪਾਰਟੀਆਂ ਦੇ ਲੀਡਰਾਂ ਦੀ ਨੀਂਦ ਉਡਾ ਦਿੱਤੀ, ਕਿਉਂਕਿ ਹੁਣ ਤੱਕ ਵਿਰੋਧੀ ਲੀਡਰ ਇਹ ਰੌਲਾ ਪਾ ਰਹੇ ਸਨ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ ਔਰਤਾਂ ਨਾਲ ਵਾਅਦਾ ਨਾ ਨਿਭਾ ਕੇ ਧੋਖਾ ਕੀਤਾ ਹੈ, ਪਰ ਹੁਣ ਉਨ੍ਹਾਂ ਸਭ ਦੇ ਮੂੰਹ ਬੰਦ ਹੋ ਗਏ ਹਨ।ਪੰਜਾਬ ਦੇ ਲੋਕ ਵਿਰੋਧੀ ਪਾਰਟੀਆਂ ਦੇ ਲੀਡਰਾਂ ਨੂੰ ਮੂੰਹ ਨਹੀਂ ਲਗਾ ਰਹੇ ਤੇ ਦੁਬਾਰਾ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣਾਉਣ ਲਈ ਤੱਤਪਰ ਹਨ।ਇਨ੍ਹਾਂ ਗੱਲਾਂ ਦਾ ਪ੍ਰਗਟਾਵਾ ਕਰਦਿਆਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਨੰਬਰਦਾਰ ਅਵਤਾਰ ਸਿੰਘ ਝਨੇੜੀ ਨੇ ਕਿਹਾ ਕਿ ਸ. ਭਗਵੰਤ ਸਿੰਘ ਮਾਨ ਦੀ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਲੋਕਾਂ ਨਾਲ ਕੀਤੇ ਸਾਰੇ ਚੁਣਾਵੀ ਵਾਅਦੇ ਪੂਰੇ ਕਰਨ ਦਿੱਤੇ ਹਨ, ਜਿਸ ਕਾਰਨ ਪੰਜਾਬ ਦਾ ਹਰ ਵਰਗ ਖੁਸ਼ ਹੈ।

## ਤਰਕਸ਼ੀਲ ਸੁਸਾਇਟੀ ਪੰਜਾਬ ਜ਼ੋਨ ਲੁਧਿਆਣਾ ਦੀ ਮੀਟਿੰਗ



ਲੁਧਿਆਣਾ, (ਸਤੀਸ਼ ਸਚਦੇਵਾ) ਤਰਕਸ਼ੀਲ ਸੁਸਾਇਟੀ ਪੰਜਾਬ (ਜ਼ੋਨ ਲੁਧਿਆਣਾ) ਦੀ ਮੀਟਿੰਗ ਅੱਜ ਜ਼ੋਨ ਜੱਥੇਬੰਦਕ ਮੁਖੀ ਜਸਵੰਤ ਜ਼ੀਰਖ ਦੀ ਪ੍ਰਧਾਨਗੀ ਹੇਠ ਜ਼ੋਨ ਦਫ਼ਤਰ ਵਿਖੇ ਹੋਈ।ਇਸ ਵਿੱਚ ਜ਼ੋਨ ਵਿਭਾਗੀ ਮੁਖੀਆਂ ਦੇ ਨਾਲ ਹੀ ਜ਼ੋਨ ਨਾਲ ਸਬੰਧਤ ਇਕਾਈਆਂ ਦੇ ਮੁਖੀਆਂ ਨੇ ਭਾਗ ਲਿਆ। ਮੀਡੀਆ ਮੁਖੀ ਹਰਚੰਦ ਭਿੰਡਰ ਨੇ ਦੱਸਿਆ ਕਿ ਇਸ ਸਮੇਂ ਸੂਬਾ ਐਗਜ਼ੈਕਟਿਵ ਤੇ ਸੂਬਾ ਵਰਕਿੰਗ ਕਮੇਟੀ ਦੀ ਪਿਛਲੇ ਦਿਨੀਂ ਹੋਈ ਮੀਟਿੰਗ ਦੀ ਰਿਪੋਰਟ 'ਤੇ ਗੰਭੀਰਤਾ ਨਾਲ ਚਰਚਾ ਹੋਈ।ਚਰਚਾ ਉਪਰੰਤ ਮੀਟਿੰਗ ਵਿੱਚ ਇਹ ਫੈਸਲਾ ਹੋਇਆ ਕਿ ਜ਼ੋਨ ਲੁਧਿਆਣਾ ਅੰਧ-ਵਿਸ਼ਵਾਸ ਤੇ ਧਾਰਮਿਕ ਕੱਟੜਵਾਦ ਨੂੰ ਠੱਲ੍ਹ ਪਾਉਣ ਲਈ ਲੁਧਿਆਣਾ ਜ਼ਿਲੇ ਦੇ ਦੇਸ਼ ਭਗਤਾਂ ਨਾਲ ਸੰਬੰਧਤ ਜਨਮ ਤੇ ਸ਼ਹੀਦੀ ਦਿਨਾਂ 'ਤੇ ਉਨ੍ਹਾਂ ਦੀਆਂ ਕੁਰਬਾਨੀਆਂ ਨੂੰ ਲੋਕਾਂ ਵਿੱਚ ਪ੍ਰਚਾਰਤ ਕਰਨ ਦੇ ਨਾਲ-ਨਾਲ ਵਿਗਿਆਨਕ ਚੇਤਨਾ ਸਬੰਧੀ ਵਿਗਿਆਨੀਆਂ ਦੀਆਂ ਖੋਜਾਂ 'ਤੇ ਅਧਾਰਤ ਉਨ੍ਹਾਂ ਦੀ ਸਮਾਜ ਪ੍ਰਤੀ ਦੇਣ ਬਾਰੇ ਜਾਣਕਾਰੀ ਦਿੰਦਾ ਸਾਹਿਤ ਤੇ ਪੈਂਫਲਿਟ ਵੀ ਲੋਕਾਂ ਵਿੱਚ ਵੰਡੇਗਾ।ਇਸ ਤੋਂ ਬਿਨਾਂ ਇਲਾਕੇ ਵਿੱਚ ਲੱਗਣ ਵਾਲੇ ਮੇਲਿਆਂ ਤੇ ਪਬਲਿਕ ਇਕੱਠਾਂ ਵਿੱਚ ਵਿਗਿਆਨਕ ਸੂਝ ਮਹੱਈਆ ਕਰਨ ਦੇ ਯਤਨ ਜੁਟਾਏ ਜਾਣਗੇ।ਤਰਕਸ਼ੀਲ ਸਾਹਿਤ ਵੈਨ ਰਾਹੀਂ ਵੀ ਇਸ ਨੂੰ ਹੋਰ ਮਹੱਤਵਪੂਰਨ ਬਣਾਉਣ ਲਈ ਪ੍ਰੋਗਰਾਮ ਉਲੀਕੇ।ਇਸ ਸਮੇਂ ਜ਼ੋਨ ਮੁਖੀ ਜਸਵੰਤ ਜ਼ੀਰਖ ਨੇ ਸੂਬਾ ਆਗੂ ਮੋਹਨ ਬਡਲਾ ਦੇ ਪਿਤਾ ਜਿਨ੍ਹਾਂ ਦਾ ਪਿਛਲੇ ਦਿਨੀਂ ਦਿਹਾਂਤ ਹੋ ਜਾਣ ਉਪਰੰਤ ਮ੍ਰਿਤਕ ਸਰੀਰ ਹਸਪਤਾਲ ਨੂੰ ਮੈਡੀਕਲ ਖੋਜਾਂ ਲਈ ਦਿੱਤਾ ਗਿਆ ਸੀ, ਦੇ ਸਬੰਧ ਵਿੱਚ ਜਾਣਕਾਰੀ ਸਾਂਝੀ ਕਰਦਿਆਂ ਪ੍ਰਸੰਸਾ ਕੀਤੀ ਗਈ।ਉਨ੍ਹਾਂ ਦੇ ਪਰਵਾਰ ਵੱਲੋਂ ਜ਼ੋਨ ਲਈ ਕੀਤੀ ਵਿੱਤੀ ਸਹਾਇਤਾ ਲਈ ਧੰਨਵਾਦ ਕੀਤਾ।ਇਸ ਸਮੇਂ ਤਰਕਸ਼ੀਲ ਸੁਸਾਇਟੀ ਦਾ ਪੰਜਾਬੀ ਤੇ ਹਿੰਦੀ ਤਰਕਸ਼ੀਲ ਮੈਗਜ਼ੀਨ ਰਿਲੀਜ਼ ਕਰਕੇ ਇਕਾਈਆਂ ਨੂੰ ਵੰਡਿਆ ਗਿਆ।ਇਸ ਮੀਟਿੰਗ ਵਿੱਚ ਜ਼ੋਨ ਮੁਖੀ ਤੋਂ ਇਲਾਵਾ ਧਰਮਪਾਲ ਸਿੰਘ, ਸ਼ਮਸ਼ੇਰ ਨੂਰਪੁਰੀ, ਧਰਮ ਸਿੰਘ ਸੁਜਾਪੁਰ, ਹਰਚੰਦ ਭਿੰਡਰ, ਮਾ. ਕਰਨੈਲ ਸਿੰਘ, ਬਲਵਿੰਦਰ ਸਿੰਘ, ਕਰਤਾਰ ਵੀਰਾਨ ਤੇ ਜਗਤਾਰ ਦੋਰਾਹਾ ਆਦਿ ਨੇ ਵਿਸ਼ੇਸ਼ ਤੌਰ 'ਤੇ ਭਾਗ ਲਿਆ।

## ਐੱਮ.ਡੀ. ਪਬਲਿਕ ਹਾਈ ਸਕੂਲ 'ਚ ਲੱਗਾ ਪੰਜ ਰੋਜ਼ਾ ਸਮਰ ਕੈਂਪ



ਸੁਨਾਮ (ਹਾਕਮ ਭੱਟੀ ਅਸ਼ੋਕ ਬਾਂਸਲ)-ਐਮ.ਡੀ. ਪਬਲਿਕ ਹਾਈ ਸਕੂਲ ਵਿਖੇ ਪੰਜ ਰੋਜ਼ਾ ਸਮਰ ਕੈਂਪ ਲਾਇਆ ਗਿਆ।ਕੈਂਪ ਦਾ ਉਦੇਸ਼ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਰਚਨਾਤਮਕਤਾ ਤੇ ਵਿਹਾਰਕ ਗਿਆਨ ਨੂੰ ਉਤਸ਼ਾਹਤ ਕਰਨਾ ਸੀ।ਸਮਰ ਕੈਂਪ ਦੌਰਾਨ ਵਿਦਿਆਰਥੀਆਂ ਲਈ ਸਾਇੰਸ ਐਕਸਪੈਰੀਮੈਂਟ, ਹੀਟਲੈੱਸ ਕੁਕਿੰਗ, ਆਰਟ ਐਂਡ ਕਰਾਫਟ, ਡਾਂਸ, ਮਿਊਜ਼ਿਕ, ਯੋਗਾ, ਪੇਂਟਿੰਗ ਤੇ ਮਨੋਰੰਜਕ ਖੇਡਾਂ ਵਰਗੀਆਂ ਵੱਖ-ਵੱਖ ਗਤੀਵਿਧੀਆਂ ਕਰਾਈਆਂ ਗਈਆਂ।ਵਿਦਿਆਰਥੀਆਂ ਨੇ ਹਰ ਗਤੀਵਿਧੀ ਵਿੱਚ ਬੜੇ ਉਤਸ਼ਾਹ ਅਤੇ ਜੋਸ਼ ਨਾਲ ਭਾਗ ਲਿਆ ਤੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਹੀਟਲੈੱਸ ਕੁਕਿੰਗ ਗਤੀਵਿਧੀ ਦੌਰਾਨ ਵਿਦਿਆਰਥੀਆਂ ਨੇ ਬਿਨਾਂ ਅੱਗ ਦੀ ਵਰਤੋਂ ਕੀਤੇ ਸਿਹਤਮੰਦ ਅਤੇ ਸੁਆਦਿਸ਼ਟ ਭੋਜਨ ਤਿਆਰ ਕਰਕੇ ਆਪਣੀ ਪਾਕ-ਕਲਾ ਦਾ ਪ੍ਰਦਰਸ਼ਨ ਕੀਤਾ।ਸਾਇੰਸ ਐਕਸਪੈਰੀਮੈਂਟਾਂ ਰਾਹੀਂ ਬੱਚਿਆਂ ਨੇ ਵਿਗਿਆਨ ਦੇ ਸਿਧਾਂਤਾਂ ਨੂੰ ਪ੍ਰਯੋਗਿਕ ਢੰਗ ਨਾਲ ਸਮਝਿਆ ਤੇ ਨਵੀਆਂ ਖੋਜਾਂ ਪ੍ਰਤੀ ਆਪਣੀ ਜਿਗਿਆਸਾ ਨੂੰ ਹੋਰ ਵਧਾਇਆ।ਸਮਰ ਕੈਂਪ ਦੇ ਸਮਾਪਤੀ ਸਮਾਰੋਹ ਵਿੱਚ ਵਾਰਡ ਨੰਬਰ 21 ਦੀ *ਐਮ.ਸੀ. ਸ੍ਰੀਮਤੀ ਕੰਚਨ ਵਰਮਾ ਅਤੇ ਸੋਨੂੰ ਵਰਮਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।ਉਨ੍ਹਾਂ ਨੇ ਵਿਦਿਆਰਥੀਆਂ ਦੇ ਹੁਨਰ ਤੇ ਰਚਨਾਤਮਕ ਪ੍ਰਦਰਸ਼ਨਾਂ ਦੀ ਭਰਪੂਰ ਸਰਾਹਨਾ ਕੀਤੀ ਅਤੇ ਸਕੂਲ ਵੱਲੋਂ ਕਰਾਏ ਗਏ ਇਸ ਉਪਰਾਲੇ ਦੀ ਪ੍ਰਸ਼ੰਸਾ ਕੀਤੀ।ਸਕੂਲ ਦੇ ਪ੍ਰਿੰਸੀਪਲ ਸ਼ਸ਼ਾਂਕ ਪਾਠਕ ਨੇ ਕਿਹਾ ਕਿ ਅਜਿਹੇ ਸਮਰ ਕੈਂਪ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਲੀਡਰਸ਼ਿਪ, ਰਚਨਾਤਮਕ ਸੋਚ ਅਤੇ ਟੀਮ ਵਰਕ ਦੀ ਭਾਵਨਾ ਨੂੰ ਵਿਕਸਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਵੀ ਅਜਿਹੀਆਂ ਗਤੀਵਿਧੀਆਂ ਵਿੱਚ ਵਧ-ਚੜ੍ਹ ਕੇ ਭਾਗ ਲੈਣ ਲਈ ਪ੍ਰੇਰਿਤ ਕੀਤਾ। ਕੈਂਪ ਦੇ ਸਮਾਪਤੀ ਸਮਾਰੋਹ ਦੌਰਾਨ ਵਿਦਿਆਰਥੀਆਂ ਦੇ ਸ਼ਾਨਦਾਰ ਪ੍ਰਦਰਸ਼ਨ ਦੀ ਭਰਪੂਰ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਨੂੰ ਭਾਗੀਦਾਰੀ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।

## ਮਾਤਾ ਚਿੰਤਪੂਰਨੀ ਵਿਖੇ ਭੰਡਾਰਾ 13 ਤੋਂ 21 ਅਗਸਤ ਤੱਕ ਲਗਾਇਆ ਜਾਵੇਗਾ : ਅਸ਼ੋਕ ਗਰਗ

### 12 ਅਗਸਤ ਨੂੰ ਬਾਘਾ ਪੁਰਾਣਾ ਤੋਂ ਰਵਾਨਾ ਹੋਣਗੇ ਲੰਗਰ ਸਮੱਗਰੀ ਦੇ ਟਰੱਕ



ਬਾਘਾ ਪੁਰਾਣਾ, (ਮਨੀ ਸਿੰਗਲਾ)-ਜੈ ਮਾਤਾ ਚਿੰਤਪੂਰਨੀ ਲੰਗਰ ਟਰੱਸਟ ਬਾਘਾ ਪੁਰਾਣਾ ਵੱਲੋਂ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ 49ਵਾਂ ਵਾਰਸ਼ਿਕ ਸ਼ੁੱਧ ਦੇਸੀ ਘਿਓ ਦਾ ਵਿਸ਼ਾਲ ਭੰਡਾਰਾ ਮਾਤਾ ਸ਼੍ਰੀ ਚਿੰਤਪੂਰਨੀ ਧਾਮ ਵਿਖੇ 13 ਅਗਸਤ ਤੋਂ 21 ਅਗਸਤ ਤੱਕ ਸ਼ਰਧਾ ਤੇ ਸੇਵਾ ਭਾਵਨਾ ਨਾਲ ਲਗਾਇਆ ਜਾਵੇਗਾ।ਟਰੱਸਟ ਦੇ ਪ੍ਰਧਾਨ ਅਸ਼ੋਕ ਗਰਗ (ਸ਼ੋਕੀ) ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਾਤਾ ਚਿੰਤਪੂਰਨੀ ਦੇ ਸਾਲਾਨਾ ਮੇਲੇ ਦੌਰਾਨ ਦੇਸ਼-ਵਿਦੇਸ਼ ਤੋਂ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਦੀ ਸੇਵਾ ਲਈ ਮਹਾਂਮਾਈ ਦੇ ਅਸ਼ੀਰਵਾਦ ਨਾਲ ਲੰਗਰ ਸੇਵਾ 13 ਅਗਸਤ ਤੋਂ ਸ਼ੁਰੂ ਕੀਤੀ ਜਾਵੇਗੀ।ਉਨ੍ਹਾਂ ਕਿਹਾ ਕਿ ਟਰੱਸਟ ਵੱਲੋਂ ਸ਼ਰਧਾਲੂਆਂ ਲਈ ਚਾਹ, ਪੀਣ ਵਾਲੇ ਪਾਣੀ, ਨਾਸ਼ਤੇ ਤੇ ਸ਼ੁੱਧ ਦੇਸੀ ਘਿਓ ਨਾਲ ਤਿਆਰ ਭੋਜਨ ਦਾ ਵਿਸ਼ੇਸ਼ ਤੇ ਸੁਚੱਜਾ ਪ੍ਰਬੰਧ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਹ ਸੇਵਾ ਐੱਨ.ਆਰ.ਆਈ. ਵੀਰਾਂ, ਦਾਨੀ ਸੱਜਣਾਂ ਤੇ ਬਾਘਾ ਪੁਰਾਣਾ ਸ਼ਹਿਰ ਵਾਸੀਆਂ ਦੇ ਸਹਿਯੋਗ ਨਾਲ ਹਰ ਸਾਲ ਨਿਰੰਤਰ ਚੱਲ ਰਹੀ ਹੈ।ਟਰੱਸਟ ਵੱਲੋਂ ਸੇਵਾ ਕਾਰਜਾਂ ਲਈ ਸਾਰੀਆਂ ਤਿਆਰੀਆਂ ਸ਼ੁਰੂ ਕਰ ਦਿੱਤੀਆਂ ਗਈਆਂ ਹਨ ਤੇ ਲੰਗਰ ਸਮੱਗਰੀ ਨਾਲ ਭਰੇ ਟਰੱਕ 12 ਅਗਸਤ ਨੂੰ ਸਵੇਰੇ ਨਿਹਾਲ ਸਿੰਘ ਵਾਲਾ ਰੋਡ ਬਾਘਾ ਪੁਰਾਣਾ ਤੋਂ ਮਾਤਾ ਚਿੰਤਪੂਰਨੀ ਧਾਮ ਲਈ ਰਵਾਨਾ ਕੀਤੇ ਜਾਣਗੇ।ਟਰੱਸਟ ਨੇ ਸਮੂਹ ਸੰਗਤ ਤੇ ਸੇਵਾਦਾਰਾਂ ਨੂੰ ਇਸ ਪੁੰਨ ਦੇ ਕਾਰਜ ਵਿੱਚ ਵੱਧ-ਚੜ੍ਹ ਕੇ ਸਹਿਯੋਗ ਦੇਣ ਤੇ ਮਾਤਾ ਰਾਣੀ ਦੀ ਕਿਰਪਾ ਦੇ ਭਾਗੀ ਬਣਨ ਦੀ ਅਪੀਲ ਵੀ ਕੀਤੀ।ਇਸ ਮੌਕੇ ਸੁਕੇਸ਼ ਗਰਗ ਸੈਂਕਾ, ਵਿਕਾਸ ਕਟਾਰੀਆ ਸੈਕਟਰੀ, ਕੁਮਾਰ ਗਰਗ, ਮੁਨੀਸ਼ ਗੋਇਲ, ਹਨੀ, ਪਵਨ ਕੁਕਰੇਜਾ, ਦੀਪਕ ਬਾਂਸਲ, ਸੰਜੀਵ ਪਿੰਕਾ, ਰਾਕੇਸ਼ ਕੇਸ਼ਾ, ਹੈਪੀ ਸਹਿਗਲ ਤੇ ਹੋਰ ਸ਼ਾਮਲ ਸਨ।

## ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਮਹਾਂ ਰੈਲੀ 29 ਨੂੰ



ਸੰਗਰੂਰ (ਪ੍ਰਵੀਨ ਸਿੰਘ) ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਦੀ ਸੂਬਾ ਪੱਧਰੀ ਮੀਟਿੰਗ ਪੰਜਾਬ ਪਾਵਰਕਾਮ ਪੈਨਸ਼ਨਰਜ਼ ਦੇ ਦਫ਼ਤਰ ਵਿੱਚ ਸੁਖਦੇਵ ਸਿੰਘ ਸੈਣੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਵਿੱਚ 17 ਜੂਨ ਨੂੰ ਜਲੰਧਰ ਵਿਖੇ ਹੋਈ ਜੁਆਇੰਟ ਫਰੰਟ ਦੀ ਕਨਵੈਨਸ਼ਨ ਵਿੱਚ ਵੱਖ-ਵੱਖ ਪੈਨਸ਼ਨਰਜ਼ ਜਥੇਬੰਦੀਆਂ ਵੱਲੋਂ ਲਗਾਏ ਗਏ ਕੋਟ ਮੁਤਾਬਕ ਭਰਵੀਂ ਸ਼ਮੂਲੀਅਤ 'ਤੇ ਤਸੱਲੀ ਪ੍ਰਗਟ ਕੀਤੀ।ਕਨਵੈਨਸ਼ਨ ਵਿੱਚ ਕੀਤੇ ਸੰਘਰਸ਼ ਦੇ ਐਲਾਨ ਮੁਤਾਬਕ 29 ਜੁਲਾਈ ਨੂੰ ਸੰਗਰੂਰ ਦੀ ਨਵੀਂ ਦਾਨਾ ਮੰਡੀ ਵਿੱਚ 11 ਵਜੇ ਮਹਾਂਰੈਲੀ ਕਰਨ ਉਪਰੰਤ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਕੋਠੀ ਵੱਲ ਮਾਰਚ ਕਰਕੇ ਪੈਨਸ਼ਨਰਾਂ ਦੀਆਂ ਲਟਕਦੀਆਂ ਮੰਗਾਂ ਪ੍ਰਤੀ ਪੰਜਾਬ ਸਰਕਾਰ ਦੇ ਰਵਈਏ ਖ਼ਿਲਾਫ਼ ਆਪਣੇ ਗੁੱਸੇ ਅਤੇ ਰੋਹ ਦਾ ਪ੍ਰਗਟਾਵਾ ਕਰਨ ਦਾ ਫੈਸਲਾ ਕੀਤਾ।ਕਰਮ ਸਿੰਘ ਧਨੋਆ, ਭਜਨ ਸਿੰਘ ਗਿੱਲ, ਅਵਿਨਾਸ਼ ਸ਼ਰਮਾ, ਸੁਖਵਿੰਦਰ ਸਿੰਘ ਸੈਣੀ, ਸੁਰਿੰਦਰ ਰਾਮ ਕੁੱਸਾ, ਰਾਜ ਕੁਮਾਰ ਅਰੋੜਾ, ਸੀਤਾ ਰਾਮ ਸ਼ਰਮਾ, ਦਰਸ਼ਨ ਸਿੰਘ ਨਾਰਥ, ਸ਼ਿਵ ਕੁਮਾਰ ਤਿਵਾੜੀ, ਨਾਹਰ ਸਿੰਘ, ਦੇਵ ਰਾਜ, ਪ੍ਰੇਮਚੰਦ ਪੰਜੋਲਾ ਤੇ ਭੁਪਿੰਦਰ ਸਿੰਘ ਜੱਸੀ ਨੇ ਕਿਹਾ ਕਿ 17 ਜੁਲਾਈ ਨੂੰ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ, ਸਾਂਝਾ ਮੁਲਾਜ਼ਮ ਮੰਚ ਤੇ ਆਜ਼ਾਦ ਜਥੇਬੰਦੀਆਂ ਵੱਲੋਂ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਚੇਤਾਵਨੀ ਰੈਲੀ ਵਿੱਚ ਵੀ ਵਧ-ਚੜ੍ਹ ਕੇ ਪੂਰੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ 1 ਜੁਲਾਈ ਤੋਂ 11 ਜੁਲਾਈ ਤੱਕ ਮੰਤਰੀਆਂ ਵਿਧਾਇਕਾਂ ਦੇ ਘਰਾਂ ਵੱਲ ਮਾਰਚ ਕਰਨ ਦੇ ਸਾਂਝੇ ਪ੍ਰੋਗਰਾਮ ਵਿੱਚ ਵੀ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ ਕਿਉਂਕਿ ਪੰਜਾਬ ਸਰਕਾਰ ਵੱਲੋਂ ਮਹਿੰਗਾਈ ਭੱਤਾ ਜਾਮ ਕਰਨ ਤੇ ਪਹਿਲਾਂ ਮਿਲ ਰਹੇ ਸਕੇਲਾਂ ਤੇ ਕੈਂਚੀ ਫੇਰਨ ਵਰਗੇ ਮੁਲਾਜ਼ਮ ਪੈਨਸ਼ਨਰ ਵਿਰੋਧੀ ਸੀਲ ਬੰਦ ਰਿਪੋਰਟਾਂ ਰਾਹੀ ਮਾਨਯੋਗ ਹਾਈ ਕੋਰਟ ਨੂੰ ਗੁੰਮ ਰਾਹ ਕੀਤਾ ਜਾ ਰਿਹਾ ਹੈ।ਪੈਨਸ਼ਨਰਾਂ ਦਾ 2.59 ਦਾ ਗੁਣਾਕ ਅਤੇ ਨੋਸ਼ਨਲ ਅਧਾਰ ਤੇ ਪੈਨਸ਼ਨਾਂ ਸੋਧਣ ਦੇ ਛੇਵੇਂ ਪੇਅ ਕਮਿਸ਼ਨ ਦੇ ਫੈਸਲੇ ਮੰਨਣ ਤੋਂ ਇਨਕਾਰ ਕੀਤਾ ਜਾ ਰਿਹਾ ਹੈ।ਬੁਢਾਪੇ ਵਿੱਚ ਦੇਖਭਾਲ ਕਰਨ ਲਈ ਕੇਅਰ ਟੇਕਰ ਰੱਖਣ, ਪੁਰਾਣੀ ਪੈਨਸ਼ਨ ਬਹਾਲ ਕਰਨ ਲਈ ਜਾਰੀ ਕੀਤਾ ਨੋਟੀਫਿਕੇਸ਼ਨ ਸਰਕਾਰ ਦੀਆਂ ਫਾਈਲਾਂ ਦਾ ਮੂੰਹ ਚਿੜਾ ਰਿਹਾ ਹੈ।ਮੁਲਾਜਮਾਂ ਦੇ 37 ਭੱਤੇ ਖੋਹ ਲਏ ਗਏ ਹਨ, ਜਿਸ ਕਰਕੇ 17 ਜੁਲਾਈ ਦੀ ਸਾਂਝੀ ਰੈਲੀ ਵਿੱਚ ਪੈਨਸ਼ਨਰਾਂ ਦੀ ਭਰਵੀਂ ਸ਼ਮੂਲੀਅਤ ਸਮੇਂ ਦੀ ਅਣਸਰਦੀ ਲੋੜ ਹੈ।ਜਿਹੜੀ ਪ੍ਰਬੰਧਕੀ ਕਮੇਟੀ ਦਾ ਗਠਨ ਕੀਤਾ ਗਿਆ ਹੈ, ਉਹ 29 ਜੁਲਾਈ ਦੀ ਮਹਾਂ ਰੈਲੀ ਲਈ ਸਥਾਨ ਸਟੇਜ, ਰਿਕਸ਼ਾ, ਸਾਊਂਡ, ਪਾਣੀ, ਤੇ ਬੈਠਣ ਦਾ ਪ੍ਰਬੰਧ ਕਰੇਗੀ।ਪ੍ਰਬੰਧਕੀ ਕਮੇਟੀ ਵਿੱਚ ਅਵਿਨਾਸ਼ ਸ਼ਰਮਾ ਤੇ ਇੰਦਰਜੀਤ ਸਿੰਘ ਸੰਗਰੂਰ, ਰਾਜ ਕੁਮਾਰ ਅਰੋੜਾ ਤੇ ਭੁਪਿੰਦਰ ਸਿੰਘ ਜੱਸੀ (ਪੈਨਸ਼ਨਰਜ਼ ਕਨਫੈਡਰੇਸ਼ਨ), ਹਰਦੇਵ ਸਿੰਘ ਜਵੰਧਾ ਤੇ ਜੈ ਦੇਵ ਸ਼ਰਮਾ (ਪੰਜਾਬ ਗੌਰਮਿੰਟ ਪੈਨਸ਼ਨਰਜ਼ ਐਸੋਸੀਏਸ਼ਨ) ਤੇ ਪੰਜਾਬ ਪੁਲੀਸ ਪੈਨਸ਼ਨਰਜ਼ ਐਸੋਸੀਏਸ਼ਨ ਵੱਲੋਂ ਅਮਰਜੀਤ ਸਿੰਘ ਤੇ ਪ੍ਰਿਤਪਾਲ ਸਿੰਘ ਸ਼ਾਮਲ ਕੀਤੇ ਗਏ। 20 ਜੁਲਾਈ ਨੂੰ ਆਨਲਾਈਨ ਮੀਟਿੰਗ ਕਰਕੇ 29 ਜੁਲਾਈ ਦੇ ਪ੍ਰਬੰਧ ਤੇ ਸਰਕਾਰ ਵੱਲੋਂ ਮਹਿੰਗਾਈ ਭੱਤੇ ਤੇ ਬਕਾਏ ਦੇ ਕੋਰਟ ਕੇਸਾਂ ਸਬੰਧੀ ਸਰਕਾਰ ਦੇ ਰਵੱਈਏ, ਪ੍ਰਗਤੀ ਦਾ ਜਾਇਜ਼ਾ ਲਿਆ ਜਾਵੇਗਾ।

## ਕਲਾਸੀਫਾਈਡ ਇਸ਼ਤਿਹਾਰ

### Change of Name

**I Ratan Singh S/O Makhan Singh, Village and Post Office Saidowal Khurd, Distt Gurdaspur, Punjab 143528 have changed my name from Ratan Singh to Rattan Singh.**

**I, Jasbir Singh S/o Gurnam Singh R/o H.No.267, HS City Kherabad Road, Mirankot Chowk, Amritsar have declare that Jasbir is my Given name and Singh is my Surname.**

**I, Vidhula Bhaskar D/o Joginder Pal W/o Amit Sharma R/o 486-A/619, Majitha Road, Basant Nagar, Amritsar have changed my name from Vidhula Bhaskar to Vidula.**

**I, Kuldip Kaur W/O Shamsher Singh R/O Village Gehri Mandi Distt Amritsar have changed my name from Kuldip Singh to Kuldeep Singh.**

**I, Mini Arora D/o Ashok Kumar Arora W/o Harish Arora R/o 23-B, New Garden Colony, Amritsar have changed my name from Mini Arora to Heena Arora.**

**I Renu W/o Ashok Kumar Sharma R/o H.no. 499, Dakoha, Jalandhar have changed my name from Renu to Renu Bala. All concerned may note.**

**I Asha Rani W/O Sandeep Kumar R/O Vill. Begowal, Po. Phambra, Teh. Nawanshahr, Distt. S.b.s Nagar Pin. 144417, Punjab Have Changed My Name From Asha Rani To Rani Asha. (Surname Rani).**

**I Lucky S/O Rakesh Kumar R/O V.p.o. Aur, Teh. Nawanshahr, Distt. S.b.s Nagar Pin. 144417, Punjab Have Changed My Name From Lucky To Kumar Lucky. (Surname Kumar).**

**I, Kuldeep S/o Gurdas Ram R/o H.no. 245, Ward No. 11, Jagjit Colony, New Abadi, Village Dhilwan, PO. Dakoha, Distt. Jalandhar - 144023, Punjab have changed my name from Kuldeep to Kuldip Kumar. All concerned please note.**

**I, Anju Bala W/o Anil Kumar R/o Khurla Kingra, PO. Khurla, Distt.Jalandhar have changed my Minor Daughter name from Yuvani to Yashpreet Kaur. All Please Note.**

**I, Fransis Masih S/o Charan Masih R/o Near St. Soldier School, Nurmahal Road, Dhina, Dhin, Jalandhar have changed my name from Fransis Masih to Francis Masih. All Please Note.**

### ਬੇਦਖਲੀ ਨੋਟਿਸ

ਮੈ ਬਲਵਿੰਦਰ ਸਿੰਘ ਪੁੱਤਰ ਰਤਨ ਸਿੰਘ ਵਾਸੀ ਬੋਪਾਰਾਏ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ ।ਮੇਰਾ ਲੜਕਾ ਸੰਦੀਪ ਸਿੰਘ ਸੰਨੀ ਮੇਰੇ ਕਹਿਣੇ ਤੋਂ ਬਾਹਰ ਹੈ । ਮੈ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ ।ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਮੈਂ, ਹਰਸਿਮਰਨ ਸਿੰਘ ਪੁੱਤਰ ਅਮਰਜੀਤ ਸਿੰਘ, ਵਾਸੀ ਮਕਾਨ ਨੰਬਰ 32/12, ਹਕੀਮ ਜਾਫਰ ਅਲੀ, ਕਪੂਰਥਲਾ, ਪੰਜਾਬ, ਬਿਆਨ ਕਰਦਾ ਹਾਂ ਕਿ ਮੇਰੀ ਪੁੱਤਰੀ ਹਰਨੂਰ ਕੌਰ, ਜੋ ਕਿ ਮੇਰੇ ਕਹਿਣੇਕਾਰ ਵਿੱਚ ਨਹੀਂ ਹੈ ਅਤੇ ਆਪਣੀ ਮਰਜ਼ੀ ਕਰਦੀ ਹੈ। ਜਿਸ ਕਰਕੇ ਮੈਂ ਆਪਣੀ ਲੜਕੀ ਹਰਨੂਰ ਕੌਰ ਨੂੰ ਆਪਣੀ ਤਮਾਮ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰੀ ਲੜਕੀ ਨਾਲ ਕਿਸੇ ਵੀ ਕਿਸਮ ਦਾ ਲੈਣ-ਦੇਣ ਕਰਨ ਵਾਲਾ ਵਿਅਕਤੀ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਕੀਰਤੀ ਕੁਮਾਰ ਸ਼ਰਮਾ ਪੁੱਤਰ ਮਸਤ ਰਾਮ ਸ਼ਰਮਾ ਵਾਸੀ ਮਕਾਨ ਨੰਬਰ 369, ਸੰਤ ਨਗਰ, ਨੇੜੇ ਦੇਵੀ ਤਲਾਬ, ਕਪੂਰਥਲਾ ਘੋਸ਼ਣਾ ਕਰਦਾ ਹਾਂ ਕਿ ਮੇਰਾ ਲੜਕਾ ਮਨੀਸ਼ ਕੁਮਾਰ ਅਤੇ ਨੂੰਹ ਸਨੇਹ ਸ਼ਰਮਾ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜੀ ਕਰਦੇ ਹਨ। ਮੈਂ ਆਪਣੇ ਲੜਕੇ ਅਤੇ ਨੂੰਹ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਅਸੀਂ, ਰਮੇਸ਼ ਕੁਮਾਰ ਪੁੱਤਰ ਦੇਵ ਰਾਜ ਅਤੇ ਕਾਂਤਾ ਰਾਣੀ ਪਤਨੀ ਰਮੇਸ਼ ਕੁਮਾਰ ਵਾਸੀਆਨ ਮਕਾਨ ਨੰ. 105, ਗਲੋਬ ਕਲੋਨੀ ਗੁੱਜਾ ਪੀਰ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਪੰਕਜ ਅਤੇ ਉਸਦੀ ਪਤਨੀ ਆਂਚਲ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ।

### ਨਾਂਅ ਦੀ ਬਦਲੀ

ਮੈਂ, ਰੋਜ਼ੀ ਗਰਗ ਪਤਨੀ ਰਾਜੀਵ ਕੁਮਾਰ ਵਾਸੀ ਲੰਬੀ ਗਲੀ ਧਨੌਲਾ, ਜ਼ਿਲ੍ਹਾ ਬਰਨਾਲਾ ਦੀ ਰਹਿਣ ਵਾਲੀ ਹਾਂ। ਮੈਂ ਆਪਣਾ ਨਾਂਅ ਰੋਜ਼ੀ ਗਰਗ ਤੋਂ ਬਦਲ ਸਰੋਜ਼ ਰਾਣੀ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਜਸਕਰਨ ਸਿੰਘ ਪੁੱਤਰ ਗੁਰਮੇਲ ਸਿੰਘ ਪਿੰਡ ਤੇ ਡਾਕਖਾਨਾ ਠੀਂਡਾ , ਥਾਣਾ ਮਾਹਿਲਪੁਰ ਤਹਿਸੀਲ ਗੜ੍ਹਸ਼ੰਕਰ ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਹਾਂ ਕਿ ਮੈਂ ਆਪਣਾ ਨਾਮ ਚਰਨਜੀਤ ਸਿੰਘ ਤੋਂ ਬਦਲ ਕੇ ਜਸਕਰਨ ਸਿੰਘ ਰੱਖਿਆ ਹੋਇਆ ਹੈ ਜ਼ੋ ਮੇਰੇ ਅਧਾਰ ਕਾਰਡ, ਪੈਨ ਕਾਰਡ ਤੇ ਹੋਰ ਸਾਰੇ ਦਸਤਾਵੇਜ਼ਾਂ ਵਿੱਚ ਦਰਜ਼ ਹੈ ਪਰ ਵੋਟਰ ਸੂਚੀ ਵਿੱਚ ਚਰਨਜੀਤ ਸਿੰਘ ਲਿਖਿਆ ਹੋਇਆ ਹੈ। ਜਿਸਨੂੰ ਸੋਧ ਕਰਕੇ ਜਸਕਰਨ ਸਿੰਘ ਲਿਖਿਆ ਜਾਵੇ। ਅਤੇ ਮੈਨੂੰ ਜਸਕਰਨ ਸਿੰਘ ਨਾਮ ਨਾਲ ਜਾਣਿਆ ਜਾਵੇ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਨਰੇਗਾ ਮੁਲਾਜ਼ਮ ਪੰਚਾਇਤ ਵਿਭਾਗ 'ਚ ਮਰਜ਼ ਕਰਕੇ ਸੇਵਾਵਾਂ ਪੱਕੀਆਂ ਕਰਨ ਲਈ ਅੜੇ

**ਦਸੂਹਾ (ਕਰਨੈਲ ਮਾਂਗਟ)** ਪਿਛਲੇ ਲਗਭਗ 33 ਦਿਨਾਂ ਤੋਂ ਆਪਣੀਆਂ ਸੇਵਾਵਾਂ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵਿੱਚ ਮਰਜ਼ ਕਰਕੇ ਪੱਕੀਆਂ ਕਰਨ ਦੀ ਮੰਗ ਨੂੰ ਲੈ ਕੇ ਸੰਘਰਸ਼ ਕਰ ਰਹੇ ਨਰੇਗਾ




ਮੁਲਾਜ਼ਮਾਂ ਦੀ ਪਿਛਲੇ ਦਿਨੀਂ 2 ਜੁਲਾਈ ਨੂੰ ਪੰਜਾਬ ਸਿਵਲ ਸਕੱਤਰੇਤ ਚੰਡੀਗੜ੍ਹ ਵਿਖੇ ਪੈਨਲ ਮੀਟਿੰਗ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੇ ਦਫ਼ਤਰ ਵਿਖੇ ਹੋਈ। ਜਿਸ ਵਿੱਚ ਪੰਚਾਇਤ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਤੋਂ ਇਲਾਵਾ ਵਿਭਾਗ ਦੇ ਉੱਚ ਅਧਿਕਾਰੀ ਸ਼ਾਮਲ ਸਨ। ਮੀਟਿੰਗ ਵਿੱਚ ਦੋਵਾਂ ਕੈਬਨਿਟ ਮੰਤਰੀਆਂ ਵੱਲੋਂ ਮੁਲਾਜ਼ਮਾਂ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਨਰੇਗਾ ਮੁਲਾਜ਼ਮਾਂ ਨੂੰ ਪੰਚਾਇਤ ਵਿਭਾਗ ਵਿੱਚ ਮਰਜ਼ ਕਰਨ ਸੰਬੰਧੀ ਵਿਭਾਗ ਨੂੰ ਲੋੜੀਂਦੀ ਪ੍ਰਕਿਰਿਆ ਸ਼ੁਰੂ ਕਰਨ ਦੀ ਹਦਾਇਤ ਕੀਤੀ ਅਤੇ ਅਗਲੀ ਮੀਟਿੰਗ 7 ਜੁਲਾਈ ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਮੋਹਾਲੀ ਫੇਜ਼ 8 ਵਿਖੇ ਸਥਿਤ ਦਫ਼ਤਰ 'ਵਿਕਾਸ ਭਵਨ' ਵਿਖੇ ਤੈਅ ਕੀਤੀ , ਜਿਸ ਵਿੱਚ ਵਿਭਾਗ ਦੇ ਡਾਇਰੈਕਟਰ ਅਤੇ ਵਿੱਤ ਸਕੱਤਰ ਸਮੇਤ ਉੱਚ ਅਧਿਕਾਰੀਆਂ ਨੂੰ ਸ਼ਾਮਲ ਹੋਣ ਦੀ ਹਦਾਇਤ ਕੀਤੀ ਗਈ ਹੈ। ਨਰੇਗਾ ਕਰਮਚਾਰੀ ਯੂਨੀਅਨ ਪੰਜਾਬ ਦੇ ਪ੍ਰਧਾਨ ਸੇਵਕ ਸਿੰਘ, ਸਰਪ੍ਰਸਤ ਵਰਿੰਦਰ ਸਿੰਘ, ਸੀਨੀਅਰ ਮੀਤ ਪ੍ਰਧਾਨ ਹਰਿੰਦਰਪਾਲ ਸਿੰਘ, ਪ੍ਰੈੱਸ ਸਕੱਤਰ ਅਮਰੀਕ ਸਿੰਘ ਮਹਿਰਾਜ, ਗੁਰਦੀਪ ਦਾਸ, ਵਿੱਤ ਸਕੱਤਰ ਰਮਨਦੀਪ ਸਿੰਘ, ਰਣਧੀਰ ਸਿੰਘ ਧੀਮਾਨ, ਸੰਜੀਵ ਕੁਮਾਰ ਕਾਕੜਾ, ਅੰਮ੍ਰਿਤਪਾਲ ਸਿੰਘ ਆਦਿ ਨੇ ਕਿਹਾ ਕਿ 23 ਜੂਨ ਨੂੰ ਦਿੜਬਾ ਮੰਡੀ ਵਿਖੇ ਕੀਤੀ ਰੈਲੀ ਤੋਂ ਬਾਅਦ 2 ਜੁਲਾਈ ਦੀ ਮੀਟਿੰਗ ਮਿਲੀ ਸੀ। ਅਫ਼ਸਰਸ਼ਾਹੀ ਧੱਕੇਸ਼ਾਹੀ ਨਾਲ ਨਰੇਗਾ ਮੁਲਾਜ਼ਮਾਂ ਨੂੰ ਕੰਮ ਸ਼ੁਰੂ ਕਰਵਾਉਣ ਦਾ ਦਬਾਅ ਪਾ ਰਹੀ ਹੈ, ਪਰਚੇ ਦਰਜ ਕਰਵਾਉਣ ਦੀਆਂ ਧਮਕੀਆਂ ਦੇ ਰਹੀ ਹੈ। ਨਰੇਗਾ ਮੁਲਾਜ਼ਮਾਂ ਵੱਲੋਂ ਹੜਤਾਲ ਕਾਰਨ ਵੀਬੀਜੀਰਾਮਜੀ ਦਾ ਬਾਈਕਾਟ ਕੀਤਾ ਹੋਇਆ ਹੈ। ਨਰੇਗਾ ਮੁਲਾਜ਼ਮਾਂ ਵੱਲੋਂ ਇਮਾਨਦਾਰੀ ਨਾਲ ਸੰਘਰਸ਼ਾਂ ਵਿੱਚ ਸਾਥ ਦੇਣ ਲਈ ਗੁਰੂ ਘਰਾਂ ਵਿੱਚ ਅਰਦਾਸਾਂ ਕਰਵਾਈਆਂ ਜਾ ਰਹੀਆਂ ਹਨ। ਜ਼ਿਲ੍ਹਾ ਪ੍ਰਧਾਨ ਮੈਡਮ ਕੁਲਬੀਰ ਕੌਰ, ਬਲਾਕ ਪ੍ਰਧਾਨ ਦਸੂਹਾ ਗੁਰਮੇਲ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕੀ ਜੇਕਰ ਨਰੇਗਾ ਮੁਲਾਜ਼ਮਾਂ ਨੂੰ 7 ਤਰੀਕ ਨੂੰ ਹੋਣ ਵਾਲੀ ਮੀਟਿੰਗ ਵਿੱਚ ਪੰਚਾਇਤੀ ਵਿਭਾਗ ਵਿੱਚ ਮਰਜ ਨਾ ਕੀਤਾ ਗਿਆ ਤਾਂ ਆਉਣ ਵਾਲੇ ਸਮੇਂ ਵਿੱਚ ਵੱਡੇ ਸੰਘਰਸ਼ ਉਲੀਕੇ ਜਾਣਗੇ ਜਿਸਦੀ ਪੂਰਨ ਜ਼ਿੰਮੇਵਾਰੀ ਆਪ ਸਰਕਾਰ ਦੀ ਹੋਵੇਗੀ।

# ਨਰਿੰਦਰ ਸਿੰਘ ਨੇ ਜ਼ਿਲ੍ਹਾ ਕੰਟਰੋਲਰ ਹੁਸ਼ਿਆਰਪੁਰ ਦਾ ਚਾਰਜ ਸੰਭਾਲਿਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਖੁਰਾਕ ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਵਿਭਾਗ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਨਿਰੀਖਕ ਡਾ. ਤੇਜਬੀਰ ਸਿੰਘ ਧਾਲੀਵਾਲ ਨੇ ਪ੍ਰੈੱਸ ਬਿਆਨ ਰਾਹੀਂ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਲਾਲ ਚੰਦ ਕਟਾਰੂਚੱਕ ਮੰਤਰੀ ਪੰਜਾਬ ਦੀ ਸਰਪ੍ਰਸਤੀ ਹੇਠ ਡਿਪਟੀ ਡਾਇਰੈਕਟਰ ਫੀਲਡ ਜਲੰਧਰ ਰਜਨੀਸ਼ ਕੁਮਾਰੀ ਦੀ ਪ੍ਰਧਾਨਗੀ ਵਿੱਚ ਨਰਿੰਦਰ ਸਿੰਘ ਨੇ ਬਤੌਰ ਜ਼ਿਲ੍ਹਾ ਕੰਟਰੋਲਰ ਹੁਸ਼ਿਆਰਪੁਰ ਦਾ ਚਾਰਜ ਸੰਭਾਲਿਆ।



ਨਿਰੀਖਕ ਡਾ. ਧਾਲੀਵਾਲ ਅਨੁਸਾਰ ਨਰਿੰਦਰ ਸਿੰਘ ਨੇ ਆਪਣੇ ਸੰਬੋਧਨ ਦੌਰਾਨ ਸਟਾਫ ਨੂੰ ਇਹ ਦੱਸਿਆ ਕਿ ਇਹ ਚੌਥੀ ਵਾਰ ਹੈ ਕਿ ਉਨ੍ਹਾਂ ਨੂੰ ਜ਼ਿਲਾ ਹੁਸ਼ਿਆਰਪੁਰ ਦਾ ਚਾਰਜ ਸੰਭਾਲਨ੍ਹ ਦਾ ਮਾਨ ਪ੍ਰਾਪਤ ਹੋਇਆ ਹੈ ਅਤੇ ਉਹ ਪੂਰੀ ਤਨਦੇਹੀ ਅਤੇ ਇਮਾਨਦਾਰੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ।

ਇਸ ਮੌਕੇ ਤੇ ਡੀ ਐੱਫ ਐੱਸ ਓ ਅਮਿਤ ਭੱਟੀ ਜਲੰਧਰ, ਡੀ ਐੱਫ ਐੱਸ ਓ ਰਾਜ ਕੁਮਾਰ ਗੜ੍ਹਸ਼ੰਕਰ, ਡੀ ਐੱਫ ਐੱਸ ਓ ਸੰਜੀਵ ਕੁਮਾਰ ਹੁਸ਼ਿਆਰਪੁਰ, ਅਕਾਊਟ ਅਫ਼ਸਰ ਸੁਖਵਿੰਦਰਪਾਲ ਮੱਟੂ, ਸੀਨੀਅਰ. ਐਡੀਟਰ ਪਰਮਜੀਤ ਸਿੰਘ, ਏ ਐੱਫ ਐੱਸ ਓ ਮਨੀਸ਼ ਬੱਸੀ, ਏ ਐੱਫ ਐੱਸ ਓ ਜਸਵੀਰ ਸਿੰਘ, ਨਿਰੀਖਕ ਰਣਦੀਪ ਸਿੰਘ ਹਰਿਆਣਾ, ਮਨਜੀਤ ਸਿੰਘ, ਕੁਲਜੀਤ ਸਿੰਘ, ਚਰਨਜੀਤ ਸਿੰਘ, ਹਰਵਿੰਦਰ ਸਿੰਘ, ਮਨੀਸ਼, ਕਸ਼ਮੀਰੀ ਲਾਲ ਆਦਿ ਹਾਜ਼ਰ ਸਨ।

# ਪੰਜਾਬ ਸਕੂਲ ਸਿੱਖਿਆ ਬੋਰਡ ਰਜਿਸਟ੍ਰੇਸ਼ਨ ਦੀਆਂ ਤਰੀਕਾਂ 'ਚ ਵਾਧਾ ਕਰੇ : ਡੀ ਟੀ ਐੱਫ ਪੰਜਾਬ

**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਸਕੂਲ ਸਿੱਖਿਆ ਬੋਰਡ ਵਲੋਂ 8ਵੀਂ ਜਮਾਤ ਤੋਂ ਲੈ ਕੇ 12 ਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਕਰਨ ਲਈ 10 ਜੁਲਾਈ ਤੱਕ ਦਾ ਸਕੂਲਾਂ ਨੂੰ ਦਿੱਤਾ ਗਿਆ ਸਮਾਂ ਬਹੁਤ ਘੱਟ ਹੈ, ਕਿਉਂਕਿ ਬਹੁਤ ਸਾਰੇ ਅਧਿਆਪਕ ਪਹਿਲਾਂ ਹੀ ਐੱਸ ਆਈ ਆਰ ਸਰਵੇ ਕਰਕੇ ਸਕੂਲਾਂ ਤੋਂ ਬਾਹਰ ਚੱਲ ਰਹੇ ਹਨ। ਜਿਸ ਕਾਰਨ ਸਕੂਲਾਂ ਵਿੱਚ ਅਧਿਆਪਕਾਂ ਦੀ ਘਾਟ ਕਾਰਨ ਰਜਿਸਟ੍ਰੇਸ਼ਨ ਦਾ ਕੰਮ 10 ਜੁਲਾਈ ਤੱਕ ਪੂਰਾ ਕਰਨਾ ਬਹੁਤ ਮੁਸ਼ਕਿਲ ਹੈ। ਅਧਿਆਪਕਾਂ ਦੀ ਨੁਮਾਇੰਦਾ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫ਼ਰੰਟ ਪੰਜਾਬ ਦੇ ਸੂਬਾ ਪ੍ਰਧਾਨ ਦਿਗਵਿਜੇਪਾਲ ਸ਼ਰਮਾ ਅਤੇ ਸੂਬਾ ਸਕੱਤਰ ਰੇਸ਼ਮ ਸਿੰਘ ਖੇਮੂਆਣਾ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਰਜਿਸਟ੍ਰੇਸ਼ਨ ਦੀਆਂ ਮਿਤੀਆਂ ਵਿੱਚ ਵਾਧਾ ਕਰੇ ਤਾਂ ਜੋ ਸਕੂਲਾਂ ਨੂੰ ਪੈਣ ਵਾਲੇ ਭਾਰੀ ਜੁਰਮਾਨਿਆ ਤੋਂ ਬਚਿਆ ਜਾ ਸਕੇ। ਆਗੂਆਂ ਨੇ ਕਿਹਾ ਕਿ ਇਸ ਵਾਰ ਰਜਿਸਟ੍ਰੇਸ਼ਨ ਦੀ ਪ੍ਰਕਿਰਿਆ ਬਹੁਤ ਹੀ ਗੁੰਝਲਦਾਰ ਹੈ ਕਿਉਂਕਿ ਬੋਰਡ ਵਲੋਂ ਵਿਦਿਆਰਥੀਆਂ ਤੋਂ ਡਿਜੀਟਲ ਜਨਮ



ਤਰੀਕ ਸਰਟੀਫਿਕੇਟ ਅਪਲੋਡ ਕਰਨ ਲਈ ਕਿਹਾ ਗਿਆ ਅਤੇ ਬਹੁਤ ਸਾਰੇ ਮਾਪਿਆਂ ਕੋਲ ਇਹ ਡਿਜੀਟਲ ਸਰਟੀਫਿਕੇਟ ਨਹੀਂ ਹਨ ਜਿਨ੍ਹਾਂ ਨੂੰ ਬਣਾਉਣ ਲਈ ਵੀਂ ਸਮਾ ਚਾਹੀਦਾ ਹੈ। ਆਗੂਆਂ ਨੇ ਦੱਸਿਆ ਕਿ ਭਾਵੇਂ ਬੋਰਡ ਵੱਲੋਂ ਰਜਿਸਟ੍ਰੇਸ਼ਨ ਸੰਬੰਧੀ ਪੱਤਰ 21 ਅਪ੍ਰੈਲ ਨੂੰ ਜਾਰੀ ਕੀਤਾ ਗਿਆ ਸੀ, ਪਰ ਉਸ ਸਮੇਂ ਵੱਡੇ ਪੱਧਰ 'ਤੇ ਅਧਿਆਪਕਾਂ ਦੀ ਡਿਊਟੀ ਪੇਪਰ ਮਾਰਕਿੰਗ, ਜਨਗਣਨਾ, ਟ੍ਰੇਨਿੰਗਾਂ ਅਤੇ ਮਈ ਵਿੱਚ ਜਨਗਣਨਾ, ਮਿਉਂਸੀਪਲ ਕਾਰਪੋਰੇਸ਼ਨ ਦੀਆਂ ਚੋਣਾਂ, ਸੋਸ਼ਲ ਇਕਨੌਮਿਕ ਸਰਵੇ ਅਤੇ 25 ਜੂਨ ਤੋਂ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐਸ.ਆਈ.ਆਰ) ਵਿੱਚ ਲੱਗੀ ਹੋਣ ਕਾਰਨ ਉਹ ਸਕੂਲ ਤੋਂ ਫਾਰਗ ਰਹੇ ਜਿਸ ਕਾਰਨ ਰਜਿਸਟਰੇਸ਼ਨ ਦਾ ਕੰਮ ਵੱਡੇ ਪੱਧਰ 'ਤੇ ਪ੍ਰਭਾਵਿਤ ਹੋਇਆ ਹੈ। ਜਥੇਬੰਦੀ ਦੇ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸੁਖਵਿੰਦਰਪ੍ਰੀਤ ਸਿੰਘ, ਜ਼ਿਲ੍ਹਾ ਸਕੱਤਰ ਅਵਤਾਰ ਲਾਲ, ਅੰਮ੍ਰਿਤਪਾਲ ਸਿੰਘ, ਅਮਨਦੀਪ ਸਿੰਘ, ਨਰਿੰਦਰ ਪਾਲ, ਗੌਰਵ ਕੁਮਾਰ, ਰਾਜਵਿੰਦਰ ਸਿੰਘ ਨੇ ਕਿਹਾ ਕਿ ਛੁੱਟੀਆਂ ਤੋਂ ਬਾਅਦ ਹੁਣ ਜਦੋਂ ਸਮੁੱਚੇ ਪੰਜਾਬ ਦੇ ਅਧਿਆਪਕਾਂ ਵੱਲੋਂ ਬੋਰਡ ਰਜਿਸਟਰੇਸ਼ਨ ਦਾ ਕੰਮ ਸ਼ੁਰੂ ਕੀਤਾ ਗਿਆ ਹੈ ਤਾਂ ਬੋਰਡ ਦੀ ਵੈੱਬਸਾਈਟ ਦਾ ਸਰਵਰ ਡਾਊਨ ਰਹਿੰਦਾ ਹੈ। ਜਿਸ ਕਾਰਨ ਰਜਿਸਟ੍ਰੇਸ਼ਨ ਦਾ ਕੰਮ ਤੈਅ ਸਮੇਂ ਵਿੱਚ ਕਰਨਾ ਸੰਭਵ ਨਹੀਂ ਹੈ।

# ਲੋਕ ਮਿਲਣੀ ਪ੍ਰੋਗਰਾਮ 'ਚ ਲੋਕਾਂ ਦੀਆਂ ਮੁਸ਼ਕਲਾਂ ਦਾ ਨਿਪਟਾਰਾ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਹਲਕਾ ਨਕੋਦਰ ਅੰਦਰ ਲੋਕ ਮਿਲਣੀ ਪ੍ਰੋਗਰਾਮ ਜਿਸ ਦੀ ਸ਼ੁਰੂਆਤ ਬਲਾਕ ਨਕੋਦਰ ਦੇ ਵੱਖ ਵੱਖ ਪਿੰਡਾਂ ਜਿਹਨਾਂ ਵਿੱਚ ਪਿੰਡ ਭੁੱਲਰ, ਬਲਹੁਕਮੀ, ਪਿੰਡ ਬਾੜਾ, ਸਿੱਧਪੁਰ, ਪਿੰਡ ਮੂਸੇਵਾਲ, ਭੋਡੀਪੁਰ, ਪਿੰਡ ਰਾਏਬਵਾਲ, ਪਿੰਡ ਕੋਟਲਾ ਭਾਗੂ , ਪਿੰਡ ਲੱਧੜ ਵਿਖੇ ਵਿਧਾਇਕ ਇੰਦਰਜੀਤ ਕੌਰ ਮਾਨ ਨੇ ਇਕੱਤਰ ਲੋਕਾਂ ਦੀਆਂ ਮੁਸ਼ਕਲਾਂ ਸੁਣੀਆਂ ਜਾ



ਰਹੀਆਂ ਹਨ ਜਿਹਨਾਂ ਦਾ ਮੌਕੇ ਤੇ ਨਿਪਟਾਰਾ ਕੀਤਾ ਜਾ ਰਿਹਾ ਹੈ। ਰਹਿ ਗਏ ਕੰਮ ਸੰਬੰਧਿਤ ਅਫ਼ਸਰਾਂ ਦੀ ਡਿਊਟੀ ਲਗਾਈ ਗਈ ਹੈ ਕਿ ਜਲਦ ਲੋਕਾਂ ਦੇ ਕੰਮ ਕੀਤੇ ਜਾਣ। ਬੀਬੀ ਮਾਨ ਨੇ ਪੰਜਾਬ ਸਰਕਾਰ ਦੀ ਸਾਰੀਆਂ ਲੋਕ ਭਲਾਈ ਸਕੀਮਾਂ ਬਾਰੇ ਜਾਣਕਾਰੀ ਦਿੰਦਿਆ ਆਖਿਆ ਜਾ ਰਿਹਾ ਹੈ ਕਿ ਪਿੰਡਾਂ ਦੇ ਲੋਕ ਇਹਨਾਂ ਸਕੀਮਾਂ ਦਾ ਲਾਹਾ ਲੈਣ ਲਈ ਅੱਗੇ ਆਉਣ। ਇਹ ਮੁਹਿੰਮ ਸਾਰੇ ਹਲਕੇ ਦੇ ਪਿੰਡਾਂ ਤੱਕ ਪੁੱਜੇਗੀ। ਬੀਬੀ ਮਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਮਿਲਣੀ ਪ੍ਰੋਗਰਾਮ ਵਿੱਚ ਪਹੁੰਚ ਕੇ ਆਪਣੇ ਕੰਮ ਪਹਿਲ ਦੇ ਆਧਾਰ ਤੇ ਕਰਵਾਓ। ਪ੍ਰੋਗਰਾਮ ਨੂੰ ਜਿਲ੍ਹਾ ਪ੍ਰੀਸ਼ਦ ਚੇਅਰਮੈਨ ਦਰਸ਼ਨ ਸਿੰਘ ਟਾਹਲੀ, ਬਲਾਕ ਸੰਮਤੀ ਚੇਅਰਮੈਨ ਚਰਨਜੀਤ ਸਿੰਘ ਬਿੱਲਾ ਆਦਿ ਨੇ ਸੰਬੋਧਨ ਕੀਤਾ।

# ਜਮਹੂਰੀ ਅਧਿਕਾਰ ਦਾ ਅਜਲਾਸ ਸੰਪੰਨ

## ਡਾ. ਚੀਮਾ ਪ੍ਰਧਾਨ ਤੇ ਡਾ. ਔਜਲਾ ਸਕੱਤਰ ਚੁਣੇ ਗਏ

**ਸ਼ਾਹਕੋਟ (ਗਿਆਨ ਸੈਦਪੁਰੀ)**- ਜਮਹੂਰੀ ਅਧਿਕਾਰ ਸਭਾ ਪੰਜਾਬ ਜ਼ਿਲ੍ਹਾ ਜਲੰਧਰ ਦਾ ਇਜਲਾਸ ਪ੍ਰੋ. ਤਰਸੇਮ ਸਾਗਰ, ਬੂਟਾ ਸਿੰਘ, ਡਾ. ਜਗਜੀਤ ਸਿੰਘ ਚੀਮਾ, ਜਸਵਿੰਦਰ ਸਿੰਘ ਭੋਗਲ ਅਤੇ ਗੁਰਦੇਵ ਸਿੰਘ ਦੀ ਪ੍ਰਧਾਨਗੀ ਹੇਠ ਸਫਲਤਾ ਪੂਰਵਕ ਸੰਪੰਨ ਹੋ ਗਿਆ। ਇਜਲਾਸ ਦੇ ਸ਼ੁਰੂ 'ਚ ਕੌਮੀ ਮੁਕਤੀ ਲਹਿਰ ਅਤੇ ਸਭਾ ਦੇ ਜਮਹੂਰੀ ਹੱਕਾਂ ਲਈ ਸ਼ਹੀਦ ਹੋਏ ਸ਼ਹੀਦਾਂ ਨੂੰ ਸ਼ਰਧਾਂਜਲੀਆਂ ਭੇਂਟ ਕੀਤੀਆਂ ਗਈਆਂ। ਬਤੌਰ ਆਬਜ਼ਰਵਰ ਪੁੱਜੇ ਸਭਾ ਦੇ ਸੂਬਾ ਕਮੇਟੀ ਮੈਂਬਰ ਬੂਟਾ ਸਿੰਘ ਮਹਿਮੂਦਪੁਰ ਨੇ ਸਭਾ ਦੇ ਵਿਧਾਨ, ਪ੍ਰੋਗਰਾਮ ਅਤੇ ਨੀਤੀਆਂ ਬਾਰੇ ਦੱਸਦਿਆ ਕਿਹਾ ਕਿ ਲੋਕਾਂ ਨੂੰ ਮਨੁੱਖੀ ਅਧਿਕਾਰਾਂ ਬਾਰੇ ਜਾਗਰੂਕ ਕਰਨ ਨਾਲ ਹੀ ਮਨੁੱਖੀ ਹੱਕਾਂ ਦੀ ਰਾਖੀ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ ਕਿ ਜਨਤਕ ਜਮਹੂਰੀ ਲਹਿਰ ਦੇ ਕਮਜ਼ੋਰ ਹੋਣ ਕਾਰਨ ਸੱਤਾਧਾਰੀ ਲੋਕਾਂ ਦੇ ਅਧਿਕਾਰਾਂ ਤੇ ਦਾ ਘਾਣ ਕਰ ਰਹੇ ਹਨ ਜਿੰਨ੍ਹਾਂ ਨੂੰ ਜਨਤਕ ਜਮਹੂਰੀ ਲਹਿਰ ਨੂੰ ਮਜਬੂਤ ਕਰਕੇ ਹੀ ਬਚਾਇਆ ਜਾ ਸਕਦਾ ਹੈ। ਉਨ੍ਹਾਂ ਫਿਰਕੂ, ਹਕੂਮਤੀ ਅਤੇ ਫਾਸ਼ੀਵਾਦੀ ਤਾਕਤਾਂ ਖਿਲਾਫ ਇਕ ਜੁੱਟ ਹੋ ਕੇ ਸੰਘਰਸ਼ ਕਰਨ ਦਾ ਸੱਦਾ ਦਿਤਾ। ਪ੍ਰੋ. ਤਰਸੇਮ ਸਾਗਰ, ਡਾ ਜਗਜੀਤ ਸਿੰਘ ਚੀਮਾ, ਜਸਵਿੰਦਰ ਸਿੰਘ ਭੋਗਲ ਅਤੇ ਬਿਹਾਰੀ ਲਾਲ ਛਾਬੜਾ ਨੇ ਵੀ ਵਿਚਾਰ ਸਾਂਝੇ ਕੀਤੇ। ਸਭਾ ਦੇ ਜ਼ਿਲ੍ਹਾ ਸਕੱਤਰ ਡਾ ਮੰਗਤ ਰਾਏ ਔਜਲਾ ਵੱਲੋਂ ਪਿਛਲੇ 2 ਸਾਲਾਂ 'ਚ ਕੀਤੇ ਕੰਮਾਂ ਦੀ ਰਿਪੋਰਟ ਪੇਸ਼ ਕੀਤੀ। ਰਿਪੋਰਟ ਉੱਪਰ ਕੁਝ ਮੈਂਬਰਾਂ ਵੱਲੋਂ ਉਠਾਏ ਨੁਕਤਿਆਂ 'ਤੇ ਦਿਤੇ ਸੁਝਾਵਾਂ ਨੂੰ ਮੰਨਦਿਆ ਸਰਵਸੰਮਤੀ ਨਾਲ ਰਿਪੋਰਟ ਪਾਸ ਕਰ ਦਿਤੀ ਗਈ। ਅਗਲੇ 2 ਸਾਲਾਂ ਲਈ ਜ਼ਿਲ੍ਹਾ ਕਮੇਟੀ ਦੀ ਕੀਤੀ ਗਈ ਚੋਣ 'ਚ ਡਾ ਜਗਜੀਤ ਸਿੰਘ ਚੀਮਾ ਪ੍ਰਧਾਨ, ਜਸਵਿੰਦਰ ਸਿੰਘ ਭੋਗਲ ਮੀਤ ਪ੍ਰਧਾਨ, ਡਾ ਮੰਗਤ ਰਾਏ ਔਜਲਾ ਸਕੱਤਰ, ਪਰਮਜੀਤ ਕੜਿਆਣਾ ਸਹਾਇਕ ਸਕੱਤਰ, ਬਿਹਾਰੀ ਲਾਲ ਛਾਬੜਾ ਵਿੱਤ ਸਕੱਤਰ, ਗੁਰਮੀਤ ਸਿੰਘ ਕੋਟਲੀ ਪ੍ਰੈਸ ਸਕੱਤਰ ਅਤੇ ਗੁਰਮੇਲ ਸਿੰਘ ਬੋਪਾਰਾਏ, ਗੁਰਦੇਵ ਸਿੰਘ, ਸੈਲਸ, ਮਾਸਟਰ ਕਰਨੈਲ ਸਿੰਘ, ਮਾਸਟਰ ਜੋਗਿੰਦਰ ਸਿੰਘ ਅਤੇ ਵਕੀਲ ਨਵਇੰਦਰ ਸਿੰਘ ਐਗਜੈਕਟਿਵ ਕਮੇਟੀ ਮੈਂਬਰ ਚੁਣੇ ਗਏ।



# 'ਮੇਰੀ ਰਸੋਈ' ਰਾਸ਼ਨ ਕਿੱਟਾਂ ਦੀ ਵੰਡ ਹੋਰ ਤੇਜ਼ ਹੋਈ

**ਚੰਡੀਗੜ੍ਹ (ਗੁਰਜੀਤ ਬਿੱਲਾ)** ਪੰਜਾਬ ਸਰਕਾਰ ਨੇ ਕਮਜ਼ੋਰ ਪਰਵਾਰਾਂ ਲਈ ਪੋਸ਼ਣ ਸੁਰੱਖਿਆ ਨੂੰ ਯਕੀਨੀ ਬਣਾਉਣ ਦੇ ਮੱਦੇਨਜ਼ਰ ਆਪਣੀ ਚੱਲ ਰਹੀ ਰਾਸ਼ਨ ਕਿੱਟ ਵੰਡ ਮੁਹਿੰਮ 'ਮੇਰੀ ਰਸੋਈ' ਵਿੱਚ ਤੇਜ਼ੀ ਲਿਆਂਦੀ ਹੈ, ਜਿਸ ਤਹਿਤ ਲਗਭਗ 21.29 ਲੱਖ ਪਰਵਾਰ ਲਾਭ ਲੈ ਰਹੇ ਹਨ।ਇਸ ਮੁਹਿੰਮ ਦਾ ਉਦੇਸ਼ ਹਰ ਤਿਮਾਹੀ (3 ਮਹੀਨਿਆਂ) ਬਾਅਦ ਪੰਜਾਬ ਭਰ ਵਿੱਚ ਕੁੱਲ 40.48 ਲੱਖ ਯੋਗ ਪਰਵਾਰਾਂ ਨੂੰ ਰਾਸ਼ਟ ਕਿੱਟਾਂ ਮੁਹੱਈਆ ਕਰਵਾਉਣਾ ਹੈ।ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਦੂਰਅੰਦੇਸ਼ ਅਗਵਾਈ ਅਤੇ ਖੁਰਾਕ, ਸਿਵਲ ਸਪਲਾਈ ਅਤੇ ਖਪਤਕਾਰ ਮਾਮਲੇ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਸਰਗਰਮ ਨਿਗਰਾਨੀ ਹੇਠ ਇਸ ਅਹਿਮ ਪਹਿਲਕਦਮੀ ਤਹਿਤ ਮਿਸ਼ਨ ਮੋਡ ਤਰੀਕੇ ਨਾਲ ਰਾਸ਼ਨ ਵੰਡਿਆ ਜਾ ਰਿਹਾ ਹੈ, ਜਿਸ ਵਿੱਚ ਰੋਜ਼ਾਨਾ 80,000 ਤੋਂ 85000 ਕਿੱਟਾਂ ਨਿਰਧਾਰਤ ਕੇਂਦਰਾਂ ਤੋਂ ਲਾਭਪਾਤਰੀਆਂ ਤੱਕ ਪਹੁੰਚਾਈਆਂ ਜਾ ਰਹੀਆਂ ਹਨ। ਹੁਣ ਤੱਕ ਵੰਡੀਆਂ ਗਈਆਂ 21.29 ਲੱਖ ਰਾਸ਼ਨ ਕਿੱਟਾਂ ਵਿੱਚੋਂ ਲੁਧਿਆਣਾ 229555 ਕਿੱਟਾਂ ਨਾਲ ਸਭ ਤੋਂ ਅੱਗੇ, ਪਟਿਆਲਾ 156402 ਨਾਲ ਦੂਜੇ ਸਥਾਨ 'ਤੇ, ਸੰਗਰੂਰ 136430 ਕਿੱਟਾਂ ਨਾਲ ਤੀਜੇ ਸਥਾਨ 'ਤੇ, ਫਾਜ਼ਿਲਕਾ 121647 ਨਾਲ ਚੌਥੇ ਸਥਾਨ 'ਤੇ ਹੈ ਜਦੋਂ ਕਿ ਸਰਹੱਦੀ ਜ਼ਿਲ੍ਹਾ ਤਰਨਤਾਰਨ 1215-89 ਰਾਸ਼ਨ ਕਿੱਟਾਂ ਦੀ ਵੰਡ ਨਾਲ ਪੰਜਵੇਂ ਸਥਾਨ 'ਤੇ ਹੈ। ਇਸ ਤੋਂ ਇਲਾਵਾ ਅੰਮ੍ਰਿਤਸਰ ਵਿੱਚ 118579 ਰਾਸ਼ਨ ਕਿੱਟਾਂ, ਬਠਿੰਡਾ ਵਿੱਚ 114105, ਸ੍ਰੀ ਮੁਕਤਸਰ ਸਾਹਿਬ ਵਿੱਚ 109045, ਜਲੰਧਰ ਵਿੱਚ 105379, ਹੁਸ਼ਿਆਰਪੁਰ ਵਿੱਚ 86710, ਮਾਨਸਾ ਵਿੱਚ 80591ਕਿੱਟਾਂ, ਗੁਰਦਾਸਪੁਰ ਵਿੱਚ 80344, ਫਿਰੋਜ਼ਪੁਰ ਵਿੱਚ 78404, ਸਾਹਿਬਜ਼ਾਦਾ ਅਜੀਤ ਸਿੰਘ ਨਗਰ ਵਿੱਚ 71238 ਕਿੱਟਾਂ, ਫਤਿਹਗੜ੍ਹ ਸਾਹਿਬ ਵਿੱਚ 71097, ਮੋਗਾ ਵਿੱਚ 69210, ਕਪੂਰਥਲਾ ਵਿੱਚ 68627, ਫਰੀਦਕੋਟ ਵਿੱਚ 60937, ਬਰਨਾਲਾ ਵਿੱਚ 59667, ਪਠਾਨਕੋਟ ਵਿੱਚ 58737, ਰੂਪਨਗਰ ਵਿੱਚ 50906, ਮਲੇਰਕੋਟਲਾ ਵਿੱਚ 40988 ਅਤੇ ਸ਼ਹੀਦ ਭਗਤ ਸਿੰਘ ਨਗਰ ਵਿੱਚ 38838 ਰਾਸ਼ਨ ਕਿੱਟਾਂ ਵੰਡੀਆਂ ਗਈਆਂ ਹਨ।

# ਭਾਰਤ ਵਿਕਾਸ ਪ੍ਰੀਸ਼ਦ ਨੇ ਸੇਵਾ ਪਖਵਾੜੇ ਵਜੋਂ ਤੁਲਸੀ ਵੰਡ ਪ੍ਰੋਗਰਾਮ ਕਰਵਾਇਆ

**ਬਲਾਚੌਰ (ਜਸਵਿੰਦਰ ਬੈਂਸ)** ਭਾਰਤ ਵਿਕਾਸ ਪ੍ਰੀਸ਼ਦ ਨੇ ਸੇਵਾ ਪਖਵਾੜੇ ਦੇ ਹਿੱਸੇ ਵਜੋਂ ਭਵਾਨੀ ਦੁਰਗਾ ਮੰਦਰ ਬਲਾਚੌਰ ਵਿਖੇ ਸ਼ਿਆਮਾ ਤੁਲਸੀ ਦੇ ਪੌਦੇ ਵੰਡੇ।ਇਸ ਮੌਕੇ ਪ੍ਰੀਸ਼ਦ ਦੇ



ਜਨਰਲ ਸਕੱਤਰ ਸੁਨੀਲ ਸ਼ਰਮਾ ਨੇ ਤੁਲਸੀ ਦੇ ਧਾਰਮਿਕ, ਚਿਕਿਤਸਕ ਅਤੇ ਵਾਤਾਵਰਨਕ ਮਹੱਤਵ 'ਤੇ ਚਾਨਣਾ ਪਾਇਆ। ਪ੍ਰਧਾਨ ਰਣਦੀਪ ਕੌਸ਼ਲ ਨੇ ਔਰਤਾਂ ਦੀ ਵੱਧ ਤੋਂ ਵੱਧ ਭਾਗੀਦਾਰੀ 'ਤੇ ਜ਼ੋਰ ਦਿੱਤਾ। ਪ੍ਰੋਗਰਾਮ ਦੇ ਅੰਤ ਵਿੱਚ, ਜਗਦੀਸ਼ ਕਪਿਲ ਨੇ ਹਾਜ਼ਰ ਸਾਰੇ ਸ਼ਰਧਾਲੂਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਰਣਦੀਪ ਕੌਸ਼ਲ, ਜਗਦੀਸ਼ ਕਪਿਲ, ਸੁਨੀਲ ਸ਼ਰਮਾ (ਜਨਰਲ ਸਕੱਤਰ), ਨਵੀਨ ਸੰਦੇਸ਼ ਮੋਘਿਲ, ਸਰਪੰਚ ਵਿਜੇ ਰਾਣਾ, ਗਗਨਦੀਪ ਕੌਸ਼ਲ, ਪਰਮਜੀਤ ਸਿੰਘ, ਸੁਭਾਸ਼ ਚੰਦਰ, ਕ੍ਰਿਸ਼ਨ ਸਿੰਘ ਰਾਣਾ, ਨੰਦ ਕਿਸ਼ਨ ਸ਼ਰਮਾ, ਨੰਦ ਕਿਸ਼ਨ ਕੁਮਾਰ, ਕ੍ਰਿਸ਼ਨ ਸਿੰਘ ਹੁਰਾਂ ਸਮੇਤ ਕਈ ਪਤਵੰਤੇ ਹਾਜ਼ਰ ਸਨ।

# ਖਿਡਾਰੀਆਂ ਕਿੱਕ ਬਾਕਸਿੰਗ ਚੈਂਪੀਅਨਸ਼ਿਪ 'ਚ ਜਿੱਤੇ ਦੋ ਗੋਲਡ ਮੈਡਲ




**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਰਿੰਗ ਬੀਸਟ ਮੁੱਕੇਬਾਜ਼ੀ ਕਲੱਬ ਫਗਵਾੜਾ ਦੇ ਹੋਣਹਾਰ ਖਿਡਾਰੀਆਂ ਨੇ 23ਵੀਂ ਪੰਜਾਬ ਸਟੇਟ ਸੀਨੀਅਰ ਅਤੇ ਤੀਸਰੀ ਮਾਸਟਰਜ਼ ਕਿੱਕ ਬਾਕਸਿੰਗ ਚੈਂਪੀਅਨਸ਼ਿਪ-2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੋ ਸੋਨ ਅਤੇ ਇੱਕ ਕਾਂਸੇ ਦਾ ਤਗਮਾ ਜਿੱਤ ਕੇ ਸ਼ਹਿਰ ਦਾ ਨਾਂਅ ਰੌਸ਼ਨ ਕੀਤਾ।ਕੋਚ ਪ੍ਰਿੰਸ ਕੌਲ ਨੇ ਦੱਸਿਆ ਕਿ ਇਹ ਚੈਂਪੀਅਨਸ਼ਿਪ 3 ਤੋਂ 5 ਜੁਲਾਈ 2026 ਤੱਕ ਡਾ. ਅੰਬੇਡਕਰ ਮੈਮੋਰੀਅਲ ਪਬਲਿਕ ਸਕੂਲ, ਸੁੰਡ (ਐਸ.ਬੀ.ਐਸ. ਨਗਰ) ਵਿਖੇ ਕਰਵਾਈ ਗਈ। ਮੁਕਾਬਲਿਆਂ ਦੌਰਾਨ ਕਲੱਬ ਦੀ ਖਿਡਾਰਨ ਬਿੰਦੀਆ ਨੇ 50 ਕਿਲੋਗ੍ਰਾਮ ਭਾਰ ਵਰਗ ਦੇ ਕਿੱਕ ਲਾਈਟ ਇਵੈਂਟ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸੋਨ ਤਗਮਾ ਜਿੱਤਿਆ ਅਤੇ ਰਾਸ਼ਟਰੀ ਕਿੱਕ ਬਾਕਸਿੰਗ ਚੈਂਪੀਅਨਸ਼ਿਪ ਲਈ ਆਪਣੀ ਜਗ੍ਹਾ ਪੱਕੀ ਕੀਤੀ। ਇਸੇ ਤਰ੍ਹਾਂ ਜਸਕਰਨ ਨੇ 45 ਕਿਲੋਗ੍ਰਾਮ ਭਾਰ ਵਰਗ ਦੇ ਪੁਆਇੰਟ ਫਾਈਟ ਇਵੈਂਟ ਵਿੱਚ ਸੋਨ ਤਗਮਾ ਹਾਸਲ ਕਰਕੇ ਗੁਜਰਾਤ ਵਿੱਚ ਹੋਣ ਵਾਲੀ ਰਾਸ਼ਟਰੀ ਚੈਂਪੀਅਨਸ਼ਿਪ ਲਈ ਯੋਗਤਾ ਹਾਸਲ ਕੀਤੀ। ਉਹਨਾਂ ਦੱਸਿਆ ਕਿ ਇਸ ਤੋਂ ਇਲਾਵਾ ਬਿੰਦੀਆ ਨੇ ਲਾਈਟ ਕਾਂਟੈਕਟ ਇਵੈਂਟ ਵਿੱਚ ਵੀ ਕਾਂਸੇ ਦਾ ਤਗਮਾ ਜਿੱਤ ਕੇ ਆਪਣੀ ਕਾਬਲੀਅਤ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।

# ਨਡਾਲੋਂ ਤੋਂ ਸ੍ਰੀ ਹਜ਼ੂਰ ਸਾਹਿਬ ਦੀ ਯਾਤਰਾ 28 ਤੋਂ ਸ਼ੁਰੂ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਜਨਮ ਅਸਥਾਨ ਸੰਤ ਬਾਬਾ ਨਿਧਾਨ ਸਿੰਘ ਜੀ ਪਿੰਡ ਨਡਾਲੋਂ ਵਿਖੇ ਇਲਾਕੇ ਦੇ ਗੁਰਸਿੱਖਾਂ ਦੀ ਇੱਕ ਅਹਿਮ ਮੀਟਿੰਗ ਹੋਈ ਜਿਸ ਵਿੱਚ ਹਰ ਸਾਲ ਦੀ ਤਰ੍ਹਾਂ ਤਖ਼ਤ ਸ੍ਰੀ ਹਜ਼ੂਰ ਸਾਹਿਬ ਜੀ ਦੇ ਦਰਸ਼ਨ ਅਤੇ



ਸੰਤ ਬਾਬਾ ਨਿਧਾਨ ਸਿੰਘ ਜੀ ਹਜ਼ੂਰ ਸਾਹਿਬ ਵਾਲਿਆਂ ਦੇ ਬਰਸੀ ਸਮਾਗਮਾਂ ਵਿੱਚ ਇਲਾਕੇ ਦੀਆਂ ਸੰਗਤਾਂ ਵੱਲੋਂ ਸ਼ਮੂਲੀਅਤ ਕੀਤੀ ਜਾਂਦੀ ਹੈ, ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ। ਮੀਟਿੰਗ ਉਪਰੰਤ ਜਥੇਦਾਰ ਇਕਬਾਲ ਸਿੰਘ ਖੇੜਾ ਨੇ ਦੱਸਿਆ ਕਿ 200 -250 ਦੇ ਕਰੀਬ ਸੰਗਤਾਂ ਹਰ ਸਾਲ ਬੱਸਾਂ ਕਾਰਾਂ ਰਾਹੀਂ 28 ਜੁਲਾਈ ਨੂੰ ਅਲੱਗ ਅਲੱਗ ਸੂਬਿਆਂ ਵਿੱਚ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ ਕਰਦੀਆਂ ਹਨ ਜਿਵੇਂ ਜਾਣ ਸਮੇਂ ਗੁਰੂ ਕਾ ਤਾਲ ਸਾਹਿਬ ਆਗਰਾ, ਗੁਰਦੁਆਰਾ ਸ਼ੇਰ ਦਾ ਸ਼ਿਕਾਰ ਮੱਚਕੁੰਡ ਧੌਲਪੁਰ, ਗੁਰਦੁਆਰਾ ਬੰਦੀ ਛੋੜ ਪਾਤਸ਼ਾਹੀ ਛੇਵੀਂ ਗਵਾਲੀਅਰ, ਇੰਦੌਰ, ਗੁਰਦੁਆਰਾ ਬੜੀ ਸੰਗਤ ਬੁਰਹਾਨਪੁਰ , ਭਗਤ ਨਾਮਦੇਵ ਦੇ ਅਸਥਾਨ ਔਂਡਾ ਤੋਂ ਹੁੰਦੇ ਹੋਏ ਗੁਰਦੁਆਰਾ ਲੰਗਰ ਸਾਹਿਬ ਬਾਬਾ ਨਿਧਾਨ ਸਿੰਘ ਵਿਖੇ 31 ਜੁਲਾਈ ਨੂੰ ਪਹੁੰਚੇਗੀ। ਨਾਂਦੇੜ ਵਿਖੇ ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਦੇ ਦਰਸ਼ਨਾਂ ਉਪਰੰਤ ਗੁਰਦੁਆਰਾ ਨਾਨਕ ਝੀਰਾ ਸਾਹਿਬ, ਲੋਕਲ ਗੁਰਦੁਆਰਾ ਸਾਹਿਬ ਅਤੇ ਸੰਤ ਬਾਬਾ ਨਿਧਾਨ ਸਿੰਘ ਤੇ ਸਮੂਹ ਮਹਾਂਪੁਰਸ਼ਾਂ ਦੇ ਬਰਸੀ ਸਮਾਗਮਾਂ ਵਿੱਚ ਸ਼ਾਮਲ ਹੋਣ ਉਪਰੰਤ 6 ਅਗਸਤ ਨੂੰ ਹਜ਼ੂਰ ਸਾਹਿਬ ਤੋਂ ਵਾਪਸੀ ਕੀਤੀ ਜਾਵੇਗੀ। ਮੀਟਿੰਗ ਵਿੱਚ ਜਸਵੀਰ ਸਿੰਘ ਭੱਟੀ, ਗੁਰਚਰਨ ਸਿੰਘ ਗੋਬਿੰਦਪੁਰੀ, ਬੂਟਾ ਸਿੰਘ ਕੋਟ ਫ਼ਤੂਹੀ, ਕੁਲਦੀਪ ਸਿੰਘ ਅਜਨੋਹਾ, ਕਿਰਪਾਲ ਸਿੰਘ ਅਜਨੋਹਾ , ਇਕਬਾਲ ਸਿੰਘ ਕੋਟ ਫ਼ਤੂਹੀ, ਕੁਲਵੀਰ ਸਿੰਘ ਡੋਗਰਪੁਰ , ਜਗਮੋਹਣ ਸਿੰਘ ਹਵੇਲੀ, ਪਰਮਜੀਤ ਸਿੰਘ ਪੰਮਾ ਬਾਹੋਵਾਲ, ਨਿਰਮਲ ਸਿੰਘ ਡੋਗਰਪੁਰ , ਜਾਲਮ ਸਿੰਘ ਅਤੇ ਲਖਵਿੰਦਰ ਸਿੰਘ ਆਦਿ ਹਾਜ਼ਰ ਸਨ।

# 'ਸਰਪੰਚ' ਦੀ ਪ੍ਰਮੋਸ਼ਨ ਮੌਕੇ ਦੇਵ ਖਰੌੜ ਤੇ ਜੈਸਮੀਨ ਬਾਜਵਾ ਹੋਏ ਦਰਸ਼ਕਾਂ ਦੇ ਰੂ-ਬ-ਰੂ

**ਸ਼ਾਹਕੋਟ (ਗਿਆਨ ਸੈਦਪੁਰੀ)** 10 ਜੁਲਾਈ ਨੂੰ ਰਿਲੀਜ਼ ਹੋਣ ਜਾ ਰਹੀ ਫਿਲਮ 'ਸਰਪੰਚ' ਦੀ ਪ੍ਰਮੋਸ਼ਨ ਸੰਬੰਧੀ ਸਮਾਗਮ ਦੁਸਹਿਰਾ ਗਰਾਊਂਡ ਸ਼ਾਹਕੋਟ ਵਿਖੇ ਕਰਵਾਇਆ ਗਿਆ।ਜਿਸ ਵਿੱਚ ਮੁੱਖ ਕਲਾਕਾਰ ਦੇਵ ਖਰੌੜ ਅਤੇ ਜੈਸਮੀਨ ਕੌਰ ਬਾਜਵਾ ਉਚੇਚੇ ਤੌਰ 'ਤੇ ਹਾਜ਼ਰ ਹੋਏ ਅਤੇ ਦਰਸ਼ਕਾਂ ਨੂੰ ਪਰਵਾਰ ਸਮੇਤ ਫਿਲਮ ਦੇਖਣ ਅਤੇ ਸਪੋਰਟ ਕਰਨ ਲਈ ਅਪੀਲ ਕੀਤੀ।ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪੰਡੋਰੀ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਉਨ੍ਹਾਂ ਫਿਲਮ ਦੀ ਪੂਰੀ ਟੀਮ ਦਾ ਸਵਾਗਤ ਕਰਦਿਆਂ ਕਿਹਾ ਕਿ ਨੌਜਵਾਨਾਂ ਨੂੰ ਚੰਗਾ ਸੁਨੇਹਾ ਦੇਣ ਲਈ ਇਹੋ ਜਿਹੀਆਂ ਫ਼ਿਲਮਾਂ ਆਉਣੀਆ ਸਮੇਂ ਦੀ ਲੋੜ ਹੈ।ਇਸ ਮੌਕੇ ਮੁੱਖ ਪ੍ਰਬੰਧਕ ਮੈਂਬਰ ਨਗਰ ਪੰਚਾਇਤ ਸ਼ਾਹਕੋਟ ਪ੍ਰਵੀਨ ਗਰੋਵਰ, ਗੁਰਜੀਤ ਸਿੰਘ ਜੱਟ, ਅਰਸ਼ ਖਿੰਡਾ, ਰਣਜੀਤ ਸਿੰਘ ਜੀਤਾ, ਸੀਤਲ ਸਿੰਘ ਬੀਸਲਾ ਅਤੇ ਸਰਬਜੀਤ ਸਿੰਘ ਬੀਸਲਾ ਨੇ ਕਿਹਾ ਕਿ ਪੰਜਾਬੀ ਫਿਲਮ 'ਸਰਪੰਚ' 10 ਜੁਲਾਈ ਨੂੰ ਰਿਲੀਜ਼ ਹੋਣ ਜਾ ਰਹੀ ਹੈ।ਉਨ੍ਹਾਂ ਵੱਲੋਂ ਕਰਵਾਏ ਗਏ ਪ੍ਰਮੋਸ਼ਨ ਸਮਾਰੋਹ ਵਿੱਚ ਫਿਲਮੀ ਸਿਤਾਰਿਆਂ ਦੇ ਪ੍ਰੇਮੀਆਂ ਦਾ ਵੱਡੀ ਗਿਣਤੀ ਪਹੁੰਚਣ"ਤੇ ਧੰਨਵਾਦ ਕੀਤਾ। ਸੰਗਠਨ ਇੰਚਾਰਜ ਹਰਜਿੰਦਰ ਸਿੰਘ ਸੀਚੇਵਾਲ, ਗੁਲਜ਼ਾਰ ਸਿੰਘ ਥਿੰਦ ਪ੍ਰਧਾਨ ਨਗਰ ਪੰਚਾਇਤ ਸ਼ਾਹਕੋਟ, ਜਸਵੀਰ ਸਿੰਘ ਜਲਾਲਪੁਰੀ ਵਾਈਸ ਪ੍ਰਧਾਨ ਐਸ.ਸੀ. ਵਿੰਗ ਪੰਜਾਬ, ਬਲਬੀਰ ਸਿੰਘ



ਢੰਡੋਵਾਲ ਚੇਅਰਮੈਨ ਮਾਰਕੀਟ ਕਮੇਟੀ ਸ਼ਾਹਕੋਟ, ਅੰਮ੍ਰਿਤ ਪਾਲ ਸਿੰਘ ਬੀਸਲਾ, ਸੁਖਦੀਪ ਸਿੰਘ ਬੀਸਲਾ, ਸਰਬਜੀਤ ਸਿੰਘ ਮੁੱਤੀ ਚੇਅਰਮੈਨ ਬਲਾਕ ਸੰਮਤੀ, ਸ਼ਵਿੰਦਰ ਸਿੰਘ ਸੋਨੂ ਬਲਾਕ ਪ੍ਰਧਾਨ, ਡਾਕਟਰ ਨਰੇਸ਼ ਸੱਗੂ, ਰਮਨ ਗੁਪਤਾ ਪ੍ਰਧਾਨ ਰੈਡ ਰਿਬਨ ਕਲੱਬ, ਰਾਜਾ ਅਰੋੜਾ ਸਮਾਜ ਸੇਵਕ, ਮਾਸਟਰ ਰਕੇਸ਼ ਕੁਮਾਰ ਖਹਿਰਾ, ਪ੍ਰਿਤਪਾਲ ਸਿੰਘ, ਬਲਜਿੰਦਰ ਸਿੰਘ ਖਿੰਡਾ, ਕੁਲਦੀਪ ਸਿੰਘ ਦੀਦ, ਜਗਜੋਤ ਸਿੰਘ ਆਹਲੂਵਾਲੀਆ, ਪਰਮਵੀਰ ਸਿੰਘ ਪੰਮਾ, ਰਾਜਕੁਮਾਰ ਬਾਂਸਲ, ਐਮਸੀ ਰਾਖੀ ਮੱਟੂ , ਸਰੋਜ ਢੰਡ ,ਐਮਸੀ ਸਤੀਸ਼ ਰਿਹਾਨ, ਕਾਲਾ ਗੁੱਜਰ, ਰਾਜ ਕੁਮਾਰ ਰਾਜੂ, ਦਿਆਲਾ ਗਿੱਲ, ਸੁਰਿੰਦਰ ਕੁਮਾਰ ਤੇਜੀ , ਸ਼ੈਂਟੀ ਚਾਵਲਾ, ਬਾਊ ਵੀਰ ਸਿੰਘ, ਰੋਹਿਤ ਗੋਇਲ, ਡਾਕਟਰ ਰਵੀ ਗੁਪਤਾ, ਨਿਰਮਲ ਸਿੰਘ ਢੰਡੋਵਾਲੀਆ, ਦੀਪਕ ਸੋਬਤੀ ਆਰ ਏ ਆਦਿ ਵੱਡੀ ਗਿਣਤੀ ਵਿੱਚ ਦਰਸ਼ਕ ਹਾਜ਼ਰ ਸਨ।

# ਦਾਨਿਸ਼ ਸ਼ਾਹ ਦੇ ਦੇਹਾਂਤ 'ਤੇ ਕੈਬਨਿਟ ਮੰਤਰੀ ਬੈਂਸ ਵੱਲੋਂ ਦੁੱਖ ਦਾ ਪ੍ਰਗਟਾਵਾ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਉੱਤਰੀ ਭਾਰਤ ਦੀ ਪ੍ਰਸਿੱਧ ਦਰਗਾਹ ਬਾਬਾ ਬੁੱਢਣ ਸ਼ਾਹ ਨਾਲ ਸੰਬੰਧਤ ਬਾਬਾ ਦਿਲਬਾਗ ਸ਼ਾਹ ਦੇ ਨੌਜਵਾਨ ਸਪੁੱਤਰ ਦਾਨਿਸ਼ ਸ਼ਾਹ ਦੇ ਅਚਾਨਕ ਦੇਹਾਂਤ ਨਾਲ ਪੂਰੇ ਇਲਾਕੇ ਵਿੱਚ ਗਹਿਰਾ ਦੁੱਖ ਛਾ



ਗਿਆ ਹੈ। ਦਾਨਿਸ਼ ਸ਼ਾਹ ਦੇ ਸਵਰਗਵਾਸ ਦੀ ਖ਼ਬਰ ਮਿਲਦਿਆਂ ਹੀ ਧਾਰਮਿਕ ਅਤੇ ਸਮਾਜਿਕ ਵਰਗਾਂ ਵਿੱਚ ਸੋਗ ਦੀ ਲਹਿਰ ਦੌੜ ਗਈ। ਨੌਜਵਾਨ ਉਮਰ ਵਿੱਚ ਹੋਈ ਇਸ ਅਣਹੋਣੀ ਨਾਲ ਪਰਵਾਰ ਨੂੰ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ ਅਤੇ ਸੰਗਤ ਵਿੱਚ ਵੀ ਗਮਗੀਨ ਮਾਹੌਲ ਬਣ ਗਿਆ ਹੈ।ਇਸ ਦੁਖਦਾਈ ਘੜੀ ਵਿੱਚ ਪਰਿਵਾਰ ਨਾਲ ਦੁੱਖ ਵੰਡਾਉਣ ਲਈ ਹਲਕਾ ਵਿਧਾਇਕ ਤੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਪਿੰਡ ਮਾਂਗੇਵਾਲ ਪਹੁੰਚੇ। ਉਨ੍ਹਾਂ ਨੇ ਪਰਵਾਰ ਨਾਲ ਦੁੱਖ ਦਾ ਪ੍ਰਗਟਾਵਾ ਕੀਤਾ ਅਤੇ ਰੱਬ ਅੱਗੇ ਅਰਦਾਸ ਕੀਤੀ ਕਿ ਵਿਛੜੀ ਆਤਮਾ ਨੂੰ ਆਪਣੇ ਚਰਨਾਂ ਵਿੱਚ ਨਿਵਾਸ ਬਖ਼ਸ਼ੇ ਅਤੇ ਪਿੱਛੇ ਰਹਿ ਗਏ ਪਰਿਵਾਰਕ ਮੈਂਬਰਾਂ ਨੂੰ ਇਹ ਵੱਡਾ ਦੁੱਖ ਸਹਿਣ ਦੀ ਤਾਕਤ ਦੇਵੇ।ਇਸ ਮੌਕੇ ਪਰਿਵਾਰਕ ਮੈਂਬਰਾਂ ਵਿੱਚ ਪ੍ਰਵੇਜ ਸ਼ਾਹ, ਬਿੱਟੂ ਸ਼ਾਹ, ਅਮਰਾਨ ਸ਼ਾਹ, ਅਸ਼ਰਫ਼ ਸ਼ਾਹ ਅਤੇ ਮਾਸਟਰ ਕਾਲੀਆਂ, ਪੰਡਿਤ ਰਾਧੇ ਸ਼ਾਮ ਅਤੇ ਇਕਵਾਲ ਸਿੰਘ ਨੇ ਵੀ ਪਰਵਾਰ ਨਾਲ ਆਪਣੀ ਹਮਦਰਦੀ ਪ੍ਰਗਟ ਕੀਤੀ।

# ਚੱਢਾ ਪੰਜਾਬ ਰੈਸਲਿੰਗ ਐਸੋਸੀਏਸ਼ਨ ਕਮੇਟੀ ਦੇ ਸਕੱਤਰ ਨਿਯੁਕਤ

**ਗੁਰਾਇਆ (ਬਿੰਦਰ ਸੁਮਨ)**- ਪੰਜਾਬ ਰੈਸਲਿੰਗ ਐਸੋਸੀਏਸ਼ਨ ਵਲੋਂ ਮਨਪ੍ਰੀਤ ਸਿੰਘ ਚੱਡਾ (ਸੰਗ ਢੇਸੀਆਂ) ਨੂੰ ਪੰਜਾਬ ਰੈਸਲਿੰਗ ਐਸੋਸੀਏਸ਼ਨ ਕਮੇਟੀ (ਰਵਾਇਤੀ ਕੁਸ਼ਤੀ) ਪੰਜਾਬ ਦਾ ਸਕੱਤਰ



ਨਿਯੁਕਤ ਕੀਤਾ ਗਿਆ ਹੈ। ਇਸ ਮੌਕੇ ਬੋਲਦਿਆ ਨਵ ਨਿਯੁਕਤ ਸਕੱਤਰ ਮਨਪ੍ਰੀਤ ਸਿੰਘ ਚੱਡਾ (ਸੰਗ ਢੇਸੀਆਂ) ਨੇ ਜਿਥੇ ਇਸ ਨਿਯੁਕਤੀ ਤੇ ਆਲ ਇੰਡੀਆ ਪ੍ਰਧਾਨ ਸੰਜੇ ਸਿੰਘ, ਪੰਜਾਬ ਪ੍ਰਧਾਨ ਰਮਨ ਬਖਸ਼ੀ, ਜਨਰਲ ਸੈਕਟਰੀ ਸਹਿਬਾਜ਼ ਸਿੰਘ, ਜ਼ਿਲ੍ਹਾ ਪ੍ਰਧਾਨ ਪਰਮਜੀਤ ਸਿੰਘ ਪੰਮਾ ਬਸਰਾ, ਸੁਰਜੀਤ ਸਿੰਘ ਲੱਲੀਆਂ ਧੰਨਵਾਦ ਕੀਤਾ, ਉਥੇ ਹੀ ਉਨ੍ਹਾਂ ਕਿਹਾ ਕਿ ਪੰਜਾਬ ਅੰਦਰ ਰਵਾਇਤੀ ਕੁਸ਼ਤੀ ਨੂੰ ਹੋਰ ਬੁਲੰਦੀਆਂ ਤੇ ਲੈ ਕੇ ਜਾਣ ਲਈ ਉਪਰਾਲੇ ਕੀਤੇ ਜਾਣਗੇ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਿਆ ਜਾਵੇਗਾ, ਕਿਉਕਿ ਜ਼ਿਲ੍ਹਾ ਜਲੰਧਰ ਨੇ ਪਹਿਲਾ ਵੀ ਪਹਿਲਵਾਨੀ ਦੇ ਖੇਤਰ 'ਚ ਅਨੇਕਾਂ ਰੁਸਤਮ-ਏ-ਹਿੰਦ ਪੈਦਾ ਕੀਤੇ ਹਨ। ਉਨ੍ਹਾਂ ਕਿਹਾ ਕਿ ਪੰਜਾਬ ਰੈਸਲਿੰਗ ਐਸੋਸੀਏਸ਼ਨ ਵਲੋਂ ਪਹਿਲਾ ਵੀ ਪੰਜਾਬ ਦਾ ਨਾਮ ਰੌਸ਼ਨ ਕਰਨ ਵਾਲੇ ਪਹਿਲਵਾਨਾ ਨੂੰ ਜਲੰਧਰ ਵਿਖੇ ਇੱਕ ਸਮਾਗਮ ਦੌਰਾਨ ਭਾਰੀ ਨਗਦ ਰਾਸ਼ੀ ਨਾਲ ਸਨਮਾਨਿਤ ਕਰਕੇ ਹੌਂਸਲਾ ਅਫਜਾਈ ਕੀਤੀ ਸੀ, ਤਾਂ ਜੋ ਨੌਜਵਾਨਾਂ ਦਾ ਰੁਝਾਨ ਕੁਸ਼ਤੀ ਵੱਲ ਹੋਰ ਵੱਧ ਸਕੇ।

# ਹੀਟ ਸਟ੍ਰੋਕ ਤੋਂ ਬਚਾਅ ਲਈ ਸਾਵਧਾਨੀਆਂ ਅਪਣਾਉਣਾ ਬਹੁਤ ਜ਼ਰੂਰੀ : ਡਾ. ਸੈਣੀ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸਿਵਲ ਸਰਜਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਐਸ.ਐਮ.ਓ. ਡਾ. ਕਰਨ ਕੁਮਾਰ ਸੈਣੀ ਨੇ ਲੋਕਾਂ ਨੂੰ ਵੱਧ ਰਹੀ ਗਰਮੀ ਅਤੇ ਲੂ



ਦੇ ਮੌਸਮ ਦੌਰਾਨ ਹੀਟ ਸਟ੍ਰੋਕ ਤੋਂ ਬਚਾਅ ਲਈ ਸਾਵਧਾਨੀਆਂ ਵਰਤਣ ਦੀ ਅਪੀਲ ਕੀਤੀ ਹੈ।ਉਨ੍ਹਾਂ ਦੱਸਿਆ ਕਿ ਹੀਟ ਸਟ੍ਰੋਕ ਇੱਕ ਗੰਭੀਰ ਸਿਹਤ ਸਮੱਸਿਆ ਹੈ, ਜੋ ਲੰਬੇ ਸਮੇਂ ਤੱਕ ਤੇਜ਼ ਧੁੱਪ ਜਾਂ ਬਹੁਤ ਜ਼ਿਆਦਾ ਗਰਮੀ ਵਿੱਚ ਰਹਿਣ ਕਾਰਨ ਹੋ ਸਕਦੀ ਹੈ।ਇਸ ਦੇ ਲੱਛਣਾਂ ਵਿੱਚ ਸਰੀਰ ਦਾ ਤਾਪਮਾਨ ਬਹੁਤ ਵੱਧ ਜਾਣਾ, ਚੱਕਰ ਆਉਣਾ, ਸਿਰ ਦਰਦ, ਉਲਟੀਆਂ, ਤੇਜ਼ ਧੜਕਣ, ਬੇਹੋਸ਼ੀ ਅਤੇ ਉਲਝਣ ਸ਼ਾਮਲ ਹਨ। ਅਜਿਹੇ ਲੱਛਣ ਦਿਖਾਈ ਦੇਣ 'ਤੇ ਮਰੀਜ਼ ਨੂੰ ਤੁਰੰਤ ਠੰਢੀ ਥਾਂ 'ਤੇ ਲੈ ਜਾ ਕੇ ਸਰੀਰ ਨੂੰ ਠੰਢਾ ਕੀਤਾ ਜਾਵੇ ਅਤੇ ਨਜ਼ਦੀਕੀ ਸਰਕਾਰੀ ਸਿਹਤ ਸੰਸਥਾ ਵਿੱਚ ਤੁਰੰਤ ਇਲਾਜ ਲਈ ਪਹੁੰਚਾਇਆ ਜਾਵੇ।ਉਨ੍ਹਾਂ ਕਿਹਾ ਕਿ ਗਰਮੀ ਦੇ ਮੌਸਮ ਦੌਰਾਨ ਥੋੜ੍ਹੀ ਜਿਹੀ ਸਾਵਧਾਨੀ ਅਪਣਾ ਕੇ ਹੀਟ ਸਟ੍ਰੋਕ ਵਰਗੀ ਗੰਭੀਰ ਸਥਿਤੀ ਤੋਂ ਬਚਿਆ ਜਾ ਸਕਦਾ ਹੈ।

# ਸੰਤ ਬਾਬਾ ਭਗਤ ਰਾਮ ਬਰਸੀ ਸਮਾਗਮ ਦਾ ਪੋਸਟਰ ਕੀਤਾ ਜਾਰੀ

**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਡੇਰਾ ਬਾਬਾ ਭਗਤ ਰਾਮ ਜੀ ਪਿੰਡ ਨੰਗਲ ਖੁੰਗਾ ਵਿਖੇ ਬ੍ਰਹਮ ਗਿਆਨੀ ਸੰਤ ਬਾਬਾ ਭਗਤ ਰਾਮ ਦੀ ਸਲਾਨਾ 87ਵੀ



ਬਰਸੀ ਦੇ ਸਬੰਧ ਵਿੱਚ 12 ਜੁਲਾਈ ਨੂੰ ਹੋਣ ਵਾਲੇ ਸਮਾਗਮ ਦੇ ਸਬੰਧ ਵਿੱਚ ਮੌਜੂਦਾ ਗੱਦੀ ਨਸ਼ੀਨ ਸੰਤ ਨਰੇਸ਼ ਗਿਰ ਤੇ ਹੋਰਨਾਂ ਸੇਵਾਦਾਰਾਂ ਵੱਲੋਂ ਸਮਾਗਮ ਦਾ ਪੋਸਟਰ ਜਾਰੀ ਕੀਤਾ ਗਿਆ। ਸਮਾਗਮ ਸਬੰਧੀ ਪੋਸਟਰ ਜਾਰੀ ਕਰਨ ਉਪਰੰਤ ਮੁੱਖ ਸੇਵਾਦਾਰ ਸੰਤ ਨਰੇਸ਼ ਗਿਰਜੀ ਤੇ ਹੋਰਨਾਂ ਸੇਵਾਦਾਰਾਂ ਨੇ ਦੱਸਿਆ ਕਿ ਦੇਸ਼ ਵਿਦੇਸ਼ ਇਲਾਕੇ ਤੇ ਨਗਰ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਜਾ ਰਹੇ ਬਰਸੀ ਸਮਾਗਮ ਦੇ ਸੰਬੰਧ ਵਿੱਚ ਬਾਬਾ ਜੀ ਦੇ ਅਸਥਾਨ ਤੇ 10 ਜੁਲਾਈ ਨੂੰ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਕੀਤੇ ਜਾਣਗੇ ਜਿਨਾਂ ਦੇ ਭੋਗ 12 ਜੁਲਾਈ ਨੂੰ ਸਵੇਰੇ 10 ਵਜੇ ਭਾਈ ਜਾਣਗੇ। ਉਪਰੰਤ ਸੰਤ ਸਮਾਗਮ ਤੇ ਮਹਾਨ ਕੀਰਤਨ ਦਰਬਾਰ ਸਜਾਇਆ ਜਾਵੇਗਾ ਜਿਸ ਵਿੱਚ ਸੰਤ ਬਾਬਾ ਜਸਪਾਲ ਸਿੰਘ ਜੀ ਬੰਗਾਲੀ ਪੁਰ ਓਡਰਾ ਵਾਲੇ, ਸੰਤ ਬਾਬਾ ਰਾਮ ਗਿਰ ਜੀ ਰਾਜਪੁਰ ਕੰਡੀ ਵਾਲੇ, ਸੰਤ ਪ੍ਰੇਮ ਦਾਸ ਜੀ ਰਸ਼ਪਾਲਮਾ ਵਾਲੇ, ਸੰਤ ਸੋਢੀ ਸ਼ਾਹ ਜੀ ਦਰਬਾਰ ਚੋਲੀਪੁਰ ਵਾਲੇ ਹੋਰ ਸਾਧੂ ਸੰਤ ਮਹਾਤਮਾ ਤੇ ਰਾਗੀ ਢਾਡੀ ਜਥੇ ਪਹੁੰਚ ਕੇ ਸਮੂਹ ਸੰਗਤ ਨੂੰ ਗੁਰਬਾਣੀ ਕੀਰਤਨ ਦੁਆਰਾ ਨਿਹਾਲ ਕਰਦੇ ਹੋਏ ਜਿੱਥੇ ਗੁਰੂ ਚਰਨਾਂ ਨਾਲ ਜੋੜਨਗੇ ਉੱਥੇ ਹੀ ਸੰਤਾਂ ਮਹਾਂਪੁਰਸ਼ਾਂ ਦੀ ਮਹਿਮਾ ਤੋਂ ਵੀ ਨਿਹਾਲ ਕਰਵਾਉਣਗੇ। ਇਸ ਮੌਕੇ ਸੰਤ ਨਰੇਸ਼ ਗਿਰ ਜੀ ਨੇ ਇਲਾਕੇ ਦੀਆਂ ਸਮੂਹ ਸੰਗਤਾਂ ਨੂੰ ਇਨਾ ਸਮਾਗਮਾਂ ਵਿੱਚ ਪਹੁੰਚਣ ਦੀ ਬੇਨਤੀ ਕਰਦੇ ਹੋਏ ਕਿਹਾ ਕਿ ਸੰਗਤ ਦੀ ਸੇਵਾ ਵਾਸਤੇ ਚਾਹ ਪਕੌੜਿਆਂ ਦੇ ਲੰਗਰ ਗੁਰੂ ਦੇ ਲੰਗਰ ਤੇ ਠੰਡੇ ਮਿੱਠੇ ਜਲ ਦੀਆਂ ਛਵੀਲਾਂ ਲਗਾਉਣ ਤੋਂ ਇਲਾਵਾ ਮੁਫਤ ਮੈਡੀਕਲ ਚੈੱਕਅੱਪ ਕੈਂਪ ਵੀ ਲਗਾਇਆ ਜਾਵੇਗਾ ਜਿਸ ਵਿੱਚ ਮਾਹਿਰ ਡਾਕਟਰੀ ਟੀਮ ਮਰੀਜ਼ਾਂ ਦਾ ਮੁਆਇਨਾ ਕਰਨ ਉਪਰੰਤ ਮੁਫ਼ਤ ਦਵਾਈਆਂ ਦੇਵੇਗੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵੀਰ ਸਿੰਘ ਬੱਬੂ, ਗੁਰਪ੍ਰੀਤ ਸਿੰਘ ਰਾਜਪੁਰ,ਬਚਿੱਤਰ ਸਿੰਘ, ਸੈਕਟਰੀ ਜੈ ਸਿੰਘ, ਗੁਰਪ੍ਰੀਤ ਸਿੰਘ, ਕੁਲਦੀਪ ਸਿੰਘ, ਸੰਦੀਪ ਸਿੰਘ, ਜਰਨੈਲ ਸਿੰਘ, ਰਘਵੀਰ ਸਿੰਘ, ਅਮਰੀਕ ਸਿੰਘ ਸੋਢੀ, ਬਲਵਿੰਦਰ ਸਿੰਘ ਸੀਕਰੀ, ਰਣਜੀਤ ਸਿੰਘ, ਮਨਜੀਤ ਸਿੰਘ, ਜੱਸੀ ਮੁਨਕਾਂ, ਜਸ਼ਨਪ੍ਰੀਤ, ਟੀਟੂ ਨੰਗਲ ਖੁੰਗਾ, ਰੂਪ ਲਾਲ ਵੀ ਹਾਜ਼ਰ ਸਨ।

# ਭਾਸ਼ਾ ਵਿਭਾਗ ਨੂੰ ਖਤਮ ਕਰਨ ਦੇ ਮਨਸੂਬਿਆਂ ਦੀ ਸਖਤ ਨਿੰਦਾ

**ਬੰਗਾ (ਅਵਤਾਰ ਕਲੇਰ)**- ਅਦਾਰਾ ਪਰਵਾਜ਼ ਦੀ ਸੂਬਾਈ ਮੀਟਿੰਗ ਤੋ ਬਾਅਦ ਪ੍ਰੈਸ ਨੂੰ ਬਿਆਨ ਜਾਰੀ ਕਰਦਿਆ ਸੂਬਾਈ ਕਨਵੀਨਰ ਸੁਖਵਿੰਦਰ ਪੱਪੀ, ਉੱਘੇ ਕਹਾਣੀਕਾਰ ਅਜਮੇਰ ਸਿੱਧੂ ਅਤੇ ਡਾ: ਅਰਵਿੰਦਰ ਕੌਰ ਕਾਕੜਾ ਨੇ ਕਿਹਾ ਕਿ ਡਾਇਰੈਕਟਰ ਭਾਸ਼ਾ ਵਿਭਾਗ ਦੇ ਹਵਾਲਿਆਂ ਨਾਲ ਛਪੀਆਂ ਖਬਰਾਂ ਅਨੁਸਾਰ ਸਰਕਾਰ ਦੀ ਇੱਕ ਖਾਸ ਲੌਬੀ ਵੱਲੋਂ ਪੰਜਾਬੀ ਭਾਸ਼ਾ 'ਤੇ ਸਾਹਿਤ ਲਈ ਬਹੁਤ ਵੱਡਾ ਕੰਮ ਕਰਨ ਵਾਲੇ ਅਦਾਰੇ ਭਾਸ਼ਾ ਭਿਵਾਗ ਨੂੰ ਖਤਮ ਕਰਨ ਦੇ ਮਨਸੂਬੇ ਘੜੇ ਜਾ ਰਹੇ ਹਨ ਜੋ ਬਹੁਤ ਨਿੰਦਣਯੋਗ ਹੈ। ਸੁਬਾਈ ਆਗੂਆਂ ਨੇ ਕਿਹਾ ਕਿ ਭਾਸ਼ਾ ਵਿਭਾਗ ਕਈ ਦਹਾਕਿਆਂ ਤੋਂ ਪੰਜਾਬੀ ਭਾਸ਼ਾ ਦੀ ਬਿਹਤਰੀ ਤੇ ਸਾਹਿਤ ਦੇ ਪ੍ਰਚਾਰ ਪਸਾਰ ਲਈ ਬਹੁਤ ਵੱਡਾ ਕੰਮ ਕਰਦਾ ਆ ਰਿਹਾ ਹੈ। ਪਰ ਸਰਕਾਰ ਚਾਹੇ ਜੋ ਵੀ ਹੋਵੇ ਉਹ ਲਗਾਤਾਰ ਇਸ ਮਹਿਕਮੇ ਨੂੰ ਆਪਣੇ ਰਾਜਨੀਤਿਕ ਕਾਰਨਾਂ ਕਰਕੇ ਅੱਖੋ ਪਰੋਖੇ ਕਰਦੀ ਰਹੀ ਹੈ। ਅਦਾਰਾ ਪਰਵਾਜ਼ ਸਮਝਦਾ ਹੈ ਕੇ ਫਾਸ਼ੀਵਾਦੀ ਹੱਲੇ ਦੇ ਇਹਨਾ ਸਮਿਆਂ 'ਚ ਵੱਖ ਵੱਖ ਖੇਤਰੀ ਪਹਿਚਾਨਾ ਤੇ ਵੱਖ ਵੱਖ ਖੇਤਰੀ ਭਾਸ਼ਾਵਾਂ ਦਾ ਇਕ ਵੱਡਾ ਤੇ ਅਹਿਮ ਰੋਲ ਹੈ । ਇਹ ਰੋਲ ਤੇ ਖੇਤਰੀ ਭਾਸ਼ਾਵਾਂ ਦੀ ਪਹਿਚਾਣ ਲਈ ਭਾਸ਼ਾ ਵਿਭਾਗ ਵਰਗੇ ਅਦਾਰਿਆਂ ਦਾ ਅਹਿਮ ਰੋਲ ਹੈ। ਭਾਸ਼ਾ ਭਿਵਾਗ ਨਿਰੋਲ ਇਕ ਮਹਿਕਮਾ ਨਹੀਂ ਇਹ ਬਹੁਕੌਮੀ ਬਹੁਭਾਸ਼ਾਈ ਦੇਸ਼ ਅੰਦਰ ਪੰਜਾਬੀ ਭਾਸ਼ਾ ਤੇ ਸਾਹਿਤ ਦੇ ਵਿਸਥਾਰ ਦਾ ਇਕ ਅਹਿਮ ਕੇਂਦਰ ਹੈ। ਅਦਾਰਾ ਪਰਵਾਜ਼ ਮੰਗ ਕਰਦਾ ਹੈ ਕਿ ਸਰਕਾਰ ਵਲੋਂ ਇਸ ਮਹਿਕਮੇ ਨੂੰ ਖਤਮ ਕਰਨ, ਇਸ ਦੀਆਂ ਸ਼ਕਤੀਆਂ ਨੂੰ ਸੀਮਿਤ ਕਰਨਾ ਫੌਰੀ ਬੰਦ ਕੀਤਾ ਜਾਵੇ।

# ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਟਾਂਡਾ ਪੁਲਸ ਨੇ ਇੱਕ ਵਿਅਕਤੀ ਨੂੰ ਨਜਾਇਜ਼ ਸ਼ਰਾਬ ਸਮੇਤ ਗ੍ਰਿਫਤਾਰ ਕੀਤਾ ਹੈ।ਇਸ ਸੰਬਧੀ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਜਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ-ਨਿਰਦੇਸ਼ਾਂ ਅਧੀਨ ਤੇ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਏ.ਐਸ.ਆਈ ਲਖਵਿੰਦਰ ਸਿੰਘ ਦੀ ਟੀਮ ਵੱਲੋਂ ਟਾਂਡਾ ਮੂਨਕਾਂ ਸੜਕ 'ਤੇ ਕੀਤੀ ਜਾ ਰਹੀ ਗਸ਼ਤ ਦੌਰਾਨ ਗ੍ਰਿਫਤਾਰ ਕੀਤੇ ਗਏ ਵਿਅਕਤੀ ਦੀ ਪਹਿਚਾਣ ਗੁਰਪ੍ਰੀਤ ਸਿੰਘ ਵਾਸੀ ਮੂਨਕ ਕਲਾਂ ਵਜੋਂ ਹੋਈ ਹੈ ਅਤੇ ਉਸ ਕੋਲੋਂ 15 ਮਿਲੀ.ਲੀਟਰ ਨਜਾਇਜ਼ ਸ਼ਰਾਬ ਬਰਾਮਦ ਕਰਕੇ ਉਸ ਖਿਲਾਫ ਐਕਸਾਈਜ਼ ਐਕਟ ਅਧੀਨ ਮਾਮਲਾ ਦਰਜ ਕੀਤਾ ਗਿਆ ਹੈ।

# ਖ਼ੂਨਦਾਨ ਕੈਂਪ 15 ਨੂੰ

**ਆਦਮਪੁਰ (ਪਰਮਜੀਤ ਸਿੰਘ)**- ਪਿਛਲੇ ਲੰਮੇ ਸਮੇਂ ਤੋਂ ਆਪਣੀ ਅਣਥੱਕ ਮਿਹਨਤ ਇਮਾਨਦਾਰੀ ਅਤੇ ਸੂਝਬੂਝ ਨਾਲ ਦੋਆਬਾ ਖੇਤਰ ਦੇ ਇਤਿਹਾਸਕ ਨਗਰ ਪਿੰਡ ਅਜਨੋਹਾ ਦੇ ਜੰਮਪਲ ਡਾਕਟਰ



ਸਰਦਾਰ ਦਲਜੀਤ ਸਿੰਘ ਜੀ ਅਜਨੋਹਾ ਉੱਚ ਕੋਟੀ ਦੇ ਸੀਨੀਅਰ ਪੱਤਰਕਾਰ ਦੁਆਬੇ ਇਲਾਕੇ ਦੀ ਸਿਰਮੌਰ ਸੰਸਥਾ ਦਸਵੰਧ ਗਰੀਬਾਂ ਲਈ ਵੈਲਫੇਅਰ ਸੁਸਾਇਟੀ ਰਜਿ ਪੰਜਾਬ ਦੀ ਸਮੁੱਚੀ ਟੀਮ, ਗੁਰਦੁਆਰਾ ਸ਼ਹੀਦ ਬਾਬਾ ਮੱਤੀ ਸਾਹਿਬ ਜੀ ਪ੍ਰਬੰਧਕ ਕਮੇਟੀ ਅਤੇ ਜਨਮ ਅਸਥਾਨ ਗੁਰਦੁਆਰਾ ਸ਼ਹੀਦਾਂ ਦੀ ਪ੍ਰਬੰਧਕ ਕਮੇਟੀ ਅਤੇ ਵਿਸ਼ੇਸ਼ ਤੌਰ ਤੇ ਨੌਜਵਾਨ ਸਭਾ ਵੱਲੋਂ ਸਾਂਝੇ ਤੌਰ ਤੇ ਮਾਨਵਤਾ ਦੀ ਸੱਚੀ ਸੁੱਚੀ ਸੇਵਾ ਲਈ ਸਤਨਾਮ ਬਲੱਡ ਸੈਂਟਰ ਹੁਸ਼ਿਆਰਪੁਰ ਦੇ ਵੱਡੇ ਸਹਿਯੋਗ ਨਾਲ 15 ਜੁਲਾਈ ਦਿਨ ਬੁੱਧਵਾਰ ਨੂੰ ਧੰਨ ਧੰਨ ਸ਼ਹੀਦ ਬਾਬਾ ਮੱਤੀਂ ਸਾਹਿਬ ਜੀ ਮਹਾਰਾਜ ਜੀਆਂ ਦੇ ਪਾਵਨ ਪਵਿੱਤਰ ਪ੍ਰਕਾਸ਼ ਪੁਰਬ ਨੂੰ ਬੜੀ ਹੀ ਸ਼ਰਧਾ ਅਤੇ ਸਤਿਕਾਰ ਸਹਿਤ ਮਨਾਉਂਦਿਆਂ ਹੋਇਆਂ ਖ਼ੂਨਦਾਨ ਮਹਾਂਦਾਨ ਮੁਹਿੰਮ ਤਹਿਤ ਲਗਵਾਏ ਜਾ ਰਹੇ 86 ਵੇ ਸਵੈਂ ਇੱਛਕ ਖ਼ੂਨਦਾਨ ਕੈਂਪ ਤੇ ਬਤੌਰ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ।

# ਲੀਗਲ ਏਡ ਡਿਫੈਂਸ ਕਾਊਂਸਲ ਨੀਤੀ ਖ਼ਿਲਾਫ਼ ਵਕੀਲ ਭਲਕ ਤੋਂ ਅਣਮਿੱਥੇ ਸਮੇਂ ਦੀ ਹੜਤਾਲ 'ਤੇ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਮੌਜੂਦਾ ਲੀਗਲ ਏਡ ਡਿਫੈਂਸ ਕਾਊਂਸਲ ਨੀਤੀ ਖ਼ਿਲਾਫ਼ ਪੰਜਾਬ ਭਰ ਦੇ ਵਕੀਲਾਂ ਨੇ ਆਰ-ਪਾਰ ਦੀ ਲੜਾਈ ਦਾ ਬਿਗਲ ਵਜਾ ਦਿੱਤਾ ਹੈ। ਪੰਜਾਬ ਭਰ ਦੀਆਂ ਬਾਰ ਐਸੋਸੀਏਸ਼ਨਾਂ ਦੀ ਜੁਆਇੰਟ ਐਕਸ਼ਨ ਕਮੇਟੀ ਦੇ ਸੱਦੇ 'ਤੇ ਬਾਰ ਐਸੋਸੀਏਸ਼ਨ ਡੇਰਾ ਬੱਸੀ ਨੇ 7 ਜੁਲਾਈ ਤੋਂ ਸੂਬਾ ਪੱਧਰੀ ਹੜਤਾਲ ਵਿੱਚ ਸਰਗਰਮ ਰੂਪ ਵਿੱਚ ਸ਼ਾਮਲ ਹੋਣ ਦਾ ਵੱਡਾ ਫ਼ੈਸਲਾ ਕੀਤਾ ਹੈ। ਇਸ ਹੜਤਾਲ ਤਹਿਤ ਵਕੀਲਾਂ ਵੱਲੋਂ ਮੁਕੰਮਲ ਤੌਰ 'ਤੇ ਨੋ ਵਰਕ ਡੇ (ਕੰਮ ਰੋਕੋ) ਦਾ ਐਲਾਨ ਕੀਤਾ ਗਿਆ ਹੈ, ਜਿਸ ਕਾਰਨ ਅਦਾਲਤਾਂ ਵਿੱਚ ਕਿਸੇ ਵੀ ਤਰ੍ਹਾਂ ਦਾ ਕਾਨੂੰਨੀ ਕੰਮਕਾਜ ਨਹੀਂ ਕੀਤਾ ਜਾਵੇਗਾ। ਇਹ ਅਹਿਮ ਅਤੇ ਸਰਬਸੰਮਤੀ ਵਾਲਾ ਫ਼ੈਸਲਾ ਇੱਥੇ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਵਿਕਰਮਜੀਤ ਸਿੰਘ ਦੱਪਰ ਦੀ ਪ੍ਰਧਾਨਗੀ ਹੇਠ ਹੋਈ ਕਾਰਜਕਾਰਨੀ ਕਮੇਟੀ ਦੀ ਇੱਕ ਹੰਗਾਮੀ ਮੀਟਿੰਗ ਦੌਰਾਨ ਲਿਆ ਗਿਆ। ਇਸ ਮੀਟਿੰਗ ਵਿੱਚ ਬਾਰ ਦੇ ਉਪ ਪ੍ਰਧਾਨ ਰਾਮ ਧੀਮਾਨ, ਸਕੱਤਰ ਇੰਦਰਪਾਲ ਸਿੰਘ ਖਾਰੀ ਸਮੇਤ ਕਾਰਜਕਾਰਨੀ ਦੇ ਸਮੂਹ ਮੈਂਬਰ ਅਤੇ ਸੀਨੀਅਰ ਵਕੀਲ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ? ਮੀਟਿੰਗ



ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਰ ਐਸੋਸੀਏਸ਼ਨ ਦੇ ਪ੍ਰਧਾਨ ਐਡਵੋਕੇਟ ਵਿਕਰਮਜੀਤ ਸਿੰਘ ਦੱਪਰ ਨੇ ਮੌਜੂਦਾ ਐਲ ਏ ਡੀ ਸੀ ਨੀਤੀ 'ਤੇ ਤਿੱਖੇ ਨਿਸ਼ਾਨੇ ਸਾਧੇ। ਉਨ੍ਹਾਂ ਕਿਹਾ ਕਿ ਮੌਜੂਦਾ ਨੀਤੀ ਨਾ ਸਿਰਫ਼ ਪੂਰੀ ਤਰ੍ਹਾਂ ਅਸਰਹੀਣ ਅਤੇ ਮਨਮਰਜ਼ੀ ਵਾਲੀ ਹੈ, ਸਗੋਂ ਇਹ ਸਮਾਜ ਵਿੱਚ ਅਪਰਾਧ ਅਤੇ ਭ੍ਰਿਸ਼ਟਾਚਾਰ ਨੂੰ ਸਿੱਧੇ ਤੌਰ 'ਤੇ ਵਾਧਾ ਦੇ ਰਹੀ ਹੈ। ਬਾਰ ਐਸੋਸੀਏਸ਼ਨ ਨੇ ਦੇਸ਼ ਅਤੇ ਸੂਬੇ ਦੀਆਂ ਸਰਵਉੱਚ ਕਾਨੂੰਨੀ ਸੰਸਥਾਵਾਂ ਤੋਂ ਇਸ ਮਾਮਲੇ ਵਿੱਚ ਤੁਰੰਤ ਦਖ਼ਲ ਦੇਣ ਦੀ ਮੰਗ ਕੀਤੀ ਹੈ। ਐਸੋਸੀਏਸ਼ਨ ਵੱਲੋਂ ਭਾਰਤ ਦੇ ਮੁੱਖ ਨਿਆਂਧੀਸ਼ ਨੈਸ਼ਨਲ ਲੀਗਲ ਸਰਵਿਸਿਜ਼ ਅਥਾਰਟੀ ਅਤੇ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ ਨੂੰ ਲਿਖਤੀ ਅਪੀਲ ਭੇਜ ਕੇ ਮੰਗ ਕੀਤੀ ਗਈ ਹੈ ਕਿ ਇਸ ਵਿਵਾਦਤ ਐੱਲ ਏ ਡੀ ਸੀ ਨੀਤੀ ਨੂੰ ਬਿਨਾਂ ਕਿਸੇ ਦੇਰੀ ਦੇ ਤੁਰੰਤ ਪ੍ਰਭਾਵ ਨਾਲ ਵਾਪਸ ਲਿਆ ਜਾਵੇ।

# ਆਂਗਣਵਾੜੀ ਵਰਕਰ ਦੀ ਕੁੱਟਮਾਰ, ਦੋਵੇਂ ਧਿਰਾਂ ਦੇ ਮੈਂਬਰ ਹਸਪਤਾਲ ਦਾਖ਼ਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਹਲਕਾ ਡੇਰਾਬੱਸੀ ਦੇ ਅਧੀਨ ਆਉਂਦੇ ਪਿੰਡ ਬੜਾਣਾ (ਸਰਕਲ ਹੰਡੇਸਰਾ) ਵਿਖੇ 'ਮਾਵਾਂ ਧੀਆਂ ਸਤਕਾਰ ਯੋਜਨਾ' ਦੇ ਫਾਰਮ ਭਰਨ ਦੌਰਾਨ ਪੈਦਾ ਹੋਏ ਤਕਨੀਕੀ ਨੁਕਸ ਕਾਰਨ ਇੱਕ ਬੇਹੱਦ ਮੰਦਭਾਗੀ ਘਟਨਾ ਸਾਹਮਣੇ ਆਈ ਹੈ। ਇੱਥੇ ਫਾਰਮ ਭਰਨ ਵੇਲੇ ਸਰਵਰ ਡਾਊਨ ਹੋਣ ਕਾਰਨ ਪੈਦਾ ਹੋਈ ਗਲਤਫਹਿਮੀ ਇੰਨੀ ਵੱਧ ਗਈ ਕਿ ਕੁਝ ਵਿਅਕਤੀਆਂ ਵੱਲੋਂ ਡਿਊਟੀ 'ਤੇ ਤਾਇਨਾਤ ਆਂਗਣਵਾੜੀ ਵਰਕਰ ਗੁਰਦੀਪ ਕੌਰ ਦੀ ਬੇਰਹਿਮੀ ਨਾਲ ਕੁੱਟਮਾਰ ਕਰ ਦਿੱਤੀ ਗਈ। ਇਸ ਹਿੰਸਕ ਝੜਪ ਦੌਰਾਨ ਦੋਵਾਂ ਧਿਰਾਂ ਦੇ ਦੋ ਮੈਂਬਰ ਗੰਭੀਰ ਜ਼ਖ਼ਮੀ ਹੋ ਗਏ ਹਨ, ਜੋ ਇਸ ਵੇਲੇ ਡੇਰਾਬੱਸੀ ਦੇ ਸਿਵਲ ਹਸਪਤਾਲ ਵਿਖੇ ਇਲਾਜ ਅਧੀਨ ਹਨ। ਇਸ ਘਟਨਾ ਦੀ ਇੱਕ ਵੀਡੀਓ ਵੀ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਹੀ ਹੈ, ਜਿਸ ਵਿੱਚ ਦੋਵੇਂ ਧਿਰਾਂ ਆਪਸ ਵਿੱਚ ਬੁਰੀ ਤਰ੍ਹਾਂ ਉਲਝਦੀਆਂ ਅਤੇ ਹੱਥੋਪਾਈ ਹੁੰਦੀਆਂ ਦਿਖਾਈ ਦੇ ਰਹੀਆਂ ਹਨ। ਇਸ ਘਟਨਾ ਤੋਂ ਬਾਅਦ ਇਲਾਕੇ ਦੇ ਆਂਗਣਵਾੜੀ



ਮੁਲਾਜ਼ਮਾਂ ਵਿੱਚ ਭਾਰੀ ਰੋਸ ਅਤੇ ਸਹਿਮ ਦਾ ਮਾਹੌਲ ਪੈਦਾ ਹੋ ਗਿਆ ਹੈ। ਘਟਨਾ ਦੇ ਵਿਰੋਧ ਵਿੱਚ ਆਂਗਣਵਾੜੀ ਮੁਲਾਜ਼ਮ ਯੂਨੀਅਨ ਸੀਟੂ (ਜ਼ਿਲ੍ਹਾ ਮੋਹਾਲੀ ਅਤੇ ਬਲਾਕ ਡੇਰਾਬੱਸੀ) ਦੀ ਅਗਵਾਈ ਹੇਠ ਸੈਂਕੜੇ ਮਹਿਲਾ ਵਰਕਰਾਂ ਅਤੇ ਹੈਲਪਰਾਂ ਨੇ ਇੱਕਜੁੱਟ ਹੋ ਕੇ ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਦੀ ਪਿੰਡ ਬਾਕਰਪੁਰ ਸਥਿਤ ਰਿਹਾਇਸ਼ ਵਿਖੇ ਪਹੁੰਚ ਕੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ। ਇਸ ਦੌਰਾਨ ਪ੍ਰਦਰਸ਼ਨਕਾਰੀ ਮਹਿਲਾਵਾਂ ਨੇ ਪ੍ਰਸ਼ਾਸਨ ਅਤੇ ਦੋਸ਼ੀਆਂ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ। ਯੂਨੀਅਨ ਦੀਆਂ ਆਗੂਆਂ ਨੇ ਵਿਧਾਇਕ ਰੰਧਾਵਾ ਨੂੰ ਇੱਕ ਮੰਗ ਪੱਤਰ ਸੌਂਪਦਿਆਂ ਮੰਗ ਕੀਤੀ ਕਿ ਸਰਕਾਰੀ ਡਿਊਟੀ ਨਿਭਾ ਰਹੀਆਂ ਮਹਿਲਾ ਮੁਲਾਜ਼ਮਾਂ ਦੀ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇ ਅਤੇ ਪੀੜਤ ਵਰਕਰ ਨੂੰ ਜਲਦ ਤੋਂ ਜਲਦ ਇਨਸਾਫ਼ ਦਿਵਾਇਆ ਜਾਵੇ। ?ਇਸ ਰੋਸ ਪ੍ਰਦਰਸ਼ਨ ਅਤੇ ਵਿਧਾਇਕ ਨੂੰ ਮੰਗ ਪੱਤਰ ਸੌਂਪਣ ਦੇ ਮੌਕੇ ਆਂਗਣਵਾੜੀ ਮੁਲਾਜ਼ਮ ਯੂਨੀਅਨ ਦੀ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਕੌਰ ਧਨੌਨੀ, ਬਲਾਕ ਪ੍ਰਧਾਨ ਜਸਵਿੰਦਰ ਕੌਰ, ਵਾਈਸ ਪ੍ਰਧਾਨ ਰਜਨੀ ਬਾਲਾ, ਬਲਜੀਤ ਕੌਰ, ਸਰਕਲ ਪ੍ਰਧਾਨ ਲਾਜਵੰਤੀ, ਪ੍ਰੀਤਮ ਕੌਰ, ਸੁਰੇਸ਼ ਕੁਮਾਰੀ, ਜਸਵਿੰਦਰ ਕੌਰ ਅਤੇ ਸਰਬਜੀਤ ਕੌਰ ਸਮੇਤ ਬਲਾਕ ਡੇਰਾਬੱਸੀ ਅਤੇ ਆਸ-ਪਾਸ ਦੇ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਆਂਗਣਵਾੜੀ ਵਰਕਰ ਅਤੇ ਹੈਲਪਰਾਂ ਮੌਜੂਦ ਸਨ, ਜਿਨ੍ਹਾਂ ਨੇ ਪੀੜਤ ਵਰਕਰ ਦੇ ਹੱਕ ਵਿੱਚ ਡਟਣ ਦਾ ਅਹਿਦ ਲਿਆ।

# ਲੈਫਟੀਨੈਂਟ ਜਨਰਲ ਬਿਕਰਮ ਸਿੰਘ ਦਾ ਜਨਮ ਦਿਨ ਮਨਾਇਆ

**ਬਲਾਚੌਰ, (ਜਸਵਿੰਦਰ ਬੈਂਸ)**- ਸਕੂਲ ਆਫ਼ ਐਮੀਨੈਂਸ ਮਹਿੰਦੀਪੁਰ ਵਿਖੇ ਭਾਰਤੀ ਫੌਜ ਦੇ ਮਹਾਨ ਜਰਨੈਲ ਅਤੇ ਸਾਬਕਾ ਮੁਖੀ ਲੈਫਟੀਨੈਂਟ ਜਨਰਲ ਬਿਕਰਮ ਸਿੰਘ ਦਾ ਜਨਮ ਦਿਵਸ ਬੜੀ ਸ਼ਰਧਾ, ਸਤਿਕਾਰ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਵਿਸ਼ੇਸ਼ ਮੌਕੇ 'ਤੇ ਸਕੂਲ ਕੰਪਲੈਕਸ ਵਿੱਚ ਸਥਾਪਿਤ ਉਨ੍ਹਾਂ ਦੀ ਸਮਾਰਕ 'ਤੇ ਹਾਜ਼ਰ ਸ਼ਖ਼ਸੀਅਤਾਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ ਅਤੇ ਉਨ੍ਹਾਂ ਵੱਲੋਂ ਦੇਸ਼ ਦੀ ਰੱਖਿਆ ਲਈ ਨਿਭਾਈਆਂ ਵਿਲੱਖਣ ਤੇ ਇਤਿਹਾਸਕ ਸੇਵਾਵਾਂ ਨੂੰ ਬੜੇ ਸਤਿਕਾਰ ਨਾਲ ਯਾਦ ਕੀਤਾ ਗਿਆ। ਇਸ ਮੌਕੇ ਸਕੂਲ ਦੇ ਵਿਦਿਆਰਥੀਆਂ ਨੂੰ ਲੱਡੂ ਵੀ ਵੰਡੇ ਗਏ। ਇਸ ਪ੍ਰਭਾਵਸ਼ਾਲੀ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਆਮ ਆਦਮੀ ਪਾਰਟੀ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ, ਸਕੂਲ ਮੈਨੇਜਮੈਂਟ ਕਮੇਟੀ ਦੇ ਚੇਅਰਮੈਨ ਜਸਵਿੰਦਰ ਬੈਂਸ ਪ੍ਰਿੰਸੀਪਲ ਜਗਮੋਹਨ ਸਿੰਘ ਅਤੇ ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ ਹਰਦੀਪ ਸਿੰਘ, ਡਾ. ਕਸ਼ਮੀਰ ਸਿੰਘ ਢਿੱਲੋਂ ਨੇ ਸ਼ਿਰਕਤ ਕੀਤੀ। ਇਨ੍ਹਾਂ ਤੋਂ ਇਲਾਵਾ ਸੁਸਾਇਟੀ ਪ੍ਰਧਾਨ ਜਥੇਦਾਰ ਜਸਵਿੰਦਰ ਸਿੰਘ ਕਾਹਮਾ, ਮੁੱਖ ਬੁਲਾਰੇ ਹਰਨੇਕ ਸਿੰਘ ਫੌਜੀ ਅਤੇ ਵਿਸ਼ੇਸ਼ ਤੌਰ ਤੇ ਲੈਫਟੀਨੈਂਟ ਜਨਰਲ ਦੇ ਪੋਤਰੇ ਸੰਨਦੀਪ ਸਿੰਘ ਕੰਗ ਵੀ ਇਸ ਮੌਕੇ ਹਾਜ਼ਰ ਰਹੇ ਅਤੇ ਜਨਰਲ ਸਾਹਿਬ ਨੂੰ ਸ਼ਰਧਾਂਜਲੀ ਭੇਟ ਕੀਤੀ। ?ਸਮਾਗਮ ਦੌਰਾਨ ਸੰਬੋਧਨ ਕਰਦਿਆਂ ਮੁੱਖ ਮਹਿਮਾਨਾਂ ਅਤੇ ਮੁੱਖ ਬੁਲਾਰਿਆਂ ਨੇ ਲੈਫਟੀਨੈਂਟ ਜਨਰਲ ਬਿਕਰਮ ਸਿੰਘ ਦੇ ਜੀਵਨ, ਅਨੁਸ਼ਾਸਨ, ਅਦੁੱਤੀ ਦੇਸ਼ਭਗਤੀ ਅਤੇ ਸ਼ਾਨਦਾਰ ਫੌਜੀ ਸੇਵਾਵਾਂ 'ਤੇ ਵਿਸਥਾਰ ਨਾਲ ਚਾਨਣਾ ਪਾਇਆ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਦਿਆਂ ਕਿਹਾ ਕਿ ਅਜਿਹੀਆਂ ਮਹਾਨ ਸ਼ਖ਼ਸੀਅਤਾਂ ਦੇ ਦਰਸਾਏ ਮਾਰਗ 'ਤੇ ਚੱਲਣਾ ਹੀ ਉਨ੍ਹਾਂ ਨੂੰ ਸੱਚੀ ਸ਼ਰਧਾਂਜਲੀ ਹੈ। ਇਸ ਮੌਕੇ ਸਕੂਲ ਦਾ ਸਮੂਹ ਸਟਾਫ਼ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।



# ਯੂਥ ਕਾਂਗਰਸ ਪੰਜਾਬ ਦਾ ਪ੍ਰਧਾਨ ਬਣਨ 'ਤੇ ਸ਼ੁਭਮ ਸ਼ਰਮਾ ਨੇ ਕੀਤੀ ਸ਼ੁਕਰਾਨਾ ਯਾਤਰਾ

**ਗੁਰਾਇਆ (ਬਿੰਦਰ ਸੁੰਮਨ)**- ਯੂਥ ਕਾਂਗਰਸ ਪੰਜਾਬ ਦੇ ਪ੍ਰਧਾਨ ਬਣਨ ਤੋ ਬਾਦ ਸ਼ੁਭਮ ਸ਼ਰਮਾ (ਧੂਰੀ) ਸ਼ੁਕਰਾਨਾ ਯਾਤਰਾ ਤਹਿਤ ਧੂਰੀ ਤੋ ਅੰਮ੍ਰਿਤਸਰ ਦੇ ਵੱਖ-ਵੱਖ



ਧਾਰਮਿਕ ਅਸਥਾਨਾ ਤੇ ਨਤਮਸਤਕ ਹੋਣ ਲਈ ਰਵਾਨਾ ਹੋਏ, ਜਿਨ੍ਹਾਂ ਦਾ ਗੁਰਾਇਆ ਵਿਖੇ ਪਹੁੰਚਣ ਤੇ ਯੂਥ ਕਾਂਗਰਸ ਜ਼ਿਲਾ ਜਲੰਧਰ ਦਿਹਾਤੀ ਦੇ ਨਵੇਂ ਬਣੇ ਪ੍ਰਧਾਨ ਮਨਪ੍ਰੀਤ ਸਿੰਘ ਚੱਢਾ (ਸੰਗ ਢੇਸੀਆਂ), ਹਲਕਾ ਫਿਲੌਰ ਦੇ ਨਵੇਂ ਬਣੇ ਪ੍ਰਧਾਨ ਸੁਖਜੀਤ ਸਿੰਘ ਦੀ ਅਗਵਾਈ ਹੇਠ ਇਲਾਕੇ ਭਰ ਤੋ ਆਏ ਯੂਥ ਕਾਂਗਰਸ ਦੇ ਵੱਖ ਵੱਖ ਅਹੁਦੇਦਾਰਾ ਅਤੇ ਨੌਜਵਾਨਾਂ ਵਲੋਂ ਭਰਵਾ ਸਵਾਗਤ ਕੀਤਾ ਗਿਆ। ਇਸ ਮੌਕੇ ਬੋਲਦਿਆ ਯੂਥ ਕਾਂਗਰਸ ਪੰਜਾਬ ਦੇ ਪ੍ਰਧਾਨ ਸ਼ੁਭਮ ਸ਼ਰਮਾ ਨੇ ਕਿਹਾ ਕਿ ਉਹ ਧੂਰੀ ਤੋ ਰਵਾਨਾ ਹੋ ਕੇ ਅੰਮ੍ਰਿਤਸਰ ਦੇ ਵੱਖ ਵੱਖ ਪਵਿੱਤਰ ਧਾਰਮਿਕ ਅਸਥਾਨਾ ਤੇ ਮੱਥਾ ਟੇਕ ਗੁਰੂ ਸਾਹਿਬ ਦਾ ਓਟ ਆਸਰਾ ਲੈ ਕੇ 2026 ਲਈ ਨਵੀਂ ਟੀਮ ਦਾ ਆਗਾਜ਼ ਕਰਨਗੇ। ਉਨ੍ਹਾ ਅੱਗੇ ਕਿਹਾ ਕਿ ਆਉਣ ਵਾਲੇ ਦਿਨ ਵਿੱਚ ਪੰਜਾਬ ਯੂਥ ਕਾਂਗਰਸ ਸੂਬੇ ਦੇ ਨੌਜਵਾਨਾ ਅਤੇ ਲੋਕਾਂ ਦਾ ਹਰ ਮੁੱਦਾ ਮੁੱਖ ਮੰਤਰੀ ਪੰਜਾਬ ਨੂੰ ਦੱਸਣ ਦਾ ਵੀ ਕੰਮ ਕਰੇਗੀ। ਇਸ ਮੌਕੇ ਯੂਥ ਕਾਂਗਰਸ ਜ਼ਿਲਾ ਜਲੰਧਰ ਦਿਹਾਤੀ ਦੇ ਨਵੇਂ ਬਣੇ ਪ੍ਰਧਾਨ ਮਨਪ੍ਰੀਤ ਸਿੰਘ ਚੱਢਾ (ਸੰਗ ਢੇਸੀਆਂ) ਅਤੇ ਹਲਕਾ ਫਿਲੌਰ ਦੇ ਨਵੇਂ ਬਣੇ ਪ੍ਰਧਾਨ ਸੁਖਜੀਤ ਸਿੰਘ ਨੇ ਜਿਥੇ ਨੌਜਵਾਨਾ ਦਾ ਇਸ ਸਮਾਗਮ ਵਿੱਚ ਸ਼ਿਰਕਤ ਕਰਨ ਤੇ ਧੰਨਵਾਦ ਕੀਤਾ, ਉਥੇ ਹੀ ਉਨ੍ਹਾਂ ਕਿਹਾ ਕਿ ਆਉਣ ਵਾਲੀਆ 2027 ਦੀਆ ਚੋਣਾਂ ਵਿੱਚ ਯੂਥ ਕਾਂਗਰਸ ਦਿਨ ਰਾਤ ਮੇਹਨਤ ਕਰਕੇ ਸੂਬੇ ਅੰਦਰ ਕਾਂਗਰਸ ਪਾਰਟੀ ਨੂੰ ਸੱਤਾ ਪ੍ਰਾਪਤ ਕਰਨ ਵਿੱਚ ਅਹਿਮ ਰੋਲ ਅਦਾ ਕਰੇਗੀ। ਇਸ ਮੌਕੇ ਯੂਥ ਕਾਂਗਰਸ ਪੰਜਾਬ ਦੇ ਜਨਰਲ ਸਕੱਤਰ ਪ੍ਰਣਵ ਕ੍ਰਿਪਾਲ, ਯੂਥ ਕਾਂਗਰਸ ਪੰਜਾਬ ਦੇ ਜਨਰਲ ਸਕੱਤਰ ਅਮਰਿੰਦਰ ਬਿੰਨੀ, ਹਲਕਾ ਪ੍ਰਧਾਨ ਨਕੋਦਰ ਗੁਰਸਿਮਰਨਪਾਲ ਸਿੰਘ, ਬਲਾਕ ਪ੍ਰਧਾਨ ਰੁੜਕਾ ਕਲਾਂ ਪ੍ਰਿੰਸ, ਬਲਾਕ ਪ੍ਰਧਾਨ ਫਿਲੌਰ ਅਜੇ, ਵਾਇਸ ਪ੍ਰਧਾਨ ਬਲਾਕ ਰੁੜਕਾ ਕਲਾਂ ਗਗਨ ਤੋ ਇਲਾਵਾ ਵੱਡੀ ਗਿਣਤੀ 'ਚ ਯੂਥ ਕਾਂਗਰਸ ਦੇ ਅਹੁਦੇਦਾਰ ਅਤੇ ਇਲਾਕੇ ਭਰ ਦੇ ਨੌਜਵਾਨ ਹਾਜ਼ਰ ਸਨ।

# ਬਸਤੀ ਦਾਨਿਸ਼ਮੰਦਾਂ ਦੀ ਮੇਨ ਰੋਡ ਦਾ ਨਿਰਮਾਣ ਕਾਰਜ ਸ਼ੁਰੂ



**ਜਲੰਧਰ, (ਰਾਜੇਸ਼ ਥਾਪਾ, ਕਮਲਜੀਤ ਪਵਾਰ)**- ਬਸਤੀ ਦਾਨਿਸਿਮੰਦਾ ਦੀ ਮੇਨ ਰੋਡ ਜੋ ਪਿਛਲੇ ਕਈ ਸਾਲਾਂ ਤੋਂ ਖਸਤਾ ਹਾਲਤ ਵਿੱਚ ਹੋਣ ਕਾਰਨ ਲੋਕਾਂ ਲਈ ਵੱਡੀ ਸਮੱਸਿਆ ਬਣੀ ਹੋਈ ਸੀ, ਦਾ ਨਿਰਮਾਣ ਕਾਰਜ ਹੁਣ ਤੇਜ਼ੀ ਨਾਲ ਸ਼ੁਰੂ ਹੋ ਗਿਆ ਹੈ। ਕੁਝ ਦਿਨ ਪਹਿਲਾਂ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਮਹਿੰਦਰ ਭਗਤ ਵੱਲੋਂ ਇਸ ਸੜਕ ਦੇ ਨਿਰਮਾਣ ਦਾ ਕੰਮ ਸ਼ੁਰੂ ਕਰਵਾਇਆ ਗਿਆ ਸੀ।ਸੜਕ 'ਤੇ ਬਜਰੀ ਵਿਛਾਉਣ ਦਾ ਕੰਮ ਵਾਰਡ ਦੇ ਕੌਂਸਲਰ ਡਾ. ਮਨੀਸ਼ ਕਰਲੂਪੀਆ ਦੀ ਦੇਖ-ਰੇਖ ਹੇਠ ਸ਼ੁਰੂ ਕੀਤਾ ਗਿਆ। ਇਸ ਮੌਕੇ ਇਲਾਕਾ ਵਾਸੀਆਂ ਨੇ ਸੜਕ ਦਾ ਕੰਮ ਸ਼ੁਰੂ ਹੋਣ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਪੰਜਾਬ ਸਰਕਾਰ ਅਤੇ ਕੈਬਨਿਟ ਮੰਤਰੀ ਮਹਿੰਦਰ ਭਗਤ ਦਾ ਧੰਨਵਾਦ ਕੀਤਾ।ਇਲਾਕਾ ਵਾਸੀਆਂ ਨੇ ਕਿਹਾ ਕਿ ਇਹ ਸੜਕ ਲੰਬੇ ਸਮੇਂ ਤੋਂ ਟੁੱਟੀ ਹੋਈ ਸੀ, ਜਿਸ ਕਾਰਨ ਰੋਜ਼ਾਨਾ ਆਵਾਜਾਈ ਵਿੱਚ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਸੀ। ਹੁਣ ਸੜਕ ਦਾ ਨਿਰਮਾਣ ਸ਼ੁਰੂ ਹੋਣ ਨਾਲ ਲੋਕਾਂ ਦੀ ਸਾਲਾਂ ਪੁਰਾਣੀ ਮੰਗ ਪੂਰੀ ਹੋਣ ਜਾ ਰਹੀ ਹੈ ਅਤੇ ਆਵਾਜਾਈ ਵੀ ਸੁਗਮ ਹੋਵੇਗੀ। ਕੈਬਨਿਟ ਮੰਤਰੀ ਮਹਿੰਦਰ ਭਗਤ ਨੇ ਭਰੋਸਾ ਦਿੱਤਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸ਼ਹਿਰ ਦੇ ਹਰ ਇਲਾਕੇ ਵਿੱਚ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਇਆ ਜਾਵੇਗਾ।

# ਪੀਰ ਬਾਬਾ ਬੱਗੂ ਸ਼ਾਹ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਕਰਵਾਇਆ

**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਦਿਹਾਣਾ ਦਰਬਾਰ ਪੀਰ ਬਾਬਾ ਬੱਗੂ ਸ਼ਾਹ ਜੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਪੀਰ ਬਾਬਾ ਬੱਗੂ ਸ਼ਾਹ ਜੀ ਦੀ ਯਾਦ ਵਿੱਚ ਸਲਾਨਾ ਜੋੜ ਮੇਲਾ ਕਰਵਾਇਆ ਗਿਆ। ਇਸ ਮੌਕੇ ਡੇਰੇ ਦੀ ਸੇਵਾਦਾਰ ਸਾਈ ਕੁਲਵਿੰਦਰ ਸਿੰਘ ਕਾਲਾ ਦਿਹਾਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਚਾਦਰ ਚਿਰਾਗ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਪੰਜਾਬ ਦੇ ਨਾਮਵਾਰ ਕਲਾਕਾਰ ਪੀਰਾਂ ਦੀ ਮਹਿਫਿਲ ਸਜਾਈ। ਉਨ੍ਹਾਂ ਦੱਸਿਆ ਕਿ ਸਲਾਨਾ ਜੋੜ ਮੇਲੇ ਦੌਰਾਨ ਸਾਈਂ ਸੁਲਤਾਨ ਭੱਟੀ ਦਿਹਾਣਾ, ਸਾਈਂ ਮਨਜੀਤ ਸ਼ਾਹ ਭਾਮ, ਸਾਈਂ ਸਚਿਨ ਸ਼ਾਹ ਬੰਗਾ, ਬਾਬਾ ਸਤਨਾਮ ਸਿੰਘ ਅਜਨੋਹਾ, ਬਾਬਾ ਘੰਣਈਆ ਦਾਸ ਦਿਹਾਣਾ, ਬਾਬਾ ਦਾਰਾ ਸਿੰਘ ਦਿਹਾਣਾ, ਬਾਬਾ ਸੋਨੂੰ ਸ਼ਾਹ ਬੱਡਲਾ, ਬਾਬਾ ਬੀਰਾ ਰਾਮ ਦਿਹਾਣਾ, ਬਾਬਾ ਗੁਰਵਿੰਦਰ ਸਿੰਘ ਦਿਹਾਣਾ, ਮਿਸ ਪੂਜਾ ਦਿਹਾਣਾ ਤੋਂ



ਇਲਾਵਾ ਵੱਖ-ਵੱਖ ਦਰਬਾਰਾ ਤੋਂ ਫੱਕਰ ਫਕੀਰ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਸਲਾਨਾ ਜੋੜ ਮੇਲੇ ਦੌਰਾਨ ਆਏ ਹੋਏ ਫੱਕਰ ਫਕੀਰ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਬਾਬਾ ਕੁਲਵਿੰਦਰ ਸਿੰਘ ਦਿਹਾਣਾ, ਰਜਿੰਦਰ ਕੌਰ, ਅਮਨਦੀਪ ਸਿੰਘ, ਕਮਲਜੀਤ ਕੌਰ ਅਮਨਜੋਤ, ਰਜ਼ਨੀਤ, ਹਰਮਨਦੀਪ ਸਿੰਘ, ਅਰਸ, ਰਾਗਵ, ਮੇਜ਼ਰ ਸਿੰਘ, ਮਨਪ੍ਰੀਤ ਕੌਰ, ਨੰਬਰਦਾਰ ਦਿਲਬਾਗ ਸਿੰਘ, ਸੁਰਿੰਦਰ ਕੌਰ, ਦਵਿੰਦਰ ਸਿੰਘ, ਮਿਸਤਰੀ ਜੋਗ ਰਾਜ, ਜਸਵੀਰ ਸਿੰਘ, ਭਾਈ ਮਨਜੀਤ, ਗੁਰਦੀਪ ਸਿੰਘ, ਸਰਪੰਚ ਗੁਰਵਿੰਦਰ ਸਿੰਘ ਬਾਵਾ, ਅਮਰਜੀਤ ਸਿੰਘ ਸੋਨਾ, ਸਿੰਕਦਰ, ਬਾਬਲੀ, ਧਰਮਪਾਲ ਕਨੇਡਾ, ਵਿਜੈ ਕੁਮਾਰ, ਗੁਰਨਾਮ ਸਿੰਘ ਗਾਮਾ, ਜੋਗਾ ਸਿੰਘ, ਸੋਹਣ ਸਿੰਘ ਫੋਜੀ, ਜਸਵੀਰ ਪਾਲ, ਲਛਮਣ ਦਾਸ,ਲੰਬੜਦਾਰ ਸਰਜਿੰਦਰ ਸਿੰਘ ਕਿੰਗ, ਮਿਸਤਰੀ ਕਮਲ ਸ਼ਮਸ਼ੇਰ ਸਿੰਘ ਕੂਕੋਵਾਲ, ਅਮਰਜੀਤ ਸਿੰਘ ਅੰਬਾ, ਬਾਬਾ ਸੋਢੀ ਦਿਹਾਣਾ, ਮੇਜਰ ਸਿੰਘ ਮਾਟੀ, ਪੁਸ਼ਪਾ ਰਾਣੀ, ਬਿੰਦਰ ਰਾਣੀ, ਦ੍ਰਿਸ਼ਟੀ, ਅੰਕਿਤਾ, ਮੋਹਿਤ ਕੁਮਾਰ, ਪਰਮਜੀਤ ਕੌਰ, ਜੀਵਨ, ਮੋਨੂੰ, ਅਮਨਦੀਪ ਸਿੰਘ, ਬੀਬੀ ਸੁਰਿੰਦਰ ਕੌਰ ਆਦਿ ਹਾਜ਼ਰ ਸਨ।ਸਾਲਾਨਾ ਜੋੜ ਮੇਲੇ ਦੌਰਾਨ ਛਬੀਲ ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ।

# 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਵਲ ਸਰਜਨ ਤੇ ਸੀਨੀਅਰ ਡਿਪਟੀ ਮੇਅਰ ਨੇ ਕੀਤਾ ਨਿਰੀਖਣ

**ਮੋਹਾਲੀ (ਗੁਰਜੀਤ ਬਿੱਲਾ)**- 'ਹਰ ਸ਼ੁੱਕਰਵਾਰ, ਡੇਂਗੂ 'ਤੇ ਵਾਰ' ਮੁਹਿੰਮ ਤਹਿਤ ਸਿਵਲ ਸਰਜਨ ਡਾ. ਸੰਗੀਤਾ ਜੈਨ ਨੇ ਅੱਜ ਸੀਨੀਅਰ ਡਿਪਟੀ ਮੇਅਰ ਰਾਜਿੰਦਰ ਪ੍ਰਸਾਦ ਸ਼ਰਮਾ ਨਾਲ ਫ਼ੇਜ਼ 6 ਵਿਖੇ ਘਰਾਂ



ਵਿਚ ਚੱਲ ਰਹੀ ਕਾਰਵਾਈ ਦਾ ਨਿਰੀਖਣ ਕੀਤਾ ਅਤੇ ਲੋਕਾਂ ਨੂੰ ਡੇਂਗੂ ਬੁਖ਼ਾਰ ਤੋਂ ਬਚਾਅ ਲਈ ਜ਼ਰੂਰੀ ਸਾਵਧਾਨੀਆਂ ਵਰਤਣ ਲਈ ਪ੍ਰੇਰਿਆ। ਡਾ. ਜੈਨ ਤੇ ਸ਼ਰਮਾ ਨੇ ਕਈ ਘਰਾਂ ਵਿਚ ਫੇਰੀ ਪਾਈ ਅਤੇ ਮੱਛਰ ਦੀ ਪੈਦਾਇਸ਼ ਦੀ ਸੰਭਾਵਨਾ ਵਾਲੀਆਂ ਥਾਵਾਂ ਨੂੰ ਵੇਖਿਆ ਅਤੇ ਜਿਸ ਘਰ ਵਿਚ ਮੱਛਰ ਦਾ ਲਾਰਵਾ ਮਿਲਿਆ, ਉਸ ਘਰ ਦੇ ਮਾਲਕਾਂ ਨੂੰ ਚਿਤਾਵਨੀ ਦਿਤੀ ਗਈ ਕਿ ਅਗਲੀ ਵਾਰ ਲਾਰਵਾ ਮਿਲਣ 'ਤੇ ਨਿਗਮ ਵਲੋਂ ਸਖ਼ਤ ਕਾਰਵਾਈ ਕੀਤੀ ਜਾਵੇਗੀ। ਸਿਵਲ ਸਰਜਨ ਨੇ ਮੌਕੇ 'ਤੇ ਮੌਜੂਦ ਲੋਕਾਂ ਨੂੰ ਸੰਬੋਧਨ ਕਰਦਿਆਂ ਡੇਂਗੂ ਬੁਖ਼ਾਰ ਦੇ ਲੱਛਣਾਂ, ਕਾਰਨਾਂ, ਬਚਾਅ ਅਤੇ ਇਲਾਜ ਬਾਰੇ ਵੀ ਵਿਸਥਾਰਪੂਰਵਕ ਜਾਣਕਾਰੀ ਦਿਤੀ ਤੇ ਅਪੀਲ ਕੀਤੀ ਕਿ ਕਿਸੇ ਵੀ ਥਾਂ 'ਤੇ ਪਾਣੀ ਖੜਾ ਨਾ ਹੋਣ ਦਿਤਾ ਜਾਵੇ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਨੂੰ ਡੇਂਗੂ-ਮੁਕਤ ਬਣਾਉਣ ਲਈ ਲੋਕਾਂ ਦਾ ਸਹਿਯੋਗ ਅਤਿ-ਲੋੜੀਂਦਾ ਹੈ।ਸ਼ਰਮਾ ਨੇ ਸੰਬੋਧਨ ਕਰਦਿਆਂ ਜਿੱਥੇ ਸਿਹਤ ਵਿਭਾਗ ਦਾ ਧੰਨਵਾਦ ਕੀਤਾ, ਉਥੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਹਫ਼ਤੇ ਵਿਚ ਇਕ ਵਾਰ ਕੰਟੇਨਰ ਜ਼ਰੂਰ ਸਾਫ਼ ਕਰਨ ਅਤੇ ਕੂਲਰਾਂ ਆਦਿ ਵਿਚਲਾ ਪਾਣੀ ਹਰ ਰੋਜ਼ ਬਦਲਿਆ ਜਾਵੇ। ਉਨ੍ਹਾਂ ਕਿਹਾ ਕਿ ਇਸ ਜਾਨਲੇਵਾ ਮੱਛਰ ਤੋਂ ਬਚਾਅ ਬਹੁਤ ਜ਼ਰੂਰੀ ਹੈ, ਇਸ ਲਈ ਜ਼ਰੂਰੀ ਸਾਵਧਾਨੀਆਂ ਵਰਤੀਆਂ ਜਾਣ।

# ਬੀ ਵੋਕ ਸਮੈਸਟਰ-5 ਦੀਆਂ ਵਿਦਿਆਰਥਣਾਂ ਨੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ



**ਜਲੰਧਰ (ਸ਼ੈਲੀ ਐਲਬਰਟ)**- ਹੰਸਰਾਜ ਮਹਿਲਾ ਮਹਾਵਿਦਿਆਲਿਆ ਜਲੰਧਰ ਦੇ ਬੀ.ਵੋਕ. (ਮੈਂਟਲ ਹੈਲਥ ਐਂਡ ਕਾਊਂਸਲਿੰਗ) ਸਮੈਸਟਰ-5 ਦੀਆਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਉੱਚ ਸਥਾਨ ਪ੍ਰਾਪਤ ਕੀਤੇ ਅਤੇ ਸੰਸਥਾ ਦਾ ਨਾਂਅ ਰੌਸ਼ਨ ਕੀਤਾ। ਸਿਮਰਨ ਕੌਰ ਨੇ 9.11 ਐੱਸ.ਜੀ.ਪੀ.ਏ. ਪ੍ਰਾਪਤ ਕਰਕੇ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮਾਨਿਆ ਓਬਰਾਏ, ਕਮਲਜੀਤ ਕੌਰ, ਗੁਰਨੀਤ ਕੌਰ, ਹਰਿਮੇਧਾ ਅਤੇ ਹਰਸਿਫ਼ਤ ਨੇ 8.67 ਐੱਸ.ਜੀ.ਪੀ.ਏ. ਹਾਸਲ ਕਰਕੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾਇਆ। ਪਲਵੀ ਨੇ 8.56 ਐੱਸ.ਜੀ.ਪੀ.ਏ. ਪ੍ਰਾਪਤ ਕਰਕੇ ਐੱਚ ਐੱਮ ਵੀ ਦੇ ਸ਼ਾਨਦਾਰ ਅਕਾਦਮਿਕ ਰਿਕਾਰਡ ਵਿੱਚ ਇੱਕ ਹੋਰ ਉਪਲਬਧੀ ਸ਼ਾਮਲ ਕੀਤੀ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਵਿਦਿਆਰਥਣਾਂ ਨੂੰ ਉਨ੍ਹਾਂ ਦੀ ਇਸ ਸ਼ਾਨਦਾਰ ਸਫ਼ਲਤਾ ਲਈ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਲਗਨ, ਮਿਹਨਤ ਅਤੇ ਨਿਰੰਤਰ ਸਮਰਪਣ ਦੀ ਭਰਪੂਰ ਸਰਾਹਨਾ ਕੀਤੀ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਉੱਤਮ ਪ੍ਰਦਰਸ਼ਨ ਕਰਦੇ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਨੇ ਮੈਂਟਲ ਹੈਲਥ ਐਂਡ ਕਾਊਂਸਲਿੰਗ ਵਿਭਾਗ ਦੀ ਮੁਖੀ ਡਾ. ਆਸ਼ਮੀਨ ਕੌਰ ਅਤੇ ਵਿਭਾਗ ਦੇ ਅਧਿਆਪਕਾਂ ਪ੍ਰਿਆ ਤੇ ਨੰਦਿਤਾ ਦੇ ਸਮਰਪਿਤ ਯਤਨਾਂ ਅਤੇ ਨਿਰੰਤਰ ਮਾਰਗਦਰਸ਼ਨ ਦੀ ਵੀ ਭਰਪੂਰ ਸ਼ਲਾਘਾ ਕੀਤੀ, ਜਿਨ੍ਹਾਂ ਦੀ ਅਹਿਮ ਭੂਮਿਕਾ ਵਿਦਿਆਰਥਣਾਂ ਦੀ ਇਸ ਸ਼ਾਨਦਾਰ ਸਫ਼ਲਤਾ ਵਿੱਚ ਰਹੀ।

# ਅਸਾਮੀਆਂ 'ਚ ਐਸ ਸੀ/ਬੀ ਸੀ ਵਰਗ ਦੀ ਅਣਦੇਖੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਮਧੂ ਰਚਨਾ

**ਜਲੰਧਰ (ਰਾਜੇਸ਼ ਥਾਪਾ)**- ਪੰਜਾਬ ਮਹਿਲਾ ਕਾਂਗਰਸ ਦੀ ਸਾਬਕਾ ਜਨਰਲ ਸਕੱਤਰ ਐਡਵੋਕੇਟ ਮਧੂ ਰਚਨਾ ਨੇ ਸਰਕਾਰ ਵੱਲੋਂ 71 ਪੰਜਾਬੀ ਲੈਕਚਰਾਰਾਂ ਦੀ ਭਰਤੀ ਵਿੱਚ ਐੱਸ ਸੀ ਅਤੇ ਬੀਸੀ ਵਰਗ ਦੇ ਉਮੀਦਵਾਰਾਂ ਨੂੰ ਬਨਦਾ ਰਾਖਵਾਂ ਹੱਕ



ਨਾ ਦੇਣ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਭਰਤੀ ਪ੍ਰਕਿਰਿਆ ਦੌਰਾਨ ਰਾਖਵੇਂ ਵਰਗਾਂ ਦੇ ਉਮੀਦਵਾਰਾਂ ਨੂੰ ਸੰਵਿਧਾਨ ਅਨੁਸਾਰ ਮਿਲਣ ਵਾਲੀਆਂ ਸੀਟਾਂ ਤੋਂ ਵਾਂਝਾ ਰੱਖਣਾ ਬਿਲਕੁਲ ਗਲਤ ਹੈ। ਇਹ ਸਿੱਧੇ ਤੌਰ 'ਤੇ ਸੰਵਿਧਾਨ ਵਿੱਚ ਦਿੱਤੇ ਗਏ ਰਾਖਵੇਂ ਹੱਕਾਂ ਦੀ ਉਲੰਘਣਾ ਹੈ। ਐਡਵੋਕੇਟ ਮਧੂ ਰਚਨਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਭਰਤੀ ਪ੍ਰਕਿਰਿਆ ਵਿੱਚ ਰਾਖਵੇਂ ਵਰਗਾਂ ਨੂੰ ਬਣਦਾ ਹੱਕ ਤੁਰੰਤ ਦਿੱਤਾ ਜਾਵੇ ਅਤੇ ਰਾਖਵਾਂ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਈ ਜਾਵੇ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਐਸਸੀ ਅਤੇ ਬੀਸੀ ਵਰਗ ਦੇ ਉਮੀਦਵਾਰਾਂ ਨੂੰ ਬਣਦੀਆਂ ਰਾਖਵੀਆਂ ਅਸਾਮੀਆਂ ਨਾ ਦਿੱਤੀਆਂ ਗਈਆਂ ਤਾਂ ਕਾਂਗਰਸ ਪਾਰਟੀ ਇਸ ਮਾਮਲੇ ਨੂੰ ਲੈ ਕੇ ਵੱਡਾ ਸੰਘਰਸ਼ ਉਲੀਕੇਗੀ।

# ਹਿਤਰਾਜ ਜੰਡੀ ਚੌਧਰੀ ਸ਼ੁਕਰਾਨਾ ਯਾਤਰਾ ਵਿੱਚ ਸਾਥੀਆਂ ਸਮੇਤ ਹੋਏ ਸ਼ਾਮਿਲ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਯੂਥ ਕਾਂਗਰਸ ਦੇ ਨਵ-ਨਿਯੁਕਤ ਸੂਬਾ ਪ੍ਰਧਾਨ ਸ਼ੁਭਮ ਸ਼ਰਮਾ ਵੱਲੋਂ ਅਹੁਦਾ ਸੰਭਾਲਣ ਉਪਰੰਤ ਕੱਢੀ ਗਈ ਸ਼ੁਕਰਾਨਾ ਯਾਤਰਾ ਵਿੱਚ ਜ਼ਿਲ੍ਹਾ ਯੂਥ ਕਾਂਗਰਸ ਦੇ ਆਗੂਆਂ ਨੇ ਉਤਸ਼ਾਹ ਨਾਲ ਸ਼ਮੂਲੀਅਤ ਕੀਤੀ। ਇਸ ਮੌਕੇ ਜ਼ਿਲ੍ਹਾ ਯੂਥ



ਕਾਂਗਰਸ ਆਗੂ ਇੰਜੀਨੀਅਰ ਹਿਤਰਾਜ ਚੌਧਰੀ ਜੰਡੀ, ਯੂਥ ਕਾਂਗਰਸ ਆਗੂ ਪ੍ਰਿੰਸ ਪਾਵਰ ਅਤੇ ਰੋਪੜ ਦੇ ਯੂਥ ਕਾਂਗਰਸ ਆਗੂ ਗੁਰਪ੍ਰੀਤ ਸਿੰਘ,ਅਭਿਸ਼ੇਕ ਰਾਣਾ , ਸੁਮਨ ਸਾਬਕਾ ਯੂਥ ਕਾਂਗਰਸ ਪ੍ਰਧਾਨ ਜ਼ਿਲਾ ਨਵਾਂਸ਼ਹਿਰ, ਜਿੰਦਾ ਗਿੱਲ ਰੋਪੜ ਆਪਣੇ ਸਾਥੀਆਂ ਸਮੇਤ ਯਾਤਰਾ ਵਿੱਚ ਸ਼ਾਮਲ ਹੋਏ। ਆਗੂਆਂ ਨੇ ਸ਼ੁਭਮ ਸ਼ਰਮਾ ਨੂੰ ਪੰਜਾਬ ਯੂਥ ਕਾਂਗਰਸ ਦਾ ਪ੍ਰਧਾਨ ਬਣਨ 'ਤੇ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਅਗਵਾਈ ਹੇਠ ਸੂਬੇ ਵਿੱਚ ਯੂਥ ਕਾਂਗਰਸ ਹੋਰ ਮਜ਼ਬੂਤ ਹੋਵੇਗੀ ਅਤੇ ਨੌਜਵਾਨਾਂ ਦੀ ਆਵਾਜ਼ ਨੂੰ ਹੋਰ ਬੁਲੰਦ ਕੀਤਾ ਜਾਵੇਗਾ। ਇਸ ਦੌਰਾਨ ਸ਼ੁਭਮ ਸ਼ਰਮਾ ਨੇ ਸ਼ੁਕਰਾਨਾ ਯਾਤਰਾ ਵਿੱਚ ਸ਼ਾਮਲ ਹੋਏ ਸਮੂਹ ਯੂਥ ਕਾਂਗਰਸ ਆਗੂਆਂ ਅਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਹਾਈਕਮਾਂਡ ਵੱਲੋਂ ਸੌਂਪੀ ਗਈ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਅਤੇ ਸਮਰਪਣ ਨਾਲ ਨਿਭਾਉਣਗੇ।

# ਭ੍ਰਿਸ਼ਟਾਚਾਰ, ਰੇਤ ਮਾਫ਼ੀਆ ਤੇ ਡਰੱਗ ਮਾਫ਼ੀਆ ਤੋਂ ਲੋਕ ਪਰੇਸ਼ਾਨ : ਕਰੀਮਪੁਰੀ

**ਫਿਲੌਰ (ਨਿਰਮਲ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੇ ਇੱਥੇ ਨਵਾਂ ਸ਼ਹਿਰ ਰੋਡ 'ਤੇ ਰੋਸ ਧਰਨੇ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਕਰੀਬ 2 ਲੱਖ ਨੌਜਵਾਨ ਨਸ਼ਿਆਂ ਦੀ ਭੇਟ ਚੜ੍ਹ ਚੁੱਕੇ ਹਨ। ਧਰਨਾਕਾਰੀਆਂ ਨੇ ਸਰਕਾਰੀ ਅਧਿਕਾਰੀ ਨੂੰ ਮੰਗ ਪੱਤਰ ਸੌਂਪਦਿਆਂ ਦੱਸਿਆ ਕਿ ਪਿੰਡ ਮੀਓਵਾਲ ਵਿੱਚ ਗੈਰ-ਕਾਨੂੰਨੀ ਰੇਤ ਕੱਢਣ ਦਾ



ਧੰਦਾ ਦਿਨ-ਰਾਤ ਬੇਰੋਕ ਜਾਰੀ ਹੈ। ਬਸਪਾ ਆਗੂਆਂ ਨੇ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇ ਸਮੇਂ ਸਿਰ ਹਾਲਾਤ ਨਾ ਸੁਧਾਰੇ ਗਏ ਤਾਂ ਰੋਸ ਧਰਨਿਆਂ ਦਾ ਸਿਲਸਿਲਾ ਜਾਰੀ ਰਹੇਗਾ। ਇਸ ਮੌਕੇ ਸਰਦਾਰ ਅਵਤਾਰ ਸਿੰਘ ਕਰੀਮਪੁਰੀ (ਪ੍ਰਧਾਨ, ਬਹੁਜਨ ਸਮਾਜ ਪਾਰਟੀ ਪੰਜਾਬ), ਤੀਰਥ ਰਾਜਪੁਰਾ, ਬਲਵਿੰਦਰ ਐਡਵੋਕੇਟ, ਗੁਰਮੇਲ ਚੁੰਬਰ (ਜੋਨ ਇੰਚਾਰਜ), ਪੀ.ਡੀ. ਸ਼ਾਂਤ, ਖੁਸ਼ੀ ਰਾਮ (ਇੰਚਾਰਜ, ਵਿਧਾਨ ਸਭਾ ਹਲਕਾ ਫਿਲੌਰ), ਸੁਸ਼ੀਲ ਬਿਰਦੀ, ਜਸਪਾਲ ਜੱਸੀ (ਕੈਸ਼ੀਅਰ, ਵਿਧਾਨ ਸਭਾ ਹਲਕਾ), ਰਜਨੀ ਬਾਲਾ (ਮੈਂਬਰ, ਜ਼ਿਲ੍ਹਾ ਪ੍ਰੀਸ਼ਦ), ਸੁਖਵਿੰਦਰ ਬਿੱਟੂ (ਹਲਕਾ ਪ੍ਰਧਾਨ), ਸੰਦੀਪ ਕੌਰ (ਚੇਅਰਪਰਸਨ, ਬਲਾਕ ਫਿਲੌਰ), ਨਛੱਤਰ (ਵਾਈਸ ਚੇਅਰਪਰਸਨ), ਸੁੱਚਾ ਰਾਮ, ਜਗਦੀਸ਼, ਸੋਨੂ, ਨਵਦੀਪ, ਕੁਲਵਿੰਦਰ ਕੌਰ, ਅਨੀਤਾ, ਮਹਿੰਦਰ ਪਾਲ, ਮੱਖਣ, ਬੁੱਧ ਪ੍ਰਕਾਸ਼, ਗੜ੍ਹਾ ਅਮਰੀਕ ਚੰਦ, ਰਮੇਸ਼, ਮੀਤਾ ਅਤੇ ਪਰਸ ਰਾਮ ਹਾਜ਼ਰ ਸਨ।

# ਲੈਕਚਰਾਰ ਅਸਾਮੀਆਂ ਦੀ ਭਰਤੀ ਸੰਬੰਧੀ ਐੱਸ ਸੀ ਕਮਿਸ਼ਨ ਨੂੰ ਰਿਪੋਰਟ ਪੇਸ਼

**ਚੰਡੀਗੜ੍ਹ (ਗੁਰਜੀਤ ਬਿੱਲਾ)**- ਸਿੱਖਿਆ ਵਿਭਾਗ ਦੇ ਭਰਤੀ ਬੋਰਡ ਵਲੋਂ ਲੈਕਚਰਾਰਾਂ ਦੀਆਂ ਅਸਾਮੀਆਂ ਲਈ ਜਾਰੀ ਇਸ਼ਤਿਹਾਰ ਵਿੱਚ ਅਨੁਸੂਚਿਤ ਜਾਤੀਆਂ ਵਰਗ ਲਈ ਲਾਗੂ ਰਾਖਵਾਂਕਰਨ ਨੀਤੀ ਦੀ ਅਣਦੇਖੀ ਕਰਨ ਦੇ ਮਾਮਲੇ ਵਿਚ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਨੂੰ ਰਿਪੋਰਟ ਪੇਸ਼ ਕੀਤੀ ਗਈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ ਦੇ ਚੇਅਰਮੈਨ ਜਸਵੀਰ ਸਿੰਘ ਗੜ੍ਹੀ ਨੇ ਦੱਸਿਆ ਕਿ ਇਹ ਮਾਮਲਾ ਉਨ੍ਹਾਂ ਦੇ ਧਿਆਨ ਵਿੱਚ ਆਇਆ ਸੀ ਜਿਸ ਤੇ ਕਾਰਵਾਈ ਕਰਦਿਆਂ ਕਮਿਸ਼ਨ ਵਲੋਂ ਸਕੱਤਰ ਸਕੂਲ ਸਿੱਖਿਆ ਵਿਭਾਗ ਪੰਜਾਬ ਨੂੰ 3 ਜੁਲਾਈ 2026 ਨੂੰ ਨਿੱਜੀ ਪੱਧਰ ਤੇ ਕਮਿਸ਼ਨ ਅੱਗੇ ਪੇਸ਼ ਹੋਣ ਦਾ ਹੁਕਮ ਦਿੱਤਾ ਸੀ ਜਿਸ ਤੇ ਅਮਲ ਕਰਦਿਆਂ ਸਕੱਤਰ ਸਕੂਲ ਸਿੱਖਿਆ ਵਿਭਾਗ ਸ੍ਰੀਮਤੀ ਸੋਨਾਲੀ ਗਿਰਿ ਕਮਿਸ਼ਨ ਅੱਗੇ ਪੇਸ਼ ਹੋਏ ਅਤੇ ਉਨ੍ਹਾਂ ਇਸ ਭਰਤੀ ਪ੍ਰਕਿਰਿਆ ਦੌਰਾਨ ਅਨੁਸੂਚਿਤ ਜਾਤੀਆਂ ਨਾਲ ਸਬੰਧਤ ਉਮੀਦਵਾਰ ਲਈ ਅਸਾਮੀਆਂ ਨਾ ਹੋਣ ਸਬੰਧੀ ਦਸਤਾਵੇਜ਼ ਪੇਸ਼ ਕੀਤੇ ਜਿਸ ਸੰਬੰਧੀ ਕਮਿਸ਼ਨ ਵਲੋਂ 72 ਘੰਟੇ ਵਿਚ ਇਨ੍ਹਾਂ ਦਸਤਾਵੇਜ਼ਾਂ ਦਾ ਅਧਿਐਨ ਕਰਕੇ ਯੋਗ ਹੁਕਮ ਜਾਰੀ ਕੀਤੇ ਜਾਣਗੇ।

# ਕੁਸ਼ਤੀ ਚੈਂਪੀਅਨਸ਼ਿਪ 'ਚ ਤਗਮੇ ਜਿੱਤਣ ਵਾਲੇ ਪਹਿਲਵਾਨ ਸਨਮਾਨਤ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)**- ਬਾਬਾ ਫਲਾਈਆ ਜੀ, ਸ਼ੇਰਗੜ੍ਹ ਵਿਖੇ ਆਯੋਜਿਤ ਅੰਡਰ-23 ਫ੍ਰੀਸਟਾਈਲ ਅਤੇ ਗ੍ਰੀਕੋ-ਰੋਮਨ ਕੁਸ਼ਤੀ ਚੈਂਪੀਅਨਸ਼ਿਪ ਜਿੱਤਣ ਵਾਲੇ ਕਪੂਰਥਲਾ ਦੇ ਪਹਿਲਵਾਨਾਂ ਦਾ ਸਨਮਾਨ ਕਰਨ ਲਈ, ਰਾਏਪੁਰ ਡੱਬਾ ਰੈਸਲਿੰਗ ਓਲੰਪਿਕ ਅਕੈਡਮੀ, ਖੋਥੜਾਂ ਰੋਡ, ਪਰਮ ਨਗਰ, ਫਗਵਾੜਾ ਅਤੇ ਕਪੂਰਥਲਾ ਰੈਸਲਿੰਗ ਐਸੋਸੀਏਸ਼ਨ ਵੱਲੋਂ ਸਾਬਕਾ ਚੀਫ ਕੁਸ਼ਤੀ ਕੋਚ ਇੰਡੀਆ ਪੀ ਆਰ ਸੋਂਧੀ ਤੇ ਕਪੂਰਥਲਾ ਕੁਸ਼ਤੀ ਐਸੋਸੀਏਸ਼ਨ ਦੇ



ਜ਼ਿਲ੍ਹਾ ਪ੍ਰਧਾਨ, ਰਿਪਲ ਕੁਮਾਰ ਦੀ ਅਗਵਾਈ ਹੇਠ ਇੱਕ ਸਨਮਾਨ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਰਾਏਪੁਰ ਡੱਬਾ ਰੈਸਲਿੰਗ ਅਕੈਡਮੀ ਦੇ ਦੋ ਪਹਿਲਵਾਨ, ਵਿਸ਼ਾਲ ਅਤੇ ਸੋਹਨ ਲਾਲ ਨੂੰ ਸਨਮਾਨਤ ਕੀਤਾ ਗਿਆ ਤੇ ਕਪੂਰਥਲਾ ਦੇ ਗੋਲਡ ਮੈਡਲ ਜੇਤੂ ਪਹਿਲਵਾਨ ਵੰਸ਼ਦੀਪ ਅਤੇ ਕੋਚ, ਹਰੀ ਕ੍ਰਿਸ਼ਨਾ ਨੂੰ ਵਧਾਈਆਂ ਦਿੱਤੀਆਂ ਗਈਆਂ। ਪਹਿਲਵਾਨ ਵਿਸ਼ਾਲ ਨੇ ਅੰਡਰ-23 ਫ੍ਰੀਸਟਾਈਲ ਕੁਸ਼ਤੀ ਮੁਕਾਬਲੇ ਵਿੱਚ ਸੋਨ ਤਗਮਾ ਜਿੱਤਿਆ, ਜਦੋਂ ਕਿ ਪਹਿਲਵਾਨ ਵੰਸ਼ਦੀਪ ਕਪੂਰਥਲਾ ਨੇ ਅੰਡਰ-23 ਗ੍ਰੀਕੋ-ਰੋਮਨ ਵਿੱਚ ਸੋਨ ਤਗਮਾ ਜਿੱਤਿਆ। ਸਾਰੇ ਅਧਿਕਾਰੀਆਂ ਨੇ ਉਨ੍ਹਾਂ ਨੂੰ ਸੋਨ ਤਗਮਾ ਜਿੱਤਣ 'ਤੇ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਦੇ ਸ਼ਾਨਦਾਰ ਪ੍ਰਦਰਸ਼ਨ ਲਈ, ਰਾਏਪੁਰ ਡੱਬਾ ਕੁਸ਼ਤੀ ਓਲੰਪਿਕ ਅਕੈਡਮੀ ਨੇ ਪਹਿਲਵਾਨ ਵਿਸ਼ਾਲ ਨੂੰ 3,100 ਦਾ ਇਨਾਮ ਦਿੱਤਾ, ਜਦੋਂ ਕਿ ਕਾਂਸੀ ਦਾ ਤਗਮਾ ਜਿੱਤਣ ਵਾਲੇ ਪਹਿਲਵਾਨ ਸੋਹਨ ਲਾਲ ਨੂੰ 1,100 ਦੇ ਕੇ ਸਨਮਾਨਿਤ ਕੀਤਾ ਗਿਆ। ਕਪੂਰਥਲਾ ਕੁਸ਼ਤੀ ਐਸੋਸੀਏਸ਼ਨ ਨੇ ਜੇਤੂਆਂ ਨੂੰ ਦੋ-ਦੋ ਕਿਲੋਗ੍ਰਾਮ ਦੇਸੀ ਘਿਓ, ਆਉਣ ਜਾਣ ਦਾ ਕਰਾਇਆ ਅਤੇ ਸਿਰੋਪਾ ਪਾ ਕੇ ਸਨਮਾਨਿਤ ਕੀਤਾ।ਇਸ ਮੌਕੇ ਸਾਬਕਾ ਚੀਫ ਕੁਸ਼ਤੀ ਕੋਚ ਇੰਡੀਆ ਪੀ.ਆਰ. ਸੋਂਧੀ ਅਤੇ ਜ਼ਿਲ੍ਹਾ ਪ੍ਰਧਾਨ ਰਿਪਲ ਕੁਮਾਰ ਨੇ ਕਿਹਾ ਕਿ ਖਿਡਾਰੀਆਂ ਦੀ ਇਹ ਪ੍ਰਾਪਤੀ ਉਨ੍ਹਾਂ ਦੀ ਮਿਹਨਤ, ਅਨੁਸ਼ਾਸਨ ਅਤੇ ਉਨ੍ਹਾਂ ਦੇ ਕੋਚਾਂ ਦੇ ਮਾਰਗ ਦਰਸ਼ਨ ਦਾ ਨਤੀਜਾ ਹੈ।

# ਸਕੂਲ 'ਚ ਦਾਖਲੇ ਤੇ ਬੋਰਡ 'ਚ ਰਜਿਸਟਰੇਸ਼ਨ ਦੀ ਆਖਰੀ ਮਿਤੀ 15 ਜੁਲਾਈ

**ਮੋਹਾਲੀ (ਗੁਰਜੀਤ ਬਿੱਲਾ)** ਹਰ ਸਾਲ ਦੀ ਤਰਾਂ ਇਸ ਵਾਰ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਹਿੱਤ ਪੰਜਾਬ ਦੇ ਸਕੂਲਾਂ ਵਿੱਚ ਅਧਿਆਪਕਾਂ ਵੱਲੋਂ ਕੀਤੇ ਜਾ ਰਹੇ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਦੇ ਕੰਮ ਨੇ ਮਾਨਸਿਕ ਤੌਰ 'ਤੇ ਦਬਾਅ ਬਣਾਇਆ ਹੋਇਆ ਹੈ।ਇਸ ਮਾਨਸਿਕ ਦਬਾਅ ਦੇ ਪਿੱਛੇ ਕਾਰਣ ਦੱਸਦਿਆਂ ਡੈਮੋਕ੍ਰੈਟਿਕ ਟੀਚਰਜ਼ ਫਰੰਟ ਪੰਜਾਬ ਦੇ ਸੂਬਾ ਪ੍ਰਧਾਨ ਵਿਕਰਮਦੇਵ ਸਿੰਘ, ਜਨਰਲ ਸਕੱਤਰ ਮਹਿੰਦਰ ਕੌੜਿਆਂਵਾਲੀ ਅਤੇ ਵਿੱਤ ਸਕੱਤਰ ਅਸ਼ਵਨੀ ਅਵਸਥੀ ਨੇ ਦੱਸਿਆ ਕਿ ਇਸ ਸਾਲ ਬੋਰਡ ਵੱਲੋਂ ਸਕੂਲ ਵਿੱਚ ਦਾਖਲਿਆਂ ਦੀ ਆਖਰੀ ਮਿਤੀ 15 ਜੁਲਾਈ ਰੱਖੀ ਗਈ ਹੈ ਅਤੇ ਰਜਿਸਟ੍ਰੇਸ਼ਨ ਦਾ ਆਖਰੀ ਮਿਤੀ ਵੀ 15 ਜੁਲਾਈ ਹੀ ਤੈਅ ਕੀਤੀ ਗਈ ਹੈ। ਦੂਸਰਾ ਇਸ ਵਾਰ ਅੱਠਵੀਂ, ਨੌਵੀਂ, ਦਸਵੀਂ, ਗਿਆਰਵੀਂ ਅਤੇ ਬਾਰ੍ਹਵੀਂ ਦੀਆਂ ਜਮਾਤਾਂ ਵਿੱਚ ਰਜਿਸਟਰੇਸ਼ਨ ਕਰਵਾਉਣ ਲਈ ਵਿਦਿਆਰਥੀਆਂ ਦੇ ਜਨਮ ਸਰਟੀਫਿਕੇਟ ਦਾ ਡਿਜੀਟਲ ਹੋਣਾ ਵੀ ਲਾਜ਼ਮੀ ਕਰ ਦਿੱਤਾ ਗਿਆ ਹੈ। ਸਕੂਲਾਂ ਵਿੱਚ ਪੜ੍ਹਦੇ ਇਨ੍ਹਾਂ ਜਮਾਤਾਂ ਦੇ ਬੱਚਿਆਂ ਵਿੱਚੋਂ 90 ਪ੍ਰਤੀਸ਼ਤ ਕੋਲ ਸਧਾਰਨ ਜਨਮ ਸਰਟੀਫਿਕੇਟ ਬਿਨਾਂ ਕਿਊਆਰ ਕੋਡ ਤੋਂ ਹਨ। ਇੰਨ੍ਹਾਂ ਸਰਟੀਫਿਕੇਟਾਂ ਨੂੰ ਡਿਜੀਟਲਾਈਜ਼ ਕਰਵਾਉਣ ਵਿੱਚ ਮਾਪਿਆਂ ਨੂੰ ਅਨੇਕਾਂ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸੁਵਿਧਾ ਕੇਂਦਰਾਂ ਵਿੱਚ ਬਹੁਤ ਭੀੜ ਅਤੇ ਡਿਜੀਟਲ ਸਾਈਟ ਬੰਦ ਹੋਣ ਨੇ ਮਾਪਿਆਂ ਦੀ ਪ੍ਰੇਸ਼ਾਨੀ ਹੋਰ ਵਧਾਈ ਹੋਈ ਹੈ। ਆਗੂਆਂ ਨੇ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਇੰਨ੍ਹਾਂ ਵਿਦਿਆਰਥੀਆਂ ਦੀ ਰਜਿਸਟ੍ਰੇਸ਼ਨ ਸਬੰਧੀ ਆਫ ਲਾਈਨ ਚਲਾਨ ਜਨਰੇਟ ਕਰਨ ਦੀ ਆਖ਼ਰੀ ਮਿਤੀ 10 ਜੁਲਾਈ ਹੈ ਜਦਕਿ ਸਕੂਲ ਵਿੱਚ ਦਾਖਲੇ ਦੀ ਆਖ਼ਰੀ ਮਿਤੀ 15 ਜੁਲਾਈ ਹੈ ਭਾਵ 11 ਜੁਲਾਈ ਤੋਂ 15 ਜੁਲਾਈ ਦੌਰਾਨ ਦਾਖਲ ਹੋਣ ਵਾਲੇ ਵਿਦਿਆਰਥੀਆਂ ਦੇ ਆਫ ਲਾਈਨ ਚਲਾਨ ਜਨਰੇਟ ਨਹੀਂ ਹੋ ਸਕਣਗੇ। ਹੋਣਾ ਤਾਂ ਇਹ ਚਾਹੀਦਾ ਸੀ ਕਿ ਵਿਦਿਆਰਥੀ ਦੇ ਸਕੂਲ ਦਾਖਲ ਹੋਣ ਦੀ ਆਖ਼ਰੀ ਮਿਤੀ ਤੋਂ ਬਾਅਦ ਰਜਿਸਟ੍ਰੇਸ਼ਨ ਲਈ ਚਲਾਨ ਜਨਰੇਟ ਕਰਨ ਲਈ ਸਮਾਂ ਦਿੱਤਾ ਜਾਂਦਾ ਪਰ ਇੱਥੇ ਬੋਰਡ ਵੱਲੋਂ 11 ਜੁਲਾਈ ਤੋਂ 15 ਜੁਲਾਈ ਦੌਰਾਨ ਦਾਖਲ ਹੋਣ ਵਾਲੇ ਵਿਦਿਆਰਥੀਆਂ ਲਈ ਆਫ ਲਾਈਨ ਚਲਾਨ ਜਨਰੇਟ ਨਹੀਂ ਕੀਤਾ ਜਾ ਸਕਦਾ। ਆਗੂਆਂ ਨੇ ਬੋਰਡ ਦੇ ਅਜਿਹੇ ਗੈਰ ਵਾਜਬ ਫੈਸਲਿਆਂ ਨੂੰ ਤਰਕਹੀਣ ਕਰਾਰ ਦਿੰਦਿਆਂ ਇਸਤੇ ਪੁਨਰ ਵਿਚਾਰ ਦੀ ਮੰਗ ਕੀਤੀ।

# ਹਿਊਮਨ ਰਾਈਟਸ ਕੌਂਸਲ ਦੀ ਮੀਟਿੰਗ

**ਫਗਵਾੜਾ (ਜਸਵਿੰਦਰ ਢੱਡਾ)**- ਹਿਊਮਨ ਰਾਈਟਸ ਕੌਂਸਿਲ ਆਫ ਇੰਡੀਆ ਦੀ ਜ਼ਿਲ੍ਹਾ ਕਪੂਰਥਲਾ ਦੀ ਮੀਟਿੰਗ ਪ੍ਰਿੰਸੀਪਲ ਹਰਮੇਸ਼ ਲਾਲ ਘੇੜਾ (ਸਟੇਟ ਅਵਾਰਡੀ) ਜ਼ਿਲ੍ਹਾ ਪ੍ਰਧਾਨ ਸੋਸ਼ਲ



ਵਿੰਗ ਕਪੂਰਥਲਾ ਦੀ ਪ੍ਰਧਾਨਗੀ ਵਿੱਚ ਫਗਵਾੜਾ 'ਚ ਹੋਈ। ਮੀਟਿੰਗ ਵਿੱਚ ਹਿਊਮਨ ਰਾਈਟਸ ਕੌਂਸਿਲ ਦੇ ਵੱਖ-ਵੱਖ ਵਿੰਗਾ ਦੇ ਅਹੁਦੇਦਾਰਾਂ ਨੇ ਸ਼ਮੂਲੀਅਤ ਕੀਤੀ। ਮੀਟਿੰਗ ਵਿੱਚ ਵੱਖ ਵੱਖ ਬੁਲਾਰਿਆਂ ਨੇ ਆਪਣੇ ਸੰਬੋਧਨ ਵਿੱਚ ਆਖਿਆ ਕਿ ਅਜੋਕੇ ਸਮੇਂ ਵਿੱਚ ਸਮਾਜਿਕ ਕੁਰੀਤੀਆਂ ਨੂੰ ਦੂਰ ਕਰਨਾ, ਲੋਕ ਸੇਵਾ ਅਤੇ ਪਬਲਿਕ ਦੇ ਕੰਮਾਂ ਨੂੰ ਪਹਿਲ ਦੇ ਆਧਾਰ ਤੇ ਕਰਾਉਣਾ ਅਤੇ ਕੌਂਸਿਲ ਦੇ ਵੱਧ ਤੋਂ ਵੱਧ ਮੈਂਬਰਾਂ ਦੀ ਮੈਂਬਰਸ਼ਿਪ ਕਰਵਾਉਣੀ ਏਜੰਡਿਆਂ ਤੇ ਵਿਚਾਰ ਪੇਸ਼ ਕੀਤੇ ਗਏ। ਮੀਟਿੰਗ ਵਿੱਚ ਕਸ਼ਮੀਰੀ ਲਾਲ ਜ਼ਿਲਾ ਪ੍ਰਧਾਨ ਸੋਸ਼ਲ ਵਿੰਗ ਸ਼ਹੀਦ ਭਗਤ ਸਿੰਘ ਨਗਰ ਅਤੇ ਪਵਨ ਕੁਮਾਰ ਮਲ ਜ਼ਿਲਾ ਪ੍ਰਧਾਨ ਐਂਟੀ ਕ੍ਰਾਈਮ ਵਿੰਗ ਕਪੂਰਥਲਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਮੀਟਿੰਗ ਵਿੱਚ ਜ਼ਿਲਾ ਕਪੂਰਥਲਾ, ਜਲੰਧਰ ,ਹੁਸ਼ਿਆਰਪੁਰ ਅਤੇ ਸ਼ਹੀਦ ਭਗਤ ਸਿੰਘ ਨਗਰ ਤੋਂ ਵੱਖ ਵੱਖ ਅਹੁਦੇਦਾਰਾਂ ਨੇ ਵਿਚਾਰ ਵਟਾਂਦਰਾ ਕੀਤਾ ਗਿਆ ਤੇ ਮੀਟਿੰਗ ਵਿੱਚ ਬਲਵਿੰਦਰ ਕੁਮਾਰ ਸੋਸ਼ਲ ਵਿੰਗ ਫਗਵਾੜਾ, ਵਿਸ਼ਾਲ ਕੁਮਾਰ, ਰਘੂ ਧੀਰ, ਅਵਤਾਰ ਸਿੰਘ ਪੰਮਾ, ਨਵਜੋਤ ਡਿੰਪੀ, ਪਰਵੀਨ ਕੁਮਾਰ, ਮਦਨ ਲਾਲ ਲੱਖਪੁਰ, ਮੈਨਜਰ ਪਸੋਤਮ ਲਾਲ ਭੱਟੀ, ਪ੍ਰਿੰਸੀਪਲ ਗੁਰਮੀਤ ਰਾਮ ਲੁਗਾ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸੰਗਠਨ ਦੇ ਮੈਂਬਰਾਂ ਨੇ ਸ਼ਮੂਲੀਅਤ ਕੀਤੀ।

# ਰੋਟਰੀ ਕਲੱਬ ਫਗਵਾੜਾ ਦੇ ਪ੍ਰਧਾਨ ਕਿਰਨ ਅਗਰਵਾਲ ਦਾ ਤਾਜਪੋਸ਼ੀ ਸਮਾਗਮ

**ਫਗਵਾੜਾ (ਡਾ. ਰਮਨ , ਜਸਵਿੰਦਰ ਢੱਡਾ)**- ਰੋਟਰੀ ਕਲੱਬ ਫਗਵਾੜਾ ਸਾਊਥ ਈਸਟ ਨੇ ਆਪਣੇ ਨਵੇਂ ਸਾਲ ਦੀ ਸ਼ੁਰੂਆਤ ਮੌਕੇ ਨਵ ਨਿਯੁਕਤ ਪ੍ਰਧਾਨ ਕਿਰਨ ਅਗਰਵਾਲ ਦੀ ਨਵੀਂ ਟੀਮ ਦੀ ਤਾਜਪੋਸ਼ੀ ਸਮਾਗਮ ਕਰਵਾਇਆ ਗਿਆ ।ਪ੍ਰਧਾਨ ਦੇ ਨਾਲ ਨਵੀਂ ਟੀਮ ਦੇ ਮੈਂਬਰਾਂ ਦਾ ਵੀ ਸਨਮਾਨ ਕੀਤਾ



ਗਿਆ । ਇਸ ਸ਼ੁਭ ਮੌਕੇ ਤੇ ਸਾਰੀ ਟੀਮ ਨੂੰ ਰੋਟਰੀ ਡਿਸਟ੍ਰਿਕਟ 3070 ਦੇ ਡਿਸਟ੍ਰਿਕਟ ਗਵਰਨਰ ਅਨਿਲ ਸਿੰਘਲ ਨੇ ਨਵ ਨਿਯੁਕਤ ਪ੍ਰਧਾਨ ਅਤੇ ਟੀਮ ਨੂੰ ਨਿਵਾਜਿਆ ਅਤੇ ਸਾਬਕਾ ਪ੍ਰਧਾਨ ਇਕਬਾਲ ਸਿੰਘ ਨੂੰ ਭਾਰ ਮੁਕਤ ਕਰਦਿਆਂ ਉਨ੍ਹਾਂ ਵੱਲੋਂ ਪਿਛਲੇ ਸਾਲ ਵਿੱਚ ਕੀਤੇ ਕੰਮਾਂ ਦੀ ਸ਼ਲਾਘਾ ਕੀਤੀ ਅਤੇ ਨਵ ਨਿਯੁਕਤ ਪ੍ਰਧਾਨ ਨੂੰ ਉਨ੍ਹਾਂ ਤੋਂ ਵੱਧ ਲੋਕ ਭਲਾਈ ਦੇ ਕੰਮ ਕਰਨ ਦੀ ਪ੍ਰੇਰਨਾ ਦਿੱਤੀ । ਇਸ ਸਮਾਗਮ ਵਿੱਚ ਡੀ ਜੀ ਐਨ ਹਰਮੁਹਿੰਦਰ ਸਿੰਘ ਜੋਗੀ , ਅਸਿਸਟੈਂਟ ਗਵਰਨਰ ਵਿਮਲ ਜੈਨ, ਕੌਲ ਮੈਂਬਰ ਮਨਮੋਹਣ ਜੈਰਥ ਅਤੇ ਡਿਸਟ੍ਰਿਕ ਸੈਕਟਰੀ ਨਰੇਸ਼ ਅਨੰਦ ਨੇ ਵੀ ਸ਼ਿਰਕਤ ਕੀਤੀ । ਸੁਰਿੰਦਰ ਵਰਮਾ ਨੂੰ ਇਸ ਸਾਲ ਦੇ ਸੈਕਟਰੀ ਵਜੋਂ ਰੋਟਰੀ ਪਿੰਨ ਲਗਾਈ ਗਈ । ਇਸ ਤੋਂ ਇਲਾਵਾ ਕਲੱਬ ਡਾਇਰੈਕਟਰ ਏ ਕੇ ਜੰਜੂਆ, ਹਕੂਮਤ ਰਾਏ, ਸੁਰਿੰਦਰ ਜਸਵਾਲ, ਡਾਕਟਰ ਆਰ ਪੀ ਸਿੰਘ, ਰਵਿੰਦਰ ਚੋਟ , ਵਇਸ ਪ੍ਰਧਾਨ ਮਲਕੀਤ ਸਿੰਘ ,ਫਾਇਨਾਸ ਸੈਕਟਰੀ ਮਨੋਜ ਮਿੱਢਾ ਅਤੇ ਅਮਰਜੀਤ ਰਾਅਤ ਕਾਰਜਕਾਰੀ ਸੈਕਟਰੀ ਨੂੰ ਡਿਸਟ੍ਰਿਕ ਗਵਰਨਰ ਵਲੋਂ ਰੋਟਰੀ ਪਿੰਨਾਂ ਲਗਾ ਕੇ ਸਨਮਾਨਿਤ ਕੀਤਾ ਗਿਆ। ਹੋਰਾਂ ਤੋਂ ਇਲਾਵਾ ਮਲਕੀਤ ਸਿੰਘ ਰਘਬੋਤਰਾ, ਪਵਨ ਕਾਲਰਾ, ਰਕੇਸ਼ ਚਾਵਲਾ, ਤਿਲਕ ਨਾਇਕ, ਜਸਪ੍ਰੀਤ ਸਿੰਘ, ਲਲਿਤ ਵਰਮਾ, ਹਰਜੀਵਨ ਜੈਨ, ਹਰਿੰਦਰ ਗਲੌਰੀ ਤੇ ਮਹਿਲਾ ਮੈਂਬਰ ਵੀ ਹਾਜ਼ਰ ਰਹੇ । ਸਮਾਗਮ ਦੇ ਅੰਤ ਵਿੱਚ ਏ ਕੇ ਜੰਜੂਆ ਨੇ ਸਭ ਹਾਜ਼ਰ ਸ਼ਖਸੀਅਤਾਂ ਦਾ ਧੰਨਵਾਦ ਕੀਤਾ ਗਿਆ।

# ਸਾਲਾਨਾ ਜੋੜ ਮੇਲਾ ਤੇ ਵਾਲੀਬਾਲ ਟੂਰਨਾਮੈਂਟ ਕਰਵਾਇਆ

**ਅੱਡਾ ਸਰਾਂ (ਜਸਵੀਰ ਕਾਜਲ)**- ਬਾਬਾ ਨਿਜ਼ਾਮ ਸ਼ਾਹ ਬਲੀ ਦੇ ਦਰਬਾਰ ਪਿੰਡ ਕੰਧਾਲਾ ਸ਼ੇਖਾ ਵਿਖੇ ਸਾਲਾਨਾ ਜੋੜ ਮੇਲਾ ਤੇ ਵਾਲੀਬਾਲ ਟੂਰਨਾਮੈਂਟ ਕਰਵਾਇਆ ਗਿਆ ।ਪ੍ਰਧਾਨ ਜਸਵੀਰ ਸਿੰਘ ਜੱਸਾ, ਸਾਬਕਾ ਸਰਪੰਚ ਬਲਵੀਰ ਸਿੰਘ ਦੀ



ਅਗਵਾਈ ਵਿਚ ਨਗਰ ਪੰਚਾਇਤ ਅਤੇ ਨਗਰ ਵਾਸੀਆਂ ਦੇ ਸਹਿਯੋਗ ਨਾਲ ਕਰਵਾਏ ਗਏ ਜੋੜ ਮੇਲੇ ਵਿਚ ਵੱਡੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀ ਲੁਆਈ। ਇਸ ਮੌਕੇ ਦਰਬਾਰ ਤੇ ਚਾਦਰ ਅਤੇ ਝੰਡਾ ਚੜ੍ਹਾਉਣ ਦੀ ਰਸਮ ਤੋਂ ਬਾਅਦ ਨਕਲਾਂ ਦੇ ਪ੍ਰੋਗਰਾਮ ਤੋਂ ਬਾਅਦ ਕਵਾਲਾਂ ਅਤੇ ਕਲਾਕਾਰਾਂ ਨੇ ਸੂਫ਼ੀਆਨਾ ਕਲਾਮਾਂ ਦੇ ਨਾਲ ਪੀਰਾਂ ਦੀ ਮਹਿਮਾ ਦਾ ਗੁਣਗਾਨ ਕੀਤਾ ਅਤੇ ਗੀਤ ਪੇਸ਼ ਕੀਤੇ । ਇਸ ਦੌਰਾਨ ਹੋਏ ਵਾਲੀਬਾਲ ਮੁਕਾਬਲਿਆਂ ਦਾ ਉਦਘਾਟਨ ਸਰਪੰਚ ਤਰਨਵੀਰ ਸਿੰਘ ਅਤੇ ਸਮੂਹ ਪੰਚਾਇਤ ਮੈਂਬਰਾਂ ਨੇ ਕੀਤਾ। ਵਾਲੀਬਾਲ ਦੇ ਖ਼ਿਤਾਬੀ ਮੁਕਾਬਲੇ ਵਿਚ ਪਿੰਡ ਜੌੜਾ ਦੀ ਟੀਮ ਨੇ ਕੰਧਾਲਾ ਸ਼ੇਖਾ ਨੂੰ ਹਰਾਇਆ। ਤਲਵਾੜਾ ਦੀ ਟੀਮ ਤੀਜੇ ਸਥਾਨ ਤੇ ਰਹੀ।ਪ੍ਰਬੰਧਕਾਂ ਨੇ ਜੇਤੂ ਟੀਮਾਂ, ਗੱਗੀ ਕੋਚ, ਵਾਲੀਬਾਲ ਖਿਡਾਰੀ ਇਕਬਾਲ ਸਿੰਘ, ਰੇਸ਼ਮ ਸਿੰਘ ਅਤੇ ਜੂਨੀਅਰ ਖਿਡਾਰੀਆਂ ਸ਼ਾਨਾਂ, ਕਪਤਾਨ ਗੁਰਲਾਭ ਸਿੰਘ, ਮਨਜੋਤ ਸਿੰਘ, ਜੋਰਾ, ਅਮਨਵੀਰ, ਗੁਰਸ਼ਰਨ, ਸ਼ੋਰਯਾ, ਮਨਰਾਜ, ਪ੍ਰੀਤ, ਸੁਖਪ੍ਰੀਤ ਦਾ ਸਨਮਾਨ ਕੀਤਾ। ਇਸ ਮੌਕੇ ਸੰਤਾਂ ਨੇ ਸੰਗਤ ਨੂੰ ਅਸ਼ੀਰਵਾਦ ਦਿੱਤਾ । ਇਸ ਮੌਕੇ ਬਾਬਾ ਸਤਨਾਮ ਸਿੰਘ, ਸਟੇਜ ਸੈਕਟਰੀ ਜੰਗ ਬਹਾਦਰ ਅਤੇ ਪਿੰਡ ਵਾਸੀ ਮੌਜੂਦ ਸਨ ।

# ਸਾਲਾਨਾ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)**- ਮੰਦਰ ਜਲ ਦੇਵਤਾ (ਬਾਬਾ ਖੇੜੀ ਵਾਲਾ) ਪਿੰਡ ਮਾਨਕਾਂ ਵਿਖੇ ਗੱਦੀ ਨਸ਼ੀਨ ਮਹੰਤ ਜੋਗੀ ਸੰਤ ਨਾਥ ਦੀ ਰਹਿਨੁਮਾਈ ਹੇਠ ਸਮੂਹ ਨਗਰ ਨਿਵਾਸੀਆਂ,ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਬਾਬਾ ਸ਼ੁਕਰ ਨਾਥ ਦੀ 20ਵੀਂ ਬਰਸੀ ਮੇਲੇ ਦੇ ਰੂਪ 'ਚ ਮਨਾਈ ਗਈ। ਵੱਖ ਵੱਖ ਦਰਬਾਰਾਂ ਤੋਂ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਨਾਮਵਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਸੀਨੀਅਰ ਕਾਂਗਰਸੀ ਆਗੂ ਕਮਲਜੀਤ ਬੰਗਾ ਸਾਬਕਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ ਵਿਸ਼ੇਸ਼ ਤੌਰ ਤੇ ਪਹੁੰਚੇ। ਕਮਲਜੀਤ ਬੰਗਾ ਨੇ ਸੰਗਤਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਸੰਤ ਮਹਾਂਪੁਰਸ਼ਾਂ ਦੀਆਂ ਸਿਖਿਆਵਾਂ ਤੇ ਚੱਲਣਾ ਚਾਹੀਦਾ ਹੈ। ਉਹਨਾਂ ਗੱਦੀ ਨਸ਼ੀਨ ਮਹੰਤ ਜੋਗੀ ਸੰਤ ਨਾਥ ਨੂੰ ਅਤੇ ਸੰਗਤਾਂ ਨੂੰ ਮੇਲੇ ਦੀਆਂ ਮੁਬਾਰਕਾਂ ਦਿੱਤੀਆਂ। ਮਹੰਤ ਜੋਗੀ ਸੰਤ ਨਾਥ ਅਤੇ ਪ੍ਰਬੰਧਕਾਂ ਵੱਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਭਿੰਡਰ ਬ੍ਰਾਹਮਪੁਰੀ ਵਲੋਂ ਬਾਖੂਬੀ ਨਿਭਾਈ ਗਈ।ਦਰਬਾਰ ਤੇ ਠੰਡਾ ਮਿੱਠਾ ਜਲ, ਚਾਹ ਪਕੌੜੇ ਅਤੇ ਲੰਗਰ ਅਤੁੱਟ ਵਰਤਾਇਆ ਗਿਆ। ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ।

# ਪੈਨਸ਼ਨਰ ਭਲਕੇ ਡਿਪਟੀ ਸਪੀਕਰ ਦੀ ਰਿਹਾਇਸ਼ ਦਾ ਘਿਰਾਓ ਕਰਨਗੇ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਪੈਨਸ਼ਨਰ ਵੈਲਫੇਅਰ ਐਸੋਸੀਏਸ਼ਨ ਪੰਜਾਬ ਇਕਾਈ ਗੜ੍ਹਸ਼ੰਕਰ ਦੀ ਮਾਸਿਕ ਮੀਟਿੰਗ ਸੀਨੀਅਰ ਆਗੂ ਬਾਬੂ ਪਰਮਾ ਨੰਦ ਦੀ ਪ੍ਰਧਾਨਗੀ ਹੇਠ



ਲਾਇਬ੍ਰੇਰੀ ਗਾਂਧੀ ਪਾਰਕ ਗੜ੍ਹਸ਼ੰਕਰ ਵਿਖੇ ਹੋਈ।ਮੀਟਿੰਗ ਦੇ ਵੇਰਵੇ ਦਿੰਦਿਆਂ ਪੈਨਸ਼ਨਰ ਆਗੂ ਬਲਵੰਤ ਰਾਮ ਨੇ ਦੱਸਿਆ ਕਿ 7 ਜੁਲਾਈ ਨੂੰ ਪੰਜਾਬ ਮੁਲਾਜ਼ਮ ਤੇ ਪੈਨਸ਼ਨਰ ਸਾਂਝਾ ਫਰੰਟ ਨਵਾਂ ਸ਼ਹਿਰ ਤੇ ਗੜ੍ਹਸ਼ੰਕਰ ਵਲੋਂ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਦੀ ਰਿਹਾਇਸ਼ ਦੇ ਘਿਰਾਓ ਸਮੇਂ ਗੜ੍ਹਸ਼ੰਕਰ ਦੇ ਪੈਨਸ਼ਨਰ ਵੱਡੀ ਸ਼ਮੂਲੀਅਤ ਕਰਨਗੇ ਕਿਉਂਕਿ ਪੰਜਾਬ ਦੇ ਪੈਨਸ਼ਨਰ ਰਕਾਰ ਵਲੋਂ ਉਹਨਾਂ ਪ੍ਰਤੀ ਅਪਨਾਈ ਗਈ ਅੜੀਅਲ ਨੀਤੀ ਤੋਂ ਤੰਗ ਆ ਚੁੱਕੇ ਹਨ। ਸੰਘਰਸ਼ ਅਤੇ ਕੋਰਟ ਦੇ ਹੁਕਮਾਂ ਦੇ ਬਾਵਜੂਦ ਵੀ ਸਰਕਾਰ ਪੈਨਸ਼ਨਰਾਂ ਨੂੰ ਉਹਨਾਂ ਦਾ ਜਾਇਜ਼ ਹੱਕ ਦੇਣ ਲਈ ਰਾਜ਼ੀ ਨਹੀ, ਜਿਸ ਕਾਰਨ ਪੈਨਸ਼ਨਰਾਂ ਵਿਚ ਸਰਕਾਰ ਪ੍ਰਤੀ ਭਾਰੀ ਰੋਸ ਪਾਇਆ ਜਾ ਰਿਹਾ ਹੈ। ਉਹਨਾਂ ਕਿਹਾ ਕਿ ਪੈਨਸ਼ਨ ਸੁਧਾਈ ਲਈ 2.59 ਦਾ ਗੁਣਾਕ ਲਾਗੂ ਕੀਤਾ ਜਾਵੇ, ਡੀ ਏ ਦੀਆਂ ਬਕਾਇਆ ਕਿਸ਼ਤਾਂ ਦਾ ਨਕਦ ਭੁਗਤਾਨ ਯਕਮੁਸ਼ਤ ਤੁਰੰਤ ਕੀਤਾ ਜਾਵੇ, ਮਾਸਿਕ ਮੈਡੀਕਲ ਭੱਤਾ ਦੋ ਹਜ਼ਾਰ ਕੀਤਾ ਜਾਵੇ, ਪੁਰਾਣੀ ਪੈਨਸ਼ਨ ਤੁਰੰਤ ਬਹਾਲ ਕੀਤੀ ਜਾਵੇ। ਮੀਟਿੰਗ ਵਿੱਚ ਰਤਨ ਸਿੰਘ, ਮੁਖ਼ਤਿਆਰ ਚੰਦ ਸਰੂਪ ਰਾਮ, ਸਤਪਾਲ ਸਿੰਘ, ਨਰਿੰਦਰ ਸਿੰਘ,ਮਹਿੰਗਾ ਰਾਮ, ਗੁਰਮੀਤ ਰਾਮ, ਰਣਜੀਤ ਸਿੰਘ, ਰਘੁਵੀਰ ਕੁਮਾਰ ਤੇ ਸੋਹਣ ਲਾਲ ਹਾਜ਼ਿਰ ਸਨ।

# ਵਿਸ਼ੇਸ਼ ਲੋੜਾਂ ਵਾਲੇ ਵਿਦਿਆਰਥੀਆਂ ਵੱਲੋਂ ਸੀ ਆਰ ਪੀ ਐੱਫ ਬਟਾਲੀਅਨ ਦਾ ਦੌਰਾ

**ਜਲੰਧਰ (ਸੁਰਿੰਦਰ ਕੁਮਾਰ)**- ਰੈਡ ਕਰਾਸ ਸਕੂਲ ਦੇ ਵਿਸ਼ੇਸ਼ ਲੋੜਾਂ ਵਾਲੇ 24 ਵਿਦਿਆਰਥੀਆਂ ਨੇ 245ਵੀਂ ਬਟਾਲੀਅਨ, ਸੈਂਟਰਲ ਰਿਜ਼ਰਵ ਪੁਲਿਸ ਫੋਰਸ (ਸੀ ਆਰ ਪੀ ਐੱਫ), ਲਿਧਰਾਂ (ਜਲੰਧਰ) ਦਾ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨਾਲ ਸਕੱਤਰ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਸਕੱਤਰ ਡਾ. ਸੁਰਜੀਤ ਲਾਲ ਅਤੇ ਪੰਜ ਅਧਿਆਪਕ ਮੌਜੂਦ ਸਨ।245ਵੀਂ ਬਟਾਲੀਅਨ ਦੇ ਕਮਾਂਡੈਂਟ ਬ੍ਰਿਜ ਲਾਲ, ਅਰਵਿੰਦ ਨੰਦਾ ਦੂਜੇ ਕਮਾਨ ਅਧਿਕਾਰੀ, ਵਿਸ਼ਾਲ ਵਿਗ ਉਪ ਕਮਾਂਡੈਂਟ ਅਤੇ ਪਰਵੀਨ ਕੁਮਾਰ ਉਪ ਕਮਾਂਡੈਂਟ ਅਤੇ ਬਟਾਲੀਅਨ ਦੇ ਹੋਰ ਅਧਿਕਾਰੀਆਂ ਦੀ ਅਗਵਾਈ ਵਿੱਚ ਵਿਦਿਆਰਥੀਆਂ ਨੂੰ ਬਟਾਲੀਅਨ ਦੇ ਕੈਂਪ ਦਾ ਦੌਰਾ ਕਰਵਾਇਆ। ਇਸ ਮੌਕੇ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਅਧੀਨ ਵੱਖ-ਵੱਖ ਕੋਰਸਾਂ ਦੀ ਇੰਟਰਨਸ਼ਿਪ ਕਰ ਰਹੇ ਸਿਖਿਆਰਥੀ ਵੀ ਮੌਜੂਦ ਸਨ। ਵਿਦਿਆਰਥੀਆਂ ਨੂੰ ਸੀ ਆਰ ਪੀ ਐੱਫ ਦੀ ਰੋਜ਼ਾਨਾ ਕਾਰਜਪ੍ਰਣਾਲੀ, ਓਪਰੇਸ਼ਨ ਤਿਆਰੀਆਂ, ਸਿਖਲਾਈ ਪ੍ਰਣਾਲੀ ਅਤੇ ਸੀ ਆਰ ਪੀ ਐੱਫ ਵਿੱਚ ਮੌਜੂਦ ਕਰੀਅਰ ਮੌਕਿਆਂ ਬਾਰੇ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਨੂੰ ਦੇਸ਼ ਭਗਤੀ ਦੀ ਭਾਵਨਾ, ਅਨੁਸ਼ਾਸਨ ਅਤੇ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਸੀ ਆਰ ਪੀ ਐੱਫ ਦੇ ਅਧਿਕਾਰੀਆਂ ਅਤੇ ਜਵਾਨਾਂ ਨੇ ਸਰੀਰਕ ਫਿਟਨੈੱਸ ਦੇ ਨਾਲ-ਨਾਲ ਮਾਨਸਿਕ ਸਿਹਤ ਦੀ ਮਹੱਤਤਾ 'ਤੇ ਵੀ ਚਾਨਣਾ ਪਾਇਆ।ਦੌਰੇ ਦੇ ਅਖੀਰ ਵਿੱਚ ਰੁੱਖ ਲਗਾ ਕੇ ਵਾਤਾਵਰਣ ਦੀ ਸੰਭਾਲ ਦਾ ਸੱਦਾ ਦਿੱਤਾ ਗਿਆ। ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਅਹੁਦੇਦਾਰਾਂ ਅਤੇ ਅਧਿਆਪਕਾਂ ਨੇ 245ਵੀਂ ਬਟਾਲੀਅਨ, ਸੀ ਆਰ ਪੀ ਐੱਫ, ਲਿਧਰਾਂ ਵਲੋਂ ਨੌਜਵਾਨਾਂ ਵਿੱਚ ਅਨੁਸ਼ਾਸਨ, ਸਰੀਰਕ ਤੇ ਮਾਨਸਿਕ ਸਿਹਤ ਅਤੇ ਦੇਸ਼ ਸੇਵਾ ਦੀ ਭਾਵਨਾ ਨੂੰ ਉਤਸ਼ਾਹਿਤ ਕਰਨ ਦੇ ਯਤਨਾਂ ਦੀ ਸ਼ਲਾਘਾ ਕੀਤੀ।

# ਸੀ ਟੀ ਗਰੁੱਪ ਸ਼ਾਹਪੁਰ ਵਿਖੇ 'ਮੰਟੋ ਦੇ ਅਫਸਾਨੇ' ਰਾਹੀਂ ਅਰਥਪੂਰਨ ਥੀਏਟਰ ਦੀ ਝਲਕ ਵੇਖਣ ਨੂੰ ਮਿਲੀ

**ਜਲੰਧਰ (ਸ਼ੈਲੀ ਐਲਬਰਟ)**- ਅੱਜ ਦੇ ਸਮੇਂ ਵਿੱਚ ਜਦੋਂ ਪਛਾਣ, ਸਮਾਜਕ ਸਾਂਝ, ਅਭਿਵਿਅਕਤੀ ਦੀ ਆਜ਼ਾਦੀ ਅਤੇ ਮਨੁੱਖੀ ਮਾਣ ਵਰਗੇ ਮਸਲੇ ਚਰਚਾ ਵਿੱਚ ਹਨ, ਇਸ ਮੌਕੇ ਸੀਟੀ ਗਰੁੱਪ ਆਫ ਇੰਸਟੀਚਿਊਸ਼ਨਸ, ਸ਼ਾਹਪੁਰ ਕੈਂਪਸ ਵਿਖੇ 'ਮੰਟੋ ਦੇ ਅਫਸਾਨੇ' ਨਾਮਕ ਇੱਕ ਪ੍ਰਭਾਵਸ਼ਾਲੀ ਨਾਟਕ ਦੀ ਪੇਸ਼ਕਾਰੀ ਵੇਖਣ ਨੂੰ ਮਿਲੀ।ਇਹ ਨਾਟਕ ਮਸਤਾਨੇ ਥੀਏਟਰ ਗਰੁੱਪ ਵੱਲੋਂ ਤਿਆਰ ਕੀਤਾ ਗਿਆ ਹੈ ਅਤੇ ਇਸ ਵਿੱਚ ਮਸ਼ਹੂਰ ਲੇਖਕ ਸਆਦਤ ਹਸਨ ਮੰਟੋ ਦੀਆਂ ਕਹਾਣੀਆਂ ਨੂੰ ਮੰਚ 'ਤੇ ਦਰਸਾਇਆ ਗਿਆ।'ਮੰਟੋ ਦੇ ਅਫਸਾਨੇ' ਰਾਹੀਂ ਇਹ ਵਿਚਾਰ ਮੁੜ ਦਰਸ਼ਕਾਂ ਦੇ ਸਾਹਮਣੇ ਲਿਆਂਦਾ ਗਿਆ।ਥੀਏਟਰ ਸਿਰਫ਼ ਮਨੋਰੰਜਨ ਨਹੀਂ, ਸਗੋਂ ਇਹ ਸੋਚ ਨੂੰ ਜਗਾਉਣ ਅਤੇ ਸਮਾਜ ਵਿੱਚ ਬਦਲਾਅ ਲਿਆਉਣ ਦਾ ਸਾਧਨ ਹੈ।ਸੀਟੀ ਗਰੁੱਪ ਇਸੇ ਮਕਸਦ ਨਾਲ ਕਲਾ ਅਤੇ ਸਾਹਿਤ ਨੂੰ ਉਤਸ਼ਾਹਿਤ ਕਰ ਰਿਹਾ ਹੈ।ਇਸ ਨਾਟਕ ਦਾ ਨਿਰਦੇਸ਼ਨ ਅਕਸ ਮੇਹਰਾਜ ਅਤੇ ਸੋਨੀ ਢਿੱਲੋਂ ਨੇ ਕੀਤਾ ਹੈ।ਨਾਟਕ ਵਿੱਚ ਪ੍ਰਭਾਵਸ਼ਾਲੀ ਅਦਾਕਾਰੀ ਅਤੇ ਮੰਚਨ ਰਾਹੀਂ ਮੰਟੋ ਦੀਆਂ 2 ਕਹਾਣੀਆਂ ਨੂੰ ਜੀਵੰਤ ਬਣਾਇਆ



ਗਿਆ ਹੈ। ਇਸ ਵਿੱਚ ਧਰਮਕ ਤਣਾਅ, ਔਰਤਾਂ ਦੇ ਮਸਲੇ, ਨੈਤਿਕਤਾ ਅਤੇ ਬੇਘਰਪਨ ਵਰਗੇ ਵਿਸ਼ਿਆਂ ਨੂੰ ਛੇੜਿਆ ਗਿਆ ਹੈ। ਇਸ ਵਿੱਚ ਜਸਪ੍ਰੀਤ ਕੌਰ, ਅਮਨਦੀਪ ਕੌਰ, ਸੁਖਜੀਤ ਕੌਰ, ਫਿਰਦੌਸ ਯਾਸਮੀਨ, ਪਰਨੀਤ ਕੌਰ, ਪੁਨੀਤ ਕੌਰ, ਰਮਨਜੋਤ ਕੌਰ, ਕਾਬਿਲ, ਦਿਲਵਰਜੋਤ ਸਿੰਘ, ਰੋਹਿਤ ਆਦਿ ਕਲਾਕਾਰ ਸ਼ਾਮਲ ਹਨ। ਸੰਗੀਤ ਅਮਨਦੀਪ ਨੇ ਦਿੱਤਾ, ਪਹਿਰਾਵੇ ਲਈ ਬੰਸੀ ਕੌਰ ਅਤੇ ਮੋਂਗਾ ਜਨਰਲ ਸਟੋਰ ਦਾ ਯੋਗਦਾਨ ਅਤੇ ਮੇਕਅਪ ਸਿਮਰਨ ਗਿੱਲ ਦੁਆਰਾ ਕੀਤਾ ਗਿਆ।ਸੀਟੀ ਗਰੁੱਪ ਦੇ ਮੈਨੇਜਿੰਗ ਡਾਇਰੈਕਟਰ ਪ੍ਰੋ. (ਡਾ.) ਮਨਬੀਰ ਸਿੰਘ ਨੇ ਕਿਹਾ, ਮੰਟੋ ਦੀ ਸਭ ਤੋਂ ਵੱਡੀ ਖਾਸੀਅਤ ਸੱਚ ਬੋਲਣ ਦੀ ਹਿੰਮਤ ਅਤੇ ਮਨੁੱਖਤਾ 'ਤੇ ਵਿਸ਼ਵਾਸ ਹੈ। ਅਸੀਂ ਚਾਹੁੰਦੇ ਹਾਂ ਕਿ ਨੌਜਵਾਨ ਇਸ ਤਰ੍ਹਾਂ ਦੇ ਸਾਹਿਤ ਨਾਲ ਜੁੜਨ। ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਨੇ ਕਿਹਾ, ਥੀਏਟਰ ਰਾਹੀਂ ਇਤਿਹਾਸ ਅਤੇ ਸਾਹਿਤ ਨੂੰ ਜੀਵੰਤ ਕੀਤਾ ਜਾ ਸਕਦਾ ਹੈ। ਇਹ ਨਾਟਕ ਦਰਸ਼ਕਾਂ ਲਈ ਇੱਕ ਵਧੀਆ ਮੌਕਾ ਹੈ। 'ਮੰਟੋ ਦੇ ਅਫਸਾਨੇ' ਰਾਹੀਂ ਸੀਟੀ ਗਰੁੱਪ ਨੇ ਇੱਕ ਵਾਰ ਫਿਰ ਦਰਸਾਇਆ ਹੈ ਕਿ ਅਰਥਪੂਰਨ ਥੀਏਟਰ ਸਿੱਖਿਆ ਦਾ ਅਹਿਮ ਹਿੱਸਾ ਹੈ, ਜੋ ਸਮਾਜ ਨੂੰ ਸੋਚਣ ਅਤੇ ਬਿਹਤਰ ਬਣਾਉਣ ਵਿੱਚ ਮਦਦ ਕਰਦਾ ਹੈ।

# ਬਹੁਮੰਜ਼ਲੀ ਕਾਰ ਪਾਰਕਿੰਗ ਦੀ ਤੀਜੀ ਮੰਜ਼ਲ ਦਾ ਲੈਂਟਰ ਪਾਇਆ



**ਮੁਹਾਲੀ (ਗੁਰਜੀਤ ਬਿੱਲਾ)**- ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਬਨਣ ਵਾਲੀ ਬਹੁਮੰਜਿਲੀ ਕਾਰ ਪਾਰਕਿੰਗ ਦੀ ਤੀਜੀ ਮੰਜਿਲ ਦਾ ਲੈਂਟਰ ਪਾਇਆ ਗਿਆ।ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਇਸ ਸ਼ਹੀਦੀ ਅਸਥਾਨ ਵਿਖੇ ਬ੍ਰਹਮ ਗਿਆਨੀ ਸੰਤ ਬਾਬਾ ਅਜੀਤ ਸਿੰਘ ਹੰਸਾਲੀ ਵਾਲਿਆਂ ਦੇ ਅਸ਼ੀਰਵਾਦ ਸਦਕਾ ਸੰਗਤਾਂ ਦੀ ਸਹੂਲਤ ਲਈ ਬਹੁਮੰਜਿਲੀ ਕਾਰ ਪਾਰਕਿੰਗ ਦਾ ਨਿਰਮਾਣ ਕੀਤਾ ਜਾ ਰਿਹਾ ਹੈ ਇਸ ਕਾਰ ਪਾਰਕਿੰਗ ਦੀ ਤੀਜੀ ਮੰਜਿਲ ਦੇ ਲੈਂਟਰ ਦੀ ਅਰੰਭਤਾ ਲਈ ਸਵੇਰੇ 10 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਪੰਜ ਪਿਆਰਿਆਂ ਦੀ ਅਗਵਾਈ ਅਤੇ ਸੰਗਤਾਂ ਦੇ ਠਾਠਾਂ ਮਾਰਦੇ ਇਕੱਠ ਵਿੱਚ ਜੈਕਾਰਿਆਂ ਦੀ ਗੂੰਜ ਨਾਲ ਤੀਜੀ ਮੰਜਿਲ ਦੇ ਲੈਂਟਰ ਦੀ ਅਰੰਭਤਾ ਕਰਵਾਈ ਗਈ। ਆਧੁਨਿਕ ਸਹੂਲਤਾਂ ਵਾਲੀ ਇਹ ਕਾਰ ਪਾਰਕਿੰਗ ਬੇਸਮੈਂਟ ਸਮੇਤ 7 ਮੰਜਿਲਾ ਬਣਵਾਈ ਜਾ ਰਹੀ ਹੈ । ਇਸ ਮੌਕੇ ਤੇ ਕਈ ਸੰਤ ਮਹਾਂਪੁਰਖ, ਸਿਆਸੀ ਆਗੂ, ਪਿੰਡ ਅਤੇ ਇਲਾਕੇ ਦੇ ਪਤਵੰਤੇ ਸੱਜਣ ਉਚੇਚੇ ਤੌਰ ਤੇ ਕਾਰ ਸੇਵਾ ਵਿੱਚ ਆਪਣਾ ਯੋਗਦਾਨ ਪਾਉਣ ਲਈ ਪੁੱਜੇ ਹੋਏ ਸਨ। ਪ੍ਰਬੰਧਕ ਕਮੇਟੀ ਅਤੇ ਸੰਗਤਾਂ ਵੱਲੋਂ ਮਠਿਆਈਆਂ ਅਤੇ ਦੁੱਧ ਚਾਹ ਦਾ ਅਤੁੱਟ ਲੰਗਰ ਵਰਤਾਇਆ ਗਿਆ।

## ਗਹਿਲਾਵਤ ਦੀ ਮੌਤ ਕਿਸਾਨ ਅੰਦੋਲਨ ਲਈ ਵੱਡਾ ਘਾਟਾ : ਰੁਲਦੂ ਸਿੰਘ



**ਮਾਨਸਾ (ਆਤਮਾ ਸਿੰਘ ਪਮਾਰ)**-ਆਲ ਇੰਡੀਆ ਕਿਸਾਨ ਮਹਾਂ ਸਭਾ ਹਰਿਆਣੇ ਦੇ ਪ੍ਰਧਾਨ ਤੇ ਸੀ ਪੀ ਆਈ ਐੱਮ ਐੱਲ ਲਿਬਰੇਸ਼ਨ ਦੇ ਕੇਂਦਰੀ ਕਮੇਟੀ ਮੈਂਬਰ ਪ੍ਰੇਮ ਸਿੰਘ ਗਹਿਲਾਵਤ ਦੀ ਮੌਤ ਬਾਰੇ ਸੁਣਦਿਆਂ ਬਾਬਾ ਬੂਝਾ ਸਿੰਘ ਭਵਨ ਵਿਖੇ ਰੁਲਦੂ ਸਿੰਘ ਮਾਨਸਾ, ਪਾਰਟੀ ਦੇ ਕੇਂਦਰੀ ਕਮੇਟੀ ਮੈਂਬਰ ਕਾਮਰੇਡ ਰਾਜਵਿੰਦਰ ਰਾਣਾ, ਕਾਮਰੇਡ ਨੱਛੱਤਰ ਸਿੰਘ ਖੀਵਾ, ਕਰਨੈਲ ਸਿੰਘ ਮਾਨਸਾ ਇੰਨਕਲਾਬੀ ਨੌਜਵਾਨ ਦੇ ਆਗੂ ਹੈਪੀ ਮਾਨ, ਪੈਨਸ਼ਨਰ ਐਸੋਸੀਏਸ਼ਨ ਦੇ ਪ੍ਰਧਾਨ ਸਿਕਦਰ ਸਿੰਘ ਘਰਾਂਗਣਾਂ ਤੇ ਸੁਖਚਰਨ ਦਾਨੇਵਾਲੀਆ ਨੇ ਦੋ ਮਿੰਟ ਮੋਨ ਧਾਰ ਕੇ ਵਿੱਛੜੇ ਕਿਸਾਨ ਆਗੂ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਪਾਰਟੀ ਦਫਤਰ ਦਾ ਝੰਡਾ ਝੁਕਾਇਆ ਗਿਆ।ਸ਼ਰਧਾਂਜਲੀ ਭੇਟ ਕਰਦਿਆਂ ਰੁਲਦੂ ਸਿੰਘ ਮਾਨਸਾ ਤੇ ਕਾਮਰੇਡ ਰਾਜਵਿੰਦਰ ਰਾਣਾ ਨੇ ਕਿਹਾ ਕਿ ਜਦੋਂ ਮੋਦੀ ਸਰਕਾਰ ਦੀਆਂ ਕਿਸਾਨ ਮਜ਼ਦੂਰ ਮਾਰੂ ਨੀਤੀਆਂ ਦੇ ਖ਼ਿਲਾਫ਼ ਇੱਕ ਵੱਡੇ ਅੰਦੋਲਨ ਦੀ ਤਿਆਰੀ ਕੀਤੀ ਜਾ ਰਹੀ ਹੈ ਤੇ ਪੰਜਾਬ ਅੰਦਰ ਆਲ ਇੰਡੀਆ ਕਿਸਾਨ ਮਹਾਂ ਸਭਾ ਦੇ ਕੇਂਦਰੀ ਇਜਲਾਸ ਦੀ ਤਿਆਰੀ ਚੱਲ ਰਹੀ ਸੀ, ਉਸ ਸਮੇਂ ਕਿਸਾਨ ਆਗੂ ਪ੍ਰੇਮ ਸਿੰਘ ਗਹਿਲਾਵਤ ਦਾ ਅਚਨਚੇਤ ਵਿੱਛੜਨਾ ਕਿਸਾਨ ਲਹਿਰ ਲਈ ਵੱਡਾ ਘਾਟਾ ਹੈ।ਪੰਜਾਬ ਕਿਸਾਨ ਯੂਨੀਅਨ ਤੇ ਜਮਹੂਰੀ ਕਿਸਾਨ ਸਭਾ ਜੋ ਕਿ ਆਲ ਇੰਡੀਆ ਕਿਸਾਨ ਮਹਾਂ ਸਭਾ ਨਾਲ ਸਬੰਧਤ ਹਨ, ਵੱਲੋਂ ਆਲ ਇੰਡੀਆ ਕਿਸਾਨ ਮਹਾਂ ਸਭਾ ਦਾ ਕੇਂਦਰੀ ਇਜਲਾਸ 20-21 ਸਤੰਬਰ ਨੂੰ ਜਲੰਧਰ ਵਿਖੇ ਰੱਖਿਆ ਗਿਆ ਹੈ।ਇਸ ਇਜਲਾਸ ਦੀ ਤਿਆਰੀ ਸਬੰਧੀ ਰਾਜਸਥਾਨ ਦੇ ਝੁਨਝੁਨੂ ਵਿਖੇ ਮੀਟਿੰਗ ਰੱਖੀ ਗਈ ਸੀ ਤੇ ਕਾਮਰੇਡ ਪ੍ਰੇਮ ਸਿੰਘ ਗਹਿਲਾਵਤ 2 ਤੇ 3 ਜੁਲਾਈ ਨੂੰ ਇਸ ਮੀਟਿੰਗ ਵਿਚ ਸ਼ਾਮਲ ਹੋਣ ਲਈ ਗਏ ਹੋਏ ਸਨ।ਮੀਟਿੰਗ ਖ਼ਤਮ ਹੋਣ ਤੋਂ ਬਾਅਦ ਪ੍ਰੇਮ ਸਿੰਘ ਦੀ ਹਰਟ ਅਟੈਕ ਕਾਰਨ ਮੌਤ ਹੋ ਗਈ।ਝੁਨਝੁਨੂ 'ਚ ਪ੍ਰੇਮ ਸਿੰਘ ਗਹਿਲਾਵਤ ਨੂੰ ਸ਼ਰਧਾਂਜਲੀ ਦੇਣ ਉਪਰੰਤ ਦਿੱਲੀ ਸੰਸਦੀ ਦਫਤਰ 21 ਮੀਨਾ ਬਾਗ ਲਈ ਮ੍ਰਿਤਕ ਦੇਹ ਨੂੰ ਰਵਾਨਾ ਕਰ ਦਿੱਤਾ ਗਿਆ, ਜਿੱਥੇ ਅੱਜ ਸਵੇਰੇ ਤੋਂ ਸ਼ਰਧਾਂਜਲੀ ਦੇਣ ਤੋਂ ਉਪਰੰਤ ਅੰਤਿਮ ਰਸਮਾਂ ਦਾ ਸਮਾਗਮ ਦਿੱਲੀ ਵਿਖੇ ਕੀਤਾ ਗਿਆ।

## ਧਰਮਵੀਰ ਗਾਂਧੀ ਨੇ ਪਬਲਿਕ ਕਾਲਜ ਨੂੰ ਸਟੂਡੈਂਟਾਂ ਲਈ ਦਿੱਤੀ ਬੱਸ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਡਾ. ਧਰਮਵੀਰ ਗਾਂਧੀ ਵੱਲੋਂ ਆਪਣੇ ਐੱਮ. ਪੀ. ਫੰਡ ਵਿੱਚੋਂ ਵਿਦਿਆਰਥੀਆਂ ਦੀ ਸਹੂਲਤ ਲਈ ਦਿੱਤੀ ਗਈ ਬੱਸ ਦਾ ਰਸਮੀ ਉਦਘਾਟਨ ਕੀਤਾ ਗਿਆ।ਇਹ ਬੱਸ ਖਨੌਰੀ, ਸ਼ਤਰਾਣਾ, ਬਾਦਸ਼ਾਹਪੁਰ ਤੇ ਸਮਾਣਾ ਰੋਡ ਨਾਲ ਲੱਗਦੇ ਪਿੰਡਾਂ ਦੇ ਵਿਦਿਆਰਥੀਆਂ ਨੂੰ ਆਵਾਜਾਈ ਦੀ ਸੁਵਿਧਾ ਪ੍ਰਦਾਨ ਕਰੇਗੀ, ਜਿਸ ਨਾਲ ਖਾਸ ਕਰਕੇ ਪੇਂਡੂ ਇਲਾਕਿਆਂ ਦੀਆਂ ਵਿਦਿਆਰਥਣਾਂ ਨੂੰ ਉੱਚ-ਸਿੱਖਿਆ ਪ੍ਰਾਪਤ ਕਰਨ ਵਿੱਚ ਵੱਡੀ ਸਹਾਇਤਾ ਮਿਲੇਗੀ।ਇਸ ਮੌਕੇ ਡਾ. ਧਰਮਵੀਰ ਗਾਂਧੀ ਦੇ ਨਾਲ ਸ੍ਰ. ਰਛਪਾਲ ਸਿੰਘ ਜੌੜਾਮਾਜਰਾ ਵੀ ਉਚੇਚੇ ਤੌਰ 'ਤੇ ਸ਼ਾਮਲ ਹੋਏ।ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ, ਕਾਲਜ ਪ੍ਰਬੰਧਕ ਕਮੇਟੀ ਦੇ ਮੈਂਬਰਾਨ, ਸਮੂਹ ਅਧਿਆਪਕਾਂ, ਗੈਰ-ਅਧਿਆਪਨ ਸਟਾਫ ਤੇ ਵਿਦਿਆਰਥੀਆਂ ਨੇ ਆਏ ਹੋਏ ਮਹਿਮਾਨਾਂ ਦਾ ਨਿੱਘਾ ਸਵਾਗਤ ਕੀਤਾ।ਸਮਾਗਮ ਵਿੱਚ ਸਮਾਣਾ ਸ਼ਹਿਰ ਦੀਆਂ ਕਈ ਨਾਮਵਾਰ ਸ਼ਖ਼ਸੀਅਤਾਂ ਤੇ ਵੱਖ-ਵੱਖ ਮੀਡੀਆ ਅਦਾਰਿਆਂ ਦੇ ਨੁਮਾਇੰਦੇ ਵੀ ਮੌਜੂਦ ਰਹੇ।ਡਾ. ਧਰਮਵੀਰ ਗਾਂਧੀ ਨੇ ਹਰੀ ਝੰਡੀ ਦਿਖਾ ਕੇ ਬੱਸ ਨੂੰ ਰਵਾਨਾ ਕੀਤਾ, ਜਿਸ ਨਾਲ ਸਮਾਗਮ ਵਿੱਚ ਮੌਜੂਦ ਹਰ ਵਿਅਕਤੀ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਆਪਣੇ ਸੰਬੋਧਨ ਦੌਰਾਨ ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਸਿੱਧੂ ਨੇ ਡਾ. ਧਰਮਵੀਰ ਗਾਂਧੀ ਦਾ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਇਹ ਬੱਸ ਪੇਂਡੂ ਖੇਤਰਾਂ ਦੇ ਵਿਦਿਆਰਥੀਆਂ, ਖਾਸ ਕਰਕੇ ਲੜਕੀਆਂ ਲਈ ਵਰਦਾਨ ਸਾਬਿਤ ਹੋਵੇਗੀ, ਜੋ ਆਵਾਜਾਈ ਦੀ ਕਮੀ ਕਾਰਨ ਉੱਚ-ਸਿੱਖਿਆ ਪ੍ਰਾਪਤ ਕਰਨ ਤੋਂ ਵਾਂਝੀਆਂ ਰਹਿ ਜਾਂਦੀਆਂ ਸਨ।ਉਨ੍ਹਾਂ ਚੇਅਰਮੈਨ ਕਾਲਜ ਮੈਨੇਜਮੈਂਟ ਤੇ ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ, ਵਾਇਸ ਚੇਅਰਪਰਸਨ ਕਾਲਜ ਮੈਨੇਜਮੈਂਟ ਤੇ ਉਪ-ਮੰਡਲ ਮੈਜਿਸਟਰੇਟ ਸਮਾਣਾ ਮੈਡਮ ਰਿਚਾ ਗੋਇਲ, ਕਾਲਜ ਪ੍ਰਬੰਧਕ ਕਮੇਟੀ, ਸਮੂਹ ਅਧਿਆਪਕ ਸਾਹਿਬਾਨ, ਗੈਰ ਅਧਿਆਪਨ ਅਮਲੇ ਤੇ ਇਸ ਸਮਾਗਮ ਨੂੰ ਸਫਲ ਬਣਾਉਣ ਵਾਲੇ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ।ਉਨ੍ਹਾਂ ਇਸ ਸਮਾਗਮ ਵਿੱਚ ਪਹੁੰਚੀਆਂ ਸਮੂਹ ਪ੍ਰਮੁੱਖ ਸ਼ਖ਼ਸੀਅਤਾਂ ਤੇ ਮੀਡੀਆ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ।

## ਬਰੇਟਾ ਮੰਡੀ 'ਚ ਚੋਰੀਆਂ ਦਾ ਸਿਲਸਿਲਾ ਨਿਰੰਤਰ ਜਾਰੀ



**ਬਰੇਟਾ (ਰੀਤਵਾਲ)**-ਬਰੇਟਾ ਮੰਡੀ ਵਿੱਚ ਲੰਘੇ ਸਮੇਂ ਦੇ ਦੌਰਾਨ ਨਿਰੰਤਰ ਹੋ ਰਹੀਆਂ ਲੁੱਟਾਂ ਖੋਹਾਂ ਤੇ ਇੱਕੋ ਰਾਤ ਵਿੱਚ ਹੋਈਆਂ ਸੱਤ ਚੋਰੀ ਦੀਆਂ ਵਾਰਦਾਤਾਂ ਤੋਂ ਬਾਅਦ ਵੀ ਅੱਜ ਚੋਰਾਂ ਦੇ ਹੌਸਲੇ ਬੁਲੰਦ ਹਨ ਤੇ ਨਿਰੰਤਰ ਗਲੀਆਂ ਜਾਂ ਬਾਜ਼ਾਰਾਂ ਵਿੱਚ ਦੁਕਾਨਾਂ ਦੇ ਬਾਹਰ ਲੱਗੀਆਂ ਟੂਟੀਆਂ ਤੇ ਟੁੱਲੂ ਪੰਪ ਖੋਲ੍ਹ ਕੇ ਲੈ ਜਾਂਦੇ ਹਨ।ਕੈਮਰੇ ਵਿੱਚ ਕੈਦ ਹੋਈ ਘਟਨਾ ਤੋਂ ਪਤਾ ਲੱਗ ਗਿਆ ਹੈ ਕਿ ਟੂਟੀਆਂ ਚੋਰੀ ਕਰਨ ਦੀ ਵਾਰਦਾਤ ਨੂੰ ਅੰਜਾਮ ਦੇਣ ਵਾਲਾ ਵਿਅਕਤੀ ਸਵੇਰੇ ਚੌਕੀਦਾਰ ਦੇ ਚਲੇ ਜਾਣ ਤੋਂ ਬਾਅਦ ਲਗਭਗ 5 ਵਜੇ ਇਸ ਚੋਰੀ ਦੀ ਵਾਰਦਾਤ ਨੂੰ ਅੰਜਾਮ ਦਿੰਦਾ ਹੈ ਤੇ ਉਹ ਆਪਣੇ ਹੱਥ ਵਿੱਚ ਇੱਕ ਛੋਟਾ ਜਿਹਾ ਥੈਲਾ ਰੱਖਦਾ ਹੈ, ਜਿਸ ਕਰਕੇ ਆਮ ਵਿਅਕਤੀ ਉਸ ਨੂੰ ਕੋਈ ਮਜ਼ਦੂਰ ਸਮਝ ਕੇ ਉਸ 'ਤੇ ਸ਼ੱਕ ਨਹੀਂ ਕਰਦਾ, ਪਰ ਇੱਕ ਦਿਨ ਪਹਿਲਾਂ ਉਹ ਆਪਣੀ ਚੋਰੀ ਕੀਤੀ ਜਾਣ ਵਾਲੀ ਚੀਜ਼ ਨੂੰ ਟਾਰਗੇਟ ਕਰਕੇ ਅਗਲੇ ਦਿਨ ਬੇਖੌਫ ਹੋ ਕੇ ਉਸ ਵਾਰਦਾਤ ਨੂੰ ਅੰਜਾਮ ਦੇ ਦਿੰਦਾ ਹੈ।ਚੋਰੀ ਹੋਣ ਤੋਂ ਬਾਅਦ ਚੋਰੀ ਹੋਏ ਸਾਮਾਨ ਦਾ ਮਾਲਕ ਉਸ ਖਿਲਾਫ ਇਸ ਲਈ ਸ਼ਿਕਾਇਤ ਨਹੀਂ ਕਰਦਾ, ਕਿਉਂਕਿ ਉਹ ਸੋਚਦਾ ਹੈ ਕਿ ਚਲੋ 100-200 ਰੁਪਏ ਦੀ ਚੀਜ਼ ਵਾਸਤੇ ਕੀ ਪੁਲਸ ਨਾਲ ਰਾਬਤਾ ਕਰੇਗਾ ਤੇ ਚੋਰ ਦਾ ਨਿਰੰਤਰ ਹੌਸਲਾ ਵਧਦਾ ਜਾ ਰਿਹਾ ਹੈ।ਇਹ ਸਿਲਸਿਲਾ ਕਾਫ਼ੀ ਦਿਨਾਂ ਤੋਂ ਜਾਰੀ ਹੈ।ਸ਼ਹਿਰ ਵਾਸੀਆਂ ਦੀ ਪੁਲਸ ਪ੍ਰਸ਼ਾਸਨ ਨੂੰ ਅਪੀਲ ਹੈ ਕਿ ਸਵੇਰ ਸਮੇਂ ਲੋਕਾਂ ਦੀਆਂ ਟੂਟੀਆਂ ਤੇ ਟੁੱਲੂ ਪੰਪ ਖੋਲ੍ਹਣ ਵਾਲੇ ਇਸ ਚੋਰ ਨੂੰ ਗ੍ਰਿਫਤਾਰ ਕਰਕੇ ਨੱਥ ਪਾਈ ਜਾਵੇ।

## ਸੁਰਜੀਤ ਰੱਖੜਾ ਦੀ ਅਗਵਾਈ 'ਚ ਦਾਨੀਪੁਰ ਦਾ ਸਰਪੰਚ ਪੰਚਾਇਤ ਸਮੇਤ 'ਆਪ' 'ਚ ਸ਼ਾਮਲ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਹਲਕਾ ਸਮਾਣਾ ਅੰਦਰ ਸਿਆਸੀ ਸਰਗਰਮੀਆਂ ਉਸ ਵੇਲੇ ਹੋਰ ਤੇਜ਼ ਹੋ ਗਈਆਂ, ਜਦੋਂ ਇਲਾਕੇ ਦੇ ਮੋਹਤਬਰ ਆਗੂ ਗੁਰਭੇਜ ਸਿੰਘ ਭੇਜਾ ਮੰਡ (ਮਿਆਲ ਕਲਾਂ) ਦੇ ਅਣਥੱਕ ਯਤਨਾਂ ਸਦਕਾ ਪਿੰਡ ਦਾਨੀਪੁਰ ਦੇ ਸਰਪੰਚ ਗੁਰਭੇਜ ਸਿੰਘ ਭੇਜਾ ਵਿਰਕ ਆਪਣੀ ਪੂਰੀ ਪੰਚਾਇਤ ਤੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਹੋ ਗਏ।ਪਾਰਟੀ ਦੇ ਸੀਨੀਅਰ ਆਗੂ ਸ੍ਰ. ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ ਕਰਵਾਏ ਗਏ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਇਸ ਪੰਚਾਇਤ ਦਾ ਰਸਮੀ ਤੌਰ 'ਤੇ ਪਾਰਟੀ ਵਿੱਚ ਸਵਾਗਤ ਕੀਤਾ ਗਿਆ। ਇਸ ਮੌਕੇ ਸ੍ਰ. ਰੱਖੜਾ ਨੇ ਸਰਪੰਚ ਗੁਰਭੇਜ ਸਿੰਘ ਭੇਜਾ ਵਿਰਕ ਤੇ ਸਮੁੱਚੀ ਪੰਚਾਇਤ ਨੂੰ ਸਿਰੋਪਾਓ ਭੇਟ ਕੀਤੇ ਅਤੇ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਜੀ ਆਇਆਂ ਨੂੰ ਆਖਿਆ। ?ਇਸ ਮੌਕੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਸ੍ਰ. ਰੱਖੜਾ ਨੇ ਕਿਹਾ ਕਿ ਪਿੰਡਾਂ ਦੇ ਚੁਣੇ ਹੋਏ ਨੁਮਾਇੰਦਿਆਂ ਦਾ ਪਾਰਟੀ ਵਿੱਚ ਆਉਣਾ ਇਸ ਗੱਲ ਦਾ ਪ੍ਰਤੀਕ ਹੈ ਕਿ ਲੋਕ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹਨ।ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਈ ਇਸ ਪੰਚਾਇਤ ਤੇ ਸਾਰੇ ਵਰਕਰਾਂ ਨੂੰ ਪੂਰਾ ਬਣਦਾ ਮਾਣ-ਸਨਮਾਨ ਤੇ ਅਹੁਦੇਦਾਰੀ ਦਿੱਤੀ ਜਾਵੇਗੀ ਅਤੇ ਕਿਸੇ ਵੀ ਪੱਧਰ 'ਤੇ ਕੋਈ ਕਮੀ ਨਹੀਂ ਛੱਡੀ ਜਾਵੇਗੀ। ਇਸ ਮੌਕੇ ਪਿੰਡ ਦੀ ਪੰਚਾਇਤ ਤੇ ਇਲਾਕਾ ਨਿਵਾਸੀਆਂ ਨੇ ਗੁਰਭੇਜ ਸਿੰਘ ਭੇਜਾ ਮੰਡ ਮਿਆਲ ਕਲਾਂ ਤੇ ਸ੍ਰ. ਰੱਖੜਾ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਇੱਕ ਕਰਕੇ ਕੰਮ ਕਰਨਗੇ।ਇਸ ਮੌਕੇ ਦਰਸ਼ਨ ਸਿੰਘ ਵਿਰਕ, ਗੁਰਦੇਵ ਸਿੰਘ ਢਿੱਲੋਂ ਪੰਚ, ਬਿੰਦਰ ਸਿੰਘ ਪੰਚ, ਹਰਬੰਸ ਸਿੰਘ ਪੰਚ, ਬਲਵਿੰਦਰ ਸਿੰਘ ਵਿਰਕ, ਗੁਰਦੀਪ ਸਿੰਘ ਵਿਰਕ, ਅੰਗਰੇਜ਼ ਸਿੰਘ ਢਿੱਲੋਂ, ਕਾਬਲ ਸਿੰਘ ਵਿਰਕ, ਸਾਬਕਾ ਸਰਪੰਚ ਪਿੰਡ ਖੁਦਾਦਪੁਰਾ, ਜਸਵੰਤ ਸਿੰਘ ਵਿਰਕ, ਨੋਬਲਦੀਪ ਸਿੰਘ ਧਾਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਮੁਅੱਤਲ ਕੀਤੇ ਛੀਨੀਵਾਲ ਕਲਾਂ ਦੇ ਸਰਪੰਚ ਨੂੰ ਬਹਾਲ ਕਰਨ ਦੀ ਮੰਗ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪਿੰਡ ਛੀਨੀਵਾਲ ਕਲਾਂ ਦੀ ਸਰਪੰਚ ਸੁਖਦੀਪ ਕੌਰ ਨੂੰ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਵੱਲੋਂ ਮੁਅੱਤਲ ਕੀਤੇ ਜਾਣ ਦੇ ਵਿਰੋਧ ਵਿੱਚ ਸਰਪੰਚ ਸਮਰਥਕਾਂ ਨੇ ਇਕੱਤਰਤਾ ਕਰਕੇ ਰੋਸ ਪ੍ਰਗਟ ਕਰਦਿਆਂ ਸਰਪੰਚ ਨੂੰ ਤੁਰੰਤ ਬਹਾਲ ਕਰਨ ਦੀ ਮੰਗ ਕੀਤੀ। ਸਰਪੰਚ ਸੁਖਦੀਪ ਕੌਰ ਨੇ ਸਰਕਾਰ 'ਤੇ ਧੱਕੇਸ਼ਾਹੀ ਦਾ ਦੋਸ਼ ਲਾਉਂਦਿਆਂ ਕਿਹਾ ਕਿ ਪਿੰਡ ਵਿੱਚ ਨਿਰਪੱਖ ਢੰਗ ਨਾਲ ਵਿਕਾਸ ਕਾਰਜ ਚੱਲ ਰਹੇ ਹਨ, ਇਸ ਦੇ ਬਾਵਜੂਦ ਉਨ੍ਹਾਂ ਨੂੰ ਇਕ ਸਾਜ਼ਿਸ਼ ਤਹਿਤ ਮੁਅੱਤਲ ਕੀਤਾ ਗਿਆ ਹੈ, ਜਿਸ ਦੀ ਜਾਂਚ ਹੋਣੀ ਚਾਹੀਦੀ ਹੈ।ਸਰਪੰਚ ਦੇ ਪਤੀ ਨਿਰਭੈ ਸਿੰਘ ਢੀਂਡਸਾ ਨੇ ਨਿੱਜੀ ਰੰਜਿਸ਼ ਤਹਿਤ ਕਾਰਵਾਈ ਕਰਵਾਉਣ ਦਾ ਦੋਸ਼ ਲਾਇਆ ਤੇ ਕਿਹਾ ਕਿ ਜਿਸ ਗਲੀ ਦਾ ਬਹਾਨਾ ਬਣਾ ਕੇ ਇਹ ਕਾਰਵਾਈ ਕੀਤੀ ਗਈ ਹੈ, ਉਸ ਸਮੇਂ ਉਨ੍ਹਾਂ ਦੀ ਜਵਾਨ ਧੀ ਦੀ ਮੌਤ ਕਾਰਨ ਪਰਿਵਾਰ ਸਦਮੇ ਵਿੱਚ ਸੀ।ਇਸੇ ਦੌਰਾਨ ਮਨਰੇਗਾ ਮਜ਼ਦੂਰ ਸੰਦੀਪ ਕੌਰ ਨੇ ਸਪੱਸ਼ਟ ਕੀਤਾ ਕਿ ਉਕਤ ਗਲੀ ਉਨ੍ਹਾਂ ਦੇ ਪਰਵਾਰਾਂ ਵੱਲੋਂ ਖੁਦ ਬਣਾਈ ਗਈ ਸੀ ਤੇ ਇਸ ਨਾਲ ਪੰਚਾਇਤ ਦਾ ਕੋਈ ਸਬੰਧ ਨਹੀਂ ਹੈ।ਇਸ ਮੌਕੇ ਪੰਚ ਬੇਅੰਤ ਸਿੰਘ, ਗੁਰਜੀਤ ਸਿੰਘ, ਗੁਰਮੀਤ ਸਿੰਘ, ਗੁਰਪ੍ਰੀਤ ਸਿੰਘ, ਕਿਸਾਨ ਆਗੂ ਜਸਵਿੰਦਰ ਸਿੰਘ, ਦਰਬਾਰ ਸਿੰਘ ਮਾਨ, ਜਗਸੀਰ ਸਿੰਘ ਭੋਲਾ, ਗੁਰਸੇਵਕ ਸਿੰਘ, ਜਗਤਾਰ ਸਿੰਘ, ਅਵਤਾਰ ਸਿੰਘ, ਸਾਧੂ ਸਿੰਘ, ਸੁਰਿੰਦਰ ਸਿੰਘ ਆਦਿ ਹਾਜ਼ਰ ਸਨ।

### ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਨਾ ਬਣਾਉਣਾ ਕਾਂਗਰਸ ਲਈ ਮਹਿੰਗਾ ਪੈ ਸਕਦੈ : ਗੋਪਾਲ ਮਿੱਤਲ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਪੰਜਾਬ ਦੀ ਸਿਆਸਤ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਚਰਚਾਵਾਂ ਤੇਜ਼ ਹੋ ਰਹੀਆਂ ਹਨ।ਇਸ ਦੌਰਾਨ ਯੂਥ ਬਲਾਕ ਪ੍ਰਧਾਨ ਗੋਪਾਲ ਮਿੱਤਲ ਨੇ ਕਿਹਾ ਕਿ ਜੇਕਰ ਕਾਂਗਰਸ ਹਾਈ ਕਮਾਂਡ ਪੰਜਾਬ ਦੇ ਲੋਕਾਂ ਦੀ ਭਾਵਨਾ ਨੂੰ ਨਜ਼ਰ ਅੰਦਾਜ਼ ਕਰਦੇ ਹੋਏ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਐਲਾਨ ਨਹੀਂ ਕਰਦੀ ਤਾਂ ਪਾਰਟੀ ਨੂੰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੱਡਾ ਸਿਆਸੀ ਝਟਕਾ ਲੱਗ ਸਕਦਾ ਹੈ।ਗੋਪਾਲ ਮਿੱਤਲ ਨੇ ਕਿਹਾ ਕਿ ਚਰਨਜੀਤ ਸਿੰਘ ਚੰਨੀ ਦੀ ਲੋਕਾਂ ਵਿੱਚ ਮਜ਼ਬੂਤ ਪਕੜ ਹੈ ਤੇ ਉਹ ਹਰ ਵਰਗ ਦੇ ਲੋਕਾਂ ਵਿੱਚ ਲੋਕਪ੍ਰਿਯਾ ਆਗੂ ਹਨ।ਉਨ੍ਹਾਂ ਦਾ ਕਹਿਣਾ ਹੈ ਕਿ ਪੰਜਾਬ ਵਿੱਚ ਕਾਂਗਰਸ ਨੂੰ ਮਜ਼ਬੂਤ ਕਰਨ ਲਈ ਚੰਨੀ ਨੂੰ ਮੁੱਖ ਮੰਤਰੀ ਦਾ ਚਿਹਰਾ ਬਣਾਉਣਾ ਸਮੇਂ ਦੀ ਲੋੜ ਹੈ।ਉਨ੍ਹਾਂ ਕਾਂਗਰਸ ਹਾਈ ਕਮਾਂਡ ਨੂੰ ਅਪੀਲ ਕੀਤੀ ਕਿ 2027 ਦੀਆਂ ਚੋਣਾਂ ਲਈ ਫੈਸਲਾ ਲੈਂਦੇ ਸਮੇਂ ਪੰਜਾਬ ਦੇ ਵਰਕਰਾਂ ਤੇ ਲੋਕਾਂ ਦੀ ਰਾਏ ਨੂੰ ਪਹਿਲ ਦਿੱਤੀ ਜਾਵੇ ਤਾਂ ਜੋ ਪਾਰਟੀ ਨੂੰ ਚੋਣਾਂ ਵਿੱਚ ਮਜ਼ਬੂਤੀ ਮਿਲ ਸਕੇ।

## ਆਸਰਾ ਕਾਲਜ ਦੇ ਐੱਨ ਸੀ ਸੀ ਕੈਡਿਟਾਂ ਨੇ ਕੈਂਪ 'ਚ ਜਿੱਤੇ ਇਨਾਮ

**■ ਦਿਲਪ੍ਰੀਤ ਕੌਰ ਆਈ ਜੀ ਸੀ ਕੈਂਪ ਲਈ ਚੁਣੀ ਗਈ**



**ਭਵਾਨੀਗੜ੍ਹ (ਰਾਜ ਖੁਰਮੀ)**

ਪਟਿਆਲਾ-ਸੰਗਰੂਰ ਨੈਸ਼ਨਲ ਹਾਈਵੇ 'ਤੇ ਸਥਿਤ ਆਸਰਾ ਕਾਲਜ ਇੱਕ ਵਾਰ ਫਿਰ ਆਪਣੀਆਂ ਸ਼ਾਨਦਾਰ ਵਿੱਦਿਅਕ ਤੇ ਸਹਿ-ਪਾਠਕ੍ਰਮਿਕ ਪ੍ਰਾਪਤੀਆਂ ਕਾਰਨ ਚਰਚਾ ਵਿੱਚ ਹੈ।ਕਾਲਜ ਦੇ ਐੱਨ.ਸੀ.ਸੀ. ਕੈਡਿਟਾਂ ਨੇ 14 ਪੰਜਾਬ ਬਟਾਲੀਅਨ ਐੱਨ.ਸੀ.ਸੀ. ਨਾਭਾ ਵੱਲੋਂ ਸੰਤ ਲੌਂਗੋਵਾਲ ਇੰਸਟੀਚਿਊਟ ਆਫ ਟੈਕਨੋਲੋਜੀ, ਲੌਂਗੋਵਾਲ ਵਿਖੇ 1 ਤੋਂ 10 ਜੁਲਾਈ ਤੱਕ ਲੱਗ ਰਹੇ 10 ਰੋਜ਼ਾ ਕੈਂਪ ਦੌਰਾਨ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।

ਕਾਲਜ ਦੇ ਐੱਨ.ਸੀ.ਸੀ. ਦੇ ਐਸੋਸੀਏਟ ਐੱਨ.ਸੀ.ਸੀ. ਅਫ਼ਸਰ (ਏ.ਐੱਨ.ਓ.) ਬਿਕਰਮਜੀਤ ਸਿੰਘ ਨੇ ਦੱਸਿਆ ਕਿ ਕਾਲਜ ਦੇ 21 ਕੈਡਿਟ ਇਸ ਕੈਂਪ ਵਿੱਚ ਭਾਗ ਲੈ ਰਹੇ ਹਨ।ਕੈਂਪ ਦੌਰਾਨ ਕੈਡਿਟਾਂ ਨੂੰ ਡਰਿਲ, ਮੈਪ ਰੀਡਿੰਗ, ਫਾਇਰਿੰਗ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ ਤੇ ਐੱਨ.ਸੀ.ਸੀ. ਨਾਲ ਸਬੰਧਤ ਵਿਸ਼ੇਸ਼ ਸਿਖਲਾਈ ਦਿੱਤੀ ਜਾ ਰਹੀ ਹੈ।ਇਸ ਦੇ ਨਾਲ ਹੀ ਐੱਨ.ਸੀ.ਸੀ. ਦੇ 'ਬੀ' ਤੇ 'ਸੀ' ਸਰਟੀਫਿਕੇਟ ਦੀਆਂ ਪ੍ਰੀਖਿਆਵਾਂ ਲਈ ਵੀ ਵਿਸ਼ੇਸ਼ ਤਿਆਰੀ ਕਰਵਾਈ ਜਾ ਰਹੀ ਹੈ।ਕੈਂਪ ਦੌਰਾਨ ਕਰਵਾਏ ਗਏ ਜਨਰਲ ਨੌਲੇਜ ਕੁਇਜ਼ ਮੁਕਾਬਲਿਆਂ ਵਿੱਚ ਵੀ ਆਸਰਾ ਕਾਲਜ ਦੇ ਕੈਡਿਟਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇਨਾਮ ਹਾਸਲ ਕੀਤੇ।ਇਸ ਤੋਂ ਇਲਾਵਾ ਕਾਲਜ ਦੀ ਐੱਨ.ਸੀ.ਸੀ. ਕੈਡਿਟ ਦਿਲਪ੍ਰੀਤ ਕੌਰ ਨੇ ਲਗਾਤਾਰ ਤਿੰਨ ਐੱਨ.ਸੀ.ਸੀ. ਕੈਂਪਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਦੇ ਆਧਾਰ 'ਤੇ ਆਈ.ਜੀ.ਸੀ. ਕੈਂਪ ਲਈ ਚੁਣੇ ਜਾਣ ਦਾ ਮਾਣ ਵੀ ਹਾਸਲ ਕੀਤਾ।

ਕਾਲਜ ਦੇ ਪ੍ਰਿੰਸੀਪਲ ਡਾ. ਮੁਨੀਸ਼ ਗੋਇਲ ਨੇ ਵਿਦਿਆਰਥੀਆਂ ਦੀਆਂ ਇਨ੍ਹਾਂ ਉਪਲਬਧੀਆਂ 'ਤੇ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਇਹ ਸਫ਼ਲਤਾ ਵਿਦਿਆਰਥੀਆਂ ਦੀ ਲਗਨ, ਅਧਿਆਪਕਾਂ ਦੀ ਮਿਹਨਤ ਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਉਨ੍ਹਾਂ ਕਿਹਾ ਕਿ ਆਸਰਾ ਕਾਲਜ ਵਿਦਿਆਰਥੀਆਂ ਨੂੰ ਸਿਰਫ਼ ਉੱਚ ਸਿੱਖਿਆ ਹੀ ਨਹੀਂ, ਸਗੋਂ ਖੇਡਾਂ, ਐੱਨ.ਸੀ.ਸੀ., ਸੱਭਿਆਚਾਰਕ ਤੇ ਹੋਰ ਗਤੀਵਿਧੀਆਂ ਵਿੱਚ ਵੀ ਅੱਗੇ ਵਧਣ ਲਈ ਹਰ ਸੰਭਵ ਮੌਕਾ ਪ੍ਰਦਾਨ ਕਰਦਾ ਰਹੇਗਾ।ਇਸ ਮੌਕੇ ਸੰਸਥਾ ਦੇ ਐੱਮ.ਡੀ. ਡਾ. ਕੇਸ਼ਵ ਗੋਇਲ ਤੇ ਚੇਅਰਮੈਨ ਡਾ. ਆਰ. ਕੇ. ਗੋਇਲ ਨੇ ਵਿਦਿਆਰਥੀਆਂ ਦੀਆਂ ਪ੍ਰਾਪਤੀਆਂ 'ਤੇ ਸਮੂਹ ਸਟਾਫ਼ ਤੇ ਪ੍ਰਿੰਸੀਪਲ ਨੂੰ ਵਧਾਈ ਦਿੰਦਿਆਂ ਸਾਰੇ ਵਿਦਿਆਰਥੀਆਂ ਨੂੰ ਸ਼ੁਭ-ਕਾਮਨਾਵਾਂ ਦਿੱਤੀਆਂ।

## ਸ਼ਹੀਦਾਂ ਦੀ ਯਾਦ ਨੂੰ ਸਮਰਪਤ ਗੱਤਕਾ ਤੇ ਫਾਈਟ ਮੁਕਾਬਲੇ ਕਰਵਾਏ




**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸ਼ਹੀਦਾਂ ਦੇ ਸਰਤਾਜ ਸ੍ਰੀ ਗੁਰੂ ਅਰਜਨ ਦੇਵ ਜੀ ਦੇ ਸ਼ਹੀਦੀ ਦਿਹਾੜੇ ਤੇ ਜੂਨ 1984 ਦੇ ਸਮੂਹ ਸ਼ਹੀਦ ਸਿੰਘਾਂ ਦੀ ਪਾਵਨ ਯਾਦ ਨੂੰ ਸਮਰਪਤ ਗੱਤਕਾ ਤੇ ਫਾਈਟ ਮੁਕਾਬਲੇ ਭਾਈ ਮਹਾ ਸਿੰਘ ਦੀਵਾਨ ਹਾਲ ਸ੍ਰੀ ਮੁਕਤਸਰ ਸਾਹਿਬ ਵਿਖੇ ਕਰਵਾਏ ਗਏ।ਇਹ ਮੁਕਾਬਲੇ ਸ਼੍ਰੋਮਣੀ ਪੰਥ ਅਕਾਲੀ ਸ੍ਰੀ ਮਿਸਲ ਸ਼ਹੀਦਾਂ ਤਰਨਾ ਦਲ ਸ੍ਰੀ ਬਾਬਾ ਬਕਾਲਾ ਸਾਹਿਬ ਦੇ ਮੌਜੂਦਾ ਮੁਖੀ ਸਿੰਘ ਸਾਹਿਬ ਜਥੇਦਾਰ ਬਾਬਾ ਜੋਗਾ ਸਿੰਘ ਤੇ ਸੰਤ ਬਾਬਾ ਗੁਰਦੇਵ ਸਿੰਘ ਸ਼ਹੀਦੀ ਬਾਗ ਸ੍ਰੀ ਅਨੰਦਪੁਰ ਸਾਹਿਬ ਦੀ ਪ੍ਰੇਰਨਾ ਹੇਠ ਗੁਰਦੁਆਰਾ ਗੁਰੂ ਕਾ ਖੂਹ ਸਾਹਿਬ ਪਾਤਸ਼ਾਹੀ ਦਸਵੀਂ ਤੇ ਸਿੱਖ ਵਿਰਸਾ ਕੌਂਸਲ ਸ੍ਰੀ ਮੁਕਤਸਰ ਸਾਹਿਬ ਦੇ ਸਾਂਝੇ ਸਹਿਯੋਗ ਨਾਲ ਕਰਵਾਏ ਗਏ।ਮੁਕਾਬਲਿਆਂ ਵਿੱਚ ਪੰਜਾਬ ਦੇ ਵੱਖ-ਵੱਖ ਜ਼ਿਲ੍ਹਿਆਂ ਤੋਂ ਆਈਆਂ ਗੱਤਕਾ ਟੀਮਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦਰਸ਼ਕਾਂ ਦਾ ਮਨ ਮੋਹ ਲਿਆ।ਗੱਤਕਾ ਮੁਕਾਬਲਿਆਂ ਵਿੱਚ ਪਿੰਡ ਦੋਦਾ ਦੀ ਟੀਮ ਨੇ ਪਹਿਲਾ, ਕਪੂਰਥਲਾ ਦੀ ਟੀਮ ਨੇ ਦੂਜਾ ਤੇ ਅਬੋਹਰ ਦੀ ਟੀਮ ਨੇ ਤੀਜਾ ਸਥਾਨ ਹਾਸਲ ਕੀਤਾ।ਲੜਕਿਆਂ ਦੇ ਫਾਈਟ ਮੁਕਾਬਲਿਆਂ ਵਿੱਚ ਨਿਸ਼ਾਨ ਅਕੈਡਮੀ ਪਹਿਲੇ, ਨਗਰ ਧਿਗਾਣਾ ਦੂਜੇ ਤੇ ਅਕਾਲ ਅਕੈਡਮੀ ਸ੍ਰੀ ਮੁਕਤਸਰ ਸਾਹਿਬ ਤੀਜੇ ਸਥਾਨ 'ਤੇ ਰਹੀ।ਲੜਕੀਆਂ ਦੇ ਫਾਈਟ ਮੁਕਾਬਲਿਆਂ ਵਿੱਚ ਨਗਰ ਧਿਗਾਣਾ ਨੇ ਪਹਿਲਾ ਤੇ ਅਕਾਲ ਅਕੈਡਮੀ ਸ੍ਰੀ ਮੁਕਤਸਰ ਸਾਹਿਬ ਨੇ ਦੂਜਾ ਸਥਾਨ ਹਾਸਲ ਕੀਤਾ।ਇਸ ਮੌਕੇ ਮੈਨੇਜਰ ਸਾਹਿਬ ਭਾਈ ਨਿਰਮਲਜੀਤ ਸਿੰਘ, ਬਾਬਾ ਮਨਜੀਤ ਸਿੰਘ ਜੀ (ਗੁਰਦੁਆਰਾ ਗੁਰੂ ਕਾ ਖੂਹ ਸਾਹਿਬ), ਗਿਆਨੀ ਗੁਰਤੇਜ ਸਿੰਘ ਜੀ (ਦਲ ਬਾਬਾ ਬਿਧੀ ਚੰਦ), ਡਾ. ਜਗਦੀਪ ਸਿੰਘ 'ਕਾਲਾ ਸੋਢੀ', ਜਸਵੀਰ ਸਿੰਘ, ਗੱਤਕਾ ਕੋਚ ਭਾਈ ਗੁਰਲਾਲ ਸਿੰਘ, ਬਾਬਾ ਬਲਦੇਵ ਸਿੰਘ ਜੀ ਕਾਰ ਸੇਵਾ ਦਿੱਲੀ ਵਾਲੇ, ਬਾਬਾ ਮਨਪ੍ਰੀਤ ਸਿੰਘ ਜੀ ਕਾਰ ਸੇਵਾ ਦਿੱਲੀ ਵਾਲੇ ਸਮੇਤ ਵੱਡੀ ਗਿਣਤੀ ਵਿੱਚ ਸੰਗਤ ਤੇ ਗੱਤਕਾ ਪ੍ਰੇਮੀ ਹਾਜ਼ਰ ਸਨ।ਸਮਾਗਮ ਦੇ ਅੰਤ ਵਿੱਚ ਬਾਬਾ ਮਨਜੀਤ ਸਿੰਘ ਨੇ ਸਾਰੇ ਮਹਿਮਾਨਾਂ, ਗੱਤਕਾ ਟੀਮਾਂ, ਕੋਚਾਂ ਤੇ ਸੰਗਤ ਦਾ ਧੰਨਵਾਦ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਤੇ ਖੇਡ ਸਮਾਗਮ ਨੌਜਵਾਨ ਪੀੜ੍ਹੀ ਨੂੰ ਸਿੱਖ ਇਤਿਹਾਸ, ਗੱਤਕਾ ਕਲਾ ਤੇ ਸ਼ਹੀਦਾਂ ਦੀਆਂ ਮਹਾਨ ਕੁਰਬਾਨੀਆਂ ਨਾਲ ਜੋੜਨ ਦਾ ਮਹੱਤਵਪੂਰਨ ਸਾਧਨ ਹਨ।

### 'ਮਾਵਾਂ ਧੀਆਂ ਸਤਿਕਾਰ ਯੋਜਨਾ' ਨਾਲ ਮਹਿਲਾਵਾਂ ਨੂੰ ਆਰਥਿਕ ਸਹਾਰਾ ਮਿਲੇਗਾ : ਸਰਪੰਚ ਗਿੱਲ

**ਕੋਟ ਈਸੇ ਖਾਂ (ਅਰੋੜਾ)**-ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੇ ਸਨਮਾਨ ਤੇ ਆਰਥਿਕ ਸਸ਼ਕਤੀਕਰਨ ਲਈ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰਯੋਗ ਯੋਜਨਾ ਤਹਿਤ ਯੋਗ ਲਾਭਪਾਤਰੀ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਸਹਾਇਤਾ ਰਾਸ਼ੀ ਜਮ੍ਹਾਂ ਕਰਵਾਈ ਗਈ ਹੈ।ਇਸ ਤਹਿਤ ਅਨੁਸੂਚਿਤ ਜਾਤੀ (ਐੱਸ ਸੀ) ਵਰਗ ਦੀਆਂ ਮਹਿਲਾਵਾਂ ਦੇ ਖਾਤਿਆਂ ਵਿੱਚ 1,500, ਜਦਕਿ ਜਨਰਲ ਵਰਗ ਦੀਆਂ ਮਹਿਲਾਵਾਂ ਦੇ ਖਾਤਿਆਂ ਵਿੱਚ 1,000 ਦੀ ਰਾਸ਼ੀ ਭੇਜੀ ਗਈ ਹੈ।ਇਸ ਸਬੰਧੀ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਹਲਕਾ ਧਰਮਕੋਟ ਅਧੀਨ ਪੈਂਦੇ ਪਿੰਡ ਜਨੇਰ ਦੇ ਸਰਪੰਚ ਪਰਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਚੋਣਾਂ ਦੌਰਾਨ ਮਹਿਲਾਵਾਂ ਨਾਲ ਕੀਤਾ ਵਾਅਦਾ ਨਿਭਾਇਆ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਨਾਲ ਮਹਿਲਾਵਾਂ ਨੂੰ ਆਰਥਿਕ ਸਹਾਰਾ ਮਿਲੇਗਾ ਤੇ ਉਨ੍ਹਾਂ ਦੀਆਂ ਰੋਜ਼ਾਨਾ ਦੀਆਂ ਲੋੜਾਂ ਪੂਰੀਆਂ ਕਰਨ ਵਿੱਚ ਮਦਦ ਮਿਲੇਗੀ।ਪਰਮਿੰਦਰ ਸਿੰਘ ਗਿੱਲ ਨੇ ਕਿਹਾ ਕਿ ਅਜਿਹੀਆਂ ਲੋਕ-ਹਿਤੈਸ਼ੀ ਯੋਜਨਾਵਾਂ ਨਾਲ ਮਹਿਲਾਵਾਂ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਬਣਨਗੀਆਂ ਤੇ ਸਰਕਾਰ ਪ੍ਰਤੀ ਲੋਕਾਂ ਦਾ ਵਿਸ਼ਵਾਸ ਵੀ ਹੋਰ ਮਜ਼ਬੂਤ ਹੋਵੇਗਾ।

### ਹੈਰੋਇਨ ਸਣੇ 2 ਗ੍ਰਿਫ਼ਤਾਰ

**ਜਲਾਲਾਬਾਦ (ਜੀਤ ਕੁਮਾਰ)**-ਥਾਣਾ ਸਦਰ ਜਲਾਲਾਬਾਦ ਦੀ ਪੁਲਸ ਵੱਲੋਂ 8 ਗ੍ਰਾਮ ਹੈਰੋਇਨ ਸਣੇ 2 ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਸੁਖਦੇਵ ਸਿੰਘ ਨੇ ਦੱਸਿਆ ਕਿ ਸਹਾਇਕ ਥਾਣੇਦਾਰ ਜਗਜੀਤ ਸਿੰਘ ਸਮੇਤ ਸਾਥੀ ਕਰਮਚਾਰੀਆਂ ਦੇ ਨਾਲ ਗਸ਼ਤ ਦੌਰਾਨ ਸ਼ੱਕੀ ਪੁਰਸ਼ਾਂ ਦੀ ਚੈਕਿੰਗ ਕਰਨ ਲਈ ਥਾਣਾ ਸਦਰ ਏਰੀਏ ਵਿੱਚ ਮੌਜੂਦ ਸੀ ਤੇ ਪੁਲਸ ਪਾਰਟੀ ਗਸ਼ਤ ਕਰਦੀ ਹੋਈ ਨਹਿਰ ਪਿੰਡ ਸੁਖੇਰਾ ਬੋਦਲਾ ਤੋਂ ਲੱਧੂਵਾਲਾ ਹਿਠਾੜ ਨੂੰ ਜਾ ਰਹੀ ਸੀ ਤਾਂ ਦੋ ਵਿਅਕਤੀ ਸਾਹਮਣੇ ਤੋਂ ਆਉਂਦੇ ਦਿਖਾਈ ਦਿੱਤੇ, ਜਿਨ੍ਹਾਂ ਨੂੰ ਪੁਲਸ ਪਾਰਟੀ ਨੇ ਕਾਬੂ ਕਰਨ ਉਪਰੰਤ ਚੈਕਿੰਗ ਕੀਤੀ ਗਈ ਤਾਂ ਇਕ ਵਿਅਕਤੀ ਕੋਲੋਂ 6 ਗ੍ਰਾਮ ਤੇ ਦੂਜੇ ਪਾਸੋਂ 2 ਗ੍ਰਾਮ (ਕੁੱਲ 8 ਗ੍ਰਾਮ) ਹੈਰੋਇਨ ਬਰਾਮਦ ਹੋਈ। ਪੁਲਸ ਨੇ ਸੁਲੱਖਣ ਸਿੰਘ ਪੁਤਰ ਹਰਦੀਪ ਸਿੰਘ ਵਾਸੀ ਫੱਤੂਵਾਲਾ ਤੇ ਜੋਗਿੰਦਰ ਸਿੰਘ ਪੁਤਰ ਜੀਤ ਸਿੰਘ ਵਾਸੀ ਚੱਕ ਖੀਵਾ ਨੂੰ ਹੈਰੋਇਨ ਸਮੇਤ ਕਾਬੂ ਕਰਨ ਉਪਰੰਤ ਥਾਣਾ ਸਦਰ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

## ਭੂਸ਼ਨ ਮੱਤੀ ਟਾਸ ਜਿੱਤ ਕੇ ਬਣੇ ਨਗਰ ਕੌਂਸਲ ਦੇ ਪ੍ਰਧਾਨ

**ਪ੍ਰੇਮ ਸਾਗਰ ਭੋਲਾ ਸੀਨੀਅਰ ਮੀਤ ਪ੍ਰਧਾਨ ਤੇ ਕ੍ਰਿਸ਼ਨ ਸਿੰਘ ਬਣੇ ਮੀਤ ਪ੍ਰਧਾਨ**



**ਮਾਨਸਾ (ਆਤਮਾ ਸਿੰਘ ਪਮਾਰ)**

ਨਗਰ ਕੌਂਸਲ ਮਾਨਸਾ ਦੇ ਪ੍ਰਧਾਨ ਲਈ ਸਖ਼ਤ ਮੁਕਾਬਲੇ ਦੌਰਾਨ ਹੋਈ ਚੋਣ 'ਚ ਵਾਰਡ ਨੰਬਰ 10 ਤੋਂ ਕੌਂਸਲਰ ਭੂਸ਼ਨ ਮੱਤੀ ਨੂੰ ਪ੍ਰਧਾਨ ਚੁਣ ਲਿਆ ਗਿਆ ਹੈ।ਭੂਸ਼ਨ ਮੱਤੀ ਤੇ ਅਰਪਿਤ ਚੌਧਰੀ ਦਰਮਿਆਨ ਸਖ਼ਤ ਮੁਕਾਬਲਾ ਸੀ।ਸਥਾਨਕ ਬੱਚਤ ਭਵਨ ਵਿਖੇ ਕਨਵੀਨਰ ਗੁਰਮੀਤ ਬਾਂਸਲ ਦੀ ਰਹਿਨੁਮਾਈ ਹੇਠ ਹੋਈ ਇਸ ਚੋਣ, ਜਿਸ 'ਚ ਭੂਸ਼ਨ ਮੱਤੀ ਤੇ ਅਰਪਿਤ ਚੌਧਰੀ ਨੂੰ ਬਰਾਬਰ 14-14 ਵੋਟਾਂ ਮਿਲੀਆਂ, ਜਿਸ ਤੋਂ ਬਾਅਦ ਇਸ ਦਾ ਫੈਸਲਾ ਟਾਸ 'ਤੇ ਰੱਖ ਲਿਆ ਗਿਆ।ਟਾਸ ਜਿੱਤਣ ਉਪਰੰਤ ਭੂਸ਼ਨ ਮੱਤੀ ਨਗਰ ਕੌਂਸਲ ਮਾਨਸਾ ਦੇ ਪ੍ਰਧਾਨ ਚੁਣੇ ਗਏ।ਇਸ ਫਸਵੇਂ ਮੁਕਾਬਲੇ ਨੂੰ ਲੈ ਕੇ ਪ੍ਰਧਾਨਗੀ ਅਹੁਦੇ ਦੇ ਦੋਵਾਂ ਉਮੀਦਵਾਰਾਂ 'ਚ ਪਿਛਲੇ ਕੁੱਝ ਸਮੇਂ ਤੋਂ ਕਸ਼ਮਕਸ਼ ਚੱਲੀ ਆ ਰਹੀ ਸੀ, ਜਿਸ 'ਚ ਭੂਸ਼ਨ ਮੱਤੀ ਤੇ ਅਰਪਿਤ ਚੌਧਰੀ ਨੂੰ 14-14 ਵੋਟਾਂ ਮਿਲੀਆਂ ਤੇ ਮੱਤੀ ਟਾਸ ਜਿੱਤ ਕੇ ਪ੍ਰਧਾਨ ਚੁਣ ਲਏ ਗਏ ਹਨ।ਜ਼ਿਕਰਯੋਗ ਹੈ ਕਿ ਭੂਸ਼ਨ ਮੱਤੀ ਵੱਖ ਵੱਖ ਧਾਰਮਿਕ ਸੰਸਥਾਵਾਂ ਦੇ ਆਗੂ ਤੇ ਪ੍ਰਧਾਨ ਵੀ ਹਨ।ਇੱਥੇ ਦੱਸਣਾ ਬਣਦਾ ਹੈ ਕਿ ਭੂਸ਼ਣ ਮੱਤੀ ਪਹਿਲੀ ਵਾਰ ਵਾਰਡ ਨੰਬਰ 10 ਤੋਂ ਕੌਂਸਲਰ ਚੁਣੇ ਗਏ ਹਨ ਤੇ ਪਹਿਲੀ ਵਾਰ ਹੀ ਉਹ ਨਗਰ ਕੌਂਸਲ ਮਾਨਸਾ ਦੇ ਪ੍ਰਧਾਨ ਵਰਗੇ ਵੱਕਾਰੀ ਅਹੁਦੇ 'ਤੇ ਸੁਸ਼ੋਭਿਤ ਹੋਣ ਜਾ ਰਹੇ ਹਨ।ਉਧਰ ਦੂਜੇ ਪਾਸੇ ਨਗਰ ਕੌਂਸਲ ਦੇ ਸੀਨੀਅਰ ਮੀਤ ਪ੍ਰਧਾਨ ਪ੍ਰੇਮ ਸਾਗਰ ਭੋਲਾ ਚੁਣੇ ਗਏ ਹਨ।ਜ਼ਿਕਰਯੋਗ ਹੈ ਕਿ ਭੋਲਾ ਛੇਵੀਂ ਵਾਰ ਕੌਂਸਲਰ ਬਣੇ ਹਨ।ਇਸ ਤੋਂ ਇਲਾਵਾ ਕ੍ਰਿਸ਼ਨ ਸਿੰਘ ਕੌਂਸਲਰ ਨੂੰ ਵੀ ਇਸ ਚੋਣ ਦੌਰਾਨ ਮੀਤ ਪ੍ਰਧਾਨ ਵਜੋਂ ਚੁਣ ਲਿਆ ਗਿਆ ਹੈ।

## ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**

ਡਾ. ਬਲਜੀਤ ਕੌਰ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਭਲਾਈ ਮੰਤਰੀ ਪੰਜਾਬ ਨੇ ਆਪਣੇ ਵਿਧਾਨ ਸਭਾ ਹਲਕਾ ਮਲੋਟ ਦੇ ਪਿੰਡ ਜੰਡਾਵਾਲਾ ਤੇ ਪਿੰਡ ਮਲੋਟ ਵਿੱਚ ਲੋਕ ਮਿਲਣੀ ਪ੍ਰੋਗਰਾਮ ਤਹਿਤ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਮੌਕੇ 'ਤੇ ਨਿਪਟਾਰਾ ਕੀਤਾ।ਪਿੰਡ ਜੰਡਾਵਾਲਾ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣਦਿਆਂ ਉਨ੍ਹਾਂ ਦੱਸਿਆ ਕਿ ਇਸ ਪਿੰਡ ਦੇ ਵਿਕਾਸ ਲਈ ਸਰਕਾਰ ਵੱਲੋਂ ਤਕਰੀਬਨ 6 ਕਰੋੜ ਰੁਪਏ ਖਰਚ ਕਰਕੇ ਵਿਕਾਸ ਦੇ ਕੰਮ ਕਰਵਾਏ ਹਨ ਅਤੇ 21 ਕਿਲੋਮੀਟਰ ਲੰਬੇ ਤਿੰਨ ਰਜਵਾਹਿਆਂ ਤੇ ਖਾਲਿਆਂ ਨੂੰ ਪੱਕਾ ਕਰਵਾਇਆ ਗਿਆ ਹੈ ਤਾਂ ਜੋ ਸਿੰਚਾਈ ਤੇ ਲੋਕਾਂ ਨੂੰ ਪੂਰਾ ਪਾਣੀ ਮਿਲ ਸਕੇ ਅਤੇ ਸਰਕਾਰ ਵੱਲੋਂ ਵਿਕਾਸ ਦੇ ਕੰਮ ਜੰਗੀ ਪੱਧਰ 'ਤੇ ਕਰਵਾਏ ਜਾ ਰਹੇ ਹਨ ਤਾਂ ਜੋ ਉਨ੍ਹਾਂ ਨੂੰ ਸਰਕਾਰੀ ਸਕੀਮਾਂ ਦਾ ਲਾਭ ਮਿਲ ਸਕੇ।ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕਾਂ ਦੀ ਭਲਾਈ ਲਈ ਲਗਾਤਾਰ ਨਵੇਂ ਉਪਰਾਲੇ ਕੀਤੇ ਜਾ ਰਹੇ ਹਨ ਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਮਹਿਲਾਵਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕੀਤਾ ਜਾ ਰਿਹਾ ਹੈ।ਇਸ ਮੌਕੇ ਉਨ੍ਹਾਂ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਹੋਰ ਲੋਕ ਭਲਾਈ ਸਕੀਮਾਂ ਤੇ ਸਹੂਲਤਾਂ ਬਾਰੇ ਵੀ ਜਾਣਕਾਰੀ ਦਿੱਤੀ ਅਤੇ ਇਨ੍ਹਾਂ ਦਾ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ।

### ਬੀ ਬੀ ਐੱਸ ਬੀ ਕਾਨਵੈਂਟ ਸਕੂਲ ਵਿਖੇ ਟੀਚਰਾਂ ਦੀ ਵਰਕਸ਼ਾਪ

**ਜਗਰਾਉਂ (ਅਮਿਤ ਖੰਨਾ)**-ਇਲਾਕੇ ਦੀ ਨਾਮਵਰ ਵਿੱਦਿਅਕ ਸੰਸਥਾ ਬੀ. ਬੀ. ਐੱਸ. ਬੀ. ਕਾਨਵੈਂਟ ਸਕੂਲ ਸਿੱਧਵਾਂ ਬੇਟ ਵਿਖੇ ਅਧਿਆਪਕਾਂ ਲਈ ਇੱਕ ਖਾਸ ਕਿਸਮ ਦੇ ਕੈਂਪ ਦਾ ਅਯੋਜਨ ਕੀਤਾ ਗਿਆ, ਜਿਸ ਵਿੱਚ ਅਧਿਆਪਕਾਂ ਨੂੰ ਬੱਚਿਆਂ ਵਿੱਚ ਮੋਰਲ ਵੈਲੂਜ਼ ਤੇ ਇਮੋਸ਼ਨਲ ਕੰਪੀਟੈਂਸੀਸ ਬਾਰੇ ਸਮਝਾਇਆ ਗਿਆ।ਇਸ ਕੈਂਪ ਨੂੰ ਨੇਪਰੇ ਚਾੜ੍ਹਨ ਲਈ ਐੱਲ. ਪੀ. ਯੂ. ਤੋਂ ਮਿਸਜ਼ ਨਿਸ਼ਾ ਤੇ ਮਿਸਟਰ ਪੰਕਜ ਅਰੋੜਾ ਨੂੰ ਖਾਸ ਤੌਰ 'ਤੇ ਬੁਲਾਇਆ ਗਿਆ।

ਇਸ ਵਿੱਚ ਬੱਚਿਆਂ ਨੂੰ ਅਸਲ ਜੀਵਨ ਦੇ ਦ੍ਰਿਸ਼ ਦੇ ਨਾਲ ਮਨੋਵਿਗਿਆਨਕ ਸਿਧਾਂਤ ਅਤੇ ਨੈਤਿਕ ਤੇ ਅਖਲਾਕੀ ਪ੍ਰਭਾਵ ਬਾਰੇ ਸਮਝਾਇਆ ਗਿਆ।ਇਸ ਕੈਂਪ ਵਿੱਚ ਸਾਰੇ ਅਧਿਆਪਕਾਂ ਨੇ ਬਹੁਤ ਹੀ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਉਹ ਬਹੁਤ ਹੀ ਖੁਸ਼ ਸਨ।ਇਸ ਦੇ ਨਾਲ ਨਾਲ ਅਧਿਆਪਕਾਂ ਦੇ ਮਨੋਰੰਜਨ ਲਈ ਕੈਂਪ ਦੇ ਵਿੱਚ ਕੁੱਝ ਇੱਕ ਮਿੰਟ ਵਾਲੀਆਂ ਖੇਡਾਂ ਵੀ ਖਿਡਾਈਆਂ ਗਈਆਂ।ਪ੍ਰਿੰਸੀਪਲ ਮੈਡਮ ਮਿਸਿਜ਼ ਮੋਨਾ ਠਾਕੁਰ ਨੇ ਦੱਸਿਆ ਕਿ ਸਮੇਂ ਦੇ ਬਦਲਾਵ ਦੇ ਨਾਲ ਸਾਨੂੰ ਸਾਰੀ ਉਮਰ ਤੱਕ ਸਿਖਦੇ ਰਹਿਣਾ ਚਾਹੀਦਾ ਹੈ, ਤਾਂ ਜੋ ਅਸੀਂ ਆਪਣੇ ਆਪ ਨੂੰ ਅੱਪਡੇਟ ਰੱਖ ਸਕੀਏ।ਇਸ ਮੌਕੇ ਸਮੂਹ ਮੈਨੇਜਮੈਂਟ ਕਮੇਟੀ ਜਿਸ ਵਿੱਚ ਚੇਅਰਮੈਨ ਸਨੀ ਅਰੋੜਾ, ਵਾਈਸ ਚੇਅਰਮੈਨ ਰਜਿੰਦਰ ਕੁਮਾਰ ਬਾਵਾ, ਪ੍ਰੈਜ਼ੀਡੈਂਟ ਹਰੀਕ੍ਰਿਸ਼ਨ ਭਗਵਾਨ ਦਾਸ, ਮੈਨੇਜਿੰਗ ਡਾਇਰੈਕਟਰ ਸ਼ਾਮ ਸੁੰਦਰ ਭਾਰਦਵਾਜ, ਜਨਰਲ ਸੈਕਰੇਟਰੀ ਅੰਜੂ ਬਾਲਾ ਤੇ ਗਗਨਦੀਪ ਬਾਵਾ ਵੀ ਮੌਜੂਦ ਸਨ।



### ਗੁਰੂ ਨਾਨਕ ਨੈਸ਼ਨਲ ਕਾਲਜ ਦਾ ਬੀ ਸੀ ਏ ਦਾ ਨਤੀਜਾ ਸ਼ਾਨਦਾਰ



**ਦੋਰਾਹਾ (ਹਰਮਿੰਦਰ ਸੇਠ)**-ਬੀਤੇ ਦਿਨੀਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵੱਲੋਂ ਬੀ ਸੀ ਏ ਛੇਵੇਂ ਸਮੈਸਟਰ ਦੇ ਨਤੀਜੇ ਐਲਾਨੇ ਗਏ, ਜਿਨ੍ਹਾਂ ਵਿੱਚ ਗੁਰੂ ਨਾਨਕ ਨੈਸ਼ਨਲ ਕਾਲਜ ਦੋਰਾਹਾ ਦੇ ਵਿਦਿਆਰਥੀਆਂ ਨੇ ਖ਼ੂਬ ਮੱਲਾਂ ਮਾਰੀਆਂ। ਨਤੀਜਿਆਂ ਬਾਰੇ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਦੱਸਿਆ ਕਿ ਬੀ ਸੀ ਏ ਛੇਵੇਂ ਸਮੈਸਟਰ ਵਿੱਚੋਂ ਰਾਜਵੀਰ ਕੌਰ ਨੇ 79% ਅੰਕ ਪ੍ਰਾਪਤ ਕਰਕੇ ਕਾਲਜ ਵਿੱਚੋਂ ਪਹਿਲਾ, ਹਰਸ਼ਦੀਪ ਕੌਰ ਨੇ 78.7% ਦੂਜਾ ਤੇ ਨਿਧੀ ਮੋਰਿਆ ਨੇ 78.2% ਤੀਜਾ ਸਥਾਨ ਹਾਸਲ ਕੀਤਾ।ਕਮੇਟੀ ਦੇ ਪ੍ਰਧਾਨ ਸ੍ਰ. ਹਰਪ੍ਰਤਾਪ ਸਿੰਘ ਬਰਾੜ, ਜਨਰਲ ਸਕੱਤਰ ਡਾ. ਪਵਿੱਤਰਪਾਲ ਸਿੰਘ ਪਾਂਗਲੀ, ਐਗਜ਼ੀਕਿਊਟਿਵ ਮੈਂਬਰ ਸ਼੍ਰੀਮਤੀ ਰੁਪਿੰਦਰ ਕੌਰ ਬਰਾੜ, ਅਹੁਦੇਦਾਰਾਂ, ਮੈਂਬਰ ਸਾਹਿਬਾਨ ਤੇ ਕਾਲਜ ਪ੍ਰਿੰਸੀਪਲ ਡਾ. ਸਰਵਜੀਤ ਕੌਰ ਬਰਾੜ ਨੇ ਵਿਦਿਆਰਥੀਆਂ ਦੇ ਮਾਪਿਆਂ ਸਟਾਫ ਨੂੰ ਵਧਾਈ ਦਿੱਤੀ, ਜਿਨ੍ਹਾਂ ਦੀ ਸਾਂਝੀ ਮਿਹਨਤ ਸਦਕਾ ਕਾਲਜ ਤੇ ਇਲਾਕੇ ਦਾ ਨਾਮ ਰੌਸ਼ਨ ਹੋਇਆ।

## ਅੱਡਾ ਚੌਕੀਮਾਨ ਵਿਖੇ ਨਵੀਂ ਫ੍ਰੀ ਸੇਵਾ ਐਂਬੂਲੈਂਸ ਦਾ ਉਦਘਾਟਨ



**ਚੌਕੀਮਾਨ (ਇੰਜ. ਬਲਬੀਰ ਸਿੰਘ ਮਾਨ)**

ਅੱਡਾ ਚੌਕੀਮਾਨ ਵਿਖੇ ਪਿਛਲੇ 15 ਸਾਲਾਂ ਤੋਂ ਚਲਦੀ ਫ੍ਰੀ ਸੇਵਾ ਐਂਬੂਲੈਂਸ ਨੂੰ ਲਗਾਤਾਰਤਾ ਵਿੱਚ ਜਾਰੀ ਰੱਖਦਿਆਂ ਪਿੰਡ ਗੁੜ੍ਹੇ ਦੇ ਦਾਨੀ ਪਰਿਵਾਰ ਸ੍ਰ. ਗੁਰਮੇਲ ਸਿੰਘ, ਹਰਦਿਆਲ ਸਿੰਘ ਦੇ ਸਮੂਹ ਪਰਵਾਰ ਵੱਲੋਂ ਆਪਣੇ ਪਿਤਾ ਸਵਰਗਵਾਸੀ ਲਾਲ ਸਿੰਘ ਦੀ ਯਾਦ ਵਿੱਚ ਚੱਲ ਰਹੀ ਐਂਬੂਲੈਂਸ ਸੇਵਾ ਨੂੰ ਟਰਾਂਸਪੋਰਟ ਵਿਭਾਗ ਦੀਆਂ ਹਦਾਇਤਾਂ ਮੁਤਾਬਕ ਸਰਵੇ ਆਫ ਹੋਈ ਗੱਡੀ ਦੀ ਥਾਂ 'ਤੇ ਨਵੀਂ ਐਂਬੂਲੈਂਸ ਕਾਰ ਲੈ ਕੇ ਭਾਈ ਗੁਰਦਾਸ ਸੇਵਾ ਸੰਸਥਾ ਰਜਿਸਟਰਡ ਅੱਡਾ ਚੌਕੀਮਾਨ ਜ਼ਿਲ੍ਹਾ ਲੁਧਿਆਣਾ ਨੂੰ ਲੋਕ ਸੇਵਾ ਲਈ ਦਾਨ ਵਜੋਂ ਦਿੱਤੀ ਤਾਂ ਜੋ ਰਾਤ ਬਰਾਤੇ ਵਾਪਰਦੇ ਹਾਦਸਿਆਂ ਦੇ ਜ਼ਖਮੀਆਂ ਨੂੰ ਸਮੇਂ ਸਿਰ ਲੋੜੀਂਦੀ ਮੈਡੀਕਲ ਸਹੂਲਤ ਦਿਵਾ ਕੇ ਮੌਤ ਦੇ ਮੂੰਹੋਂ ਬਚਾ ਕੇ ਪਰਵਾਰਾਂ ਵਿੱਚ ਵਸਦਾ ਰੱਖਿਆ ਜਾਵੇ।ਪਿਛਲੇ 15 ਸਾਲਾਂ ਦੌਰਾਨ ਜਦੋਂ ਬਗੈਰ ਫੁੱਟਪਾਥ ਦੇ ਸੜਕਾਂ ਬਣੀਆਂ ਹੋਈਆਂ ਸਨ ਤਾਂ ਆਏ ਦਿਨ ਕਾਹਲ ਕਾਰਨ ਵਾਪਰਦੇ ਹਾਦਸਿਆਂ ਦੇ ਮਰੀਜ਼ਾਂ ਨੂੰ ਭਾਈ ਗੁਰਦਾਸ ਸੇਵਾ ਸੰਸਥਾ ਰਜਿਸਟਰ ਚੌਕੀਮਾਨ ਵੱਲੋਂ ਲੋੜ ਅਨੁਸਾਰ ਹਸਪਤਾਲਾਂ ਵਿੱਚ ਦਾਖਲ ਕਰਵਾ ਕੇ ਮੁੱਢਲੀ ਸੇਵਾ ਦੇਣ ਉਪਰੰਤ ਮਨੁੱਖਤਾ ਦੀ ਸੇਵਾ ਵਿੱਚ ਹਿੱਸਾ ਪਾਇਆ ਹੈ।ਇਸ ਮੌਕੇ ਪਿੰਡ ਗੁੜ੍ਹੇ ਦੇ ਗੁਰਦੁਆਰਾ ਸਾਹਿਬ ਵਿਖੇ ਭਾਈ ਜੀਤ ਸਿੰਘ, ਹਰਭਜਨ ਸਿੰਘ ਧਾਲੀਵਾਲ, ਅਮਰਜੀਤ ਸਿੰਘ, ਇਕਬਾਲ ਸਿੰਘ ਬਾਲੀ, ਦਵਿੰਦਰ ਸਿੰਘ, ਜਗਮੋਹਨ ਸਿੰਘ ਜੱਗੀ, ਹਰਪ੍ਰੀਤ ਸਿੰਘ, ਗੁਰਦੀਪ ਸਿੰਘ ਮਾਨ, ਸਤੀਸ਼ ਕੁਮਾਰ, ਚਰਨਜੀਤ ਸਿੰਘ ਢਿੱਲੋਂ, ਤੇਜਿੰਦਰ ਸਿੰਘ ਚੱਢਾ, ਇੰਜ. ਬਲਬੀਰ ਸਿੰਘ ਮਾਨ, ਗੁਰਦੀਪ ਸਿੰਘ ਸਵੱਦੀ ਕਲਾਂ ਆਦਿ ਦੀ ਅਗਵਾਈ ਸਮੂਹ ਸੇਵਕਾਂ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਦਾ ਓਟ ਆਸਰਾ ਲੈਂਦਿਆਂ ਸ੍ਰੀ ਜਪੁਜੀ ਸਾਹਿਬ ਦੇ ਪਾਠ ਕਰਨ ਉਪਰੰਤ ਰਾਗੀ ਜਥੇ ਦੁਆਰਾ ਕੀਤਾ ਰਸਭਿੰਨਾ ਕੀਰਤਨ ਦਾ ਅਨੰਦ ਮਾਣਿਆ।

ਇਸ ਮੌਕੇ ਪਿੰਡ ਚੌਕੀਮਾਨ ਤੇ ਗੁੜ੍ਹੇ ਦੀ ਗੁਰਦੁਆਰਾ ਪ੍ਰਬੰਧਕ ਕਮੇਟੀ ਪਿੰਡ ਗੁੜ੍ਹੇ ਤੇ ਚੌਕੀਮਾਨ ਦੇ ਸਰਪੰਚ ਕੇਵਲ ਸਿੰਘ ਧਾਲੀਵਾਲ, ਆਲੇ-ਦੁਆਲੇ ਦੇ ਪੰਚਾਂ, ਸਰਪੰਚਾਂ ਮੋਹਤਵਰ ਆਗੂਆਂ, ਜਿਨ੍ਹਾਂ ਨੇ ਪਿਛਲੇ ਸਮੇਂ ਦੌਰਾਨ ਐਂਬੂਲੈਂਸ ਨੂੰ ਚਲਦਿਆਂ ਰੱਖਣ ਲਈ ਭਰਵਾਂ ਸਹਿਯੋਗ ਦਿੱਤਾ, ਉਨ੍ਹਾਂ ਸਹਿਯੋਗੀ ਸਾਥੀਆਂ ਨੂੰ ਸਨਮਾਨ ਨਿਸ਼ਾਨੀ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਸਟੇਜ ਸਕੱਤਰ ਦੀ ਭੂਮਿਕਾ ਗੁਰਦੀਪ ਸਿੰਘ ਕਾਕਾ ਸਵੱਦੀ ਨੇ ਨਿਭਾਈ ਤੇ ਆਏ ਇਲਾਕੇ ਦੇ ਹਰ ਵਿਅਕਤੀ ਸਮੇਤ ਪਹੁੰਚੇ ਸਾਰੇ ਜਥੇਬੰਦੀਆਂ ਦੇ ਆਗੂ ਸਾਹਿਬਾਨਾਂ ਦਾ ਸਹਿਯੋਗ ਦੇਣ ਲਈ ਧੰਨਵਾਦ ਕੀਤਾ।

## ਦੋ ਲਾਇਬ੍ਰੇਰੀਆਂ ਦੇ ਤਾਲਮੇਲ ਨੇ ਪੁਸਤਕ ਸੱਭਿਆਚਾਰ ਦੀਆਂ ਨਵੀਂਆਂ ਉਮੀਦਾਂ ਜਗਾਈਆਂ



**ਰਾਏਕੋਟ (ਸੰਤੋਖ ਗਿੱਲ)**-ਪਿੰਡਾਂ ਵਿੱਚ ਗਿਆਨ, ਸਾਹਿਤ ਤੇ ਪੁਸਤਕ ਸੱਭਿਆਚਾਰ ਨੂੰ ਹੋਰ ਪ੍ਰਫੁੱਲਿਤ ਕਰਨ ਦੀ ਦਿਸ਼ਾ ਵਿੱਚ ਇੱਕ ਮਹੱਤਵਪੂਰਨ ਕਦਮ ਚੁੱਕਦਿਆਂ ਭਾਈ ਰਣਧੀਰ ਸਿੰਘ ਪਬਲਿਕ ਲਾਇਬ੍ਰੇਰੀ ਨਾਰੰਗਵਾਲ ਵੱਲੋਂ ਪੰਜਾਬੀ ਪਬਲਿਕ ਲਾਇਬ੍ਰੇਰੀ ਮਾਨੂਪੁਰ ਨੂੰ 175 ਕੀਮਤੀ ਪੁਸਤਕਾਂ ਭੇਟ ਕੀਤੀਆਂ ਹਨ।ਇਸ ਉਪਰਾਲੇ ਨੂੰ ਪਿੰਡਾਂ ਦੀਆਂ ਲਾਇਬ੍ਰੇਰੀਆਂ ਵਿਚਕਾਰ ਆਪਸੀ ਸਹਿਯੋਗ ਦੀ ਇੱਕ ਪ੍ਰੇਰਨਾਮਈ ਮਿਸਾਲ ਵਜੋਂ ਦੇਖਿਆ ਜਾ ਰਿਹਾ ਹੈ।ਡਾ. ਮਨਦੀਪ ਕੌਰ ਤੇ ਕੁਲਵਿੰਦਰ ਸਿੰਘ ਮਾਨੂਪੁਰੀ ਦੇ ਸਹਿਯੋਗ ਤੇ ਆਪਸੀ ਤਾਲਮੇਲ ਨਾਲ ਆਦਾਨ-ਪ੍ਰਦਾਨ ਸੰਭਵ ਹੋ ਸਕਿਆ ਹੈ।ਸਮਾਗਮ ਦੌਰਾਨ ਕੁਲਵਿੰਦਰ ਸਿੰਘ ਮਾਨੂਪੁਰੀ ਨੇ ਡਾ. ਮਨਦੀਪ ਕੌਰ ਨੂੰ ਪੰਜਾਬੀ ਭਾਸ਼ਾ, ਸਾਹਿਤ, ਪੁਸਤਕ ਸੱਭਿਆਚਾਰ ਤੇ ਲਾਇਬ੍ਰੇਰੀ ਲਹਿਰ ਲਈ ਉਨ੍ਹਾਂ ਵੱਲੋਂ ਨਿਭਾਈਆਂ ਜਾ ਰਹੀਆਂ ਸ਼ਲਾਘਾਯੋਗ ਸੇਵਾਵਾਂ ਦੇ ਸਨਮਾਨ ਵਜੋਂ ਇੱਕ ਯਾਦਗਾਰੀ ਸਨਮਾਨ ਚਿੰਨ੍ਹ ਭੇਟ ਕੀਤਾ।ਡਾ. ਮਨਦੀਪ ਕੌਰ ਨੇ ਇਸ ਮੌਕੇ ਕਿਹਾ ਕਿ ਕਿਤਾਬਾਂ ਸਮਾਜ ਨੂੰ ਵਿਚਾਰਵਾਨ ਬਣਾਉਣ ਦਾ ਸਭ ਤੋਂ ਪ੍ਰਭਾਵਸ਼ਾਲੀ ਸਾਧਨ ਹਨ ਤੇ ਪਿੰਡਾਂ ਦੀਆਂ ਲਾਇਬ੍ਰੇਰੀਆਂ ਨੂੰ ਸਮ੍ਰਿੱਧ ਕਰਨਾ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ।ਉਨ੍ਹਾਂ ਕਿਹਾ ਕਿ ਜਦੋਂ ਲਾਇਬ੍ਰੇਰੀਆਂ ਆਪਸ ਵਿੱਚ ਸਹਿਯੋਗ ਕਰਦੀਆਂ ਹਨ ਤਾਂ ਇਸ ਦਾ ਲਾਭ ਸਿੱਧਾ ਪਾਠਕਾਂ ਤੇ ਨੌਜਵਾਨ ਪੀੜ੍ਹੀ ਨੂੰ ਮਿਲਦਾ ਹੈ।ਕੁਲਵਿੰਦਰ ਸਿੰਘ ਮਾਨੂਪੁਰੀ ਨੇ ਕਿਹਾ ਕਿ ਪੰਜਾਬੀ ਪਬਲਿਕ ਲਾਇਬ੍ਰੇਰੀ ਮਾਨੂਪੁਰ ਸਤਾਰਾਂ ਸਾਲ ਤੋਂ ਪਿੰਡ ਵਿੱਚ ਗਿਆਨ ਦੀ ਜੋਤ ਜਗਾ ਰਹੀ ਹੈ ਤੇ ਸਵਰਗਵਾਸੀ ਮਹਿੰਦਰ ਸਿੰਘ ਮਾਨੂਪੁਰੀ ਦੇ ਸੁਪਨੇ ਨੂੰ ਅੱਗੇ ਵਧਾਉਣ ਲਈ ਲਗਾਤਾਰ ਯਤਨ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਸਮਾਜ ਦੇ ਸਾਹਿਤ ਪ੍ਰੇਮੀਆਂ, ਲੇਖਕਾਂ ਤੇ ਸੰਸਥਾਵਾਂ ਦੇ ਸਹਿਯੋਗ ਨਾਲ ਹੀ ਪਿੰਡਾਂ ਦੀਆਂ ਲਾਇਬ੍ਰੇਰੀਆਂ ਹੋਰ ਮਜ਼ਬੂਤ ਬਣ ਸਕਦੀਆਂ ਹਨ।ਇਸ ਮੌਕੇ ਲਵਪ੍ਰੀਤ ਕੌਰ, ਗੁਰਜੀਤ ਕੌਰ, ਮਦਨ ਲਾਲ ਸ਼ਰਮਾ ਕਸ਼ਮੀਰਾ ਸਿੰਘ ਤੇ ਅਮਨਪ੍ਰੀਤ ਸਿੰਘ ਵੀ ਮੌਜੂਦ ਰਹੇ।

## ਦੌਣ ਕਲਾਂ ਦੇ ਸੈਂਕੜੇ ਪਰਵਾਰਾਂ ਨੇ 'ਆਪ' ਦਾ ਫੜਿਆ ਪੱਲਾ, ਰਣਜੋਧ ਹਡਾਣਾ ਨੂੰ ਲੱਡੂਆਂ ਨਾਲ ਤੋਲਿਆ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਰਿਕਾਰਡਤੋੜ ਵਿਕਾਸ ਕਾਰਜਾਂ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਣਥੱਕ ਮਿਹਨਤ ਸਦਕਾ ਸਨੌਰ ਹਲਕੇ ਵਿੱਚ ਆਮ ਆਦਮੀ ਪਾਰਟੀ ਦਾ ਗ੍ਰਾਫ਼ ਲਗਾਤਾਰ ਉੱਚਾ ਜਾ ਰਿਹਾ ਹੈ।ਇਸੇ ਲੜੀ ਤਹਿਤ ਪਿੰਡ ਦੌਣ ਕਲਾਂ ਵਿਖੇ ਸਨੌਰ ਦੀ ਸਿਆਸਤ ਨੂੰ ਵੱਡਾ ਮੋੜ ਦਿੰਦਿਆਂ ਸੀਨੀਅਰ ਆਗੂ ਰਛਪਾਲ ਸਿੰਘ ਦੀ ਅਗਵਾਈ ਹੇਠ ਸੈਂਕੜੇ ਪਰਵਾਰਾਂ ਨੇ ਰਵਾਇਤੀ ਪਾਰਟੀਆਂ ਨੂੰ ਅਲਵਿਦਾ ਆਖ ਕੇ ਆਮ ਆਦਮੀ ਪਾਰਟੀ ਦਾ ਪੱਲਾ ਫੜ ਲਿਆ।ਪਿੰਡ ਪਹੁੰਚਣ 'ਤੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਦਾ ਪਿੰਡ ਵਾਸੀਆਂ ਵੱਲੋਂ ਖੁਸ਼ੀ ਵਿੱਚ ਲੱਡੂਆਂ ਨਾਲ ਤੋਲ ਕੇ ਸ਼ਾਨਦਾਰ ਸਵਾਗਤ ਕੀਤਾ ਗਿਆ।ਇਸ ਮੌਕੇ ਜੁਆਇਨਿੰਗ ਕਰਵਾਉਣ ਵਾਲੇ ਪ੍ਰਮੁੱਖ ਆਗੂ ਰਛਪਾਲ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀਆਂ ਲੋਕ-ਪੱਖੀ ਨੀਤੀਆਂ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਦਿਨ-ਰਾਤ ਲੋਕਾਂ ਦੇ ਵਿਚਕਾਰ ਰਹਿ ਕੇ ਸੇਵਾ ਕਰਨ ਦੀ ਕਾਰਜਸ਼ੈਲੀ ਤੋਂ ਹਲਕੇ ਦਾ ਹਰ ਵਰਗ ਬੇਹੱਦ ਪ੍ਰਭਾਵਿਤ ਹੈ।ਉਨ੍ਹਾਂ ਕਿਹਾ ਕਿ ਅੱਜ ਸੈਂਕੜੇ ਪਰਿਵਾਰਾਂ ਦੇ ਪਾਰਟੀ ਵਿੱਚ ਸ਼ਾਮਲ ਹੋਣ ਨਾਲ ਵਿਰੋਧੀ ਪਾਰਟੀਆਂ ਨੂੰ ਵੱਡਾ ਝਟਕਾ ਲੱਗਿਆ ਹੈ ਤੇ ਦੌਣ ਕਲਾਂ ਵਿੱਚ ਵਿਰੋਧੀਆਂ ਦਾ ਵਜੂਦ ਲਗਭਗ ਖ਼ਤਮ ਹੋ ਗਿਆ ਹੈ।ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਸਾਰੇ ਪਰਵਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਸਿਰੋਪਾਓ ਪਾ ਕੇ ਸਨਮਾਨਤ ਕੀਤਾ।ਉਨ੍ਹਾਂ ਭਰੋਸਾ ਦਿੱਤਾ ਕਿ ਪਾਰਟੀ ਵਿੱਚ ਹਰ ਇੱਕ ਮੈਂਬਰ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ।ਸ. ਹਡਾਣਾ ਨੇ ਕਿਹਾ ਕਿ ਪਿੰਡ ਦੌਣ ਕਲਾਂ ਦੇ ਵਿਕਾਸ ਕਾਰਜਾਂ ਨੂੰ ਬਿਨਾਂ ਕਿਸੇ ਪੱਖਪਾਤ ਦੇ ਪਹਿਲ ਦੇ ਆਧਾਰ 'ਤੇ ਨੇਪਰੇ ਚਾੜ੍ਹਿਆ ਜਾਵੇਗਾ ਤੇ ਪਿੰਡਾਂ ਦੀ ਨੁਹਾਰ ਬਦਲਨ ਵਿੱਚ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

### ਨਗਰ ਕੌਂਸਲ 'ਤੇ 'ਆਪ' ਦਾ ਕਬਜ਼ਾ, ਸੰਦੀਪ ਬੱਗਾ ਬਣੇ ਪ੍ਰਧਾਨ



**ਬਰੇਟਾ (ਰੀਤਵਾਲ)**-ਬਰੇਟਾ ਨਗਰ ਕੌਂਸਲ ਦੇ ਪ੍ਰਧਾਨ ਪਦ ਲਈ ਹੋਈ ਚੋਣ ਵਿੱਚ ਆਮ ਆਦਮੀ ਪਾਰਟੀ (ਆਪ) ਨੂੰ ਵੱਡੀ ਕਾਮਯਾਬੀ ਮਿਲੀ ਹੈ, ਜਿਸ ਵਿੱਚ ਆਪ ਪਾਰਟੀ ਦੇ ਕੌਂਸਲਰ ਸੰਦੀਪ ਸਿੰਘ ਬੱਗਾ ਨੂੰ ਨਗਰ ਕੌਂਸਲ ਦਾ ਨਵਾਂ ਪ੍ਰਧਾਨ ਤੇ ਅਭਿਤਾਸ ਗੋਇਲ ਨੂੰ ਵਾਇਸ ਪ੍ਰਧਾਨ ਚੁਣਿਆ ਗਿਆ ਹੈ।ਚੋਣ ਦੌਰਾਨ ਕੌਂਸਲਰਾਂ ਨੇ ਇਕਜੁੱਟ ਹੋ ਕੇ ਸੰਦੀਪ ਸਿੰਘ ਬੱਗਾ ਦਾ ਸਮਰਥਨ ਕੀਤਾ। ਨਵੇਂ ਬਣੇ ਪ੍ਰਧਾਨ ਸੰਦੀਪ ਸਿੰਘ ਬੱਗਾ ਨੇ ਖੁਸ਼ੀ ਸਾਂਝੀ ਕਰਦੇ ਹੋਏ ਕਿਹਾ ਕਿ ਸ਼ਹਿਰ ਦੇ ਵਿਕਾਸ, ਸਫ਼ਾਈ, ਪੀਣ ਵਾਲੇ ਪਾਣੀ, ਸੀਵਰੇਜ ਤੇ ਹੋਰ ਬੁਨਿਆਦੀ ਸਹੂਲਤਾਂ ਨੂੰ ਪਹਿਲ ਦੇ ਆਧਾਰ 'ਤੇ ਸੁਧਾਰਿਆ ਜਾਵੇਗਾ।ਉਨ੍ਹਾਂ ਵਿਧਾਇਕ ਬੁੱਧ ਰਾਮ ਤੇ ਸਹਿਯੋਗ ਦੇਣ ਵਾਲੇ ਕੌਂਸਲਰਾਂ ਤੇ ਸ਼ਹਿਰ ਵਾਸੀਆਂ ਦਾ ਧੰਨਵਾਦ ਕੀਤਾ।ਇਸ ਖੁਸ਼ੀ ਵਿੱਚ ਅੱਜ ਆਪ ਪਾਰਟੀ ਦੇ ਵਰਕਰਾਂ ਵੱਲੋਂ ਜਸ਼ਨ ਮਨਾ ਕੇ ਲੱਡੂ ਵੰਡੇ ਗਏ।

## ਰਮਨਦੀਪ ਕੌਰ ਕਤਲ ਕਾਂਡ ਵਿਰੋਧੀ ਐਕਸ਼ਨ ਕਮੇਟੀ ਵੱਲੋਂ ਰੋਸ ਪ੍ਰਦਰਸ਼ਨ 10 ਨੂੰ



**ਮਾਨਸਾ (ਆਤਮਾ ਸਿੰਘ ਪਮਾਰ)**-ਪਿਛਲੇ ਦਿਨੀਂ ਪਟਿਆਲਾ ਵਿਖੇ ਭਾਖੜਾ ਨਹਿਰ 'ਚ ਕਾਰ ਸਮੇਤ ਡੁਬੋ ਕੇ ਕਤਲ ਕੀਤੀ ਗਈ ਮਾਨਸਾ ਸ਼ਹਿਰ ਦੇ ਇੱਕ ਗ਼ਰੀਬ ਪਰਵਾਰ ਦੀ ਧੀ ਰਮਨਦੀਪ ਕੌਰ ਦੀ ਅੰਤਿਮ ਅਰਦਾਸ ਤੇ ਸ਼ਰਧਾਂਜਲੀ ਸਮਾਗਮ ਸਥਾਨਕ ਗੁਰਦੁਆਰਾ ਬਾਗ਼ ਵਾਲਾ ਵਿਖੇ ਹੋਇਆ।ਸ਼ਰਧਾਂਜਲੀ ਸਮਾਗਮ ਦੌਰਾਨ ਸ਼ਹਿਰ ਦੀਆਂ ਵੱਖ ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਰਮਨਦੀਪ ਕੌਰ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਇਨਸਾਫ਼ ਲਈ ਲੜਾਈ ਜਾਰੀ ਰੱਖਣ ਦਾ ਅਹਿਦ ਲਿਆ।ਇਸ ਸਮੇਂ ਹੋਈ ਰਮਨਦੀਪ ਕੌਰ ਕਤਲ ਕਾਂਡ ਵਿਰੋਧੀ ਐਕਸ਼ਨ ਕਮੇਟੀ ਦੀ ਮੀਟਿੰਗ 'ਚ ਫੈਸਲਾ ਕੀਤਾ ਗਿਆ ਕਿ ਕਤਲ 'ਚ ਸ਼ਾਮਲ ਬਾਕੀ ਦੋਸ਼ੀਆਂ ਨੂੰ ਗ੍ਰਿਫਤਾਰ ਨਾ ਕਰਨ ਅਤੇ ਐੱਸ ਸੀ/ਐੱਸ ਟੀ ਐਕਟ ਦਾ ਵਾਧਾ ਨਾ ਕਰਨ ਖ਼ਿਲਾਫ਼ 10 ਜੁਲਾਈ ਨੂੰ ਐੱਸ ਐੱਸ ਪੀ ਦਫ਼ਤਰ ਪਟਿਆਲਾ ਅੱਗੇ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।ਐਕਸ਼ਨ ਕਮੇਟੀ ਦੇ ਆਗੂਆਂ ਭਗਵੰਤ ਸਮਾਓਂ, ਜਸਵੀਰ ਕੌਰ ਨੱਤ, ਮੰਜੂ ਜਿੰਦਲ, ਅਰਵਿੰਦਰ ਕੌਰ, ਜਸਵੰਤ ਸਿੰਘ, ਸਿੰਗਾਰਾ ਸਿੰਘ, ਜਗਸੀਰ ਸਿੰਘ, ਅਵਤਾਰ ਸਿੰਘ, ਰਜਿੰਦਰ ਸਿੰਘ, ਸੁਰਿੰਦਰਪਾਲ ਸ਼ਰਮਾ, ਰਾਜੂ ਦਰਾਕਾ, ਗੁਰਸੇਵਕ ਸਿੰਘ ਮਾਨ, ਮਾਸਟਰ ਪਰਮਿੰਦਰ ਸਿੰਘ, ਅਮੋਲਕ ਡੇਲੂਆਣਾ, ਹੰਸਾ ਸਿੰਘ, ਮਾਸਟਰ ਗੁਰਮੇਲ ਸਿੰਘ, ਮਨਜੀਤ ਸਿੰਘ ਪਟਵਾਰੀ, ਜਸਵੀਰ ਸਿੰਘ, ਮਾਨਸਾ ਨੇ ਦੱਸਿਆ ਕਿ 30 ਜੂਨ ਨੂੰ ਐੱਸ ਐੱਸ ਪੀ ਪਟਿਆਲਾ ਨੂੰ ਮੰਗ ਪੱਤਰ ਦੇਣ ਦੇ ਬਾਵਜੂਦ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ, ਜਿਸ ਕਾਰਨ ਪਰਵਾਰ ਤੇ ਸ਼ਹਿਰ ਵਾਸੀਆਂ 'ਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਇਸ ਸਮੇਂ ਸ਼ਹਿਰ ਦੇ ਪਤਵੰਤੇ ਸੱਜਣਾਂ ਅਕਾਲੀ ਦਲ ਦੇ ਸੀਨੀਅਰ ਆਗੂ ਪ੍ਰੇਮ ਕੁਮਾਰ ਅਰੋੜਾ, ਹਲਕਾ ਵਿਧਾਇਕ ਮਾਨਸਾ ਡਾ. ਵਿਜੈ ਸਿੰਗਲਾ ਤੇ ਨਿਰੰਕਾਰੀ ਮਿਸ਼ਨ ਦੇ ਆਗੂਆਂ ਵੱਲੋਂ ਵੀ ਮ੍ਰਿਤਕ ਰਮਨਦੀਪ ਕੌਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।

## ਰੋਟਰੀ ਕਲੱਬ ਦੇ ਸਮਾਗਮ 'ਚ ਨੰਨ੍ਹੀ ਬੱਚੀ ਨੇ ਨਾਅਤ ਪੇਸ਼ ਕਰਕੇ ਜਿੱਤਿਆ ਸਭ ਦਾ ਦਿਲ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਰੋਟਰੀ ਕਲੱਬ ਮਾਲੇਰਕੋਟਲਾ ਦੇ ਪ੍ਰਧਾਨ ਡਾਕਟਰ ਸਈਅਦ ਤਨਵੀਰ ਹੁਸੈਨ ਦੇ ਪ੍ਰਧਾਨਗੀ ਕਾਰਜਕਾਲ ਦੇ ਸਮਾਪਨ ਮੌਕੇ ਸਥਾਨਕ ਹੋਟਲ ਰਾਇਲ ਹਿਲਜ਼ ਵਿਖੇ ਇੱਕ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ।ਇਸ ਸਮਾਗਮ ਵਿੱਚ ਇੱਕ ਨੰਨ੍ਹੀ ਬੱਚੀ ਉਰਵਾ ਨੇ ਆਪਣੀ ਪ੍ਰਭਾਵਸ਼ਾਲੀ ਪੇਸ਼ਕਾਰੀ ਨਾਲ ਹਾਜ਼ਰ ਸਾਰੇ ਪਤਵੰਤਿਆਂ ਦਾ ਦਿਲ ਜਿੱਤ ਲਿਆ।ਨੰਨ੍ਹੀ ਉਰਵਾ ਨੇ ਪਿਆਰੇ ਨਬੀ ਹਜ਼ਰਤ ਮੁਹੰਮਦ ਸਾਹਿਬ ਸਲ. ਵਸੱਲਮ ਦੀ ਸ਼ਾਨ ਵਿੱਚ ਇੱਕ ਖ਼ੂਬਸੂਰਤ ਨਾਅਤ 'ਅੱਲਾ ਨੇ ਮੁਝ ਕੋ ਪੈਦਾ ਕੀਆ, ਐਮਨ ਨੇ ਗੋਦ ਮੇਂ ਥਾਮ ਲਿਆ...' ਪੇਸ਼ ਕਰਕੇ ਸਭ ਨੂੰ ਹੈਰਾਨ ਕਰ ਦਿੱਤਾ।ਉਰਵਾ ਮਾਸਟਰ ਮੁਹੰਮਦ ਇਰਸ਼ਾਦ ਤੇ ਮਾਤਾ ਨਾਹਿਦਾ ਪ੍ਰਵੀਨ ਦੀ ਹੋਣਹਾਰ ਸਭ ਤੋਂ ਛੋਟੀ ਬੇਟੀ ਹੈ, ਜੋ ਸਥਾਨਕ ਅਲ ਫਲਾਹ ਸਕੂਲ ਵਿੱਚ ਐੱਲ.ਕੇ.ਜੀ. ਦੀ ਵਿਦਿਆਰਥਣ ਹੈ।ਉਰਵਾ ਦੀਆਂ ਇਨ੍ਹਾਂ ਪ੍ਰਾਪਤੀਆਂ ਨੂੰ ਦੇਖਦੇ ਹੋਏ ਰੋਟਰੀ ਕਲੱਬ ਦੇ ਪ੍ਰਧਾਨ ਡਾਕਟਰ ਸਈਅਦ ਤਨਵੀਰ ਹੁਸੈਨ ਨੇ ਉਸ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ।

# ਮਜ਼ਦੂਰ ਜਥੇਬੰਦੀਆਂ ਨੇ ਪੰਜਾਬ ਸਰਕਾਰ ਦੇ ਨਾਂਅ ਭੇਜਿਆ ਮੰਗ ਪੱਤਰ



ਝਬਾਲ (ਹਰਜਿੰਦਰ ਸਿੰਘ ਸੋਨੀ)-ਪੰਜਾਬ ਦੀਆਂ ਸੰਘਰਸ਼ਸ਼ੀਲ ਜਥੇਬੰਦੀਆਂ ਦੇ ਸਾਂਝੇ ਮੋਰਚੇ ਵੱਲੋਂ ਸਰਬਜੀਤ ਸਿੰਘ ਮੁਧਲ, ਗੁਰਦੀਪ ਸਿੰਘ, ਗੁਰਨਾਮ ਸਿੰਘ ਤਲਵੰਡੀ ਅਤੇ ਗੁਰਨਾਮ ਸਿੰਘ ਭਿੰਡਰ ਦੀ ਪ੍ਰਧਾਨਗੀ ਹੇਠ ਮਜ਼ਦੂਰ ਮੰਗਾਂ/ਮਸਲਿਆਂ ਦਾ ਇੱਕ ਮੰਗ ਪੱਤਰ ਡੀਸੀ ਅੰਮ੍ਰਿਤਸਰ ਨੂੰ ਦਿੱਤਾ ਗਿਆ ਜੋ ਡੀਆਰਓ ਵੱਲੋਂ ਰਿਸੀਵ ਕੀਤਾ ਗਿਆ।ਇਸ ਵਕਤ ਮਜ਼ਦੂਰ ਜਥੇਬੰਦੀਆਂ ਦੇ ਨੁਮਾਇੰਦਾ ਇਕੱਠ ਨੂੰ ਸੰਬੋਧਨ ਕਰਦਿਆਂ ਦਿਹਾਤੀ ਮਜ਼ਦੂਰ ਸਭਾ ਦੇ ਸੂਬਾਈ ਸਕੱਤਰ ਗੁਰਨਾਮ ਸਿੰਘ ਦਾਊਦ, ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਸੂਬਾ ਮੀਤ ਪ੍ਰਧਾਨ ਨਿਰਮਲ ਸਿੰਘ ਛੱਜਲਵੱਡੀ, ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾਈ ਆਗੂ ਜਸਬੀਰ ਸਿੰਘ ਝਬਾਲ ਅਤੇ ਖੇਤ ਮਜ਼ਦੂਰ ਸਭਾ ਪੰਜਾਬ ਦੇ ਆਗੂ ਗੁਰਦੀਪ ਸਿੰਘ ਗਰਵਾਲੀ ਨੇ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਪੰਜਾਬ ਸਰਕਾਰ ਦਾ ਖਾਸਾ ਮਜ਼ਦੂਰ ਵਿਰੋਧੀ ਸਾਬਤ ਹੋਇਆ ਹੈ।ਉਕਤ ਜਥੇਬੰਦੀਆਂ ਦੇ ਆਗੂਆਂ ਨੇ ਕਿਹਾ ਕਿ ਮਜ਼ਦੂਰਾਂ ਦੇ ਮੁੱਖ ਮਸਲੇ ਜਿਵੇਂ ਕਿ ਸਮਾਜਿਕ ਸੁਰੱਖਿਆ ਪੈਨਸ਼ਨ 5000 ਰੁਪਏ ਮਹੀਨਾ, ਘਰ ਬਣਾਉਣ ਲਈ 10-10 ਮਰਲੇ ਦੇ ਪਲਾਟ, ਘਰ ਦੀ ਉਸਾਰੀ ਲਈ 5 ਲੱਖ ਦੀ ਗ੍ਰਾਂਟ, ਮਨਰੇਗਾ ਦੀ ਪੁਰਾਣੀ ਸਕੀਮ ਅਧੀਨ 200 ਦਿਨ ਕੰਮ ਅਤੇ 700 ਰੁਪਏ ਦਿਹਾੜੀ ਬਿਜਲੀ ਬਿੱਲ ਬਕਾਇਆ ਤੇ ਲੀਕ ਮਾਰ ਕੇ ਕੱਟੇ ਕੁਨੈਕਸ਼ਨ ਜੋੜੇ ਜਾਣ, ਜਾਤੀ ਭੇਦ ਭਾਵ ਅਤੇ ਛੂਆ-ਛਾਤ ਨੂੰ ਜੜ੍ਹੋਂ ਖਤਮ ਕਰਨ ਤੋਂ ਇਲਾਵਾ ਹੋਰ ਵੀ ਕਈ ਮੰਗਾਂ ਹਨ। ਉਨ੍ਹਾਂ ਕਿਹਾ ਕਿ ਮਜ਼ਦੂਰ ਆਪਣੇ ਹੱਕਾਂ ਲਈ ਆਉਣ ਵਾਲੇ ਸਮੇਂ ਵਿੱਚ ਤਿੱਖੇ ਸੰਘਰਸ਼ ਵਿੱਢਣਗੇ। ਇਸ ਸਮੇਂ ਮੁੱਖ ਤੌਰ 'ਤੇ ਜਗੀਰ ਸਿੰਘ ਸਰਜਾ, ਹਰਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ਰਈਆ, ਗੁਰਦੀਪ ਸਿੰਘ ਛੱਜਲਵੱਡੀ, ਚਰਨਜੀਤ ਸਿੰਘ ਖਲਚੀਆਂ, ਅਮਰਜੀਤ ਸਿੰਘ ਚੌਹਾਨ, ਓਮ ਪ੍ਰਕਾਸ਼ ਅੰਮ੍ਰਿਤਸਰ ਆਦਿ ਮੁੱਖ ਤੌਰ 'ਤੇ ਹਾਜ਼ਰ ਸਨ।

# ਕੈਬਨਿਟ ਮੰਤਰੀ ਕਟਾਰੂਚੱਕ ਨੇ ਪਿੰਡਾਂ 'ਚ ਲੋਕ ਮਿਲਣੀਆਂ ਕਰਕੇ ਸਮੱਸਿਆਵਾਂ ਸੁਣੀਆਂ



ਪਠਾਨਕੋਟ, (ਦਵਿੰਦਰ ਸਿੰਘ): ਪੰਜਾਬ ਸਰਕਾਰ ਵੱਲੋਂ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰ-ਦੁਆਰ ਤੱਕ ਪਹੁੰਚ ਕੇ ਸੁਣਨ ਅਤੇ ਸਰਕਾਰੀ ਭਲਾਈ ਯੋਜਨਾਵਾਂ ਬਾਰੇ ਸਿੱਧੀ ਜਾਣਕਾਰੀ ਦੇਣ ਦੇ ਉਦੇਸ਼ ਨਾਲ ਚਲਾਈਆਂ ਜਾ ਰਹੀਆਂ ਲੋਕ ਮਿਲਣੀਆਂ ਦੇ ਸਿਲਸਿਲੇ ਤਹਿਤ ਪੰਜਾਬ ਦੇ ਕੈਬਨਿਟ ਮੰਤਰੀ ਕਟਾਰੂਚੱਕ ਨੇ ਵਿਧਾਨ ਸਭਾ ਹਲਕਾ ਭੋਆ ਦੇ ਪਿੰਡ ਗੋਬਿੰਦਸਰ, ਠਾਕੁਰਪੁਰ, ਭਰਿਆਲ ਅਤੇ ਭਾਦਾਂ ਦਾਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਕਈ ਮਾਮਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਵੀ ਕੀਤਾ।ਲੋਕ ਮਿਲਣੀਆਂ ਦੌਰਾਨ ਸੰਬੋਧਨ ਕਰਦਿਆਂ ਲਾਲ ਚੰਦ ਕਟਾਰੂ ਚੱਕ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਲੋਕ-ਪੱਖੀ ਨੀਤੀਆਂ ਨੂੰ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਵੱਖ-ਵੱਖ ਭਲਾਈ ਯੋਜਨਾਵਾਂ ਦਾ ਲਾਭ ਵੱਡੀ ਗਿਣਤੀ ਵਿੱਚ ਲੋਕਾਂ ਤੱਕ ਪਹੁੰਚ ਰਿਹਾ ਹੈ ਅਤੇ ਲੋਕਾਂ ਵੱਲੋਂ ਵੀ ਇਨ੍ਹਾਂ ਯੋਜਨਾਵਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਖੇਡਾਂ ਨੂੰ ਉਤਸ਼ਾਹਿਤ ਕਰਨ ਅਤੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡਾਂ ਵਿੱਚ ਖੇਡ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ।ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ, ਸਤਿਕਾਰ ਅਤੇ ਭਾਰੀ ਸਮਰਥਨ ਉਨ੍ਹਾਂ ਨੂੰ ਹੋਰ ਵੱਧ ਜਨਸੇਵਾ ਲਈ ਪ੍ਰੇਰਿਤ ਕਰਦਾ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਹਲਕੇ ਦੇ ਵਿਕਾਸ ਅਤੇ ਲੋਕਾਂ ਦੀ ਭਲਾਈ ਲਈ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਲਗਾਤਾਰ ਯਤਨ ਜਾਰੀ ਰਹਿਣਗੇ ਅਤੇ ਹਰ ਯੋਗ ਮੰਗ ਨੂੰ ਤਰਜੀਹ ਦੇ ਆਧਾਰ 'ਤੇ ਪੂਰਾ ਕੀਤਾ ਜਾਵੇਗਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਨਰੇਸ਼ ਕੁਮਾਰ ਸੈਨੀ ਸਕੱਤਰ ਮਾਝਾ ਜ਼ੋਨ ਪੰਜਾਬ ਬੀ ਸੀ ਸੈੱਲ, ਪਵਨ ਕੁਮਾਰ ਫੌਜੀ ਚੇਅਰਮੈਨ ਬਲਾਕ ਸੰਮਤੀ ਘਰੋਟਾ, ਭੁਪਿੰਦਰ ਸਿੰਘ ਮੁੰਨਾ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਸੋਹਣ ਲਾਲ ਭਟੋਆ, ਸਰਪੰਚ ਰਵੀ ਜਸਵਾਲੀ, ਸਰਪੰਚ ਕੁਲਦੀਪ ਪਟਵਾ, ਸਰਪੰਚ ਰਵੀ ਠਾਕੁਰਪੁਰ, ਸਤਪਾਲ ਠਾਕੁਰਪੁਰ, ਨਾਜੋਵਾਲ ਰਾਜੂ, ਰਿੰਕੂ ਕਨਵਾ ਸਰਪੰਚ ਸਭਾ ਜਗਤਪੁਰ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ, ਪੰਚਾਇਤੀ ਨੁਮਾਇੰਦੇ ਅਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਵੀ ਹਾਜ਼ਰ ਸਨ।

# ਭਗਤ ਕਬੀਰ ਜੀ ਦਾ ਮਨਾਇਆ 628ਵਾਂ ਪ੍ਰਕਾਸ਼ ਦਿਹਾੜਾ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਲੋਕ ਭਲਾਈ ਮੰਚ ਪੰਜਾਬ ਦੇ ਅਹੁਦੇਦਾਰਾਂ ਨੇ ਮੰਚ ਦੇ ਮੁੱਖ ਦਫਤਰ ਕੱਚੀ ਮਿੱਟੀ ਰੋਡ ਏਕਤਾ ਨਗਰ ਢਪੱਈ ਵਿਖੇ ਮਾਸਟਰ ਸੁਖਦੇਵ ਸਿੰਘ ਦੀ ਪ੍ਰਧਾਨਗੀ ਹੇਠ ਸਤਿਗੁਰੂ ਭਗਤ ਕਬੀਰ ਜੀ ਦਾ 628ਵਾਂ ਪ੍ਰਕਾਸ਼ ਉਤਸਵ ਸੈਮੀਨਾਰ ਕਰਕੇ ਮਨਾਇਆ ਗਿਆ। ਇਸ ਸਮੇਂ ਦੌਰਾਨ ਹੋਈ ਵਿਸ਼ੇਸ਼ ਇਕੱਤਰਤਾ ਵਿੱਚ ਬਲਬੀਰ ਸਿੰਘ ਝਾਮਕਾ, ਕੁਲਦੀਪ ਸਿੰਘ, ਸੁਖਦੇਵ ਸਿੰਘ, ਜਸਬੀਰ ਸਿੰਘ ਗੁਮਾਨਪੁਰਾ, ਬਾਜ ਸਿੰਘ ਭਰਾੜੀਵਾਲ ਤੇ ਮਾਸਟਰ ਡਾਕਟਰ ਅਮਰਜੀਤ ਸਿੰਘ ਗਿੱਲ ਨੇ ਸਤਿਗੁਰੂ ਭਗਤ ਕਬੀਰ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।

ਇਸ ਸਮੇਂ ਸਾਰਿਆਂ ਨੇ ਪ੍ਰਣ ਕੀਤਾ ਕਿ ਉਹ ਸਤਿਗੁਰੂ ਭਗਤ ਕਬੀਰ ਜੀ ਦੇ ਦਿੱਤੇ ਹੋਏ ਰਸਤੇ ਤੇ ਸਿੱਖਿਆਵਾਂ 'ਤੇ ਚੱਲਣ ਦਾ ਯਤਨ ਕਰਨਗੇ।

ਇਸ ਸਮੇਂ ਉਪਰੋਕਤ ਤੋਂ ਇਲਾਵਾ ਤੀਰਥ ਰਾਮ, ਜੀਤਲਾਲ, ਕਿਰਪਾਲ ਸਿੰਘ, ਥਾਣੇਦਾਰ ਬਲਦੇਵ ਸਿੰਘ, ਅਮਰੀਕ ਸਿੰਘ, ਬੀਬੀ ਕੁਲਵੰਤ ਕੌਰ, ਸੰਨੀ ਕੁਮਾਰ, ਅੰਕੁਸ਼ ਕੁਮਾਰ, ਰਾਜੇਸ਼ ਕੁਮਾਰ, ਕਿਸ਼ਨ ਲਾਲ, ਸੰਦੀਪ ਕੁਮਾਰ, ਬੀਬੀ ਦਰਸ਼ਨਾ ਕੁਮਰੀ, ਬੀਬੀ ਰਾਜ ਰਾਣੀ, ਵਰਿਆਮ ਚੰਦ ਤੇ ਬੀਬੀ ਨਰੇਸ਼ ਕੁਮਾਰੀ ਆਦਿ ਵੀ ਹਾਜ਼ਰ ਸਨ।

# ਯਾਰਾਂ ਦੇ ਯਾਰ ਹਰਪਾਲ ਸਿੰਘ ਗਿੱਲ ਦੀ ਘਾਟ ਹਮੇਸ਼ਾ ਰੜਕਦੀ ਰਹੇਗੀ

ਅੱਜ ਭੋਗ 'ਤੇ ਵਿਸ਼ੇਸ਼



ਤਰਸਿੱਕਾ : ਸਾਊ ਸੁਭਾਅ ਦੇ ਮਾਲਕ, ਯਾਰਾਂ ਦੇ ਯਾਰ ਅਤੇ ਕੰਮ ਨੂੰ ਸਮਰਪਿਤ ਸਨ ਹਰਪਾਲ ਸਿੰਘ ਗਿੱਲ ਸੇਵਾ ਮੁਕਤ ਪੰਚਾਇਤ ਅਫਸਰ ਜਿਨ੍ਹਾਂ ਦੇ ਤੁਰ ਜਾਣ ਨਾਲ ਉਨ੍ਹਾਂ ਦੇ ਚਾਹੁਣ ਵਾਲਿਆਂ ਨੂੰ ਉਨ੍ਹਾਂ ਦੀ ਘਾਟ ਹਮੇਸ਼ਾ ਰੜਕਦੀ ਰਹੇਗੀ। ਹਰਪਾਲ ਸਿੰਘ ਗਿੱਲ ਦਾ ਜਨਮ 20 ਮਾਰਚ 1966 ਨੂੰ ਪਿਤਾ ਸਾਧਾ ਸਿੰਘ ਅਤੇ ਮਾਤਾ ਸਵਿੰਦਰ ਕੌਰ ਦੇ ਗ੍ਰਹਿ ਪਿੰਡ ਜੀਵਨ ਭੰਦੇਰ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਹੋਇਆ।

ਬੀਏ ਖਾਲਸਾ ਕਾਲਜ ਅੰਮ੍ਰਿਤਸਰ ਤੋਂ ਕਰਨ ਉਪਰੰਤ ਉਹ 2001 ਵਿੱਚ ਪੰਚਾਇਤ ਵਿਭਾਗ ਵਿੱਚ ਬਤੌਰ ਪੰਚਾਇਤ ਸੈਕਟਰੀ ਭਰਤੀ ਹੋ ਗਏ। ਉਨ੍ਹਾਂ ਦਾ ਵਿਆਹ ਬੀਬੀ ਸੁਖਜਿੰਦਰ ਕੌਰ ਨਾਲ ਹੋਇਆ ਜੋ ਪਿੰਡ ਦੇ ਸਰਪੰਚ ਵੀ ਰਹਿ ਚੁੱਕੇ ਹਨ। 2023 'ਚ ਉਹ ਪੰਚਾਇਤ ਅਫਸਰ ਵਜੋਂ ਰਿਟਾਇਰ ਹੋਏ ਅਤੇ ਸਮਾਜ ਸੇਵਾ ਵਿੱਚ ਹਿੱਸਾ ਲੈਣ ਲੱਗ ਪਏ। ਉਹ ਇੰਨੇ ਵਧੀਆ ਇਨਸਾਨ ਸਨ ਕਿ ਸੇਵਾਮੁਕਤ ਹੋਣ ਤੋਂ ਬਾਅਦ ਵੀ ਪੰਚਾਇਤ ਵਿਭਾਗ ਦੇ ਕੰਮ ਆਪਣੇ ਸਾਥੀਆਂ ਨਾਲ ਮਿਲ ਕੇ ਨਿਪਟਾਉਂਦੇ ਰਹੇ। ਅਜੇ ਹਰਪਾਲ ਸਿੰਘ ਗਿੱਲ ਤੋਂ ਬਹੁਤ ਸਾਰੀਆਂ ਆਸਾਂ ਸਨ ਪਰ ਅਚਾਨਕ 27 ਜੂਨ 2026 ਨੂੰ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਜਿਨ੍ਹਾਂ ਨਮਿੱਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਅੱਜ 6 ਜੁਲਾਈ ਦਿਨ ਸੋਮਵਾਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਜੀਵਨ ਪੰਧੇਰ ਵਿਖੇ ਪੈਣ ਉਪਰੰਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਪਾਤਸ਼ਾਹੀ ਛੇਵੀਂ ਮੱਤੇਵਾਲ (ਬੋਪਾਰਾਏ) ਅੰਮ੍ਰਿਤਸਰ ਮਹਿਤਾ ਰੋਡ ਵਿਖੇ ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ ਹੋਵੇਗਾ। ਆਓ ਰਲ ਕੇ ਸਾਰੇ ਹੀ ਵਿੱਛੜੀ ਰੂਹ ਨੂੰ ਸ਼ਰਧਾ ਦੇ ਫੁੱਲ ਭੇਟ ਕਰੀਏ।

(ਤਰਸੇਮ ਸਿੰਘ ਸਾਧਪੁਰ)

# ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਵੱਲੋਂ ਫਿਰਨੀ ਦਾ ਉਦਘਾਟਨ



ਢਿੱਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)-ਕਸਬਾ ਢਿੱਲਵਾਂ ਦੀ ਫ਼ਿਰਨੀ ਦਾ ਉਦਘਾਟਨ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਡਾਇਰੈਕਟਰ ਜਲ ਸਰੋਤ ਵਿਭਾਗ ਪੰਜਾਬ ਅਤੇ ਕਾਰਜ ਸਾਧਕ ਅਫਸਰ ਰਣਦੀਪ ਸਿੰਘ ਵੜੈਚ, ਰਜਨੀ ਸ਼ਰਮਾ ਪ੍ਰਧਾਨ ਨਗਰ ਪੰਚਾਇਤ ਢਿੱਲਵਾਂ ਨੇ ਸਾਂਝੇ ਤੌਰ 'ਤੇ ਕੀਤਾ। ਉਦਘਾਟਨ ਉਪਰੰਤ ਹਰਸਿਮਰਨ ਸਿੰਘ ਘੁੰਮਣ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਕੰਮ ਲਈ ਸਮੂਹ ਕੌਂਸਲਰ ਅਤੇ ਇਲਾਕਾ ਨਿਵਾਸੀ ਵਧਾਈ ਦੇ ਪਾਤਰ ਹਨ। ਉਨ੍ਹਾਂ ਦੱਸਿਆ ਕਿ ਇਸ ਫਿਰਨੀ 'ਤੇ 1 ਕਰੋੜ 30 ਲੱਖ ਰੁਪਿਆ ਖਰਚਾ ਆਵੇਗਾ।

ਇਸ ਤੋਂ ਇਲਾਵਾ ਇਲਾਕੇ ਵਿੱਚ ਸੀਵਰੇਜ ਦਾ ਜਿਸ ਨੇ ਕੁਨੈਕਸ਼ਨ ਲੈਣਾ ਹੈ, ਉਹ ਸਮੇਂ ਸਿਰ ਲੈ ਲੈਣ ਕਿਉਂਕਿ ਬਾਅਦ ਵਿੱਚ ਨਵੀਆਂ ਸੜਕਾਂ ਨਾ ਪੁੱਟਿਓ, ਬਹੁਤ ਨੁਕਸਾਨ ਹੁੰਦਾ ਹੈ। ਇਸ ਮੌਕੇ ਇਲਾਕਾ ਨਿਵਾਸੀਆਂ ਵੱਲੋਂ ਐਡਵੋਕੇਟ ਹਰਸਿਮਰਨ ਸਿੰਘ ਘੁੰਮਣ ਦਾ ਨਗਰ ਪੰਚਾਇਤ ਦਫਤਰ ਵਿਖੇ ਕਰਵਾਏ ਗਏ ਇੱਕ ਸਮਾਗਮ ਦੌਰਾਨ ਸਿਰੋਪਾਓ ਭੇਟ ਕਰਕੇ ਸਨਮਾਨ ਕੀਤਾ ਗਿਆ। ਇਸ ਮੌਕੇ ਬਲਜੀਤ ਸਿੰਘ ਢਿੱਲੋਂ ਸਿਟੀ ਪ੍ਰਧਾਨ, ਹਰਨੇਕ ਸਿੰਘ ਚੱਕੀ ਵਾਲ਼ੇ, ਦਲਬੀਰ ਵਸੀਕਾ, ਕੌਂਸਲਰ ਹਰਜਿੰਦਰ ਸਿੰਘ, ਸ਼ਿੰਦਰ ਕੌਂਸਲਰ, ਬਲਰਾਜ ਸਿੰਘ ਗਾਇਕ, ਵਿੱਕੀ ਭਮਰਾ, ਸੁਰਜੀਤ ਸਿੰਘ ਗੋਰਾ, ਦਿਲਦਾਰ ਸਿੰਘ, ਗੁਰਪ੍ਰੀਤ ਸਿੰਘ ਨੰਦਰਾ, ਕੁਲਵਿੰਦਰ ਸਿੰਘ ਲੱਕੀ, ਥਾਣਾ ਮੁੱਖੀ ਹਰਜਿੰਦਰ ਸਿੰਘ, ਸਬ-ਇੰਸਪੈਕਟਰ ਕੁਲਦੀਪ ਸਿੰਘ, ਕਰਮਜੀਤ ਸਿੰਘ ਢਿੱਲੋਂ, ਹਰਪ੍ਰੀਤ ਸਿੰਘ ਨੰਬਰਦਾਰ, ਮਾਸਟਰ ਮਨਜੀਤ ਸਿੰਘ, ਬਾਵਾ ਬਲਦੇਵ ਸਿੰਘ ਬਿੱਲਾ ਕੌਂਸਲਰ, ਸੁਨੀਲ ਅਨੰਦ ਕੌਂਸਲਰ, ਰਸ਼ਪਾਲ ਸ਼ਰਮਾ ਪ੍ਰਧਾਨ ਨਗਰ ਪੰਚਾਇਤ ਭੁਲੱਥ, ਬੂਟਾ ਸਿੰਘ ਵਾਈਸ ਪ੍ਰਧਾਨ, ਕਮਲ ਕੁਮਾਰ, ਵਿਪਨ ਕੁਮਾਰ, ਰਣਦੀਪ ਸਿੰਘ ਵੜੈਚ ਕਾਰਜ ਸਾਧਕ ਅਫਸਰ ਢਿੱਲਵਾਂ, ਸੁਰਜੀਤ ਸਿੰਘ ਗੋਰਾ , ਸੰਜੀਵ ਸ਼ਰਮਾ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਪਵਿੱਤਰ ਅਸਥਾਨਾਂ ਦੇ ਦਰਸ਼ਨਾਂ ਲਈ ਸ਼ਰਧਾਲੂਆਂ ਦੀ ਬੱਸ ਰਵਾਨਾ

ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਹਲਕਾ ਮਜੀਠਾ 'ਚ ਪੈਂਦੇ ਪਿੰਡ ਚਵਿੰਡਾ ਦੇਵੀ ਵਿੱਚ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦੀ ਅਗਵਾਈ ਹੇਠ ਪਿੰਡ ਚਵਿੰਡਾ ਦੇਵੀ ਤੋਂ ਸ਼ਰਧਾਲੂਆਂ ਨੂੰ ਪਵਿੱਤਰ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਪਹਿਲੀ ਬੱਸ ਰਵਾਨਾ ਕੀਤੀ ਗਈ। ਇਸ ਮੌਕੇ ਚੇਅਰਮੈਨ ਦੀਪਕ ਭੰਡਾਰੀ ਨੇ ਕਿਹਾ ਕਿ ਅਸੀਂ ਭਗਵੰਤ ਮਾਨ ਦੀ ਇਹ ਯੋਜਨਾ ਦੀ ਬਹੁਤ ਸ਼ਲਾਘਾ ਕਰਦੇ ਹਾਂ ਅਤੇ ਹਲਕਾ ਇੰਚਾਰਜ ਤਲਬੀਰ ਸਿੰਘ ਗਿੱਲ ਦਾ ਵੀ ਧੰਨਵਾਦ ਕਰਦੇ ਹਾਂ ਕਿ ਜੋ ਕਿ ਸਾਡੇ ਹਲਕੇ ਦੀਆਂ ਸੰਗਤਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾ ਰਹੇ ਹਨ। ਇਹ ਯਾਤਰਾ ਤਿੰਨ ਦਿਨ ਅਤੇ ਦੋ ਰਾਤਾਂ ਦੀ ਹੈ ਜੋ ਨੈਣਾਂ ਦੇਵੀ, ਆਨੰਦਪੁਰ ਸਾਹਿਬ, ਕੀਰਤਪੁਰ ਸਾਹਿਬ ਅਤੇ ਅਜੂਬਾ ਚਾਰ ਸਥਾਨਾਂ 'ਤੇ ਜਾਵੇਗੀ ਅਤੇ ਸੰਗਤਾਂ ਵਿੱਚ ਬਹੁਤ ਖੁਸ਼ੀ ਦੀ ਲਹਿਰ ਹੈ।ਇਸ ਮੌਕੇ ਰਿਟਾਇਰਡ ਪ੍ਰਿੰਸੀਪਲ-ਸਾਬਕਾ ਸਰਪੰਚ ਸਰਦਾਰ ਗੰਗਾ ਸਿੰਘ, ਸਾਬਕਾ ਮੈਂਬਰ ਪੰਚਾਇਤ ਜਸਪਾਲ ਸ਼ਰਮਾ, ਸਰਦਾਰ ਮੁਖਤਾਰ ਸਿੰਘ, ਅਸ਼ੋਕ ਭੰਡਾਰੀ, ਮੁੱਖ ਸੇਵਾਦਾਰ ਮਮਤਾ ਸੁੰਦਰ, ਰਾਧਾ ਭੰਡਾਰੀ, ਰਮੇਸ਼ ਰਾਣੀ, ਪੁਰਸ਼ੋਤਮ ਟੇਲਰ, ਹਰਭਜਨ ਲਾਲ ਬਾਵਾ, ਮੀਨਾਕਸ਼ੀ ਬਾਵਾ, ਭਰਤ ਸੁੰਦਰ, ਸਨੀ ਬਾਵਾ, ਸ਼ਿਵ ਬਾਵ, ਰਾਜਨ ਸ਼ਰਮਾ, ਸਾਜਨ ਸ਼ਰਮਾ ਆਦੀ ਹਾਜ਼ਰ ਸਨ।



# ਰੌਇਲ ਪ੍ਰੈੱਸ ਕਲੱਬ ਜੰਡਿਆਲਾ ਗੁਰੂ (ਅੰਮ੍ਰਿਤਸਰ) ਦੀ ਨਵੀਂ ਟੀਮ ਦਾ ਗਠਨ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ): ਸਮੂਹ ਸ਼ੇਰੇ ਪੰਜਾਬ ਪ੍ਰੈੱਸ ਕਲੱਬ ਦੇ ਪੱਤਰਕਾਰ ਸਾਥੀਆਂ ਦੀ ਇਕੱਤਰਤਾ, ਆਪਸੀ ਏਕਤਾ, ਵਿਸ਼ਵਾਸ ਅਤੇ ਪਿਆਰ ਨੇ ਇੱਕ ਵਾਰ ਫਿਰ ਇਹ ਸਾਬਤ ਕਰ ਦਿੱਤਾ ਕਿ ਪੱਤਰਕਾਰ ਭਾਈਚਾਰਾ ਹਰ ਹਾਲਾਤ ਵਿੱਚ ਇੱਕ-ਦੂਜੇ ਦੇ ਨਾਲ ਚੱਟਾਨ ਵਾਂਗ ਡਟ ਕੇ ਖੜ੍ਹਾ ਹੈ।ਮੀਟਿੰਗ ਦੌਰਾਨ ਕੁਝ ਨਕਾਰਾਤਮਕ ਅਤੇ ਛੋਟੀ ਸੋਚ ਵਾਲੀਆਂ ਗੱਲਾਂ ਨੂੰ ਨਜ਼ਰਅੰਦਾਜ਼ ਕਰਦਿਆਂ ਆਪਸੀ ਸਤਿਕਾਰ ਅਤੇ ਭਾਈਚਾਰੇ ਦੇ ਮਾਹੌਲ ਵਿੱਚ ਸਰਬਸੰਮਤੀ ਨਾਲ ਮਹੱਤਵਪੂਰਨ ਫ਼ੈਸਲੇ ਲਏ ਗਏ।ਇਸ ਮੌਕੇ ਸ਼ੇਰੇ ਪੰਜਾਬ ਪ੍ਰੈੱਸ ਕਲੱਬ ਦਾ ਨਾਂਅ ਬਦਲ ਕੇ ਰੌਇਲ ਪ੍ਰੈੱਸ ਕਲੱਬ, ਜੰਡਿਆਲਾ ਗੁਰੂ (ਅੰਮ੍ਰਿਤਸਰ) ਰੱਖਿਆ ਗਿਆ।ਇਸ ਦੇ ਨਾਲ ਹੀ ਪ੍ਰੈੱਸ ਕਲੱਬ ਦੀ ਨਵੀਂ ਕਾਰਜਕਾਰਨੀ ਦਾ ਵੀ ਸਰਬਸੰਮਤੀ ਨਾਲ ਗਠਨ ਕੀਤਾ ਗਿਆ।ਹਰਜਿੰਦਰ ਸਿੰਘ ਕਲੇਰ ਨੂੰ ਸਰਪ੍ਰਸਤ, ਮੰਗਲਦੀਪ ਸਿੰਘ ਨੂੰ ਚੇਅਰਮੈਨ, ਕੰਵਲਜੀਤ ਸਿੰਘ ਲਾਡੀ ਨੂੰ ਪ੍ਰਧਾਨ, ਸੁਰਜੀਤ ਸਿੰਘ ਖਾਲਸਾ ਨੂੰ ਸੀਨੀਅਰ ਪ੍ਰਧਾਨ, ਹਰਦੇਵ ਸਿੰਘ ਪ੍ਰਿੰਸ ਨੂੰ ਜਨਰਲ ਸਕੱਤਰ, ਪੰਜਾਬ ਸਿੰਘ ਬੱਲ ਨੂੰ ਮੁੱਖ ਸਲਾਹਕਾਰ, ਸੁਜਿੰਦਰ ਸਿੰਘ ਸੋਨੂ ਨੂੰ ਖ਼ਜ਼ਾਨਚੀ, ਤਰਲੋਚਨ ਸਿੰਘ ਜੋਧਾ ਨਗਰੀ ਅਤੇ ਦਵਿੰਦਰ ਸਿੰਘ ਸਹੋਤਾ ਨੂੰ ਜੋਇੰਟ ਸਕੱਤਰ, ਰਜੇਸ਼ ਪਾਠਕ ਨੂੰ ਮੀਡੀਆ ਪ੍ਰੈੱਸ ਸਕੱਤਰ, ਜਦਕਿ ਕੁਲਦੀਪ ਸਿੰਘ ਡਡਵਾਲ, ਪਰਮਜੀਤ ਸਿੰਘ ਗਿੱਲ ਅਤੇ ਗੁਲਸ਼ਨ ਵਿਨਾਇਕ ਨੂੰ ਵਰਕਿੰਗ ਕਮੇਟੀ ਮੈਂਬਰ ਨਿਯੁਕਤ ਕੀਤਾ ਗਿਆ।ਇਸ ਮੌਕੇ ਨਵ-ਨਿਯੁਕਤ ਪ੍ਰਧਾਨ ਕੰਵਲਜੀਤ ਸਿੰਘ ਲਾਡੀ ਨੇ ਕਿਹਾ ਕਿ ਉਨ੍ਹਾਂ ਨੂੰ ਸੌਂਪੀ ਗਈ ਜ਼ਿੰਮੇਵਾਰੀ ਨੂੰ ਉਹ ਪੂਰੀ ਇਮਾਨਦਾਰੀ, ਨਿਰਪੱਖਤਾ ਅਤੇ ਤਨਦੇਹੀ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਉਹ ਸਮੂਹ ਸਾਥੀਆਂ ਨੂੰ ਨਾਲ ਲੈ ਕੇ ਕਲੱਬ ਦੀ ਏਕਤਾ, ਤਰੱਕੀ ਅਤੇ ਪੱਤਰਕਾਰ ਭਾਈਚਾਰੇ ਦੇ ਹਿੱਤਾਂ ਦੀ ਰੱਖਿਆ ਲਈ ਹਰ ਸੰਭਵ ਯਤਨ ਕਰਨਗੇ।ਉਨ੍ਹਾਂ ਨੇ ਸਾਰੇ ਪੱਤਰਕਾਰ ਸਾਥੀਆਂ ਦਾ ਭਰੋਸਾ ਜਤਾਉਣ ਲਈ ਧੰਨਵਾਦ ਕਰਦਿਆਂ ਕਿਹਾ ਕਿ ਰੌਇਲ ਪ੍ਰੈੱਸ ਕਲੱਬ ਨੂੰ ਇੱਕ ਮਜ਼ਬੂਤ, ਸਰਗਰਮ ਅਤੇ ਨਿਰਪੱਖ ਪੱਤਰਕਾਰ ਜਥੇਬੰਦੀ ਵਜੋਂ ਸਥਾਪਿਤ ਕਰਨ ਲਈ ਮਿਲ ਜੁਲ ਕੇ ਕੰਮ ਕੀਤਾ ਜਾਵੇਗਾ।

# ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਦੀ ਲੋਕਾਂ ਨਾਲ ਰੂ-ਬ-ਰੂ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ) ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਸੇਖਵਾਂ ਵਿਖੇ ਲੋਕ ਮਿਲਣੀ ਦੌਰਾਨ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੂੰ ਲੋਕਾਂ ਨਾਲ ਰੂ-ਬ-ਰੂ ਹੋਣ ਦਾ ਮੌਕਾ ਮਿਲਿਆ।ਇਸ ਮੌਕੇ ਸਰਪੰਚ ਮਲਕੀਤ ਸਿੰਘ ਅਤੇ ਹੋਰ ਮੁਹਤਬਰ ਸੱਜਣਾਂ ਦੀ ਹਾਜ਼ਰੀ ਵਿੱਚ ਇਲਾਕਾ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਉਨ੍ਹਾਂ ਦੇ ਪੁਖ਼ਤਾ ਹੱਲ ਲਈ ਸੰਬੰਧਿਤ ਅਧਿਕਾਰੀਆਂ ਨਾਲ ਗੱਲਬਾਤ ਕੀਤੀ ਗਈ।ਪੰਨੂੰ ਨੇ ਕਿਹਾ ਕਿ ਮਾਨ ਸਰਕਾਰ ਦੀ ਮੁੱਢਲੀ ਤਰਜੀਹ ਲੋਕਾਂ ਦੀ ਹਰ ਜਾਇਜ਼ ਸਮੱਸਿਆ ਦਾ ਸਮੇਂ ਸਿਰ ਹੱਲ ਕਰਕੇ ਲੋਕ-ਪੱਖੀ ਸ਼ਾਸਨ ਨੂੰ ਹੋਰ ਮਜ਼ਬੂਤ ਬਣਾਉਣਾ ਹੈ। ਇਸ ਮੌਕੇ ਸਰਦਾਰ ਜਗੀਰ ਸਿੰਘ, ਸੁਖਦੇਵ ਸਿੰਘ ਮੱਲ੍ਹੀ, ਕੇਵਲ ਸਿੰਘ ਫ਼ੌਜੀ, ਨਿਰਮਲ ਸਿੰਘ, ਬਾਬਾ ਜਗਦੇਵ ਸਿੰਘ, ਮੁਖਤਿਆਰ ਸਿੰਘ ਆਦਿ ਹਾਜ਼ਰ ਰਹੇ।

# ਚੇਅਰਮੈਨ ਵਿਕਰਮਜੀਤ ਸਿੰਘ ਵਿੱਕੀ ਨੇ ਭੰਗਵਾਂ ਵਿਖੇ ਕੀਤੀ ਵਿਸ਼ੇਸ਼ ਮੀਟਿੰਗ



ਚਵਿੰਡਾ ਦੇਵੀ (ਖੁਸ਼ਹਾਲ ਸੁੰਦਰ)-ਭਗਵਾਨ ਵਾਲਮੀਕ ਸੇਵਾ ਸੁਸਾਇਟੀ ਦੇ ਚੇਅਰਮੈਨ ਵਿਕਰਮਜੀਤ ਸਿੰਘ (ਵਿੱਕੀ) ਨੇ ਹਲਕਾ ਮਜੀਠਾ 'ਚ ਪੈਂਦੇ ਪਿੰਡ ਭੰਗਵਾਂ ਵਿੱਚ ਸਾਹਿਬ ਸਿੰਘ ਦੀ ਅਗਵਾਈ ਹੇਠ ਵਿਸ਼ੇਸ਼ ਮੀਟਿੰਗ ਕੀਤੀ। ਚੇਅਰਮੈਨ ਨੇ ਦਲਿਤਾਂ ਨਾਲ ਹੋ ਰਹੀਆਂ ਪੁਲਸ ਪ੍ਰਸ਼ਾਸਨ ਵੱਲੋਂ ਧੱਕੇਸ਼ਾਹੀਆਂ ਦਾ ਸਖਤ ਵਿਰੋਧ ਕਰਦਿਆਂ ਕਿਹਾ ਕਿ ਭਗਵਾਨ ਵਾਲਮੀਕ ਸੇਵਾ ਸੋਸਾਇਟੀ ਇਹ ਧੱਕੇਸ਼ਾਹੀ ਨੂੰ ਬਰਦਾਸ਼ਤ ਨਹੀਂ ਕਰੇਗੀ। ਅਗਰ ਕਿਸੇ ਵੀ ਪਰਿਵਾਰ ਨੂੰ ਜਾਂ ਕਿਸੇ ਗਰੀਬ ਪਰਿਵਾਰ ਦੇ ਮੈਂਬਰ ਨੂੰ ਸਿਆਸੀ ਦਬਾਅ ਹੇਠ ਦਬਾਉਣ ਦੀ ਕੋਸ਼ਿਸ਼ ਕੀਤੀ ਤਾਂ ਉਸ ਦਾ ਵਿਰੋਧ ਵੱਡੇ ਪੱਧਰ 'ਤੇ ਕੀਤਾ ਜਾਵੇਗਾ।ਇਸ ਮੌਕੇ ਵਾਲਮੀਕ ਧਰਮ ਸਮਾਜ ਦੇ ਮੁਖੀ ਰਤਨ ਹੰਸ, ਪੰਜਾਬ ਸਕੱਤਰ ਵਰਿਆਮ ਸਿੰਘ, ਪੰਜਾਬ ਪ੍ਰਧਾਨ ਮੁਕੇਸ਼ ਗਿੱਲ, ਸਾਹਿਬ ਸਿੰਘ ਮੀਤ ਪ੍ਰਧਾਨ ਪੰਜਾਬ, ਚੇਅਰਮੈਨ ਮਾਝਾ ਜ਼ੋਨ ਪ੍ਰਧਾਨ ਸੁਲੱਖਣ ਸਿੰਘ ਹਾਜ਼ਰ ਸਨ।

# ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਦੇਸ਼ ਕਦੇ ਵੀ ਭੁਲਾ ਨਹੀਂ ਸਕਦਾ : ਰਾਜੂ ਜੂਡੋ



ਛੇਹਰਟਾ/ਖਾਸਾ, (ਮਨੋਜ ਕੁਮਾਰ/ ਸ਼ਸ਼ਪਾਲ ਸਿੰਘ) : ਭਾਰਤ ਭਾਰਤੀ ਦਾ ਚਾਰ ਦਿਨਾ ਸਾਲਾਨਾ ਇਜਲਾਸ ਪੂਨਾ ਵਿਚ ਹੋਇਆ। ਇਸ ਮੌਕੇ ਭਾਰਤ ਭਾਰਤੀ ਦੇ ਪੰਜਾਬ ਪ੍ਰਧਾਨ ਰਾਜ ਕੁਮਾਰ ਰਾਜੂ ਜੂਡੋ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਨੌਵੇਂ ਗੁਰੂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਵੱਲੋਂ ਦਿੱਤੀ ਗਈ ਸ਼ਹਾਦਤ ਨੂੰ ਦੇਸ਼ ਕਦੇ ਵੀ ਭੁਲਾ ਨਹੀਂ ਸਕਦਾ।

ਇਸੇ ਲਈ ਉਨ੍ਹਾਂ ਨੂੰ ਹਿੰਦ ਦੀ ਚਾਦਰ ਦਾ ਖਿਤਾਬ ਦਿੱਤਾ ਗਿਆ ਹੈ। ਉਨ੍ਹਾਂ ਦੀ ਸ਼ਹਾਦਤ ਤੇ ਸਿੱਖਿਆ ਦਾ ਹੀ ਨਤੀਜਾ ਸੀ ਕਿ ਛੋਟੇ ਸਾਹਿਬਜ਼ਾਦਿਆਂ ਨੇ ਵੀ ਔਰੰਗਜ਼ੇਬ ਦੇ ਅਤਿਆਚਾਰ ਅੱਗੇ ਝੁਕਣ ਦੀ ਬਜਾਇ ਸ਼ਹਾਦਤ ਦਾ ਰਸਤਾ ਚੁਣਿਆ। ਗੁਰੂ ਗੋਬਿੰਦ ਸਿੰਘ ਜੀ ਨੇ ਦੇਸ਼ ਦੇ ਲੋਕਾਂ ਨੂੰ ਜ਼ੁਲਮ ਖ਼ਿਲਾਫ਼ ਲੜਨਾ ਸਿਖਾਇਆ। ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਦੀ ਸ਼ਹਾਦਤ ਤੋਂ ਬਾਅਦ ਮੁਗਲ ਹਕੂਮਤ ਦੀ ਪਕੜ ਦੇਸ਼ ਉਪਰ ਢਿੱਲੀ ਪੈਣੀ ਸ਼ੁਰੂ ਹੋ ਗਈ। ਉਨ੍ਹਾਂ ਕਿਹਾ ਕਿ ਪੰਜਾਬ ਵਾਸੀਆਂ ਨੇ ਦੇਸ਼ ਦੀ ਆਜ਼ਾਦੀ ਤੇ ਇਸ ਦੀਆਂ ਸਰਹੱਦਾਂ ਦੀ ਰਾਖੀ ਲਈ ਬਹੁਤ ਕੁਰਬਾਨੀਆਂ ਦਿੱਤੀਆਂ ਹਨ। ਇਸੇ ਲਈ ਪੰਜਾਬ ਨੂੰ ਦੇਸ਼ ਦੀ ਖੜਗ ਭੁਜਾ ਕਿਹਾ ਜਾਂਦਾ ਹੈ। ਪੰਜਾਬ ਦੇ ਲੋਕਾਂ ਨੂੰ ਬਹਾਦਰੀ ਦਾ ਜਜ਼ਬਾ ਵਿਰਸੇ ਵਿਚੋਂ ਮਿਲਿਆ ਹੋਇਆ ਹੈ। ਇਸ ਮੌਕੇ ਇਜਲਾਸ ਵਿਚ ਆਰਐੱਸਐੱਸ ਦੇ ਰਾਮ ਦੱਤ ਚੱਕਰਧਰ ਵਿਸ਼ੇਸ਼ ਤੌਰ 'ਤੇ ਪੁੱਜੇ ਤੇ ਸੰਬੋਧਨ ਕੀਤਾ। ਇਸ ਮੌਕੇ ਭਾਰਤ ਭਾਰਤੀ ਦੇ ਕੌਮੀ ਜਥੇਬੰਦਕ ਸਕੱਤਰ ਜਗਨਨਾਥ ਕੁੰਜ ਬਿਹਾਰੀ, ਸੁਭਾਸ਼ ਧਵਨ, ਰੁਦਰ ਨਾਰਾਇਣ ਤਿਵਾਰੀ, ਅਚਿਲ ਜੈਨ, ਵੈਸ਼ਾਲੀ ਲਵੰਦੇ, ਰਾਜ ਕੁਮਾਰ ਰਾਜੂ ਜੂਡੋ, ਪੰਕਜ ਮਹਾਜਨ ਤੇ ਇੰਦਰਪਾਲ ਸਿੰਘ ਨੇ ਰਾਮ ਦੱਤ ਚੱਕਰਧਰ ਨੂੰ ਸ੍ਰੀ ਹਰਿਮੰਦਰ ਸਾਹਿਬ ਦਾ ਮਾਡਲ ਨਾਲ ਸਨਮਾਨਿਤ ਕੀਤਾ।

# ਭਗਵੰਤ ਮਾਨ ਸਰਕਾਰ ਲੋਕਾਂ ਦੀਆਂ ਆਸਾਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰੀ ਉਤਰੀ : ਮੋਹਨ ਭੰਡਾਰੀਆ



ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਭਗਵੰਤ ਮਾਨ ਸਰਕਾਰ ਲੋਕਾਂ ਦੀਆਂ ਆਸਾਂ ਉਮੀਦਾਂ 'ਤੇ ਪੂਰੀ ਤਰ੍ਹਾਂ ਖਰੀ ਉਤਰੀ ਹੈ।ਇਸ ਗੱਲ ਦਾ ਪ੍ਰਗਟਾਵਾ ਹਲਕਾ ਅਜਨਾਲਾ ਦੇ ਆਮ ਆਦਮੀ ਪਾਰਟੀ ਦੇ ਉਘੇ ਆਗੂ ਗੁਰਮੁੱਖ ਸਿੰਘ ਮੋਹਣ ਭੰਡਾਰੀਆ ਨੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲ ਕਰਦਿਆਂ ਕੀਤਾ।ਲੋਕਾਂ ਨੂੰ ਸਰਕਾਰ ਅਤੇ ਉਸ ਦੇ ਕੰਮਾਂ 'ਤੇ ਪੂਰਨ ਭਰੋਸਾ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਇੱਕ ਸੁਹਿਰਦ ਲੀਡਰ ਹਨ ਅਤੇ ਉਹ ਧਰਾਤਲ ਤੱਕ ਦੇ ਸਾਰੇ ਕਾਇਦੇ ਕਾਨੂੰਨਾਂ ਅਤੇ ਲੋਕਾਂ ਦੇ ਮਨਾਂ ਦੀਆਂ ਭਾਵਨਾਵਾਂ ਤੋਂ ਜਾਣੂ ਹਨ।ਉਨ੍ਹਾਂ ਵੱਲੋਂ ਬਣਾਈਆਂ ਲੋਕ ਭਲਾਈ ਸਕੀਮਾਂ ਦੀ ਆਮ ਲੋਕਾਂ ਵਿੱਚ ਚਰਚਾ ਹੈ।ਹਰਿਆਣਾ ਅਤੇ ਪੰਜਾਬ ਦਰਮਿਆਨ ਪਾਣੀਆਂ ਦੀ ਹੋਈ ਬਾਂਦਰ ਵੰਡ ਦਾ ਮੁੱਦਾ ਜੋ ਉਨ੍ਹਾਂ ਨੇ ਉਠਾਇਆ ਹੈ, ਉਹ ਅੱਜ ਤੱਕ ਪੰਜਾਬ ਦੇ ਕਿਸੇ ਮੁੱਖ ਮੰਤਰੀ ਨੇ ਨਹੀਂ ਉਠਾਇਆ।ਉਨ੍ਹਾਂ ਜਨਰਲ ਕੈਟਾਗਰੀ ਦੀਆਂ ਔਰਤਾਂ ਨੂੰ 1000 ਅਤੇ ਅਨੁਸੂਚਿਤ ਜਾਤੀ ਦੀਆਂ ਔਰਤਾਂ ਨੂੰ 1500 ਰੁਪਿਆ ਮਹੀਨਾ ਦੇਣ ਦੇ ਫੈਸਲੇ ਦਾ ਸਵਾਗਤ ਕਰਦਿਆਂ ਸਰਕਾਰ ਦੀ ਸ਼ਲਾਘਾ ਕੀਤੀ।ਉਨ੍ਹਾਂ ਮਾਨ ਸਰਕਾਰ ਵੱਲੋਂ ਚਲਾਈਆਂ ਗਈਆਂ ਸਕੀਮਾਂ ਜਿਵੇਂ ਆਮ ਆਦਮੀ ਕਲੀਨਿਕ ਯੋਜਨਾ, ਮਾਵਾਂ ਧੀਆਂ ਸਤਿਕਾਰਯੋਗ ਯੋਜਨਾ, ਤੀਰਥ ਯਾਤਰਾ ਯੋਜਨਾ ਅਤੇ ਅਜਿਹੀਆਂ ਕਈ ਹੋਰ ਯੋਜਨਾਵਾਂ ਦਾ ਵਿਸ਼ੇਸ਼ ਤੌਰ 'ਤੇ ਜ਼ਿਕਰ ਕਰਦਿਆਂ ਕਿਹਾ ਕਿ ਇਨ੍ਹਾਂ ਸਕੀਮਾਂ ਕਰਕੇ ਹੀ ਇਹ ਸਰਕਾਰ ਲੋਕਾਂ ਵਿੱਚ ਹਰਮਨਪਿਆਰੀ ਹੈ ਅਤੇ ਜਿਸ ਲਈ ਆਉਣ ਵਾਲੇ ਸਮੇਂ 2027 ਵਿੱਚ ਵੀ ਲੋਕ ਪੰਜਾਬ ਵਿੱਚ ਆਮ ਆਦਮੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ।

# 35 ਸਾਲ ਬਾਅਦ ਤਤਕਾਲੀ ਹੌਲਦਾਰ ਨੂੰ 5 ਸਾਲ ਦੀ ਕੈਦ



ਝਬਾਲ/ਸਰਾਏ ਅਮਾਨਤ ਖਾਂ (ਹਰਜਿੰਦਰ ਸਿੰਘ ਸੋਨੀ/ਮੱਖਣ ਮਨੋਜ)-35 ਸਾਲ ਪਹਿਲਾਂ ਝਬਾਲ ਨੇੜੇ ਪਿੰਡ ਮਾਲੂਵਾਲ ਸੰਤਾਂ ਦੇ ਇੱਕ ਨੌਜਵਾਨ ਨੂੰ ਅੱਡਾ ਝਬਾਲ 'ਚੋਂ ਚੁੱਕ ਕੇ ਲਾਪਤਾ ਕਰਨ ਦੇ ਮਾਮਲੇ ਵਿੱਚ 329 ਦੀ ਵਿਸ਼ੇਸ਼ ਅਦਾਲਤ ਨੇ ਇੱਕ ਹੋਰ ਦੋਸ਼ੀ ਨੂੰ ਸਜ਼ਾ ਸੁਣਾਈ ਹੈ।ਅਦਾਲਤ ਨੇ ਉਸ ਸਮੇਂ ਦੇ ਤਤਕਾਲੀ ਹੌਲਦਾਰ ਕਸ਼ਮੀਰ ਸਿੰਘ ਨੂੰ 5 ਸਾਲ ਦੀ ਕੈਦ ਅਤੇ 10 ਹਜ਼ਾਰ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ। ਕਸ਼ਮੀਰ ਸਿੰਘ ਇਸ ਕੇਸ ਵਿੱਚ ਕਾਫੀ ਸਮੇਂ ਤੋਂ ਅਦਾਲਤ ਤੋਂ ਭਗੌੜਾ ਚੱਲ ਰਿਹਾ ਸੀ ਅਤੇ ਪਿਛਲੇ ਦਿਨੀਂ ਅਦਾਲਤ ਵਿੱਚ ਪੇਸ਼ ਹੋਇਆ ਸੀ।ਇਸ ਸਬੰਧੀ ਜਾਣਕਾਰੀ ਦਿੰਦਿਆਂ ਲਾਪਤਾ ਨੌਜਵਾਨ ਬਲਜੀਤ ਸਿੰਘ ਪੁੱਤਰ ਹਰੀ ਸਿੰਘ ਵਾਸੀ ਮਾਲੂਵਾਲ ਦੇ ਵੱਡੇ ਭਰਾ ਪਰਮਜੀਤ ਸਿੰਘ ਨੇ ਖਾਲੜਾ ਮਿਸ਼ਨ ਕਮੇਟੀ ਦੇ ਚੇਅਰਮੈਨ ਬਲਵਿੰਦਰ ਸਿੰਘ ਝਬਾਲ ਅਤੇ ਲਾਪਤਾ ਨੌਜਵਾਨ ਦੇ ਬੇਟੇ ਦੀ ਹਾਜ਼ਰੀ ਵਿੱਚ ਦੱਸਿਆ ਕਿ ਉਸ ਦਾ ਭਰਾ ਬਲਜੀਤ ਸਿੰਘ 7 ਅਗਸਤ 1991 ਨੂੰ ਉਸ ਦੇ ਨਾਲ ਅੱਡਾ ਝਬਾਲ ਘਰ ਦਾ ਸੌਦਾ ਲੈਣ ਗਿਆ ਸੀ।ਪਰਮਜੀਤ ਸਿੰਘ ਨੇ ਦੱਸਿਆ ਕਿ ਜਦੋਂ ਉਹ ਦੋਵੇਂ ਬੱਸ 'ਚੋਂ ਉਤਰੇ ਤਾਂ ਉੱਥੇ ਪਹਿਲਾਂ ਤੋਂ ਖੜ੍ਹੇ ਥਾਣਾ ਝਬਾਲ ਦੇ ਉਸ ਵੇਲੇ ਦੇ ਮੁਖੀ ਸੂਬਾ ਸਿੰਘ ਅਤੇ ਕੁਝ ਪੁਲਸ ਮੁਲਾਜ਼ਮਾਂ ਨੇ ਬਲਜੀਤ ਸਿੰਘ ਨੂੰ ਫੜ ਕੇ ਥਾਣੇ ਲੈ ਗਏ।ਪੁੱਛਣ 'ਤੇ ਪੁਲਸ ਨੇ ਕਿਹਾ ਸੀ ਕਿ ਪੁੱਛਗਿੱਛ ਕਰਕੇ ਛੱਡ ਦੇਵਾਂਗੇ, ਪਰੰਤੂ ਬਾਅਦ ਵਿੱਚ ਉਸ ਦਾ ਕੋਈ ਪਤਾ ਨਹੀਂ ਲੱਗਾ।

ਪਰਮਜੀਤ ਸਿੰਘ ਨੇ ਅੱਗੇ ਦੱਸਿਆ ਕਿ ਇਸ ਕੇਸ ਦੀ ਸੁਣਵਾਈ 329 ਦੀ ਅਦਾਲਤ ਵਿੱਚ 35 ਸਾਲ ਚੱਲੀ।ਦੋ ਸਾਲ ਪਹਿਲਾਂ ਅਦਾਲਤ ਨੇ ਉਸ ਸਮੇਂ ਦੇ ਤਤਕਾਲੀ ਸੂਬਾ ਸਿੰਘ, ਐਡੀਸ਼ਨਲ ਦਲਬੀਰ ਸਿੰਘ ਅਤੇ ਹੌਲਦਾਰ ਰਵੇਲ ਸਿੰਘ ਨੂੰ ਦੋਸ਼ੀ ਕਰਾਰ ਦਿੰਦਿਆਂ ਪੰਜ-ਪੰਜ ਸਾਲ ਦੀ ਸਜ਼ਾ ਸੁਣਾਈ ਸੀ।ਹੁਣ ਭਗੌੜਾ ਚੱਲ ਰਹੇ ਹੌਲਦਾਰ ਕਸ਼ਮੀਰ ਸਿੰਘ ਨੂੰ ਵੀ ਸਜ਼ਾ ਸੁਣਾ ਦਿੱਤੀ ਗਈ ਹੈ। ਲਾਪਤਾ ਹੋਏ ਨੌਜਵਾਨ ਦੇ ਪਰਿਵਾਰ ਨੇ ਅਦਾਲਤ ਦੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਤਸੱਲੀ ਪ੍ਰਗਟ ਕੀਤੀ ਹੈ ਅਤੇ ਕਿਹਾ ਕਿ ਉਨ੍ਹਾਂ ਨੂੰ 35 ਸਾਲ ਬਾਅਦ ਆਖਰਕਾਰ ਇਨਸਾਫ਼ ਮਿਲਿਆ ਹੈ।

# ਗੁਰੂ ਰਵਿਦਾਸ ਮਹਾਰਾਜ ਦਾ ਸੰਦੇਸ਼ ਘਰ-ਘਰ ਪਹੁੰਚਾਉਣ ਲਈ ਦਿਖਾਈ ਜਾਵੇਗੀ ਵਿਸ਼ੇਸ਼ ਡਾਕੂਮੈਂਟਰੀ



ਬਟਾਲਾ, (ਡਾ. ਮਲਵਿੰਦਰ ਸਿੰਘ)-ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡਾਂ ਵਿਚ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸ਼ਰਧਾਪੂਰਵਕ ਮਨਾਉਣ ਅਤੇ ਉਨ੍ਹਾਂ ਦੇ ਜੀਵਨ ਫਲਸਫ਼ੇ ਅਤੇ ਸਿੱਖਿਆਵਾਂ ਨੂੰ ਘਰ-ਘਰ ਪਹੁੰਚਾਉਣ ਲਈ ਵਿਸ਼ੇਸ ਡਾਕੂਮੈਂਟਰੀ ਮੁਹਿੰਮ ਸ਼ੁਰੂ ਕੀਤੀ ਜਾ ਰਹੀ ਹੈ।ਇਹ ਜਾਣਕਾਰੀ ਦਿੰਦਿਆਂ ਗੁਰਸਿਮਰਨ ਸਿੰਘ ਢਿੱਲੋਂ, ਵਧੀਕ ਡਿਪਟੀ ਕਮਿਸ਼ਨਰ (ਜ) ਨੇ ਦੱਸਿਆ ਕਿ ਇਸ ਮੁਹਿੰਮ ਨੂੰ ਸਫਲਤਾਪੂਰਵਕ ਨੇਪਰੇ ਚੜ੍ਹਾਉਣ ਲਈ ਡਿਪਟੀ ਕਮਿਸ਼ਨਰ ਗੁਰਦਾਸਪੁਰ ਦੇ ਦਿਸ਼ਾ ਨਿਰਦੇਸ਼ਾਂ ਹੇਠ ਜ਼ਿਲ੍ਹਾ ਪੱਧਰ ਅਤੇ ਸਬ ਡਵੀਜ਼ਨ ਪੱਧਰ 'ਤੇ ਅਧਿਕਾਰੀਆਂ ਦੀ ਡਿਊਟੀ ਲਗਾਈ ਗਈ ਹੈ।ਉਨ੍ਹਾਂ ਨੇ ਦੱਸਿਆ ਕਿ ਐੱਲ. ਈ. ਡੀ. ਸਕਰੀਨ ਵਾਲੀ ਵੈਨ, ਜ਼ਿਲ੍ਹਾ ਗੁਰਦਾਸਪੁਰ ਦੇ ਪਿੰਡਾਂ ਨੂੰ ਕਵਰ ਕਰੇਗੀ ਅਤੇ ਰੋਜ਼ਾਨਾ ਸ਼ਾਮ ਨੂੰ ਦੋ ਪਿੰਡਾਂ ਵਿੱਚ, ਇਸ ਵੈਨ ਰਾਹੀਂ ਇਹ ਡਾਕੂਮੈਂਟਰੀ ਦਿਖਾਈ ਜਾਵੇਗੀ ਤਾਂ ਜੋ ਸ੍ਰੀ ਗੁਰੂ ਰਵਿਦਾਸ ਜੀ ਦੀਆਂ ਸਿੱਖਿਆਵਾਂ ਹਰ ਘਰ ਤੱਕ ਪਹੁੰਚ ਸਕਣ।ਉਨ੍ਹਾਂ ਦੱਸਿਆ ਕਿ ਇਹ ਦਸਤਾਵੇਜ਼ੀ, 30 ਮਿੰਟ ਦੀ ਹੋਵੇਗੀ।ਉਨ੍ਹਾਂ ਨੇ ਸਮੂਹ ਉਪ ਮੰਡਲ ਮੈਜਿਸਟਰੇਟ ਨੂੰ ਹਦਾਇਤ ਕੀਤੀ ਕਿ ਉਹ ਸਬ ਡਵੀਜ਼ਨ ਪੱਧਰ ਉਤੇ ਇਸਦੀ ਨਿਗਰਾਨੀ ਕਰਨ ਨੂੰ ਯਕੀਨੀ ਬਣਾਉਣ।ਉਨ੍ਹਾਂ ਨੇ ਪੁਲਿਸ ਅਧਿਕਾਰੀਆਂ ਨੂੰ ਸਮੁੱਚੇ ਸੁਰੱਖਿਆ ਪ੍ਰਬੰਧ, ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਨੂੰ ਪਿੰਡਾਂ ਵਿੱਚ ਢੁੱਕਵੀਂ ਜਗ੍ਹਾ ਦੀ ਚੋਣ, ਸੰਗਤ ਲਈ ਬੈਠਣ ਵਿਵਸਥਾ ਤੇ ਪੀਣ ਵਾਲੇ ਸਾਫ ਪਾਣੀ ਦੇ ਪ੍ਰਬੰਧ, ਸਾਫ ਸਫਾਈ, ਰੌਸ਼ਨੀ ਵਿਵਸਥਾ ਆਦਿ ਨੂੰ ਵੀ ਯਕੀਨੀ ਬਣਾਉਣ ਦੀ ਹਦਾਇਤ ਕੀਤੀ।

# ਜਗਜੀਤ ਸਿੰਘ ਭਲੋਜਲਾ ਸਰਬਸੰਮਤੀ ਨਾਲ ਬਣੇ ਜ਼ੋਨ ਪ੍ਰਧਾਨ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਜ਼ੋਨ ਸ੍ਰੀ ਗੁਰੂ ਅੰਗਦ ਦੇਵ ਜੀ ਦੀ ਇਕ ਵਿਸ਼ੇਸ਼ ਮੀਟਿੰਗ ਸ੍ਰੀ ਗੁਰੂ ਅਰਜਨ ਦੇਵ ਜੀ ਸਰਾਂ ਤਰਨਤਾਰਨ ਵਿਖੇ ਹੋਈ ਜਿਸ ਵਿੱਚ ਜ਼ਿਲ੍ਹਾ ਤਰਨਤਾਰਨ ਦੇ ਪ੍ਰਧਾਨ ਅਤੇ ਸੂਬਾ ਕਮੇਟੀ ਆਗੂ ਸਤਨਾਮ ਸਿੰਘ ਮਾਣੋਚਾਹਲ, ਜ਼ਿਲ੍ਹਾ ਸਕੱਤਰ ਅਤੇ ਸੂਬਾ ਕਮੇਟੀ ਮੈਂਬਰ ਹਰਜਿੰਦਰ ਸਿੰਘ ਸਕਰੀ, ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਜਰਨੈਲ ਸਿੰਘ ਨੂਰਦੀ ਅਤੇ ਜ਼ਿਲ੍ਹਾ ਮੀਤ ਪ੍ਰਧਾਨ ਰੇਸ਼ਮ ਸਿੰਘ ਘੁਰਕਵਿੰਡ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਅਤੇ ਮੀਟਿੰਗ ਵਿੱਚ ਜ਼ੋਨ ਦੀ ਪਹਿਲੀ ਕੋਰ ਕਮੇਟੀ ਅਤੇ ਵੱਖ ਵੱਖ ਪਿੰਡਾਂ ਤੋਂ ਪ੍ਰਧਾਨ, ਸਕੱਤਰ ਵੀ ਹਾਜ਼ਰ ਸਨ।

ਇਸ ਮੌਕੇ ਸਰਬਸੰਮਤੀ ਅਤੇ ਸਾਰਿਆਂ ਦੀ ਸਹਿਮਤੀ ਨਾਲ ਜ਼ੋਨ ਕੋਰ ਕਮੇਟੀ ਦੀ ਚੋਣ ਕੀਤੀ ਗਈ ਜਿਸ ਵਿੱਚ ਜਗਜੀਤ ਸਿੰਘ ਭਲੋਜਲਾ ਨੂੰ ਜ਼ੋਨ ਪ੍ਰਧਾਨ ਚੁਣਿਆ ਅਤੇ ਕੋਰ ਕਮੇਟੀ ਵਿੱਚ ਪ੍ਰਮਜੀਤ ਸਿੰਘ ਬਾਠ ਦਾਰਾਪੁਰ ਸਕੱਤਰ, ਸੁਖਚੈਨ ਸਿੰਘ ਸੀਨੀਅਰ ਮੀਤ ਪ੍ਰਧਾਨ, ਬੀਬੀ ਰਾਜਵਿੰਦਰ ਕੌਰ ਖੋਜਕੀਪੁਰ ਸੀਨੀਅਰ ਮੀਤ ਪ੍ਰਧਾਨ, ਬਲਜਿੰਦਰ ਸਿੰਘ ਆਲਮਪੁਰ ਮੀਤ ਪ੍ਰਧਾਨ, ਮਨਜੀਤ ਸਿੰਘ ਵੈਰੋਵਾਲ ਬਾਵਿਆਂ ਮੀਤ ਪ੍ਰਧਾਨ, ਸਾਹਿਬ ਸਿੰਘ ਨਰੋਤਮਪੁਰ ਖਜ਼ਾਨਚੀ, ਹਰਜਿੰਦਰ ਸਿੰਘ ਪ੍ਰੈਸ ਸਕੱਤਰ, ਸਤਨਾਮ ਸਿੰਘ ਖੋਜਕੀਪੁਰ ਸਹਾਇਕ ਖਜ਼ਾਨਚੀ, ਮੁਖ਼ਤਾਰ ਸਿੰਘ ਬਿਹਾਰੀਪੁਰ ਸਹਾਇਕ ਖਜ਼ਾਨਚੀ, ਜਸਵਿੰਦਰ ਸਿੰਘ ਸਾਹ ਖੋਜਕੀਪੁਰ ਵਲੰਟੀਅਰਜ਼ ਸੁਪਰਵਾਈਜ਼ਰ, ਸੁਖਦੇਵ ਸਿੰਘ ਜਥੇਬੰਦਕ ਸਕੱਤਰ ਆਦਿ ਕੋਰ ਕਮੇਟੀ ਦੇ ਮੈਂਬਰਾਂ ਦੀ ਚੋਣ ਕੀਤੀ ਗਈ ਅਤੇ ਸੁਖਦੇਵ ਸਿੰਘ ਘੱਗੇ, ਰੂਪ ਸਿੰਘ ਵੈਰੋਵਾਲ, ਹਰਜਿੰਦਰ ਸਿੰਘ ਜਲਾਲਾਬਾਦ, ਤਜਿੰਦਰ ਸਿੰਘ ਬਹਾਦਰਪੁਰ, ਬਲਵੰਤ ਸਿੰਘ ਭਲੋਜਲਾ, ਗੁਰਵੇਲ ਸਿੰਘ ਖੋਜਕੀਪੁਰ ਸਲਾਹਕਾਰ ਅਤੇ ਗੁਰਪ੍ਰੀਤ ਸਿੰਘ ਘੱਗੇ, ਜੁਗਰਾਜ ਸਿੰਘ ਸਾਹ ਭੂਤਵਿੰਡ, ਬੀਬੀ ਕੁਲਵੰਤ ਕੌਰ, ਜਤਿੰਦਰ ਸਿੰਘ ਆਲਮਪੁਰ, ਤਰਲੋਚਨ ਸਿੰਘ ਨਰੋਤਮਪੁਰ, ਜੈਕਾਰ ਸਿੰਘ ਗਗੜੇਵਾਲ, ਇੰਦਰਜੀਤ ਸਿੰਘ ਜਲਾਲਾਬਾਦ ਖੁਰਦ ਅਤੇ ਕਾਹਨ ਸਿੰਘ ਗਗੜੇਵਾਲ ਸਮੇਤ 25 ਮੈਂਬਰੀ ਕਮੇਟੀ ਦੇ ਮੈਂਬਰ ਚੁਣੇ ਗਏ।

# ਕੇਂਦਰ ਦੀ ਭਾਜਪਾ ਤੇ ਪੰਜਾਬ ਦੀ ਮਾਨ ਸਰਕਾਰ ਦੀਆਂ ਨੀਤੀਆਂ 'ਚ ਕੋਈ ਅੰਤਰ ਨਹੀਂ: ਜਾਮਾਰਾਏ



ਤਰਨ ਤਾਰਨ (ਪ੍ਰਿਤਪਾਲ ਸਿੰਘ)-ਪੰਜਾਬ ਸਿਰ ਕਰਜ਼ਾ ਚਾੜ੍ਹਿਆ ਜਾ ਰਿਹਾ ਜਿਸ ਕਾਰਨ ਪੰਜਾਬ ਦੀ ਅਰਥ ਵਿਵਸਥਾ ਨਿਘਰਦੀ ਜਾ ਰਹੀ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਦੇ ਸੂਬਾਈ ਸਕੱਤਰ ਪ੍ਰਗਟ ਸਿੰਘ ਜਾਮਾਰਾਏ ਨੇ ਨੌਸ਼ਹਿਰਾ ਪੰਨੂਆਂ 'ਚ ਪਾਰਟੀ ਦੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ।ਮੀਟਿੰਗ ਦੀ ਪ੍ਰਧਾਨਗੀ ਡਾਕਟਰ ਅਸ਼ਵਨੀ ਕੁਮਾਰ ਨੇ ਕੀਤੀ।ਜਾਮਾਰਾਏ ਨੇ ਕਿਹਾ ਕਿ ਕੇਂਦਰ ਦੀ ਬੀਜੇਪੀ ਸਰਕਾਰ ਅਤੇ ਪੰਜਾਬ ਦੀ ਭਗਵੰਤ ਮਾਨ ਦੀ ਸਰਕਾਰ ਦੀਆਂ ਨੀਤੀਆਂ ਵਿੱਚ ਕੋਈ ਅੰਤਰ ਨਹੀਂ। ਇਨ੍ਹਾਂ ਦੋਹਾਂ ਦੀਆਂ ਨੀਤੀਆਂ ਕਾਰਪੋਰੇਟ ਪੱਖੀ, ਕਿਸਾਨ ਮਜ਼ਦੂਰ ਅਤੇ ਆਮ ਵਰਗ ਵਿਰੋਧੀ ਹਨ।ਉਨ੍ਹਾਂ ਕਿਹਾ ਕਿ ਮੁਕਤ ਵਪਾਰ ਸਮਝੌਤੇ ਦੇ ਖਿਲਾਫ ਪਾਰਟੀ ਤਿੱਖਾ ਸੰਘਰਸ਼ ਲੜਨ ਲਈ ਲੋਕਾਂ ਨੂੰ ਲਾਮਬੰਦ ਕਰੇਗੀ। ਉਨ੍ਹਾਂ ਚਿੰਤਾ ਜ਼ਾਹਰ ਕਰਦਿਆਂ ਕਿਹਾ ਕਿ ਕਿਸਾਨਾਂ, ਮਜ਼ਦੂਰਾਂ ਅਤੇ ਨੌਜਵਾਨਾਂ ਨਾਲ ਵੱਡੇ-ਵੱਡੇ ਵਾਅਦੇ ਕੀਤੇ ਜਾ ਰਹੇ ਹਨ ਪਰ ਹਕੀਕਤ ਵਿਚ ਕੁੱਛ ਨਹੀਂ ਕੀਤਾ ਜਾ ਰਿਹਾ।ਕਿਸਾਨ ਮਜ਼ਦੂਰ ਕਰਜ਼ੇ ਦੇ ਬੋਝ ਹੇਠ ਦੱਬੇ ਜਾ ਰਹੇ ਹਨ। ਨੌਜਵਾਨ ਪੀੜ੍ਹੀ ਰੁਜ਼ਗਾਰ ਦੀ ਥਾਂ ਡਾਂਗਾਂ ਖਾ ਰਹੀ ਹੈ।ਪੰਜਾਬ ਅੰਦਰ ਗੁਰੂਆਂ, ਪੀਰਾਂ, ਦੇਸ਼ ਭਗਤਾਂ ਦੀ ਧਰਤੀ ਤੇ ਨਸ਼ੇ, ਲੁੱਟਾਂ, ਖੋਹਾਂ, ਕਤਲੋਗਾਰਤ, ਡਕੈਤੀਆ ਨਿੱਤ ਦਿਨ ਹੋ ਰਹੀਆਂ ਹਨ। ਪੰਜਾਬ ਦੀ ਪੁਲਸ ਲਚਾਰ ਹੋਈ ਬੈਠੀ ਹੈ, ਥਾਣਿਆਂ ਅੰਦਰ ਕਿਸੇ ਨੂੰ ਇਨਸਾਫ ਨਹੀਂ ਮਿਲ ਰਿਹਾ।ਜਾਮਾਰਾਏ ਨੇ ਕਿਹਾ ਕਿ ਇਨ੍ਹਾਂ ਸਮੇਂ ਦੀਆਂ ਸਰਕਾਰਾਂ ਦੀਆਂ ਨੀਤੀਆਂ ਦਾ ਮੁਕਾਬਲਾ ਕਰਨ ਲਈ ਲੋਕ ਲਹਿਰ ਉਸਾਰਨ ਦੀ ਅਹਿਮ ਲੋੜ ਹੈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਬਲਦੇਵ ਸਿੰਘ ਭੈਲ ਨੇ ਕਿਹਾ ਕਿ ਮਜ਼ਦੂਰਾਂ, ਕਿਸਾਨਾਂ ਦਾ ਰਾਜ ਸਥਾਪਿਤ ਕਰਨ ਲਈ ਇਨ੍ਹਾਂ ਹਾਕਮਾਂ ਵਿਰੁੱਧ ਤਿੱਖਾ ਸੰਘਰਸ਼ ਕਰਨ ਦੀ ਅਹਿਮ ਲੋੜ ਹੈ।

ਉਨ੍ਹਾਂ ਸ਼ਹੀਦ ਊਧਮ ਸਿੰਘ ਸੁਨਾਮ ਦੇ ਸ਼ਹੀਦੀ ਦਿਨ 31 ਜੁਲਾਈ ਨੂੰ ਕੀਤੇ ਜਾ ਰਹੇ ਸੈਮੀਨਾਰ ਤਰਨ ਤਾਰਨ 'ਚ ਪਹੁੰਚਣ ਦਾ ਸੱਦਾ ਦਿੱਤਾ।ਇਸ ਮੌਕੇ ਮਨਜੀਤ ਸਿੰਘ ਬੱਗੂ, ਅਮਰਤਪਾਲ ਸਿੰਘ ਚੌਧਰੀਵਾਲਾ, ਸਵਿੰਦਰ ਸਿੰਘ ਭੱਠਲ, ਬਲਬੀਰ ਸਿੰਘ ਦਰਗਾਪੁਰ, ਬਿੰਦਰ ਸਿੰਘ ਨੰਦਪੁਰ, ਗੁਰਵਿੰਦਰ ਸਿੰਘ ਠੱਠੀਆਂ, ਹਰਦੀਪ ਸਿੰਘ ਚੌਧਰੀਵਾਲ, ਨਿਰਭੈ ਸਿੰਘ ਜਵੰਦਾ, ਮਹੀਪਾਲ ਸਿੰਘ ਠੱਠੀਆਂ, ਸ਼ਮਸ਼ੇਰ ਸਿੰਘ ਚੌਧਰੀਵਾਲਾ ਆਦਿ ਹਾਜ਼ਰ ਸਨ।

# ਅਮਿਤ ਸ਼ਾਹ ਨੂੰ ਮਿਲੇ ਤਰੁਣ ਚੁੱਘ, ਸੂਬੇ ਦੀ ਮੌਜੂਦਾ ਸਥਿਤੀ ਬਾਰੇ ਕੀਤੀ ਚਰਚਾ



ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਦੇ ਕੌਮੀ ਜਨਰਲ ਸਕੱਤਰ ਤੇ ਰਾਜ ਸਭਾ ਮੈਂਬਰ ਤਰੁਣ ਚੁੱਘ ਨੇ ਗ੍ਰਹਿ ਤੇ ਸਹਿਕਾਰਤਾ ਮੰਤਰੀ ਅਮਿਤ ਸ਼ਾਹ ਨਾਲ ਸ਼ਿਸ਼ਟਾਚਾਰ ਵਜੋਂ ਮੁਲਾਕਾਤ ਕੀਤੀ ਅਤੇ ਉਨ੍ਹਾਂ ਦਾ ਮਾਰਗਦਰਸ਼ਨ ਤੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਉਨ੍ਹਾਂ ਨੇ ਪੰਜਾਬ ਦੀ ਮੌਜੂਦਾ ਸਥਿਤੀ ਤੇ ਸੂਬੇ ਦੇ ਸਾਹਮਣੇ ਸੁਰੱਖਿਆ ਚੁਣੌਤੀਆਂ ਬਾਰੇ ਵਿਸਥਾਰ ਵਿਚ ਚਰਚਾ ਕੀਤੀ। ਮੀਟਿੰਗ ਦੌਰਾਨ ਪੰਜਾਬ ਵਿਚ ਵਿਗੜਦੀ ਕਾਨੂੰਨ-ਵਿਵਸਥਾ ਦੀ ਸਥਿਤੀ, ਸਰਹੱਦ ਪਾਰ ਤੋਂ ਡਰੋਨਾਂ ਰਾਹੀਂ ਹਥਿਆਰਾਂ ਤੇ ਨਸ਼ੀਲੇ ਪਦਾਰਥਾਂ ਦੀ ਤਸਕਰੀ, ਗੈਂਗਸਟਰਵਾਦ ਤੇ ਨਾਗਰਿਕਾਂ ਦੀ ਸੁਰੱਖਿਆ ਵਰਗੇ ਮਹੱਤਵਪੂਰਨ ਮੁੱਦਿਆਂ 'ਤੇ ਗੰਭੀਰ ਵਿਚਾਰ-ਵਟਾਂਦਰਾ ਕੀਤਾ ਗਿਆ। ਤਰੁਣ ਚੁੱਘ ਨੇ ਗ੍ਰਹਿ ਮੰਤਰੀ ਨੂੰ ਪੰਜਾਬ ਦੀ ਜ਼ਮੀਨੀ ਸਥਿਤੀ, ਲੋਕਾਂ ਦੀਆਂ ਭਾਵਨਾਵਾਂ ਤੇ ਸੁਰੱਖਿਆ ਚਿੰਤਾਵਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਚੁੱਘ ਨੇ ਕਿਹਾ ਕਿ ਪੰਜਾਬ ਅੱਜ ਨਸ਼ਾਖੋਰੀ, ਗੈਂਗਸਟਰਵਾਦ, ਅਪਰਾਧ, ਸਰਹੱਦ ਪਾਰ ਅੱਤਵਾਦ ਤੇ ਕਾਨੂੰਨ ਵਿਵਸਥਾ ਦੀਆਂ ਗੰਭੀਰ ਚੁਣੌਤੀਆਂ ਦਾ ਸਾਹਮਣਾ ਕਰ ਰਿਹਾ ਹੈ। ਸੂਬੇ ਦੇ ਲੋਕ ਸੁਰੱਖਿਅਤ, ਖੁਸ਼ਹਾਲ, ਨਸ਼ਾ ਮੁਕਤ ਤੇ ਵਿਕਾਸ-ਮੁਖੀ ਪੰਜਾਬ ਚਾਹੁੰਦੇ ਹਨ। ਉਨ੍ਹਾਂ ਕਿਹਾ ਕਿ ਭਾਜਪਾ ਪੰਜਾਬ ਵਿਚ ਮਜ਼ਬੂਤ ਕਾਨੂੰਨ ਵਿਵਸਥਾ, ਨਿਵੇਸ਼, ਰੁਜ਼ਗਾਰ ਤੇ ਸਮਾਜਿਕ ਸਦਭਾਵਨਾ ਸਥਾਪਤ ਕਰਨ ਲਈ ਵਚਨਬੱਧ ਹੈ। ਪਾਰਟੀ ਦਾ ਟੀਚਾ ਪੰਜਾਬ ਨੂੰ ਦੇਸ਼ ਦੇ ਸਭ ਤੋਂ ਸੁਰੱਖਿਅਤ ਤੇ ਖੁਸ਼ਹਾਲ ਰਾਜਾਂ ਵਿਚੋਂ ਇਕ ਵਜੋਂ ਮੁੜ ਸਥਾਪਿਤ ਕਰਨਾ ਹੈ। ਤਰੁਣ ਚੁੱਘ ਨੇ ਵਿਸ਼ਵਾਸ ਪ੍ਰਗਟ ਕੀਤਾ ਕਿ 2027 ਵਿਚ ਪੰਜਾਬ ਵਿਚ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਤੇ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਮਾਰਗਦਰਸ਼ਨ ਵਿਚ ਸੂਬੇ ਵਿਚ ਸੁਰੱਖਿਆ, ਵਿਕਾਸ ਤੇ ਜਨਤਕ ਵਿਸ਼ਵਾਸ ਦਾ ਨਵਾਂ ਅਧਿਆਇ ਸ਼ੁਰੂ ਹੋਵੇਗਾ। ਮੀਟਿੰਗ ਦੌਰਾਨ ਤਰੁਣ ਚੁੱਘ ਨੇ ਗ੍ਰਹਿ ਮੰਤਰੀ ਅਮਿਤ ਸ਼ਾਹ ਨੂੰ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਤਸਵੀਰ ਭੇਟ ਕੀਤੀ।

# ਦੇਸ਼ ਵਿਆਪੀ ਰੋਸ ਪ੍ਰਦਰਸ਼ਨ 10 ਨੂੰ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ) : ਕੇਂਦਰ ਤੇ ਪੰਜਾਬ ਸਰਕਾਰ ਦੀਆਂ ਲੋਕ-ਮਾਰੂ ਨੀਤੀਆਂ ਖ਼ਿਲਾਫ਼ ਤਿੰਨ ਪ੍ਰਮੁੱਖ ਜਥੇਬੰਦੀਆਂ ਵੱਲੋਂ ਮੋਰਚਾ ਖੋਲ੍ਹਣ ਦਾ ਐਲਾਨ ਕੀਤਾ ਗਿਆ ਹੈ। ਸੀਟੂ , ਕੁੱਲ ਹਿੰਦ ਕਿਸਾਨ ਸਭਾ ਤੇ ਕੁੱਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੀ ਅਹਿਮ ਸਾਂਝੀ ਮੀਟਿੰਗ ਪੁਤਲੀਘਰ ਸਥਿਤ ਸੀਟੂ ਦਫ਼ਤਰ ਵਿਚ ਹੋਈ, ਜਿਸ ਵਿਚ 10 ਜੁਲਾਈ ਨੂੰ ਦੇਸ਼ ਵਿਆਪੀ ਰੋਸ ਪ੍ਰਦਰਸ਼ਨ ਕਰਨ ਦਾ ਫੈਸਲਾ ਲਿਆ ਗਿਆ।

ਮੀਟਿੰਗ ਨੂੰ ਸੰਬੋਧਨ ਕਰਦਿਆਂ ਸੀਟੂ ਦੇ ਸੂਬਾਈ ਮੀਤ ਪ੍ਰਧਾਨ ਕਾਮਰੇਡ ਸੁੱਚਾ ਸਿੰਘ ਅਜਨਾਲਾ ਨੇ ਆਖਿਆ ਕਿ ਮੌਜੂਦਾ ਸਰਕਾਰਾਂ ਲਗਾਤਾਰ ਲੋਕ-ਵਿਰੋਧੀ ਫੈਸਲੇ ਲੈ ਰਹੀਆਂ ਹਨ, ਜਿਸ ਕਾਰਨ ਮਜ਼ਦੂਰਾਂ, ਕਿਸਾਨਾਂ ਤੇ ਆਮ ਲੋਕਾਂ ਵਿਚ ਭਾਰੀ ਰੋਸ ਹੈ। ਉਨ੍ਹਾਂ ਕਿਹਾ ਕਿ 10 ਜੁਲਾਈ ਨੂੰ ਅੰਮ੍ਰਿਤਸਰ ਦੇ ਡਿਪਟੀ ਕਮਿਸ਼ਨਰ (ਡੀਸੀ) ਦਫ਼ਤਰ ਵਿਚ ਰੋਸ ਧਰਨਾ ਦਿੱਤਾ ਜਾਵੇਗਾ। ਇਸ ਦੌਰਾਨ ਮੁੱਖ ਮੰਤਰੀ ਪੰਜਾਬ ਤੇ ਪ੍ਰਧਾਨ ਮੰਤਰੀ ਦੇ ਨਾਂਅ ਮੰਗ ਪੱਤਰ ਸੌਂਪੇ ਜਾਣਗੇ। ਇਸ ਮੀਟਿੰਗ 'ਚ ਕਾਮਰੇਡ ਚਰਨਜੀਤ ਸਿੰਘ ਮਜੀਠਾ (ਜ਼ਿਲ੍ਹਾ ਪ੍ਰਧਾਨ, ਸੀਟੂ) ਵਿਜੇ ਕੁਮਾਰ, ਗੁਰਦੀਪ ਸਿੰਘ ਬੁਤਾਲਾ, ਕਿਰਪਾ ਰਾਮ, ਰਣਜੀਤ ਸਿੰਘ ਬੱਲ, ਐਡਵੋਕੇਟ ਕਮਲਜੀਤ ਕੌਰ, ਸੁਮਨ ਰਾਣੀ, ਪੂਜਾ, ਅਮਨਦੀਪ ਕੌਰ, ਰਾਜਾ ਰਾਮ, ਤਰਸੇਮ ਸਿੰਘ ਦਿਓਲ, ਧਰਮਪਾਲ, ਸੂਰਜ, ਪ੍ਰੇਮ ਬਿਲਾਸ ਆਦਿ ਸਾਥੀ ਹਾਜ਼ਰ ਸਨ। ਜਥੇਬੰਦੀਆਂ ਦੇ ਆਗੂਆਂ ਨੇ ਸਮੂਹ ਵਰਕਰਾਂ ਤੇ ਆਮ ਲੋਕਾਂ ਨੂੰ ਅਪੀਲ ਕੀਤੀ ਹੈ ਕਿ 10 ਜੁਲਾਈ ਦੇ ਰੋਸ ਪ੍ਰਦਰਸ਼ਨ ਨੂੰ ਸਫ਼ਲ ਬਣਾਉਣ ਲਈ ਵੱਧ ਤੋਂ ਵੱਧ ਗਿਣਤੀ ਵਿਚ ਡੀਸੀ ਦਫ਼ਤਰ ਪਹੁੰਚਿਆ ਜਾਵੇ।

# ਬਾਬਾ ਸੈਣ ਭਗਤ ਜੀ ਠੱਠੀ ਸੋਹਲ ਵਿਖੇ ਵਿਆਹ ਪੁਰਬ ਸੰਬੰਧੀ ਸਾਲਾਨਾ ਜੋੜ ਮੇਲਾ ਧੂਮਧਾਮ ਨਾਲ ਮਨਾਇਆ



ਝਬਾਲ, (ਹਰਜਿੰਦਰ ਸਿੰਘ ਸੋਨੀ)-ਗੁਰਦੁਆਰਾ ਜਨਮ ਅਸਥਾਨ ਬਾਬਾ ਸੈਣ ਭਗਤ ਜੀ ਸੋਹਲ ਠੱਠੀ ਜ਼ਿਲਾ ਤਰਨਤਾਰਨ ਵਿਖੇ ਬਾਬਾ ਸੈਣ ਭਗਤ ਜੀ ਦੇ ਵਿਆਹ ਪੁਰਬ ਸਬੰਧੀ ਸਾਲਾਨਾ ਜੋੜ ਮੇਲਾ ਪ੍ਰਬੰਧਕ ਕਮੇਟੀ, ਦੋਵਾਂ ਪੰਚਾਇਤਾਂ ਅਤੇ ਨਗਰ ਸੋਹਲ ਦੀਆਂ ਸੰਗਤਾਂ ਦੇ ਪੂਰਨ ਸਹਿਯੋਗ ਨਾਲ ਬੜੀ ਸ਼ਰਧਾ ਭਾਵਨਾ ਤੇ ਧੂਮ-ਧਾਮ ਨਾਲ ਮਨਾਇਆ ਗਿਆ। ਪੰਥ ਦੀਆਂ ਪੁੱਜੀਆਂ ਧਾਰਮਿਕ ਸਖ਼ਸ਼ੀਅਤਾਂ ਨੂੰ ਗੁਰਦੁਆਰਾ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਤਰਲੋਚਨ ਸਿੰਘ ਸੋਹਲ ਵੱਲੋਂ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਜਦਕਿ ਜੋੜ ਮੇਲੇ ਦੌਰਾਨ ਆਉਣ ਵਾਲੀਆਂ ਸੰਗਤਾਂ ਲਈ ਅਵਾਜਾਈ, ਰਿਹਾਇਸ਼, ਜੋੜਾ ਘਰ, ਸਾਇਕਲ ਤੇ ਮੋਟਰਸਾਈਕਲ ਸਟੈਂਡ, ਕਾਰ ਪਾਰਕਿੰਗ, ਲੰਗਰਾਂ ਤੇ ਠੰਡੇ ਮਿੱਠੇ ਜਲ ਦੀਆਂ ਛਬੀਲਾਂ ਲਗਾਉਣ ਦੇ ਪ੍ਰਬੰਧਕ ਕਮੇਟੀ ਵੱਲੋਂ ਪੁਖਤਾ ਪ੍ਰਬੰਧ ਕੀਤੇ ਗਏ।ਇਸ ਮੌਕੇ ਪ੍ਰਬੰਧਕਾਂ ਦੇ ਸਹਿਯੋਗ ਨਾਲ ਸਰਦਾਰ ਬ੍ਰਦਰਜ਼ ਪਗੜੀ ਸੈਂਟਰ ਝਬਾਲ ਵੱਲੋਂ ਦਸਤਾਰਾਂ ਸਜਾਉਣ ਤੇ ਵੰਡਣ ਦੇ ਮੁਫ਼ਤ ਲੰਗਰ ਲਗਾਏ ਗਏ।ਜਦ ਕਿ ਸ਼ਾਮ ਵੇਲੇ ਪੰਜਾਬ ਦੀਆਂ ਨਾਮਵਰ ਕਬੱਡੀ ਕਲੱਬਾਂ ਦੀਆਂ ਟੀਮਾਂ ਵਿਚਕਾਰ ਕਰਵਾਏ ਪ੍ਰਦਰਸ਼ਨੀ ਮੈਚ ਵਿੱਚ ਜੇਤੂ ਟੀਮ ਨੂੰ ਪ੍ਰਬੰਧਕ ਕਮੇਟੀ ਵੱਲੋਂ ਨਗਦ ਇਨਾਮ ਦੇ ਕੇ ਨਿਵਾਜਿਆ ਗਿਆ।ਇਸ ਸਮੇਂ ਗੁਰਦੁਆਰਾ ਕਮੇਟੀ ਪ੍ਰਧਾਨ ਭਾਈ ਤਰਲੋਚਨ ਸਿੰਘ ਸੋਹਲ, ਮੈਂਬਰ ਹੁਸਨਦੀਪ ਸਿੰਘ, ਅਮਰਜੀਤ ਸਿੰਘ, ਮਖਤੂਲ ਸਿੰਘ, ਰਾਜਵੰਤ ਸਿੰਘ, ਚੈਂਚਲ ਸਿੰਘ, ਹਰਦੀਪ ਸਿੰਘ ਬਿੱਟੂ, ਗੁਰਪ੍ਰੀਤ ਸਿੰਘ ਗੋਪੀ, ਸਰਪੰਚ ਸੋਹਲ ਰਣਜੋਤ ਸਿੰਘ ਜੋਧਾ, ਸਰਪੰਚ ਸੈਣ ਭਗਤ ਗੁਰਦੇਵ ਸਿੰਘ ਫੌਜੀ, ਪੰਚਾਇਤ ਮੈਂਬਰ ਤਾਰ ਸਿੰਘ, ਬੂਟਾ ਸਿੰਘ, ਗੁਰਸੇਵਕ ਸਿੰਘ, ਕਸ਼ਮੀਰ ਸਿੰਘ, ਕਰਮਜੀਤ ਸਿੰਘ, ਹਰਜੀਤ ਸਿੰਘ, ਸੇਵਾਦਾਰ ਬੱਬੂ ਸੰਧੂ, ਸਰਮੁਖ ਸਿੰਘ, ਨਿਸ਼ਾਨ ਸਿੰਘ, ਚਰਨਜੀਤ ਸਿੰਘ ਹੈਪੀ, ਸ਼ੇਰਾ ਆਦਿ ਤੋਂ ਇਲਾਵਾ ਸਾਬਕਾ ਸਰਪੰਚ ਸਰਵਣ ਸਿੰਘ ਸੋਹਲ, ਪ੍ਰਧਾਨ ਤਰਸੇਮ ਸਿੰਘ ਸੋਹਲ, ਪ੍ਰਧਾਨ ਪੁਸ਼ਪਿੰਦਰ ਸਿੰਘ ਪਾਸੀ ਸੋਹਲ ਆੜ੍ਹਤੀ ਐਸੋਸੀਏਸ਼ਨ ਮੰਡੀ ਸੋਹਲ, ਆੜ੍ਹਤੀ ਗੁਰਦੇਵ ਸਿੰਘ ਰਿੱਟੂ ਸੋਹਲ ਸਮੇਤ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਤੇ ਸੰਗਤਾਂ ਵੀ ਹਾਜ਼ਰ ਸਨ।

# ਬਾਬਲ ਦਾ ਕਾਵਿ ਸੰਗ੍ਰਹਿ 'ਤੇਰੇ ਜਾਣ ਪਿੱਛੋਂ' ਲੋਕ ਅਰਪਿਤ

ਬਾਬਾ ਬਕਾਲਾ ਸਾਹਿਬ (ਨਿਰਮਲ ਸਿੰਘ ਸੰਘਾ)-ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਵੱਲੋਂ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਸਹਿਯੋਗ ਨਾਲ ਇਕ ਸਾਹਿਤਕ ਸਮਾਗਮ ਕਰਵਾਇਆ ਗਿਆ ।ਇਸ ਮੌਕੇ ਪ੍ਰਧਾਨਗੀ ਮੰਡਲ ਵਿੱਚ ਕੇਂਦਰੀ ਪੰਜਾਬੀ ਲੇਖਕ ਸਭਾ ਦੇ ਮੀਤ ਪ੍ਰਧਾਨ ਸ਼ੇਲਿੰਦਰਜੀਤ ਸਿੰਘ ਰਾਜਨ, ਕਾਰਜਕਾਰੀ ਮੈਂਬਰ ਮਾ: ਮਨਜੀਤ ਸਿੰਘ ਵੱਸੀ, ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ ਦੇ ਸਰਪ੍ਰਸਤ ਪ੍ਰਿੰ: ਰਘਬੀਰ ਸਿੰਘ ਸੋਹਲ, ਪ੍ਰਧਾਨ ਸੰਤੋਖ ਸਿੰਘ ਗੁਰਾਇਆ, ਮਾਝਾ ਜਨਵਾਦੀ ਲੇਖਕ ਸਭਾ ਦੇ ਜਨਰਲ ਸਕੱਤਰ ਸ: ਹਰਦਰਸ਼ਨ ਸਿੰਘ ਕਮਲ, ਮਝੈਲਾਂ ਦੀ ਸੱਥ ਦੇ ਪ੍ਰਧਾਨ ਡਾ: ਗਗਨਦੀਪ ਸਿੰਘ, ਮੱਖਣ ਸਿੰਘ ਭੈਣੀਵਾਲਾ ਸਾ: ਬੀ.ਈ.ਈ.ਓ., ਮੁਨੀਸ਼ ਕੁਮਾਰ ਭੱਠੇ ਵਾਲੇ, ਜਸਬੀਰ ਕੌਰ (ਸੁਪਤਨੀ ਸਵਰਗੀ ਰਣਜੀਤ ਸਿੰਘ ਬਾਬਲ), ਸੁਖਵੰਤ ਕੌਰ ਵੱਸੀ ਪ੍ਰਧਾਨ ਮਹਿਲਾ ਵਿੰਗ, ਪੰਜਾਬ ਸਾਹਿਤਕ ਮੰਚ ਜਲੰਧਰ ਵੱਲੋਂ ਨਾਨਕ ਚੰਦ ਵਿਰਲੀ, ਸੁਖਦੇਵ ਸਿੰਘ ਗੰਡਵਾਂ, ਸ਼ਬਦ ਨਾਦ ਮੰਚ ਤੋਂ ਪ੍ਰੋ: ਬਖਤਾਵਰ ਧਾਲੀਵਾਲ, ਕੰਵਲਜੀਤ ਸਿੰਘ ਭੁੱਲਰ, ਅਤੇ ਡਾ: ਕੁਲਵੰਤ ਸਿੰਘ ਬਾਠ ਸਾ: ਵੈਟਰਨਰੀ ਅਫਸਰ ਆਦਿ ਸੁਸ਼ੋਭਿਤ ਹੋਏ ।ਇਸ ਮੌਕੇ ਸਭਾ ਦੇ ਮੀਤ ਪ੍ਰਧਾਨ ਸ: ਰਣਜੀਤ ਸਿੰਘ ਬਾਬਲ ਦੀ ਮੌਤ ਪਿੱਛੋਂ ਉਨ੍ਹਾਂ ਦਾ ਕਾਵਿ ਸੰਗ੍ਰਹਿ ਤੇਰੇ ਜਾਣ ਪਿੱਛੋਂ, ਜੋ ਕਿ ਸਭਾ ਦੇ ਮੁੱਖ ਸੰਚਾਲਕ ਸ਼ੇਲਿੰਦਰਜੀਤ ਸਿੰਘ ਰਾਜਨ ਦੁਆਰਾ ਸੰਪਾਦਿਤ ਕੀਤਾ ਗਿਆ ਹੈ, ਨੂੰ ਸਮੁੱਚੇ ਪ੍ਰਧਾਨਗੀ ਮੰਡਲ ਵੱਲੋਂ ਲੋਕ ਅਰਪਿਤ ਕੀਤਾ ਗਿਆ ।ਇਸ ਮੌਕੇ ਹੋਏ ਕਵੀ ਦਰਬਾਰ ਵਿੱਚ ਪੰਜਾਬੀ ਸਾਹਿਤ ਸਭਾ ਬਾਬਾ ਬਕਾਲਾ ਸਾਹਿਬ (ਮਹਿਲਾ ਵਿੰਗ) ਦੇ ਪ੍ਰਧਾਨ ਸੁਖਵੰਤ ਕੌਰ ਵੱਸੀ, ਰਾਜਵਿੰਦਰ ਕੌਰ ਰਾਜ, ਮੈਡਮ ਅਨੂਪਮਾ, ਸੁਰਿੰਦਰ ਖਿਲਚੀਆਂ, ਸੁਖਵਿੰਦਰ ਕੌਰ ਬਟਾਲਾ, ਗੁਰਮੀਤ ਕੌਰ ਬੱਲ ਜੋਧੇ, ਹਰਵਿੰਦਰਜੀਤ ਕੌਰ ਬਾਠ, ਸਿਮਰਨਜੀਤ ਕੌਰ ਮਾਹਲਾ, ਜਸਮਿੰਦਰਜੀਤ ਕੌਰ, ਨਵਦੀਪ ਸਿੰਘ ਬਦੇਸ਼ਾ, ਅਸ਼ੋਕ ਟਾਂਡੀ, ਜਗਦੀਸ਼ ਸਿੰਘ ਬਮਰਾਹ, ਮਾ: ਧਰਮ ਸਿੰਘ ਧਿਆਨਪੁਰ, ਰਮੇਸ਼ ਕੁਮਾਰ ਜਾਨੂੰ, ਸੁਲਤਾਨ ਭਾਰਤੀ, ਮਨਦੀਪ ਸਿੰਘ ਬੋਪਰਾਏ, ਸੂਬੇਦਾਰ ਹਰਜੀਤ ਸਿੰਘ, ਅਮਨਿੰਦਰ ਸਿੰਘ ਵਡਾਲਾ, ਕੁਲਵੰਤ ਸਿੰਘ ਗਿੱਲ ਠੱਠੀਆਂ, ਸੋਨੂੰ ਸੁਲਤਾਨ, ਨਿਸ਼ਾਨ ਸਿੰਘ (ਮਜਲਸ), ਡਾ: ਸਰਬਜੀਤ ਸਿੰਘ ਬਿੱਲਾ, ਮਾ: ਬਲਬੀਰ ਸਿੰਘ ਬੀਰ, ਡਾ: ਅਮਨਦੀਪ ਸਿੰਘ ਬਿਆਸ, ਬਲਵਿੰਦਰ ਸਿੰਘ ਅਠੌਲਾ, ਜਗਦੀਸ਼ ਸਿੰਘ ਬਮਰਾਹ, ਅਜੀਤ ਸਿੰਘ ਸਠਿਆਲਵੀ, ਅਜੈਬ ਸਿੰਘ ਬੋਦੇਵਾਲ, ਸਕੱਤਰ ਸਿੰਘ ਪੁਰੇਵਾਲ, ਰਾਜਵਿੰਦਰ ਸਿੰਘ ਵੜੈਚ, ਕੈਪਟਨ ਸਿੰਘ ਮਹਿਤਾ, ਜਤਿੰਦਰ ਸਿੰਘ ਆਦਿ ਨੇ ਕਾਵਿ ਰਚਨਾਵਾਂ ਰਾਹੀਂ ਚੰਗਾ ਰੰਗ ਬੰਨ੍ਹਿਆ ।ਇਸ ਮੌਕੇ ਮਰਹੂਮ ਸ਼ਾਇਰ ਰਣਜੀਤ ਸਿੰਘ ਬਾਬਲ ਦੇ ਪਰਿਵਾਰ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਮੈਡਮ ਸੁਖਵੰਤ ਕੌਰ ਵੱਸੀ ਦੇ ਭੈਣ ਜੀ ਬੀਬੀ ਮਨਜੀਤ ਕੌਰ ਦੀ ਮੌਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ ।ਮੰਚ ਸੰਚਾਲਨ ਦੇ ਫਰਜ਼ ਸ਼ੇਲਿੰਦਰਜੀਤ ਸਿੰਘ ਰਾਜਨ ਨੇ ਨਿਭਾਏ ।



## ਨੌਜਵਾਨ ਨੂੰ ਜ਼ਖਮੀ ਕਰਨ ’ਤੇ 3 ਵਿਅਕਤੀਆਂ ਖਿਲਾਫ ਮਾਮਲਾ ਦਰਜ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪਿੰਡ ਪੰਡੋਰੀ ਵਿਖੇ ਇੱਕ ਨੌਜਵਾਨ ਨੂੰ ਤੇਜਧਾਰ ਹਥਿਆਰਾ ਨਾਲ ਹਮਲਾ ਕਰਨ ਅਤੇ ਕੁੱਟਮਾਰ ਕਰਕੇ ਜ਼ਖਮੀ ਕਰਨ ਵਾਲਿਆਂ 3 ਵਿਅਕਤੀਆਂ ਖਿਲਾਫ ਟਾਂਡਾ ਪੁਲਿਸ ਨੇ ਮਾਮਲਾ ਦਰਜ ਕੀਤਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਮੁਖੀ ਇੰਸਪੈਕਟਰ ਗੁਰਜਿੰਦਰਜੀਤ ਸਿੰਘ ਨਾਗਰਾ ਨੇ ਦੱਸਿਆ ਕਿ ਪੁਲਿਸ ਨੇ ਇਹ ਮਾਮਲਾ ਹਮਲੇ ਵਿੱਚ ਜਖਮੀ ਰਾਹੁਲ ਗਿੱਲ ਪੁੱਤਰ ਸਤਪਾਲ ਸਿੰਘ ਦੇ ਬਿਆਨਾਂ ਦੇ ਅਧਾਰ ਤੇ ਕੁਲਜੀਤਾ ਪੁੱਤਰ ਰਾਮ ਲੁਭਾਇਆ ਵਾਸੀ ਪੰਡੋਰੀ, ਗੋਲਡੀ ਪੁੱਤਰ ਕੁਲਵਿੰਦਰ ਸਿੰਘ ਵਾਸੀ ਕੰਧਾਲੀਆ (ਗੜਦੀਵਾਲ) ਤੇ ਸੰਜੂ ਪੁੱਤਰ ਅਮਰੀਕ ਸਿੰਘ ਵਾਸੀ ਪਿੰਡ ਹੁਕਮਗੜ ਦੇ ਖਿਲਾਫ ਦਰਜ ਕੀਤਾ ਹੈ।ਪੁਲਸ ਕੋਲ ਦਰਜ ਕਰਾਏ ਗਏ ਬਿਆਨਾਂ ਵਿੱਚ ਜ਼ਖਮੀ ਰਾਹੁਲ ਗਿੱਲ ਨੇ ਦੱਸਿਆ ਕਿ ਬੀਤੀ 25 ਜੂਨ ਨੂੰ ਜਦੋਂ ਉਹ ਆਪਣੀ ਹਵੇਲੀ ਵੱਲ ਜਾ ਰਿਹਾ ਸੀ ਤਾਂ ਕੁਲਜੀਤਾ ਤੇ ਉਸ ਦੇ ਸਾਥੀਆਂ ਨੇ ਉਸਨੂੰ ਰਸਤੇ ਵਿੱਚ ਘੇਰਦੇ ਹੋਏ ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰਕੇ ਗੰਭੀਰ ਜਖਮ ਕਰ ਦਿੱਤਾ।ਫਿਲਹਾਲ ਪੁਲਿਸ ਨੇ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ ਅਤੇ ਇਸ ਮਾਮਲੇ ਦੀ ਹੋਰ ਜਾਂਚ ਪੜਤਾਲ ਏ ਐੱਸ ਆਈ ਜਸਵੀਰ ਸਿੰਘ ਵੱਲੋਂ ਕੀਤੀ ਜਾ ਰਹੀ ਹੈ।

## ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਲਈ ‘ਪ੍ਰੋਜੈਕਟ ਪਹਿਚਾਣ’ ਦੀ ਸ਼ੁਰਆਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਦੀ ਅਗਵਾਈ ਵਿਚ ਜ਼ਿਲ੍ਹੇ ਦੀਆਂ ਲੜਕੀਆਂ ਅਤੇ ਮਹਿਲਾਵਾਂ ਦੇ ਸਸ਼ਕਤੀਕਰਨ ਅਤੇ ਆਰਥਿਕ ਆਤਮਨਿਰਭਰਤਾ ਨੂੰ ਬੜ੍ਹਾਵਾ ਦੇਣ ਦੇ ਉਦੇਸ਼ ਨਾਲ ਇਕ ਵਿਸ਼ੇਸ਼ ਪਹਿਲ ਤਹਿਤ ‘ਪ੍ਰੋਜੈਕਟ ਪਹਿਚਾਣ’ ਦੀ ਸ਼ੁਰੂਆਤ ਕੀਤੀ ਗਈ ਹੈ। ਇਹ ਪ੍ਰੋਜੈਕਟ ਉਸ਼ਾ ਸਾਂਗਵਾਨ ਦੇ ਵਿਸ਼ੇਸ਼ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ ਹੈ, ਜੋ ਸੋਨਾਲੀਕਾ ਗਰੁੱਪ ਦੇ ਸੰਸਥਾਪਕ ਡਾ. ਲਕਸ਼ਮਣ ਦਾਸ ਮਿੱਤਲ ਦੀ ਪੁੱਤਰੀ ਹੈ ਅਤੇ ਭਾਰਤੀਆ ਜੀਵਨ ਬੀਮਾ ਨਿਗਮ ਦੇ ਇਤਿਹਾਸ ਵਿਚ ਪਹਿਲੀ ਮਹਿਲਾ ਪ੍ਰਬੰਧ ਨਿਰਦੇਸ਼ਕ ਰਹਿਣ ਦਾ ਗੌਰਵ ਪ੍ਰਾਪਤ ਕਰ ਚੁੱਕੀ ਹੈ। ਉਸ਼ਾ ਸਾਂਗਵਾਨ ਦੇਸ਼ ਦੀ ਮੋਹਰੀ ਮਹਿਲਾ ਕਾਰੋਬਾਰੀ ਹੱਸਤੀਆਂ ਵਿਚ ਸ਼ਾਮਲ ਹੈ। ਉਨ੍ਹਾਂ ਦਾ ਨਾਮ ਵਿਸ਼ਵ ਪ੍ਰਸਿੱਧ ਫੋਬਰਸ ਦੀ ਏਸ਼ੀਆ ਦੀ 50 ਸਭ ਤੋਂ ਪ੍ਰਭਾਵਸ਼ਾਲੀ ਮਹਿਲਾਵਾਂ ਦੀ ਸੂਚੀ ਵਿਚ ਸ਼ਾਮਲ ਹੋ ਚੁੱਕਾ ਹੈ। ਇਸ ਤੋਂ ਇਲਾਵਾ ਇਹ ਨੀਤੀ ਆਯੋਗ ਦੇ ਮਹਿਲਾ ਸਸ਼ਕਤੀਕਰਨ ਪ੍ਰੋਗਰਾਮਾਂ ਵਿਚ ਵੀ ਮੋਹਰੀ ਰੂਪ ਵਿਚ ਜੁੜੀ ਹੋਈ ਹੈ। ਉਨ੍ਹਾਂ ਦੇ ਮਾਰਗਦਰਸ਼ਨ ਅਤੇ ਪ੍ਰੇਨਣਾ ਨਾਲ ਸ਼ੁਰੂ



ਕੀਤੇ ਗਏ ਇਸ ਪ੍ਰੋਜੈਕਟ ਦਾ ਮੁੱਖ ਉਦੇਸ਼ ਮਹਿਲਾਵਾ ਨੂੰ ਆਤਮਨਿਰਭਰ ਬਣਾ ਕੇ ਉਨ੍ਹਾਂ ਨੂੰ ਆਰਥਿਕ ਅਤੇ ਸਮਾਜਿਕ ਤੌਰ ’ਤੇ ਮਜ਼ਬੂਤ ਬਣਾਉਣਾ ਹੈ।

ਜ਼ਿਲ੍ਹਾ ਰੈਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ ‘ਪ੍ਰੋਜੈਕਟ ਪਹਿਚਾਣ’ ਦਾ ਮੁੱਖ ਉਦੇਸ਼ ਮਹਿਲਾਵਾਂ ਅਤੇ ਲੜਕੀਆਂ ਦੇ ਦਰਮਿਆਨ ਸਟਾਰਟ-ਅਪ ਸੰਸਕ੍ਰਿਤੀ ਨੂੰ ਬੜ੍ਹਾਵਾ ਦੇਣਾ ਹੈ। ਇਸ ਤਹਿਤ ਰੈਡ ਕਰਾਸ ਵੋਕੇਸ਼ਨਲ ਲਰਨਿੰਗ ਸੈਂਟਰ ਦੀਆਂ 5 ਪ੍ਰਤੀਭਾਸ਼ਾਲੀ ਅਤੇ ਜ਼ਰੂਰਤਮੰਦ ਵਿਦਿਆਰਥਣਾਂ ਮਨੀਸ਼ਾ, ਹਰਪ੍ਰੀਤ ਕੌਰ, ਮੋਨਿਕਾ, ਅਮ੍ਰਿਤ ਅਤੇ ਕਾਲਜ ਨੂੰ ਘਰ ਤੋਂ ਹੀ ਸਵੈਰੋਜ਼ਗਾਰ ਸ਼ੁਰੂ ਕਰਨ ਲਈ ਮੋਟਰਾਈਜ਼ਡ ਅੰਬਰੇਲਾ ਮਸ਼ੀਨ, ਇੰਟਰਲਾਕਿੰਗ ਮਸ਼ੀਨ, ਸਟੀਮ ਪ੍ਰੈਸ ਅਤੇ ਆਇਰਨ ਪ੍ਰੈਸ ਉਪਲਬੱਧ ਕਰਵਾਈ ਗਈ ਹੈ।

ਇਨ੍ਹਾਂ ਮਸ਼ੀਨਾਂ ਦੀ ਸਹਾਇਤਾ ਨਾਲ ਇਹ ਵਿਦਿਆਰਥਣਾਂ ਘਰ ਬੈਠੇ ਹੀ ਆਪਣੀ ਰੋਜ਼ੀ ਰੋਟੀ ਕਮਾਉਣ ਅਤੇ ਆਤਮਨਿਰਭਰ ਬਣਾਉਣ ਦੀ ਦਿਸ਼ਾ ਵਿਚ ਅੱਗੇ ਵੱਧਣਗੀਆਂ।

## ਅਮਰੀਕਾ ’ਚ ਰੜਾ ਵਾਸੀ ਨੌਜਵਾਨ ਦੀ ਮੌਤ

**ਅੱਡਾ ਸਰਾਂ/ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ, ਜਸਵੀਰ ਕਾਜਲ)**- ਜ਼ਿਲ੍ਹਾ ਹੁਸ਼ਿਆਰਪੁਰ ਦੇ ਹਲਕਾ ਉੜਮੁੜ ਟਾਂਡਾ ਅਧੀਨ ਪੈਂਦੇ ਪਿੰਡ ਰੜਾ ਦੇ ਰਹਿਣ ਵਾਲੇ ਇਕ ਨੌਜਵਾਨ ਵਿਅਕਤੀ ਦੀ ਅਮਰੀਕਾ ਵਿਖੇ ਅਚਨਚੇਤ ਮੌਤ ਹੋ ਗਈ। ਮ੍ਰਿਤਕ ਦੀ ਪਛਾਣ ਕੁਲਜੀਤ ਸਿੰਘ ਉਮਰ ਕਰੀਬ 32 ਸਾਲ ਪੁੱਤਰ ਸੁਰਿੰਦਰ ਸਿੰਘ ਵਜੋਂ ਹੋਈ ਹੈ। ਕੁਲਜੀਤ ਸਿੰਘ ਆਪਣੇ 13 ਸਾਲਾਂ ਦੇ ਬੇਟੇ ਤੇ ਪਤਨੀ ਸਮੇਤ ਅਮਰੀਕਾ ਵਿੱਚ ਪੱਕੇ ਤੌਰ ਤੇ ਰਹਿੰਦਾ ਸੀ। ਇਸ ਮੌਕੇ ਭਰੇ ਹੋਏ ਮਨ ਨਾਲ ਗੱਲਬਾਤ ਕਰਦਿਆਂ ਮ੍ਰਿਤਕ ਕੁਲਜੀਤ



ਸਿੰਘ ਦੇ ਚਾਚਾ ਸਮਾਜ ਸੇਵਕ ਬਲਵਿੰਦਰ ਸਿੰਘ ਰਾਣਾ ਨੇ ਦੱਸਿਆ ਕਿ ਸ਼ਨੀਵਾਰ ਦੁਪਹਿਰ ਕੁਲਜੀਤ ਦੀ ਪਤਨੀ ਅਲੀਜਾ ਨੇ ਉਸ ਦੀ ਮੌਤ ਵਾਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਅਮਰੀਕਾ ਦੇ ਸਮੇ ਮੁਤਾਬਿਕ ਸ਼ਾਮ ਨੂੰ ਜਦੋਂ ਕੁਲਜੀਤ ਸਿੰਘ ਆਪਣੇ ਪਰਵਾਰ ਸਮੇਤ ਕਾਰ ਤੇ ਸਵਾਰ ਹੋ ਕੇ ਕਿਧਰੇ ਕੰਮ ਜਾ ਰਹੇ ਸੀ ਕਿ ਜਦੋਂ ਟ੍ਰੈਫਿਕ ਲਾਈਟਾਂ ਤੇ ਉਨ੍ਹਾਂ ਕਾਰ ਰੋਕੀ ਤਾਂ ਅਚਾਨਕ ਕੁਲਜੀਤ ਨੂੰ ਬ੍ਰੇਨ ਹੈਮਰਿਜ ਹੋ ਗਈ। ਮੌਕੇ ਤੇ ਪਰਵਾਰ ਵੱਲੋਂ ਕੁਲਜੀਤ ਨੂੰ ਹਸਪਤਾਲ ਲਿਜਾਇਆ ਗਿਆ ਜਿੱਥੇ ਡਾਕਟਰਾਂ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਕੁਲਜੀਤ ਸਿੰਘ ਦੇ ਪਿਤਾ ਸੁਰਿੰਦਰ ਸਿੰਘ ਦੀ ਤਿੰਨ ਸਾਲ ਪਹਿਲਾਂ ਮੌਤ ਹੋ ਚੁੱਕੀ ਹੈ। ਇਸ ਦੁਖਦ ਸੂਚਨਾ ਮਿਲਣ ਤੋਂ ਬਾਅਦ ਪਰਵਾਰ ਅਤੇ ਪਿੰਡ ਵਿਚ ਮਾਤਮ ਦਾ ਮਾਹੌਲ ਹੈ।

## ਸਰਬਜੀਤ ਮੋਮੀ ਨੇ ਸੰਤ ਨਿਰੰਜਨ ਦਾਸ ਤੋਂ ਲਿਆ ਅਸ਼ੀਰਵਾਦ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਡੇਰਾ ਸੱਚਖੰਡ ਬੱਲਾਂ ਦੇ ਮੌਜੂਦਾ ਗਦੀ ਨਸ਼ੀਨ ਪਦਮਸ਼੍ਰੀ ਸੰਤ ਨਿਰੰਜਨ ਦਾਸ ਤੋਂ ਸ਼੍ਰੋਮਣੀ ਅਕਾਲੀ ਦਲ ਐਸ.ਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਵਿਸ਼ੇਸ਼ ਤੌਰ ਤੇ ਡੇਰਾ ਸੱਚਖੰਡ ਬੱਲਾਂ ਪਹੁੰਚ ਕੇ ਅਸ਼ੀਰਵਾਦ ਲਿਆ। ਇਸ ਮੌਕੇ ਜਿਲਾ ਪ੍ਰਧਾਨ ਸਰਬਜੀਤ ਸਿੰਘ ਮੋਮੀ ਨੇ ਕਿਹਾ ਕਿ ਭਾਰਤ ਸਰਕਾਰ ਵੱਲੋਂ ਅਧਿਆਤਮਕਤਾ ਦੇ ਖੇਤਰ ਵਿੱਚ ਦਿੱਤੇ ਗਏ ਇਸ ਵਿਸ਼ੇਸ਼ ਐਵਾਰਡ ਨਾਲ ਪੂਰੇ ਦਲਿਤ ਸਮਾਜ ਦਾ ਮਾਣ ਸਤਿਕਾਰ ਵਧਿਆ ਹੈ। ਉਹਨਾਂ ਹੋਰ ਕਿਹਾ ਕਿ ਸੰਤ ਨਿਰੰਜਨ ਦਾਸ ਜੀ ਮਹਾਰਾਜ ਨੇ ਜਿੱਥੇ ਸਤਿਗੁਰ ਰਵਿਦਾਸ ਮਹਾਰਾਜ ਜੀ ਦੀ ਬਾਣੀ ਦਾ ਦੇਸ਼ਾਂ-ਵਿਦੇਸ਼ਾਂ ਵਿੱਚ ਵਿਸ਼ੇਸ਼ ਤੌਰ ਤੇ ਪ੍ਰਚਾਰ ਕੀਤਾ ਹੈ ਉੱਥੇ ਹੀ ਅਧਿਆਤਮਿਕਤਾ ਤੋਂ ਇਲਾਵਾ ਸਮਾਜ ਸੇਵਾ ਤੇ ਮਨੁੱਖਤਾ ਦੀ ਭਲਾਈ ਲਈ ਵੀ ਵਿਸ਼ੇਸ਼ ਕਾਰਜ ਕੀਤੇ ਹਨ ਜੋ ਕਿ ਸਲਾਹੁਣ ਯੋਗ ਹਨ। ਇਸ ਮੌਕੇ ਉਨਾਂ ਨੇ ਸੰਤ ਨਿਰੰਜਨ ਦਾਸ ਮਹਾਰਾਜ ਜੀ ਨੂੰ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਆਉਣ ਵਾਲੇ 650 ਸਾਲਾ ਸ਼ਤਾਬਦੀ ਪ੍ਰਕਾਸ਼ ਉਤਸਵ ਤੇ ਮੁਬਾਰਕਬਾਦ ਦਿੱਤੀ ਅਤੇ ਕਿਹਾ ਕਿ ਕਿ ਸਤਿਗੁਰੂ ਰਵਿਦਾਸ ਮਹਾਰਾਜ ਜੀ ਦੇ ਮਹਾਨ ਪੁਰਬ ਨੂੰ ਮੁੱਖ ਰੱਖਦਿਆਂ ਵਿੱਚ ਜਿੱਥੇ ਵੀ ਉਨਾਂ ਦੀ



ਡਿਊਟੀ ਜਾਂ ਸੇਵਾ ਲਗਾਈ ਜਾਵੇਗੀ ਉਹ ਉਸਨੂੰ ਤਨ ਮਨ ਤੇ ਧਨ ਨਾਲ ਨਿਭਾਉਣਗੇ। ਸੰਤ ਨਿਰੰਜਨ ਦਾਸ ਜੀ ਮਹਾਰਾਜ ਨੇ ਮਹਾਰਾਜ ਜੀ ਨੇ ਜਿਲਾ ਪ੍ਰਧਾਨ ਸਰਬਜੀਤ ਮੋਮੀ ਨੂੰ ਅਸ਼ੀਰਵਾਦ ਦੇਣ ਦੇ ਨਾਲ ਨਾਲ ਡੇਰਾ ਸੱਚਖੰਡ ਬੱਲਾਂ ਵੱਲੋਂ ਵਿਸ਼ੇਸ਼ ਤੌਰ ਤੇ ਸਨਮਾਨਿਤ ਵੀ ਕੀਤਾ। ਇਸ ਮੌਕੇ ਉਨਾਂ ਦੇ ਨਾਲ ਸ਼੍ਰੋਮਣੀ ਅਕਾਲੀ ਦਲ ਦੇ ਹੋਰ ਅਹੁਦੇਦਾਰ ਤੇ ਵਰਕਰ ਵੀ ਮੌਜੂਦ ਸਨ।

## ਖੈਰਪੁਰ ਢੰਗਰਾਲੀ ਕੰਕਰੀਟ ਮਿਕਸਰ ਪਲਾਂਟ ਵਿਰੁੱਧ ਧਰਨਾ ਜਾਰੀ

**ਮੋਰਿੰਡਾ (ਨਿਹਾਲ ਸਿੰਘ ਕਲਸੀ)** ਪਿੰਡ ਢੰਗਰਾਲੀ ਖੈਰਪੁਰ ਵਿੱਚ ਕੰਕਰੀਟ ਮਿਕਸਰ ਪਲਾਂਟ ਨੂੰ ਲੱਗਣ ਤੋਂ ਰੋਕਣ ਦੇ ਲਈ ਪਿੰਡ ਵਾਸੀਆਂ ਵੱਲੋਂ ਲਗਾਇਆ ਗਿਆ ਧਰਨਾ ਤੀਜੇ ਮਹੀਨੇ ਦੇ 72



ਦਿਨ ਵੀ ਜਾਰੀ ਰਿਹਾ। ਝੋਨੇ ਦੀ ਲਗਵਾਈ ਤੋਂ ਬਾਅਦ ਪਿੰਡ ਵਾਸੀਆਂ ਨੇ ਮੁੜ ਤੋਂ ਧਰਨੇ ਵਿੱਚ ਸਰਗਰਮੀ ਨਾਲ ਸ਼ਮੂਲੀਅਤ ਕੀਤੀ। ਧਰਨੇ ਵਿੱਚ ਮੁੜ ਤੋਂ ਢਾਡੀ ਵਾਰਾਂ ਗੂੰਜੀਆਂ, ਬੀਬੀਆਂ ਭੈਣਾਂ ਅਤੇ ਨਿਹੰਗ ਬੁੱਢਾ ਦਲ ਦੇ ਸਿੰਘਾਂ ਨੇ ਸ਼ਮੂਲੀਅਤ ਕੀਤੀ।ਪ੍ਰੈਸ ਨੂੰ ਬਿਆਨ ਜਾਰੀ ਕਰਦਿਆਂ ਸਵਰਨ ਸਿੰਘ ਢੰਗਰਾਲੀ ਨੇ ਦੱਸਿਆ ਕਿ ਰਣਦੀਪ ਸਿੰਘ ਦੀਪੂ ਸਰਪੰਚ ਗ੍ਰਾਮ ਪੰਚਾਇਤ ਢੰਗਰਾਲੀ ਅਤੇ ਬੀਬੀ ਕਮਲਜੀਤ ਕੌਰ ਸਰਪੰਚ ਗ੍ਰਾਮ ਪੰਚਾਇਤ ਖੈਰਪੁਰ ਤੇ ਹਰਜਿੰਦਰ ਸਿੰਘ ਖਟੜਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਅਹਿਮ ਫੈਸਲੇ ਲਏ ਗਏ।ਪਿੰਡ ਵਾਸੀਆਂ ਨੇ ਪ੍ਰਸ਼ਾਸਨ ਦੀ ਬੇਰੁਖੀ ਵਿਰੁੱਧ ਧਰਨੇ ਵਿੱਚ ਤਿੱਖਾ ਰੋਸ ਪ੍ਰਗਟ ਕੀਤਾ। ਇਸ ਮੌਕੇ ਧਰਨੇ ਨੂੰ ਸੰਬੋਧਨ ਕਰਦਿਆਂ ਸਵਰਨ ਸਿੰਘ ਢੰਗਰਾਲੀ ਨੇ ਕਿਹਾ ਕਿ ਉਦੋਂ ਤੱਕ ਧਰਨੇ ਦਾ ਮਨੋਰਥ ਪੂਰਾ ਨਹੀਂ ਹੁੰਦਾ ਹੈ। ਜਦੋਂ ਤੱਕ ਇਸ ਜਮੀਨ ਦੇ ਮਾਲਕ ਵੱਲੋਂ ਕੰਕਰੀਟ ਮਿਕਸਰ ਪਲਾਂਟ ਲਗਾਉਣ ਲਈ ਲਿਆ ਗਿਆ ਸੀ.ਐਲ.ਯੂ ਰੱਦ ਨਹੀਂ ਕਰਵਾਇਆ ਜਾਂਦਾ ਹੈ ਤੇ ਦੂਜੀਆਂ ਪ੍ਰਵਾਨਗੀਆਂ ਐ ਰੱਦ ਨਹੀਂ ਕੀਤਾ ਜਾਂਦਾ। ਉਹਨਾਂ ਮੁੱਖ ਮੰਤਰੀ ਪੰਜਾਬ ਨੂੰ ਅਪੀਲ ਕੀਤੀ ਕਿ ਇਸ ਪਲਾਂਟ ਦੀਆਂ ਮਨਜ਼ੂਰੀਆਂ ਰੱਦ ਕੀਤੀਆਂ ਜਾਣ।

ਜਥੇਦਾਰ ਮਸਤਾਨ ਸਿੰਘ ਨਿਹੰਗ ਜੀ ਨੇ ਪਿੰਡ ਵਾਸੀਆਂ ਨੂੰ ਭਰੋਸਾ ਦਵਾਇਆ ਕਿ ਅਕਾਲੀ ਫੌਜਾਂ ਸਮੇਤ ਘੋੜੇ ਸ਼ਸਤਰ ਅਸਤਰ ਆਪ ਜੀ ਦੇ ਨਾਲ ਖੜੇ ਹਨ। ਜਦੋਂ ਵੀ ਲੋੜ ਹੋਵੇ ਅਸੀਂ ਹਾਜ਼ਰ ਹੋਵਾਂਗੇ।

## ਜ਼ਿਲ੍ਹਾ ਚੋਣ ਅ਼ਫ਼ਸਰ ਵੱਲੋਂ ਐੱਸ ਆਈ ਆਰ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼



**ਖਰੜ (ਹਰਨਾਮ ਸਿੰਘ ਡੱਲਾ)** ਵੋਟਰ ਸੂਚੀਆਂ ਦੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਦੇ ਚੱਲ ਰਹੇ ਕਾਰਜਾਂ ਤਹਿਤ ਏ ਡੀ ਸੀ-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਗੀਤਿਕਾ ਸਿੰਘ ਨੇ ਐੱਸ ਡੀ ਐੱਮ-ਕਮ-ਇਲੈਕਟੋਰਲ ਰਜਿਸਟ੍ਰੇਸ਼ਨ ਅਫ਼ਸਰ, ਵਿਧਾਨ ਸਭਾ ਹਲਕਾ-52 ਖਰੜ ਗੁਰਮੀਤ ਸਿੰਘ ਨਾਲ ਫੀਲਡ ਦੌਰਾ ਕਰਕੇ ਰਿਵੀਜ਼ਨ ਕਾਰਜਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ। ਦੌਰੇ ਦੌਰਾਨ ਅਧਿਕਾਰੀਆਂ ਨੇ ਐਨੂਮਰੇਸ਼ਨ ਫਾਰਮਾਂ ਦੇ ਡਿਜ਼ੀਟਾਈਜ਼ੇਸ਼ਨ ਦੀ ਪ੍ਰਗਤੀ ਦੀ ਸਮੀਖਿਆ ਕੀਤੀ ਤੇ ਇਸ ਕਾਰਜ ਵਿੱਚ ਲੱਗੇ ਬੂਥ ਲੈਵਲ ਅਫ਼ਸਰਾਂ ਨਾਲ ਗੱਲਬਾਤ ਕੀਤੀ। ਉਨ੍ਹਾਂ ਬੀ ਐੱਲ ਓਜ਼. ਵੱਲੋਂ ਕੀਤੇ ਜਾ ਰਹੇ ਸਮਰਪਿਤ ਯਤਨਾਂ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਨਿਰਧਾਰਿਤ ਸਮਾਂ-ਸੀਮਾ ਅੰਦਰ ਪੂਰੀ ਸ਼ੁੱਧਤਾ ਨਾਲ ਕਾਰਜ ਮੁਕੰਮਲ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਸਮੂਹ ਬੂਥ ਲੈਵਲ ਅਫ਼ਸਰਾਂ ਅਤੇ ਚੋਣ ਅਮਲੇ ਨੂੰ ਪੂਰੀ ਲਗਨ ਅਤੇ ਜ਼ਿੰਮੇਵਾਰੀ ਨਾਲ ਕੰਮ ਕਰਦਿਆਂ ਇਸ ਪ੍ਰਕਿਰਿਆ ਨੂੰ ਪਾਰਦਰਸ਼ੀ, ਸਹੀ ਅਤੇ ਨਿਰਧਾਰਿਤ ਸਮਾਂ-ਸੀਮਾ ਅੰਦਰ ਮੁਕੰਮਲ ਕਰਨ ਦੀ ਅਪੀਲ ਕੀਤੀ।

## ਭਾਰਤ ਵਿਕਾਸ ਪ੍ਰੀਸ਼ਦ ਵੱਲੋਂ ਰੁੱਖ ਲਗਾਓ ਤੇ ਕੈਰੀਅਰ ਕਾਊਂਸਲਿੰਗ ਪ੍ਰੋਗਰਾਮ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)** ਭਾਰਤ ਵਿਕਾਸ ਪ੍ਰੀਸ਼ਦ ਫਗਵਾੜਾ ਵੱਲੋਂ ਚੱਲ ਰਹੇ ਸੰਸਕ੍ਰਿਤੀ ਪਖਵਾੜਾ ਦੇ ਤਹਿਤ ਟੀ.ਡਬਲਯੂ.ਈ.ਆਈ. ਸੀਨੀਅਰ ਸੈਕੰਡਰੀ ਸਕੂਲ, ਫਗਵਾੜਾ ਵਿੱਚ ਰੁੱਖ ਲਗਾਓ ਮੁਹਿੰਮ ਅਤੇ ਕਰੀਅਰ ਕਾਊਂਸਲਿੰਗ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਪ੍ਰੀਸ਼ਦ ਦੇ ਪ੍ਰਧਾਨ ਸੀ.ਏ. ਰਵਿੰਦਰ ਗੁਲਾਟੀ, ਸਕੱਤਰ ਜਤਿੰਦਰ ਅਗਰਵਾਲ ਅਤੇ ਕੈਸ਼ੀਅਰ ਨਰੇਸ਼ ਕੋਹਲੀ ਦੀ ਅਗਵਾਈ ਹੇਠ ਸਕੂਲ ਕੈਂਪਸ ਵਿੱਚ 15 ਛਾਂਦਾਰ ਅਤੇ ਫਲਦਾਰ ਪੌਦੇ ਲਗਾਏ ਗਏ।ਇਸ ਪ੍ਰੋਜੈਕਟ ਨੂੰ ਸਫਲ ਬਣਾਉਣ ਵਿੱਚ ਪ੍ਰੋਜੈਕਟ ਡਾਇਰੈਕਟਰਾਂ ਰਾਜ ਕੁਮਾਰ ਸ਼ਰਮਾ, ਤਰੁਣ ਆਨੰਦ ਅਤੇ ਨਿਖਿਲ ਗੁਪਤਾ ਨੇ ਵਿਸ਼ੇਸ਼ ਯੋਗਦਾਨ ਪਾਇਆ। ਇਸ ਮੌਕੇ ਪ੍ਰਸਿੱਧ ਚਾਰਟਰਡ ਅਕਾਊਂਟੈਂਟ ਸੀ.ਏ. ਮੁਕੇਸ਼ ਗੇਰਾ ਨੇ ਵਿਦਿਆਰਥੀਆਂ ਨੂੰ ਕਰੀਅਰ ਕਾਊਂਸਲਿੰਗ ਸੰਬੰਧੀ ਵਿਸ਼ੇਸ਼ ਲੈਕਚਰ ਦਿੱਤਾ। ਉਨ੍ਹਾਂ ਨੇ 10+2 ਤੋਂ ਬਾਅਦ ਕਾਮਰਸ ਸਟ੍ਰੀਮ ਦੇ ਵਿਦਿਆਰਥੀਆਂ ਲਈ ਉਪਲਬਧ ਵੱਖ-ਵੱਖ ਕਰੀਅਰ ਵਿਕਲਪਾਂ ਬਾਰੇ ਵਿਸਥਾਰ ਨਾਲ ਜਾਣਕਾਰੀ



ਦਿੱਤੀ।ਸਮਾਗਮ ਦੌਰਾਨ ਭਾਰਤ ਵਿਕਾਸ ਪਰਿਸ਼ਦ ਵੱਲੋਂ ਸਕੂਲ ਦੇ ਪ੍ਰਿੰਸੀਪਲ ਬਲਦੇਵ ਸਿੰਘ ਅਤੇ ਸੀ.ਏ. ਮੁਕੇਸ਼ ਗੇਰਾ ਨੂੰ ਵਿਸ਼ੇਸ਼ ਸਨਮਾਨ ਨਾਲ ਨਿਵਾਜਿਆ ਗਿਆ। ਮੰਚ ਸੰਚਾਲਨ ਪਰਿਸ਼ਦ ਦੇ ਪ੍ਰਾਂਤ ਸੰਗਠਨ ਸਕੱਤਰ ਲੈਕਚਰਾਰ ਹਰਜਿੰਦਰ ਗੋਗਨਾ ਨੇ ਬਾਖੂਬੀ ਨਿਭਾਇਆ, ਜਦਕਿ ਯੋਗੇਸ਼ ਵਰਮਾ ਨੇ ਧੰਨਵਾਦੀ ਮਤਾ ਪੇਸ਼ ਕੀਤਾ। ਪ੍ਰਿੰਸੀਪਲ ਬਲਦੇਵ ਸਿੰਘ ਨੇ ਪਰਿਸ਼ਦ ਮੈਂਬਰਾਂ ਦਾ ਧੰਨਵਾਦ ਕੀਤਾ।

### ਅਕਾਲੀ ਦਲ ਦੇ ਲੀਗਲ ਸੈੱਲ ਦੇ ਜਨਰਲ ਸਕੱਤਰ ਐਡਵੋਕੇਟ ਰਾਜੇਸ਼ ਰਾਣਾ ਭਾਜਪਾ ’ਚ ਸ਼ਾਮਲ

**ਡੇਰਾਬੱਸੀ (ਵਿਨੈ ਕੁਮਾਰ ਜੈਨ)** ਡੇਰਾਬੱਸੀ ਹਲਕੇ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਇੱਕ ਵੱਡਾ ਸਿਆਸੀ ਝਟਕਾ ਲੱਗਿਆ, ਜਦੋਂ ਪਾਰਟੀ ਦੇ ਲੀਗਲ ਸੈੱਲ ਦੇ ਰਾਸ਼ਟਰੀ ਜਨਰਲ ਸਕੱਤਰ



ਐਡਵੋਕੇਟ ਰਾਜੇਸ਼ ਰਾਣਾ ਸ਼ੁੱਕਰਵਾਰ ਨੂੰ ਰਸਮੀ ਤੌਰ ’ਤੇ ਭਾਰਤੀ ਜਨਤਾ ਪਾਰਟੀ (ਭਾਜਪਾ) ਵਿੱਚ ਸ਼ਾਮਲ ਹੋ ਗਏ।ਇਸ ਮੌਕੇ ਭਾਜਪਾ ਦੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਨੇ ਉਨ੍ਹਾਂ ਨੂੰ ਪਾਰਟੀ ਦਾ ਸਿਰੋਪਾਓ ਅਤੇ ਪਟਕਾ ਪਹਿਨਾ ਕੇ ਭਾਜਪਾ ਪਰਵਾਰ ਵਿੱਚ ਜੀ ਆਇਆਂ ਨੂੰ ਆਖਿਆ। ਇਸ ਸਿਆਸੀ ਫੇਰਬਦਲ ਦੌਰਾਨ ਜ਼ਿਲ੍ਹਾ ਮੋਹਾਲੀ ਦੇ ਸਾਬਕਾ ਪ੍ਰਧਾਨ ਸੁਸ਼ੀਲ ਰਾਣਾ ਅਤੇ ਜਨਰਲ ਸਕੱਤਰ ਰਾਜੀਵ ਸ਼ਰਮਾ ਵੀ ਵਿਸ਼ੇਸ਼ ਤੌਰ ’ਤੇ ਮੌਜੂਦ ਸਨ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐਡਵੋਕੇਟ ਰਾਜੇਸ਼ ਰਾਣਾ ਨੇ ਕਿਹਾ ਕਿ ਉਨ੍ਹਾਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਦੇਸ਼ ਹਿਤੈਸ਼ੀ ਅਤੇ ਰਾਸ਼ਟਰਵਾਦੀ ਨੀਤੀਆਂ, ਰਿਕਾਰਡ ਤੋੜ ਵਿਕਾਸ ਕਾਰਜਾਂ ਅਤੇ ਪਾਰਦਰਸ਼ੀ ਸੁਸ਼ਾਸਨ ਤੋਂ ਪ੍ਰਭਾਵਿਤ ਹੋ ਕੇ ਭਾਜਪਾ ਵਿੱਚ ਸ਼ਾਮਲ ਹੋਣ ਦਾ ਫੈਸਲਾ ਕੀਤਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਰਵਾਇਤੀ ਪਾਰਟੀਆਂ ਦੀਆਂ ਨਾਕਾਮੀਆਂ ਤੋਂ ਤੰਗ ਆ ਕੇ ਲੋਕ ਲਗਾਤਾਰ ਭਾਜਪਾ ਨਾਲ ਜੁੜ ਰਹੇ ਹਨ।ਕੇਵਲ ਢਿੱਲੋਂ ਨੇ ਅੱਗੇ ਕਿਹਾ ਕਿ ਜਨਤਾ ਦੀਆਂ ਉਮੀਦਾਂ ’ਤੇ ਖਰਾ ਉਤਰਨ ਲਈ ਭਾਜਪਾ ਨੂੰ ਪੂਰੇ ਸੂਬੇ ਵਿੱਚੋਂ ਭਰਵਾਂ ਹੁੰਗਾਰਾ ਅਤੇ ‘ਹੱਲਾਸ਼ੇਰੀ’ ਮਿਲ ਰਹੀ ਹੈ। ਇਸੇ ਸਦਕਾ ਪਾਰਟੀ ਦਿਨ-ਬ-ਦਿਨ ਜ਼ਮੀਨੀ ਪੱਧਰ ’ਤੇ ਮਜ਼ਬੂਤ ਹੋ ਕੇ ਅੱਗੇ ਵੱਧ ਰਹੀ ਹੈ ਅਤੇ ਆਉਣ ਵਾਲੇ ਸਮੇਂ ਵਿੱਚ ਭਾਜਪਾ ਪੰਜਾਬ ਦੀ ਸਿਆਸਤ ਵਿੱਚ ਇੱਕ ਨਵਾਂ ਅਧਿਆਏ ਲਿਖੇਗੀ।

## ਨਗਰ ਕੀਰਤਨ ਦਾ ਭਰਵਾਂ ਸਵਾਗਤ

**ਫਗਵਾੜਾ (ਜਸਵਿੰਦਰ ਢੱਡਾ, ਡਾ. ਰਮਨ)** ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਦੀ ਪ੍ਰਬੰਧਕ ਕਮੇਟੀ ਵਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸਜਾਏ ਗਏ ਮੀਰੀ ਪੀਰੀ ਦੇ ਮਾਲਕ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੇ ਪਾਵਨ ਆਮਦ ਪੁਰਬ ਸੰਬੰਧੀ ਵਿਸ਼ਾਲ ਨਗਰ ਕੀਰਤਨ ਦਾ ਸੁਖਚੈਨਆਣਾ ਸਾਹਿਬ ਰੋਡ ਬਾਬਾ ਫਤਿਹ ਸਿੰਘ ਨਗਰ ਪੁੱਜਣ ’ਤੇ ਧੰਨ ਧੰਨ ਬਾਬਾ ਦੀਪ ਸਿੰਘ ਵੈਲਫੇਅਰ ਸੁਸਾਇਟੀ ਦੀ ਅਗਵਾਈ ਹੇਠ ਸਮੂਹ ਸੰਗਤਾਂ ਵਲੋਂ ਫੁੱਲਾਂ ਦੀ ਵਰਖਾ ਨਾਲ ਭਰਵਾਂ





ਸਵਾਗਤ ਕੀਤਾ ਗਿਆ। ਇਸ ਮੌਕੇ ਵਿਸ਼ੇਸ਼ ਤੌਰ ’ਤੇ ਪਹੁੰਚੇ ਸ਼੍ਰੋਮਣੀ ਅਕਾਲੀ ਦਲ (ਬ) ਦੇ ਹਲਕਾ ਦਿਹਾਤੀ ਇੰਚਾਰਜ ਸ. ਰਾਜਿੰਦਰ ਸਿੰਘ ਚੰਦੀ ਅਤੇ ਹਲਕਾ ਸ਼ਹਿਰੀ ਇੰਚਾਰਜ ਰਣਜੀਤ ਸਿੰਘ ਖੁਰਾਣਾ ਤੋਂ ਇਲਾਵਾ ਕੁਲਵਿੰਦਰ ਸਿੰਘ ਕਿੰਦਾ ਸਾਬਕਾ ਕੌਂਸਲਰ, ਬਾਪੂ ਸੋਹਨ ਸਿੰਘ ਯੂ.ਐਸ.ਏ., ਬੀਬੀ ਕਮਲਜੀਤ ਕੌਰ ਕੌਂਸਲਰ, ਬਹਾਦਰ ਸਿੰਘ ਸੰਗਤਪੁਰ, ਝਿਰਮਲ ਸਿੰਘ ਭਿੰਡਰ, ਜਥੇਦਾਰ ਸਰੂਪ ਸਿੰਘ, ਅਵਤਾਰ ਸਿੰਘ ਮੰਗੀ ਅਤੇ ਗੁਰਦੀਪ ਸਿੰਘ ਖੇੜਾ ਨੇ ਕਿਹਾ ਕਿ ਇਹ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਫਗਵਾੜਾ ਦੀ ਧਰਤੀ ਨੂੰ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਗੋਬਿੰਦ ਸਾਹਿਬ ਜੀ ਦੀ ਪਵਿੱਤਰ ਚਰਨਛੋਹ ਪ੍ਰਾਪਤ ਹੈ।

## ਪਿੰਜੌਰ ਦੇ ਯਾਦਵਿੰਦਰਾ ਗਾਰਡਨ ਤੇ ਟਿੱਕਰਤਾਲ ਦਾ 90 ਕਰੋੜ ਰੁਪਏ ਨਾਲ ਹੋਵੇਗਾ ਕਾਇਆ-ਕਲਪ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਨੂੰ ਦੇਸ਼ ਦੇ ਪ੍ਰਮੁੱਖ ਸੈਰ-ਸਪਾਟਾ ਨਕਸ਼ੇ ’ਤੇ ਸਥਾਪਿਤ ਕਰਨ ਦੀ ਦਿਸ਼ਾ ਵਿੱਚ ਰਾਜ ਸਰਕਾਰ ਨੇ ਇੱਕ ਬਹੁਤ ਵੱਡਾ ਕਦਮ ਚੁੱਕਿਆ ਹੈ। ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸੈਰ-ਸਪਾਟਾ ਵਿਭਾਗ ਦੇ ਉੱਚ ਅਧਿਕਾਰੀਆਂ ਨਾਲ ਆਯੋਜਿਤ ਇੱਕ ਮਹੱਤਵਪੂਰਨ ਸਮੀਖਿਆ ਮੀਟਿੰਗ ਵਿੱਚ ਪਿੰਜੌਰ ਦੇ ਇਤਿਹਾਸਕ ਯਾਦਵਿੰਦਰਾ ਗਾਰਡਨ ਅਤੇ ਮੋਰਨੀ ਹਿਲਸ ਦੇ ਖੂਬਸੂਰਤ ਟਿੱਕਰਤਾਲ ਨੂੰ ਆਧੁਨਿਕ ਅਤੇ ਅੰਤਰਰਾਸ਼ਟਰੀ ਮਾਪਦੰਡਾਂ ਦੇ ਅਨੁਸਾਰ ਵਿਕਸਿਤ ਕਰਨ ਦੇ ਨਿਰਦੇਸ਼ ਦਿੱਤੇ ਹਨ।ਇਸ ਮਹੱਤਵਕਾਂਖੀ ਪ੍ਰੋਜੈਕਟ ਤਹਿਤ ਦੋਵਾਂ ਪ੍ਰਮੁੱਖ ਸੈਰ-ਸਪਾਟਾ ਸਥਾਨਾਂ ਦੇ ਨਵੀਨੀਕਰਨ ਅਤੇ ਆਧੁਨਿਕੀਕਰਨ ’ਤੇ ਕਰੀਬ 90 ਕਰੋੜ ਰੁਪਏ ਖਰਚ ਕੀਤੇ ਜਾਣ ਦਾ ਪ੍ਰਸਤਾਵ ਤਿਆਰ ਕੀਤਾ ਗਿਆ ਹੈ। ਸਰਕਾਰ ਦੀ ਇਸ ਪਹਿਲ ਨਾਲ ਨਾ ਸਿਰਫ਼ ਹਰਿਆਣਾ ਵਿੱਚ ਸੈਰ-ਸਪਾਟੇ ਨੂੰ ਨਵੇਂ ਖੰਭ ਲੱਗਣਗੇ, ਸਗੋਂ ਸਥਾਨਕ ਪੱਧਰ ’ਤੇ ਰੁਜ਼ਗਾਰ ਅਤੇ ਰਾਜ ਦੇ ਮਾਲੀਏ ਵਿੱਚ ਵੀ ਭਾਰੀ ਵਾਧਾ ਹੋਵੇਗਾ।ਟਿੱਕਰਤਾਲ ਵਿੱਚ ਐਡਵੈਂਚਰ ਪਾਰਕ, ਬੋਟਿੰਗ ਅਤੇ ਹਾਂਟੇਡ-ਹਾਊਸ ਸਮੇਤ ਹੋਰ ਦਰਸ਼ਨੀ ਸਥਾਨਾਂ ਦਾ ਕੀਤਾ ਜਾਵੇਗਾ ਕਾਇਆ-ਕਲਪ ਵਿਰਾਸਤ ਅਤੇ ਸੈਰ-ਸਪਾਟਾ ਵਿਭਾਗ ਦੇ ਕਮਿਸ਼ਨਰ ਅਤੇ ਸਕੱਤਰ ਡਾ. ਅਮਿਤ ਅਗਰਵਾਲ ਨੇ ਮੁੱਖ ਮੰਤਰੀ ਨੂੰ ਜਾਣੂ ਕਰਵਾਇਆ ਕਿ ਵਿਕਾਸ ਕਾਰਜਾਂ ਦੌਰਾਨ ਯਾਦਵਿੰਦਰਾ ਗਾਰਡਨ ਦੀ ਇਤਿਹਾਸਕ ਅਤੇ ਰਵਾਇਤੀ ਵਿਰਾਸਤ ਨੂੰ ਪੂਰੀ ਤਰ੍ਹਾਂ ਸੰਜੋ ਕੇ ਰੱਖਿਆ ਜਾਵੇਗਾ। ਗਾਰਡਨ ਦੇ ਮੂਲ ਸਰੂਪ ਨਾਲ ਛੇੜਛਾੜ ਕੀਤੇ ਬਿਨਾਂ ਇੱਥੇ ਸੈਲਾਨੀਆਂ ਨੂੰ ਆਕਰਸ਼ਿਤ ਕਰਨ ਲਈ ਅਤਿਆਧੁਨਿਕ ਸੰਗੀਤਮਈ ਫੁਹਾਰੇ, ਇੱਕ ਖੂਬਸੂਰਤ ਬਟਰਫਲਾਈ ਪਾਰਕ ਅਤੇ ਇੱਕ ਮਨਮੋਹਕ ਐਕੁਏਰੀਅਮ ਬਣਾਇਆ ਜਾਵੇਗਾ, ਤਾਂ ਜੋ ਰਾਤ ਦੇ ਸਮੇਂ ਇਸ ਗਾਰਡਨ ਦੀ ਭਵਿਅਤਾ ਅਤੇ ਲਾਈਟਿੰਗ ਸੈਲਾਨੀਆਂ ਲਈ ਮੁੱਖ ਖਿੱਚ ਦਾ ਕੇਂਦਰ ਬਣ ਸਕੇ।ਇਸ ਤੋਂ ਇਲਾਵਾ, ਮੋਰਨੀ ਦੇ ਨੇੜੇ ਸਥਿਤ ਪ੍ਰਸਿੱਧ ਟਿੱਕਰਤਾਲ ਨੂੰ ਐਡਵੈਂਚਰ ਲਵਰਜ਼ ਦੀ ਪਹਿਲੀ ਪਸੰਦ ਬਣਾਉਣ ਲਈ ਉੱਥੇ ਪਹਿਲਾਂ ਤੋਂ ਮੌਜੂਦ ਸਹੂਲਤਾਂ ਦਾ ਪੂਰੀ ਤਰ੍ਹਾਂ ਨਵੀਨੀਕਰਣ ਕੀਤਾ ਜਾਵੇਗਾ। ਟਿੱਕਰਤਾਲ ਵਿੱਚ ਐਡਵੈਂਚਰ ਪਾਰਕ, ਬੋਟਿੰਗ ਅਤੇ ਹਾਂਟੇਡ-ਹਾਊਸ ਸਮੇਤ ਹੋਰ ਦਰਸ਼ਨੀ ਸਥਾਨਾਂ ਦਾ ਕਾਇਆ-ਕਲਪ ਕੀਤਾ ਜਾਵੇਗਾ, ਜਿਸ ਨਾਲ ਇਹ ਕੁਦਰਤੀ ਸਥਾਨ ਸੈਲਾਨੀਆਂ ਲਈ ਇੱਕ ਬੇਹੱਦ ਰੋਮਾਂਚਕ, ਖੂਬਸੂਰਤ ਅਤੇ ਕਦੇ ਨਾ ਭੁੱਲਣ ਵਾਲਾ ਸਫ਼ਰ ਸਾਬਤ ਹੋ ਸਕੇ।

## ਸਨਮਾਨ ਮੇਰੇ ਲਈ ਵੱਡੇ ਮਾਣ ਵਾਲੀ ਗੱਲ : ਡਾ. ਡੋਗਰਾ

**ਮੋਹਾਲੀ (ਗੁਰਜੀਤ ਬਿੱਲਾ)** ਜ਼ਿਲ੍ਹਾ ਟੀਕਾਕਰਨ ਅਧਿਕਾਰੀ ਡਾ. ਗਿਰੀਸ਼ ਡੋਗਰਾ ਨੂੰ ਬਿਹਤਰੀਨ ਕਾਰਗੁਜ਼ਾਰੀ ਲਈ ਸਨਮਾਨਤ ਕੀਤਾ ਗਿਆ ਹੈ।ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਵਲੋਂ ਉਨ੍ਹਾਂ



ਨੂੰ ਸੂਬਾ ਪੱਧਰੀ ਸਮਾਗਮ ਮੌਕੇ ਪ੍ਰਸ਼ੰਸਾ ਪੱਤਰ ਤੇ ਯਾਦ ਚਿੰਨ੍ਹ ਦੇ ਕੇ ਸਨਮਾਨਿਆ ਗਿਆ।ਜ਼ਿਕਰਯੋਗ ਹੈ ਕਿ ਸਨਮਾਨ ਸਮਾਗਮ ਵਿਚ ਜ਼ਿਲ੍ਹੇ ਦੇ ਟੀ.ਬੀ. ਨੋਡਲ ਅਧਿਕਾਰੀ ਡਾ. ਨਵਦੀਪ ਸਿੰਘ, ਜ਼ਿਲ੍ਹਾ ਐਪੀਡੀਮੋਲੋਜਿਸਟ ਡਾ. ਅਨਾਮਿਕਾ ਸੋਨੀ ਅਤੇ ਮੈਡੀਸਨ ਮਾਹਰ ਡਾ. ਈਸ਼ਾ ਅਰੋੜਾ ਨੂੰ ਵੀ ਵਧੀਆ ਕਾਰਗੁਜ਼ਾਰੀ ਲਈ ਸਨਮਾਨਿਆ ਗਿਆ।ਡਾ. ਗਿਰੀਸ਼ ਡੋਗਰਾ ਨੇ ਜਿਥੇ ਜ਼ਿਲ੍ਹੇ ਵਿਚ ਪਲਸ ਪੋਲੀਓ ਮੁਹਿੰਮਾਂ ਨੂੰ ਪੂਰੀ ਸਫ਼ਲਤਾ ਨਾਲ ਚਲਾਉਣ ਵਿਚ ਵੱਡਮੁੱਲਾ ਯੋਗਦਾਨ ਪਾਇਆ, ਉਥੇ ਜ਼ਿਲ੍ਹੇ ਵਿਚ ਆਮ ਆਦਮੀ ਕਲੀਨਿਕਾਂ ਨੂੰ ਉੱਚ-ਪੱਧਰ ਦੀਆਂ ਸਿਹਤ ਸੇਵਾਵਾਂ ਦੇਣ ਦੇ ਯੋਗ ਬਣਾਉਣ ਵਿਚ ਵੀ ਉਨ੍ਹਾਂ ਨੇ ਅਹਿਮ ਰੋਲ ਨਿਭਾਇਆ ਹੈ। ਇਸ ਮੌਕੇ ਗੱਲਬਾਤ ਕਰਦਿਆਂ ਡਾ. ਡੋਗਰਾ ਨੇ ਕਿਹਾ ਕਿ ਉਨ੍ਹਾਂ ਲਈ ਮਾਣ ਵਾਲੀ ਗੱਲ ਹੈ ਕਿ ਉਨ੍ਹਾਂ ਨੂੰ ਇਸ ਸਨਮਾਨ ਦੇ ਕਾਬਲ ਸਮਝਿਆ ਗਿਆ। ਉਨ੍ਹਾਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦਾ ਧਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਦਿਸ਼ਾ-ਨਿਰਦੇਸ਼ਾਂ ਦੇ ਨਾਲ-ਨਾਲ ਸਿਵਲ ਸਰਜਨ ਡਾ. ਸੰਗੀਤਾ ਜੈਨ ਦੀ ਯੋਗ ਅਗਵਾਈ ਹੇਠ ਉਹ ਜ਼ਿਲ੍ਹੇ ਦੇ ਲੋਕਾਂ ਨੂੰ ਉੱਚ ਪੱਧਰ ਦੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਵਿਚ ਕੋਈ ਕਸਰ ਨਹੀਂ ਛੱਡ ਰਹੇ।

## ਖ਼ਾਲਸਾ ਕਾਲਜ ਦੇ ਸਟਾਫ਼ ਤੇ ਵਿਦਿਆਰਥੀਆਂ ਨੇ ਸ੍ਰੀ ਦਰਬਾਰ ਸਾਹਿਬ ਵਿਖੇ ਵਲੰਟੀਅਰ ਸੇਵਾ ਨਿਭਾਈ



**ਮੇਹਟਿਆਣਾ (ਜਗਤਾਰ ਸਿੰਘ ਭੁੰਗਰਨੀ)** ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦੇ ਪ੍ਰਬੰਧ ਅਧੀਨ ਚੱਲ ਰਹੇ ਅਦਾਰੇ ਖ਼ਾਲਸਾ ਕਾਲਜ ਗੜ੍ਹਦੀਵਾਲਾ ਸਮੂਹ ਸਟਾਫ਼ ਤੇ ਵਿਦਿਆਰਥੀਆਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦਿਸ਼ਾ- ਨਿਰਦੇਸ਼ਾਂ ਅਨੁਸਾਰ ਗਰਮੀਆਂ ਦੀਆਂ ਛੁੱਟੀਆਂ ਵਿੱਚ ਸੰਗਤ ਦੀ ਵਧੇਰੇ ਆਮਦ ਨੂੰ ਧਿਆਨ ਵਿੱਚ ਰੱਖਦਿਆਂ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਵਿਖੇ ਵਲੰਟੀਅਰ ਦੇ ਤੌਰ ’ਤੇ ਸੇਵਾ ਨਿਭਾਈ।ਸੇਵਾ ਦੌਰਾਨ ਵਲੰਟੀਅਰ ਨੇ ਜਲ ਦੀ ਸੇਵਾ, ਦਰਸ਼ਨ ਕਰਨ ਸਮੇਂ ਸੰਗਤਾਂ ਦੀਆਂ ਲਾਈਨਾਂ ਵਿੱਚ ਵਿਵਸਥਾ ਬਣਾਈ ਰੱਖਣ ’ਤੇ ਤਖ਼ਤੀਆਂ ਰਾਹੀਂ ਸੰਗਤ ਨੂੰ ਗੁਰਦੁਆਰੇ ਦੀ ਮਰਿਆਦਾ ਅਨੁਸਾਰ ਸੁਚੇਤ ਕਰਨ ਆਦਿ ਕਾਰਜਾਂ ਵਿੱਚ ਯੋਗਦਾਨ ਪਾਇਆ।ਇਸ ਮੌਕੇ ਪ੍ਰਿੰਸੀਪਲ ਡਾ. ਜਸਪਾਲ ਸਿੰਘ ਨੇ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਸਮਾਜਿਕ ਕਾਰਜਾਂ ਵਿੱਚ ਸੇਵਾ ਕਾਰਜਾਂ ਵਿੱਚ ਸੇਵਾ ਭਾਵਨਾ ਨਾਲ ਜੁੜੇ ਰਹਿਣ ਲਈ ਪ੍ਰੇਰਿਆ।

### ਬੀ.ਵੋਕ (ਸਾਫਟਵੇਅਰ ਡਿਵੈੱਲਪਮੈਂਟ) ਸਮੈਸਟਰ ਪਹਿਲਾ ਦਾ ਨਤੀਜਾ ਰਿਹਾ ਸ਼ਾਨਦਾਰ

**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ, ਜਲੰਧਰ ਦੇ ਬੀ.ਵੋਕ (ਸਾਫਟਵੇਅਰ ਡਿਵੈਲਪਮੈਂਟ) ਸਮੈਸਟਰ ਪਹਿਲਾ ਦਾ ਨਤੀਜਾ ਸ਼ਾਨਦਾਰ ਰਿਹਾ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਐਲਾਨੇ ਗਏ ਨਤੀਜਿਆਂ ਵਿਚੋਂ ਵਿਦਿਆਰਥੀ ਪਿਊਸ਼ ਭਾਰਦਵਾਜ ਨੇ 10ਵਿਚੋਂ 7.54 ਐੱਸ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ। ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ



ਵਿਦਿਆਰਥੀ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਪ੍ਰੀਖਿਆਵਾਂ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਂਦੇ ਹਨ, ਉਨ੍ਹਾਂ ਨੂੰ ਵਿਸ਼ੇਸ਼ ਸਹੂਲਤਾਂ ਵੀ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ, ਮੁਖੀ ਕੰਪਿਊਟਰ ਸਾਇੰਸ ਤੇ ਆਈ ਟੀ ਵਿਭਾਗ, ਡਾ. ਦਲਜੀਤ ਕੌਰ ਤੇ ਪ੍ਰੋ. ਨਵਨੀਤ ਕੌਰ ਵੀ ਮੌਜੂਦ ਸਨ।

## ਸਹਿਕਾਰੀ ਖੰਡ ਮਿੱਲ ਨਵਾਂਸ਼ਹਿਰ ਵੱਲੋਂ ਸਹਿਕਾਰਤਾ ਸਪਤਾਹ ਮਨਾਇਆ



**ਨਵਾਂਸ਼ਹਿਰ (ਮਨੋਜ ਲਾਡੀ)** ਪੰਜਾਬ ਸਰਕਾਰ ਵੱਲੋਂ ਸਹਿਕਾਰਤਾ ਵਿਭਾਗ ਦੀਆਂ ਪ੍ਰਾਪਤੀਆਂ ਅਤੇ ਗਤੀਵਿਧੀਆਂ ਸੰਬੰਧੀ ਸਹਿਕਾਰਤਾ ਸਪਤਾਹ ਮਨਾਉਣ ਦੀ ਹਦਾਇਤ ਕੀਤੀ ਗਈ, ਜਿਸ ਲੜੀ ਤਹਿਤ ਡਾ. ਸੇਨੂੰ ਦੁੱਗਲ (ਆਈ.ਏ.ਐਸ.) ਪ੍ਰਬੰਧ ਨਿਰਦੇਸ਼ਕ, ਸ਼ੂਗਰਫੈਡ ਪੰਜਾਬ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਹਿਕਾਰੀ ਖੰਡ ਮਿੱਲ ਨਵਾਂਸ਼ਹਿਰ ਵਿਖੇ ਸਹਿਕਾਰਤਾ ਸਮਾਗਮ ਸੰਬੰਧੀ ਇਕੱਤਰਤਾ ਕੀਤੀ ਗਈ, ਜਿਸ ਵਿੱਚ ਇਲਾਕੇ ਦੇ ਜਿਮੀਦਾਰ, ਸਮੂਹ ਬੋਰਡ ਆਫ ਡਾਇਰੈਕਟਰਜ਼ ਦੇ ਮੈਂਬਰ ਅਤੇ ਮਿੱਲ੍ਹ ਮੈਨੇਜਮੈਂਟ ਦੇ ਅਧਿਕਾਰੀ/ਕਰਮਚਾਰੀ ਸ਼ਾਮਲ ਹੋਏ।ਇਸ ਮੌਕੇ ਮਿੱਲ ਦੇ ਸਮੂਹ ਬੋਰਡ ਆਫ ਡਾਇਰੈਕਟਰਜ਼ ਦੇ ਨੁਮਾਇੰਦਿਆਂ ਅਤੇ ਮਿੱਲ੍ਹ ਦੇ ਜਨਰਲ ਮੈਨੇਜਰ ਸੁਜਿੰਦਰਪਾਲ ਸਿੰਘ ਅਰੋੜਾ ਵੱਲੋਂ ਪ੍ਰੈਸ ਨੂੰ ਜਾਣਕਾਰੀ ਦਿੱਤੀ ਗਈ ਕਿ ਸਹਿਕਾਰਤਾ ਵਿਭਾਗ ਵੱਲੋਂ ਸਹਿਕਾਰੀ ਸੰਸਥਾਵਾਂ ਨੂੰ ਮਜ਼ਬੂਤ ਕਰਨ ਅਤੇ ਕੰਮ ਵਿੱਚ ਪਾਰਦਰਸ਼ਤਾ ਲਿਆਉਣ ਲਈ ਕਈ ਨਵੇਂ ਕਦਮ ਚੁੱਕੇ ਜਾ ਰਹੇ ਹਨ।ਮਿੱਲ ਦੇ ਮੁੱਖ ਗੰਨਾ ਵਿਕਾਸ ਅਫਸਰ ਜੀ.ਸੀ.ਯਾਦਵ ਵੱਲੋਂ ਇਕੱਤਰ ਜਿਮੀਦਾਰਾ ਨੂੰ ਗੰਨੇ ਦੀ ਫਸਲ ਸੰਬੰਧੀ ਇਸ ਸਮੇਂ ਚੱਲ ਰਹੀਆਂ ਗਤੀਵਿਧੀਆਂ ਅਤੇ ਆਉਣ ਵਾਲੇ ਸਮੇਂ ਵਿੱਚ ਗੰਨੇ ਦੀ ਫਸਲ ਵਿੱਚ ਖਾਦਾਂ ਅਤੇ ਦਵਾਈਆਂ ਦੀ ਵਰਤੋਂ ਲੋੜ ਅਨੁਸਾਰ ਹੀ ਕਰਨ ਦੀ ਅਪੀਲ ਕੀਤੀ ਗਈ, ਜਿਸ ਨਾਲ ਜਿੱਥੇ ਗੰਨੇ ਦੀ ਪੈਦਾਵਾਰ ਵਿੱਚ ਵਾਧਾ ਹੋਵੇਗਾ, ਉੱਥੇ ਜਿਮੀਦਾਰ੍ਹਾ ਦੇ ਖਾਦਾਂ ਅਤੇ ਦਵਾਈਆਂ ਤੇ ਬੇਲੋੜੇ ਖਰਚ ਤੇ ਵੀ ਕੰਟਰੋਲ ਰਹੇਗਾ। ਇਸ ਮੌਕੇ ਮਿੱਲ ਦੇ ਮੁੱਖ ਇੰਜੀਨੀਅਰ ਜਸਵੀਰ ਸਿੰਘ ਵੱਲੋਂ ਇਕੱਤਰਤਾ ਵਿੱਚ ਸ਼ਾਮਲ ਹੋਏ ਸਮੂਹ ਮੈਂਬਰਾਂ ਦਾ ਧੰਨਵਾਦ ਕੀਤਾ।

## ਡੇਂਗੂ ਤੋਂ ਬਚਾਅ ਸੰਬੰਧੀ ਕੀਤਾ ਜਾਗਰੂਕ

**ਬਲਾਚੌਰ (ਜਸਵਿੰਦਰ ਬੈਂਸ)**- ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾ. ਗੁਰਿੰਦਰਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਪੀ ਐਚ ਸੀ ਸੜੋਆ ਦੀ ਯੋਗ ਅਗਵਾਈ ਹੇਠ ਹੈਲਥ ਇੰਸਪੈਕਟਰ ਗੁਰਿੰਦਰ ਸਿੰਘ ਨੇ ਪਿੰਡ ਚੰਨਿਆਣੀ ਵਿਖੇ ਡੇਂਗੂ ਦੇ ਬਚਾਅ ਅਤੇ ਲੱਛਣਾਂ ਸੰਬੰਧੀ ਜਾਣਕਾਰੀ ਦਿੱਤੀ ਅਤੇ ਘਰ ਘਰ ਜਾ ਕੇ ਟੀਮ ਮੈਂਬਰਾਂ ਦੁਆਰਾ ਡੇਂਗੂ ਦਾ ਲਾਰਵਾ ਚੈੱਕ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਡੇਂਗੂ ਏਡੀਜ ਨਾਂ ਦੇ ਮੱਛਰ ਦੇ ਕੱਟਣਾ ਨਾਲ ਫੈਲਦਾ ਹੈ ਇਹ ਮੱਛਰ ਸਾਫ ਖੜੇ ਪਾਣੀ ਦੇ ਸੋਮਿਆਂ ਵਿੱਚ ਪੈਦਾ ਹੁੰਦੇ ਹੈ ਅਤੇ ਇਹ ਮੱਛਰ ਸਿਰਫ ਦਿਲ ਵੇਲੇ ਕੱਟਦਾ ਹੈ। ਡੇਂਗੂ ਬੁਖਾਰ ਦੇ ਲੱਛਣਾਂ ਸੰਬੰਧੀ ਦੱਸਿਆ ਇਸ ਵਿੱਚ ਤੇਜ ਬੁਖਾਰ ਹੋਣਾ ਸਿਰ



ਦਰਦ ਹੋਣਾ ਮਾਸਪੇਸ਼ੀਆਂ ਵਿੱਚ ਦਰਦ ਹੋਣਾ ਚਮੜੀ ਤੇ ਦਾਣੇ ਹੋਣਾ ਅੱਖਾਂ ਦੇ ਪਿਛਲੇ ਹਿੱਸੇ ਵਿੱਚ ਦਰਦ ਹੋਣਾ ਅਤੇ ਹਾਲਤ ਖਰਾਬ ਹੋਣ ਤੇ ਮਸੂੜਿਆਂ ਤੋਂ ਨੱਕ ਵਿੱਚੋਂ ਖੂਨ ਵਗਣਾ ਆਦਿ ਹੋ ਸਕਦੇ ਹਨ। ਇਸ ਤੋਂ ਬਚਣ ਲਈ ਸਾਨੂੰ ਆਪਣੇ ਘਰਾਂ ਦੇ ਆਲੇ ਦੁਆਲੇ ਪਾਣੀ ਇਕੱਠਾ ਨਹੀਂ ਹੋਣ ਦੇਣਾ ਚਾਹੀਦਾ। ਇਸ ਮੌਕੇ ਤੇ ਹੈਲਥ ਵਰਕਰ ਸੁਨੀਲ ਕੁਮਾਰ ਆਸ਼ਾ ਵਰਕਰ ਅਤੇ ਪੇਂਡੂ ਸਫਾਈ ਸੰਪਤੀ ਦੇ ਮੈਂਬਰ ਹਾਜ਼ਰ ਸਨ।

## ਮਾਨ ਸਰਕਾਰ ਦੀ ‘ਮੁੱਖ ਮੰਤਰੀ ਸਿਹਤ ਯੋਜਨਾ’ ਨਾਲ ਮੋਹਾਲੀ ਦੇ ਨਾਈ ਦੇ ਗੋਡੇ ਦਾ ਮੁ਼ਫ਼ਤ ਅਪ੍ਰੇਸ਼ਨ

**ਚੰਡੀਗੜ੍ਹ (ਗੁਰਜੀਤ ਬਿੱਲਾ)** ਇੱਕ ਦਰਦਨਾਕ ਸੜਕ ਹਾਦਸੇ ਤੋਂ ਬਾਅਦ ਮੋਹਾਲੀ ਦੇ ਨਾਈ ਮੁਹੰਮਦ ਜ਼ੁਲਫ਼ਕਾਰ ਨੂੰ ਲੱਗਣ ਲੱਗ ਪਿਆ ਸੀ ਕਿ ਹੁਣ ਉਹ ਆਪਣੀ ਰੋਜ਼ੀ-ਰੋਟੀ ਦਾ ਸਾਧਨ ਗੁਆ ਬੈਠਣਗੇ।ਗੋਡੇ ਦੀ ਗੰਭੀਰ ਸੱਟ ਦੇ ਇਲਾਜ ਦਾ ਖ਼ਰਚਾ ਚੁੱਕਣਾ ਉਨ੍ਹਾਂ ਲਈ ਸੰਭਵ ਨਹੀਂ ਸੀ ਅਤੇ ਉਹ ਆਪਣੇ ਪਰਵਾਰ ਦੇ ਭਵਿੱਖ ਨੂੰ ਲੈ ਕੇ ਬਹੁਤ ਚਿੰਤਤ ਸਨ।ਪਰ ਭਗਵੰਤ ਮਾਨ ਸਰਕਾਰ ਦੀ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਉਨ੍ਹਾਂ ਨੂੰ ਮੁਫ਼ਤ ਇਲਾਜ ਮਿਲਿਆ ਅਤੇ ਹੁਣ ਉਹ ਆਪਣੇ ਕੰਮ ’ਤੇ ਮੁੜ ਵਾਪਸੀ ਦੀ ਤਿਆਰੀ ਕਰ ਰਹੇ ਹਨ। ਮੋਹਾਲੀ ਦੇ ਜ਼ਿਲ੍ਹਾ ਹਸਪਤਾਲ ਵਿੱਚ ਉਨ੍ਹਾਂ ਦਾ ਐਂਟੀਰੀਅਰ ਆਰਥਰੋਸਕੋਪਿਕ ਮੈਨਿਸਕਸ ਰਿਪੇਅਰ/ਮੈਨਿਸੈਕਟੋਮੀ ਆਪ੍ਰੇਸ਼ਨ ਕੀਤਾ ਗਿਆ। ਇਸ ਇਲਾਜ ’ਤੇ 53,455 ਰੁਪਏ ਦਾ ਖ਼ਰਚਾ ਆਇਆ, ਜੋ ਯੋਜਨਾ ਤਹਿਤ ਪੂਰੀ ਤਰ੍ਹਾਂ ਕਵਰ ਕੀਤਾ ਗਿਆ। ਅੱਜ ਉਨ੍ਹਾਂ ਦੀ ਦੁਕਾਨ ’ਤੇ ਆਉਣ ਵਾਲਾ ਹਰ ਗਾਹਕ ਇਸ ਗੱਲ ਦੀ ਮਿਸਾਲ ਹੈ ਕਿ ਸਮੇਂ ਸਿਰ ਮਿਲਿਆ ਸਿਹਤ ਇਲਾਜ ਕਿਸੇ ਦੀ ਜ਼ਿੰਦਗੀ ਬਦਲ ਸਕਦਾ ਹੈ। ਸਟੇਟ ਹੈਲਥ ਏਜੰਸੀ, ਪੰਜਾਬ ਦੇ ਅੰਕੜਿਆਂ ਅਨੁਸਾਰ, ਰਿਪੋਰਟਿੰਗ ਮਿਆਦ ਦੌਰਾਨ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ 53.38 ਲੱਖ ਰੁਪਏ ਦੀ ਲਾਗਤ ਨਾਲ 190 ਆਰਥੋਪੀਡਿਕ ਪ੍ਰਕਿਰਿਆਵਾਂ ਕੀਤੀਆਂ ਗਈਆਂ।

ਇਨ੍ਹਾਂ ਵਿੱਚ ਓਪਨ ਰਿਡਕਸ਼ਨ ਇੰਟਰਨਲ ਫਿਕਸੇਸ਼ਨ (ਓਆਰਆਈ), ਜਿਸ ਵਿੱਚ ਪਲੇਟਾਂ, ਸਕਰੂ ਜਾਂ ਰਾਡਾਂ ਰਾਹੀਂ ਟੁੱਟੀਆਂ ਹੱਡੀਆਂ ਨੂੰ ਸਥਿਰ ਕੀਤਾ ਜਾਂਦਾ ਹੈ, ਦੀਆਂ 79 ਸਰਜਰੀਆਂ ਹੋਈਆਂ, ਜੋ ਕੁੱਲ ਆਰਥੋਪੀਡਿਕ ਪ੍ਰਕਿਰਿਆਵਾਂ ਦਾ 41.6 ਫ਼ੀਸਦੀ ਸਨ। ਇਨ੍ਹਾਂ ਫ੍ਰੈਕਚਰ ਫਿਕਸੇਸ਼ਨ ਸਰਜਰੀਆਂ ’ਤੇ 16.75 ਲੱਖ ਰੁਪਏ ਖ਼ਰਚ ਹੋਏ, ਜੋ ਕੁੱਲ ਖ਼ਰਚੇ ਦਾ ਲਗਭਗ 31.4 ਫ਼ੀਸਦੀ ਹੈ। ਪ੍ਰਤੀ ਮਰੀਜ਼ ਔਸਤ ਪੈਕੇਜ ਖਰਚ 21,209 ਰੁਪਏ ਰਿਹਾ। ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਫ੍ਰੈਕਚਰ ਨਾਲ ਸਬੰਧਤ ਸਰਜਰੀਆਂ ਆਰਥੋਪੀਡਿਕ ਇਲਾਜ ਦੀ ਸਭ ਤੋਂ ਵੱਡੀ ਸ਼੍ਰੇਣੀ ਵਜੋਂ ਸਾਹਮਣੇ ਆਈਆਂ।

## ਸੰਤ ਬਾਬਾ ਸਮੁੰਦ ਸਿੰਘ ਯਾਦਗਾਰੀ ਸਮਾਗਮ 17 ਤੇ ਕੁਸ਼ਤੀ ਮੁਕਾਬਲੇ 18 ਨੂੰ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਧੰਨ-ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ ਗੁਰਦੁਆਰਾ ਕੋਟ ਕਲਗੀਧਰ ਤਪ ਅਸਥਾਨ ਸੰਤ ਬਾਬਾ ਸਮੁੰਦ ਸਿੰਘ ਵਿਖੇ ਸਾਲਾਨਾ ਬਰਸੀ ਸਮਾਗਮ, ਕੀਰਤਨ ਦਰਬਾਰ ਤੇ ਕੁਸ਼ਤੀ ਮੁਕਾਬਲੇ 15 ਤੋਂ 18 ਜੁਲਾਈ ਤੱਕ ਕਰਵਾਏ ਜਾਣਗੇ।ਜਾਣਕਾਰੀ ਦਿੰਦੇ ਹੋਏ ਪ੍ਰਬੰਧਕ ਸੇਵਾਦਾਰਾਂ ਨੇ ਦੱਸਿਆ ਕਿ ਗੁਰਦੁਆਰਾ ਪ੍ਰਬੰਧਕ ਕਮੇਟੀ, ਗ੍ਰਾਮ ਪੰਚਾਇਤ ਪਿੰਡ ਰੜਾ, ਪ੍ਰਵਾਸੀ ਭਾਰਤੀਆਂ ਤੇ ਨਗਰ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਸੱਚਖੰਡ ਵਾਸੀ ਸੰਤ ਬਾਬਾ ਸਮੁੰਦ ਦੀ 98ਵੀਂ ਬਰਸੀ ਨੂੰ ਸਮਰਪਿਤ ਕਰਵਾਏ ਜਾ ਰਹੇ ਸਮਾਗਮ ਦੇ ਸੰਬੰਧ ਵਿੱਚ 30 ਜੂਨ ਤੋਂ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਲੜੀ ਆਰੰਭ ਕੀਤੀ ਗਈ ਹੈ।ਪ੍ਰਬੰਧਕਾਂ ਨੇ ਦੱਸਿਆ ਕਿ ਮੁੱਖ ਸਮਾਗਮ 15 ਤੋਂ 18 ਜੁਲਾਈ ਨੂੰ ਹੋਵੇਗਾ ਜਿਸ ਦੌਰਾਨ ਸ੍ਰੀ ਅਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਕੀਤੀ ਜਾਵੇਗੀ ਜਿਨਾਂ ਦੇ ਭੋਗ 17 ਜੁਲਾਈ ਨੂੰ ਪਾਏ ਜਾਣਗੇ।ਪ੍ਰਬੰਧਕ ਸੇਵਾਦਾਰਾਂ ਨੇ ਹੋਰ ਦੱਸਿਆ ਕਿ ਇਸ ਤੋਂ ਇਲਾਵਾ 18 ਜੁਲਾਈ ਨੂੰ ਪੰਜਾਬ ਪੱਧਰੀ ਕੁਸ਼ਤੀ ਦੰਗਲ ਮੁਕਾਬਲੇ ਦੁਪਹਿਰ 3 ਵਜੇ ਤੋਂ ਲੈ ਕੇ ਸ਼ਾਮ 6 ਵਜੇ ਤੱਕ ਹੋਣਗੇ ਜਿਸ ਵਿੱਚ ਪੰਜਾਬ ਭਰ ਚੋਂ ਨਾਮੀ ਪਹਿਲਵਾਨ ਹਿੱਸਾ ਲੈ ਕੇ ਕੁਸ਼ਤੀਆਂ ਦੇ ਜੋਹਰ ਦਿਖਾਉਣਗੇ।

### ਜਨਮ ਦਿਨ ਮੁਬਾਰਕ



ਪ੍ਰਭਜੋਤ ਸਿੰਘ ਕਰਨ ਹੁਸ਼ਿਆਰਪੁਰ



ਜੈਵੀਰ ਸਿੰਘ ਜੰਡਿਆਲਾ



ਗੁਣਤਾਸ ਸਿੰਘ ਪਿੰਡ ਮਸਤੇ ਵਾਲਾ



ਸਿਧਾਂਤ ਅਗਰਵਾਲ

## ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ’ਚ ਸਪੈਲਾਥਾਨ ਗਤੀਵਿਧੀ




**ਕਪੂਰਥਲਾ (ਹਨੀ)** ਰੇਲ ਕੋਚ ਫੈਕਟਰੀ ਸਾਹਮਣੇ ਸਥਿਤ ਸ਼੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ ਵਿਖੇ ਡਾਇਰੈਕਟਰ ਇੰਜ. ਹਰਨਿਆਮਤ ਕੌਰ ਦੀ ਅਗਵਾਈ ’ਚ ਕੇ.ਜੀ ਵਿੰਗ ਦੇ ਬੱਚਿਆਂ ਦੀ ਸਪੈਲਾਥਾਨ ਗਤੀਵਿਧੀ ਕਰਵਾਈ ਗਈ। ਜਿਸ ਵਿੱਚ ਬੱਚਿਆਂ ਨੇ ਬੜੇ ਹੀ ਉਤਸ਼ਾਹ ਨਾਲ ਭਾਗ ਲਿਆ। ਇਸ ਗਤੀਵਿਧੀ ਦੌਰਾਨ ਬੱਚਿਆਂ ਨੂੰ ਵੱਖ ਵੱਖ ਤਸਵੀਰਾਂ ਦਿਖਾਈਆਂ ਗਈਆਂ, ਜਿਨਾਂ ਦੀ ਪਹਿਚਾਣ ਕਰਕੇ ਬੱਚਿਆਂ ਨੇ ਸਹੀ ਸ਼ਬਦ ਅਤੇ ਉਹਨਾਂ ਦੇ ਸਹੀ ਸਪੈਲਿੰਗ ਦੱਸੇ। ਇਸ ਮਨੋਰੰਜਕ ਗਤੀਵਿਧੀ ਨੇ ਬੱਚਿਆਂ ਦੀ ਸ਼ਬਦਾਵਲੀ, ਅੱਖਰਾਂ ਦੀ ਪਹਿਚਾਣ, ਉਚਾਰਨ ਅਤੇ ਸਪੈਲਿੰਗ ਦੀ ਸਮਝ ਨੂੰ ਹੋਰ ਮਜਬੂਤ ਕੀਤਾ।ਇਸ ਦੌਰਾਨ ਬੱਚਿਆਂ ਨੇ ਆਪਣੇ ਸਿੱਖਣ ਦੀ ਯੋਗਤਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਮੌਕੇ ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ, ਪ੍ਰਸ਼ਾਸ਼ਕ ਇੰਜ. ਨਿਮਰਤਾ ਕੌਰ ਅਤੇ ਸਟਾਫ ਮੈਂਬਰ ਹਾਜਰ ਸਨ।

## ਸ਼੍ਰੋਮਣੀ ਅਕਾਲੀ ਦਲ (ਅ) ਵੱਲੋਂ ਅਮਰਜੀਤ ਸਿੰਘ ਨਿੱਕਾ ਜਨਰਲ ਸਕੱਤਰ ਸ਼ਹਿਰੀ ਯੂਥ ਵਿੰਗ ਨਿਯੁਕਤ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਸਰਦਾਰ ਸਿਮਰਨਜੀਤ ਸਿੰਘ ਮਾਨ ਪਿਛਲੇ 42 ਸਾਲਾਂ ਤੋਂ ਲਗਾਤਾਰ ਸੰਘਰਸ਼ ਕਰ ਰਹੇ ਹਨ ਅਤੇ 2027 ਦੀਆਂ ਚੋਣਾਂ ਨੂੰ ਲੈ ਕੇ ਨੌਜਵਾਨਾਂ ਨੇ ਪਾਰਟੀ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਅਤੇ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ



ਦੀ ਅਗਵਾਈ ਹੇਠ ਲਗਾਤਾਰ ਸਰਗਰਮੀਆਂ ਤੇਜ਼ ਕੀਤੀਆਂ ਹੋਈਆਂ ਹਨ ਤੇ ਪਾਰਟੀ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਨੌਜਵਾਨ ਵੱਡੀ ਪੱਧਰ ਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨਾਲ ਜੁੜ ਕੇ ਸਿੱਖ ਕੌਮ ਅਤੇ ਪੰਜਾਬ ਦੇ ਹੱਕਾਂ ਲਈ ਸੰਘਰਸ਼ ਕਰਨਾ ਚਾਹੁੰਦੇ ਹਨ ਜਿਸ ਤਹਿਤ ਪਾਰਟੀ ਦੇ ਦੁਆਬਾ ਇੰਚਾਰਜ ਤੇ ਜਨਰਲ ਸਕੱਤਰ ਡਾਕਟਰ ਹਰਜਿੰਦਰ ਸਿੰਘ ਜੱਖੂ, ਜ਼ਿਲ੍ਹਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ ਤੇ ਹਰਵਿੰਦਰ ਸਿੰਘ ਹੀਰਾ ਨੇ ਪਾਰਟੀ ਲਈ ਲੰਮੇ ਸਮੇਂ ਤੋਂ ਸੰਘਰਸ਼ ਕਰਨ ਵਾਲੇ ਨੌਜਵਾਨ ਅਮਰਜੀਤ ਸਿੰਘ ਨਿੱਕਾ ਨੂੰ ਜਨਰਲ ਸਕੱਤਰ ਸ਼ਹਿਰੀ ਯੂਥ ਵਿੰਗ ਨਿਯੁਕਤ ਕੀਤਾ ਗਿਆ। ਇਸ ਸਮੇ ਅਮਰਜੀਤ ਸਿੰਘ ਨਿੱਕਾ ਨੇ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ ਕਾਰਜਕਾਰੀ ਪ੍ਰਧਾਨ ਇਮਾਨ ਸਿੰਘ ਮਾਨ ਦੁਆਬਾ ਇੰਚਾਰਜ ਡਾਕਟਰ ਹਰਜਿੰਦਰ ਸਿੰਘ ਜੱਖੂ, ਜਿਲਾ ਪ੍ਰਧਾਨ ਗੁਰਨਾਮ ਸਿੰਘ ਸਿੰਗੜੀਵਾਲਾ, ਜਿਲ੍ਹਾ ਜਥੇਬੰਦੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹਨਾਂ ਨੂੰ ਜਿਹੜੀ ਜਿੰਮੇਵਾਰੀ ਸੌਂਪੀ ਗਈ ਹੈ ਉਹ ਤਨ ਮਨ ਨਾਲ ਨਿਭਾਉਣਗੇ।

## ਪੀਰ ਸੱਯਦ ਅਲੀ ਦਾ ਸਾਲਾਨਾ ਮੇਲਾ ਮਨਾਇਆ

**ਸ਼ਾਹਕੋਟ (ਗਿਆਨ ਸੈਦਪੁਰੀ)**- ਸਥਾਨਕ ਮੁਹੱਲਾ ਢੇਰੀਆਂ ਵਿੱਚ ਪੀਰ ਸੱਯਦ ਅਲੀ ਦੀ ਦਰਗਾਹ ’ਤੇ ਸਾਲਾਨਾ ਮੇਲਾ ਬੜੀ ਸ਼ਰਧਾ ਤੇ ਧੂਮਧਾਮ ਤਕ ਮਨਾਇਆ ਗਿਆ। ਮੇਲਾ ਕਮੇਟੀ ਦੇ ਅਹੁਦੇਦਾਰਾਂ ਤੇ ਸਮੂਹ ਨਿਵਾਸੀ ਮੁਹੱਲਾ ਢੇਰੀਆਂ ਦੀ ਅਗਵਾਈ ਵਿੱਚ ਦੋ ਦਿਨਾਂ ਮੇਲੇ ਦੇ ਦੂਜੇ ਦਿਨ (ਸ਼ਨੀਵਾਰ) ਮੁੱਖ ਮਹਿਮਾਨ ਵਜੋਂ ਡਾਇਰੈਕਟਰ ਇਨਫੋਟੈਕ ਅਤੇ ਵਾਈਸ ਪ੍ਰਧਾਨ ਪੰਜਾਬ ਇਸਤਰੀ ਵਿੰਗ ‘ਆਪ’ ਬੀਬੀ ਰਣਜੀਤ ਕੌਰ ਕਾਕੜ ਕਲਾਂ ਸ਼ਾਮਲ ਹੋਏ। ਵਿਸ਼ੇਸ਼ ਮਹਿਮਾਨ ਵਜੋਂ ਨਗਰ ਪੰਚਾਇਤ ਸ਼ਾਹਕੋਟ ਦੇ ਸਾਬਕਾ ਵਾਈਸ ਪ੍ਰਧਾਨ ਬੀਬੀ ਭਜਨ ਕੌਰ ਖਹਿਰਾ ਨੇ ਮੇਲੇ ਵਿੱਚ ਸ਼ਿਰਕਤ ਕੀਤੀ। ਦੋਹਾਂ ਮਹਿਮਾਨਾਂ ਨੇ ਜਿੱਥੇ ਮੇਲੇ ਵਿੱਚ ਪੇਸ਼ ਹੋਈ ਗਾਇਕਾ ਦੇ ਚੰਗੇ ਪੱਖ ਦੀ ਸ਼ਲਾਘਾ ਕੀਤੀ, ਉੱਥੇ ਅਜਿਹੇ ਮੇਲਿਆਂ ਨੂੰ ਭਾਈਚਾਰਕ ਸਾਂਝ ਦਾ ਸਬੱਬ ਵੀ ਦੱਸਿਆ। ਬੀਬੀ ਰਣਜੀਤ ਕੌਰ ਨੇ ਕਿਹਾ ਕਿ ਸਾਡਾ ਸਿਆਸੀ ਆਕੀਦਾ ਕੋਈ ਵੀ ਹੋਵੇ ਪਰ ਸਾਡਾ ਮੁੱਖ ਟੀਚਾ ਲੋਕਾਂ ਦਾ ਸਰਬਪੱਖੀ



ਵਿਕਾਸ ਅਤੇ ਭਾਈਚਾਰਕ ਸਾਂਝ ਦਾ ਪੁਲ ਉਸਰਣਾ ਹੋਣਾ ਚਾਹੀਦਾ ਹੈ। ਮੇਲੇ ਵਿੱਚ ਪਵਨਪ੍ਰੀਤ ਅਤੇ ਖੁਸ਼ਪ੍ਰੀਤ ਭੈਣਾਂ ਨੇ ਸੱਭਿਅਕ ਗਾਇਕਾਂ ਦੀ ਪੇਸ਼ਕਾਰੀ ਨਾਲ ਸਭ ਦੇ ਮਨ ਮੋਹ ਲਏ। ਉਭਰ ਰਹੀ ਗਾਇਕਾ ਨਮਰਤਾ ਸਾਦਕ ਪੁਰੀ ਨੇ ਕੁਲਦੀਪ ਮਾਣਕ ਦੀ ਸਦਾ ਬਹਾਰ ਕਿਰਤ ‘ਚਾਦਰ’ ਗਾ ਕੇ ਖੂਬ ਪ੍ਰਸ਼ੰਸਾ ਪ੍ਰਾਪਤ ਕੀਤੀ। ਇਸ ਤੋਂ ਇਲਾਵਾ ਸੰਦੀਪ ਕੁਮਾਰ ਅਤੇ ਸੰਨੀ ਸ਼ਾਹਕੋਟ ਨੇ ਵੀ ਗਾਇਕੀ ਦੇ ਵੱਖ ਵੱਖ ਰੰਗ ਪੇਸ਼ ਕੀਤੇ।ਪ੍ਰਬੰਧਕਾਂ ਵੱਲੋਂ ਬੀਬੀ ਰਣਜੀਤ ਕੌਰ ਕਾਕੜ ਕਲਾਂ, ਬੀਬੀ ਭਜਨ ਕੌਰ ਖਹਿਰਾ ਤੇ ਹੋਰ ਮਹਿਮਾਨਾਂ ਨੂੰ ਸਨਮਾਨਿਤ ਕੀਤਾ ਗਿਆ। ਸਟੇਜ ਸੰਚਾਲਨ ਦੀ ਕਾਰਵਾਈ ਰਮੇਸ਼ ਘਈ ਨੇ ਬਾਖੂਬੀ ਨੇਪਰੇ ਚੜਾਈ। ਪ੍ਰਧਾਨ ਸੁੱਚਾ ਗਿੱਲ ਨੇ ਸਭ ਦਾ ਧੰਨਵਾਦ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾ.ਰਮੇਸ਼ ਹੰਸ ਕੋਆਰਡੀਨੇਟਰ ਮੈਡੀਕਲ ਵਿੰਗ, ਬਲਵਿੰਦਰ ਕੌਰ ਹੰਸ ਮਹਿਲਾ ਆਗੂ ਆਪ, ਮਨਦੀਪ ਸਿੰਘ ਸ਼ੀਤਾ, ਬਲਵਿੰਦਰ ਸਿੰਘ ਸਰਪੰਚ ਪੂਨੀਆ, ਕੁਲਦੀਪ ਸਿੰਘ ਪੂਨੀਆ, ਦਲਬੀਰ ਸਿੰਘ ਜਾਫਰਵਾਲ ਆਦਿ ਮੌਜੂਦ ਸਨ।